9-AUG-PAGE-1.qxd 8/8/2025 10:45 PM Page 1

ਸ਼ਨੀਵਾਰ, 9 ਅਗਸਤ, 2025
25 ਸਾਉਣ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 69

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 9 AUGUST, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਸੀ ਪੀ ਆਈ ਦਾ 25ਵਾਂ ਮਹਾਂ-ਸੰਮੇਲਨ ਦੇਸ਼ ਦਾ ਭਵਿੱਖ ਸੰਵਾਰਨ ਦਾ ਰਸਤਾ ਉਲੀਕੇਗਾ : ਬੰਤ ਬਰਾੜ

**ਚੰਡੀਗੜ੍ਹ** : ਸੀ ਪੀ ਆਈ ਦਾ 21 ਤੋਂ 25 ਸਤੰਬਰ ਤੱਕ ਚੰਡੀਗੜ੍ਹ, ਪੰਜਾਬ ਵਿਚ ਹੋਣ ਵਾਲਾ 25ਵਾਂ ਮਹਾਂ-ਸੰਮੇਲਨ ਕੌਮਾਂਤਰੀ, ਕੌਮੀ ਅਤੇ ਪੰਜਾਬ ਦੇ ਗੰਭੀਰ ਮਾਮਲਿਆਂ ਨੂੰ ਵਿਚਾਰੇਗਾ ਅਤੇ ਗੰਭੀਰ ਪ੍ਰਸਥਿਤੀ 'ਚੋਂ ਨਿਕਲਣ ਲਈ ਅਜੋਕੀ ਹਾਲਤ ਮੁਤਾਬਕ ਰਸਤਾ ਉਲੀਕੇਗਾ।

ਇਹ ਵਿਚਾਰ ਸ਼ੁੱਕਰਵਾਰ ਇੱਥੇ ਪੀਪਲਜ਼ ਕਨਵੈਨਸ਼ਨ ਸੈਂਟਰ, ਸੈਕਟਰ 36-ਬੀ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀ ਪੀ ਆਈ ਪੰਜਾਬ ਦੇ ਸਕੱਤਰ ਬੰਤ ਸਿੰਘ ਬਰਾੜ, ਜੋ ਇਸ ਮਹਾਂ-ਸੰਮੇਲਨ ਦੀ ਤਿਆਰੀ ਲਈ ਬਣੀ ਸੁਆਗਤੀ ਕਮੇਟੀ ਦੇ ਜਨਰਲ ਸਕੱਤਰ ਹਨ, ਨੇ ਪ੍ਰਗਟ ਕੀਤੇ। ਉਹਨਾ ਕਿਹਾ ਕਿ ਅੱਜ ਭਾਰਤ ਵਿਚ ਜਮਹੂਰੀਅਤ, ਧਰਮ ਨਿਰਪੱਖਤਾ, ਸਮਾਜਿਕ ਨਿਆਂ, ਜਨਤਾ ਦੀ ਰੋਜ਼ੀ-ਰੋਟੀ, ਇਸ ਤੋਂ ਵੀ ਵੱਧ ਖੁਦ ਸੰਵਿਧਾਨ ਦੇ ਬੁਨਿਆਦੀ ਤੱਤਾਂ ਲਈ ਗੰਭੀਰ ਖਤਰੇ ਦਰਪੇਸ਼ ਹਨ। ਭਾਜਪਾ-ਆਰ ਐੱਸ ਐੱਸ ਦੀ ਸਰਕਾਰ ਧਰਮ-ਤੰਤਰੀ ਰਾਜ ਬਣਾਉਣ ਦੇ ਰਸਤੇ ਉਤੇ ਹਮਲਾਵਰ ਤਰੀਕੇ ਨਾਲ ਚੱਲ ਰਹੀ ਹੈ। ਧਰਮ ਨਿਰਪੱਖਤਾ, ਜਮਹੂਰੀ ਸੰਸਥਾਨਾਂ ਅਤੇ ਸੰਘਵਾਦ (ਫੈਡਰਲ ਢਾਂਚੇ) ਦੀਆਂ ਜੜ੍ਹਾਂ ਖੋਦ ਰਹੀ ਹੈ, ਘੱਟ ਗਿਣਤੀਆਂ ਦੇ ਹੱਕਾਂ ਉਤੇ ਯੋਜਨਾਬੱਧ ਹਮਲੇ ਹੋ ਰਹੇ ਹਨ ਅਤੇ ਨਿਆਂ ਪਾਲਿਕਾ, ਚੋਣ ਕਮਿਸ਼ਨ ਅਤੇ ਜਾਂਚ ਏਜੰਸੀਆਂ ਦੀ ਸੁਤੰਤਰਤਾ ਨੂੰ ਖੋਰਾ ਲਾਇਆ ਜਾ ਰਿਹਾ ਹੈ। ਭਾਜਪਾ-ਆਰ ਐੱਸ ਐੱਸ ਹਕੂਮਤ ਭਾਰਤ ਨੂੰ ਕਾਰਪੋਰੇਟ ਨਿਅੰਤ੍ਰਿਤ ਫਾਸ਼ੀ ਰਿਆਸਤ ਵੱਲ ਧੱਕ ਰਹੀ ਹੈ।



ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦੇ ਬੰਤ ਸਿੰਘ ਬਰਾੜ, ਨਾਲ ਗੁਰਨਾਮ ਕੰਵਰ ਵੀ ਹਨ। (ਫੋਟੋ : ਪ੍ਰਹਿਲਾਦ ਸਿੰਘ)

ਉਹਨਾ ਕਿਹਾ ਕਿ ਅੱਜ ਖਾਸ ਕਰਕੇ ਪੰਜਾਬ ਨਾਲ ਕੇਂਦਰ ਵੱਲੋਂ ਅਨਿਆਂਪੂਰਨ ਤੇ ਧੱਕੇਸ਼ਾਹੀ ਵਾਲਾ ਵਤੀਰਾ ਅਪਣਾਇਆ ਜਾ ਰਿਹਾ ਹੈ ਅਤੇ ਫੈਡਰਲ ਢਾਂਚੇ ਉਤੇ ਹਮਲਾ ਕਰਦਿਆਂ ਪੰਜਾਬ ਅਤੇ ਪੰਜਾਬੀ ਦੀਆਂ ਸੰਸਥਾਵਾਂ ਨੂੰ ਜਾਣ-ਬੁੱਝ ਕੇ ਢਾਹ ਲਾਈ ਜਾ ਰਹੀ ਹੈ।

ਇਸ ਪਿਛੋਕੜ ਵਿਚ ਸੀ ਪੀ ਆਈ ਦਾ 25ਵਾਂ ਮਹਾਂ-ਸੰਮੇਲਨ 21 ਤੋਂ 25 ਸਤੰਬਰ ਚੰਡੀਗੜ੍ਹ, ਪੰਜਾਬ ਵਿਚ ਹੋ ਰਿਹਾ ਹੈ। ਪੰਜਾਬ ਵਿਚ ਪਹਿਲਾਂ ਵੀ 1958 (6ਵਾਂ), 1978 (11ਵਾਂ) ਅਤੇ 2005 (19ਵਾਂ) ਵਿੱਚ ਮਹਾਂ-ਸੰਮੇਲਨ ਹੋ ਚੁੱਕੇ ਹਨ। ਸੀ ਪੀ ਆਈ ਦਾ 25ਵਾਂ ਮਹਾਂ-ਸੰਮੇਲਨ ਪਾਰਟੀ ਦੇ ਜਨਮ ਸ਼ਤਾਬਦੀ ਵਾਲੇ ਵਰ੍ਹੇ ਵਿਚ ਹੋ ਰਿਹਾ ਹੈ। ਇਹ ਸੌ ਸਾਲ ਸੰਘਰਸ਼ਾਂ ਅਤੇ ਕੁਰਬਾਨੀਆਂ ਦੇ ਸ਼ਾਨਾਮੱਤੇ ਵਰ੍ਹੇ ਹਨ। ਇਹ ਸ਼ਤਾਬਦੀ ਸਿਰਫ ਬੀਤੇ ਉਤੇ ਸਮਾਗਮ ਤੇ ਜਸ਼ਨ ਕਰਨ ਦੀ ਨਹੀਂ, ਸਗੋਂ ਭਵਿੱਖ ਵਿਚ ਜ਼ੋਰਦਾਰ ਸਰਗਰਮੀਆਂ ਕਰਨ ਦਾ ਸੱਦਾ ਵੀ ਹੈ। ਪਹਿਲੇ ਦਿਨ 21 ਸਤੰਬਰ ਨੂੰ ਮੋਹਾਲੀ 11 ਫੇਜ਼, ਦਾਣਾ ਮੰਡੀ ਵਿਚ ਵਿਸ਼ਾਲ ਰੈਲੀ ਕੀਤੀ ਜਾਵੇਗੀ, ਜਿਸ ਨੂੰ ਕੌਮੀ ਅਤੇ ਸੂਬਾਈ ਆਗੂ ਸੰਬੋਧਨ ਕਰਨਗੇ।

ਮਹਾਂ-ਸੰਮੇਲਨ ਵਿਚ ਦੇਸ਼ ਭਰ ਵਿਚੋਂ 800 ਤੋਂ ਵੱਧ ਡੈਲੀਗੇਟ ਦੇਸ਼ ਦੀ ਗੰਭੀਰ ਪ੍ਰਸਥਿਤੀ ਉਤੇ ਵਿਚਾਰ ਕਰਨਗੇ ਅਤੇ ਨਿਆਂਪੂਰਨ ਅਤੇ ਬਰਾਬਰੀ ਵਾਲਾ ਸਮਾਜ ਸਿਰਜਣ ਲਈ ਅਤੇ ਇਸ ਵਾਸਤੇ ਮਜ਼ਬੂਤ ਪਾਰਟੀ ਉਸਾਰਨ ਲਈ ਸੰਘਰਸ਼ਮਈ ਰਸਤਾ ਉਲੀਕਣਗੇ। ਕਮਿਊਨਿਸਟ ਏਕਤਾ, ਖੱਬੀ ਜਮਹੂਰੀ ਏਕਤਾ ਅਤੇ ਫਾਸ਼ੀਵਾਦ ਵਿਰੋਧੀ ਵਿਸ਼ਾਲ ਏਕਤਾ ਲਈ ਕੰਮ ਕੀਤਾ ਜਾਵੇਗਾ। ਕਮਿਊਨਿਸਟ ਏਕਤਾ ਦੀਆਂ ਸੰਭਾਵਨਾਵਾਂ ਬਾਰੇ ਇਕ ਪ੍ਰਸ਼ਨ ਦਾ ਜਵਾਬ ਦਿੰਦਿਆਂ ਸਾਥੀ ਬਰਾੜ ਨੇ ਕਿਹਾ ਕਿ ਕਮਿਊਨਿਸਟਾਂ ਦੀਆਂ ਅਨੇਕਾਂ ਪਾਰਟੀਆਂ ਹੋਣਾ ਮੰਦਭਾਗੀ ਗੱਲ ਹੈ, ਸ਼ੁਭ ਸ਼ਗਨ ਇਹ ਹੈ ਕਿ ਇਹ ਪਾਰਟੀਆਂ ਮੁੱਖ ਸਵਾਲਾਂ 'ਤੇ ਖੱਬੀ ਏਕਤਾ ਬਣਾ ਕੇ ਚਲਦੀਆਂ ਹਨ ਤੇ ਇਹ ਏਕਤਾ ਕਮਿਊਨਿਸਟ ਏਕਤਾ ਦੀਆਂ ਕੋਸ਼ਿਸ਼ਾਂ ਲਈ ਪਹਿਲੀ ਸ਼ਰਤ ਹੈ। ਉਹਨਾ ਦੱਸਿਆ ਕਿ ਮਹਾਂ-ਸੰਮੇਲਨ ਦੇ ਉਦਘਾਟਨੀ ਅਜਲਾਸ ਨੂੰ ਮੁਲਕ ਦੀਆਂ ਖੱਬੀਆਂ ਪਾਰਟੀਆਂ ਦੇ ਮੁੱਖ ਕੌਮੀ ਆਗੂ ਮੁਖਾਤਬ ਹੋਣਗੇ, ਜਿਹਨਾਂ ਵਿਚ ਸੀ ਪੀ ਆਈ, ਸੀ ਪੀ ਐੱਮ, ਸੀ ਪੀ ਐੱਮ ਐੱਲ, ਆਰ ਐੱਸ ਪੀ, ਫਾਰਵਰਡ ਬਲਾਕ ਤੇ ਹੋਰ ਵੀ ਸ਼ਾਮਲ ਹਨ।

ਮਹਾਂ-ਸੰਮੇਲਨ • ਬਾਕੀ ਸਫਾ 2 'ਤੇ

## ਟਰੰਪ ਨੇ ਹਿੰਦ-ਪਾਕ ਜੰਗ ਰੁਕਵਾਉਣ ਲਈ ਸਿੱਧਾ ਦਖਲ ਦਿੱਤਾ ਸੀ : ਰੂਬੀਓ

**ਵਾਸ਼ਿੰਗਟਨ** : ਅਮਰੀਕਾ ਦੇ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਦਾਅਵਾ ਕੀਤਾ ਹੈ ਕਿ ਜਦੋਂ ਭਾਰਤ ਤੇ ਪਾਕਿਸਤਾਨ ਦਰਮਿਆਨ ਜੰਗ ਹੋਈ ਤਾਂ ਅਮਰੀਕਾ 'ਸਿੱਧੇ ਤੌਰ 'ਤੇ ਇਸ ਵਿੱਚ' ਸ਼ਾਮਲ ਹੋਇਆ ਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੋਵਾਂ ਪ੍ਰਮਾਣੂ ਸੰਪੰਨ ਗੁਆਂਢੀਆਂ ਵਿਚਾਲੇ 'ਸ਼ਾਂਤੀ ਸਥਾਪਤ ਕਰਨ ਵਿਚ ਸਫਲ' ਰਹੇ। ਟਰੰਪ ਨੇ 10 ਮਈ ਮਗਰੋਂ ਕਈ ਵਾਰ ਆਪਣੇ ਇਸ ਦਾਅਵੇ ਨੂੰ ਦੁਹਰਾਇਆ ਹੈ ਕਿ ਉਨ੍ਹਾ ਨੇ ਭਾਰਤ ਤੇ ਪਾਕਿਸਤਾਨ ਵਿਚਾਲੇ ਤਣਾਅ 'ਸਮਾਪਤ' ਕਰਨ ਵਿਚ ਮਦਦ ਕੀਤੀ ਤੇ ਦੋਵਾਂ ਮੁਲਕਾਂ ਨੂੰ ਕਿਹਾ ਕਿ ਜੇ ਉਹ ਟਕਰਾਅ ਰੋਕ ਦੇਣ ਤਾਂ ਅਮਰੀਕਾ ਉਨ੍ਹਾਂ ਨਾਲ 'ਬਹੁਤ ਸਾਰਾ' ਵਪਾਰ ਕਰੇਗਾ। ਉਧਰ, ਭਾਰਤ ਲਗਾਤਾਰ ਇਹ ਕਹਿੰਦਾ ਆਇਆ ਹੈ ਕਿ ਪਾਕਿਸਤਾਨ ਨਾਲ ਫੌਜੀ ਟਕਰਾਅ ਖਤਮ ਕਰਨ ਬਾਰੇ ਸਹਿਮਤੀ ਦੋਵਾਂ ਫੌਜਾਂ ਦੇ ਡੀ ਜੀ ਐੱਮ ਓਜ਼ ਵਿਚਾਲੇ ਸਿੱਧੀ ਗੱਲਬਾਤ ਤੋਂ ਬਾਅਦ ਬਣੀ ਸੀ। ਰੂਬੀਓ ਨੇ ਵੀਰਵਾਰ ਨੂੰ 'ਈ ਡਬਲਿਊ ਟੀ ਐੱਨ' ਦੇ 'ਦਿ ਵਰਲਡ ਓਵਰ' ਪ੍ਰੋਗਰਾਮ ਲਈ ਦਿੱਤੀ ਇਕ ਇੰਟਰਵਿਊ ਵਿੱਚ ਕਿਹਾ ਕਿ ਟਰੰਪ ਸ਼ਾਂਤੀ ਲਈ ਪ੍ਰਤੀਬੱਧ ਹਨ ਤੇ ਉਹ 'ਅਮਨ ਦੇ ਰਾਸ਼ਟਰਪਤੀ' ਹਨ। ਉਨ੍ਹਾ ਕਿਹਾ, "ਤੇ ਇਸ ਲਈ ਅਸੀਂ ਦੇਖਿਆ ਕਿ ਜਦੋਂ ਭਾਰਤ ਤੇ ਪਾਕਿਸਤਾਨ ਵਿਚਾਲੇ ਜੰਗ ਹੋਈ ਤਾਂ ਅਸੀਂ ਸਿੱਧੇ ਤੌਰ 'ਤੇ ਇਸ ਵਿੱਚ ਸ਼ਾਮਲ ਹੋਏ ਤੇ ਰਾਸ਼ਟਰਪਤੀ (ਟਰੰਪ) ਸ਼ਾਂਤੀ ਸਥਾਪਤ ਕਰਨ ਵਿਚ ਸਫਲ ਰਹੇ।"

## ਟੈਕਸ ਵਿਵਾਦ ਹੱਲ ਹੋਣ ਤੱਕ ਭਾਰਤ ਨਾਲ ਵਪਾਰਕ ਗੱਲਬਾਤ ਨਹੀਂ ਹੋਵੇਗੀ : ਟਰੰਪ

**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਟੈਕਸ ਵਿਵਾਦ ਦਾ ਹੱਲ ਹੋਣ ਤੱਕ ਭਾਰਤ ਨਾਲ ਕੋਈ ਵਪਾਰਕ ਗੱਲਬਾਤ ਨਹੀਂ ਹੋਵੇਗੀ। ਇਹ ਬਿਆਨ ਉਨ੍ਹਾ ਦੇ ਪ੍ਰਸ਼ਾਸਨ ਵੱਲੋਂ ਭਾਰਤੀ ਦਰਾਮਦਾਂ 'ਤੇ ਟੈਕਸ ਦੁੱਗਣੇ ਕਰਨ ਦੇ ਫੈਸਲੇ ਤੋਂ ਬਾਅਦ ਆਇਆ ਹੈ।

ਜਦੋਂ ਓਵਲ ਆਫਿਸ ਵਿੱਚ ਖਬਰ ਏਜੰਸੀ ਏ ਐੱਨ ਆਈ ਵੱਲੋਂ ਇਹ ਪੁੱਛਿਆ ਗਿਆ ਕਿ ਕੀ ਉਹ 50 ਫੀਸਦੀ ਦੇ ਨਵੇਂ ਟੈਕਸ ਦੇ ਮੱਦੇਨਜ਼ਰ ਗੱਲਬਾਤ ਮੁੜ ਸ਼ੁਰੂ ਹੋਣ ਦੀ ਉਮੀਦ ਕਰਦੇ ਹਨ, ਤਾਂ ਉਨ੍ਹਾ ਜਵਾਬ ਦਿੱਤਾ, "ਨਹੀਂ, ਜਦੋਂ ਤੱਕ ਅਸੀਂ ਇਸ ਨੂੰ ਹੱਲ ਨਹੀਂ ਕਰ ਲੈਂਦੇ।"

## ਅਮਰੀਕਾ ਤੇ ਯੂ ਕੇ ਅੱਗੇ ਗੋਡੇ ਟੇਕਣ ਖਿਲਾਫ 13 ਨੂੰ ਦੇਸ਼-ਵਿਆਪੀ ਵਿਰੋਧ ਦਿਵਸ

**ਲੁਧਿਆਣਾ, (ਐੱਮ ਐੱਸ ਭਾਟੀਆ)**

ਦਸ ਕੇਂਦਰੀ ਟਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚਾ ਵੱਲੋਂ ਸਾਂਝੇ ਤੌਰ 'ਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਭਾਰਤ 'ਤੇ 25 ਫੀਸਦੀ ਟੈਰਿਫ ਲਗਾਉਣ ਅਤੇ ਰੂਸ ਨਾਲ ਤੇਲ ਵਪਾਰ ਸੌਦੇ ਲਈ ਦੰਡਕਾਰੀ ਟੈਕਸ ਲਗਾਉਣ ਦੀਆਂ ਹਾਲੀਆ ਧਮਕੀਆਂ ਦੀ ਸਖਤ ਨਿੰਦਾ ਕਰਦਿਆਂ 13 ਅਗਸਤ ਨੂੰ ਟਰੰਪ ਸਰਕਾਰ ਵੱਲੋਂ ਟੈਕਸ ਲਗਾਉਣ ਅਤੇ ਭਾਰਤ-ਯੂ ਕੇ ਵਿਆਪਕ ਆਰਥਕ ਵਪਾਰ ਸਮਝੌਤੇ (ਸੀ ਈ ਟੀ ਏ) ਨੂੰ ਰੱਦ ਕਰਾਉਣ ਲਈ ਦੇਸ਼ ਭਰ ਵਿੱਚ ਰੋਸ ਪ੍ਰਦਰਸ਼ਨ ਕਰਨ ਦਾ ਸੱਦਾ ਦਿੱਤਾ ਹੈ। ਸਾਂਝੇ ਫੋਰਮ ਨੇ ਕਿਹਾ ਕਿ ਇਹ ਆਰਥਕ ਧੱਕੇਸ਼ਾਹੀ ਦੀ ਇੱਕ ਸਪੱਸ਼ਟ ਉਦਾਹਰਣ ਹੈ, ਜਿਸ ਦਾ ਉਦੇਸ਼ ਭਾਰਤ ਨੂੰ ਰੂਸ ਨਾਲ ਇਸ ਦੇ ਵਪਾਰਕ ਸੰਬੰਧਾਂ ਖਿਲਾਫ ਡਿਕਟੇਟ ਕਰਨਾ ਹੈ। ਇਹ ਧਮਕੀ ਭਰਿਆ ਰਵੱਈਆ ਅਮਰੀਕੀ ਵਪਾਰ ਨੀਤੀਆਂ ਦੇ ਪਖੰਡ ਨੂੰ ਬੇਨਕਾਬ ਕਰਦਾ ਹੈ, ਜੋ ਅਮਰੀਕੀ ਕਾਰਪੋਰੇਸ਼ਨਾਂ ਲਈ ਖੁੱਲ੍ਹੇ ਬਜ਼ਾਰਾਂ ਦੀ ਮੰਗ ਕਰਦੀਆਂ ਹਨ, ਜਦੋਂ ਕਿ ਅਮਰੀਕਾ ਪ੍ਰਭੂਸੱਤਾ ਸੰਪੰਨ ਦੇਸ਼ਾਂ ਨੂੰ ਟੈਰਿਫ ਰੂਪੀ ਹਥਿਆਰ ਦੀ ਵਰਤੋਂ ਕਰਕੇ ਧਮਕਾ ਰਿਹਾ ਹੈ।

ਭਾਰਤ ਸਰਕਾਰ ਦਾ ਇਨ੍ਹਾਂ ਖਤਰਿਆਂ ਪ੍ਰਤੀ ਡਰਪੋਕ ਜਿਹਾ ਰਵੱਈਆ ਅਖਤਿਆਰ ਕਰਨਾ ਵੀ ਚਿੰਤਾਜਨਕ ਹੈ, ਜੋ ਪੱਛਮੀ ਸਾਮਰਾਜੀ ਹਿੱਤਾਂ ਪ੍ਰਤੀ ਇਸ ਦੀ ਵਧਦੀ ਅਧੀਨਗੀ ਨੂੰ ਦਰਸਾਉਂਦਾ ਹੈ। ਇਹ ਆਤਮ ਸਮਰਪਣ ਹਾਲ ਹੀ ਵਿੱਚ ਦਸਤਖਤ ਕੀਤੇ ਗਏ ਭਾਰਤ- ਯੂ ਕੇ ਵਿਆਪਕ ਆਰਥਕ ਵਪਾਰ ਸਮਝੌਤੇ (ਸੀ ਈ ਟੀ ਏ) ਵਿੱਚ ਵੀ ਸਪੱਸ਼ਟ ਦਿਖਾਈ ਦਿੰਦਾ ਹੈ, ਇੱਕ ਅਜਿਹਾ ਸੌਦਾ, ਜੋ ਵਿਦੇਸ਼ੀ ਕਾਰਪੋਰੇਟ ਮੁਨਾਫਿਆਂ ਦੀ ਵੇਦੀ 'ਤੇ ਭਾਰਤ ਦੇ ਕਿਸਾਨਾਂ, ਮਜ਼ਦੂਰਾਂ ਅਤੇ ਆਰਥਕ ਆਜ਼ਾਦੀ ਦੇ ਹਿੱਤਾਂ ਦੀ ਬਲੀ ਦਿੰਦਾ ਹੈ।

ਇਸ ਧਮਕੀ ਨੂੰ ਦ੍ਰਿੜ੍ਹਤਾ ਨਾਲ ਰੱਦ ਕਰਨ ਦੀ ਬਜਾਏ ਕੇਂਦਰ ਸਰਕਾਰ ਨੇ ਚੁੱਪ ਰਹਿਣਾ ਠੀਕ ਸਮਝਿਆ ਹੈ, ਜੋ ਕਿ ਅਮਰੀਕਾ ਦੇ ਹੱਕ ਵਿੱਚ ਭਾਰਤ ਦੀ ਰਣਨੀਤਕ ਖੁਦਮੁਖਤਿਆਰੀ ਨਾਲ ਸਮਝੌਤਾ ਕਰਨ ਦੀ ਇਸ ਦੀ ਇੱਛਾ ਦਾ ਸੰਕੇਤ ਦਿੰਦਾ ਹੈ। ਇਹ ਇਸ ਤਰ੍ਹਾਂ ਗੋਡਿਆਂ ਭਾਰ ਹੋਣਾ ਇੱਕ ਹੋਰ ਵੀ ਸ਼ੋਸ਼ਣਕਾਰੀ ਭਾਰਤ-ਅਮਰੀਕਾ ਵਪਾਰ ਸੌਦੇ ਲਈ ਰਾਹ ਪੱਧਰਾ ਕਰਦਾ ਹੈ, ਜੋ ਕਾਰਗਿਲ ਵਰਗੀਆਂ ਅਮਰੀਕੀ ਖੇਤੀਬਾੜੀ ਕਾਰਪੋਰੇਸ਼ਨਾਂ ਨੂੰ ਭਾਰਤ ਦੇ ਡੇਅਰੀ ਸੈਕਟਰ ਰਾਹੀਂ ਖੇਤੀਬਾੜੀ ਤੱਕ ਬੇਰੋਕ ਪਹੁੰਚ ਪ੍ਰਦਾਨ ਕਰੇਗਾ, ਜਿਸ ਦੇ ਨਤੀਜੇ ਵਜੋਂ ਇਸ ਖੇਤਰ ਵਿੱਚ ਕੀਮਤਾਂ ਡਿੱਗਣਗੀਆਂ ਅਤੇ ਕਿਸਾਨੀ ਭਾਈਚਾਰੇ ਨੂੰ ਤਬਾਹ ਕਰ ਦਿੱਤਾ ਜਾਵੇਗਾ ਅਤੇ ਨਾਲ ਦੀ ਨਾਲ ਦੇਸ਼ ਦੀ ਖੁਰਾਕ ਸੁਰੱਖਿਆ ਨੂੰ ਖਤਰਾ ਪੈਦਾ ਹੋਵੇਗਾ। ਇਹ ਭਾਰਤ ਵਿੱਚ ਉਦਯੋਗਾਂ ਨੂੰ ਖਤਮ ਕਰੇਗਾ ਅਤੇ ਬੇਰੁਜ਼ਗਾਰੀ ਨੂੰ ਅਸਮਾਨੀਂ ਪਹੁੰਚਾਏਗਾ।

ਭਾਰਤ-ਯੂ ਕੇ (ਸੀ ਈ ਟੀ ਏ) ਸਮਝੌਤਾ ਭਾਰਤ ਦੀ ਖੁਰਾਕ ਸੁਰੱਖਿਆ, ਸਿਹਤ ਸੰਭਾਲ ਅਤੇ ਆਰਥਕ ਸਵੈ-ਨਿਰਭਰਤਾ 'ਤੇ ਸਿੱਧਾ ਹਮਲਾ ਹੈ। ਇਹ ਸਮਝੌਤਾ ਬ੍ਰਿਟਿਸ਼ ਖੇਤੀ ਕਾਰੋਬਾਰੀਆਂ ਨੂੰ ਭਾਰਤੀ ਬਜ਼ਾਰਾਂ ਵਿਚ ਸਸਤੇ ਡੇਅਰੀ, ਕਣਕ ਅਤੇ ਮੀਟ ਵੇਚਣ ਦੀ ਖੁੱਲ੍ਹ ਦੇਵੇਗਾ । ਇਸ ਤਰ੍ਹਾਂ ਕਰਨਾ ਠੀਕ ਉਸੇ ਤਰ੍ਹਾਂ ਹੋਵੇਗਾ, ਜਿਸ ਤਰ੍ਹਾਂ ਭਾਰਤ-ਆਸੀਆਨ ਐੱਫ ਟੀ ਏ ਦੁਆਰਾ ਹੋਈ ਤਬਾਹੀ ਨੇ ਕੇਰਲਾ ਵਿੱਚ ਰਬੜ ਦੀਆਂ ਕੀਮਤਾਂ ਨੂੰ 70 ਫੀਸਦੀ ਘਟਾ ਕੇ ਕੀਤਾ ਸੀ। ਇਹ ਸਮਝੌਤਾ ਭਾਰਤ ਦੇ ਸਿਹਤ ਸੰਭਾਲ ਖੇਤਰ ਨੂੰ ਬ੍ਰਿਟਿਸ਼ ਕਾਰਪੋਰੇਟ ਕਬਜ਼ੇ ਲਈ ਵੀ ਖੋਲ੍ਹਦਾ ਹੈ, ਹਸਪਤਾਲਾਂ ਦੇ ਨਿੱਜੀਕਰਨ ਨੂੰ ਤੇਜ਼ ਕਰੇਗਾ ਅਤੇ ਦਵਾਈਆਂ ਦੇ ਏਕਾਧਿਕਾਰ ਨੂੰ ਵਧਾ ਕੇ ਉਹਨਾਂ ਦੀਆਂ

• ਬਾਕੀ ਸਫਾ 2 'ਤੇ

## ਸਨਅਤੀ ਕ੍ਰਾਂਤੀ ਲਿਆਉਣ ਲਈ ਸੈਕਟਰ ਅਧਾਰਤ 24 ਕਮੇਟੀਆਂ ਦੀ ਸ਼ੁਰੂਆਤ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਸ਼ੁੱਕਰਵਾਰ ਸਨਅਤੀ ਵਿਕਾਸ ਲਈ ਵੱਖ-ਵੱਖ ਸੈਕਟਰਾਂ 'ਤੇ ਅਧਾਰਤ 24 ਕਮੇਟੀਆਂ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਇਹ ਕਮੇਟੀਆਂ ਪੰਜਾਬ ਨੂੰ ਉਦਯੋਗ ਤੇ ਵਪਾਰ ਦਾ ਧੁਰਾ ਬਣਾਉਣ ਲਈ ਇਨਕਲਾਬੀ ਕਦਮ ਸਾਬਤ ਹੋਣਗੀਆਂ।

ਇਕੱਠ ਨੂੰ ਸੰਬੋਧਨ ਕਰਦਿਆਂ ਆਪ ਦੇ ਕੌਮੀ ਕਨਵੀਨਰ ਨੇ ਇਸ ਸ਼ੁਰੂਆਤ ਨੂੰ ਪੰਜਾਬ ਲਈ ਇਤਿਹਾਸਕ ਦਿਨ ਦੱਸਿਆ। ਉਨ੍ਹਾ ਕਿਹਾ ਕਿ ਸਾਲ 2022 ਤੋਂ ਪਹਿਲਾਂ ਪੰਜਾਬ ਵਿੱਚ ਜਬਰੀ ਵਸੂਲੀ ਦਾ ਦੌਰ ਸੀ, ਜਦੋਂ ਸਿਆਸੀ ਲੀਡਰਾਂ ਵੱਲੋਂ ਕਾਰੋਬਾਰ ਵਿੱਚ ਹਿੱਸਾ ਪਾਉਣ ਲਈ ਉਦਯੋਗਪਤੀਆਂ ਦੀ ਬਾਂਹ ਮਰੋੜੀ ਜਾਂਦੀ ਸੀ। ਇਸ ਧੱਕੇਸ਼ਾਹੀ ਤੋਂ ਅੱਕ ਕੇ ਉਦਯੋਗਪਤੀ ਦੂਜੇ ਸੂਬਿਆਂ ਵੱਲ ਹਿਜਰਤ ਕਰ ਗਏ ਅਤੇ ਪੰਜਾਬ ਨੂੰ ਗੰਭੀਰ ਸੰਕਟ ਵਿੱਚ ਫਸਾ ਦਿੱਤਾ, ਜਿਸ ਨਾਲ ਸਾਡੇ ਨੌਜਵਾਨ ਨਸ਼ਿਆਂ ਦੀ ਲਪੇਟ ਵਿੱਚ ਆ ਗਏ।

ਸਾਲ 2022 ਤੋਂ ਬਾਅਦ ਸਨਅਤੀ ਖੇਤਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ 'ਆਪ' ਦੇ ਕੌਮੀ ਕਨਵੀਨਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਉਦਯੋਗਿਕ ਸੈਕਟਰ ਨੂੰ ਮੁੜ ਪੈਰਾਂ 'ਤੇ ਖੜ੍ਹਾ ਕਰਨ ਅਤੇ ਬੁਲੰਦੀਆਂ ਤੇ ਲਿਜਾਣ ਲਈ ਕ੍ਰਾਂਤੀਕਾਰੀ ਕਦਮ ਚੁੱਕੇ ਹਨ। ਉਨ੍ਹਾ 'ਫਾਸਟ ਟਰੈਕ ਪੰਜਾਬ' ਪੋਰਟਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਭਾਰਤ ਦਾ ਸਭ ਤੋਂ ਆਧੁਨਿਕ ਸਿੰਗਲ ਵਿੰਡੋ ਸਿਸਟਮ ਹੈ, ਜਿਸ ਵਿੱਚ 150 ਤੋਂ ਵੱਧ ਵਪਾਰਕ ਸੇਵਾਵਾਂ ਮਿਲਦੀਆਂ ਹਨ। ਉਨ੍ਹਾ ਕਿਹਾ ਕਿ ਸਭ

• ਬਾਕੀ ਸਫਾ 2 'ਤੇ

## ਮਾਲਵੇ ਦਾ ਦਿੱਲੀ ਨਾਲ ਰੇਲ ਸੰਪਰਕ ਵਧਾਉਣ 'ਤੇ ਜ਼ੋਰ

**ਨਵੀਂ ਦਿੱਲੀ** : ਪੰਜਾਬ ਦੇ ਜ਼ਿਲ੍ਹਿਆਂ ਦਾ ਕੌਮੀ ਰਾਜਧਾਨੀ ਨਾਲ ਰੇਲ ਸੰਪਰਕ ਹੋਰ ਵਧਾਉਣ ਦੇ ਮੱਦੇਨਜ਼ਰ ਪਟਿਆਲਾ ਤੋਂ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ ਨੇ ਸ਼ੁੱਕਰਵਾਰ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨਾਲ ਮੁਲਾਕਾਤ ਕਰਕੇ ਮਾਲਵਾ ਖੇਤਰ ਨਾਲ ਰੇਲ ਸੰਪਰਕ ਨੂੰ ਵਧਾਉਣ ਲਈ ਜ਼ੋਰ ਦਿੱਤਾ। ਮੀਟਿੰਗ ਦੌਰਾਨ ਡਾ. ਗਾਂਧੀ ਨੇ ਰਾਜਪੁਰਾ-ਖੰਨਾ-ਲੁਧਿਆਣਾ ਰਾਹੀਂ ਚੱਲ ਰਹੀਆਂ ਕੁਝ ਲੰਬੀ ਦੂਰੀ ਦੀਆਂ ਰੇਲਗੱਡੀਆਂ ਨੂੰ ਰਾਜਪੁਰਾ-ਧੂਰੀ-ਲੁਧਿਆਣਾ ਰੂਟ ਵੱਲ ਮੋੜਨ ਦੀ ਬੇਨਤੀ ਕੀਤੀ। ਡਾ. ਗਾਂਧੀ ਨੇ ਕਿਹਾ, "ਨਵੀਂ ਦਿੱਲੀ ਤੋਂ ਬਠਿੰਡਾ ਵਾਇਆ ਪਟਿਆਲਾ ਤੱਕ ਜਨ ਸ਼ਤਾਬਦੀ ਜਾਂ ਵੰਦੇ ਭਾਰਤ ਰੇਲ ਸੇਵਾ ਸ਼ੁਰੂ ਕਰਨ ਦੇ ਪ੍ਰਸਤਾਵ 'ਤੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ।" ਉਨ੍ਹਾ ਕਿਹਾ ਕਿ ਮੰਤਰੀ ਨੇ ਭਰੋਸਾ ਦਿੱਤਾ ਹੈ ਕਿ ਇਹ ਮਾਮਲਾ ਸੰਬੰਧਤ ਰੇਲਵੇ ਅਧਿਕਾਰੀਆਂ ਨਾਲ ਉਠਾਇਆ ਜਾਵੇਗਾ ਤੇ ਇਹ ਯਕੀਨੀ ਬਣਾਉਣ ਲਈ ਆਪਣੀ ਵਚਨਬੱਧਤਾ ਦੁਹਰਾਈ ਕਿ ਮਾਲਵਾ ਖੇਤਰ ਨੂੰ ਵਧੀਆ ਰੇਲ ਸਹੂਲਤਾਂ ਅਤੇ ਸੰਪਰਕ ਦੇ ਮਾਮਲੇ ਵਿੱਚ ਉਸ ਦਾ ਬਣਦਾ ਹਿੱਸਾ ਮਿਲੇ।

## ਗਰੀਬਾਂ ਤੋਂ ਵੋਟ ਦਾ ਹੱਕ ਖੋਹਿਆ ਜਾ ਰਿਹੈ : ਰਾਹੁਲ

**ਨਵੀਂ ਦਿੱਲੀ** : ਕਾਂਗਰਸ ਆਗੂ ਰਾਹੁਲ ਗਾਂਧੀ ਨੇ ਵੋਟਰ ਸੂਚੀਆਂ ਦੀ ਵਿਸ਼ੇਸ਼ ਵਿਆਪਕ ਸੁਧਾਈ (ਐੱਸ ਆਈ ਆਰ) ਨੂੰ 'ਸੰਸਥਾਗਤ ਚੋਰੀ' ਕਰਾਰ ਦਿੰਦੇ ਹੋਏ ਸ਼ੁੱਕਰਵਾਰ ਦਾਅਵਾ ਕੀਤਾ ਕਿ ਚੋਣ ਕਮਿਸ਼ਨ ਗਰੀਬਾਂ ਦੇ ਵੋਟ ਪਾਉਣ ਦੇ ਅਧਿਕਾਰ ਨੂੰ ਖੋਹਣ ਦੇ ਉਦੇਸ਼ ਨਾਲ ਇਸ 'ਚੋਰੀ' ਨੂੰ ਅੰਜਾਮ ਦੇਣ ਲਈ ਭਾਜਪਾ ਨਾਲ 'ਸ਼ਰ੍ਹੇਆਮ ਮਿਲੀਭੁਗਤ' ਕਰ ਰਿਹਾ ਹੈ। ਉਨ੍ਹਾ ਇਹ ਦੋਸ਼ ਆਪਣੇ ਯੂਟਿਊਬ ਚੈਨਲ 'ਤੇ ਜਾਰੀ ਇੱਕ ਵੀਡੀਓ ਵਿੱਚ ਲਗਾਇਆ ਹੈ, ਜਿਸ ਵਿੱਚ ਉਨ੍ਹਾ ਇਹ ਵੀ ਦਾਅਵਾ ਕੀਤਾ ਹੈ ਕਿ ਬਿਹਾਰ ਵਿੱਚ ਐੱਸ ਆਈ ਆਰ ਲਿਆਂਦਾ ਗਿਆ ਹੈ ਕਿਉਂਕਿ ਚੋਣ ਕਮਿਸ਼ਨ ਜਾਣਦਾ ਹੈ ਕਿ 'ਅਸੀਂ ਉਨ੍ਹਾਂ ਦੀ ਚੋਰੀ ਫੜ ਲਈ ਹੈ'। ਉਨ੍ਹਾ ਦੋਸ਼ ਲਗਾਇਆ ਕਿ ਚੋਣ ਕਮਿਸ਼ਨ ਅਤੇ ਭਾਜਪਾ 'ਵੋਟਾਂ ਦੀ ਚੋਰੀ' ਲਈ 'ਮਿਲੀਭੁਗਤ' ਕਰ ਰਹੇ ਹਨ।

ਰਾਹੁਲ ਗਾਂਧੀ ਨੇ ਵੋਟਰ ਸੂਚੀਆਂ ਵਿਚ ਕਥਿਤ ਹੇਰਾਫੇਰੀ ਦੇ ਮੁੱਦੇ 'ਤੇ ਸ਼ੁੱਕਰਵਾਰ ਦਾਅਵਾ ਕੀਤਾ ਕਿ ਜੇ ਚੋਣ ਕਮਿਸ਼ਨ ਇਲੈਕਟ੍ਰਾਨਿਕ ਡੇਟਾ ਮੁਹੱਈਆ ਕਰਵਾ ਦੇਵੇ ਤਾਂ ਕਾਂਗਰਸ ਇਹ ਸਾਬਤ ਕਰ ਦੇਵੇਗੀ ਨਰਿੰਦਰ ਮੋਦੀ 'ਵੋਟ ਚੋਰੀ' ਕਰਕੇ ਦੇਸ਼ ਦੇ ਪ੍ਰਧਾਨ ਮੰਤਰੀ ਬਣੇ ਹਨ। ਰਾਹੁਲ ਗਾਂਧੀ ਨੇ ਵੋਟ ਚੋਰੀ ਦੇ ਆਪਣੇ ਦੋਸ਼ਾਂ 'ਤੇ ਚੋਣ ਕਮਿਸ਼ਨ ਵੱਲੋਂ ਉਨ੍ਹਾ ਤੋਂ ਸਹੁੰ ਚੁੱਕ ਕੇ ਹਲਫਨਾਮਾ ਮੰਗਣ ਦੀ ਆਲੋਚਨਾ ਕੀਤੀ। ਉਨ੍ਹਾ ਦੋਸ਼ ਲਗਾਇਆ ਕਿ ਚੋਣ ਕਮਿਸ਼ਨ ਅਤੇ ਭਾਜਪਾ ਨੇ ਲੋਕ ਸਭਾ ਚੋਣਾਂ ਵਿੱਚ ਲੋਕਾਂ ਦੀਆਂ ਵੋਟਾਂ ਚੋਰੀ ਕਰਨ ਲਈ ਕਥਿਤ ਮਿਲੀਭੁਗਤ ਕੀਤੀ। ਉਨ੍ਹਾਂ ਕਿਹਾ, "ਚੋਣ ਕਮਿਸ਼ਨ ਮੈਨੂੰ ਸਹੁੰ ਚੁੱਕ ਕੇ ਜਾਣਕਾਰੀ ਦੇਣ ਲਈ ਕਹਿੰਦਾ ਹੈ। ਮੈਂ ਸੰਸਦ ਦੇ ਅੰਦਰ ਸੰਵਿਧਾਨ ਨੂੰ ਫੜ ਕੇ ਸਹੁੰ ਚੁੱਕੀ ਹੈ।" ਉਨ੍ਹਾ ਦੋਸ਼ ਲਗਾਇਆ ਕਿ ਅੱਜ ਜਦੋਂ ਲੋਕ ਉਨ੍ਹਾ ਵੱਲੋਂ ਜਾਰੀ ਕੀਤੇ ਗਏ ਅੰਕੜਿਆਂ ਦੇ ਆਧਾਰ 'ਤੇ ਚੋਣ ਕਮਿਸ਼ਨ ਉੱਤੇ ਸਵਾਲ ਉਠਾ ਰਹੇ ਹਨ, ਤਾਂ ਚੋਣ ਕਮਿਸ਼ਨ ਨੇ ਆਪਣੀ ਵੈੱਬਸਾਈਟ ਹੀ ਬੰਦ ਕਰ ਦਿੱਤੀ ਹੈ। ਰਾਹੁਲ ਨੇ ਦੋਸ਼ ਲਗਾਇਆ ਕਿ ਮੱਧ ਪ੍ਰਦੇਸ਼, ਰਾਜਸਥਾਨ ਅਤੇ ਬਿਹਾਰ ਵਿੱਚ ਚੋਣ ਕਮਿਸ਼ਨ ਦੀਆਂ ਵੈੱਬਸਾਈਟਾਂ ਬੰਦ ਕਰ ਦਿੱਤੀਆਂ ਗਈਆਂ ਹਨ, ਕਿਉਂਕਿ ਉਹ ਜਾਣਦੇ ਸਨ ਕਿ ਜੇ ਲੋਕਾਂ ਨੇ ਅੰਕੜਿਆਂ ਦੇ ਆਧਾਰ 'ਤੇ ਸਵਾਲ ਪੁੱਛਣੇ ਸ਼ੁਰੂ ਕਰ ਦਿੱਤੇ ਤਾਂ ਉਨ੍ਹਾਂ ਦਾ ਪੂਰਾ ਢਾਂਚਾ ਢਹਿ ਜਾਵੇਗਾ।

## ਅੱਜ-ਨਾਮਾ

ਬੋਲਿਆ ਸਾਧੂ ਕੋਈ ਫੇਰ ਆ ਤੋੜ ਹੱਦਾਂ,
ਧੀਆਂ ਬਾਰੇ ਗਿਆ ਕਰੀ ਬਕਵਾਸ ਬੇਲੀ।
ਚੰਗਾ ਖਾਵਣ ਤਾਂ ਮੰਦਾ ਇਹ ਸਾਧ ਬੋਲਣ,
ਰਤਾ ਨਹੀਂ ਬੋਲਾਂ ਦੇ ਵਿੱਚ ਮਿਠਾਸ ਬੇਲੀ।
ਦੁਨੀਆਦਾਰੀ ਤਾਂ ਕਹਿੰਦੇ ਨੇ ਉਂਜ ਛੱਡੀ,
ਚਸਕਾ ਲੈਣ ਦਾ ਸ਼ੌਕ ਪਿਆ ਖਾਸ ਬੇਲੀ।
ਨਿੰਦਾ-ਚੁਗਲੀ ਵੀ ਛੱਡਣੀ ਨਾਹੀਂ ਕਰਨੀ,
ਕਰਨ ਅਕਲ ਦਾ ਨਹੀਂ ਅਹਿਸਾਸ ਬੇਲੀ।
ਕਹਿਣਾ ਲੋਕਾਂ ਨੂੰ ਨੇਕੀ ਦੀ ਰਾਹ ਚੱਲਣ,
ਉਲਟੇ ਇਹਦੇ ਤੋਂ ਕਰਨ ਵਿਹਾਰ ਬੇਲੀ।
ਦਾਅਵਾ ਪਾਰ-ਉਤਾਰੇ ਦਾ ਕਰਨ ਭਾਵੇਂ,
ਦੇਂਦੇ ਵੱਸਣ ਨਹੀਂ ਆਰ ਨਾ ਪਾਰ ਬੇਲੀ।

-ਤੀਸ ਮਾਰ ਖਾਂ

## ਪ੍ਰਧਾਨਗੀ ਲਈ ਮੇਰਾ ਨਾਂਅ ਨਾ ਵਿਚਾਰਿਆ ਜਾਵੇ : ਹਰਪ੍ਰੀਤ ਸਿੰਘ

**ਅੰਮ੍ਰਿਤਸਰ** : ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਪਾ ਕੇ ਕਿਹਾ ਹੈ ਕਿ 11 ਅਗਸਤ ਨੂੰ ਪੰਜ ਮੈਂਬਰੀ ਕਮੇਟੀ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਦੀ ਚੋਣ ਵਿੱਚ ਉਨ੍ਹਾ ਤੇ ਬੀਬੀ ਸਤਵੰਤ ਕੌਰ ਦਾ ਨਾਂਅ ਪ੍ਰਧਾਨਗੀ ਲਈ ਵਿਚਾਰਨ ਦਾ ਪਤਾ ਲੱਗਾ ਹੈ। ਉਨ੍ਹਾ ਕਿਹਾ, 'ਮੇਰੇ ਮਨ ਵਿੱਚ ਆਪਣੀ ਭੈਣ ਸਤਵੰਤ ਕੌਰ ਪ੍ਰਤੀ ਬਹੁਤ ਸਤਿਕਾਰ ਹੈ। ਇਸ ਲਈ ਪੰਜ ਮੈਂਬਰੀ ਕਮੇਟੀ ਨੂੰ ਮੇਰੇ ਵੱਲੋਂ ਅਪੀਲ ਹੈ ਕਿ ਬੀਬੀ ਸਤਵੰਤ ਕੌਰ ਦੇ ਮੁਕਾਬਲੇ ਮੈਂ ਕਿਸੇ ਪ੍ਰਧਾਨਗੀ ਦੀ ਦੌੜ 'ਚ ਸ਼ਾਮਲ ਨਹੀਂ। ਮੇਰਾ ਨਾਂਅ ਪ੍ਰਧਾਨਗੀ ਲਈ ਨਾ ਵਿਚਾਰਿਆ ਜਾਵੇ। ਦੱਸਿਆ ਜਾਂਦਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਬਾਗੀ ਹੋਏ ਧੜੇ ਨੇ 11 ਅਗਸਤ ਨੂੰ ਬੁਰਜ ਅਕਾਲੀ ਫੂਲਾ ਸਿੰਘ ਅੰਮ੍ਰਿਤਸਰ ਵਿਖੇ ਸਵੇਰੇ 11 ਵਜੇ ਡੈਲੀਗੇਟਾਂ ਦਾ ਅਜਲਾਸ ਰੱਖ ਕੇ ਪ੍ਰਧਾਨ ਦੀ ਚੋਣ ਕਰਨ ਦਾ ਫੈਸਲਾ ਲਿਆ ਹੈ।




## ਅਧਿਆਪਕ ਬਦਲੀ ਨੀਤੀ ਪਾਰਦਰਸ਼ਤਾ ਨਾਲ ਲਾਗੂ ਕਰਵਾਉਣ ਦੀ ਮੰਗ



**ਜਲਾਲਾਬਾਦ (ਪਰਮਜੀਤ ਢਾਬਾਂ)**-ਸਾਂਝਾ ਅਧਿਆਪਕ ਮੋਰਚਾ ਪੰਜਾਬ ਦੇ ਕਨਵੀਨਰਾਂ ਤੇ ਕੋ-ਕਨਵੀਨਰਾਂ ਸੁਖਵਿੰਦਰ ਸਿੰਘ ਚਾਹਲ, ਸੁਰਿੰਦਰ ਕੁਮਾਰ ਪੁਆਰੀ, ਸੁਰਿੰਦਰ ਕੰਬੋਜ, ਕ੍ਰਿਸ਼ਨ ਸਿੰਘ ਦੁੱਗਾਂ, ਬਾਜ ਸਿੰਘ ਖਹਿਰਾ, ਹਰਵਿੰਦਰ ਸਿੰਘ ਬਿਲਗਾ, ਰਵਿੰਦਰਜੀਤ ਸਿੰਘ ਪੰਨੂ, ਗੁਰਜੰਟ ਸਿੰਘ ਵਾਲੀਆ, ਸੁਖਜਿੰਦਰ ਸਿੰਘ ਹਰੀਕਾ, ਗੁਰਿੰਦਰ ਸਿੰਘ ਸਿੱਧੂ, ਸ਼ਮਸ਼ੇਰ ਸਿੰਘ ਬੰਗਾ ਤੇ ਅਮਨਬੀਰ ਸਿੰਘ ਗੁਰਾਇਆ ਨੇ ਸਾਂਝੇ ਬਿਆਨ ਰਾਹੀਂ ਦੱਸਿਆ ਕਿ ਸਿੱਖਿਆ ਵਿਭਾਗ ਵਿੱਚ ਲੰਬੇ ਸੰਘਰਸ਼ ਨਾਲ ਹੋਂਦ ਵਿੱਚ ਆਈ ਅਧਿਆਪਕ ਬਦਲੀ ਨੀਤੀ ਨੂੰ ਸਿੱਖਿਆ ਵਿਭਾਗ ਹੀ ਤੋੜ ਮਰੋੜ ਕੇ ਲਾਗੂ ਕਰ ਰਿਹਾ ਹੈ। ਪੀਟੀਆਈ ਅਧਿਆਪਕਾਂ ਦੀਆਂ ਭਰੀਆਂ ਪੋਸਟਾਂ ਨੂੰ ਖਾਲੀ ਦਰਸਾਇਆ ਜਾ ਰਿਹਾ ਹੈ ਤੇ ਸੀਐੱਚਟੀ ਦੀ ਪੋਸਟ ਨੂੰ ਐੱਚਟੀ ਦੀ ਪੋਸਟ ਦਰਸਾਇਆ ਜਾ ਰਿਹਾ ਹੈ।ਇਸ ਨਾਲ ਜਿੱਥੇ ਵਿਭਾਗ ਅਧਿਆਪਕਾਂ ਲਈ ਮੁਸ਼ਕਲਾਂ ਖੜ੍ਹੀਆਂ ਕਰ ਰਿਹਾ ਹੈ, ਉਥੇ ਹੀ ਅਧਿਆਪਕ ਬਦਲੀ ਨੀਤੀ ਦੀ ਪਾਰਦਰਸ਼ਤਾ ਨੂੰ ਵੀ ਖਤਮ ਕਰ ਰਿਹਾ ਹੈ, ਜਿਸ ਨਾਲ ਅਧਿਆਪਕ ਬਦਲੀ ਨੀਤੀ ਨੂੰ ਗੈਰ-ਪ੍ਰਸੰਗਕ ਬਣਾ ਕੇ ਅਧਿਆਪਕਾਂ ਨੂੰ ਬਦਲੀਆਂ ਲਈ ਪਹਿਲਾਂ ਵਾਂਗ ਰਾਜਨੀਤਕ ਲੋਕਾਂ ਦੀ ਸ਼ਰਨ ਵਿੱਚ ਭੇਜਣ ਤੇ ਵੱਡਾ ਭ੍ਰਿਸ਼ਟਾਚਾਰ ਕਰਨ ਦੀ ਸ਼ਾਤਰਾਨਾ ਚਾਲ ਚੱਲੀ ਜਾ ਰਹੀ ਹੈ, ਜਿਸ ਦੀ ਸਾਂਝਾ ਅਧਿਆਪਕ ਮੋਰਚਾ ਪੰਜਾਬ ਦੇ ਆਗੂਆਂ ਨੇ ਸਖਤ ਵਿਰੋਧਤਾ ਕਰਦਿਆਂ ਸਿੱਖਿਆ ਵਿਭਾਗ ਨੂੰ ਚਿਤਾਵਨੀ ਦਿੰਦਿਆਂ ਅਧਿਆਪਕ ਬਦਲੀ ਨੀਤੀ ਨੂੰ ਪੂਰੀ ਪਾਰਦਰਸ਼ਤਾ ਨਾਲ ਲਾਗੂ ਕਰਨ ਲਈ ਬਦਲੀਆਂ ਲਈ ਅਧਿਆਪਕਾਂ ਦੀ ਮੈਰਿਟ ਅੰਕ ਸੂਚੀ ਜਾਰੀ ਕਰਨ ਅਤੇ ਸਕੂਲਾਂ ਵਿੱਚ ਖਾਲੀ ਪਈਆਂ ਸਾਰੀਆਂ ਹੀ ਪੋਸਟਾਂ ਨੂੰ ਸਟੇਸ਼ਨ ਚੋਣ ਲਈ ਦਰਸਾਉਣ ਦੀ ਮੰਗ ਕੀਤੀ। ਸਾਂਝਾ ਅਧਿਆਪਕ ਮੋਰਚਾ ਪੰਜਾਬ ਦੇ ਆਗੂਆਂ ਨੇ ਮੁੱਖ ਮੰਤਰੀ ਪੰਜਾਬ ਤੋਂ ਅਧਿਆਪਕ ਤਬਾਦਲਾ ਨੀਤੀ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਕਰਵਾਉਣ ਤੇ ਬਦਲੀਆਂ ਵਿੱਚ ਵੱਡੇ ਭ੍ਰਿਸ਼ਟਾਚਾਰ ਲਈ ਖੋਲ੍ਹੇ ਜਾ ਰਹੇ ਦਰਵਾਜ਼ੇ ਨੂੰ ਰੋਕਣ ਦੀ ਮੰਗ ਕੀਤੀ।

## ਪੰਜਾਬ ਸਕੂਲ ਜ਼ੋਨਲ ਟੂਰਨਾਮੈਂਟ 'ਚ ਐੱਸ ਆਈ ਐੱਸ ਦੀ ਚੜ੍ਹਤ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਟੀਫਨ ਇੰਟਰਨੈਸ਼ਨਲ ਸਕੂਲ (ਐੱਸ ਆਈ ਐੱਸ) ਦੀ ਐਥਲੈਟਿਕਸ ਲੜਕੀਆਂ ਦੀ ਟੀਮ ਨੇ ਕੋਚ ਜਸਪ੍ਰੀਤ ਦੀ ਅਗਵਾਈ ਹੇਠ ਕਰਵਾਏ ਗਏ ਪੰਜਾਬ ਸਕੂਲ ਜ਼ੋਨਲ ਟੂਰਨਾਮੈਂਟ ਵਿੱਚ ਕੁੱਲ 27 ਤਮਗੇ ਜਿੱਤ ਕੇ ਸ਼ਾਨਦਾਰ ਪ੍ਰਾਪਤੀ ਹਾਸਲ ਕੀਤੀ ਹੈ।ਇਸ ਪ੍ਰਭਾਵਸ਼ਾਲੀ ਪ੍ਰਦਰਸ਼ਨ ਨੇ ਉਨ੍ਹਾਂ ਨੂੰ ਜ਼ਿਲ੍ਹਾ ਪੱਧਰੀ ਮੁਕਾਬਲੇ ਵਿੱਚ ਜਗ੍ਹਾ ਦਿੱਤੀ ਹੈ।ਟੀਮ ਦੀ ਸਫਲਤਾ ਦਾ ਸਿਹਰਾ ਪ੍ਰਮਾਤਮਾ ਦੀ ਕਿਰਪਾ, ਉਨ੍ਹਾਂ ਦੀ ਸਖਤ ਮਿਹਨਤ ਤੇ ਸਮਰਪਣ ਦੇ ਨਾਲ-ਨਾਲ ਕੋਚ ਜਸਪ੍ਰੀਤ ਦੀ ਮਾਹਰ ਅਗਵਾਈ ਨੂੰ ਜਾਂਦਾ ਹੈ।ਕੋਚ ਜਸਪ੍ਰੀਤ ਦੀ ਅਗਵਾਈ ਤੇ ਸਲਾਹ-ਮਸ਼ਵਰੇ ਨੇ ਟੀਮ ਦੀ ਸਫਲਤਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।ਐਥਲੈਟਿਕਸ ਲਈ ਉਸ ਦੀ ਮੁਹਾਰਤ ਤੇ ਜਨੂੰਨ ਨੇ ਟੀਮ ਨੂੰ ਆਪਣੀਆਂ ਸੀਮਾਵਾਂ ਤੋਂ ਅੱਗੇ ਵਧਣ ਤੇ ਉੱਤਮਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ। ਡਾਇਰੈਕਟਰ ਪ੍ਰਿੰਸੀਪਲ ਮੋਨਿਕਾ ਸ਼ਰਮਾ ਨੇ ਦੱਸਿਆ ਕਿ ਐੱਸ.ਆਈ.ਐੱਸ. ਭਾਈਚਾਰਾ ਐਥਲੈਟਿਕਸ ਲੜਕੀਆਂ ਦੀ ਟੀਮ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੰਦਾ ਹੈ ਅਤੇ ਉਨ੍ਹਾਂ ਨੂੰ ਜ਼ਿਲ੍ਹਾ ਪੱਧਰੀ ਮੁਕਾਬਲੇ ਲਈ ਸ਼ੁੱਭ-ਕਾਮਨਾਵਾਂ ਦਿੰਦਾ ਹੈ।

## ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ 'ਚ ਤੀਜ ਦਾ ਤਿਉਹਾਰ ਮਨਾਇਆ



**ਜਗਰਾਓਂ (ਅਮਿਤ ਖੰਨਾ)**-ਮਾਲਵੇ ਦੀ ਪ੍ਰਸਿੱਧ ਸੰਸਥਾ ਸਪਰਿੰਗ ਡਿਊ ਸਕੂਲ ਨਾਨਕਸਰ ਵਿਖੇ ਤੀਜ ਦਾ ਤਿਉਹਾਰ ਸਕੂਲ ਦੀਆਂ ਵਿਦਿਆਰਥਣਾਂ ਦੁਆਰਾ ਪ੍ਰਿੰਸੀਪਲ ਗੀਨਾ ਜੈਦਿਕਾ ਦੀ ਅਗਵਾਈ ਹੇਠ ਬੜੀ ਹੀ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਦੌਰਾਨ ਸਕੂਲ ਦੇ ਅਲੱਗ-ਅਲੱਗ ਹਾਊਸ ਦੀਆਂ ਵਿਦਿਆਰਥਣਾਂ ਵਿੱਚ ਅਲੱਗ-ਅਲੱਗ ਕੰਪੀਟੀਸ਼ਨ ਕਰਵਾਏ ਗਏ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਮਹਿੰਦੀ, ਗਰੁੱਪ ਡਾਂਸ, ਪਰਾਂਦਾ ਤੇ ਲੋਕ-ਗੀਤ ਮੁਕਾਬਲੇ ਕਰਵਾਏ ਗਏ।ਇਸ ਤੋਂ ਇਲਾਵਾ ਪੰਜਾਬੀ ਸੱਭਿਆਚਾਰ ਦੀ ਤਰਜ਼ਮਾਨੀ ਕਰਦੇ ਲੋਕ-ਗੀਤ, ਸਿੱਠਣੀਆਂ, ਟੱਪੇ-ਮਾਹੀਆ ਤੇ ਗਿੱਧੇ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ।ਪੰਜਾਬੀ ਸੱਭਿਆਚਾਰਕ ਪਹਿਰਾਵੇ 'ਤੇ ਅਧਾਰਤ ਮਿਸ ਤੀਜ ਤੇ ਮਿਸਜ਼ ਤੀਜ ਦਾ ਸ਼ਾਨਦਾਰ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਦਿਲਪ੍ਰੀਤ ਕੌਰ ਨੂੰ ਮਿਸ ਤੀਜ, ਜਦੋਂਕਿ ਖੁਸ਼ਪ੍ਰੀਤ ਕੌਰ ਫਸਟ ਤੇ ਸੁਮਨਜੋਤ ਨੂੰ ਸੈਕਿੰਡ ਰਨਰਅੱਪ ਚੁਣਿਆ ਗਿਆ। ਇਸੇ ਤਰ੍ਹਾਂ ਸੁਮਨਦੀਪ ਸ਼ਰਮਾ ਨੂੰ ਮਿਸੇਜ ਤੀਜ ਚੁਣਿਆ ਗਿਆ ਅਤੇ ਨਿਸ਼ਾ ਸ਼ਰਮਾ ਤੇ ਮਨਦੀਪ ਕੌਰ ਨੂੰ ਰਨਰਅੱਪ ਵਜੋਂ ਚੁਣਿਆ ਗਿਆ।ਸਮਾਗਮ ਦੇ ਅੰਤ ਵਿੱਚ ਜੇਤੂ ਵਿਦਿਆਰਥਣਾਂ ਨੂੰ ਇਨਾਮ ਦੇ ਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।ਇਸ ਸਮੇਂ ਪ੍ਰਿੰਸੀਪਲ ਗੀਨਾ ਜੈਦਿਕਾ ਤੇ ਵਾਇਸ ਪ੍ਰਿੰਸੀਪਲ ਬੇਅੰਤ ਬਾਵਾ ਨੇ ਕਿਹਾ ਕਿ ਸਕੂਲ ਦੀਆਂ ਵਿਦਿਆਰਥਣਾਂ ਦੁਆਰਾ ਮਨਾਇਆ ਗਿਆ ਤੀਜ ਦਾ ਤਿਉਹਾਰ ਕੇਵਲ ਇੱਕ ਸਮਾਗਮ ਹੀਂ ਨਹੀਂ ਸਗੋਂ ਇਹ ਇੱਕ ਅਜਿਹਾ ਯਤਨ ਹੈ, ਜੋ ਪੰਜਾਬੀ ਸੱਭਿਆਚਾਰ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਅਤੇ ਜਿਉਂਦਾ ਰੱਖਣ ਲਈ ਕੀਤਾ ਗਿਆ ਹੈ।ਸਮਾਗਮ ਦੌਰਾਨ ਸਮੂਹ ਮੈਨੇਜਮੈਂਟ ਮੈਂਬਰਜ਼ ਪ੍ਰੈਜ਼ੀਡੈਂਟ ਮਨਜੋਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਬਹਾਦੁਰ ਸਿੰਘ ਸਿੱਧੂ ਤੇ ਹਰਜੀਤ ਸਿੰਘ ਸਿੱਧੂ ਯੂ ਐੱਸ ਏ ਹਾਜ਼ਰ ਸਨ।

## ਫ਼ਰੀਦਕੋਟ-ਕੋਟਕਪੂਰਾ ਤੋਂ ਬਿਆਸ ਲਈ ਨਵੀਂ ਬੱਸ ਸੇਵਾ ਸ਼ੁਰੂ : ਹੰਢਾਣਾ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਪੰਜਾਬ ਸਰਕਾਰ ਵੱਲੋਂ ਰਾਜ ਵਾਸੀਆਂ ਨੂੰ ਵਧੀਆ ਆਵਾਜਾਈ ਦੀਆਂ ਸਹੂਲਤ ਪ੍ਰਦਾਨ ਕਰਨ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ ਤੇ ਰਾਜ ਦੇ ਵੱਖ-ਵੱਖ ਸ਼ਹਿਰਾਂ ਕਸਬਿਆਂ ਤੋਂ ਰਾਜ ਦੇ ਬਾਕੀ ਹਿੱਸਿਆਂ ਨੂੰ ਜੋੜਨ ਲਈ ਵਧੀਆ ਬੱਸ ਨੈੱਟਵਰਕ ਮੁਹੱਈਆ ਕਰਵਾਇਆ ਜਾ ਰਿਹਾ ਹੈ।ਇਸੇ ਲੜੀ ਤਹਿਤ ਪੀ.ਆਰ.ਟੀ.ਸੀ. ਵੱਲੋਂ ਵਿਧਾਇਕ ਫ਼ਰੀਦਕੋਟ ਸ੍. ਗੁਰਦਿੱਤ ਸਿੰਘ ਸੇਖੋਂ ਦੇ ਯਤਨਾ ਸਦਕਾ ਫ਼ਰੀਦਕੋਟ, ਕੋਟਕਪੂਰਾ ਤੋਂ ਰੋਜ਼ਾਨਾ ਬਿਆਸ ਲਈ ਬੱਸ ਸੇਵਾ ਸ਼ੁਰੂ ਕੀਤੀ ਗਈ ਹੈ ਇਹ ਪ੍ਰਗਟਾਵਾ ਪੀ.ਆਰ.ਟੀ.ਸੀ. ਦੇ ਚੇਅਰਮੈਨ ਰਣਜੋਧ ਸਿੰਘ ਹੰਢਾਣਾ ਨੇ ਬੱਸ ਸਟੈਂਡ ਫ਼ਰੀਦਕੋਟ ਤੋਂ ਬਿਆਸ ਲਈ ਨਵੀਂ ਬੱਸ ਰਵਾਨਾ ਕਰਨ ਮੌਕੇ ਕੀਤਾ।ਉਨ੍ਹਾਂ ਕਿਹਾ ਕਿ ਇਹ ਬੱਸ ਰੋਜਾਨਾ ਸਵੇਰੇ 6.30 ਵਜੇ ਤੋਂ ਕੋਟਕਪੂਰਾ, ਫ਼ਰੀਦਕੋਟ ਤੋਂ ਵਾਇਆ ਮੁੱਖੂ, ਜ਼ੀਰਾ, ਸੁਲਤਾਨਪੁਰ ਲੋਧੀ, ਕਪੂਰਥਲਾ ਤੋਂ ਬਿਆਸ ਤੱਕ ਚੱਲੇਗੀ, ਜਿਸ ਨਾਲ ਵਿਦਿਆਰਥੀਆਂ, ਦਫ਼ਤਰੀ ਕਰਮਚਾਰੀਆਂ, ਕਾਰੋਬਾਰੀਆਂ ਤੇ ਆਮ ਯਾਤਰੀਆਂ ਨੂੰ ਲਾਭ ਮਿਲੇਗਾ।ਚੇਅਰਮੈਨ ਰਣਜੋਧ ਸਿੰਘ ਹੰਢਾਣਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਵਾਜਾਈ ਸਹੂਲਤਾਂ ਨੂੰ ਮਜ਼ਬੂਤ ਬਣਾਉਣ ਲਈ ਪੀ.ਆਰ.ਟੀ.ਸੀ. ਦੇ ਵਾਹਨਾਂ ਦੀ ਸੰਖਿਆ ਵਧਾਈ ਜਾ ਰਹੀ ਹੈ ਤੇ ਨਵੇਂ ਰੂਟ ਸ਼ੁਰੂ ਕਰਕੇ ਪਿੰਡਾਂ ਅਤੇ ਸ਼ਹਿਰੀ ਇਲਾਕਿਆਂ ਨੂੰ ਜੋੜਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੀ.ਆਰ.ਟੀ.ਸੀ. ਵਿੱਚ 100 ਮਿੰਨੀ ਬੱਸਾਂ ਤੋਂ ਇਲਾਵਾ 400 ਵੱਡੀਆਂ ਬੱਸਾਂ ਦੇ ਵੀ ਜਲਦ ਹੀ ਟੈਂਡਰ ਲਗਾਏ ਜਾਣਗੇ।

## ਵਰਲਡ ਕੈਂਸਰ ਕੇਅਰ ਸੁਸਾਇਟੀ ਵੱਲੋਂ ਮੈਡੀਕਲ ਤੇ ਜਾਗਰੂਕਤਾ ਕੈਂਪ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਵਰਲਡ ਕੈਂਸਰ ਕੇਅਰ ਸੁਸਾਇਟੀ ਵੱਲੋਂ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਪਾਤੜਾਂ ਦੇ ਸਹਿਯੋਗ ਨਾਲ ਕੈਂਸਰ ਜਾਂਚ ਕੈਂਪ ਲਗਾਇਆ ਗਿਆ।ਕੈਂਪ ਸੁਸਾਇਟੀ ਦੇ ਗਲੋਬਲ ਅੰਬੈਸਡ ਕੁਲਵੰਤ ਸਿੰਘ ਧਾਲੀਵਾਲ ਦੀ ਅਗਵਾਈ ਅਧੀਨ ਡਾਕਟਰ ਜਗਜੀਤ ਸਿੰਘ ਧੂਰੀ ਪ੍ਰਧਾਨ ਆਪਣਾ ਪੰਜਾਬ ਫਾਉਂਡੇਸ਼ਨ ਤੇ ਐੱਸਬੀਆਈ ਕਾਰਡ ਦੇ ਸਹਿਯੋਗ ਨਾਲ ਲਗਾਇਆ ਗਿਆ।ਆਪਣਾ ਪੰਜਾਬ ਫਾਉਂਡੇਸ਼ਨ ਦੇ ਸੀਨੀਅਰ ਮੈਂਬਰ ਨਿਧਾਨ ਸਿੰਘ ਜੈਖਰ ਤੇ ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਚੇਅਰਮੈਨ ਸੁਖਜੀਤ ਸਿੰਘ ਹੈਪੀ ਕਾਲੇਕਾ ਦੀ ਦੇਖ-ਰੇਖ ਤੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਲਗਾਏ ਗਏ ਇਸ ਕੈਂਪ ਵਿੱਚ 522 ਲੋਕਾਂ ਨੇ ਆਪਣਾ ਚੈੱਕਅਪ ਕਰਵਾਇਆ।ਕੈਂਪ ਵਿੱਚ ਤਜਰਬੇਕਾਰ ਡਾਕਟਰਾਂ ਦੀ ਟੀਮ ਨੇ ਮਰੀਜ਼ਾਂ ਦੀ ਜਾਂਚ ਕਰਕੇ ਫਰੀ ਦਵਾਈਆਂ ਵੀ ਦਿੱਤੀਆਂ।ਇਸ ਤੋਂ ਇਲਾਵਾ ਡਾਕਟਰ ਧਰਮਿੰਦਰ ਸਿੰਘ ਨੇ ਆਪਣੇ ਆਏ ਹੋਏ ਲੋਕਾਂ ਨੂੰ ਕੈਂਸਰ ਦੇ ਲੱਛਣ ਦੱਸ ਕੇ ਕੈਂਸਰ ਤੋਂ ਬਚਣ ਦੇ ਉਪਾਅ ਦੱਸੇ।ਪ੍ਰਵਾਸੀ ਪੰਜਾਬੀ ਸਮਾਜ ਸੇਵੀ ਸੁਖਦੇਵ ਸਿੰਘ ਬੈਲਜੀਅਮ ਨੇ ਲੋਕਾਂ ਨੂੰ ਕੈਂਸਰ ਤੋਂ ਬਚਣ ਲਈ ਔਰਗੈਨਿਕ ਖਾਦ ਪਦਾਰਥਾਂ ਦੀ ਵਰਤੋਂ ਕਰਨ ਲਈ ਉਤਸ਼ਾਹਤ ਕੀਤਾ।ਡਾਕਟਰ ਜਗਜੀਤ ਸਿੰਘ ਡਾਇਰੈਕਟਰ ਆਪਣਾ ਪੰਜਾਬ ਫਾਉਂਡੇਸ਼ਨ ਨੇ ਸਕੂਲ ਅਧਿਆਪਕਾ ਦੇ ਨਾਲ ਅਜੋਕੀ ਵਿੱਦਿਅਕ ਪ੍ਰਣਾਲੀ ਦੇ ਤਹਿਤ ਵਿਚਾਰ- ਵਟਾਂਦਰਾ ਕੀਤਾ ਤੇ ਅਧਿਆਪਕਾਂ ਦੇ ਮਨੋਬਲ ਨੂੰ ਉੱਚਾ ਚੁੱਕਿਆ।ਇਸ ਮੌਕੇ ਸਕੂਲ ਦੇ ਵਾਈਸ ਚੇਅਰਮੈਨ ਗੁਰਬਚਨ ਸਿੰਘ ਮਾਨ, ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਦੇ ਪ੍ਰਧਾਨ ਕਰਮਜੀਤ ਸਿੰਘ ਕਾਲੇਕਾ, ਸਕੂਲ ਮੈਨੇਜਰ ਗੁਰਪਿੰਦਰ ਸਿੰਘ, ਰਾਮ ਸਿੰਘ ਤੇ ਸਮੂਹ ਕਮੇਟੀ ਮੈਂਬਰ ਸਾਹਿਬਾਨ, ਡਾਕਟਰ ਅੰਮ੍ਰਿਤਪਾਲ ਸਿੰਘ ਕਾਲੇਕਾ, ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਗੁਮਥੜਾ, ਪ੍ਰਿੰਸੀਪਲ ਸ੍ਰੀਮਤੀ ਅਮਰਜੋਤ ਕੌਰ ਹਰੀਕਾ ਡਾਇਰੈਕਟਰ ਰਾਕੇਸ਼ ਗਰਗ, ਵੀਨਾ ਰਾਣੀ, ਪ੍ਰਿੰਸੀਪਲ ਨਿਤਿਕਾ ਗਰਗ, ਸ਼ਮਸ਼ੇਰ ਸਿੰਘ, ਗੁਰਸੇਵਕ ਸਿੰਘ ਸਮਾਣਾ ਅਤੇ ਸਾਬਕਾ ਡੀ ਐੱਸ ਪੀ ਸ਼ਮਸ਼ੇਰ ਸਿੰਘ ਗੁੱਡੂ ਮੌਜੂਦ ਸਨ।

## ਅਨਿਲ ਮਿੱਤਲ ਸਮਾਲ ਇੰਡਸਟਰੀ ਕਾਰਪੋਰੇਸ਼ਨ ਦੇ ਡਾਇਰੈਕਟਰ ਨਿਯੁਕਤ



**ਧੂਰੀ (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਫਾਊਂਡਰ ਮੈਂਬਰਾਂ 'ਚ ਸ਼ੁਮਾਰ ਤੇ ਹਲਕਾ ਧੂਰੀ ਦੇ ਸੀਨੀਅਰ ਆਗੂ ਅਨਿਲ ਮਿੱਤਲ ਨੂੰ ਪੰਜਾਬ ਸਰਕਾਰ ਵੱਲੋਂ ਪੰਜਾਬ ਸਮਾਲ ਇੰਡਸਟਰੀ ਤੇ ਐਕਸਪੋਰਟ ਕਾਰਪੋਰੇਸ਼ਨ ਦਾ ਡਾਇਰੈਕਟਰ ਨਿਯੁਕਤ ਕੀਤਾ ਗਿਆ।ਆਪਣੀ ਇਸ ਨਿਯੁਕਤੀ 'ਤੇ ਅਨਿਲ ਮਿੱਤਲ ਨੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਪੰਜਾਬ ਇੰਚਾਰਜ ਮੁਨੀਸ਼ ਸ਼ਿਸ਼ੋਦੀਆ, ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, ਮੁੱਖ ਮੰਤਰੀ ਦੇ ਓ ਐੱਸ ਡੀ ਰਾਜਵੀਰ ਸਿੰਘ ਤੇ ਸੁਖਵੀਰ ਸਿੰਘ, ਕਾਰਪੋਰੇਸ਼ਨ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ, ਮੁੱਖ ਮੰਤਰੀ ਕੈਂਪਸ ਦਫ਼ਤਰ ਧੂਰੀ ਦੇ ਇੰਚਾਰਜ ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਪੰਜਾਬ ਗਊਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਪੰਜਾਬ ਫੂਡ ਸੇਫ਼ਟੀ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਜੱਸੀ ਸੇਖੋਂ ਤੇ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ: ਅਨਵਰ ਭਸੌੜ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿੱਥੇ ਉਹ ਸ਼ੁਰੂ ਤੋਂ ਹੀ ਪੰਜਾਬ 'ਚ ਪਾਰਟੀ ਦੀ ਮਜ਼ਬੂਤੀ ਲਈ ਆਪਣੀਆਂ ਸੇਵਾਵਾਂ ਨਿਭਾਉਂਦੇ ਆ ਰਹੇ ਹਨ, ਉਥੇ ਮਿਲੀ ਨਵੀਂ ਜ਼ਿੰਮੇਵਾਰੀ ਨੂੰ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਂਦਿਆਂ ਪਾਰਟੀ ਦੀਆਂ ਨੀਤੀਆਂ 'ਤੇ ਡੱਟ ਕੇ ਪਹਿਰਾ ਦੇਣਗੇ।

# ਲੈਂਡ ਪੂਲਿੰਗ ਖਿਲਾਫ਼ ਕਾਂਗਰਸ ਨੇ ਐੱਸ ਡੀ ਐੱਮ ਨੂੰ ਸੌਂਪਿਆ ਮੰਗ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਕਿਸਾਨੀ ਦੇ ਹੱਕ ਵਿਚ ਹਮੇਸ਼ਾ ਖੜੀ ਰਹੀ ਕਾਂਗਰਸ ਪਾਰਟੀ ਨੇ ਇੱਕ ਵਾਰ ਫਿਰ ਆਪਣੇ ਨੀਤੀਗਤ ਸਿਧਾਂਤਾਂ ਨੂੰ ਸਾਬਿਤ ਕਰਦਿਆਂ ਲੈਂਡ ਪੋਲਿੰਗ ਪਾਲਿਸੀ ਦੇ ਵਿਰੋਧ 'ਚ ਮੋਗਾ ਵਿਖੇ ਠੋਸ ਕਦਮ ਚੁੱਕੇ ਹਨ।ਕਾਂਗਰਸ ਵੱਲੋਂ ਕਿੰਗਡਮ ਹੋਟਲ ਮੋਗਾ ਵਿਖੇ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਦੀ ਅਗਵਾਈ ਜ਼ਿਲ੍ਹਾ ਪ੍ਰਧਾਨ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਤੇ ਹਲਕਾ ਇੰਚਾਰਜ ਮੈਡਮ ਮਲਵਿਕਾ ਸੂਦ ਵੱਲੋਂ ਕੀਤੀ ਗਈ।

ਇਸ ਮੀਟਿੰਗ ਵਿੱਚ ਪਾਰਟੀ ਦੇ ਸੀਨੀਅਰ ਆਗੂਆਂ, ਪਿੰਡ ਪੱਧਰੀ ਵਰਕਰਾਂ ਤੇ ਹਲਕਾ ਇੰਚਾਰਜਾਂ ਨੇ ਭਾਗ ਲਿਆ।ਵਿਸ਼ੇਸ਼ ਤੌਰ 'ਤੇ ਪਹੁੰਚੇ ਆਗੂਆਂ ਨੇ ਲੈਂਡ ਪੋਲਿੰਗ ਨੀਤੀ ਨੂੰ ਕਿਸਾਨਾਂ, ਮਜ਼ਦੂਰਾਂ ਤੇ ਛੋਟੇ ਕਾਰੋਬਾਰੀਆਂ ਲਈ 'ਘਾਤਕ' ਤੇ 'ਆਰਥਿਕ ਹੌਂਸਲਾ ਤੋੜਨ ਵਾਲੀ' ਕਰਾਰ ਦਿੰਦਿਆਂ ਕਿਹਾ ਕਿ ਇਹ ਨੀਤੀ ਸਿੱਧੀ ਤੌਰ 'ਤੇ ਆਮ ਲੋਕਾਂ ਦੀ ਰੋਟੀਂ ਦੀ ਰੋਜ਼ੀ-ਰੋਟੀ 'ਤੇ ਹਮਲਾ ਹੈ।ਸਭ ਨੇ ਇਕ ਆਵਾਜ਼ 'ਚ ਐਲਾਨ ਕੀਤਾ ਕਿ ਕਿਸੇ ਵੀ ਹਾਲਤ 'ਚ ਕਿਸਾਨ ਆਪਣੀਆਂ ਜ਼ਮੀਨਾਂ ਸਰਕਾਰ ਹਵਾਲੇ ਨਹੀਂ ਕਰਨਗੇ।ਇਸ ਮੌਕੇ ਕਾਂਗਰਸ ਪਾਰਟੀ ਵੱਲੋਂ ਐੱਸ.ਡੀ.ਐੱਮ. ਦਫ਼ਤਰ ਵਿਖੇ ਮੰਗ ਪੱਤਰ ਸੌਂਪਿਆ ਗਿਆ, ਜਿਸ ਰਾਹੀਂ ਸਰਕਾਰ ਨੂੰ ਇਹ ਸੂਚਿਤ ਕੀਤਾ ਗਿਆ ਕਿ ਜੇਕਰ ਲੈਂਡ ਪੋਲਿੰਗ ਪੋਲਿਸੀ ਵਾਪਸ ਨਾ ਲਾਈ ਗਈ ਤਾਂ ਕਾਂਗਰਸ ਪਾਰਟੀ ਕਿਸਾਨਾਂ ਦੇ ਹੱਕ ਵਿੱਚ ਰੋਸ ਪ੍ਰਦਰਸ਼ਨ ਕਰਨ ਤੋਂ ਵੀ ਪਿੱਛੇ ਨਹੀਂ ਹਟੇਗੀ।ਜ਼ਿਲ੍ਹਾ ਪ੍ਰਧਾਨ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਨੇ ਕਿਹਾ ਕਿ ਕਿਸਾਨੀ ਪੰਜਾਬ ਦੀ ਰੀੜ੍ਹ ਦੀ ਹੱਡੀ ਹੈ।ਜੇਕਰ ਕਿਸਾਨ ਤਬਾਹ ਹੋ ਗਿਆ ਤਾਂ ਪੰਜਾਬ ਦੀ ਆਰਥਿਕਤਾ ਵੀ ਡਿੱਗ ਜਾਵੇਗੀ। ਹਲਕਾ ਇੰਚਾਰਜ ਮਲਵਿਕਾ ਸੂਦ ਨੇ ਸਖਤ ਸ਼ਬਦਾਂ 'ਚ ਕਿਹਾ ਕਿ ਕਾਂਗਰਸ ਪਾਰਟੀ ਕਿਸੇ ਵੀ ਐਸੀ ਨੀਤੀ ਨੂੰ ਕਦੇ ਮਨਜ਼ੂਰ ਨਹੀਂ ਕਰੇਗੀ, ਜੋ ਮਿੱਟੀ ਨਾਲ ਜੁੜੇ ਲੋਕਾਂ ਨੂੰ ਉਜਾੜਨ ਵਾਲੀ ਹੋਵੇ।ਇਸ ਮੌਕੇ ਯੂਥ ਆਗੂ ਸੋਹਣਾ ਸਿੰਘ ਖੇਲਾ ਜਲਾਲਾਬਾਦ, ਮਨਜੀਤ ਸਿੰਘ ਮਾਨ, ਵਿਨੋਦ ਬਾਂਸਲ, ਇੰਦਰਜੀਤ ਸਿੰਘ ਤਲਵੰਡੀ ਭਘੇਰੀਆਂ, ਰਾਜਨ ਬਾਂਸਲ, ਭੁਪਿੰਦਰ ਸਿੰਘ ਸਾਹੋਕੇ, ਮਿੱਕੀ ਹੁੰਦਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਹਾਜ਼ਰ ਸਨ।

# ਪੀਰ ਬਾਬਾ ਜੁੜਵਾ ਸ਼ਾਹ ਦਾ ਸਾਲਾਨਾ ਮੇਲਾ 3 ਤੇ 4 ਨੂੰ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੀਰਾਂ ਦੇ ਪੀਰ ਬਾਬਾ ਜੁੜਵਾ ਸ਼ਾਹ ਜੀ ਦਾ 33ਵਾਂ ਵਿਸ਼ਾਲ ਮੇਲਾ 3 ਤੇ 4 ਸਤੰਬਰ ਨੂੰ ਸਿਨੇਮਾ ਰੋਡ 'ਤੇ ਪੀਰ ਬਾਬਾ ਜੁੜਵਾ ਸ਼ਾਹ ਜੀ ਦੀ ਦਰਗਾਹ ਵਿਖੇ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸ ਮੇਲੇ ਦੀਆਂ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ। ਇਸ ਮੌਕੇ ਦਰਬਾਰ ਦੇ ਮੁੱਖ ਸੇਵਾਦਾਰ ਸੈਕੀ ਖੰਨਾ ਨੇ ਦੱਸਿਆ ਕਿ ਇਸ ਮੇਲੇ ਨੂੰ ਸਫਲ ਬਣਾਉਣ ਲਈ ਵੱਖ ਵੱਖ ਕਮੇਟੀ ਮੈਂਬਰਾਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਸ ਮੇਲੇ ਵਿੱਚ 3 ਸਤੰਬਰ ਨੂੰ ਸਵੇਰੇ 11 ਵਜੇ ਮਹਿੰਦੀ ਦੀ ਰਸਮ ਤੇ ਰਾਤ 8 ਵਜੇ ਦੇ ਕਰੀਬ ਇੰਟਰਨੈਸ਼ਨਲ ਸੂਫੀ ਕਲਾਕਾਰ ਚੀਰਾਗ ਸਹਿਗਲ, ਸਾਹਿਲ ਖਾਨ ਤੇ ਗੀਤੂ ਨੂਰਾ ਬਾਬਾ ਜੀ ਦਾ ਗੁਨਗਾਨ ਕਰਨਗੇ ਅਤੇ ਇਸੇ ਤਰ੍ਹਾਂ 4 ਸਤੰਬਰ ਨੂੰ ਸਵੇਰੇ 7 ਵਜੇ ਝੰਡੇ ਦੀ ਰਸਮ ਤੇ ਚਾਦਰ ਦੀ ਰਸਮ ਸਵੇਰੇ 9 ਵਜੇ ਹੋਵੇਗੀ। ਇਸੇ ਦਿਨ ਸ਼ਾਮ ਨੂੰ 8 ਵਜੇ ਉੱਘੇ ਸੂਫੀ ਗਾਇਕ ਮਨਮੰਦਰ ਮਾਨਵਨ, ਵਨੀਤ ਖਾਨ ਤੇ ਕਮਲ ਖਾਨ ਆਪਣੀ ਸੂਫੀ ਗਾਇਕੀ ਨਾਲ ਸੰਗਤ ਨੂੰ ਨਿਹਾਲ ਕਰਨਗੇ। ਇਸ ਤੋਂ ਇਲਾਵਾ ਇਹ ਦੋਵੇਂ ਦਿਨ ਨੂੰ ਬਾਬਾ ਜੀ ਦਾ ਮੇਲਾ ਭਰੇਗਾ ਤੇ 4 ਸਤੰਬਰ ਨੂੰ ਵੱਖ ਵੱਖ ਤਰ੍ਹਾਂ ਦੇ ਲੰਗਰ ਵੀ ਲਗਾਏ ਜਾਣਗੇ।ਉਨ੍ਹਾ ਦੱਸਿਆ ਕਿ ਇਸ ਮੇਲੇ ਨੂੰ ਲੈ ਕੇ ਕਮੇਟੀ ਮੈਂਬਰਾਂ ਦੀਆਂ ਬਰਾਬਰ ਡਿਊਟੀਆਂ ਲਗਾਈਆਂ ਗਈਆਂ ਹਨ।ਇਸ ਮੌਕੇ ਸੰਕਰ ਖੰਨਾ, ਸੁਰਜੀਤ ਸਿੰਘ ਆਨੰਦ, ਹਰਦੀਪ ਗਰਗ, ਗੁਰਪ੍ਰੀਤ ਸਿੰਘ ਗੱਪੂ, ਦੀਪਕ ਬਾਂਸਲ, ਮਨਦੀਪ ਬਾਲੀਆ, ਜਤਿੰਨ ਅਹੂਜਾ, ਸੰਜੂ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਕਮੇਟੀ ਮੈਂਬਰ ਹਾਜ਼ਰ ਸਨ।

## ਮਾਲਵਾ ਕਾਲਜ ਸਰਦੂਲੇਵਾਲਾ ਵਿਖੇ ਤੀਆਂ ਮਨਾਈਆਂ



**ਸਰਦੂਲਗੜ੍ਹ (ਅਵਤਾਰ ਜਟਾਣਾ)**-ਸਾਨੂੰ ਆਪਣੇ ਵਿਰਾਸਤ ਨੂੰ ਸੰਭਾਲਣ ਲਈ ਆਪਣੇ ਵਿਰਾਸਤੀ ਤਿਉਹਾਰ ਮਨਾਉਣੇ ਚਾਹੀਦੇ ਹਨ।ਸਾਡੇ ਦੇਸ਼ ਦਾ ਸੱਭਿਆਚਾਰ ਬਹੁਤ ਜਿਆਦਾ ਅਮੀਰ ਹੈ ਜੋ ਸਾਨੂੰ ਸਾਡੇ ਸੰਸਕਾਰਾਂ ਨਾਲ ਜੋੜਦਾ ਹੈ, ਪ੍ਰੰਤੂ ਪਿਛਲੇ ਦੋ-ਤਿੰਨ ਦਹਾਕਿਆਂ ਦੌਰਾਨ ਪੱਛਮੀ ਸੱਭਿਆਚਾਰ ਦੀ ਘੁਸਪੈਠ ਸਾਡੇ ਸੱਭਿਆਚਾਰ ਵਿੱਚ ਹੋਣ ਨਾਲ ਸਾਡੇ ਸੱਭਿਆਚਾਰ ਵਿੱਚ ਨਾ-ਪੱਖੀ ਰੁਝਾਨ ਪੈਦਾ ਹੁੰਦੇ ਜਾ ਰਹੇ ਹਨ, ਜਿਸ ਦਾ ਅਸਰ ਅੱਜਕੱਲ੍ਹ ਸਾਡੀ ਨੌਜਵਾਨ ਪੀੜ੍ਹੀ 'ਤੇ ਵੇਖਣ ਨੂੰ ਮਿਲ ਰਿਹਾ ਹੈ।

ਸੋ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਸਾਡੇ ਵਿਰਾਸਤ ਨਾਲ ਜੁੜੇ ਸਮਾਗਮ ਕਰਾਉਂਦੇ ਰਹੀਏ ਤਾਂ ਜੋ ਸਾਡੀ ਨੌਜਵਾਨ ਪੀੜ੍ਹੀ ਵਿਰਸੇ ਨਾਲ ਜੁੜੀ ਰਹੇ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸੰਸਥਾ ਦੀ ਮੈਨੇਜਿੰਗ ਡਾਇਰੈਕਟਰ ਰਾਜ ਸੋਢੀ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦੇ ਹੋਏ ਕੀਤਾ।ਇਸ ਪ੍ਰੋਗਰਾਮ ਦੌਰਾਨ ਵਿਦਿਆਰਥਣਾਂ ਦੇ ਰੰਗਾਰੰਗ ਪ੍ਰੋਗਰਾਮ ਦੌਰਾਨ ਗੀਤ ਸੰਗੀਤ, ਗਿੱਧੇ ਤੇ ਹੋਰ ਗਤੀਵਿਧੀਆਂ ਵਿੱਚ ਭਾਗ ਲਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਪਾਲ ਕੌਰ, ਰਕਸ਼ਾ ਰਾਣੀ, ਰੇਖਾ ਰਾਣੀ, ਅਮਨਦੀਪ ਕੌਰ, ਸਿੰਬਲ ਪਾਲ, ਹਰਪ੍ਰੀਤ ਕੌਰ, ਅਮਨਦੀਪ ਕੌਰ ਆਦਿ ਹਾਜ਼ਰ ਸਨ।

# ਭਜਨ ਗਾਇਕ ਲੱਕੀ ਸਿਖਾਵਤ ਦੇ ਭਜਨਾਂ ਦਾ ਪੋਸਟਰ ਰਿਲੀਜ਼



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਬਾ ਖੇਤਰਪਾਲ ਮੰਦਰ ਬਾਘਾ ਪੁਰਾਣਾ ਵਿਖੇ ਲੱਕੀ ਸਿਖਾਵਤ ਜਲਾਲਾਬਾਦ ਵੱਲੋਂ 13 ਜੁਲਾਈ ਨੂੰ ਭਜਨ ਬਾਬਾ ਜੀ ਦੇ ਕੀਰਤਨ ਦੀ ਸਭ ਨੂੰ ਵਧਾਈ ਏ ਦੀ ਸ਼ੂਟਿੰਗ ਕੀਤੀ ਗਈ, ਜਿਸ ਵਿੱਚ ਬਾਘਾ ਪੁਰਾਣਾ ਦੇ ਸ਼ਰਧਾਲੂਆਂ ਨੇ ਵੀ ਹਿੱਸਾ ਲਿਆ ਸੀ। ਉਸ ਭਜਨ ਤੇ ਪੋਸਟਰ ਨੂੰ ਲੱਕੀ ਸਿਖਾਵਤ ਵੱਲੋਂ ਰਿਲੀਜ਼ ਕੀਤਾ ਗਿਆ, ਜਿਸ ਦੀ ਬਾਬਾ ਜੀ ਦੇ ਸ਼ਰਧਾਲੂਆਂ ਵੱਲੋਂ ਖੁਸ਼ੀ ਪਾਈ ਜਾ ਰਹੀ ਹੈ।ਲੱਕੀ ਸਿਖਾਵਤ ਨੇ ਕਿਹਾ ਕਿ ਬਾਬਾ ਖੇਤਰਪਾਲ ਜੀ ਦੇ ਹੋਰ ਸ਼ਹਿਰਾਂ ਵਿੱਚ ਵੀ ਸ਼ੂਟਿੰਗ ਕੀਤੀ ਗਈ ਹੈ।ਹੋਰ ਵੀ ਬਾਬਾ ਜੀ ਦੇ ਭਜਨਾ ਜੀ ਸ਼ੂਟਿੰਗ ਕੀਤੀ ਜਾਵੇਗੀ।ਬਾਬਾ ਖੇਤਰਪਾਲ ਸੇਵਾ ਸੰਮਤੀ ਦੇ ਪ੍ਰਧਾਨ ਸੰਜੀਵ ਗਰਗ, ਚੇਅਰਮੈਨ ਵਿਜੇ ਬਾਂਸਲ, ਰਾਕੇਸ਼ ਜਿੰਦਲ ਤੋਤਾ ਨੇ ਲੱਕੀ ਸਿਖਾਵਤ ਜਲਾਲਾਬਾਦ ਦਾ ਧੰਨਵਾਦ ਕਰਦਿਆਂ ਕਿਹਾ ਹੈ।ਉਨ੍ਹਾਂ ਵੱਲੋਂ ਬਾਬਾ ਜੀ ਦੇ ਮੰਦਿਰ ਬਾਘਾ ਪੁਰਾਣਾ ਵਿੱਚ ਸ਼ੂਟਿੰਗ ਕਰ ਕੇ ਬਹੁਤ ਹੀ ਸ਼ਲਾਘਾਯੋਗ ਕੰਮ ਕੀਤਾ ਹੈ।ਇਸ ਨਾਲ ਸ਼ਰਧਾਲੂਆਂ ਵਿੱਚ ਖੁਸ਼ੀ ਪਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਬਾਬਾ ਜੀ ਦੇ ਮੰਦਿਰ ਵਿੱਚ ਹਰੇਕ ਦੀਆਂ ਮਨੋਕਾਮਨਾਵਾਂ ਪੂਰੀਆਂ ਹੁੰਦੀਆਂ ਹਨ। ਹਰੇਕ ਐਤਵਾਰ ਨੂੰ ਸ਼ਰਧਾਲੂਆਂ ਵੱਲੋਂ ਲੰਗਰ ਦੀ ਸੇਵਾ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਬਾਬਾ ਜੀ ਦੇ ਅਸ਼ੀਰਵਾਦ ਨਾਲ ਮੰਦਰ ਵਿਖੇ ਸ਼ਰਧਾਲੂਆਂ ਵੱਲੋਂ ਸਮੇਂ ਸਮੇਂ ਸਿਰ ਯੋਗਦਾਨ ਪਾਇਆ ਜਾ ਰਿਹਾ ਹੈ ਤੇ ਮੰਦਰ ਵਿਖੇ ਸਮਾਗਮ ਲਈ ਵੱਡਾ ਹਾਲ ਤਿਆਰ ਕੀਤਾ ਗਿਆ ਹੈ।

## ...ਸ.ਫ਼ਾ 1 ਦੇ ਬਾਕੀ

### ਅਮਰੀਕਾ ਤੇ ਯੂ ਕੇ ਅੱਗੇ ...

ਕੀਮਤਾਂ ਵਿੱਚ ਅਥਾਹ ਵਾਧਾ ਕਰੇਗਾ।

ਸੀ ਟੀ ਯੂ ਅਤੇ ਐੱਸ ਕੇ ਐੱਮ ਵੱਲੋਂ 9 ਜੁਲਾਈ ਨੂੰ ਇੱਕ ਦਿਨ ਦੀ ਹੜਤਾਲ ਵਿੱਚ ਹਿੱਸਾ ਲੈਣ ਵਾਲੇ ਮਜ਼ਦੂਰਾਂ ਅਤੇ ਕਿਸਾਨਾਂ ਦੀ ਅਤੇ ਉਨ੍ਹਾਂ ਲੋਕਾਂ ਦੀ ਵੀ, ਜਿਨ੍ਹਾਂ ਇਸ ਹੜਤਾਲ ਨੂੰ ਸਫਲ ਬਣਾਉਣ ਲਈ ਪੂਰਾ ਨੈਤਿਕ ਸਮਰਥਨ ਦਿੱਤਾ ਸੀ, ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਇਸ ਵਿਸ਼ਾਲ ਮਜ਼ਦੂਰ ਹੜਤਾਲ ਅਤੇ ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨਾਂ ਦੇ ਬਾਵਜੂਦ ਕੇਂਦਰ ਸਰਕਾਰ ਨੇ ਆਪਣੀਆਂ ਮਜ਼ਦੂਰ ਵਿਰੋਧੀ ਅਤੇ ਕਿਸਾਨ ਵਿਰੋਧੀ ਨੀਤੀਆਂ ਨੂੰ ਨਹੀਂ ਛੱਡਿਆ । ਸਰਕਾਰ ਨੇ ਮਜ਼ਦੂਰ ਵਰਗ ਵਿਰੋਧੀ ਚਾਰ ਲੇਬਰ ਕੋਡਾਂ ਅਤੇ ਐੱਮ ਐੱਸ ਪੀ, ਸੀ 2+50 ਫੀਸਦੀ ਅਤੇ ਕਰਜ਼ਾ ਮੁਆਫੀ ਲਈ ਕਾਨੂੰਨੀ ਗਰੰਟੀ ਤੋਂ ਇਨਕਾਰ ਕਰਕੇ ਆਪਣਾ ਕਾਰਪੋਰੇਟ ਪੱਖੀ ਏਜੰਡਾ ਜਾਰੀ ਰੱਖਿਆ ਹੈ। ਕੇਂਦਰ ਸਰਕਾਰ ਨੇ ਕਾਰਪੋਰੇਟਾਂ ਦੇ ਲਾਲਚ ਨੂੰ ਪੂਰਾ ਕਰਨ ਲਈ ਲੋਕਾਂ ਦੇ ਜਲ, ਜੰਗਲ ਅਤੇ ਜ਼ਮੀਨ ਦੇ ਅਧਿਕਾਰਾਂ 'ਤੇ ਹਮਲਾਵਰ ਢੰਗ ਨਾਲ ਆਪਣਾ ਵਿਨਾਸ਼ਕਾਰੀ ਹਮਲਾ ਜਾਰੀ ਰੱਖਿਆ ਹੈ। ਇਸ ਨੇ ਅਖੌਤੀ 'ਵਿਕਾਸ' ਦੀ ਆੜ ਹੇਠ ਪੁਰਾਣੇ ਕਾਨੂੰਨਾਂ ਦੀ ਵਰਤੋਂ ਕਰਕੇ ਜ਼ਬਰਦਸਤੀ ਜ਼ਮੀਨਾਂ 'ਤੇ ਕਬਜ਼ਾ ਕਰਨਾ ਵੀ ਜਾਰੀ ਰੱਖਿਆ ਹੈ, ਜਿਸ ਨਾਲ ਵਾਤਾਵਰਣ ਨੂੰ ਤਬਾਹ ਕੀਤਾ ਜਾ ਰਿਹਾ ਹੈ। ਜਨਤਕ ਖੇਤਰ ਦੀਆਂ ਇਕਾਈਆਂ ਅਤੇ ਜਨਤਕ ਸੇਵਾਵਾਂ ਦੇ ਨਿੱਜੀਕਰਨ ਅਤੇ ਉਹਨਾਂ ਨੂੰ ਵੇਚਣ ਦੀ ਸਰਕਾਰ ਦੀ ਨੀਤੀ ਰਾਸ਼ਟਰੀ ਹਿੱਤ ਦੇ ਵਿਰੁੱਧ ਬੇਰੋਕ ਜਾਰੀ ਹੈ।

ਸੀ ਟੀ ਯੂ-ਐੱਸ ਕੇ ਐੱਮ ਦੇ ਸਾਂਝੇ ਪਲੇਟਫਾਰਮ ਨੇ ਸਾਰੇ ਕਿਸਾਨਾਂ, ਮਜ਼ਦੂਰਾਂ, ਵਿਦਿਆਰਥੀਆਂ ਅਤੇ ਦੇਸ਼ ਭਗਤ ਨਾਗਰਿਕਾਂ ਨੂੰ 13 ਅਗਸਤ ਨੂੰ ਦੇਸ਼-ਵਿਆਪੀ ਵਿਰੋਧ ਦਿਵਸ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ, ਜਿਸ ਵਿੱਚ ਟਰੈਕਟਰ ਅਤੇ ਮੋਟਰਸਾਈਕਲ ਰੈਲੀਆਂ, ਵਿਰੋਧ ਪ੍ਰਦਰਸ਼ਨ, ਜਨਤਕ ਇਕੱਠ ਅਤੇ ਵੱਖ-ਵੱਖ ਪਲੇਟਫਾਰਮਾਂ ਅਤੇ ਭਾਈਵਾਲ ਸੰਗਠਨਾਂ ਦੁਆਰਾ ਨਿਰਧਾਰਤ ਕੀਤੇ ਗਏ ਵਿਰੋਧ ਦੇ ਹੋਰ ਤਰੀਕਿਆਂ ਨਾਲ ਵੱਖ-ਵੱਖ ਜਨਤਕ ਕਾਰਜ ਸ਼ਾਮਲ ਹੋਣਗੇ। ਇਸ ਵਿਰੋਧ ਪ੍ਰਦਰਸ਼ਨ ਰਾਹੀਂ ਸੀ ਟੀ ਯੂ-ਐੱਸ ਕੇ ਐੱਮ ਅਜ਼ਾਦੀ ਸੰਘਰਸ਼ ਦੀ ਵਿਰਾਸਤ ਨੂੰ ਅੱਗੇ ਵਧਾਏਗਾ, ਅਜ਼ਾਦੀ, ਪ੍ਰਭੂਸੱਤਾ ਅਤੇ ਲੋਕਾਂ ਦੀ ਏਕਤਾ ਦੇ ਮੁੱਲਾਂ ਨੂੰ ਬਰਕਰਾਰ ਰੱਖੇਗਾ

ਇਸ ਵਿਰੋਧ ਪ੍ਰਦਰਸ਼ਨ ਵਿੱਚ ਇਹ ਮੁੱਦੇ ਉਠਾਏ ਜਾਣਗੇ— ਭਾਰਤ ਨੂੰ ਟਰੰਪ ਦੀਆਂ ਟੈਰਿਫ ਧਮਕੀਆਂ ਨੂੰ ਰੱਦ ਕਰਨਾ ਚਾਹੀਦਾ ਹੈ ਅਤੇ ਰੂਸ ਸਮੇਤ ਸਾਰੇ ਦੇਸ਼ਾਂ ਨਾਲ ਵਪਾਰ ਕਰਨ ਦੇ ਆਪਣੇ ਪ੍ਰਭੂਸੱਤਾ ਸੰਪੰਨ ਅਧਿਕਾਰ 'ਤੇ ਪਹਿਰਾ ਦੇਣਾ ਚਾਹੀਦਾ ਹੈ। ਭਾਰਤ-ਯੂ ਕੇ (ਸੀ ਈ ਟੀ ਏ) ਸਮਝੌਤੇ ਦੀ ਸਮੀਖਿਆ ਕਰਕੇ ਤਬਦੀਲੀ ਤੁਰੰਤ ਕੀਤੀ ਜਾਣੀ ਚਾਹੀਦੀ ਹੈ ਅਤੇ ਸੰਸਦ ਦੀ ਸਹਿਮਤੀ ਤੋਂ ਬਿਨਾਂ ਕੋਈ ਵੀ ਪ੍ਰਵਾਨਗੀ ਨਹੀਂ ਦਿੱਤੀ ਜਾਣੀ ਚਾਹੀਦੀ। ਆਉਣ ਵਾਲੇ ਅਗਲੇ ਕਾਰਪੋਰੇਟ ਸ਼ੋਸ਼ਣ ਨੂੰ ਰੋਕਣ ਲਈ ਅਮਰੀਕਾ-ਭਾਰਤ ਵਪਾਰ ਸਮਝੌਤੇ ਲਈ ਸਾਰੀਆਂ ਗੱਲਬਾਤਾਂ ਨੂੰ ਬੰਦ ਕਰ ਦੇਣਾ ਚਾਹੀਦਾ ਹੈ। ਕੋਈ ਹੋਰ ਗੁਪਤ ਵਪਾਰ ਸਮਝੌਤਾ ਨਹੀਂ ਬਲਕਿ ਭਵਿੱਖ ਦੇ ਸਾਰੇ ਸੌਦਿਆਂ ਨੂੰ ਪੂਰੀ ਸੰਸਦ ਦੀ ਨਿਗਰਾਨੀ ਅਤੇ ਜਨਤਕ ਸਲਾਹ-ਮਸ਼ਵਰੇ ਤੋਂ ਬਿਨਾਂ ਨਹੀਂ ਕਰਨਾ ਚਾਹੀਦਾ । ਈਸਟ ਇੰਡੀਆ ਕੰਪਨੀ ਨੇ ਵਪਾਰ ਰਾਹੀਂ ਭਾਰਤ ਨੂੰ ਗੁਲਾਮ ਬਣਾਇਆ ਸੀ ਤੇ ਅੱਜ ਸੀ ਈ ਟੀ ਏ ਅਤੇ ਯੂ ਐੱਸ ਵਪਾਰ ਸੌਦੇ ਕਾਰਪੋਰੇਟ ਸਾਮਰਾਜਵਾਦ ਦੇ ਨਵੇਂ ਹਥਿਆਰ ਹਨ।

### ਸਨਅਤੀ ਕ੍ਰਾਂਤੀ ਲਿਆਉਣ ...

ਤੋਂ ਖਾਸ ਗੱਲ ਹੈ ਕਿ ਆਫਲਾਈਨ ਅਰਜ਼ੀ ਦੀ ਜ਼ਰੂਰਤ ਹੀ ਖਤਮ ਕਰ ਦਿੱਤੀ ਗਈ ਹੈ।ਕੇਜਰੀਵਾਲ ਨੇ ਕਿਹਾ ਕਿ ਹੁਣ ਪੰਜਾਬ ਵਿੱਚ ਨਵੀਆਂ ਪਿਰਤਾਂ ਪਾਈਆਂ ਜਾ ਰਹੀਆਂ ਹਨ, ਜਿੱਥੇ ਸਰਕਾਰ ਉਦਯੋਗ ਨੂੰ ਹੁਕਮ ਨਹੀਂ ਚਾੜ੍ਹੇਗੀ, ਸਗੋਂ ਸੈਕਟਰ ਅਧਾਰਤ ਕਮੇਟੀਆਂ ਰਾਹੀਂ ਉਦਯੋਗਪਤੀਆਂ ਦੇ ਫੈਸਲਿਆਂ ਨੂੰ ਲਾਗੂ ਕਰੇਗੀ।

ਉਨ੍ਹਾ ਕਿਹਾ ਕਿ ਇਨ੍ਹਾਂ ਕਮੇਟੀਆਂ ਵੱਲੋਂ ਦੂਜੇ ਸੂਬਿਆਂ ਦੇ ਉਦਯੋਗਿਕ ਖੇਤਰ ਦਾ ਅਧਿਐਨ ਕੀਤਾ ਜਾਵੇਗਾ ਅਤੇ ਇਸ ਨੂੰ ਪੰਜਾਬ ਵਿੱਚ ਲਾਗੂ ਕੀਤਾ ਜਾਵੇਗਾ, ਤਾਂ ਕਿ ਉਦਯੋਗ ਹੋਰ ਤਰੱਕੀ ਕਰ ਸਕੇ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਨ੍ਹਾਂ ਕਮੇਟੀਆਂ ਦੇ 99 ਫੀਸਦੀ ਫੈਸਲੇ ਅਮਲ ਵਿੱਚ ਲਿਆਂਦੇ ਜਾਣਗੇ।ਮੁੱਖ ਮੰਤਰੀ ਮਾਨ ਨੇ ਕਿਹਾ ਕਿ ਵੱਖ-ਵੱਖ ਖੇਤਰਾਂ ਵਿੱਚ ਪੰਜਾਬ ਪਹਿਲਾਂ ਹੀ ਕੌਮੀ ਪੱਧਰ 'ਤੇ ਅਗਵਾਈ ਕਰ ਰਿਹਾ ਹੈ ਅਤੇ ਛੇਤੀ ਹੀ ਦੇਸ਼ ਲਈ ਰੋਲ ਮਾਡਲ ਬਣ ਕੇ ਉਭਰੇਗਾ। ਸਤੰਬਰ 2023 ਵਿੱਚ ਸਰਕਾਰ-ਉਦਯੋਗ ਮਿਲਣੀਆਂ ਨੂੰ ਚੇਤੇ ਕਰਦਿਆਂ ਉਨ੍ਹਾਂ ਕਿਹਾ ਕਿ ਇਨ੍ਹਾਂ ਮਿਲਣੀਆਂ ਦਰਮਿਆਨ ਹੋਏ ਵਿਚਾਰ-ਵਟਾਂਦਰੇ ਤੋਂ ਸੈਕਟਰ ਅਧਾਰਤ 24 ਕਮੇਟੀਆਂ ਦੇ ਵਿਚਾਰ ਦਾ ਜਨਮ ਹੋਇਆ ਸੀ।ਮਾਨ ਨੇ ਕਿਹਾ ਕਿ ਇਹ ਕਮੇਟੀਆਂ ਹਰੇਕ ਉਦਯੋਗਿਕ ਸੈਕਟਰ ਲਈ ਵਿਸਥਾਰਤ ਰਣਨੀਤੀਆਂ ਤਿਆਰ ਕਰਨ ਦੀ ਜ਼ਿੰਮੇਵਾਰੀ ਨਿਭਾਉਣਗੀਆਂ।ਮੁੱਖ ਮੰਤਰੀ ਨੇ ਕਿਹਾ ਕਿ ਇਸ ਸਮਾਗਮ ਵਿੱਚ ਮੌਜੂਦ ਜ਼ਿਆਦਾਤਰ ਸਨਅਤਕਾਰ ਇਨ੍ਹਾਂ ਕਮੇਟੀਆਂ ਮੈਂਬਰ ਵੀ ਹਨ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਇਹ ਸਮੂਹ ਪੰਜਾਬ ਦੇ ਉਦਯੋਗਿਕ ਭਵਿੱਖ ਲਈ ਰੂਪ-ਰੇਖਾ ਤਿਆਰ ਕਰਨਗੇ।ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਨਵੀਂ ਉਦਯੋਗਿਕ ਨੀਤੀ ਤਿਆਰ ਕਰਦੇ ਸਮੇਂ ਇਹ ਕਮੇਟੀਆਂ ਉਦਯੋਗਿਕ ਭਾਈਵਾਲਾਂ ਤੋਂ ਬਰਾਬਰ ਹਿੱਸੇਦਾਰੀ ਨੂੰ ਯਕੀਨੀ ਬਣਾਉਣਗੀਆਂ। ਮਾਨ ਨੇ ਸਾਰੇ ਉਦਯੋਗਪਤੀਆਂ ਨੂੰ ਅਪੀਲ ਕੀਤੀ ਕਿ ਉਹ ਉਦਯੋਗ-ਪੱਖੀ ਨੀਤੀਆਂ ਬਣਾਉਣ ਵਿੱਚ ਸਰਗਰਮੀ ਨਾਲ ਆਪਣੇ ਕੀਮਤੀ ਵਿਚਾਰ ਅਤੇ ਸੁਝਾਅ ਸਾਂਝੇ ਕਰਨ।ਮਾਨ ਨੇ ਮਾਣ ਨਾਲ ਦੱਸਿਆ ਕਿ ਮਾਰਚ 2022 ਤੋਂ ਪੰਜਾਬ ਨੂੰ 1.14 ਲੱਖ ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ, ਜਿਸ ਨਾਲ ਰੁਜ਼ਗਾਰ ਦੇ 4.5 ਲੱਖ ਤੋਂ ਵੱਧ ਮੌਕੇ ਪੈਦਾ ਹੋਏ ਹਨ।

ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਵਿਸ਼ਵਵਿਆਪੀ ਨਿਵੇਸ਼ਕਾਂ ਲਈ ਪਸੰਦੀਦਾ ਸਥਾਨ ਬਣ ਗਿਆ ਹੈ, ਜਿਸ ਵਿੱਚ ਜਾਪਾਨ, ਅਮਰੀਕਾ, ਜਰਮਨੀ, ਯੂ ਕੇ, ਦੁਬਈ, ਦੱਖਣੀ ਕੋਰੀਆ, ਸਿੰਗਾਪੁਰ ਅਤੇ ਸਪੇਨ ਵਰਗੇ ਦੇਸ਼ ਸੂਬੇ ਵਿੱਚ ਨਿਵੇਸ਼ ਲਈ ਡੂੰਘੀ ਦਿਲਚਸਪੀ ਦਿਖਾ ਰਹੇ ਹਨ।

### ਗਰੀਬਾਂ ਤੋਂ ਵੋਟ ਦਾ ...

ਰਾਹੁਲ ਗਾਂਧੀ ਨੇ ਬੇਂਗਲੁਰੂ ਦੇ ਫਰੀਡਮ ਪਾਰਕ ਵਿਚ 'ਵੋਟ ਅਧਿਕਾਰ ਰੈਲੀ' ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵੋਟ ਚੋਰੀ ਲਈ ਜ਼ਿੰਮੇਵਾਰ ਅਧਿਕਾਰੀਆਂ ਨੂੰ ਇੱਕ ਦਿਨ ਫੜਿਆ ਜਾਵੇਗਾ ਕਿਉਂਕਿ ਇਹ ਅਪਰਾਧਕ ਕਾਰਵਾਈ ਹੈ। ਉਨ੍ਹਾ ਕਿਹਾ ਕਿ ਕਰਨਾਟਕ ਸਰਕਾਰ ਨੂੰ ਇਸ ਦੀ ਜਾਂਚ ਕਰਕੇ ਜ਼ਿੰਮੇਵਾਰ ਲੋਕਾਂ ਖਿਲਾਫ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾ ਕਿਹਾ, "ਸੰਵਿਧਾਨ ਹਰੇਕ ਨਾਗਰਿਕ ਨੂੰ ਇੱਕ ਵੋਟ ਦਾ ਅਧਿਕਾਰ ਦਿੰਦਾ ਹੈ, ਜਿਸ 'ਤੇ ਚੋਣ ਕਮਿਸ਼ਨ ਤੇ ਉਸ ਦੇ ਅਧਿਕਾਰੀ ਹਮਲਾ ਕਰ ਰਹੇ ਹਨ। ਜੋ ਅਧਿਕਾਰੀ ਅਜਿਹਾ ਕਰ ਰਹੇ ਹਨ, ਉਹ ਨਹੀਂ ਬਚਣਗੇ। ਸਮਾਂ ਲੱਗੇਗਾ, ਪਰ ਅਸੀਂ ਉਨ੍ਹਾਂ ਨੂੰ ਫੜਾਂਗੇ।" ਇਸੇ ਦੌਰਾਨ ਕਾਂਗਰਸੀ ਸੰਸਦ ਮੈਂਬਰ ਥਰੂਰ ਨੇ ਲਿਖਿਆ, "ਇਹ ਗੰਭੀਰ ਸਵਾਲ ਹਨ, ਜਿਨ੍ਹਾਂ ਨੂੰ ਸਾਰੀਆਂ ਪਾਰਟੀਆਂ ਅਤੇ ਸਾਰੇ ਵੋਟਰਾਂ ਦੇ ਹਿੱਤਾਂ ਵਿੱਚ ਗੰਭੀਰਤਾ ਨਾਲ ਸੰਬੋਧਤ ਕੀਤਾ ਜਾਣਾ ਚਾਹੀਦਾ ਹੈ। ਸਾਡੀ ਲੋਕਤੰਤਰ ਦੀ ਭਰੋਸੇਯੋਗਤਾ ਨੂੰ ਅਯੋਗਤਾ, ਲਾਪਰਵਾਹੀ ਜਾਂ ਇਸ ਤੋਂ ਵੀ ਮਾੜੇ, ਜਾਣਬੁੱਝ ਕੇ ਕੀਤੀ ਗਈ ਛੇੜਛਾੜ ਨਾਲ ਨਸ਼ਟ ਹੋਣ ਦੇਣਾ ਬਹੁਤ ਕੀਮਤੀ ਹੈ। ਚੋਣ ਕਮਿਸ਼ਨ ਨੂੰ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ ਅਤੇ ਚੋਣ ਕਮਿਸ਼ਨ ਦੇ ਤਰਜਮਾਨ ਨੂੰ ਦੇਸ਼ ਨੂੰ ਸੂਚਿਤ ਕਰਦੇ ਰਹਿਣਾ ਚਾਹੀਦਾ ਹੈ।" ਥਰੂਰ ਦਾ ਆਪਣੇ ਨੇਤਾ ਰਾਹੁਲ ਗਾਂਧੀ ਨੂੰ ਸਮਰਥਨ ਇਸ ਲਈ ਮਹੱਤਵਪੂਰਨ ਹੈ, ਕਿਉਂਕਿ ਸੀਨੀਅਰ ਕਾਂਗਰਸ ਨੇਤਾ ਉਦੋਂ ਤੋਂ ਪਾਰਟੀ ਦੀ ਕੇਂਦਰੀ ਲੀਡਰਸ਼ਿਪ ਨਾਲ ਮੱਤਭੇਦ ਰੱਖਦੇ ਹਨ ਜਦੋਂ ਸਰਕਾਰ ਵੱਲੋਂ ਉਨ੍ਹਾ ਨੂੰ ਅਪਰੇਸ਼ਨ ਸਿੰਧੂਰ ਬਾਰੇ ਸਰਬ-ਪਾਰਟੀ ਵਫਦ ਦੀ ਅਗਵਾਈ ਕਰਨ ਲਈ ਚੁਣਿਆ ਗਿਆ ਸੀ। ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਥਰੂਰ ਨੇ ਭਾਰਤ-ਪਾਕਿਸਤਾਨ ਸੰਘਰਸ਼ ਅਤੇ ਕੂਟਨੀਤਕ ਪਹੁੰਚ 'ਤੇ ਟਿੱਪਣੀਆਂ ਕੀਤੀਆਂ, ਜੋ ਕਾਂਗਰਸ ਦੇ ਰੁਖ ਤੋਂ ਵੱਖ ਹਨ।

### ਸੀ ਪੀ ਆਈ ਦਾ 25ਵਾਂ ਮਹਾਂ-ਸੰਮੇਲਨ...

ਦੇ ਪ੍ਰਬੰਧ ਲਈ ਤਿਆਰੀਆਂ ਅਤੇ ਵੱਡੇ ਖਰਚੇ ਬਾਰੇ ਇਕ ਸਵਾਲ ਦਾ ਉਤਰ ਦਿੰਦਿਆਂ ਸਾਥੀ ਬਰਾੜ ਨੇ ਉਤਸ਼ਾਹ ਨਾਲ ਦੱਸਿਆ ਕਿ ਅੰਦਾਜ਼ਨ ਡੇਢ ਕਰੋੜ ਦੇ ਖਰਚੇ ਲਈ ਪਾਰਟੀ ਆਗੂਆਂ, ਸਾਥੀਆਂ ਤੇ ਹਮਦਰਦਾਂ ਨੇ ਇਕ ਕਰੋੜ ਫੰਡ ਇਕੱਠਾ ਕਰ ਵੀ ਲਿਆ ਹੈ, ਜਿਸ ਵਿਚ ਕਿਸੇ ਬੁਰਜੂਆ ਤੇ ਕੁਰੱਪਟ ਆਗੂ ਜਾਂ ਵਿਅਕਤੀਆਂ ਤੋਂ ਕੋਈ ਫੰਡ ਨਹੀਂ ਲਿਆ ਗਿਆ। ਲੈਂਡ ਪੂਲਿੰਗ ਬਾਰੇ ਸਵਾਲ ਦੇ ਉਤਰ ਵਿਚ ਉਨ੍ਹਾ ਕਿਹਾ ਕਿ ਇਹ ਕਿਸਾਨਾਂ ਦੀ ਜ਼ਮੀਨ ਖੋਹ ਕੇ ਬਿਲਡਰਾਂ ਤੇ ਕਾਰਪੋਰੇਟਾਂ ਦੇ ਹਵਾਲੇ ਕਰਨ ਲਈ ਆਪ ਸਰਕਾਰ ਦੀ ਚਾਲ ਹੈ, ਜਿਸ ਨੂੰ ਦਿੱਲੀ ਵਿਚੋਂ ਹਾਰ ਕੇ ਆਏ ਹੋਏ ਆਗੂ ਚਲਾ ਰਹੇ ਹਨ ਅਤੇ ਪੰਜਾਬ ਦੇ ਲੋਕਾਂ ਸਿਰ ਅਥਾਹ ਖਰਚਾ ਪਾ ਰਹੇ ਹਨ।

ਪੱਤਰਕਾਰ ਦੇ ਸਵਾਲ ਦੇ ਜਵਾਬ 'ਚ ਸਾਥੀ ਬਰਾੜ ਨੇ ਦੱਸਿਆ ਕਿ ਮਹਾਂ-ਸੰਮੇਲਨ ਵਿੱਚ ਅਮਰਜੀਤ ਕੌਰ, ਐਨੀ ਰਾਜਾ, ਨਿਸ਼ਾ ਸੂਦ, ਨਰਿੰਦਰ ਸੋਹਲ ਆਦਿ ਇਸਤਰੀ ਆਗੂ ਸ਼ਾਮਲ ਹੋਣਗੇ।

ਉਨ੍ਹਾ ਕਿਹਾ ਕਿ ਹਰ ਰਾਜ ਵਿਚੋਂ ਇਸਤਰੀ ਡੈਲੀਗੇਟ ਆਉਣਗੇ। ਉਹਨਾ ਨਾਲ ਪ੍ਰੈੱਸ ਕਾਨਫਰੰਸ 'ਚ ਸੂਬਾ ਕਾਰਜਕਾਰਨੀ ਮੈਂਬਰ ਗੁਰਨਾਮ ਕੰਵਰ ਅਤੇ ਮਹਿੰਦਰਪਾਲ ਵੀ ਮੌਜੂਦ ਸਨ।

## ਤੀਆਂ ਸਾਡੇ ਸੱਭਿਆਚਾਰ ਦਾ ਅਹਿਮ ਹਿੱਸਾ : ਪੂਨਮ ਕਾਂਗੜਾ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਸ਼ਹਿਰ ਦੀ ਸੁੰਦਰ ਬਸਤੀ ਵਿਖੇ ਸ੍ਰੀ ਹਨੂਮਾਨ ਮੰਦਰ ਦੇ ਪ੍ਰਧਾਨ ਸ੍ਰੀ ਰਾਣਾ ਬਾਲੂ, ਵਾਇਸ ਪ੍ਰਧਾਨ ਜਗਸੀਰ ਸਿੰਘ ਜੱਗਾ ਤੇ ਜਸ਼ਨ ਜੱਸਾ ਦੀ ਦੇਖ ਰੇਖ ਹੇਠ ਮੇਲਾ ਤੀਆਂ ਤੀਜ ਦੀਆਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੈਡਮ ਪੂਨਮ ਕਾਂਗੜਾ ਮੁੱਖ ਸਰਪ੍ਰਸਤ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਮੇਲੇ ਵਿੱਚ ਜਿੱਥੇ ਮਹਿਲਾਵਾਂ ਵੱਲੋਂ ਪੀਂਘਾਂ ਝੂਟ, ਗਿੱਧਾ ਤੇ ਪੰਜਾਬੀ ਬੋਲੀਆਂ ਪਾ ਕੇ ਤੇ ਪੰਜਾਬੀ ਗੀਤਾਂ 'ਤੇ ਨੱਚ ਟੱਪ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ, ਉਥੇ ਹੀ ਮੇਲੇ ਵਿੱਚ ਲੱਗੇ ਵੱਖ ਵੱਖ ਤਰ੍ਹਾਂ ਦੇ ਝੂਲਿਆਂ ਤੇ ਬੱਚਿਆਂ ਨੇ ਵੀ ਖ਼ੂਬ ਮਜ਼ਾ ਲਿਆ। ਇਸ ਮੌਕੇ ਮੁਹੱਲੇ ਦੀਆਂ ਬਜ਼ੁਰਗ ਮਹਿਲਾਵਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਮੈਡਮ ਪੂਨਮ ਕਾਂਗੜਾ ਨੇ ਕਿਹਾ ਕਿ ਤੀਆਂ ਤੀਜ ਦੀਆਂ ਤਿਉਹਾਰ ਸਾਡੇ ਸੱਭਿਆਚਾਰ ਵਿੱਚ ਅਹਿਮ ਸਥਾਨ ਰੱਖਦਾ ਹੈ।ਤੀਆਂ ਮੌਕੇ ਦੂਰ ਦਰਾਡ ਵਿਆਹੀਆਂ ਸਹੇਲੀਆਂ ਇਕੱਠੀਆਂ ਹੋ ਕੇ ਆਪਣੀਆਂ ਪੁਰਾਣੀਆਂ ਯਾਦਾਂ ਤਾਜ਼ਾ ਕਰਕੇ ਖੁਸ਼ੀਆਂ ਮਨਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਮੁਟਿਆਰਾਂ ਤੀਆਂ ਤੀਜ ਦੀਆਂ ਦਾ ਬੜੀ ਬੇਸਬਰੀ ਨਾਲ ਇੰਤਜ਼ਾਰ ਕਰਦੀਆਂ ਹਨ ਤਾਂ ਜੋ ਉਹ ਇਸ ਦਿਨ ਆਪਣੀਆਂ ਸਖੀ ਸਹੇਲੀਆਂ ਨਾਲ ਮਿਲ ਕੇ ਆਪਣੇ ਦਿਲ ਦੀਆਂ ਗੱਲਾਂ ਸਾਂਝੀਆਂ ਕਰ ਸਕਣ। ਇਸ ਮੌਕੇ ਮੈਡਮ ਪੂਨਮ ਕਾਂਗੜਾ ਨੇ ਮੁਹੱਲੇ ਦੀਆਂ ਮੁਟਿਆਰਾਂ ਨਾਲ ਗਿੱਧਾ ਪਾ ਕੇ ਤੀਆਂ ਦੀ ਵਧਾਈ ਦਿੱਤੀ। ਇਸ ਮੌਕੇ ਪ੍ਰਬੰਧਕਾਂ ਵੱਲੋਂ ਮੈਡਮ ਪੂਨਮ ਕਾਂਗੜਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਬੀਬੀ ਗੁਰਨਾਮ ਕੌਰ, ਸੀਤਾ ਦੇਵੀ, ਸਰਬਜੀਤ ਕੌਰ, ਸੁਖਬੀਰ ਕੌਰ, ਗੀਨਾ ਰਾਣੀ, ਬਿੰਦੂ, ਕਰਮਜੀਤ ਕੌਰ, ਨਿੱਕੀ ਦੇਵੀ, ਚਰਨਜੀਤ ਕੌਰ, ਰਾਣੀ, ਮਨਪ੍ਰੀਤ ਕੌਰ, ਨੇਹਾ ਚੌਹਾਨ, ਬਿੰਨੀ ਚੌਹਾਨ, ਰੇਖਾ, ਪਦਮਾ ਰਾਣੀ ਸਮੇਤ ਵੱਡੀ ਗਿਣਤੀ ਮਹਿਲਾਵਾਂ ਹਾਜ਼ਰ ਸਨ।

## ਟੈਕਨੀਕਲ ਸਰਵਿਸ ਯੂਨੀਅਨ ਥਰਮਲ ਪਲਾਂਟ ਦੀ ਮੀਟਿੰਗ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਟੈਕਨੀਕਲ ਸਰਵਿਸ ਯੂਨੀਅਨ (ਰਜਿ. 49) ਗੁਰੂ ਹਰਗੋਬਿੰਦ ਥਰਮਲ ਪਲਾਂਟ ਨੇ ਮੀਟਿੰਗ ਕਰਕੇ ਫੈਸਲਾ ਕੀਤਾ ਕਿ ਥਰਮਲ ਪਲਾਂਟ ਦੇ ਮੁਲਾਜ਼ਮਾਂ ਨੂੰ 11 ਅਗਸਤ ਤੋਂ 13 ਅਗਸਤ ਤੱਕ ਅਚਨਚੇਤ ਛੁੱਟੀ ਭਰਨ ਲਈ ਸ਼ਿਫ਼ਟਾਂ ਵਿੱਚ ਪ੍ਰੋਫਾਰਮੇ ਵੰਡੇ ਗਏ ਕਿਉਂਕਿ ਪੀ ਐੱਸ ਈ ਬੀ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਤੇ ਭਰਾਤਰੀ ਜਥੇਬੰਦੀਆਂ ਵੱਲੋਂ ਮੀਟਿੰਗ ਕਰਕੇ ਫੈਸਲਾ ਕੀਤਾ ਗਿਆ ਕਿ ਪਾਵਰਕਾਮ ਦੀ ਮੈਨੇਜਮੈਂਟ ਤੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨਾਲ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਤੇ ਜੂਨੀਅਰ ਇੰਜੀਨੀਅਰ ਐਸੋਸੀਏਸ਼ਨ ਨਾਲ ਮੀਟਿੰਗ ਕਰਕੇ ਇਸ ਮੀਟਿੰਗ ਵਿੱਚ ਮੁਲਾਜ਼ਮਾਂ ਦੀਆਂ ਮੰਗਾਂ ਸੰਬੰਧੀ ਸਹਿਮਤੀ ਹੋਈ, ਪ੍ਰੰਤੂ ਮੰਗਾਂ ਲਾਗੂ ਨਾ ਕਰਨ ਨਾਲ ਮੁਲਾਜ਼ਮ ਵਰਗ ਵਿੱਚ ਬਹੁਤ ਰੋਸ ਹੈ। ਮੁਲਾਜ਼ਮ ਇਸ ਦੇ ਵਿਰੋਧ ਵਿੱਚ 11/08/2025 ਤੋਂ 13/11/25 ਦੀ ਅਚਨਚੇਤ ਛੁੱਟੀ ਕਰਕੇ ਪਾਵਰਕਾਮ ਮੈਨੇਜਮੈਂਟ ਤੇ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਉ ਦੇ ਵਿਰੁੱਧ ਰੋਸ ਪ੍ਰਦਰਸ਼ਨ ਕਰਨਗੇ। ਜਥੇਬੰਦੀ ਦੇ ਪ੍ਰਧਾਨ ਅਮਰਜੀਤ ਸਿੰਘ ਮੰਗਲੀ ਨੇ ਕਿਹਾ ਕਿ ਜੇਕਰ ਮੰਗਾਂ ਦਾ ਹੱਲ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

## ਫਰੀਡਮ ਫਾਇਟਰ ਜਥੇਬੰਦੀ ਦੀ ਮੀਟਿੰਗ ਹੋਈ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਫਰੀਡਮ ਫਾਇਟਰ ਉਤਰਾਧਿਕਾਰੀ ਜਥੇਬੰਦੀ ਰਜਿ. ਨੰ. 196 ਜ਼ਿਲ੍ਹਾ ਇਕਾਈ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਲੋਟ ਦੀ ਯੋਗ ਅਗਵਾਈ ਹੇਠ ਹੋਈ। ਜ਼ਿਲ੍ਹਾ ਪ੍ਰਧਾਨ ਮਲੋਟ ਨੇ ਰੋਸ ਕਰਦਿਆਂ ਕਿਹਾ ਕਿ ਭਾਰਤ ਦੇਸ਼ ਦੀ ਅਜਾਦੀ ਲੈਣ ਲਈ ਅਨੇਕਾਂ ਅਨਮੋਲ ਜਾਨਾਂ ਪ੍ਰਮਾਤਮਾ ਦੇ ਚਰਨਾਂ ਵਿੱਚ ਜਾਣ ਦੇ ਨਾਲ ਸਾਡੇ ਪੁਰਖਿਆਂ ਵਲੋਂ ਵੀ ਆਪਣੀ ਜਾਨ ਦੀ ਪ੍ਰਵਾਹ ਨਾ ਕਰਦਿਆਂ ਨੇ ਭੁੱਖੇ ਭਾਣੇ ਰਹੇ ਕੇ ਅੰਗਰੇਜ਼ੀ ਹਕੂਮਤ ਦੇ ਬੜੇ ਸਖਤ ਤਸੀਹੇ ਆਪਣੇ ਤਨ ਤੇ ਕੱਟ ਕੇ ਫ਼ਿਰ ਭਾਰਤ ਦੇਸ਼ ਨੂੰ ਅਜ਼ਾਦ ਕਰਾਇਆ, ਪਰ ਅੱਜ ਉਨ੍ਹਾਂ ਦੇਸ਼ ਭਗਤਾਂ ਦੇ ਵਾਰਿਸਾਂ ਆਪਣੇ ਕੰਮਾਂ ਪ੍ਰਤੀ ਡਿਪਟੀ ਕਮਿਸ਼ਨਰ ਦੇ ਦਫ਼ਤਰ ਵਿਖੇ ਜਾਂਦੇ ਹਨ ਤਾਂ 2/3 ਘੰਟੇ ਦਾ ਇੰਤਜ਼ਾਰ ਕਰਨ 'ਤੇ ਵੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪ੍ਰਵਾਰਾ ਨਾਲ ਮੀਟਿੰਗ ਕਰਨ ਲਈ ਵੀ ਟਾਲ-ਮਟੋਲ ਕੀਤੀ ਜਾਂਦੀ ਹੈ, ਜੋ ਬਹੁਤ ਹੀ ਨਿੰਦਣਯੋਗ ਹੈ। ਜ਼ਿਲ੍ਹਾ ਪ੍ਰਸ਼ਾਸਨ 'ਤੇ ਰੋਸ ਕਰਦਿਆਂ ਕਿਹਾ ਕਿ 15 ਅਗਸਤ ਦੇ ਸਮਾਗਮ ਤੋਂ ਪਹਿਲਾਂ ਪਿਛਲੇ ਲੰਮੇ ਸਮੇਂ ਤੋਂ ਫਰੀਡਮ ਫਾਇਟਰ ਪਰਵਾਰਾਂ ਦੇ ਲਟਕਦੇ ਕੰਮ ਪਹਿਲ ਦੇ ਅਧਾਰ 'ਤੇ ਕੀਤੇ ਜਾਣ ਅਤੇ ਬਣਦਾ ਮਾਣ-ਸਨਮਾਨ ਬਹਾਲ ਕੀਤਾ ਜਾਵੇ, ਨਹੀਂ ਤਾਂ ਅਜ਼ਾਦੀ ਸਮਾਗਮ 'ਤੇ ਜ਼ਿਲਾ ਪ੍ਰਸ਼ਾਸਨ ਵੱਲੋਂ ਦਿੱਤਾ ਜਾ ਰਿਹਾ ਸਨਮਾਨ ਮਨ੍ਹਾ ਕਰਨ ਲਈ ਮਜਬੂਰ ਹੋਣਗੇ।

## ਐਸਬੀਆਈ ਕਾਰਡ ਦੇ ਸਹਿਯੋਗ ਨਾਲ ਮਾਨਵ ਸੇਵਾ ਉੱਤਮ ਸੇਵਾ ਨਾਭਾ ਵੱਲੋਂ ਲਗਾਇਆ ਜਾਵੇਗਾ ਕੈਂਸਰ ਜਾਂਚ ਕੈਂਪ : ਵਿਕਾਸ ਮਿੱਤਲ, ਸੁਨੀਲ ਗੁਪਤਾ

### ਕੈਂਸਰ ਜਾਂਚ ਤੇ ਜਾਗਰੂਕਤਾ ਕੈਂਪ 7 ਸਤੰਬਰ ਨੂੰ



**ਨਾਭਾ (ਵਰਿੰਦਰ ਵਰਮਾ)**-ਐਸ.ਬੀ.ਆਈ ਕਾਰਡ ਦੇ ਸਹਿਯੋਗ ਮਾਨਵ ਸੇਵਾ ਉੱਤਮ ਸੇਵਾ ਸਟੇਟ ਐਵਾਰਡੀ ਸੰਸਥਾ ਵੱਲੋਂ ਕੈਂਸਰ ਜਾਂਚ ਕੈਂਪ ਲਾਇਆ ਜਾਵੇਗਾ।ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਤੇ ਸੁਨੀਲ ਗੁਪਤਾ ਨੇ ਕਿਹਾ ਕਿ ਐਸਬੀਆਈ ਕਾਰਡ ਵੱਲੋਂ ਪੂਰੇ ਪੰਜਾਬ ਭਰ 'ਚ ਸੈਂਕੜੇ ਕੈਂਸਰ ਜਾਂਚ ਤੇ ਜਾਗਰੂਕਤਾ ਕੈਂਪ ਲਗਾਤਾਰ ਲਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਤੰਬਰ ਮਹੀਨੇ 'ਚ ਪਟਿਆਲਾ ਜ਼ਿਲ੍ਹੇ ਭਰ 'ਚ ਕੈਂਸਰ ਕੈਂਪ ਲਾਏ ਜਾ ਰਹੇ ਹਨ। ਲੜੀ ਤਹਿਤ ਵਰਲਡ ਕੈਂਸਰ ਕੇਅਰ ਦੁਆਰਾ ਡਾ. ਕੁਲਵੰਤ ਸਿੰਘ ਧਾਲੀਵਾਲ (ਵਿਸ਼ਵ ਕੈਂਸਰ ਕੇਅਰ ਦੇ ਗਲੋਬਲ ਅੰਬੈਸਡਰ) ਦੀ ਅਗਵਾਈ ਹੇਠ ਆਰੀਆ ਸੀਨੀਅਰ ਸੈਕੰਡਰੀ ਹਾਈ ਸਕੂਲ ਦੁਲੱਦੀ ਗੇਟ, ਗਊਸ਼ਾਲਾ ਰੋਡ ਵਿਖੇ ਆਉਣ ਵਾਲੀ 7 ਸਤੰਬਰ ਨੂੰ ਕੈਂਸਰ ਜਾਂਚ ਤੇ ਜਾਗਰੂਕਤਾ ਕੈਂਪ (ਸਵੇਰੇ 10:00 ਵਜੇ ਤੋਂ ਸ਼ਾਮ 4:00) ਵਜੇ ਲਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਬਿਨਾਂ ਕਿਸੇ ਝਿਜਕ ਦੇ ਸਵੇਰੇ 9.30 ਵਜੇ ਪਹੁੰਚੋ ਤੇ ਆਪਣੇ ਨਾਂਅ ਦਰਜ ਕਰਾਓ।ਉਨ੍ਹਾਂ ਕਿਹਾ ਕਿ ਇਸ ਕੈਂਪ 'ਚ ਮੁਫ਼ਤ ਕੀਤੀਆਂ ਜਾਣ ਵਾਲੀਆਂ ਮੁੱਖ ਜਾਂਚਾਂ ਵਿੱਚ ਸ਼ਾਮਲ ਹਨ, ਜਿਸ 'ਚ ਔਰਤਾਂ ਲਈ ਛਾਤੀ ਦੀ ਜਾਂਚ (ਮੈਮੋਗ੍ਰਾਫੀ), ਬੱਚੇਦਾਨੀ ਦੀ ਜਾਂਚ (ਪੈਪਸ ਮੇਰ ਟੈਸਟ), ਪੁਰਸ਼ਾਂ ਲਈ ਪ੍ਰੋਸਟੇਟ ਦੀ ਜਾਂਚ (ਪੀਐਸਏ ਟੈਸਟ), ਮੂੰਹ, ਗਲੇ, ਹੱਡੀਆਂ ਤੇ ਲਹੂ ਸੰਬੰਧੀ ਜਾਂਚਾਂ, ਸ਼ੂਗਰ, ਬਲੱਡ ਪ੍ਰੈਸ਼ਰ ਦੀ ਜਾਂਚ ਕਿਸੇ ਵੀ ਡਾਕਟਰੀ ਮੁੱਦੇ ਲਈ ਮੁਫ਼ਤ ਦਵਾਈਆਂ ਤੇ ਮਾਰਗਦਰਸ਼ਨ ਪ੍ਰਦਾਨ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਡਾਕਟਰਾਂ ਦੀ ਇੱਕ ਟੀਮ ਤੁਹਾਡੇ ਸਵਾਲਾਂ ਦਾ ਜਵਾਬ ਦੇਣ ਲਈ ਉੱਥੇ ਹੋਵੇਗੀ।ਵਿਕਾਸ ਮਿੱਤਲ ਤੇ ਸੁਨੀਲ ਗੁਪਤਾ ਨੇ ਕਿਹਾ ਕਿ ਸਾਡਾ ਮੁੱਖ ਮਕਸਦ ਇਹ ਹੈ ਕਿ ਤੰਦਰੁਸਤ ਲੋਕਾਂ ਦੀ ਜਾਂਚ ਹੋਵੇ, ਤਾਂ ਜੁ ਕੈਂਸਰ ਦੇ ਲੱਛਣ ਸ਼ੁਰੂਆਤੀ ਦੌਰ ਵਿੱਚ ਹੀ ਪਛਾਣ ਕੇ ਇਲਾਜ ਆਸਾਨ ਬਣਾਇਆ ਜਾ ਸਕੇ।

## ਟੈਨੀਸਨ ਦੀ ਕਵਿਤਾ ਰਾਹੀਂ ਵਿਦਿਆਰਥੀਆਂ 'ਚ ਸੰਘਰਸ਼ ਦੀ ਭਾਵਨਾ ਨੂੰ ਕੀਤਾ ਉਤਸ਼ਾਹਤ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਾਬਾ ਮੋਨੀ ਜੀ ਮਹਾਰਾਜ ਡਿਗਰੀ ਕਾਲਜ ਦੇ ਅੰਗਰੇਜ਼ੀ ਵਿਭਾਗ ਵੱਲੋਂ ਵਿਦਿਆਰਥੀਆਂ 'ਚ ਅਟਲ ਸੰਘਰਸ਼, ਉਮੀਦ ਤੇ ਆਤਮ-ਵਿਸ਼ਵਾਸ ਦੀ ਭਾਵਨਾ ਜਗਾਉਣ ਲਈ ਇੱਕ ਵਿਸ਼ੇਸ਼ ਪ੍ਰਸਤੁਤੀ ਦਾ ਆਯੋਜਨ ਕੀਤਾ ਗਿਆ। ਸਮਾਗਮ ਦੌਰਾਨ ਮਹਾਨ ਅੰਗਰੇਜ਼ੀ ਕਵੀ ਐਲਫ੍ਰੈਡ ਲਾਰਡ ਟੈਨੀਸਨ ਦੀ ਕਵਿਤਾ 'ਓਲਾਈਸੈਸ' ਰਾਹੀਂ ਇਹ ਸੰਦੇਸ਼ ਦਿੱਤਾ ਗਿਆ ਕਿ ਜ਼ਿੰਦਗੀ 'ਚ ਮੁਸ਼ਕਲਾਂ ਦਾ ਆਉਣਾ ਨਿਸਚਿਤ ਹੈ, ਪਰ ਹਾਰ ਕਦੇ ਵੀ ਨਹੀਂ ਮੰਨਣੀ ਚਾਹੀਦੀ। ਕਵਿਤਾ ਵਿੱਚ ਉਪਸਥਿਤ ਸੰਘਰਸ਼ ਦੀ ਆਤਮਾ ਵਿਦਿਆਰਥੀਆਂ ਦੇ ਮਨ ਨੂੰ ਛੋਹ ਗਈ। ਵਿਦਿਆਰਥੀਆਂ ਨੇ ਟੈਨੀਸਨ ਦੀਆਂ ਹੋਰ ਪ੍ਰਸਿੱਧ ਕਵਿਤਾਵਾਂ ਉੱਤੇ ਵਿਚਾਰ ਪੇਸ਼ ਕਰਦੇ ਹੋਏ ਕਵਿਤਾਵਾਂ ਦੀ ਗੰਭੀਰਤਾ ਤੇ ਪ੍ਰੇਰਕ ਤੱਤਾਂ ਨੂੰ ਉਜਾਗਰ ਕੀਤਾ। ਅਧਿਆਪਕਾ ਮੋਨਿਕਾ ਸ਼ਰਮਾ ਨੇ ਕਿਹਾ ਕਿ ਟੈਨੀਸਨ ਦੀ ਕਵਿਤਾ ਵਿੱਚ ਦਰਸਾਏ ਗਏ ਉਤਸ਼ਾਹ, ਹੌਸਲੇ ਤੇ ਆਦਰਸ਼ਾਂ ਦੀ ਲੀਕ 'ਤੇ ਚੱਲਣਾ ਹੀ ਅਸਲ ਜੀਵਨ ਦੀ ਸਿੱਖ ਹੈ। ਜ਼ਿਕਰਯੋਗ ਹੈ ਕਿ ਇਹ ਮੁਹਿੰਮ ਬਾਬਾ ਮੋਨੀ ਜੀ ਦੀ ਵਿਚਾਰਧਾਰਾ ਅਨੁਸਾਰ ਵਿਦਿਆਰਥੀਆਂ ਨੂੰ ਸੱਚਾਈ, ਮਿਹਨਤ ਅਤੇ ਸਮਰਪਣ ਵੱਲ ਪ੍ਰੇਰਿਤ ਕਰਨ ਦੀ ਲੋੜ ਹੈ।

## ਮਾਇਆ ਗਾਰਡਨ 'ਚ ਅਜ਼ਾਦੀ ਦਿਵਸ ਮੌਕੇ ਲਹਿਰਾਇਆ ਜਾਵੇਗਾ ਤਿਰੰਗਾ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਮੂਹ ਮਾਇਆ ਗਾਰਡਨ ਨਿਵਾਸੀਆਂ ਦੀ ਅਜ਼ਾਦੀ ਦਿਵਸ (15 ਅਗਸਤ) ਮਨਾਉਣ ਸੰਬਧੀ ਇੱਕ ਵਿਸ਼ੇਸ਼ ਮੀਟਿੰਗ ਕੱਲਬ ਹਾਲ/ਸਪੋਰਟਸ ਕੰਪਲੈਕਸ ਵਿੱਖੇ ਹੋਈ।ਇਸ ਮੀਟਿੰਗ ਵਿੱਚ ਮਹੱਤਵਪੂਰਨ ਫੈਸਲੇ ਮਾਇਆ ਗਾਰਡਨ ਮੰਦਿਰ ਵਿੱਚ ਪ੍ਰਭਾਤ ਫੇਰੀ, ਸਵਤੰਤਰਤਾ ਦਿਵਸ ਤੇ ਜਨਮ ਅਸ਼ਟਮੀ ਦੇ ਆਯੋਜਨ ਸਬੰਧੀ ਲਏ ਗਏ।ਮੀਟਿੰਗ ਵਿੱਚ ਲਏ ਗਏ ਫੈਸਲਿਆਂ ਪ੍ਰਤੀ ਸਾਰਿਆਂ ਨੇ ਸਹਿਮਤੀ ਪ੍ਰਗਟਾਈ।ਸਾਰੇ ਨਿਵਾਸੀਆਂ ਨੂੰ ਇਨ੍ਹਾਂ ਸਮਾਗਮਾਂ ਵਿੱਚ ਜੋਸ਼ੋ ਖਰੋਸ਼ ਨਾਲ ਭਾਗ ਲੈਣ ਦੀ ਅਪੀਲ ਕੀਤੀ।ਇਸ ਵਾਰ 15 ਅਗਸਤ ਨੂੰ ਤਿਰੰਗਾ ਲਹਿਰਾਉਣ ਦੀ ਰਸਮ ਇਲਾਕੇ ਦੇ ਪ੍ਰਸਿੱਧ ਸੰਤ ਸੰਕਰ ਮੁਨੀ ਜੀ ਮਹਾਰਾਜ ਅਦਾ ਕਰਨਗੇ।ਇਸ ਮੌਕੇ ਮਾਇਆ ਗਾਰਡਨ ਨੂੰ ਸਜਾਉਣ ਦਾ ਫੈਸਲਾ ਲਿਆ ਗਿਆ।ਮੀਟਿੰਗ ਵਿੱਚ ਜਤਿੰਦਰ ਜੈਨ, ਮਦਨ ਲਾਲ ਕਾਂਸਲ, ਪ੍ਰੋਫੈਸਰ ਅਨਿਲ ਸਿੰਗਲਾ, ਅਮਰ ਨਾਥ, ਜਗਦੀਪ ਭਾਰਦਵਾਜ, ਪ੍ਰਭਾਤ ਜਿੰਦਲ, ਕਰੁਨ ਬਾਂਸਲ, ਗੋਪਾਲ ਸ਼ਰਮਾ, ਡਾਕਟਰ ਹਰਦੀਪ ਬਾਵਾ, ਮੱਖਣ ਸਿੰਗਲਾ, ਰਮੇਸ਼ ਬਾਵਾ, ਪਵਨ ਗੋਇਲ, ਕਮਲਦੀਪ ਚਿਨਾ, ਐਡਵੋਕੇਟ ਰਾਕੇਸ਼ ਜਿੰਦਲ, ਰਾਜੀਵ ਸਿੰਗਲਾ, ਡਾਕਟਰ ਵਿਜੈ ਅੱਗਰਵਾਲ, ਦੀਪਕ ਕੁਮਾਰ, ਮਨੀਸ਼ ਕੁਮਾਰ, ਭੋਲਾ ਬਰੇਟੇ ਵਾਲਾ, ਸੌਰਵ ਜਿੰਦਲ ਤੇ ਆਰ ਐੱਨ ਕਾਂਸਲ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

# ਬਿਜਲੀ ਕਾਮਿਆਂ ਵੱਲੋਂ 11 ਨੂੰ ਸਮੂਹਿਕ ਛੁੱਟੀ 'ਤੇ ਜਾਣ ਦਾ ਐਲਾਨ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪਾਵਰਕੌਮ ਅਤੇ ਪੰਜਾਬ ਸਰਕਾਰ ਵੱਲੋਂ ਬਿਜਲੀ ਕਾਮਿਆਂ ਦੀਆਂ ਮੰਗਾਂ ਸੰਬੰਧੀ ਧਾਰਨ ਕੀਤੀ ਟਾਲ ਮਟੋਲ ਦੀ ਨੀਤੀ ਖਿਲਾਫ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਅਤੇ ਵੱਖ-ਵੱਖ ਜਥੇਬੰਦੀਆਂ ਦੇ ਸਾਂਝੇ ਬੈਨਰ ਹੇਠ ਵੱਲੋਂ ਉਲੀਕੇ ਸੰਘਰਸ਼ ਪ੍ਰੋਗਰਾਮ ਤਹਿਤ ਪੰਜਾਬ ਦੇ ਸਮੂਹ ਬਿਜਲੀ ਕਰਮਚਾਰੀ 11 ਅਗਸਤ ਤੋਂ ਲੈ ਕੇ 13 ਅਗਸਤ ਤੱਕ ਸਮੂਹਿਕ ਛੁੱਟੀ 'ਤੇ ਚਲੇ ਜਾਣਗੇ। ਇਹ ਜਾਣਕਾਰੀ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਮੰਡਲ ਯੂਨਿਟ ਗੁਰਦਾਸਪੁਰ ਦੀ ਮੀਟਿੰਗ ਦੌਰਾਨ ਦਿੰਦਿਆਂ ਜਥੇਬੰਦੀ ਦੇ ਸਰਕਲ ਗੁਰਦਾਸਪੁਰ ਦੇ ਪ੍ਰਧਾਨ ਅਤੇ ਪੰਜਾਬ ਦੇ ਮੀਤ ਪ੍ਰਧਾਨ ਕਾਮਰੇਡ ਬਲਵਿੰਦਰ ਉਦੀਪੁਰ ਨੇ ਦੱਸਿਆ ਹੈ ਕਿ ਬਿਜਲੀ ਮੰਤਰੀ ਅਤੇ ਪਾਵਰਕੌਮ ਦੀ ਮੈਨੇਜਮੈਂਟ ਵਲੋਂ ਬਿਜਲੀ ਕਾਮਿਆਂ ਦੀਆਂ ਵਾਜਬ ਮੰਗਾਂ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ ਹੈ ਜਿਵੇਂ ਕਿ ਵੱਖ-ਵੱਖ ਸੀਆਰਏ ਅਧੀਨ ਭਰਤੀ ਕੀਤੇ ਲਾਇਨ ਮੈਨ, ਐੱਸਐੱਸਏ ਉਨ੍ਹਾਂ ਦੇ ਐਡਹਾਕ ਪੀਰਡ ਨੂੰ ਰੈਗੂਲਰ ਸਰਵਿਸ ਵਿੱਚ ਮਰਜ ਨਹੀਂ ਕੀਤਾ ਜਾ ਰਿਹਾ, ਪੰਜ ਸਾਲ ਦੀ ਸੇਵਾ ਪੂਰੀ ਕਰ ਚੁੱਕੇ ਸਹਾਇਕ ਲਾਇਨਮੈਨਾਂ ਨੂੰ ਹਜ਼ਾਰਾਂ ਅਸਾਮੀਆਂ ਖਾਲੀ ਹੋਣ ਦੇ ਬਾਵਜੂਦ ਲਾਈਨਮੈਨ ਨਹੀਂ ਬਣਾਇਆ ਜਾ ਰਿਹਾ। ਕਰਮਚਾਰੀਆਂ ਤੇ ਕੈਸ਼ਲੈੱਸ ਸਕੀਮ ਲਾਗੂ ਨਹੀਂ ਕੀਤੀ ਜਾ ਰਹੀ ਹੈ। 2004 ਤੋ ਬਾਅਦ ਵਿਚ ਭਰਤੀ ਹੋਏ ਕਰਮਚਾਰੀਆਂ ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਬਜਾਏ ਧੱਕੇ ਨਾਲ ਐੱਨਪੀਐੱਸ ਲਾਗੂ ਕੀਤੀ ਜਾ ਰਹੀ ਹੈ। ਖਜ਼ਾਨਾ ਭਰੇ



● ਸਮੂਹ ਬਿਜਲੀ ਕਾਮਿਆਂ ਨੂੰ ਸੰਘਰਸ਼ ਵਿੱਚ ਸ਼ਾਮਲ ਹੋਣ ਦੀ ਪੁਰਜ਼ੋਰ ਅਪੀਲ

ਹੋਣ ਦਾ ਟਿੰਢੋਰਾ ਪਿੱਟਣ ਵਾਲੀ ਸਰਕਾਰ ਨੇ ਮੁਲਾਜ਼ਮ ਦਾ ਮਹਿੰਗਾਈ ਭੱਤਾ ਜਾਮ ਕਰਕੇ ਚਾਰ ਕਿਸ਼ਤਾਂ ਰੋਕੀਆਂ ਹੋਈਆਂ ਹਨ। ਮਹਿਕਮੇ ਅੰਦਰ ਹਜ਼ਾਰਾਂ ਅਸਾਮੀਆਂ ਖਾਲੀ ਪਈਆਂ ਹਨ ਉਨ੍ਹਾਂ ਨੂੰ ਭਰਨ ਦੀ ਬਜਾਏ ਖਤਮ ਕੀਤਾ ਜਾ ਰਿਹਾ। ਮੁਲਾਜ਼ਮਾਂ ਦੀਆਂ ਤਨਖਾਹਾਂ/ਸਕੇਲਾਂ ਦੀਆਂ ਤਰੁੱਟੀਆਂ ਦੂਰ ਨਹੀਂ ਕੀਤੀਆਂ। ਦਫਤਰਾਂ ਦੀਆਂ ਇਮਾਰਤਾਂ ਖੰਡਰ ਬਣਦੀਆਂ ਜਾ ਰਹੀਆਂ ਹਨ, ਉਨ੍ਹਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਮਹਿਕਮੇ ਦਾ ਅੰਨ੍ਹੇਵਾਹ ਨਿੱਜੀਕਰਨ ਕੀਤਾ ਜਾ ਰਿਹਾ ਹੈ ਜਿਸ ਕਾਰਨ ਪੰਜਾਬ ਦੇ ਬਿਜਲੀ ਕਾਮਿਆਂ ਵਿੱਚ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਵਿਰੁੱਧ ਭਾਰੀ ਰੋਸ ਪਾਇਆ ਜਾ ਰਿਹਾ। ਇਸ ਲਈ ਸਮੂਹ ਬਿਜਲੀ ਮੁਲਾਜ਼ਮ 11 ਅਗਸਤ ਤੋਂ ਸਮੂਹਿਕ ਛੁੱਟੀ 'ਤੇ ਜਾ ਕੇ ਮਹਿਕਮੇ ਦਾ ਸਾਰਾ ਕੰਮਕਾਜ ਠੱਪ ਕਰਨਗੇ ਅਤੇ 15 ਅਗਸਤ ਨੂੰ ਜ਼ਿਲ੍ਹਾ ਹੈੱਡਕੁਆਰਟਰ ਗੁਰਦਾਸਪੁਰ ਵਿਖੇ ਕਾਲੇ ਝੰਡਿਆਂ ਨਾਲ ਸਰਕਾਰ ਵਿਰੁੱਧ ਪ੍ਰਦਰਸ਼ਨ ਕੀਤਾ ਜਾਵੇਗਾ। ਸਾਥੀ ਉਦੀਪੁਰ ਨੇ ਸਮੂਹ ਬਿਜਲੀ ਕਾਮਿਆਂ ਨੂੰ ਇਸ ਸੰਘਰਸ਼ ਵਿਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਾਥੀ ਸਾਹਿਬ ਸਿੰਘ ਧਾਲੀਵਾਲ, ਮੰਡਲ ਪ੍ਰਧਾਨ ਗੁਰਦਾਸਪੁਰ ਤੋਂ ਇਲਾਵਾ ਸਾਥੀ ਅਨਿਲ ਕੁਮਾਰ ਸ਼ਰਮਾ, ਰਣਜੀਤ ਸਿੰਘ ਢੱਡੇਵਾਲਾ, ਗੌਰਵ ਪ੍ਰਿਆ, ਇੰਜ. ਮਲਕੀਤ ਸਿੰਘ, ਬਲਜੀਤ ਸਿੰਘ ਹੁੰਦਲ, ਜੋਤੀ ਲਖਵਿੰਦਰ ਸਿੰਘ ਟਾਂਡਾ, ਅਸ਼ਵਨੀ ਕੁਮਾਰ ਸੈਣੀ, ਜਸਵਿੰਦਰ ਸਿੰਘ, ਰਣਜੀਤ ਸਿੰਘ ਰਾਏਚੱਕ ਆਦਿ ਆਗੂ ਹਾਜ਼ਰ ਸਨ।

# ਕਿਸਾਨ ਆਗੂਆਂ ਦੇ ਸਵਾਲਾਂ ਦੇ ਜਵਾਬ ਦੇਣ ਦੀ ਬਜਾਏ ਅਮਨ ਅਰੋੜਾ ਅੱਖ ਬਚਾ ਕੇ ਨਿਕਲ ਗਏ

**ਮਜੀਠਾ (ਸ਼ੇਜਮ ਆਨੰਦ)**- ਕਿਸਾਨ ਮਜ਼ਦੂਰ ਮੋਰਚਾ ਵੱਲੋਂ ਸ਼ੰਭੂ ਖਨੌਰੀ ਮੋਰਚੇ ਉਠਾਏ ਜਾਣ ਤੋਂ ਬਾਅਦ ਆਮ ਆਦਮੀ ਪਾਰਟੀ ਦੇ ਲੀਡਰਾਂ ਨੂੰ ਪਿੰਡਾਂ ਵਿੱਚ ਆਉਣ 'ਤੇ ਸਵਾਲ ਪੁੱਛੇ ਜਾਣ ਦੇ ਲਗਾਤਾਰ ਜਾਰੀ ਪ੍ਰੋਗਰਾਮ ਤਹਿਤ ਅੰਮ੍ਰਿਤਸਰ ਦੇ ਮਜੀਠਾ ਹਲਕੇ ਦੇ ਕਸਬਾ ਕੱਥੂਨੰਗਲ ਦੇ ਇੱਕ ਪੈਲੇਸ ਵਿੱਚ ਪਾਰਟੀ ਦੇ ਲੀਡਰਾਂ ਦੇ ਪ੍ਰੋਗਰਾਮ ਵਿੱਚ ਪਹੁੰਚਣ ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਕਾਰਕੁਨਾਂ ਵੱਲੋਂ ਸੂਬਾ ਆਗੂ ਸਰਵਣ ਸਿੰਘ ਪੰਧੇਰ ਅਤੇ ਜ਼ਿਲ੍ਹਾ ਅੰਮ੍ਰਿਤਸਰ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਦੀ ਅਗਵਾਈ ਵਿੱਚ ਪੈਲੇਸ ਕੋਲ ਪਹੁੰਚ ਕੇ ਸ਼ੰਭੂ ਖਨੌਰੀ ਮੋਰਚੇ ਸਬੰਧੀ, ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ, ਮਨਰੇਗਾ ਤਹਿਤ ਮਜ਼ਦੂਰਾਂ ਦੇ ਰੁਜ਼ਗਾਰ ਅਤੇ ਖਾਸ ਕਰਕੇ ਲੈਂਡ ਪੂਲਿੰਗ ਨੀਤੀ ਸਬੰਧੀ ਸਵਾਲ ਕਰਨ ਪਹੁੰਚੇ।ਇਸ ਮੌਕੇ ਆਗੂਆਂ ਜਾਣਕਾਰੀ ਦਿੱਤੀ ਕਿ ਕਿਸਾਨ ਸ਼ਾਂਤਮਈ ਤਰੀਕੇ ਨਾਲ ਸੜਕ ਦੇ ਕਿਨਾਰੇ ਬੈਠੇ ਸਨ ਪਰ ਆਪ ਪ੍ਰਧਾਨ ਰਸਤਾ ਬਦਲ ਕੇ ਆਵਾਜਾਈ ਦੇ ਨਿਯਮਾਂ ਨੂੰ ਤੋੜਦੇ ਹੋਏ ਰੌਂਗ ਸਾਈਡ ਤੋਂ ਆ ਕੇ ਪੈਲੇਸ ਵਿੱਚ ਵੜੇ ਜਿਸ ਤੋਂ ਬਾਅਦ ਪ੍ਰਸ਼ਾਸਨ ਨਾਲ ਕਸ਼ਮਕਸ਼ ਤੋਂ ਬਾਅਦ ਪ੍ਰਦਰਸ਼ਨਕਾਰੀ ਪੈਲੇਸ ਦੇ ਗੇਟ ਅੱਗੇ ਪਹੁੰਚੇ, ਹਾਲਾਂਕਿ ਜਥੇਬੰਦਕ ਜਾਬਤੇ ਅਤੇ ਐਲਾਨ ਦੀ ਪਾਲਣਾ ਕਰਦੇ ਹੋਏ ਕਿਸਾਨਾਂ ਨੇ ਪ੍ਰੋਗਰਾਮ ਵਿੱਚ ਕਿਸੇ ਤਰ੍ਹਾਂ ਦਾ ਖਲਲ ਨਾ ਪਾਉਣ ਦੀ ਪਾਲਣਾ ਕਰਦੇ ਰਹੇ ਪਰ ਪ੍ਰੋਗਰਾਮ ਖਤਮ ਹੋਣ ਤੇ ਅਮਨ ਅਰੋੜਾ ਸ਼ਾਂਤਮਈ ਤਰੀਕੇ ਨਾਲ ਸਵਾਲ ਕਰਨ ਲਈ



ਉਡੀਕ ਰਹੇ ਕਿਸਾਨਾਂ ਮਜ਼ਦੂਰਾਂ ਨਾ ਨਜ਼ਰ ਮਿਲਾਏ ਬਿਨਾਂ ਹੀ ਤੇਜ਼ੀ ਨਾਲ ਕਾਰ ਵਲੋਂ ਸਮੇਤ ਰਫੂਚੱਕਰ ਹੋ ਗਏ।ਆਗੂਆਂ ਕਿਹਾ ਕਿ ਲੈਂਡ ਪੂਲਿੰਗ ਨੀਤੀ ਵਿਚ ਕਿਸੇ ਵੀ ਤਰ੍ਹਾਂ ਦੇ ਲੋਕ ਪੱਖੀ ਵਿਕਾਸ ਦੀ ਗੁੰਜਾਇਸ਼ ਹੁੰਦੀ ਤਾਂ ਅੱਜ ਆਪ ਪ੍ਰਧਾਨ ਕਿਸਾਨਾਂ ਦੇ ਸਵਾਲਾਂ ਦੇ ਜਵਾਬ ਜ਼ਰੂਰ ਦੇ ਕੇ ਜਾਂਦੇ।ਉਨ੍ਹਾਂ ਕਿਹਾ ਕਿ ਅਮਨ ਅਰੋੜਾ ਅਤੇ ਸਾਰੇ ਆਮ ਆਦਮੀ ਪਾਰਟੀ ਦੇ ਲੀਡਰਾਂ ਨੂੰ ਇਹ ਗੱਲ ਸਮਝ ਲੈਣੀ ਚਾਹੀਦੀ ਹੈ ਕਿ ਲੋਕ ਇਸ ਮਾਰੂ ਨੀਤੀ ਬਾਰੇ ਸਭ ਕੁਝ ਸਮਝ ਚੁੱਕੇ ਹਨ, ਜੋ ਇਸ ਨੀਤੀ ਵਾਪਿਸ ਲੈਣ ਦੇ ਇਲਾਵਾਂ ਹੋਰ ਕੋਈ ਰਾਹ ਨਹੀਂ ਹੈ।ਉਨ੍ਹਾਂ ਕਿਹਾ ਕਿ ਸ਼ੰਭੂ ਅਤੇ ਖਨੌਰੀ ਬਾਰਡਰ ਮੋਰਚੇ ਤੇ ਚੋਰੀ ਕੀਤੇ ਸਾਮਾਨ, ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ ਅਤੇ ਹੋਰ ਮਸਲਿਆਂ ਸੰਬੰਧੀ ਸਵਾਲਾਂ ਤੋਂ ਭੱਜਣ ਨਾਲ ਬਚਾਅ ਨਹੀਂ ਹੋਣ ਵਾਲਾ ਬਲਕਿ ਸਰਕਾਰ ਦੇ ਲੀਡਰਾਂ ਦਾ ਪਿੱਛਾ ਇਹ ਸਵਾਲ ਕਰਦੇ ਰਹਿਣਗੇ। ਉਨ੍ਹਾਂ ਕਿਹਾ ਕਿ ਅਗਰ ਸਰਕਾਰ ਇਹ ਮਸਲੇ ਹੱਲ ਨਹੀਂ ਕਰਦੀ ਅਤੇ ਨੀਤੀ ਵਾਪਿਸ ਨਹੀਂ ਲੈਂਦੀ ਤਾਂ ਆਉਂਦੇ ਦਿਨਾਂ ਹੋਰ ਵੀ ਵੱਡੇ ਪੱਧਰ ਤੇ ਪ੍ਰਦਰਸ਼ਨ ਕਰਕੇ ਇਸ ਦੀ ਤਿਆਰੀ ਜ਼ੋਰਾਂ ਤੇ ਚੱਲ ਰਹੀ ਹੈ।ਇਸ ਮੌਕੇ ਕੰਧਾਰ ਸਿੰਘ ਭੋਏਵਾਲ, ਬਲਦੇਵ ਸਿੰਘ ਬੱਗਾ, ਬਲਵਿੰਦਰ ਸਿੰਘ ਕਲੇਰ ਬਾਲਾ, ਸਰਦੂਲ ਸਿੰਘ ਟਾਹਲੀ ਸਾਹਿਬ, ਲਵਪ੍ਰੀਤ ਸਿੰਘ ਬੱਗਾ, ਕਾਬਲ ਸਿੰਘ ਵਰਿਆਮ ਨੰਗਲ, ਜੰਗ ਸਿੰਘ ਅਲਕੜੇ, ਜਗਤਾਰ ਸਿੰਘ, ਗੁਰਬਾਜ ਸਿੰਘ, ਲਖਬੀਰ ਸਿੰਘ ਕਥੂ ਨੰਗਲ, ਲਵਿੰਦਰ ਸਿੰਘ ਰੂਪੋਵਾਲੀ, ਸਵਰਨ ਸਿੰਘ ਕੋਟਲਾ, ਮੁਖਤਾਰ ਸਿੰਘ ਭੰਗਵਾਂ, ਕਿਰਪਾਲ ਸਿੰਘ ਕਲੇਰ ਮਾਂਗਟ ਸਮੇਤ ਵੱਡੀ ਗਿਣਤੀ ਵਿਚ ਕਿਸਾਨ ਮਜ਼ਦੂਰ ਹਾਜ਼ਰ ਰਹੇ।

## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਲਗੀਆਂ ਸਾਉਣ ਦੇ ਤਿਉਹਾਰ ਦੀਆਂ ਰੌਣਕਾਂ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਅਜਨਾਲਾ ਵਿਖੇ ਸਾਵਣ ਦਾ ਤਿਉਹਾਰ ਮਨਾਇਆ ਗਿਆ ਜਿਸ ਦੀ ਸ਼ੁਰੂਆਤ ਮੈਡਮ ਤਰਨਜੀਤ ਕੌਰ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਦਿਆਂ ਹੋਇਆਂ ਕੀਤੀ ਗਈ ਅਤੇ ਬਾਅਦ ਵਿੱਚ ਸੰਗੀਤ ਅਧਿਆਪਕਾ ਨਵਨੀਤ ਕੌਰ ਅਤੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕੀਤਾ ਗਿਆ। ਇਸ ਵਿੱਚ ਬੱਚਿਆਂ ਨੇ ਗਿੱਧਾ, ਭੰਗੜਾ ਅਤੇ ਸੱਭਿਆਚਾਰਕ ਪ੍ਰੋਗਰਾਮ ਤੋਂ ਇਲਾਵਾ ਸੁੰਦਰ ਦਸਤਾਰ, ਮਹਿੰਦੀ ਅਤੇ ਪੰਜਾਬੀ ਮੁਟਿਆਰ ਮੁਕਾਬਲੇ ਕਰਵਾਏ ਗਏ। ਉਪਰੋਕਤ ਮੁਕਾਬਲਿਆਂ ਵਿੱਚ ਪਹਿਲੇ ਤਿੰਨ ਸਥਾਨ ਹਾਸਿਲ ਕਰਨ ਵਾਲੇ ਬੱਚਿਆਂ ਨੂੰ ਮੈਂਬਰ ਇੰਚਾਰਜ ਇੰਦਰਜੀਤ ਸਿੰਘ ਅੜੀ, ਗੁਰਭੇਜ ਸਿੰਘ ਅਤੇ ਪ੍ਰਿੰਸੀਪਲ ਮੈਡਮ ਮੁਕਤਾ ਤ੍ਰੇਹਨ ਵੱਲੋਂ ਇਨਾਮ ਵੰਡੇ ਗਏ।

## ਦਸਮੇਸ਼ ਹੈਰੀਟੇਜ ਪਬਲਿਕ ਸਕੂਲ ਨੇ ਮਨਾਇਆ ਤੀਆਂ ਦਾ ਤਿਉਹਾਰ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਇਲਾਕੇ ਦੀ ਨਾਮਵਰ ਸੰਸਥਾ ਦਸਮੇਸ਼ ਹੈਰੀਟੇਜ ਪਬਲਿਕ ਸਕੂਲ ਮਹਿਤਾ ਚੌਂਕ ਵਿਖੇ ਬੀਤੇ ਦਿਨ ਪੰਜਾਬੀ ਸੱਭਿਆਚਾਰ ਨੂੰ ਸਮਰਪਤ ਅਤੇ ਵਿਦਿਆਰਥੀਆਂ ਨੂੰ ਸੱਭਿਆਚਾਰ ਤੋਂ ਜਾਣੂ ਕਰਵਾਉਣ ਲਈ ਤੀਆਂ ਦਾ ਤਿਉਹਾਰ ਮਨਾਇਆ ਗਿਆ।ਸਾਉਣ ਮਹੀਨੇ ਦਾ ਪ੍ਰਮੁੱਖ ਤਿਆਰ ਜਿਸ ਦਾ ਥੀਮ ਤੀਆਂ ਤੀਜ ਦੀਆਂ ਉਚੇਚੇ ਤੌਰ 'ਤੇ ਸਕੂਲ ਦੇ ਛੋਟੇ ਛੋਟੇ ਬੱਚਿਆਂ ਦੁਆਰਾ ਬੜੇ ਹੀ ਉਤਸ਼ਾਹ ਅਤੇ ਖੁਸ਼ੀ ਨਾਲ ਸਕੂਲ ਕੈਂਪਸ ਵਿਖੇ ਮਨਾਇਆ ਗਿਆ। ਬੱਚਿਆਂ ਨੇ ਪੰਜਾਬੀ ਸੱਭਿਆਚਾਰ ਨਾਲ ਸੰਬੰਧਿਤ ਬੋਲੀਆਂ, ਗਿੱਧਾ ਅਤੇ ਭੰਗੜਾ ਪਾ ਕੇ ਇਸ ਤਿਉਹਾਰ ਦਾ ਆਨੰਦ ਮਾਣਿਆ। ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਤੀਆਂ ਪੰਜਾਬੀ ਸੱਭਿਆਚਾਰ ਦਾ ਅਨਿੱਖੜਵਾਂ ਅੰਗ ਹਨ ਅਤੇ ਉਹਨਾਂ ਨੇ ਵਿਦਿਆਰਥੀਆਂ ਨੂੰ ਸੱਭਿਆਚਾਰ ਨਾਲ ਜੁੜੇ ਰਹਿਣ ਦੀ ਪ੍ਰੇਰਨਾ ਦਿੱਤੀ।ਇਸ ਮੌਕੇ ਸਕੂਲ ਦੇ ਡਾਇਰੈਕਟਰ ਮੈ. ਹਰਪ੍ਰੀਤ ਕੌਰ, ਮੈ. ਸੰਦੀਪ ਕੌਰ, ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

## ਸ੍ਰੀ ਗੁਰੂ ਅਮਰਦਾਸ ਪਬਲਿਕ ਸਕੂਲ 'ਚ ਡੀ-ਵਰਮਿੰਗ ਦਿਵਸ ਮਨਾਇਆ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਸ੍ਰੀ ਗੁਰੂ ਅਮਰਦਾਸ ਪਬਲਿਕ ਸਕੂਲ ਫਤਿਹਾਬਾਦ ਵਿਖੇ ਅਲਬੰਡਾਜੋਲ ਦੀਆਂ ਗੋਲੀਆਂ ਛੋਟੇ ਬੱਚਿਆਂ ਨੂੰ ਖਵਾਈਆਂ ਗਈਆਂ । ਇਹ ਗੋਲੀਆਂ ਹਰ ਸਾਲ ਪ੍ਰਾਈਮਰੀ ਹੈਲਥ ਸੈਂਟਰ ਫਤਿਹਾਬਾਦ ਵੱਲੋਂ ਖਵਾਈਆਂ ਜਾਂਦੀਆਂ ਹਨ ।ਅੱਜ ਮੈਡਮ ਸ਼ਰਨਜੀਤ ਕੌਰ ਨੇ ਆਪ ਸਕੂਲ ਆ ਕੇ ਬੱਚਿਆਂ ਨੂੰ ਇਹ ਗੋਲੀਆਂ ਖਵਾਈਆਂ। ਸਕੂਲ ਦੇ ਪ੍ਰਿੰਸੀਪਲ ਸੁਰਜੀਤ ਸਿੰਘ ਭਰੋਵਾਲ ਨੇ ਬੱਚਿਆਂ ਨੂੰ ਆਪਣੀ ਸਿਹਤ ਦਾ ਧਿਆਨ ਰੱਖਣ ਲਈ ਪ੍ਰੇਰਿਤ ਕੀਤਾ ਅਤੇ ਬਰਸਾਤ ਦੇ ਮੌਸਮ ਵਿੱਚ ਬੱਚਿਆਂ ਨੂੰ ਬਜ਼ਾਰੀ ਚੀਜ਼ਾਂ ਖਾਣ ਤੋਂ ਬਚਣਾ ਚਾਹੀਦਾ ਹੈ।

# ਸੀਪੀਆਈ ਦੀ 25ਵੀਂ ਪਾਰਟੀ ਕਾਂਗਰਸ ਨੂੰ ਸਫਲ ਬਣਾਉਣ ਲਈ ਪੂਰੀ ਵਾਹ ਲਾਉਣ ਦਾ ਸੱਦਾ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਭਾਰਤੀ ਕਮਿਊਨਿਸਟ ਪਾਰਟੀ ਦੀ 25ਵੀਂ ਮਹਾਂ-ਸੰਮੇਲਨ ਤੇ 100ਵੀਂ ਵਰ੍ਹੇਗੰਢ ਨੂੰ ਸਮਰਪਿਤ ਦੇਸ਼ ਭਗਤ ਅਰਜਨ ਸਿੰਘ ਗੜਗੱਜ ਭਵਨ ਵਿਖੇ ਕਮਿਊਨਿਸਟ ਸ਼ਹੀਦਾਂ ਦੀ ਯਾਦ ਵਿੱਚ ਭਾਵਪੂਰਤ



ਸਮਾਗਮ ਕਾਮਰੇਡ ਦਵਿੰਦਰ ਸੋਹਲ, ਗੁਰਦਿਆਲ ਸਿੰਘ ਖਡੂਰ ਸਾਹਿਬ ਤੇ ਭੈਣ ਰਾਜਿੰਦਰ ਪਾਲ ਕੌਰ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਇਸ ਮੌਕੇ ਉਚੇਚੇ ਤੌਰ 'ਤੇ ਪਹੁੰਚੇ ਬਜ਼ੁਰਗ ਕਮਿਊਨਿਸਟ ਆਗੂ ਕਾਮਰੇਡ ਹਰਭਜਨ ਸਿੰਘ ਨੇ ਕਿਹਾ ਕਿ ਕਮਿਊਨਿਸਟ ਲੀਡਰ ਤੇ ਵਰਕਰ ਹਮੇਸ਼ਾ ਮਜ਼ਦੂਰਾਂ, ਕਿਸਾਨਾਂ ਤੇ ਹੋਰ ਮਿਹਨਤਕਸ਼ ਲੋਕਾਂ ਦੇ ਹੱਕਾਂ ਦੀ ਪ੍ਰਾਪਤੀ ਲਈ ਸੰਘਰਸ਼ਸ਼ੀਲ ਰਹਿੰਦੇ ਹਨ। ਕਮਿਊਨਿਸਟ ਹਮੇਸ਼ਾ ਲੋਕਾਂ ਦੀ ਭਾਈਚਾਰਕ ਸਾਂਝ ਕਾਇਮ ਰੱਖਣ ਦੇ ਹਾਮੀ ਹਨ। ਕਮਿਊਨਿਸਟ ਵਰਕਰਾਂ ਨੇ 1947 ਦੇ ਦੰਗਿਆਂ ਵਿੱਚ ਮਾਸੂਮ ਲੋਕਾਂ ਨੂੰ ਬਚਾਉਂਦਿਆਂ ਆਪਣੀਆਂ ਜਾਨਾਂ ਵਾਰੀਆਂ। ਇਸੇ ਤਰ੍ਹਾਂ ਪੰਜਾਬ ਦੇ ਕਾਲੇ ਦੌਰ ਦੌਰਾਨ ਬਹੁਤ ਸਾਰੇ ਕਮਿਊਨਿਸਟ ਲੀਡਰਾਂ ਤੇ ਵਰਕਰਾਂ ਨੇ ਹਿੰਦੂ ਸਿੱਖ ਏਕਤਾ ਵਾਸਤੇ ਤੇ ਦਹਿਸ਼ਤਗਰਦੀ ਵਿਰੁੱਧ ਡਟ ਕੇ ਖਲੋਂਦਿਆਂ ਆਪਣੀਆਂ ਜਾਨਾਂ ਵਾਰੀਆਂ। ਅੱਜ ਉਨ੍ਹਾਂ ਸਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਦੀ ਸ਼ਹਾਦਤ ਨੂੰ ਸਿਰ ਝੁਕਾਉਂਦੇ ਹਾਂ। ਸੰ ਅੱਜ ਵੀ ਲੋੜ ਹੈ ਕਿ ਮਜ਼ਦੂਰਾਂ, ਕਿਸਾਨਾਂ ਤੇ ਹੋਰ ਮਿਹਨਤਕਸ਼ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਅੱਗੇ ਵਧੀਏ ਕਿਉਂਕਿ ਸਮੇਂ ਦੀਆਂ ਸਰਕਾਰਾਂ ਦੇਸ਼ ਦੀ ਸਾਰੀ ਦੌਲਤ ਅਡਾਨੀ ਅੰਬਾਨੀ ਨੂੰ ਲੁਟਾ ਰਹੀ ਹੈ। ਉਨ੍ਹਾਂ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਦੀ 25ਵੀਂ ਪਾਰਟੀ ਕਾਂਗਰਸ ਨੂੰ ਤਨ, ਮਨ, ਧਨ, ਨਾਲ ਸਫਲ ਬਣਾਉਣ ਦੀ ਪੂਰੀ ਵਾਹ ਲਾਈਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਸੁਖਚੈਨ ਸਿੰਘ, ਨਰਿੰਦਰ ਪਾਲੀ, ਤਾਰਾ ਸਿੰਘ ਖਹਿਰਾ, ਬਲਵਿੰਦਰ ਸਿੰਘ ਦਦੇਹਰ, ਗੁਰਪ੍ਰੀਤ ਸਿੰਘ ਗੰਡੀਵਿੰਡ, ਬੂਟਾ ਸਿੰਘ ਢੋਟੀਆਂ, ਦਰਸ਼ਨ ਸਿੰਘ ਬਿਹਾਰੀਪੁਰ, ਚਰਨ ਸਿੰਘ, ਸੀਮਾ ਸੋਹਲ, ਬਲਜੀਤ ਸਿੰਘ ਫਤਿਆਬਾਦ, ਘੁੱਕ ਸਿੰਘ ਵੇਈਂਪੂਈਂ, ਬਲਕਾਰ ਸਿੰਘ ਵਲਟੋਹਾ ਨੇ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ।

# ਉੱਘੇ ਵਿਦਵਾਨਾਂ ਦੀਆਂ 25 ਕਿਤਾਬਾਂ 'ਤੇ ਪਾਬੰਦੀ ਲਾਉਣਾ ਇਤਿਹਾਸ ਨੂੰ ਮਿਟਾਉਣ ਦਾ ਯਤਨ : ਜਮਹੂਰੀ ਫਰੰਟ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਲਿਖਤੀ ਪ੍ਰੈੱਸ ਬਿਆਨ ਜਾਰੀ ਕਰਕੇ ਯੂਏਪੀਏ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ. ਕੇ. ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਜੰਮੂ-ਕਸ਼ਮੀਰ ਪ੍ਰਸ਼ਾਸਨ ਵੱਲੋਂ 25 ਕਿਤਾਬਾਂ ਉਪਰ ਪਾਬੰਦੀ ਲਾ ਕੇ ਉਨ੍ਹਾਂ ਨੂੰ ਜ਼ਬਤ ਕਰਨ ਦੇ ਆਦੇਸ਼ ਦੇਣ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ।ਇਹ ਕਿਤਾਬਾਂ ਬੁੱਕਰ ਇਨਾਮ ਜੇਤੂ ਵਿਸ਼ਵ ਪ੍ਰਸਿੱਧ ਲੇਖਿਕਾ ਅਰੁੰਧਤੀ ਰਾਏ, ਤਾਰਿਕ ਅਲੀ, ਏ. ਜੀ. ਨੂਰਾਨੀ, ਅਨੁਰਾਧਾ ਭਸੀਨ, ਸੁਮਾਂਤਰਾ ਬੋਸ, ਕ੍ਰਿਸਟੋਫਰ ਸਨੇਡਨ, ਰਾਧਿਕਾ ਗੁਪਤਾ, ਸੀਮਾ ਕਾਜ਼ੀ, ਡਾ. ਅਬਦੁਲ ਜੱਬਰ ਗੋਕਖਾਨੀ ਵਰਗੇ ਉੱਘੇ ਲੇਖਕਾਂ, ਵਿਦਵਾਨਾਂ, ਸੰਪਾਦਕਾਂ ਅਤੇ ਇਤਿਹਾਸਕਾਰਾਂ ਦੀਆਂ ਲਿਖੀਆਂ ਹੋਈਆਂ ਹਨ।ਆਕਸਫੋਰਡ ਯੂਨੀਵਰਸਿਟੀ ਪ੍ਰੈੱਸ, ਰੂਟਲੇਜ, ਵਾਈਕਿੰਗ ਪੈਂਗੁਇਨ, ਹਾਰਪਰ ਕੌਲਿਨਜ਼, ਕੈਂਬਰਿਜ ਯੂਨੀਵਰਸਿਟੀ ਪ੍ਰੈੱਸ, ਪੈਨ ਮੈਕਮਿਲਨ ਇੰਡੀਆ ਵਰਗੇ ਅੰਤਰਰਾਸ਼ਟਰੀ ਪੱਧਰ ਦੇ ਮਿਆਰੀ ਪ੍ਰਕਾਸ਼ਨ ਸਮੂਹਾਂ ਵੱਲੋਂ ਪ੍ਰਕਾਸ਼ਿਕ ਕੀਤੀਆਂ ਡੂੰਘੀ ਖੋਜ ਅਤੇ ਇਤਿਹਾਸਕ ਤੱਥਾਂ 'ਤੇ ਆਧਾਰਤ ਇਨ੍ਹਾਂ ਕਿਤਾਬਾਂ ਨੂੰ ਝੂਠੇ ਬਿਰਤਾਂਤ ਅਤੇ ਵੱਖਵਾਦ ਨੂੰ ਪ੍ਰਚਾਰਨ ਵਾਲਾ 'ਗੁੰਮਰਾਹਕੁਨ' ਸਾਹਿਤ ਕਰਾਰ ਦੇ ਕੇ ਪਾਬੰਦੀ ਲਾਉਣਾ ਭਾਜਪਾ ਸਰਕਾਰ ਦੀ ਫਾਸ਼ੀਵਾਦੀ ਮਾਨਸਿਕਤਾ ਦਾ ਮੂੰਹ ਬੋਲਦਾ ਸਬੂਤ ਹੈ ਜੋ ਮਜ਼ਲੂਮ ਕਸ਼ਮੀਰੀ ਲੋਕਾਂ ਦੇ ਸਵੈ-ਨਿਰਣੇ ਦੇ ਜਮਹੂਰੀ ਹੱਕ ਨੂੰ ਫ਼ੌਜੀ ਤਾਕਤ ਦੇ ਜ਼ੋਰ ਕੁਚਲਣ ਦੀ ਨੀਤੀ ਦਾ ਹਿੱਸਾ ਹੈ।ਅੱਜ ਇਹ ਕਸ਼ਮੀਰੀਆਂ ਨਾਲ ਹੋਏ ਧੱਕੇ ਤੇ ਵਿਤਕਰੇ ਦੇ ਦਸਤਾਵੇਜ਼ੀ ਸਬੂਤਾਂ ਨੂੰ ਮਿਟਾਉਣ ਤੇ ਕਸ਼ਮੀਰੀ ਕੌਮ ਦੀਆਂ ਅਗਲੀਆਂ ਪੀੜ੍ਹੀਆਂ ਤੋਂ ਉਨ੍ਹਾਂ ਦਾ ਇਤਿਹਾਸ ਖੋਹਣ ਦਾ ਘਿਨਾਉਣਾ ਯਤਨ ਹੈ ਜਿਸ ਰਾਹੀਂ ਭਗਵਾ ਸਰਕਾਰ ਆਪਣੇ ਮਨਪਸੰਦ ਝੂਠੇ ਬਿਰਤਾਂਤ ਨੂੰ ਸਦੀਵੀ ਸੱਚ ਬਣਾਕੇ ਸਥਾਪਤ ਕਰਨ ਚਾਹੁੰਦੀ ਹੈ।ਦੁਨੀਆ ਦਾ ਇਤਿਹਾਸ ਗਵਾਹ ਹੈ ਕਿ ਕਿਸੇ ਵੀ ਜਾਬਰ ਹਕੂਮਤ ਨੇ ਅਜਿਹਾ ਕਰਕੇ ਲੋਕਾਂ ਨੂੰ ਫ਼ੌਜੀ ਪੁਲਿਸ ਦੇ ਜ਼ਬਰ-ਜ਼ੁਲਮ ਦੇ ਜ਼ੋਰ ਵਕਤੀ ਤੌਰ 'ਤੇ ਤਾਂ ਦਬਾਇਆ ਜਾ ਸਕਦਾ ਹੈ ਪਰ ਖ਼ਤਮ ਨਹੀਂ ਕੀਤਾ ਜਾ ਸਕਦਾ।ਜਮਹੂਰੀ ਫਰੰਟ ਸਭ ਇਨਸਾਫ਼ਪਸੰਦ ਤਾਕਤਾਂ ਦਾ ਸੱਦਾ ਦਿੰਦਾ ਹੈ ਕਿ ਇਸ ਇਤਿਹਾਸਕ ਸਚਾਈ ਉੱਪਰ ਮੋਹਰ ਲਾਉਂਦਾ ਹੈ।ਜਮਹੂਰੀ ਇਨਸਾਫ਼ਪਸੰਦ ਅਤੇ ਜਮਹੂਰੀ ਮੁੱਲਾਂ ਨੂੰ ਪ੍ਰਣਾਈਆਂ ਤਾਕਤਾਂ ਨੂੰ ਇਸ ਫਾਸ਼ੀਵਾਦੀ ਫਰਮਾਨ ਦਾ ਡੱਟ ਕੇ ਵਿਰੋਧ ਕਰਨਾ ਚਾਹੀਦਾ ਹੈ। ਫਰੰਟ ਦੇ ਆਗੂਆਂ ਨੇ ਮੰਗ ਕੀਤੀ ਕਿ ਜੰਮੂ-ਕਸ਼ਮੀਰ ਪ੍ਰਸ਼ਾਸਨ ਇਹ ਪਾਬੰਦੀ ਵਾਪਸ ਲਵੇ, ਵਿਚਾਰ ਪ੍ਰਗਟਾਵੇ ਦੇ ਹੱਕ ਉਪਰ ਹਮਲੇ ਬੰਦ ਕੀਤੇ ਜਾਣ ਅਤੇ ਕਸ਼ਮੀਰੀ ਲੋਕਾਂ ਦਾ ਸਵੈ-ਨਿਰਣੇ ਦਾ ਹੱਕ ਤਸਲੀਮ ਕਰਦੇ ਹੋਏ ਜੰਮੂ-ਕਸ਼ਮੀਰ ਦਾ ਵਿਸ਼ੇਸ਼ ਦਰਜਾ ਬਹਾਲ ਕੀਤਾ ਜਾਵੇ।

# ਕਾਹਨੂੰਵਾਨ ਰੋਡ 'ਤੇ ਸੀਵਰੇਜ ਦਾ ਗਟਰ ਬੰਦ ਹੋਣ ਕਾਰਨ ਮੰਦਾ ਹਾਲ

**ਬਟਾਲਾ (ਡਾ. ਮਲਵਿੰਦਰ ਸਿੰਘ)**- ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਵਿਆਹ ਨੇੜੇ ਆ ਗਿਆ ਹੈ ਪ੍ਰੰਤੂ ਕਾਹਨੂਵਾਨ ਰੋਡ ਤੇ ਬਣੀਆਂ ਸੀਵਰੇਜ ਹੌਦੀ ਗਟਰ ਬੰਦ ਹੋਣ ਕਾਰਨ ਮੰਦਾ ਹਾਲ ਹੈ।ਜਦ ਬਰਸਾਤ ਹੁੰਦੀ ਹੈ ਤਾਂ ਕਾਹਨੂੰਵਾਨ ਰੋਡ ਤੇ ਘਰਾਂ ਅੰਦਰ ਪਾਣੀ ਵੜ ਜਾਂਦਾ ਹੈ।ਸੀਵਰੇਜ ਬੋਰਡ ਦੇ ਜਿੰਮੇਵਾਰ ਕਰਮਚਾਰੀਆਂ ਦੇ ਨੋਟਿਸ ਵਿੱਚ ਪੱਤਰਕਾਰ ਵੱਲੋਂ ਲਿਆਂਦਾ ਗਿਆ।ਪ੍ਰੰਤੂ ਸੀਵਰੇਜ ਕਰਮਚਾਰੀ ਵੱਲੋਂ ਇਹ ਕਹਿ ਦਿੱਤਾ ਜਾਂਦਾ ਹੈ ਕਿ ਇਹ ਕੰਮ ਕਾਰਪੋਰੇਸ਼ਨ ਬਟਾਲਾ ਦਾ ਹੈ।ਹੌਦੀਆਂ ਦੇ ਕਵਰ ਬਦਲਣਾ ਆਮ ਆਦਮੀ ਪਾਰਟੀ ਦੇ ਦਫਤਰ ਵੱਲੋਂ ਵੀ ਕਰਮਚਾਰੀ ਦੇ ਧਿਆਨ ਵਿੱਚ ਲਿਆਂਦਾ ਗਿਆ ਤਾਂ ਅੱਗੋਂ ਜਵਾਬ ਮਿਲਦਾ ਹੈ, ਸਾਡੇ ਕੋਲ ਲੇਬਰ ਨਹੀਂ ਹੈ



ਅਤੇ ਨਾ ਹੀ ਅਸੀਂ ਹੌਦੀ ਉੱਚੀ ਕਰ ਸਕਦੇ ਹਾਂ ।ਬਾਬੇ ਦਾ ਵਿਆਹ ਨੇੜੇ ਆ ਰਿਹਾ ਹੈ। ਜੇ ਕੋਈ ਕਿਸੇ ਕਿਸਮ ਦਾ ਹਾਦਸਾ ਹੋ ਜਾਂਦਾ ਹੈ ਤਾਂ ਇਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ ।ਬਾਰਿਸ਼ ਪੈਂਦਿਆਂ ਹੀ ਪਾਣੀ ਇਕੱਠਾ ਹੋ ਜਾਂਦਾ ਹੈ। ਜਦੋਂ ਦੇ ਸੀਵਰੇਜ ਬਣੇ ਹਨ ਜਾਂ ਹੌਦੀਆਂ ਬਣੀਆਂ ਹਨ ਕਿਸੇ ਨੇ ਸਾਫ ਸਫਾਈ ਦਾ ਕੰਮ ਨਾ ਮਾਤਰ ਹੀ ਹੁੰਦਾ ਹੈ।ਜੇ ਕੋਈ ਜ਼ਿੰਮੇਵਾਰ ਅਫਸਰ ਵੇਖੇ ਤਾਂ ਰੋਡ ਤੇ ਭੰਗ ਬੂਟੀ ਹੀ ਉੱਗੀ ਦਿਸੇਗੀ।

# ਦੁਕਾਨਾਂ ਅੱਗੇ ਨਾਜਾਇਜ਼ ਰੇਹੜੀਆਂ ਲਗਾਉਣ ਵਾਲੇ ਰੇਹੜੀ ਮਾਲਕਾਂ ਖ਼ਿਲਾਫ਼ ਕਾਰਵਾਈ ਦੀ ਮੰਗ

**ਗੁਰਦਾਸਪੁਰ (ਜਨਕ ਮਹਾਜਨ)**- ਟਰੈਫਿਕ ਸਮੱਸਿਆ ਦਿਨ-ਬ-ਦਿਨ ਵਿਗੜਦੀ ਜਾ ਰਹੀ ਹੈ ਜਿਸ ਦਾ ਮੁੱਖ ਕਾਰਨ ਦੁਕਾਨਦਾਰਾਂ ਦੀ ਸਹਿਮਤੀ ਨਾਲ ਦੁਕਾਨਾਂ ਅੱਗੇ ਨਜਾਇਜ਼ ਰੇਹੜੀਆਂ ਲਗਾ ਕੇ ਫਾਸਟ ਫੂਡ, ਨਿਊਡਲ, ਸਬਜ਼ੀ, ਫ਼ਰੂਟ, ਕੱਪੜੇ ਤੇ ਹੋਰ ਕਈ ਤਰ੍ਹਾਂ ਦਾ ਸਾਮਾਨ ਵੇਚਿਆ ਜਾਣਾ ।ਗੁਰਦਾਸਪੁਰ ਸ਼ਹਿਰ ਅੰਦਰ ਥਾਂ-ਥਾਂ ਦੁਕਾਨਾਂ ਅੱਗੇ ਰੇਹੜੀਆਂ ਅਤੇ ਗੱਡੀਆਂ ਖੜੀਆਂ ਹੋਣ ਕਰਕੇ ਆਵਾਜਾਈ ਵਿੱਚ ਰੁਕਾਵਟਾਂ ਆਉਂਦੀਆਂ ਹਨ। ਦੁਕਾਨਦਾਰ ਪੈਸਿਆਂ ਦੇ ਲਾਲਚ ਵਿਚ ਦੁਕਾਨਾਂ ਅੱਗੇ ਰੇਹੜੀਆਂ ਲਗਵਾਉਂਦੇ ਹਨ। ਇਨ੍ਹਾਂ ਰੇਹੜੀ ਵਾਲਿਆਂ ਪਾਸੋਂ ਚਾਪਾਂ, ਨਿਊਡਲ ਆਦਿ ਖਰੀਦਣ ਅਤੇ ਖਾਣ ਵਾਲੇ ਇਨ੍ਹਾਂ ਰੇਹੜੀਆਂ ਮੋਹਰੇ ਹੀ ਆਪਣੀਆਂ ਕਾਰਾਂ ਜਾਂ ਮੋਟਰਸਾਈਕਲ/ਸਕੂਟਰ ਖੜੇ ਕਰਕੇ ਕਾਰਾਂ ਵਿਚ ਬੈਠ ਕੇ ਸਾਮਾਨ ਖ਼ਾਂਦੇ ਵੇਖੇ ਜਾਂਦੇ ਹਨ।ਜ਼ਿਕਰਯੋਗ ਹੈ ਕਿ ਪ੍ਰਸ਼ਾਸਨ ਵੱਲੋਂ ਸੁੱਕੇ ਤਲਾਅ 'ਤੇ ਗੱਡੀਆਂ ਪਾਰਕ ਕਰਨ ਲਈ ਜਗ੍ਹਾ ਬਣਾਈ ਗਈ ਹੈ ਪਰ ਫ਼ਿਰ ਵੀ ਲੋਕ ਆਪਣੀਆਂ ਗੱਡੀਆਂ ਬਿਨਾਂ ਕਿਸੇ ਡਰ ਦੇ ਸੜਕ 'ਤੇ ਖੜ੍ਹੀਆਂ ਕਰੀ ਰੱਖਦੇ ਹਨ।



ਦੂਸਰੇ ਪਾਸੇ ਨਗਰ ਕੌਂਸਲ ਵਾਲੇ ਜੇਕਰ ਕਿਸੇ ਦੁਕਾਨਦਾਰ ਦੀ ਰੇਹੜੀ ਫੜ ਕੇ ਕਮੇਟੀ ਘਰ ਲੈ ਕੇ ਜਾਂਦੇ ਤਾਂ ਉਹ ਕੁਝ ਦੇਰ ਬਾਅਦ ਹੀ ਵਾਪਸ ਲੈ ਆਉਂਦੇ ਹਨ।ਵਰਨਣਯੋਗ ਹੈ ਕਿ ਲਾਇਬ੍ਰੇਰੀ ਚੌਂਕ ਤੋਂ ਹਨੂੰਮਾਨ ਚੌਂਕ ਤੱਕ ਸ਼ਾਮ 7 ਵਜੇ ਦੇ ਕਰੀਬ ਕੁੱਝ ਚਾਰ ਪਹੀਆ ਵਾਹਨ ਵਾਲੀਆਂ ਗੱਡੀਆਂ ਤੇ ਕੁਲਫੀਆਂ ਵਾਲੇ ਸੜਕਾਂ 'ਤੇ ਖੜ੍ਹੇ ਹੋ ਜਾਂਦੇ ਹਨ ਜਿਸ ਨਾਲ ਇਨ੍ਹਾਂ ਪਾਸੋਂ ਕੁਲਫ਼ੀਆ ਖ਼ਰੀਦਣ ਵਾਲੇ ਤੇ ਖ਼ਾਣ ਵਾਲੇ ਸੜਕਾਂ 'ਤੇ ਖੜ੍ਹੇ ਹੋ ਕੇ ਸੜਕ ਦੀ ਜਗ੍ਹਾ ਘੇਰ ਲੈਂਦੇ ਹਨ। ਲੋਕਾਂ ਦੀ ਮੰਗ ਹੈ ਕਿ ਟਰੈਫ਼ਿਕ ਦੀ ਸਮੱਸਿਆ ਨੂੰ ਮੁੱਖ ਰਖਦੇ ਹੋਏ ਸੜਕਾਂ 'ਤੇ ਰੇਹੜੀਆਂ ਅਤੇ ਕੁਲਫੀਆਂ ਵੇਚਣ ਵਾਲੀਆਂ ਗੱਡੀਆਂ ਦੇ ਮਾਲਕਾਂ ਖ਼ਿਲਾਫ਼ ਸਖਤ ਕਾਰਵਾਈ ਕੀਤੀ ਜਾਵੇ ਤਾਂ ਜੋ ਲੋਕਾਂ ਨੂੰ ਲੰਘਣ ਸਮੇਂ ਕੋਈ ਮੁਸ਼ਕਿਲ ਪੇਸ਼ ਨਾ ਆਵੇ।



## ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਭਰੋਵਾਲ ਵਿਖੇ ਕਰਵਾਇਆ ਤੀਜ ਸਮਾਰੋਹ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਭਰੋਵਾਲ ਵਿਖੇ ਤੀਜ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਉਤਸ਼ਾਹ, ਪਰੰਪਰਾ ਅਤੇ ਸੱਭਿਆਚਾਰਕ ਵਾਤਾਵਰਨ ਵੇਖਣ ਨੂੰ ਮਿਲੀਆਂ। ਵਿਦਿਆਰਥੀਆਂ ਨੇ ਰੰਗੀਨ, ਰਵਾਇਤੀ ਪਹਿਰਾਵੇ ਵਿੱਚ ਸਜੇ ਹੋਏ, ਇੱਕ ਤਿਉਹਾਰੀ ਮਾਹੌਲ ਸਿਰਜਿਆ।ਨਰਸਰੀ ਤੋਂ ਬਾਰ੍ਹਵੀਂ ਜਮਾਤ ਦੀਆਂ ਕੁੜੀਆਂ ਨੇ ਆਪਣੀਆਂ ਸ਼ਾਨਦਾਰ ਸੱਭਿਆਚਾਰਕ ਪੇਸ਼ਕਾਰੀਆਂ ਨਾਲ ਦਰਸ਼ਕਾਂ ਨੂੰ ਮੋਹਿਤ ਕੀਤਾ, ਜੋ ਊਰਜਾਵਾਨ ਭੰਗੜਾ ਅਤੇ ਸ਼ਾਨਦਾਰ ਗਿੱਧਾ ਪ੍ਰਦਰਸ਼ਨਾਂ ਰਾਹੀਂ ਪੰਜਾਬੀ ਵਿਰਾਸਤ ਦੀ ਅਮੀਰੀ ਨੂੰ ਦਰਸਾਉਂਦੀਆਂ ਸਨ। ਇਸ ਪ੍ਰੋਗਰਾਮ ਦਾ ਮੁੱਖ ਆਕਰਸ਼ਣ ਮਿਸ ਤੀਜ 2025 ਮੁਕਾਬਲਾ ਸੀ। ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਗੁਰਲੀਨ ਕੌਰ, ਜੂਨੀਅਰ ਮਿਸ ਤੀਜ ਮਹਿਕਪ੍ਰੀਤ ਕੌਰ ਅਤੇ ਜਪਜਨੰਤ ਕੌਰ ਨੂੰ ਮਿਸ ਤੀਜ 2025 ਦਾ ਤਾਜ ਪਹਿਨਾਇਆ ਗਿਆ, ਜਦੋਂ ਕਿ ਸਰਵੋਤਮ ਮਹਿੰਦੀ ਪ੍ਰਦਰਸ਼ਨਕਾਰੀ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ।ਵਿਦਿਆਰਥੀਆਂ ਨੇ ਮਹਿੰਦੀ ਲਗਾਉਣ ਅਤੇ ਰਵਾਇਤੀ ਚੂੜੀਆਂ ਪਹਿਨਣ ਦਾ ਵੀ ਆਨੰਦ ਮਾਣਿਆ।ਤਜਿੰਦਰ ਸਿੰਘ ਮੈਨੇਜਮੈਂਟ ਡਾਇਰੈਕਟਰ, ਪ੍ਰੈਜ਼ੀਡੈਂਟ ਮੈਡਮ ਸੁਖਵਿੰਦਰ ਕੌਰ , ਸੈਕਟਰੀ. ਬਨਵੀਰ ਸਿੰਘ, ਮੈਡਮ ਰਮਨਦੀਪ ਕੌਰ, ਮੈਡਮ ਸੰਗੀਤ ਕੌਰ, ਪ੍ਰਿੰ. ਮੈਡਮ ਨਵਜੋਤੀ ਅਤੇ ਆਏ ਹੋਏ ਮਹਿਮਾਨਾਂ ਨੇ ਭਾਗੀਦਾਰਾਂ ਦੀ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਪ੍ਰਸ਼ੰਸਾ ਕੀਤੀ।ਪ੍ਰਿੰ. ਨਵਜੋਤੀ ਸ਼ਰਮਾ ਨੇ ਤੀਜ ਦੇ ਸੱਭਿਆਚਾਰਕ ਮਹੱਤਵ ਤੇ ਗੱਲ ਕੀਤੀ।

# ਸੀਆਈਐੱਸਸੀਈ ਖੇਤਰੀ ਸ਼ਤਰੰਜ ਮੁਕਾਬਲੇ 'ਚ ਬੱਚਿਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ੍ਰੀ ਗੁਰੂ ਹਰਿਕ੍ਰਿਸ਼ਨ ਸੀ. ਕੇ. ਡੀ. ਸਕੂਲ ਆਫ਼ ਐਕਸੀਲੈਂਸ ਵਿਖੇ ਸੀਆਈਐੱਸਸੀਈ ਖੇਤਰੀ ਸ਼ਤਰੰਜ



ਮੁਕਾਬਲਾ 2025 ਸਫ਼ਲਤਾਪੂਰਵਕ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਦਿੱਲੀ, ਹਰਿਆਣਾ, ਗੁਰਦਾਸਪੁਰ, ਚੰਡੀਗੜ੍ਹ, ਮੁਕਤਸਰ, ਜਲੰਧਰ ਅਤੇ ਮਲੋਟ ਤੋਂ ਆਏ ਅੰਡਰ-14, ਅੰਡਰ-17 ਅਤੇ ਅੰਡਰ-19 ਸ਼੍ਰੇਣੀਆਂ ਦੇ 11 ਜ਼ੋਨਾਂ ਦੇ ਕੁੱਲ 233 ਲੜਕੇ ਅਤੇ ਲੜਕੀਆਂ ਨੇ ਹਿੱਸਾ ਲਿਆ। ਇਸ ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਗਾਇਨ ਅਤੇ ਸਵਾਗਤੀ ਗੀਤ ਨਾਲ ਕੀਤੀ ਗਈ। ਉਦਘਾਟਨ ਸਮੇਂ ਪ੍ਰਿੰ. ਹਰਕਮਲਪ੍ਰੀਤ ਕੌਰ ਕਾਲਰਾ ਵੱਲੋਂ ਸਭ ਦਾ ਸਵਾਗਤ ਕੀਤਾ ਗਿਆ। ਲੜਕੀਆਂ ਦੀਆਂ ਟੀਮਾਂ ਵਿੱਚੋਂ ਅੰਮ੍ਰਿਤਸਰ, ਚੰਡੀਗੜ੍ਹ, ਮੁਕਤਸਰ ਨੇ ਵੱਖ-ਵੱਖ ਵਰਗਾਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਲੜਕਿਆਂ ਦੀਆਂ ਟੀਮਾਂ ਵਿੱਚੋਂ ਦਿੱਲੀ, ਚੰਡੀਗੜ੍ਹ, ਅੰਮ੍ਰਿਤਸਰ ਨੇ ਵੱਖ-ਵੱਖ ਵਰਗਾਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਸਮਾਪਤੀ ਸਮਾਰੋਹ ਵਿੱਚ ਜੇਤੂਆਂ ਨੂੰ ਟਰਾਫ਼ੀਆਂ ਅਤੇ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਮੈਂਬਰ ਇੰਚਾਰਜ ਸ. ਸਰਜੋਤ ਸਿੰਘ ਸਾਹਨੀ, ਹਰਜੀਤ ਸਿੰਘ, ਪ੍ਰਿਤਪਾਲ ਸਿੰਘ ਨਰੂਲਾ ਅਤੇ ਹੰਸਬੀਰ ਸਿੰਘ ਹਾਜ਼ਰ ਸਨ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਦਾ ਉਦੇਸ਼ ਬੌਧਿਕ ਵਿਕਾਸ ਅਤੇ ਖੇਡ ਭਾਵਨਾ ਨੂੰ ਉਤਸ਼ਾਹਿਤ ਕਰਨਾ ਹੈ। ਮੁਕਾਬਲਾ ਬਹੁਤ ਸ਼ਾਨਦਾਰ ਸੀ, ਜਿਸ ਨੇ ਅੰਤਰ-ਸਕੂਲ ਸਹਿਯੋਗ ਅਤੇ ਪ੍ਰਤਿਭਾ ਦੀ ਪਛਾਣ ਨੂੰ ਮਜ਼ਬੂਤ ਕੀਤਾ। ਅੰਤ ਵਿੱਚ ਪ੍ਰਿੰ. ਹਰਕਮਲਪ੍ਰੀਤ ਕੌਰ ਨੇ ਸਭਨਾਂ ਦਾ ਧੰਨਵਾਦ ਕੀਤਾ।

# ਹਲਕਾ ਰਾਜਾ ਸਾਂਸੀ 'ਚ ਵਿਕਾਸ ਕਾਰਜ ਪੂਰੀ ਤਰ੍ਹਾਂ ਠੱਪ

**● ਲੋਕ ਸਰਕਾਰੀਆ ਵੱਲੋਂ ਕਰਵਾਏ ਵਿਕਾਸ ਨੂੰ ਅੱਜ ਵੀ ਕਰਦੇ ਹਨ ਯਾਦ : ਕੱਕੜ**

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਸਮੇਂ ਵਿਧਾਨ ਸਭਾ ਹਲਕਾ ਰਾਜਾ ਸਾਂਸੀ ਵਿੱਚ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਨੇ ਹਲਕਾ ਰਾਜਾ ਸਾਂਸੀ ਵਿੱਚ ਬੜੀ ਵੱਡੀ ਪੱਧਰ ਤੇ ਬਿਨਾਂ ਕਿਸੇ ਵਿਤਕਰੇ ਦੇ ਵਿਕਾਸ ਕਰਵਾਇਆ, ਉਨ੍ਹਾਂ ਪਿੰਡਾਂ ਨੂੰ ਨਮੂਨੇ ਦੇ ਪਿੰਡ ਬਣਾਇਆ, ਪਿੰਡ ਪਿੰਡ ਖੇਡ ਸਟੇਡੀਅਮ ਬਣਵਾਏ, ਛੱਪੜਾਂ ਨੂੰ ਪੱਕਿਆਂ ਕਰਵਾਇਆ, ਕਿਸਾਨਾਂ ਦੇ ਖੇਤਾਂ ਤੱਕ ਨਿਰਵਿਘਨ ਪਾਣੀ ਪਾਹੁੰਚਾਇਆ ਇਸ ਲਈ ਸੂਏ ਪੱਕੇ ਕਰਵਾਏ।ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸ੍ਰੀ ਸੁਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਕੋਹਾਲੀ ਦੇ ਸਰਪੰਚ ਲਖਬੀਰ ਸਿੰਘ ਕੋਹਾਲੀ ਦੇ ਗ੍ਰਹਿ ਵਿਖੇ ਉਨ੍ਹਾਂ ਦਾ ਹਾਲ ਚਾਲ ਪੁੱਛਦਿਆਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਸ੍ਰੀ ਸਰਕਾਰੀਆ ਨੇ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਉਤਸ਼ਾਹ ਵਧਾਉਣ ਲਈ ਹਰ ਸਾਲ ਸ਼ਹੀਦ ਭਾਈ ਮੇਵਾ ਸਿੰਘ ਸਟੇਡੀਅਮ ਲੋਪੋਕੇ ਵਿਖੇ ਸਟੇਡੀਅਮ ਦੀ ਨੁਹਾਰ ਬਦਲ ਕੇ ਖੇਡਾਂ ਕਰਵਾਉਣ ਦੇ ਨਾਲ ਨਾਲ ਪਿੰਡਾਂ ਵਿੱਚ ਗਲੀਆਂ ਨਾਲੀਆਂ ਪੱਕੀਆਂ ਕਰਵਾਈਆਂ। ਉਨ੍ਹਾਂ ਵੱਲੋਂ ਹਲਕੇ ਵਿੱਚ ਸੜਕਾਂ ਦਾ ਤਾਂ ਜਾਲ ਹੀ ਵਿਛਾ ਦਿੱਤਾ, ਏਥੋਂ ਤੱਕ ਕਿ ਹਰ ਬਹਿਕ ਨੂੰ ਜਾਂਦੀ ਸੜਕ ਪੱਕੀ ਕਰਵਾਈ।ਲੋਪੋਕੇ ਨੂੰ ਸਬ ਤਹਿਸੀਲ ਤੋਂ ਤਹਿਸੀਲ ਬਣਾਇਆ। ਹਲਕਾ ਰਾਜਾ ਸਾਂਸੀ ਵਿੱਚ ਵਿਕਾਸ ਦੀ ਹਨੇਰੀ ਲਿਆਉਣ ਕਾਰਨ ਹਲਕਾ ਰਾਜਾ ਸਾਂਸੀ ਦੀ ਜਨਤਾ ਸਰਕਾਰੀਆ ਨੂੰ ਵਿਕਾਸ ਪੁਰਸ਼ ਦੇ ਨਾਮ ਨਾਲ ਜਾਣੀ ਜਾਣਨ ਲੱਗ ਪਈ।ਕੱਕੜ ਨੇ ਕਿਹਾ ਕਿ ਆਮ ਆਦਮੀ ਦੀ ਸਰਕਾਰ ਸਮੇਂ ਹਲਕਾ ਰਾਜਾ ਸਾਂਸੀ ਵਿੱਚ ਅੱਜ ਤੱਕ ਵਿਕਾਸ ਕਾਰਜ ਪੂਰੀ ਤਰ੍ਹਾਂ ਠੱਪ ਹਨ।ਪਿੰਡਾਂ ਵਿੱਚ ਗਲੀਆਂ ਨਾਲੀਆਂ ਦਾ ਬੁਰਾ ਹਾਲ ਹੈ, ਸਰਕਾਰੀਆ ਵੱਲੋਂ ਬਣਾਈਆਂ ਗਈਆਂ ਸੜਕਾਂ ਤੇ ਆਪ ਦੀ ਸਰਕਾਰ ਨੇ ਲੁੱਕ ਤੱਕ ਨਹੀਂ ਪਵਾਈ। ਚੋਗਾਵਾਂ ਵਿਖੇ ਵੀ ਥੋੜੀ ਜਿਹੀ ਬਾਰਸ਼ ਹੋਣ ਨਾਲ ਬਜ਼ਾਰ ਵਿੱਚੋਂ ਨਿਕਲਣਾਂ ਮੁਸ਼ਕਿਲ ਹੋ ਜਾਂਦਾ ਹੈ ਜਿਸ ਕਾਰਨ ਲੋਕ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਵੱਲੋਂ ਕਾਂਗਰਸ ਸਰਕਾਰ ਸਮੇਂ ਕਰਵਾਏ ਗਏ ਵਿਕਾਸ ਨੂੰ ਯਾਦ ਕਰ ਰਹੇ ਹਨ ਅਤੇ ਬੜੀ ਬੇਸਬਰੀ ਨਾਲ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਅਤੇ ਵਿਧਾਇਕ ਸਰਕਾਰੀਆ ਨੂੰ ਦੁਬਾਰਾ ਜਿਤਾ ਕੇ ਕਾਂਗਰਸ ਸਰਕਾਰ ਵਿਚ ਮੰਤਰੀ ਬਣਿਆਂ ਵੇਖਣ ਲਈ ਉਤਾਵਲੇ ਹਨ।ਇਸ ਮੌਕੇ ਉਨ੍ਹਾਂ ਨਾਲ ਬਲਵਿੰਦਰ ਸਿੰਘ ਕੋਹਾਲੀ, ਡਾ: ਰਿੰਕੂ ਕੋਹਾਲੀ, ਕੁਲਦੀਪ ਸਿੰਘ ਔਲਖ ਚੋਗਾਵਾਂ, ਨਿਰਵੈਲ ਸਿੰਘ ਚੋਗਾਵਾਂ, ਗੁਰਮੀਤ ਸਿੰਘ ਡਾਲਾ, ਸੋਨਾ ਸਿੱਧੂ ਬਲੱਗਣ, ਸ਼ੇਰ ਸਿੰਘ ਚੈਨਪੁਰ, ਸਾਹਬੀ ਚੈਨਪੁਰ, ਸੁਖਬੀਰ ਸਿੰਘ ਸ਼ਾਹ ਭਿੱਟੇਵੱਡ, ਲਖਵਿੰਦਰ ਸਿੰਘ ਭਿੱਟੇਵੱਡ, ਬਲਜਿੰਦਰ ਸਿੰਘ ਧਾਰੀਵਾਲ, ਸੁਖਦੇਵ ਸਿੰਘ ਨੱਥੂਪੁਰ, ਸੂਬਾ ਸਿੰਘ ਹੇਤਮਪੁਰਾ, ਸੂਬਾ ਸਿੰਘ ਪੰਜੂਰਾਏ, ਗੁਰਪ੍ਰੀਤ ਸਿੰਘ ਪੰਜੂ ਰਾਏ, ਸ਼ਮਸ਼ੇਰ ਸਿੰਘ ਸਾਰੰਗੜਾ, ਰੇਸ਼ਮ ਸਿੰਘ ਬੱਚੀਵਿੰਡ, ਗੁਰਜੰਟ ਸਿੰਘ ਮੁੱਧ ਆਦਿ ਹਾਜ਼ਰ ਸਨ।



# ਰੱਖੜੀ 'ਤੇ ਭੈਣਾਂ ਨੇ ਭਰਾਵਾਂ ਲਈ ਖਰੀਦਾਰੀ ਦੇ ਸਾਰੇ ਰਿਕਾਰਡ ਤੋੜੇ

**ਅੰਮ੍ਰਿਤਸਰ (ਅਰੋੜਾ)**: ਰੱਖੜੀ ਦੇ ਪਵਿੱਤਰ ਤਿਉਹਾਰ ਦੇ ਮੌਕੇ ਇਸ ਸਾਲ ਭੈਣਾਂ ਨੇ ਆਪਣੇ ਭਰਾਵਾਂ ਦੀ ਲੰਬੀ ਉਮਰ ਅਤੇ ਉਨ੍ਹਾਂ ਨੂੰ ਰੱਖੜੀ ਤੇ ਦਿੱਤੇ ਜਾਣ ਵਾਲੇ ਤੋਹਫ਼ਿਆਂ ਦੇ ਮੌਕੇ ਖਰੀਦਾਰੀ ਦੇ ਸਾਰੇ ਰਿਕਾਰਡ ਤੋੜੇ।ਮਿਠਾਈਆਂ ਤੋਂ ਵੀ ਜ਼ਿਆਦਾ ਵਿਕਰੀ ਡ੍ਰਾਈ ਫਰੂਟ, ਚੰਗੀ ਕੁਆਲਟੀ ਦੇ ਬਿਸਕੁਟ, ਨਮਕੀਨ ਦੇ ਗਿਫ਼ਟ ਪੈਕ ਅਤੇ ਭਰਾਵਾਂ ਦੇ ਬੱਚਿਆਂ ਲਈ ਕਈ ਤਰ੍ਹਾਂ ਦੇ ਤੋਹਫ਼ੇ ਵਿਕਦੇ ਦਿਖਾਈ ਦਿੱਤੇ।ਬਦਲਦੇ ਯੁੱਗ ਦੇ ਚੱਲਦੇ ਹੁਣ ਖਰੀਦਾਰੀ ਕਰਨ ਵਾਲਿਆਂ ਦੀ ਸੋਚ ਵੀ ਬਦਲਦੀ ਦਿਖਾਈ ਦੇ ਰਹੀ ਹੈ।ਹੁਣ ਤਾਂ ਭੈਣਾਂ ਆਪਣੇ ਭਰਾਵਾਂ ਦੇ ਲਈ ਆਪਣੀ ਹੈਸੀਅਤ ਦੇ ਅਨੁਸਾਰ ਸੋਨੇ/ਚਾਂਦੀ ਦੀਆਂ ਰੱਖੜੀਆਂ ਵੀ ਖਰੀਦਣ ਲੱਗੀਆਂ ਹਨ।ਭਰਾ ਵੀ ਆਪਣੀਆਂ ਭੈਣਾਂ ਦੀ ਸੁਰੱਖਿਆ ਅਤੇ ਉਨ੍ਹਾਂ ਦੀਆਂ ਖੁਸ਼ੀਆਂ ਦੇ ਲਈ ਉਨ੍ਹਾਂ ਨੂੰ ਜ਼ਿਆਦਾ ਤੋਂ ਜ਼ਿਆਦਾ ਪਿਆਰ ਦੇ ਨਾਲ-ਨਾਲ ਨਗਦ ਰਾਸ਼ੀ ਦੇਣ ਲੱਗੇ ਹਨ।ਕੁੱਲ ਮਿਲਾ ਕੇ ਰੱਖੜੀ ਦਾ ਤਿਉਹਾਰ ਸਾਰਿਆਂ ਦੇ ਲਈ ਮੰਗਲ ਮਈ ਸਿੱਧ ਹੋ ਰਿਹਾ ਹੈ।ਇਸ ਸੰਬੰਧ ਵਿੱਚ ਕੁੱਝ ਦੁਕਾਨਦਾਰਾਂ ਨੇ ਦੱਸਿਆ ਕਿ ਹੁਣ ਪੜ੍ਹੇ ਲਿਖੇ ਲੋਕ ਚੰਗੀਆਂ ਦੁਕਾਨਾਂ ਤੋਂ ਹੀ ਖਰੀਦਾਰੀ ਕਰਨੀ ਪਸੰਦ ਕਰਦੇ ਹਨ।ਲੋਕ ਚੰਗੀ ਕੁਆਲਟੀ ਨੂੰ ਪਹਿਚਾਨਣ



ਲੱਗੇ ਹਨ। ਇਸ ਸੰਬੰਧ ਵਿੱਚ ਕੁੱਝ ਦੁਕਾਨਦਾਰਾਂ ਜਿਨ੍ਹਾਂ ਵਿੱਚ ਰਾਜਬੀਰ, ਰਾਜ ਪੁਰੋਹਿਤ, ਚੈਨ ਸਿੰਘ, ਭਗੀਰਥ, ਦੇਵ ਪ੍ਰਤਾਪ, ਅਨਿਲ ਸ਼ਰਮਾ, ਜੇਠੂ ਸਿੰਘ, ਸ਼ਿਵਮ ਆਦਿ ਨੇ ਦੱਸਿਆ ਕਿ ਇਸ ਵਾਰ ਰੱਖੜੀ ਦਾ ਤਿਉਹਾਰ 'ਤੇ ਮਿਠਾਈਆਂ ਦੇ ਨਾਲ-ਨਾਲ ਹੋਰ ਸਾਮਾਨ ਦੀ ਵਿਕਰੀ ਵੀ ਖੂਬ ਹੋ ਰਹੀ ਹੈ।ਪਰਮਾਤਮਾ ਦੀ ਕ੍ਰਿਪਾ ਨਾਲ ਸਾਰੇ ਦੁਕਾਨਦਾਰਾਂ ਦੇ ਲਈ ਇਹ ਤਿਉਹਾਰ ਲਾਭਦਾਇਕ ਸਿੱਧ ਹੋਇਆ।

# 4 ਏਕੜ ਜ਼ਮੀਨ 'ਤੇ ਕੀਤਾ ਨਾਜਾਇਜ਼ ਕਬਜ਼ਾ ਛੁਡਵਾਇਆ

**ਬਟਾਲਾ (ਡਾ. ਮਲਵਿੰਦਰ ਸਿੰਘ)**- ਵਿਕਰਮਜੀਤ ਸਿੰਘ ਪਾਂਥੇ ਐੱਸਡੀਐੱਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਕੋਟਲਾ ਨਵਾਬ ਅਬਾਦੀ ਦੂੰਬੀਵਾਲ ਦੇ ਨਜ਼ਦੀਕ ਲਗਭਗ 4 ਏਕੜ ਜ਼ਮੀਨ 'ਤੇ ਤਕਰੀਬਨ 23 ਸਾਲਾਂ ਤੋਂ ਕੁਝ ਲੋਕਾਂ ਵੱਲੋਂ ਕੀਤੇ ਗਏ ਨਾਜਾਇਜ਼ ਕਬਜ਼ੇ ਨੂੰ ਨਗਰ ਨਿਗਮ, ਬਟਾਲਾ ਵੱਲੋਂ ਪੂਰੀ ਪ੍ਰਕਿਰਿਆ ਨੂੰ ਮੁਕੰਮਲ ਕਰਦੇ ਹੋਏ ਛੁਡਾਇਆ ਗਿਆ ਅਤੇ ਕਾਨੂੰਨੀ ਤੌਰ 'ਤੇ ਨਗਰ ਨਿਗਮ, ਬਟਾਲਾ ਵਲੋਂ ਕਬਜ਼ਾ ਲਿਆ ਗਿਆ। ਇਸ ਮੌਕੇ ਨਾਇਬ ਤਹਿਸਲੀਦਾਰ ਨਿਤਿਨ ਸਹੋਤਾ ਵੀ ਮੌਜੂਦ ਸਨ। ਕਮਿਸ਼ਨਰ ਨਗਰ ਨਿਗਮ, ਬਟਾਲਾ ਵੱਲੋ ਦੱਸਿਆ ਗਿਆ ਕਿ ਨਾਜਾਇਜ਼ ਕੀਤੇ ਗਏ ਕਬਜ਼ਾਧਾਰੀਆਂ ਨਾਲਮੀਟਿੰਗ /ਕਾਉਂਸਲਿੰਗ ਕੀਤੀ ਗਈ ਜਿਸ



ਕਰਕੇ ਇਨ੍ਹਾਂ ਕਬਜ਼ਾਧਾਰੀਆਂ ਉਪਰ ਬਿਨ੍ਹਾਂ ਕੋਈ ਕਾਨੂੰਨੀ ਕਾਰਵਾਈ ਕਰਦੇ ਹੋਏ ਕਬਜ਼ਾਧਾਰੀਆਂ ਵੱਲੋਂ ਵਲੰਟੀਅਰ ਬਣ ਕੇ ਖੁਦ ਹੀ ਕਬਜ਼ੇ ਛੱਡ ਦਿੱਤੇ ਗਏ। ਇਸ ਉਪਰੰਤ ਬਿਨ੍ਹਾਂ ਫੋਰਸ ਦੀ ਵਰਤੋਂ ਕੀਤੇ ਕਬਜ਼ਾ ਵਾਪਸ ਲਿਆ ਗਿਆ। ਨਗਰ ਨਿਗਮ ਦੀ ਟੀਮ ਸਤਨਾਮ ਸਿੰਘ, ਕਾਨੂੰਗੋ ਅਤੇ ਬਿਲਡਿੰਗ ਬ੍ਰਾਂਚ ਦੇ ਅਧਿਕਾਰੀਆਂ ਕੁਲਵੰਤ ਸਿੰਘ, ਏਟੀਪੀ ਮਨਿੰਦਰ ਕੌਰ, ਬਿਲਡਿੰਗ ਇੰਸਪੈਕਟਰ, ਗੁਰਮੁੱਖ ਸਿੰਘ, ਡਰਾਫਟਮੈਨ ਅਤੇ ਪ੍ਰਦੀਪ ਕੁਮਾਰ ਵੱਲੋ ਕਬਜ਼ਾ ਲੈਣ ਦੀ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਗਿਆ। ਕਮਿਸ਼ਨਰ ਨਗਰ ਨਿਗਮ, ਬਟਾਲਾ ਵੱਲੋਂ ਬਾਕੀ ਕੁਝ ਹੋਰ ਨਾਜਾਇਜ਼ ਕਬਜ਼ਾਧਾਰੀਆਂ ਨੂੰ ਅਪੀਲ ਕੀਤੀ ਕਿ ਉਹ ਨਗਰ ਨਿਗਮ, ਬਟਾਲਾ ਦੀਆਂ ਜ਼ਮੀਨਾਂ ਉਪਰ ਜੋ ਨਾਜਾਇਜ਼ ਕਬਜ਼ੇ ਕੀਤੇ ਗਏ ਹਨ ਉਨ੍ਹਾਂ ਨੂੰ ਵਲੰਟੀਅਰ ਬਣ ਕੇ ਕਬਜ਼ੇ ਛੱਡ ਦਿੱਤੇ ਜਾਣ ਨਹੀਂ ਤਾਂ ਉਨ੍ਹਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਆਰੰਭੀ ਜਾਵੇਗੀ।

# ਕੱਥੂਨੰਗਲ ਰੈਲੀ ਮੌਕੇ ਵੱਡੀ ਗਿਣਤੀ 'ਚ ਪੰਚਾਂ-ਸਰਪੰਚਾਂ ਵੱਲੋਂ ਆਮ ਆਦਮੀ ਪਾਰਟੀ 'ਚ ਸ਼ਮੂਲੀਅਤ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਵਿਧਾਨ ਸਭਾ ਹਲਕਾ ਮਜੀਠਾ ਦੇ ਇਤਿਹਾਸਿਕ ਪਿੰਡ ਕੱਥੂਨੰਗਲ ਵਿਖੇ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਪੰਜਾਬ ਪ੍ਰਧਾਨ ਅਮਨ ਅਰੋੜਾ ਦੀ ਰਹਿਨੁਮਾਈ ਹੇਠ ਇਕ ਵਿਸ਼ਾਲ ਰੈਲੀ ਕੀਤੀ ਗਈ ਜਿਸ ਵਿਚ ਹਲਕਾ ਮਜੀਠਾ ਤੋ ਅਕਾਲੀ ਦਲ ਤੇ ਕਾਂਗਰਸ ਦੀਆਂ ਪੰਚਾਇਤਾਂ ਸਮੇਤ ਸਰਪੰਚ, ਸਾਬਕਾ ਸਰਪੰਚਾਂ ਤੇ ਮੋਹਤਬਰਾਂ ਨੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਕੇ ਆਪਣਾ ਨਵਾਂ ਸਿਆਸੀ ਸਫਰ ਸ਼ੁਰੂ ਕੀਤਾ। ਰੈਲੀ ਦੌਰਾਨ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਅਮਨ ਅਰੋੜਾ ਨੇ ਕਿਹਾ ਕਿ ਕਾਂਗਰਸ ਤੇ ਅਕਾਲੀ ਦਲ ਨੇ ਹਮੇਸ਼ਾ ਭਾਈ ਭਤੀਜਾਵਾਦ ਪਾਲਿਆ ਅਤੇ ਪਾਣੀ ਦੇ ਮੁੱਦਿਆਂ ਤੇ ਆਪਣੀ ਦੋਗਲੀ ਨੀਤੀ ਨਾਲ ਸੂਬੇ ਦੇ ਲੋਕਾਂ ਨੂੰ ਗੁੰਮਰਾਹ ਕੀਤਾ।ਉਨ੍ਹਾਂ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਕੀਤੀ ਜਾ ਰਹੀ ਸਖਤ ਮਿਹਨਤ ਦੀ ਸ਼ਲਾਘਾ ਕੀਤੀ। ਉਨ੍ਹਾਂ ਤਲਬੀਰ ਗਿੱਲ ਦੇ ਹਲਕਾ ਮਜੀਠਾ ਤੋਂ ਮੁੜ ਸਿਆਸੀ ਸਫਰ ਦਾ ਜ਼ਿਕਰ ਕਰਦਿਆਂ ਕਿਹਾ ਕਿ ਹਲਕਾ ਇੰਚਾਰਜ ਲੱਗਣ ਉਪਰੰਤ ਜਿਸ ਸਰਗਰਮੀ ਨਾਲ ਉਨ੍ਹਾਂ ਸ਼ੁਰੂਆਤ ਕੀਤੀ ਉਸ ਨਾਲ ਅਕਾਲੀ ਦਲ ਅਤੇ ਕਾਂਗਰਸ ਦੇ ਸਰਪੰਚ ਅਤੇ ਸਾਬਕਾ ਸਰਪੰਚ ਆਪ 'ਚ ਸ਼ਾਮਲ ਹੋ ਗਏ ਜਿਸ ਤੋਂ ਉਨ੍ਹਾਂ ਦੀ ਕੰਮ ਕਰਵਾਉਣ ਦੀ ਕਾਰਜਸ਼ੈਲੀ ਅਤੇ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਵਿਚਰਨ ਦੀ ਕਲਾ ਦਾ ਪਤਾ ਲੱਗਦਾ ਹੈ। ਇਸ ਮੌਕੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੇ ਆਪ 'ਚ ਸ਼ਾਮਲ ਹੋਣ ਵਾਲਿਆਂ ਵਿਚ ਸਰਪੰਚ ਜਤਿੰਦਰ ਸਿੰਘ ਤਲਵੰਡੀ ਦੌਸੰਧਾ ਸਿੰਘ, ਸਰਪੰਚ



ਕੁਲਵੰਤ ਕੌਰ ਦੁਧਾਲਾ, ਸਰਪੰਚ ਹਰਜਿੰਦਰ ਸਿੰਘ ਰੂਪੋਵਾਲੀ ਖੁਰਦ, ਸਾਬਕਾ ਸਰਪੰਚ ਪ੍ਰੇਮ ਸਿੰਘ ਸੋਨੀ ਕੱਥੂਨੰਗਲ, ਸਰਪੰਚ ਸਵਿੰਦਰ ਸਿੰਘ ਸਿੰਦਾ ਚਾਟੀਵਿੰਡ, ਸਰਪੰਚ ਰਵਿੰਦਰਪਾਲ ਸਿੰਘ ਗਿੱਲ ਹਦਾਇਤਪੁਰਾ, ਸਰਪੰਚ ਅਮਨਦੀਪ ਸਿੰਘ ਕੋਟਲਾ ਖੁਰਦ, ਸਰਪੰਚ ਜਸਪਾਲ ਪਤਾਲਪੁਰੀ, ਸਰਪੰਚ ਜਸਪਾਲ ਸਿੰਘ ਬੱਠੂਚੱਕ, ਸਰਪੰਚ ਗੁਰਨੂਪ ਸਿੰਘ ਪੰਧੇਰ ਖੁਰਦ, ਸਰਪੰਚ ਨੱਥਾ ਸਿੰਘ ਪੰਨਵਾ, ਸਰਪੰਚ ਰਜਵਿੰਦਰ ਕੌਰ ਸਹਿਣੇਵਾਲੀ, ਸਰਪੰਚ ਧਰਮ ਸਿੰਘ ਬੁਰਜ ਨੋਬਾਦ, ਸਰਪੰਚ ਸੁਖਵਿੰਦਰ ਕੌਰ ਕਲੇਰ ਮਾਂਗਟ, ਸਰਪੰਚ ਬੀਬੀ ਅਮਨਦੀਪ ਕੌਰ, ਸਰਪੰਚ ਹਰਭਜਨ ਸਿੰਘ ਸਰਹਾਲਾ, ਸਰਪੰਚ ਬੀਬੀ ਮਨਜੀਤ ਕੌਰ ਝੰਡੇ, ਸਰਪੰਚ ਸਰਬਜੀਤ ਸਿੰਘ ਸਾਧਪੁਰ, ਸਰਪੰਚ ਲਖਵਿੰਦਰ ਸਿੰਘ ਮਰੜੀ ਖੁਰਦ, ਸਰਪੰਚ ਸੁਖਦੇਵ ਸਿੰਘ ਪੰਧੇਰ ਕਲਾਂ, ਸਰਪੰਚ ਨਿਰਮਲਾ ਗਾਲੋਵਾਲੀ ਕਲੋਨੀ, ਸਰਪੰਚ ਗੁਰਪ੍ਰੀਤ ਸਿੰਘ ਮੰਨਾ ਮਹੱਦੀਪੁਰ, ਸਰਪੰਚ ਮਨਜੀਤ ਸਿੰਘ ਬੁੱਢਾਥੇਹ, ਸਰਪੰਚ ਬਲਰਾਜ ਸਿੰਘ ਸਰਾਂ, ਸਰਪੰਚ ਸਮਸੇਰ ਸਿੰਘ ਗੌਸਲ ਨਹਿਰਾ ਵਾਲਾ, ਸਾਬਕਾ ਸਰਪੰਚ ਜਗਵੰਤ ਸਿੰਘ ਦੁਧਾਲਾ, ਸਾਬਕਾ ਸਰਪੰਚ ਗੁਰਜੰਟ ਸਿੰਘ ਉਦੋਕੇ ਖੁਰਦ, ਸਾਬਕਾ ਸਰਪੰਚ ਇੰਦਰ ਸਿੰਘ ਉਦੋਕੇ ਕਲਾ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ।ਇਸ ਮੌਕੇ ਸਾਬਕਾ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਵਿਧਾਇਕ ਸਰਵਣ ਸਿੰਘ ਧੁੰਨ, ਮੇਅਰ ਜਤਿੰਦਰ ਸਿੰਘ ਭਾਟੀਆ, ਕਰਮਜੀਤ ਸਿੰਘ ਰਿੰਟੂ ਚੇਅਰਮੈਨ ਇੰਪਰੂਵਮੈਂਟ ਟਰੱਸਟ, ਚੇਅਰਮੈਨ ਗੁਰਪ੍ਰਤਾਪ ਸਿੰਘ, ਦਿਲਬਾਗ ਸਿੰਘ ਵਡਾਲੀ, ਏ ਪੀ ਚਵਿੰਡਾ ਦੇਵੀ, ਸਿੱਖਿਆ ਕੋਆਰਡੀਨੇਟਰ ਸਰਪੰਚ ਪਰਮਿੰਦਰ ਸਿੰਘ ਉੱਪਲ, ਯੂਥ ਆਗੂ ਜੋਗਰਾਜ ਸਿੰਘ ਸਾਧਪੁਰ, ਸਰਪੰਚ ਰਾਜ ਕੁਮਾਰ ਲੁੱਧੜ, ਸਰਪੰਚ ਚੰਨਪ੍ਰੀਤ ਸਿੰਘ ਅਜਾਇਬਵਾਲੀ, ਸਰਪੰਚ ਸੁਬੇਗ ਸਿੰਘ ਅਬਦਾਲ, ਸਰਪੰਚ ਰਵਿੰਦਰਪਾਲ ਸਿੰਘ ਹਦਾਇਤਪੁਰ, ਸਾਬਕਾ ਸਰਪੰਚ ਪ੍ਰੇਮ ਸਿੰਘ ਕੱਥੂਨੰਗਲ, ਸ਼ਿਵਰਾਜ ਭੀਲੋਵਾਲ, ਸਾਬਕਾ ਸਰਪੰਚ ਰਵਿੰਦਰ ਸਿੰਘ ਚਾਟੀਵਿੰਡ ਲੇਹਲ, ਸੀਨੀਅਰ ਆਗੂ ਮਨਪ੍ਰੀਤ ਸਿੰਘ ਵਰਿਆਮ ਨੰਗਲ, ਸਵਰਨਜੀਤ ਸਿੰਘ ਚਵਿੰਡਾ ਦੇਵੀ, ਕਿਰਪਾਲ ਸਿੰਘ ਸੰਗਠਨ ਇੰਚਾਰਜ, ਸਰਪੰਚ ਲਵਪ੍ਰੀਤ ਸਿੰਘ ਕੋਟਹਿਰਦੇਰਾਮ, ਸਰਪੰਚ ਲਵਪ੍ਰੀਤ, ਸਰਬਜੀਤ ਸਿੰਘ ਹਾਂਸ, ਮਨਦੀਪ ਸਿੰਘ, ਬਲਜੀਤ ਸਿੰਘ ਜਿਜੇਆਣੀ, ਹਰਭਿੰਦਰ ਸਿੰਘ ਭਿੰਦਾ, ਪ੍ਰਧਾਨ ਸੁਖਚੈਨ ਸਿੰਘ ਤਲਵੰਡੀ ਖੁੰਮਣ, ਹਰਭਿੰਦਰ ਸਿੰਘ ਵਰਿਆਮ ਨੰਗਲ, ਮਲਕੀਤ ਸਿੰਘ ਵਰਿਆਮਨੰਗਲ, ਬਲਾਕ ਪ੍ਰਧਾਨ ਮਨਜਿੰਦਰ ਸਿੰਘ ਮਾਂਗਾਸਰਾਏ, ਡਾ. ਪਾਲ ਕੱਥੂਨੰਗਲ ਸਮੇਤ ਵੱਡੀ ਗਿਣਤੀ 'ਚ ਆਪ ਵਰਕਰ ਸ਼ਾਮਲ ਸਨ।

9-Aug-PAGE-4.qxd 8/8/2025 11:00 PM Page 1

ਨਵਾਂ ਜ਼ਮਾਨਾ

ਸ਼ਨੀਵਾਰ, 9 ਅਗਸਤ 2025

# ਢੀਠਤਾਈ ਦੀ ਇੰਤਹਾ

2014 ਵਿੱਚ ਨਰਿੰਦਰ ਮੋਦੀ ਦੇ ਪ੍ਰਧਾਨ ਮੰਤਰੀ ਬਣਨ ਤੋਂ ਪਹਿਲਾਂ ਸਭ ਤੋਂ ਵੱਧ ਚਰਚਾ ਸੀ ਬੀ ਆਈ ਦੀ ਹੁੰਦੀ ਸੀ। ਆਪੋਜ਼ੀਸ਼ਨ ਪਾਰਟੀਆਂ, ਜਿਨ੍ਹਾਂ ਵਿੱਚ ਭਾਜਪਾ ਵੀ ਹੁੰਦੀ ਸੀ, ਦੋਸ਼ ਲਾਉਂਦੀਆਂ ਸਨ ਕਿ ਉਨ੍ਹਾਂ ਨੂੰ ਪ੍ਰੇਸ਼ਾਨ ਕਰਨ ਲਈ ਸੀ ਬੀ ਆਈ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਇੱਥੋਂ ਤੱਕ ਕਿ ਸੁਪਰੀਮ ਕੋਰਟ ਨੇ ਵੀ ਕਹਿ ਦਿੱਤਾ ਸੀ ਕਿ ਸੀ ਬੀ ਆਈ ਪਿੰਜਰੇ ਦੇ ਤੋਤੇ ਦੀ ਤਰ੍ਹਾਂ ਸਰਕਾਰ ਦੇ ਇਸ਼ਾਰੇ ’ਤੇ ਕੰਮ ਕਰ ਰਹੀ ਹੈ। ਹੁਣ ਉਸੇ ਸੁਪਰੀਮ ਕੋਰਟ ਨੇ ਵੀਰਵਾਰ ਸੁਣਵਾਈ ਦੌਰਾਨ ਕਿਹਾ ਕਿ ਈ ਡੀ (ਐਨਫੋਰਸਮੈਂਟ ਡਾਇਰੈਕਟੋਰੇਟ) ਬਦਮਾਸ਼ਾਂ ਦੀ ਤਰ੍ਹਾਂ ਕੰਮ ਨਹੀਂ ਕਰ ਸਕਦੀ, ਉਸ ਦਾ ਆਚਰਣ ਕਾਨੂੰਨ ਦੇ ਦਾਇਰੇ ਵਿੱਚ ਹੋਣਾ ਚਾਹੀਦਾ ਹੈ। ਕਾਨੂੰਨ ਲਾਗੂ ਕਰਨ ਵਾਲੇ ਅਧਿਕਾਰੀਆਂ ਤੇ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਵਿਚਾਲੇ ਫਰਕ ਹੁੰਦਾ ਹੈ।

ਸੁਪਰੀਮ ਕੋਰਟ ਦੇ ਜਸਟਿਸ ਸੂਰੀਆ ਕਾਂਤ ਦੀ ਪ੍ਰਧਾਨਗੀ ਵਾਲੀ ਬੈਂਚ, ਜਿਸ ਵਿੱਚ ਜਸਟਿਸ ਉੱਜਵਲ ਭੁਈਆਂ ਤੇ ਜਸਟਿਸ ਐੱਨ ਕੋਟੀਸ਼ਵਰ ਸਿੰਘ ਵੀ ਸ਼ਾਮਲ ਸਨ, ਨੇ 2022 ਦੇ ਵਿਜੇ ਮਦਨ ਲਾਲ ਚੌਧਰੀ ਦੇ ਮਾਮਲੇ ਵਿੱਚ ਫੈਸਲੇ ਨੂੰ ਚੁਣੌਤੀ ਦਿੰਦੀ ਪਟੀਸ਼ਨ ’ਤੇ ਸੁਣਵਾਈ ਦੌਰਾਨ ਕਿਹਾ ਕਿ ਉਹ ਈ ਡੀ ਦੇ ਅਕਸ ਨੂੰ ਲੈ ਕੇ ਚਿੰਤਤ ਹਨ। ਉਹ ਪੰਜ ਹਜ਼ਾਰ ਵਿੱਚੋਂ 10 ਫੀਸਦੀ ਤੋਂ ਵੀ ਘੱਟ ਮਾਮਲਿਆਂ ’ਚ ਦੋਸ਼ ਸਿੱਧ ਕਰ ਸਕੀ ਹੈ। ਈ ਡੀ ਬਿਨਾਂ ਮੁਜਰਮ ਸਾਬਤ ਕੀਤਿਆਂ ਲੋਕਾਂ ਨੂੰ ਵਰ੍ਹਿਆਂ ਤੱਕ ਜੇਲ੍ਹਾਂ ਵਿੱਚ ਰੱਖਣ ਵਿੱਚ ਸਫਲ ਰਹਿੰਦੀ ਹੈ।

ਇਸ ਤੋਂ ਪਹਿਲਾਂ ਚੀਫ ਜਸਟਿਸ ਬੀ ਆਰ ਗਵਈ ਦੀ ਅਗਵਾਈ ਵਾਲੀ ਬੈਂਚ ਨੇ ਮੈਸੂਰ ਸ਼ਹਿਰੀ ਵਿਕਾਸ ਅਥਾਰਟੀ ਦੇ ਜ਼ਮੀਨ ਅਲਾਟਮੈਂਟ ਮਾਮਲੇ ਵਿੱਚ ਕਰਨਾਟਕ ਦੇ ਮੁੱਖ ਮੰਤਰੀ ਸਿੱਧਾਰਮਈਆ ਦੀ ਪਤਨੀ ਬੀ ਐੱਮ ਪਾਰਵਤੀ ਖਿਲਾਫ ਕਾਰਵਾਈ ਨੂੰ ਰੱਦ ਕਰਦਿਆਂ ਕਿਹਾ ਸੀ ਕਿ ਸਿਆਸੀ ਲੜਾਈ ਵੋਟਰਾਂ ਵਿੱਚ ਲੜੀ ਜਾਵੇ, ਈ ਡੀ ਦੀ ਵਰਤੋਂ ਕਿਉਂ ਕੀਤੀ ਜਾ ਰਹੀ ਹੈ? ਸੁਪਰੀਮ ਕੋਰਟ ਨੇ 22 ਮਈ ਨੂੰ ਤਾਮਿਲਨਾਡੂ ਦੀ ਸਰਕਾਰੀ ਸ਼ਰਾਬ ਵਿਕਰੇਤਾ ਕੰਪਨੀ ਟੀ ਏ ਐੱਸ ਐੱਮ ਏ ਸੀ ਖਿਲਾਫ ਈ ਡੀ ਵੱਲੋਂ ਕੀਤੀ ਜਾ ਰਹੀ ਮਨੀ ਲਾਂਡਰਿੰਗ ਦੀ ਜਾਂਚ ’ਤੇ ਰੋਕ ਲਾਉਂਦਿਆਂ ਕਿਹਾ ਸੀ ਕਿ ਈ ਡੀ ਸਾਰੀਆਂ ਹੱਦਾਂ ਟੱਪ ਰਹੀ ਹੈ। ਇਹ ਕਾਰਵਾਈ ਸਰਕਾਰੀ ਨਿਗਮ ਖਿਲਾਫ ਕਿਵੇਂ ਹੋ ਸਕਦੀ ਹੈ? ਈ ਡੀ ਦੇਸ਼ ਦੇ ਫੈਡਰਲ ਢਾਂਚੇ ਨੂੰ ਪੂਰੀ ਤਰ੍ਹਾਂ ਢਾਹ ਲਾ ਰਹੀ ਹੈ। ਸੁਪਰੀਮ ਕੋਰਟ ਨੇ 12 ਜੁਲਾਈ 2024 ਵਿੱਚ ਕਥਿਤ ਸ਼ਰਾਬ ਘੁਟਾਲੇ ’ਚ ਅਰਵਿੰਦ ਕੇਜਰੀਵਾਲ ਨੂੰ ਅੰਤਰਮ ਜ਼ਮਾਨਤ ਦਿੰਦਿਆਂ ਕਿਹਾ ਸੀ ਕਿ ਮਨੀ ਲਾਂਡਰਿੰਗ ਰੋਕੂ ਕਾਨੂੰਨ ਦੀ ਧਾਰਾ ਦੀ ਸ਼ਕਤੀ ਦਾ ਇਸਤੇਮਾਲ ਅਧਿਕਾਰੀ ਦੀ ਮਰਜ਼ੀ ਮੁਤਾਬਕ ਨਹੀਂ ਹੋ ਸਕਦਾ।

ਮੋਦੀ ਸਰਕਾਰ ਦੌਰਾਨ ਈ ਡੀ ਦੀ ਤਾਕਤ ਵਧੀ ਹੈ। ਮੋਦੀ ਸਰਕਾਰ ਨੇ 2019 ਵਿੱਚ ਮਨੀ ਲਾਂਡਰਿੰਗ ਰੋਕੂ ਕਾਨੂੰਨ ਵਿੱਚ ਅਜਿਹੇ ਬਦਲਾਅ ਕੀਤੇ, ਜਿਸ ਨਾਲ ਈ ਡੀ ਮੁਲਜ਼ਮਾਂ ਦੇ ਘਰਾਂ ਵਿੱਚ ਛਾਪੇ ਮਾਰ ਕੇ ਉਨ੍ਹਾਂ ਨੂੰ ਗ੍ਰਿਫਤਾਰ ਕਰ ਸਕਦੀ ਹੈ। ਪਹਿਲਾਂ ਚਾਰਜਸ਼ੀਟ ਵਿੱਚ ਕਾਨੂੰਨ ਦੀਆਂ ਧਾਰਾਵਾਂ ਲਾਉਣ ਦੇ ਬਾਅਦ ਜਾਂਚ ਸ਼ੁਰੂ ਕਰਦੀ ਸੀ। ਹੁਣ ਉਹ ਖੁਦ ਐੱਫ ਆਈ ਆਰ ਦਰਜ ਕਰ ਸਕਦੀ ਹੈ ਅਤੇ ਮੁਲਜ਼ਮ ਨੂੰ ਗ੍ਰਿਫਤਾਰ ਕਰ ਸਕਦੀ ਹੈ। ਉਹ ਸੁਪਰੀਮ ਕੋਰਟ ਵਿੱਚ ਕਈ ਵਾਰ ਝਿੜਕਾਂ ਖਾਣ ਦੇ ਬਾਵਜੂਦ ਸਰਕਾਰ ਦੇ ਵਿਰੋਧੀਆਂ ਨੂੰ ਜੇਲ੍ਹਾਂ ਵਿੱਚ ਡੱਕਣ ਤੋਂ ਬਾਜ਼ ਨਹੀਂ ਆ ਰਹੀ।

## ਲੋਹੇ ਦੇ ਬਾਜ਼ !

ਮੁੜ ਘਿੜ ਕੇ ਖੋਤੀਆਂ ਬਹਿਣ ਥੱਲੇ,
ਅਸੀਂ ਪੁੱਟਦੇ ਬੋਹੜ ਦੀਆਂ ਜੜ੍ਹਾਂ ਰਹਿ ਗਏ।
ਇੱਕ ਵਾਢਿਓਂ ਲੁੱਟ ਲਿਆ ਦੇਸ਼ ਸਾਰਾ,
ਅਸੀਂ ਮਾਰਦੇ ਫੋਕੀਆਂ ਫੜ੍ਹਾਂ ਰਹਿ ਗਏ।
ਉਹ ਤਾਂ ਭੁੱਲ ਭੁਲਾ ਕੇ ਇੱਕ ਹੋ ਗਏ,
ਅਸੀਂ ਕੱਢਦੇ ਆਪਣੀਆਂ ਅੜਾਂ ਰਹਿ ਗਏ।
ਕੁੱਕੜ ਖੇਹ ਉਡਾਉਣ ਵਿੱਚ ਮਸਤ ਹੋ ਕੇ,
ਇੱਕ-ਦੂਜੇ ਨੂੰ ਮਾਰਦੇ ਤੜ੍ਹਾਂ ਰਹਿ ਗਏ।
ਸਾਥੋਂ ਖੋਹ ਲਿਆ ਏਕੇ ਦਾ ਫਾਰਮੂਲਾ,
ਤਾਹੀਂ ਖੋਹ ਕੇ ਸਿਰਾਂ ਦਾ ਤਾਜ ਲੈ ਗਏ।
ਕੱਚਾ-ਪੱਕਾ ਜੋ ਚਿੜੀਆ ਕੋਲ ਆਲ੍ਹਣਾ ਸੀ,
ਉਹਨੂੰ ਲੁੱਟ ਕੇ ਲੋਹੇ ਦੇ ਬਾਜ਼ ਲੈ ਗਏ!

-ਗੁਲਪੁਰ

# ਬਿਹਾਰ ਚੋਣਾਂ : ਧਮਾਕੇਦਾਰ ਸਥਿਤੀ



ਗੁਰਮੀਤ ਸਿੰਘ ਪਲਾਹੀ

ਬਿਹਾਰ ਵਿੱਚ ਭਾਰਤੀ ਚੋਣ ਕਮਿਸ਼ਨ ’ਤੇ ਇਲਜ਼ਾਮ ਲੱਗ ਰਹੇ ਹਨ ਕਿ ਉਸ ਵੱਲੋਂ ਵੋਟਰ ਸੂਚੀ ਦੇ ਸ਼ੁੱਧੀਕਰਨ ਦੇ ਨਾਂਅ ’ਤੇ ਲੋਕਾਂ ਦੀਆਂ ਵੋਟਾਂ ਕੱਟੀਆਂ ਜਾ ਰਹੀਆਂ ਹਨ।ਬਿਹਾਰ ’ਚ ਲੋਕਾਂ ਵਿੱਚ ਇਸ ਮਹੱਤਵਪੂਰਨ ਮਸਲੇ ’ਤੇ ਹਾਹਾਕਾਰ ਮਚੀ ਹੋਈ ਹੈ। ਬਿਹਾਰ ਦੇ ਵੋਟਰਾਂ ਵਿੱਚ ਘਬਰਾਹਟ ਅਤੇ ਭਰਮ ਦੀ ਸਥਿਤੀ ਬਣੀ ਹੋਈ ਹੈ, ਕਿਉਂਕਿ ਬੇਸਹਾਰਾ ਲੋਕ ਆਪਣਾ ਵੋਟ-ਹੱਕ ਮੰਗ ਰਹੇ ਹਨ। ਭਾਰਤੀ ਚੋਣ ਕਮਿਸ਼ਨ ਵੋਟਰ ਦੀ ਪ੍ਰਮਾਣਿਕਤਾ ਲਈ ਪਛਾਣ ਦੇ ਤੌਰ ਤੇ ਆਧਾਰ ਕਾਰਡ, ਵੋਟਰ ਕਾਰਡ ਅਤੇ ਰਾਸ਼ਨ ਕਾਰਡ ਤੋਂ ਇਲਾਵਾ ਹੋਰ ਦਸਤਾਵੇਜ਼ ਸਬੂਤ ਵਜੋਂ ਮੰਗ ਰਿਹਾ ਹੈ।ਉਹ ਲੋਕ ਜਿਹੜੇ ਅਨਪੜ੍ਹ ਹਨ, ਉਹ ਇਹ ਸਬੂਤ ਕਿੱਥੋਂ ਲਿਆਉਣਗੇ?

2023 ਵਿੱਚ ਹੋਈ ਜਾਤੀ ਜਨਗਣਨਾ ਅਨੁਸਾਰ ਬਿਹਾਰ ਵਿੱਚ ਤਿੰਨ ਫ਼ੀਸਦੀ ਦਲਿਤ, ਪੰਜ ਫ਼ੀਸਦੀ ਅੱਤ ਪੱਛੜੇ ਅਤੇ ਸਿਰਫ਼ ਸੱਤ ਫ਼ੀਸਦੀ ਮੁਸਲਮਾਨ ਬਾਰ੍ਹਵੀਂ ਪਾਸ ਸਨ, ਜਦ ਕਿ 2011 ਦੀ ਜਨਗਣਨਾ ਅਨੁਸਾਰ ਬਿਹਾਰ ਵਿੱਚ ਲੱਗਭੱਗ 50 ਫ਼ੀਸਦੀ ਔਰਤਾਂ ਅਤੇ 40 ਫ਼ੀਸਦੀ ਮਰਦ ਅਨਪੜ੍ਹ ਹਨ। ਇਹ ਲੋਕ ਹੋਰ ਪਛਾਣ ਪੱਤਰ ਕਿਵੇਂ ਅਤੇ ਕਿੱਥੋਂ ਪੈਦਾ ਕਰਨਗੇ ਤੇ ਕਿਵੇਂ ਆਪਣਾ ਵੋਟ ਹੱਕ ਪ੍ਰਾਪਤ ਕਰਨਗੇ?

ਬਿਹਾਰ ਚੋਣਾਂ ਵਿੱਚ ਹਾਲੇ 110 ਦਿਨ ਬਾਕੀ ਹਨ। ਸ਼ਾਇਦ ਪਹਿਲੀ ਵਾਰ ਹੋਵੇ ਕਿ ਬਿਹਾਰ ’ਚ ਵੋਟ ਲਿਸਟ ਮੁੱਦਾ ਏਨਾ ਭਾਰੀ ਬਣਿਆ ਹੋਇਆ ਹੈ, ਮਾਹੌਲ ਗਰਮ ਹੈ।ਵਿਰੋਧੀ ਸਿਆਸੀ ਧਿਰਾਂ ਪਾਰਲੀਮੈਂਟ ਦੇ ਅੰਦਰ -ਬਾਹਰ ਹੰਗਾਮਾ ਕਰ ਰਹੀਆਂ ਹਨ। ਇਹ ਮਾਮਲਾ ਹੁਣ ਸੁਪਰੀਮ ਕੋਰਟ ਵਿੱਚ ਵੀ ਪਹੁੰਚ ਚੁੱਕਾ ਹੈ। ਬਿਹਾਰ ’ਚ ਵੱਡਾ ਹੰਗਾਮਾ ਹੋਣ ਦਾ ਕਾਰਨ ਦਿੱਲੀ ਦੀ ਹਾਕਮ ਧਿਰ ਵੱਲੋਂ ਹਰ ਹੀਲੇ ਬਿਹਾਰ ਚੋਣਾਂ ਜਿੱਤਣ ਲਈ ਕੀਤੀਆਂ ਜਾਣ ਵਾਲੀਆਂ ਕੋਸ਼ਿਸ਼ਾਂ ਹਨ। ਉਸ ਵਾਸਤੇ ਪਹਿਲਾ ਹਥਿਆਰ ਵੋਟਰਾਂ ਦੇ ਸ਼ੁੱਧੀਕਰਨ ਦਾ ਵਰਤਿਆ ਜਾ ਰਿਹਾ ਹੈ, ਕਿਉਂਕਿ ਦਿੱਲੀ ਦੀ ਹਾਕਮ ਧਿਰ ਇਹ ਸਮਝਦੀ ਹੈ ਕਿ ਜੇਕਰ ਉਹ ਬਿਹਾਰ ਹਾਰ ਜਾਂਦੇ ਹਨ ਤਾਂ ਨਿਤੀਸ਼ ਕੁਮਾਰ ਮੁੱਖ ਮੰਤਰੀ ਬਿਹਾਰ ਦੀ ਪਾਰਟੀ ਉਸ ਨੂੰ ਕੇਂਦਰ ਵਿੱਚ ਸਮਰਥਨ ਤੋਂ ਮੁੱਖ ਮੋੜ ਸਕਦੀ ਹੈ।

ਬਿਹਾਰ ਵਿੱਚ ਸੱਤਾਧਾਰੀ ਐੱਨ ਡੀ ਏ ਅਤੇ ਵਿਰੋਧੀ ਗਠਜੋੜ ਇੱਕ-ਦੂਜੇ ਉੱਤੇ ਹਮਲਾਵਰ ਹਨ। ਭਾਵੇਂ ਫਿਲਹਾਲ ਮੁੱਖ ਮਸਲਾ ਵੋਟਰ ਸੂਚੀ ਵਿੱਚੋਂ ਲੱਖਾਂ ਵੋਟਰਾਂ ਦੇ ਨਾਂਅ ਕੱਟੇ ਜਾਣ ਦਾ ਹੈ। ਕਿਹਾ ਜਾ ਰਿਹਾ ਹੈ ਕਿ ਕੁਝ ਅਯੋਗ ਵੋਟਰਾਂ ਦੇ ਨਾਵਾਂ ਤੋਂ ਇਲਾਵਾ ਬਹੁਤ ਸਾਰੇ ਯੋਗ ਵੋਟਰਾਂ ਦੇ ਨਾਵਾਂ ’ਤੇ ਵੀ ਕੈਂਚੀ ਫੇਰ ਦਿੱਤੀ ਜਾਵੇਗੀ।

ਬਿਹਾਰ ’ਚ ਭਾਰਤੀ ਚੋਣ ਕਮਿਸ਼ਨ ਦੀ 01-08-2025 ਦੀ ਰਿਪੋਰਟ ਅਨੁਸਾਰ ਕੁੱਲ 7.9 ਕਰੋੜ ਵੋਟਰਾਂ ਵਿੱਚੋਂ 7.24 ਕਰੋੜ ਵੋਟਰਾਂ ਨੇ ਆਪਣੇ ਫਾਰਮ ਜਮ੍ਹਾਂ ਕਰਵਾਏ।ਕੁੱਲ ਮਿਲਾ ਕੇ 65,64,075 ਵੋਟਰਾਂ ਦੇ ਨਾਂਅ ਵੋਟਰ ਸੂਚੀਆਂ ’ਚੋਂ ਕੱਟ ਦਿੱਤੇ ਗਏ, ਜਿਹਨਾ ਵਿੱਚੋਂ 36,28,210 ਪੱਕੇ ਤੌਰ ’ਤੇ ਸੂਬਾ ਛੱਡ ਚੁੱਕੇ ਹਨ ਅਤੇ 7,01,364 ਇੱਕ ਤੋਂ ਵੱਧ ਥਾਵਾਂ ’ਤੇ ਇਨਰੋਲ ਹੋਣ ਕਾਰਨ ਆਪਣਾ ਵੋਟ ਹੱਕ ਬਿਹਾਰ ਵਿੱਚੋਂ ਗੁਆ ਚੁੱਕੇ ਹਨ। ਕੁੱਲ 22,34,501 ਵੋਟਰਾਂ ਦੇ ਨਾਂਅ ਲੋੜੀਂਦੇ ਫਾਰਮ ਨਾ ਭਰੇ ਜਾਣ ਕਾਰਨ ਵੋਟਰ ਸੂਚੀ ਵਿੱਚੋਂ ਕੱਟ ਦਿੱਤੇ ਗਏ, ਜਿਹਨਾ ਵਿੱਚ ਬਿਹਾਰ ਦੇ 10 ਜ਼ਿਲ੍ਹਿਆਂ-ਮਧੂਬਨੀ (3,52,542), ਈਸਟ ਚੰਪਾਰਨ (3,16,793), ਪੂਰਨੀਆ (2,73,920), ਸੀਤਾਮੜੀ (2,44,962), ਪਟਨਾ (3,95,500), ਗੋਪਾਲਗੰਜ (3,10,363), ਸਮਸਤੀਪੁਰ (2,83,955), ਮੁਜ਼ੱਫਰਪੁਰ (2,82,845), ਸਾਰਨ (2,73,223), ਗਯਾ (2,45,663) ਦੇ ਲੋਕ ਸ਼ਾਮਲ ਹਨ। ਇਨ੍ਹਾਂ ਵਿੱਚ ਵੱਡੀ ਗਿਣਤੀ ਮੁਸਲਮਾਨਾਂ, ਗਰੀਬ ਅਤੇ ਕਮਜ਼ੋਰ ਵਰਗ ਦੇ ਲੋਕਾਂ ਦੀ ਹੈ। ਉਦਾਹਰਨ ਦੇ ਤੌਰ ’ਤੇ ਮਧੂਬਨੀ ਵਿੱਚ 18 ਫ਼ੀਸਦੀ, ਈਸਟ ਚੰਪਾਰਨ ਵਿੱਚ 19 ਫ਼ੀਸਦੀ, ਪੂਰਨੀਆ ’ਚ 39 ਫ਼ੀਸਦੀ ਅਤੇ ਸੀਤਾਮੜੀ ਵਿੱਚ ਕੁੱਲ ਕੱਟੇ ਗਏ ਨਾਂਅ ਮੁਸਲਮਾਨਾਂ ਦੇ ਹਨ।

ਰਾਜਦ ਸੁਪਰੀਮੋ ਲਾਲੂ ਪ੍ਰਸਾਦ ਯਾਦਵ ਦੋਸ਼ ਲਗਾ ਚੁੱਕੇ ਹਨ ਕਿ ਇਹ ਸਿਰਫ਼ ਵੋਟਾਂ ਦੇਣ ਤੋਂ ਰੋਕਣਾ ਨਹੀਂ, ਬਲਕਿ ਉਹਨਾਂ ਦਾ ਰਾਸ਼ਨ ਤੋਂ ਲੈ ਕੇ ਰਿਜ਼ਰਵੇਸ਼ਨ ਤੱਕ ਹਰ ਹੱਕ ਖੋਹਣਾ ਹੈ, ਭਾਵੇਂ ਕਿ ਭਾਜਪਾ ਦਾ ਕਹਿਣਾ ਹੈ ਕਿ ਵੋਟਾਂ ਦੇ ਸ਼ੁੱਧੀਕਰਨ ਦਾ ਮਕਸਦ ਦੇਸ਼ ਵਿਰੋਧੀ ਬੰਗਲਾਦੇਸ਼ੀ ਘੁਸਪੈਠੀਆਂ ਅਤੇ ਰੋਹਿੰਗਿਆ ਨੂੰ ਵੋਟਰ ਸੂਚੀ ਤੋਂ ਬਾਹਰ ਕੱਢਣਾ ਹੈ।

ਪਹਿਲਾਂ ਦੀ ਤਰ੍ਹਾਂ ਹੀ ਬਿਹਾਰ ’ਚ ਜਾਤੀ ਮੁੱਦਾ ਭਾਰੂ ਹੈ। ਬਿਹਾਰ ’ਚ ਜਾਤੀ ਸਰਵੇਖਣ ਹੋ ਚੁੱਕਾ ਹੈ। ਰਾਜਦ ਅਤੇ ਭਾਜਪਾ ਜਾਤੀ ਅਧਾਰਤ ਸੰਮੇਲਨ ਕਰ ਰਹੀਆਂ ਹਨ। ਪਿਛਲੇ 60 ਦਿਨਾਂ ਵਿੱਚ 30 ਤੋਂ ਵੱਧ ਜਾਤੀ ਸੰਮੇਲਨ ਹੋ ਚੁੱਕੇ ਹਨ। ਦਰਅਸਲ ਅਬਾਦੀ ਦੇ ਮੁਤਾਬਕ ਹੱਕ ਦੀ ਮੰਗ ਬਿਹਾਰ ’ਚ ਜ਼ੋਰ ਫੜ ਚੁੱਕੀ ਹੈ। ਉਧਰ ਰਾਜਗ ਧੜਾ ਦਾਮਾਦ ਆਯੋਗ ਵਿਰੁੱਧ ਆਪਣੀ ਲੜਾਈ ਵਿੱਢ ਚੁੱਕਾ ਹੈ। ਉਸ ਅਨੁਸਾਰ ਕੇਂਦਰੀ ਮੰਤਰੀ ਜੀਤਨ ਰਾਮ ਮਾਂਝੀ, ਚਿਰਾਗ ਪਾਸਵਾਨ ਅਤੇ ਸਾਂਸਦ ਅਸ਼ੋਕ ਚੌਧਰੀ ਦੇ ਦਮਾਦਾਂ ਨੂੰ ਚੇਅਰਮੈਨੀਆਂ ਮਿਲੀਆਂ ਹਨ।

ਮਹਾਂਗਠਬੰਧਨ, ਜਿਸ ਵਿੱਚ ਰਾਜਦ ਮੁੱਖ ਹੈ ਅਤੇ ਉਸ ਨਾਲ ਕਾਂਗਰਸ, ਖੱਬੀਆਂ ਧਿਰਾਂ ਅਤੇ ਵੀ ਆਈ ਪੀ ਸ਼ਾਮਲ ਹਨ, ਸਮਾਜਿਕ ਨਿਆਂ, ਜਾਤੀ ਜਨਗਣਨਾ ਅਤੇ ਨੌਜਵਾਨਾਂ ਨੂੰ ਅੱਗੇ ਲਿਆਉਣ ਜਿਹੇ ਮੁੱਦੇ ਉਛਾਲ ਰਹੇ ਹਨ। ਉਹ ਬਿਹਾਰ ਦੀ ਕਾਨੂੰਨ ਵਿਵਸਥਾ ਨਿਤੀਸ਼ ਦੀ ਸਿਹਤ, ਰਿਜ਼ਰਵੇਸ਼ਨ ਆਦਿ ਮੁੱਦੇ ਉਭਾਰ ਰਹੇ ਹਨ। ਉਹਨਾਂ ਵੱਲੋਂ ਰਿਜ਼ਰਵੇਸ਼ਨ ਦੀ 50 ਫੀਸਦੀ ਸੀਮਾ ਹਟਾਉਣਾ ਮੁੱਖ ਚੋਣਾਵੀ ਮੁੱਦਾ ਹੈ। ਤੇਜਸਵੀ ਯਾਦਵ ਵੱਲੋਂ ਬੇਰੁਜ਼ਗਾਰੀ, ਮਹਿੰਗਾਈ, ਭ੍ਰਿਸ਼ਟਾਚਾਰ ਦਾ ਮੁੱਦਾ ਚੁੱਕਿਆ ਜਾ ਰਿਹਾ ਹੈ। ਕਾਂਗਰਸ ਵੀ ਬਿਹਾਰ ’ਚ ਆਪਣੇ ਵੱਲੋਂ ਪੂਰੇ ਜ਼ੋਰ ਨਾਲ ਕੇਂਦਰ ਵਿਰੁੱਧ ਮੁੱਦੇ ਚੁੱਕ ਰਹੀ ਹੈ, ਜਦਕਿ ਐੱਨ.ਡੀ.ਏ. ਅਪਰੇਸ਼ਨ ਸਿੰਧੂਰ, ਸੁਸ਼ਾਸਨ, ਰਾਸ਼ਟਰਵਾਦ, ਧਰਮ, ਡਬਲ ਇੰਜਨ ਸਰਕਾਰ ਦੇ ਨਾਅਰਿਆਂ ਨਾਲ ਅੱਗੇ ਵਧ ਰਹੀ ਹੈ।ਭਾਜਪਾ, ਜਦਯੂ, ਲੋਜਪਾ-ਆਰ ਸਿਆਸੀ ਧਿਰਾਂ ਪਰਵਾਰਵਾਦ ਵਿਰੁੱਧ ਲੋਕਾਂ ਨੂੰ ਲਾਮਬੰਦ ਕਰਨਗੀਆਂ। ਮਾਲੇਗਾਓਂ ਕੇਸ ਵਿੱਚ ਪ੍ਰਗਿਆ ਠਾਕੁਰ ਅਤੇ ਹੋਰ ਸਾਰਿਆਂ ਦੀ ਰਿਹਾਈ ਦੇ ਬਾਅਦ ਭਗਵਾਂ ਆਤੰਕਵਾਦ ਦੇ ਮੁੱਦੇ ’ਤੇ ਭਾਜਪਾ ਕਾਂਗਰਸ ਅਤੇ ਰਾਜਦ ਨੂੰ ਘੇਰੇਗੀ।

ਰਾਹੁਲ ਗਾਂਧੀ ਬਿਹਾਰ ਵਿੱਚ ਪੰਜ ਪ੍ਰੋਗਰਾਮ ਕਰ ਚੁੱਕੇ ਹਨ। ਅਗਸਤ ਮਹੀਨੇ ਉਹ ਬਿਹਾਰ ਯਾਤਰਾ ’ਤੇ ਜਾਣਗੇ। ਫਰਵਰੀ ਤੋਂ ਲੈ ਕੇ ਹੁਣ ਤੱਕ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੰਜ ਦੌਰੇ ਬਿਹਾਰ ਦੇ ਕਰ ਚੁੱਕੇ ਹਨ। ਅਗਸਤ ਮਹੀਨੇ ਫਿਰ ਬਿਹਾਰ ਪਹੁੰਚਣਗੇ। ਅਮਿਤ ਸ਼ਾਹ, ਰਾਜਨਾਥ ਸਿੰਘ ਅਤੇ ਸ਼ਿਵਰਾਜ ਚੌਹਾਨ ਵਰਗੇ ਨੇਤਾ ਲਗਾਤਾਰ ਬਿਹਾਰ ਪਹੁੰਚ ਕੇ ਆਪਣੇ ਵੱਲੋਂ ਹੁਣ ਤੋਂ ਚੋਣ ਪ੍ਰਚਾਰ ਆਰੰਭ ਕਰ ਚੁੱਕੇ ਹਨ।

ਬਿਹਾਰ ਦੀ ਰਾਜਨੀਤੀ ਵਿੱਚ ਪਿਛਲੇ 35-40 ਸਾਲਾਂ ਤੋਂ ਲਾਲੂ ਪ੍ਰਸਾਦ ਅਤੇ ਨਿਤੀਸ਼ ਕੁਮਾਰ ਪ੍ਰਭਾਵਸ਼ਾਲੀ ਰਹੇ ਹਨ। ਉਹਨਾਂ ਬਿਹਾਰ ਦੀ ਸਿਆਸਤ ਵਿੱਚ ਹੀ ਨਹੀਂ, ਕੌਮੀ ਸਿਆਸਤ ਵਿੱਚ ਵੀ ਵਿਸ਼ੇਸ਼ ਭੂਮਿਕਾ ਨਿਭਾਈ ਹੈ। ਸ਼ਾਇਦ ਇਹ ਆਖਰੀ ਵਾਰ ਹੋਵੇ ਕਿ ਉਹ ਬਿਹਾਰ ਵਿੱਚ ਆਪਣੀ ਪ੍ਰਭਾਵਸ਼ਾਲੀ ਭੂਮਿਕਾ ਨਿਭਾਅ ਰਹੇ ਹੋਣ।

ਇਸ ਵਾਰ ਦੀਆਂ ਚੋਣਾਂ ਵਿੱਚ ਦੋਵਾਂ ਪਰਿਵਾਰਾਂ ਦੇ ਪੁੱਤਰ ਅੱਗੇ ਆ ਰਹੇ ਹਨ। ਚਰਚਾ ਨਿਤੀਸ਼ ਦੇ ਬੇਟੇ ਨਿਸ਼ਾਂਤ ਕੁਮਾਰ ਦੀ ਸਿਆਸਤ ਵਿੱਚ ਐਂਟਰੀ ਦੀ ਵੀ ਹੋ ਰਹੀ ਹੈ। ਲਾਲੂ ਪ੍ਰਸਾਦ ਦਾ ਪਰਵਾਰ ਤਾਂ ਪਹਿਲਾਂ ਹੀ ਆਪਣੀ ਭੂਮਿਕਾ ਨਿਭਾਅ ਰਿਹਾ ਹੈ। ਉਹਨਾਂ ਦਾ ਵੱਡਾ ਬੇਟਾ ਤੇਜ ਪ੍ਰਤਾਪ ਪਰਵਾਰ ਵੱਲੋਂ ਵੱਧ ਸਰਗਰਮ ਹੈ। ਦੂਜੇ ਪਾਸੇ ਪ੍ਰਸ਼ਾਂਤ ਕਿਸ਼ੋਰ ਵੀ ਬਿਹਾਰ ਵਿੱਚ ਆਪਣੀ ਸਿਆਸੀ ਭੂਮਿਕਾ ਨਿਭਾਉਣ ਲਈ ਤਿਆਰ ਬੈਠਾ ਹੈ।

ਚੋਣ ਸਰਗਰਮੀਆਂ ਦੌਰਾਨ ਦੋਵਾਂ ਧਿਰਾਂ ਦੇ ਨੇਤਾਵਾਂ ਵਿੱਚ ਸ਼ਬਦੀ-ਜੰਗ ਛਿੜ ਚੁੱਕੀ ਹੈ। ਨੇਤਾਵਾਂ ਵੱਲੋਂ ਸ਼ਬਦਾਂ ਦੀ ਮਰਿਆਦਾ ਭੁਲਾਈ ਜਾ ਚੁੱਕੀ ਹੈ।ਸਰਕਾਰੀ ਧਿਰ ਵੱਲੋਂ ਜਿੱਥੇ ਵੋਟਰਾਂ ਨੂੰ ਭਰਮਾਉਣ ਲਈ ਸੁਵਿਧਾਵਾਂ ਦੇਣ ਦਾ ਦੌਰ ਸ਼ੁਰੂ ਹੋ ਚੁੱਕਾ ਹੈ, ਉਥੇ ਨਿਤੀਸ਼ ਕੁਮਾਰ ਵੱਲੋਂ ਬਿਹਾਰ ਵਿੱਚ ਮੁਫ਼ਤ ਬਿਜਲੀ ਸਹੂਲਤ ਦੇਣ ਦਾ ਐਲਾਨ ਵੀ ਕੀਤਾ ਗਿਆ ਹੈ।

ਬਿਹਾਰ ਦੇ ਲੋਕ ਅੱਤ ਦੀ ਗ਼ਰੀਬੀ ਹੰਢਾਉਂਦਿਆਂ ਪ੍ਰਵਾਸ ਦੇ ਰਾਹ ਪੈ ਗਏ ਹਨ ਅਤੇ ਪੈ ਰਹੇ ਹਨ। ਕਾਰਨ ਇੱਕੋ ਹੀ ਹੈ-ਬਿਹਾਰ ਵਿੱਚ ਰੁਜ਼ਗਾਰ ਦੀ ਕਮੀ ਹੈ, ਸਿੱਖਿਆ ਦੀ ਕਮੀ ਹੈ, ਭ੍ਰਿਸ਼ਟਾਚਾਰ ਜ਼ੋਰਾਂ ’ਤੇ ਹੈ। ਗੈਂਗਵਾਰ, ਕਾਨੂੰਨ ਵਿਵਸਥਾ ਅਜ਼ਾਦੀ ਤੋਂ ਬਾਅਦ ਕਿਸੇ ਵੀ ਰਾਜ ਸਰਕਾਰ ਦੇ ਕਾਬੂ ’ਚ ਨਹੀਂ ਆ ਸਕੀ। ਨਤੀਜੇ ਵਜੋਂ ਲੋਕ ਘਰ ਛੱਡ ਕੇ ਮਹਾਰਾਸ਼ਟਰ, ਪੰਜਾਬ, ਹਰਿਆਣਾ ਅਤੇ ਦੇਸ਼ ਦੇ ਹੋਰ ਸੂਬਿਆਂ ਵਿੱਚ ਰੁਜ਼ਗਾਰ ਲਈ ਜਾਂਦੇ ਹਨ। ਕਈ ਵਾਰੀ ਹਾਲਾਤ ਅਜਿਹੇ ਬਣ ਜਾਂਦੇ ਹਨ ਕਿ ਉਹ ਉਥੇ ਹੀ ਪੱਕੇ ਤੌਰ ’ਤੇ ਠਹਿਰ ਜਾਂਦੇ ਹਨ। ਲੱਖਾਂ ਦੀ ਗਿਣਤੀ ਵਿੱਚ ਬਿਹਾਰ ਦੇ ਲੋਕ ਪੰਜਾਬ ਵਿੱਚ ਵੀ ਫੈਲੇ ਹੋਏ ਹਨ, ਜਿੱਥੇ ਉਹ ਆਪਣੀ ਰਿਹਾਇਸ਼ ਅਤੇ ਕਾਰੋਬਾਰ ਸਥਾਪਤ ਕਰ ਚੁੱਕੇ ਹਨ। ਇਹਨਾਂ ਲੋਕਾਂ ਵਿੱਚੋਂ ਬਹੁਤੇ ਬਾਹਰਲੇ ਸੂਬਿਆਂ ਵਿੱਚ ਜਾਂਦੇ ਹਨ, ਰੋਜ਼ੀ-ਰੋਟੀ ਕਮਾਉਂਦੇ ਹਨ ਅਤੇ ਤਿੱਥ-ਤਿਉਹਾਰਾਂ ’ਤੇ ਘਰੀਂ ਪਰਤਦੇ ਹਨ, ਪਰ ਐਤਕੀਂ ਕਿਉਂਕਿ ਬਿਹਾਰ ਵਿਧਾਨ ਸਭਾ ਚੋਣਾਂ ਦੀਵਾਲੀ, ਦੁਸਹਿਰਾ ਆਦਿ ਤਿਉਹਾਰਾਂ ਦੇ ਨੇੜੇ ਆਉਣੀਆਂ ਹਨ, ਅਜਿਹੀ ਸਥਿਤੀ ਵਿੱਚ ਇਹ ਪ੍ਰਵਾਸੀ ਬਿਹਾਰੀ ਇਸ ਵਾਰ ਦੀਆਂ ਬਿਹਾਰ ਚੋਣਾਂ ਵਿੱਚ ਆਪਣੀ ਵੋਟ ਦੀ ਵਰਤੋਂ ਕਰਨਗੇ।

ਬਿਹਾਰ ਚੋਣਾਂ ’ਚ ਕੌਣ ਜਿੱਤੇਗਾ, ਇਸ ਬਾਰੇ ਅੰਦਾਜ਼ੇ ਹੁਣੇ ਤੋਂ ਲੱਗਣੇ ਸ਼ੁਰੂ ਹੋ ਗਏ ਹਨ। ਬਹਿਸਾਂ, ਸਰਵੇ, ਮੀਡੀਆ ਅਤੇ ਸੋਸ਼ਲ ਮੀਡੀਆ ’ਤੇ ਜੰਗ ਤੇਜ਼ ਹੋ ਚੁੱਕੀ ਹੈ। ਬਿਹਾਰ ਵਿੱਚ ਸਮੀਕਰਨ ਵੀ ਬਦਲ ਰਹੇ ਹਨ। ਉਹ ਆਮ ਲੋਕ, ਜੋ ਵੋਟਾਂ ਦੇ ਸ਼ੁੱਧੀਕਰਨ ਦੀ ਭੇਟ ਚੜ੍ਹ ਰਹੇ ਹਨ, ਉਹਨਾਂ ਦਾ ਵਤੀਰਾ ਕੀ ਹੋਵੇਗਾ, ਇਹ ਵੇਖਣਾ ਵੀ ਦਿਲਚਸਪ ਹੋਵੇਗਾ।

ਬਿਹਾਰ ਵਿੱਚ ਚੋਣਾਂ ਇਸ ਵਾਰ ਮਹੱਤਵਪੂਰਨ ਹਨ, ਕਿਉਂਕਿ ਵੋਟਰਾਂ ਨੂੰ ਵੋਟ ਪਾਉਣ ਦਾ ਅਧਿਕਾਰ ਥਕੇਵੇਂ ਭਰੀ ਇੱਕ ਕਵਾਇਦ ਤੋਂ ਬਾਅਦ ਮੁੜ ਪ੍ਰਾਪਤ ਹੋਏਗਾ। ਇਸ ਅਧਿਕਾਰ ਤੋਂ ਕੁਝ ਲੋਕ ਹਾਲੇ ਵੀ ਵਿਰਵੇ ਰਹਿਣਗੇ। ਗ਼ਰੀਬ ਤੇ ਕਮਜ਼ੋਰ ਤਬਕੇ ਦੇ ਵੋਟਰ ਭਾਵੇਂ ਅਸਿੱਖਿਅਤ ਹੁੰਦੇ ਹਨ, ਪਰ ਸਮੂਹਿਕ ਰੂਪ ਵਿੱਚ ਆਮ ਤੌਰ ’ਤੇ ਉਹਨਾਂ ਦੀ ਸਮਝ ਡੂੰਘੀ ਹੁੰਦੀ ਹੈ।

ਉਹ ਜਾਣਦੇ ਹਨ ਕਿ ਉਹਨਾਂ ਦੀ ਸੁਚੱਜੇ ਢੰਗ ਨਾਲ ਨੁਮਾਇੰਦਗੀ ਕਰਨ ਵਾਲਾ ਕੌਣ ਹੋ ਸਕਦਾ ਹੈ। ਉਹ ਇਹ ਵੀ ਜਾਣਦੇ ਹਨ ਕਿ ਸੱਤਾ ਵਿੱਚ ਭਾਵੇਂ ਕੋਈ ਵੀ ਧਿਰ ਹੋਵੇ, ਪਰ ਹਰ ਪੰਜ ਸਾਲ ਬਾਅਦ ਉਹਨਾਂ ਕੋਲ ਇੱਕ ਮੌਕਾ ਹੁੰਦਾ ਹੈ-ਸੱਤਾ ਧਿਰ ਨੂੰ ਬਾਹਰ ਦਾ ਰਸਤਾ ਵਿਖਾਉਣ ਦਾ ਜਾਂ ਘੱਟੋ-ਘੱਟ ਆਪਣੇ ਗੁੱਸੇ ਤੇ ਨਰਾਜ਼ਗੀ ਨੂੰ ਵੋਟ ਰਾਹੀਂ ਜ਼ਾਹਰ ਕਰਨ ਦਾ।

ਉਹਨਾਂ ਕੋਲ ਵੋਟ ਇੱਕ ਸਾਧਨ ਹੈ, ਇੱਕ ਅਧਿਕਾਰ, ਜਿਸ ਰਾਹੀਂ ਉਹ ਆਪਣੀਆਂ ਉਮੀਦਾਂ ਨੂੰ ਜ਼ਿੰਦਾ ਰੱਖਦੇ ਹਨ। ਸਮਾਜਿਕ ਹੈਸੀਅਤ ਹਾਸਲ ਕਰਨ ਲਈ ਵੀ ਵੋਟ ਇੱਕ ਅਹਿਮ, ਵਿਅਕਤੀਗਤ ਤੇ ਸਮੂਹਿਕ ਸੰਦ ਹੈ।

# ਸੰਪਰਕ : 98158-02070

# ਵਿਲੱਖਣ ਰੱਖੜੀ : ਯਾਦਾਂ ਦੇ ਝਰੋਖੇ ’ਚੋਂ

ਜਗਦੇਵ ਸ਼ਰਮਾ ਬੁਗਰਾ

ਅਸੀਂ ਸਾਰੇ ਹੀ ਜਾਣਦੇ ਹਾਂ ਕਿ ਰੱਖੜੀ ਦਾ ਤਿਉਹਾਰ ਭੈਣ ਅਤੇ ਭਰਾ ਦੇ ਪਵਿੱਤਰ ਰਿਸ਼ਤੇ ਦਾ ਪ੍ਰਤੀਕ ਹੁੰਦਾ ਹੈ। ਇਹ ਪਵਿੱਤਰ ਦਿਹਾੜਾ ਸਾਉਣ ਮਹੀਨੇ ਦੀ ਪੂਰਨਮਾਸ਼ੀ ਨੂੰ ਮਨਾਇਆ ਜਾਂਦਾ ਹੈ। ਭਾਰਤੀ ਰੀਤੀ ਰਿਵਾਜਾਂ ਅਨੁਸਾਰ ਇਸ ਦਿਨ ਭੈਣਾਂ ਆਪਣੇ ਭਰਾਵਾਂ ਦੇ ਗੁੱਟ ’ਤੇ ਰੱਖੜੀ ਬੰਨ੍ਹਦੀਆਂ ਹਨ ਤੇ ਆਪਣੇ ਭਰਾਵਾਂ ਦੀ ਲੰਮੀ ਉਮਰ ਅਤੇ ਖ਼ੁਸ਼ਹਾਲੀ ਦੀ ਕਾਮਨਾ ਕਰਦੀਆਂ ਹਨ। ਭਰਾ ਵੀ ਸਾਰੀ ਉਮਰ ਆਪਣੀ ਭੈਣ ਦੀ ਰੱਖਿਆ ਦਾ ਵਚਨ ਦਿੰਦੇ ਹਨ ਅਤੇ ਸ਼ਗਨ ਵਜੋਂ ਕੁੱਝ ਪੈਸੇ ਅਤੇ ਵਿਆਹੀਆਂ ਭੈਣਾਂ ਨੂੰ ਸੂਟ ਵਗੈਰਾ ਦੇ ਕੇ ਖੁਸ਼ੀ ਪਾਉਂਦੇ ਹਨ। ਇਉਂ ਸਦੀਆਂ ਤੋਂ ਇਹ ਤਿਉਹਾਰ ਭੈਣ ਅਤੇ ਵੀਰ ਦੇ ਆਪਸੀ ਪਿਆਰ ਦੇ ਪ੍ਰਤੀਕ ਵਜੋਂ ਮਨਾਇਆ ਜਾਂਦਾ ਹੈ।

ਅੱਜਕੱਲ੍ਹ ਭਾਵੇਂ ਬਾਜ਼ਾਰ ਵਿਚ ਭਾਂਤ-ਭਾਂਤ ਦੀਆਂ ਰੈਡੀਮੇਡ ਰੱਖੜੀਆਂ ਮਿਲਦੀਆਂ ਹਨ, ਪ੍ਰੰਤੂ ਕੋਈ ਪੰਜਾਹ ਕੁ ਸਾਲ ਪਹਿਲਾਂ ਮੈਂ ਮੇਰੀਆਂ ਭੂਆਂ ਨੂੰ ਲੋਗੜੀ ਦੀਆਂ ਰੱਖੜੀਆਂ ਹੱਥੀਂ ਤਿਆਰ ਕਰਦੇ ਦੇਖਿਆ ਹੈ। ਸਮੇਂ ਦੇ ਗੇੜ ਨਾਲ ਕਈ ਸਰਦੇ-ਪੁੱਜਦੇ ਘਰਾਂ ਵਿੱਚ ਅੱਜਕੱਲ੍ਹ ਮੈਂ ਚਾਂਦੀ, ਸੋਨੇ ਦੀਆਂ ਰੱਖੜੀਆਂ ਦਾ ਆਦਾਨ-ਪ੍ਰਦਾਨ ਹੁੰਦਾ ਵੀ ਦੇਖਦਾ ਹਾਂ। ਸਕੂਲਾਂ, ਕਾਲਜਾਂ ਵਿੱਚ ਪੜ੍ਹਦੀਆਂ ਬੱਚੀਆਂ ਸਰਹੱਦਾਂ ’ਤੇ ਰਾਖੀ ਕਰਦੇ ਜਵਾਨਾਂ ਦੇ ਗੁੱਟਾਂ ’ਤੇ ਰੱਖੜੀ ਬੰਨ੍ਹਣ ਜਾਂਦੀਆਂ ਹਨ। ਕੁੱਝ ਵੱਡੇ-ਵੱਡੇ ਸਿਆਸੀ ਲੋਕ, ਜਿਵੇਂ ਕਿ ਪ੍ਰਧਾਨ ਮੰਤਰੀ ਅਤੇ ਰਾਜਾਂ ਦੇ ਮੁੱਖ ਮੰਤਰੀ ਆਦਿ ਵੀ ਫੰਕਸ਼ਨ ਕਰਕੇ ਰੱਖੜੀਆਂ ਬੰਨ੍ਹਵਾਉਂਦੇ ਦੇਖੇ ਜਾਂਦੇ ਹਨ। ਰੱਖੜ ਪੁੰਨਿਆ ਦੇ ਮੌਕੇ ਹਰ ਸਾਲ ਬਾਬਾ ਬਕਾਲਾ ਸਾਹਿਬ ਵਿਖੇ ਸਾਲਾਨਾ ਜੋੜ ਮੇਲਾ ਮਨਾਇਆ ਜਾਂਦਾ ਹੈ।

ਆਓ, ਤੁਹਾਨੂੰ ਇਸ ਤਿਉਹਾਰ ਨਾਲ ਜੁੜੇ ਇੱਕ ਹੋਰ ਹੀ ਮਾਰਮਿਕ ਪਹਿਲੂ ਨਾਲ ਜਾਣੂ ਕਰਾਵਾਂ। ਸਾਡੇ ਸਮਾਜ ਵਿੱਚ ਜਿੱਥੇ ਬਦਨੀਅਤ ਲੋਕਾਂ ਦੀ ਘਾਟ ਨਹੀਂ, ਉਥੇ ਨੇਕ ਬੰਦੇ ਵੀ ਬਹੁਤ ਮਿਲ ਜਾਂਦੇ ਹਨ। ਗੱਲ ਕੋਈ 1978-79 ਦੀ ਹੈ। ਮੈਂ ਆਪਣਾ ਕੈਰੀਅਰ ਡਾਕਖਾਨੇ ਵਿੱਚ ਕਲਰਕ ਦੇ ਤੌਰ ’ਤੇ ਸ਼ੁਰੂ ਕੀਤਾ ਸੀ। ਰੱਖੜੀ ਦਾ ਤਿਉਹਾਰ ਆਮ ਤੌਰ ’ਤੇ ਉਦੋਂ ਆਉਂਦਾ ਹੈ, ਜਦੋਂ ਮਾਨਸੂਨ ਦਾ ਜ਼ੋਰ ਹੁੰਦਾ ਹੈ।ਜਦੋਂ ਦੀ ਮੈਂ ਗੱਲ ਕਰ ਰਿਹਾ ਹਾਂ, ਉਨ੍ਹਾਂ ਦਿਨਾਂ ਵਿੱਚ ਦੂਰ-ਨੇੜੇ ਦੇ ਰਿਸ਼ਤੇਦਾਰਾਂ, ਦੋਸਤਾਂ ਮਿੱਤਰਾਂ ਨਾਲ ਰਾਬਤਾ ਡਾਕ ਜ਼ਰੀਏ ਹੀ ਸੰਭਵ ਸੀ। ਸਮਾਜ ਵਿੱਚ ਡਾਕੀਏ ਦਾ ਰੁਤਬਾ ਸਨਮਾਨ ਵਾਲਾ ਹੁੰਦਾ ਸੀ। ਨਵ-ਵਿਆਹੀਆਂ ਮੁਟਿਆਰਾਂ, ਖਾਸ ਤੌਰ ’ਤੇ ਫੌਜਣ ਭੈਣਾਂ ਡਾਕੀਏ ਦੀ ਆਮਦ ਨੂੰ ਬੇਸਬਰੀ ਨਾਲ ਉਡੀਕਦੀਆਂ। ਭੈਣਾਂ ਆਪਣੇ ਪੇਕਿਆਂ ਵੱਲੋਂ ਸੁੱਖ-ਸਾਂਦ ਦੀ ਚਿੱਠੀ ਦੀ ਉਡੀਕ ਵਿੱਚ ਹੁੰਦੀਆਂ। ਇਸੇ ਲਈ ਆਹ ਗੀਤ ਬਣਿਆ ਹੋਇਆ ਸੀ :

ਦੇਖੀਂ ਭਾਈ ਡਾਕ ਵਾਲਿਆ, ਮੇਰੇ ਵੀਰ ਦੀ ਚਿੱਠੀ ਜੇ ਕੋਈ ਆਈ।

ਉਸ ਜ਼ਮਾਨੇ ਵਿੱਚ ਬਹੁਤ ਸਾਰੀਆਂ ਭੈਣਾਂ ਆਪਣੇ ਦੂਰ-ਦੁਰੇਡੇ ਵਸਦੇ ਵੀਰਾਂ ਲਈ ਰੱਖੜੀ ਵੀ ਡਾਕ ਰਾਹੀਂ ਭੇਜਿਆ ਕਰਦੀਆਂ ਸਨ। ਚਿੱਠੀ ਵਾਲੇ ਲਫਾਫੇ ਵਿੱਚ ਭੈਣ ਆਮ ਤੌਰ ’ਤੇ ਦੋ ਰੱਖੜੀਆਂ ਨਾਲ ਥੋੜ੍ਹਾ ਜਿਹਾ ਮਿੱਠਾ, ਜੋ ਕਿ ਚੀਨੀ ਜਾਂ ਮਿਸ਼ਰੀ ਦੇ ਰੂਪ ਵਿੱਚ ਹੁੰਦਾ ਸੀ, ਨਾਲ ਇਲਾਇਚੀ ਅਤੇ ਥੋੜ੍ਹਾ ਜਿਹਾ ਸੰਧੂਰ ਇੱਕ ਪੁੜੀ ਵਿੱਚ ਪਾ ਕੇ ਬੰਦ ਕਰ ਦਿੰਦੀਆਂ ਸਨ। ਕੁਝ ਕੁ ਮਿੱਠੇ ਦੀ ਵਜ੍ਹਾ ਕਾਰਨ ਅਤੇ ਕੁਝ ਮਾਨਸੂਨ ਕਾਰਨ ਜ਼ਿਆਦਾਤਰ ਲਿਫਾਫੇ ਫਟ ਜਾਂਦੇ ਸਨ। ਕਈ ਫਟੇ ਹੋਏ ਲਿਫਾਫਿਆਂ ਵਿੱਚੋਂ ਰੱਖੜੀਆਂ ਬਾਹਰ ਨਿੱਕਲ ਜਾਂਦੀਆਂ ਸਨ, ਯਾਨੀ ਕਿ ਰੱਖੜੀ ਤੋਂ ਬਿਨਾਂ ਖਾਲੀ ਲਿਫ਼ਾਫ਼ਾ ਅੱਡ ਅਤੇ ਰੱਖੜੀ ਅੱਡ ਰੁਲਦੀ ਫਿਰਦੀ।ਮੈਂ ਇੱਕ ਗੱਲ ਸਾਂਝੀ ਕਰ ਦਿਆਂ ਕਿ ਸਵੇਰ ਵੇਲੇ ਡਾਕਖ਼ਾਨੇ ਦਾ ਸਾਰਾ ਸਟਾਫ਼, ਪੋਸਟ ਮਾਸਟਰ ਤੋਂ ਲੈ ਕੇ ਸਾਰੇ ਬਾਬੂ ਅਤੇ ਡਾਕੀਏ ਚਿੱਠੀਆਂ ਛਾਂਟਣ ਦੀ ਡਿਊਟੀ ਨਿਭਾਉਂਦੇ ਹੁੰਦੇ ਸਨ। ਛਾਂਟੀ ਤੋਂ ਮਤਲਬ ਹੈ, ਵੱਖ-ਵੱਖ ਕਿਸਮ ਦੇ ਲਿਫਾਫੇ, ਕਾਰਡ ਵੱਖ-ਵੱਖ ਕੀਤੇ ਜਾਂਦੇ, ਪਿੰਡਾਂ ਦੀਆਂ ਅਤੇ ਸ਼ਹਿਰ ਦੀਆਂ ਚਿੱਠੀਆਂ ਅੱਡ ਕੀਤੀਆਂ ਜਾਂਦੀਆਂ ਸਨ। ਬਰੰਗ ਚਿੱਠੀਆਂ ਅਲੱਗ ਕਰਕੇ ਉਹਨਾਂ ਉੱਪਰ ਲੱਗੇ ਘੱਟ ਖਰਚੇ ਦਾ ਹਿਸਾਬ -ਕਿਤਾਬ ਕੀਤਾ ਜਾਂਦਾ ਸੀ। ਰੱਖੜੀ ਦੇ ਮੌਸਮ ਵੇਲੇ ਅਸੀਂ ਖਾਲੀ ਲਿਫਾਫੇ ਅਤੇ ਵਿੱਚੋਂ ਨਿਕਲ ਚੁੱਕੀਆਂ ਰੱਖੜੀਆਂ ਇੱਕ ਪਾਸੇ



ਰੱਖੀ ਜਾਂਦੇ। ਮੈਂ ਦੇਖਿਆ ਕਿ ਛਾਂਟੀ ਦੇ ਕੰਮ ਤੋਂ ਵਿਹਲੇ ਹੋ ਕੇ ਸਾਡੇ ਪੋਸਟ ਮਾਸਟਰ ਸਾਹਿਬ ਅਜਿਹੇ ਲਿਫਾਫਿਆਂ ਵਿੱਚੋਂ ਹਰੇਕ ਲਿਫਾਫੇ ਵਿੱਚ ਆਕਾਰ ਅਨੁਸਾਰ ਇੱਕ ਜਾਂ ਦੋ ਰੱਖੜੀਆਂ ਪਾ ਕੇ ਉੱਪਰੋਂ ਸੂਤਲੀ ਨਾਲ ਬੰਨ੍ਹ ਦਿੰਦੇ ਅਤੇ ਫਟੇ ਹੋਏ ਲਿਫਾਫੇ ਦੀ ਥੋੜ੍ਹੀ ਮੁਰੰਮਤ ਵੀ ਕਰ ਦਿੰਦੇ ਸਨ। ਅਗਲੇ ਦਿਨ ਅਜਿਹੇ ਲਿਫਾਫੇ ਸੰਬੰਧਤ ਡਾਕੀਏ ਰਾਹੀਂ ਦਿੱਤੇ ਹੋਏ ਐਡਰੈੱਸ ’ਤੇ ਪਹੁੰਚਦੇ ਕਰ ਦਿੱਤੇ ਜਾਂਦੇ। ਕਈ ਫਟੇ ਹੋਏ ਲਿਫਾਫਿਆਂ ਵਿੱਚੋਂ ਭੈਣਾਂ ਵੱਲੋਂ ਸ਼ਗਨ ਵਜੋਂ ਪਾਇਆ ਇੱਕ ਜਾਂ ਦੋ ਰੁਪਏ ਦਾ ਨੋਟ ਵੀ ਲਿਫਾਫੇ ਤੋਂ ਬਾਹਰ ਨਿਕਲ ਜਾਂਦਾ।ਅਜਿਹੇ ਪੈਸੇ ਉਹ ਬਜ਼ੁਰਗਵਾਰ ਪੋਸਟ ਮਾਸਟਰ ਡਾਕਖਾਨੇ ਦੇ ਫੁਟਕਲ ਖਾਤੇ ਵਿੱਚ ਜਮ੍ਹਾਂ ਕਰਵਾ ਦਿੰਦਾ ਸੀ।ਇਸ ਤਰ੍ਹਾਂ ਕਰਕੇ ਪੰਜਾਹ-ਪਚਵੰਜਾ ਨੂੰ ਪਾਰ ਕਰ ਚੁੱਕਿਆ ਭੱਦਰ-ਪੁਰਸ਼ ਇੱਕ ਤਰ੍ਹਾਂ ਨਾਲ ਰੁਲ ਹੀ ਚੁੱਕੀ ਰੱਖੜੀ ਨੂੰ ਵੀਰਾਂ ਤੱਕ ਪਹੁੰਚਾਉਣ ਦੀ ਅਦਭੁਤ ਸੇਵਾ ਨਿਭਾਉਂਦਾ ਅਤੇ ਸਕੂਨ ਮਹਿਸੂਸ ਕਰਦਾ। ਅਜਿਹੇ ਮੌਕੇ ਜਿਨ੍ਹਾਂ ਚਿੱਠੀਆਂ ’ਤੇ ਡਾਕ ਖਰਚਾ ਘੱਟ ਲੱਗਿਆ ਹੁੰਦਾ ਸੀ, ਡਾਕਪਾਲ ਉਹਨਾਂ ਚਿੱਠੀਆਂ ਨੂੰ ਬਰੰਗ ਕਰਕੇ ਘੱਟ ਲੱਗਿਆ ਖਰਚਾ ਉਗਰਾਹੁਣ ਤੋਂ ਵੀ ਗੁਰੇਜ਼ ਕਰਦਾ ਸੀ।

ਬਹੁਤ ਚਿਰ ਬਾਅਦ ਪਤਾ ਚੱਲਿਆ ਕਿ ਪੋਸਟ ਮਾਸਟਰ ਦੇ ਆਪਣੇ ਕੋਈ ਭੈਣ ਨਹੀਂ ਸੀ ਅਤੇ ਇਸ ਕੋਸ਼ਿਸ਼ ਜ਼ਰੀਏ ਉਹ ਸੈਂਕੜੇ ਭੈਣਾਂ ਦੇ ਪਿਆਰ ਦਾ ਅਹਿਸਾਸ ਜ਼ਰੂਰ ਕਰ ਲੈਂਦਾ ਸੀ।

# ਸੰਪਰਕ : 98727-87243

# ਰੂਸ ਤੇ ਅਮਰੀਕਾ ਵਿਚਕਾਰ ਬਣਦੇ-ਵਿਗੜਦੇ ਰਿਸ਼ਤੇ



ਮੁਹੰਮਦ ਅੱਬਾਸ ਧਾਲੀਵਾਲ

ਜੇਕਰ ਰੂਸ ਅਤੇ ਅਮਰੀਕਾ ਵਿਚਕਾਰ ਸੰਬੰਧਾਂ ਦੀ ਗੱਲ ਕਰੀਏ ਤਾਂ ਸਾਲਾਂ ਤੋਂ ਇਨ੍ਹਾਂ ਦੇ ਦਰਮਿਆਨ ਠੰਢੀ ਜੰਗ ਚੱਲੀ ਆ ਰਹੀ ਹੈ। ਤਾਜ਼ਾ ਹਾਲਾਤ ਦੀ ਗੱਲ ਕਰੀਏ ਤਾਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਦੂਜੀ ਟਰਮ ਦੀ ਸ਼ੁਰੂਆਤ ਦੇ ਨਾਲ ਹੀ ਦੋਵਾਂ ਨੇ ਆਪਣੇ ਰਿਸ਼ਤਿਆਂ ਦੀ ਨਵੇਂ ਸਿਰੇ ਤੋਂ ਇੱਕ ਵਾਰ ਫਿਰ ਸਿਫਾਰਤੀ ਪੱਧਰ ’ਤੇ ਸ਼ੁਰੂਆਤ ਕੀਤੀ ਹੈ।

ਜ਼ਿਕਰਯੋਗ ਹੈ ਕਿ 18 ਫਰਵਰੀ ਨੂੰ ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬਿਓ ਅਤੇ ਰੂਸੀ ਵਿਦੇਸ਼ ਮੰਤਰੀ ਸਰਗੇਈ ਲਾਵਰੋਵ ਨੇ ਸਾਊਦੀ ਅਰਬ ਦੇ ਸ਼ਹਿਰ ਰਿਆਦ ਵਿੱਚ ਇਕ ਮਹੱਤਵਪੂਰਕ ਮੁਲਾਕਾਤ ਕੀਤੀ। ਦੋਹਾਂ ਨੇ ਦੂਤਾਵਾਸਾਂ ਵਿੱਚ ਕਰਮਚਾਰੀ ਮੁੜ ਤਾਇਨਾਤ ਕਰਨ, ਯੂਕਰੇਨ ਵਿੱਚ ਸ਼ਾਂਤੀ ਵਾਤਾਵਰਨ ਬਣਾਉਣ ਲਈ ਇਕ ਉੱਚ ਪੱਧਰੀ ਟੀਮ ਬਣਾਉਣ ਅਤੇ ਆਰਥਿਕ ਸਹਿਯੋਗ ਬਾਰੇ ਗੱਲਬਾਤ ਕਰਨ ’ਤੇ ਸਹਿਮਤੀ ਦਿੱਤੀ।

ਫਿਰ ਮਾਰਚ ’ਚ ਰੂਸ ਨੇ ਐਲੇਕਜ਼ੈਂਡਰ ਡਾਰਚੀਓਵ ਨੂੰ ਅਮਰੀਕਾ ਵਿੱਚ ਨਵਾਂ ਰੂਸੀ ਰਾਜਦੂਤ ਨਿਯੁਕਤ ਕੀਤਾ।ਉਨ੍ਹਾਂ ਕਿਹਾ ਕਿ ਸੰਬੰਧਾਂ ਦੀ ਪੂਰੀ ਬਹਾਲੀ ਹਾਲੇ ਵੀ ਇੱਕ ਲੰਮੀ ਯਾਤਰਾ ਹੈ ਅਤੇ ਇਸ ਰਾਹ ਵਿੱਚ ਸਭ ਤੋਂ ਵੱਡੀ ਰੁਕਾਵਟ ਅਮਰੀਕਾ ਦੀ ਡੀਪ ਸਟੇਟ ਅਤੇ ਕਾਂਗਰਸ ਵਿੱਚ ਮੌਜੂਦ ਜੰਗੀ ਸੋਚ ਵਾਲੇ ਮੈਂਬਰ ਹਨ।ਹੁਣ ਤਾਜ਼ਾ ਘਟਨਾਕ੍ਰਮ ਦੀ ਗੱਲ ਕਰੀਏ ਤਾਂ ਰੂਸ ਨੇ ਅਮਰੀਕਾ ਨਾਲ ਕਈ ਦਹਾਕਿਆਂ ਪੁਰਾਣੇ ਐਟਮੀ ਮਿਜ਼ਾਈਲ ਮੰਤਵਾਂ ਤੋਂ ਪਿੱਛੇ ਹਟਣ ਦਾ ਐਲਾਨ ਕੀਤਾ ਹੈ, ਜਿਸ ਨਾਲ ਠੰਢੀ ਲੜਾਈ ਵਰਗੀ ਹਥਿਆਰਾਂ ਦੀ ਦੌੜ ਮੁੜ ਸ਼ੁਰੂ ਹੋਣ ਦਾ ਖਤਰਾ ਪੈਦਾ ਹੋ ਗਿਆ।

ਐਟਮੀ ਦਰਮਿਆਨੇ ਦਰਜੇ ਦੇ ਹਥਿਆਰਾਂ ਦਾ ਸਮਝੌਤਾ (Intermediate-Range Nuclear Forces Treaty): ਜੋ ਕਿ 1987 ਵਿੱਚ ਰਾਸ਼ਟਰਪਤੀ ਰੋਨਾਲਡ ਰੀਗਨ ਅਤੇ ਸੋਵੀਅਤ ਲੀਡਰ ਮਿਖਾਈਲ ਗੋਰਬਾਚੋਵ ਨੇ ਕੀਤਾ ਸੀ, ਜਿਸ ਦੇ ਅਧੀਨ 500 ਤੋਂ 5500 ਕਿ.ਮੀ. ਤੱਕ ਦੇ ਜ਼ਮੀਨੀ ਬੈਲਿਸਟਿਕ ਅਤੇ ਕਰੂਜ਼ ਮਿਜ਼ਾਈਲਾਂ ’ਤੇ ਪਾਬੰਦੀ ਲਾਈ ਗਈ ਸੀ।ਇਸ ਦੇ ਨਾਲ ਉਦੋਂ ਅਮਰੀਕਾ ਨੇ 846 ਮਿਜ਼ਾਈਲ ਨਸ਼ਟ ਕੀਤੇ, ਜਦੋਂ ਕਿ ਰੂਸ ਨੇ 1846 ਮਿਜ਼ਾਈਲ ਤਬਾਹ ਕੀਤੇ ਸਨ।

ਇਹ ਸਮਝੌਤਾ ਸਿਰਫ਼ ਜ਼ਮੀਨ ਤੋਂ ਚੱਲਣ ਵਾਲੇ ਹਥਿਆਰਾਂ ਲਈ ਸੀ। ਹਵਾਈ ਜਾਂ ਸਮੁੰਦਰੀ ਹਥਿਆਰ ਇਸ ਵਿੱਚ ਸ਼ਾਮਿਲ ਨਹੀਂ ਸਨ।

ਹੁਣ ਰੂਸ ਨੇ ਇਹ ਸਮਝੌਤਾ ਛੱਡ ਦਿੱਤਾ ਹੈ। ਇਸ ਸੰਦਰਭ ਵਿੱਚ ਰੂਸ ਦਾ ਕਹਿਣਾ ਹੈ ਕਿ ਅਮਰੀਕਾ ਨੇ ਯੂਰਪ, ਫਿਲਪਾਈਨ ਅਤੇ ਆਸਟਰੇਲੀਆ ਵਿੱਚ ਮਿਜ਼ਾਈਲ ਪਲੇਟਫਾਰਮ ਲਗਾਉਣੇ ਸ਼ੁਰੂ ਕਰ ਦਿੱਤੇ ਹਨ, ਜੋ ਰੂਸ ਦੀ ਸੁਰੱਖਿਆ ਲਈ ਸਿੱਧਾ ਖ਼ਤਰਾ ਹਨ।

ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਜਦੋਂ ਅਮਰੀਕਾ ਨੇ ਏਸ਼ੀਆ ਪੈਸੀਫਿਕ ਅਤੇ ਯੂਰਪ ਵਿੱਚ ਇਹ ਹਥਿਆਰ ਤਾਇਨਾਤ ਕਰਨੇ ਸ਼ੁਰੂ ਕਰ ਦਿੱਤੇ ਹਨ, ਤਾਂ ਫਿਰ ਰੂਸ ਵੱਲੋਂ ਇਕਤਰਫਾ ਰੋਕ ਲਗਾਉਣ ਦਾ ਕੋਈ ਤਰਕ ਨਹੀਂ। ਮੇਦਵਦੇਵ ਨੇ ਕਿਹਾ ਕਿ ਇਹ ਫੈਸਲਾ NATO ਦੀ ਰੂਸ ਵਿਰੋਧੀ ਨੀਤੀ ਦਾ ਨਤੀਜਾ ਹੈ।



**ਉਸ ਨੇ ਚੇਤਾਵਨੀ ਦਿੱਤੀ :** ਇਹ ਨਵਾਂ ਹਕੀਕਤਨਾਮਾ ਹੈ, ਜਿਸ ਨੂੰ ਸਾਰੇ ਦੁਸ਼ਮਣਾਂ ਨੂੰ ਮੰਨਣਾ ਪਵੇਗਾ। ਹੋਰ ਕਦਮ ਵੀ ਉਮੀਦ ਕਰੋ।

ਜਦੋਂ ਟਰੰਪ ਨੇ ਦੋ ਐਟਮੀ ਪਣਡੁੱਬੀਆਂ ਦੀ ਤਾਇਨਾਤੀ ਦਾ ਹੁਕਮ ਦਿੱਤਾ, ਤਾਂ ਰੂਸ ਨੇ ਜਵਾਬ ਵਿੱਚ ਕਿਹਾ: ਅਮਰੀਕੀ ਪਣਡੁੱਬੀਆਂ ਪਹਿਲਾਂ ਹੀ ਯੁੱਧ ਪੁਜ਼ੀਸ਼ਨ ’ਤੇ ਹੁੰਦੀਆਂ ਹਨ, ਪਰ ਅਸੀਂ ਐਟਮੀ ਭਾਸ਼ਾ ਵਰਤਣਾ ਨਹੀਂ ਚਾਹੁੰਦੇ।

ਰੂਸੀ ਵਿਦੇਸ਼ ਮੰਤਰੀ ਲਾਵਰੋਵ ਨੇ ਵੀ ਦਸੰਬਰ ਵਿੱਚ ਚੇਤਾਵਨੀ ਦਿੱਤੀ ਸੀ ਕਿ ਅਮਰੀਕਾ ਦੇ ਅਜਿਹੇ ਕਦਮ ਅਸਥਿਰਤਾ ਪੈਦਾ ਕਰਨ ਵਾਲੇ ਹਨ। ਉਹਨਾਂ 2026 ਵਿੱਚ ਜਰਮਨੀ ਵਿੱਚ ਅਮਰੀਕੀ ਮਿਜ਼ਾਈਲਾਂ ਦੀ ਤਾਇਨਾਤੀ ਦੇ ਖਿਲਾਫ ਵੀ ਕਦਮ ਚੁੱਕਣ ਦੀ ਧਮਕੀ ਦਿੱਤੀ ਸੀ।

2019 ਵਿੱਚ ਟਰੰਪ ਨੇ ਕਿਹਾ ਸੀ ਕਿ ਰੂਸ ਨੇ Novator 9M729 ਮਿਜ਼ਾਈਲ ਬਣਾਈ ਹੈ, ਜੋ INF ਮੰਤਵਾਂ ਦੀ ਉਲੰਘਣਾ ਹੈ।

ਰੂਸ ਨੇ ਇਨਕਾਰ ਕੀਤਾ ਕਿ ਇਹ 500 ਕਿ.ਮੀ. ਤੋਂ ਵੱਧ ਮਾਰ ਕਰਦੀ ਹੈ।ਚੀਨ ਵੀ ਇਸ ਮੰਤਵਾਂ ਵਿਚ ਨਹੀਂ ਸੀ, ਜਿਸ ਨੂੰ ਲੈ ਕੇ ਟਰੰਪ ਨੇ ਆਲੋਚਨਾ ਕੀਤੀ। 4 ਅਗਸਤ 2025 ਨੂੰ ਰੂਸ ਨੇ ਆਧਿਕਾਰਤ ਤੌਰ ’ਤੇ INF ਮੰਤਵਾਂ ਤੋਂ ਹਟਣ ਦਾ ਐਲਾਨ ਕੀਤਾ। ਹੁਣ ਰੂਸ ਨੂੰ ਵਿਚਕਾਰਲੇ ਦਰਜੇ ਦੇ ਐਟਮੀ ਹਥਿਆਰ ਤਾਇਨਾਤ ਕਰਨ ਦੀ ਖੁੱਲ੍ਹੀ ਆਜ਼ਾਦੀ ਹੈ।

ਦਮਿਤਰੀ ਮੇਦਵੇਦੇਵ ਨੇ ਐਟਮੀ ਹਮਲੇ ਦੇ ਇਸ਼ਾਰੇ ਦਿੰਦਿਆਂ ਡੈੱਡ ਹੈਂਡ (ਸਵੈ-ਚਲਿਤ ਜਵਾਬੀ ਹਮਲਾ ਪ੍ਰਣਾਲੀ) ਦਾ ਹਵਾਲਾ ਦਿੱਤਾ।

ਉਸ ਦੇ ਜਵਾਬ ਵਿੱਚ ਟਰੰਪ ਨੇ ਦੋ ਐਟਮੀ ਪਣਡੁੱਬੀਆਂ ਰੂਸ ਦੇ ਨੇੜੇ ਭੇਜਣ ਦਾ ਹੁਕਮ ਦਿੱਤਾ।

ਉਧਰ ਟਰੰਪ ਨੇ 8 ਅਗਸਤ ਦੀ ਡੈੱਡਲਾਈਨ ਦਿੱਤੀ ਹੈ ਤੇ ਟਰੰਪ ਨੇ ਇਸ ਸੰਦਰਭ ਵਿੱਚ ਚੇਤਾਵਨੀ ਦਿੱਤੀ ਕਿ ਜੇਕਰ ਰੂਸ ਯੁੱਧ ਰੋਕਣ ਲਈ ਗੰਭੀਰ ਨਹੀਂ ਹੁੰਦਾ ਤਾਂ ਉਸ ’ਤੇ ਕਠੋਰ ਆਰਥਿਕ ਪਾਬੰਦੀਆਂ ਲਗਾਈਆਂ ਜਾਣਗੀਆਂ ਅਤੇ ਰੂਸੀ ਤੇਲ ਖਰੀਦਣ ਵਾਲੇ ਦੇਸ਼ਾਂ ’ਤੇ ਨਵੇਂ ਟੈਕਸ ਲਾਏ ਜਾਣਗੇ।

ਭਾਵੇਂ ਰੂਸ ਅਤੇ ਅਮਰੀਕਾ ਵਿੱਚ ਸਫਾਰਤੀ ਸੰਪਰਕ ਬਣੇ ਹੋਏ ਹਨ, ਪਰ ਤਣਾਅ ਕਾਫ਼ੀ ਵਧ ਚੁੱਕਾ ਹੈ।ਅਮਰੀਕੀ ਖਾਸ ਦੂਤ ਸਟੀਵ ਵਟਕੋਫ ਮਾਸਕੋ ਦਾ ਦੌਰਾ ਕਰਨਗੇ, ਤਾਂ ਜੋ ਸ਼ਾਂਤੀ ਵਾਤਾਵਰਨ ਮੁੜ ਬਹਾਲ ਕੀਤਾ ਜਾ ਸਕੇ।

ਕ੍ਰੈਮਲਿਨ ਨੇ ਟਰੰਪ ਦੀਆਂ ਧਮਕੀਆਂ ਨੂੰ ਚੋਣਾਵੀ ਪ੍ਰਚਾਰ ਕਿਹਾ, ਪਰ ਸਫਾਰਤੀ ਗੱਲਬਾਤ ਨੂੰ ਲਾਜ਼ਮੀ ਦੱਸਿਆ।

ਪੁਤਿਨ ਟਰੰਪ ਦੀ ਡੈੱਡਲਾਈਨ ਜਾਂ ਪਾਬੰਦੀਆਂ ਨੂੰ ਵੱਡੀ ਅਹਿਮੀਅਤ ਨਹੀਂ ਦੇ ਰਹੇ। ਉਨ੍ਹਾ ਦਾ ਧਿਆਨ ਯੂਕਰੇਨ ਦੇ ਉਹਨਾਂ ਖੇਤਰਾਂ ’ਤੇ ਕਬਜ਼ਾ ਬਣਾਈ ਰੱਖਣ ’ਤੇ ਹੈ, ਜਿਵੇਂ ਕਿ ਦੋਨੇਤਸਕ, ਲੁਹਾਂਸਕ, ਜਾਪੋਰੀਜ਼ੀਆ ਅਤੇ ਖੇਰਸੋਨ।ਰੂਸ ਨੇ ਸਾਫ਼ ਕਰ ਦਿੱਤਾ ਹੈ ਕਿ ਤਣਾਅ ਵਧਾਉਣ ਦੀ ਕੋਈ ਗੱਲ ਨਹੀਂ, ਪਰ ਹਾਲਾਤ ਐਟਮੀ ਹਮਲਿਆਂ ਦੀ ਧਮਕੀ ਤੱਕ ਪਹੁੰਚ ਚੁੱਕੇ ਹਨ।

ਸੰਪਰਕ :98552-59650

9-AUG-PAGE-5.qxd 8/8/2025 10:55 PM Page 1



# ਆਦਿਵਾਸੀ ਲੋਕਾਂ ਦੇ ਕਤਲੇਆਮ ਵਿਰੁੱਧ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ ਰੈਲੀ ਤੇ ਮੁਜ਼ਾਹਰਾ

■ ਮੋਗਾ ਦੀ ਧਰਤੀ 'ਤੇ ਗੂੰਜੇ ਲੋਕਾਂ ਵਿਰੁੱਧ ਕਰੂਰ ਜੰਗ ਬੰਦ ਕਰਨ ਦੇ ਨਾਅਰੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਇੱਥੇ ਪੰਜਾਬ ਦੀਆਂ 36 ਦੇ ਕਰੀਬ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ ਆਦਿਵਾਸੀਆਂ ਤੇ ਉਨ੍ਹਾਂ ਦੇ ਹਿੱਤਾਂ ਲਈ ਸੰਘਰਸ਼ਸ਼ੀਲ ਤਾਕਤਾਂ ਦੇ ਕਰੂਰ ਕਤਲੇਆਮ ਵਿਰੁੱਧ ਰੋਹ ਭਰਪੂਰ ਰੈਲੀ ਤੇ ਮੁਜ਼ਾਹਰਾ ਕਰਕੇ ਮੰਗ ਕੀਤੀ ਗਈ ਕਿ ਆਦਿਵਾਸੀ ਖੇਤਰਾਂ 'ਚ 'ਓਪਰੇਸ਼ਨ ਕਗਾਰ' ਸਮੇਤ ਹਰ ਤਰ੍ਹਾਂ ਦੇ ਫ਼ੌਜੀ ਆਪ੍ਰੇਸ਼ਨ ਬੰਦ ਕੀਤੇ ਜਾਣ, ਝੂਠੇ ਪੁਲਸ ਮੁਕਾਬਲਿਆਂ ਸਮੇਤ ਹਰ ਤਰ੍ਹਾਂ ਦੇ ਜਬਰ-ਜ਼ੁਲਮ ਫੌਰੀ ਰੋਕੇ ਜਾਣ, ਉੱਥੋਂ ਸਾਰੇ ਪੁਲਸ ਕੈਂਪ ਹਟਾਏ ਜਾਣ ਅਤੇ ਪੁਲਸ ਤੇ ਅਰਧ ਸੈਨਿਕ ਬਲ ਵਾਪਸ ਬੁਲਾਏ ਜਾਣ, ਜਲ-ਜੰਗਲ-ਜ਼ਮੀਨ ਤੇ ਖਣਿਜ ਭੰਡਾਰ ਕਾਰਪੋਰੇਟਾਂ ਨੂੰ ਲੁਟਾਉਣੇ ਬੰਦ ਕੀਤੇ ਜਾਣ ਤੇ ਲੋਕ ਵਿਰੋਧੀ ਆਰਥਕ ਮਾਡਲ ਰੱਦ ਕੀਤਾ ਜਾਵੇ, ਆਦਿਵਾਸੀਆਂ ਦੇ ਟਾਕਰੇ ਖ਼ਿਲਾਫ਼ ਡਰੋਨਾਂ ਤੇ ਹੈਲੀਕਾਪਟਰਾਂ ਰਾਹੀਂ ਬੰਬਾਰੀ ਬੰਦ ਕੀਤੀ, ਯੂਏਪੀਏ, ਅਫਸਪਾ ਸਮੇਤ ਸਾਰੇ ਕਾਲੇ ਕਾਨੂੰਨ ਰੱਦ ਕੀਤੇ, ਕੌਮੀ ਜਾਂਚ ਏਜੰਸੀ ਭੰਗ ਕੀਤੀ ਜਾਵੇ, ਗ੍ਰਿਫਤਾਰ ਕੀਤੇ ਗਏ ਜਮਹੂਰੀ ਹੱਕਾਂ ਦੇ ਕਾਰਕੁਨ ਰਿਹਾਅ ਕੀਤੇ ਜਾਣ, ਲੋਕ ਜਥੇਬੰਦੀਆਂ ਤੇ ਸੰਘਰਸ਼ਾਂ 'ਤੇ ਲਾਈਆਂ ਪਬੰਦੀਆਂ ਖਤਮ ਕੀਤੀਆਂ ਜਾਣ ਅਤੇ ਸੰਘਰਸ਼ ਕਰਨ ਦੇ ਜਮਹੂਰੀ ਹੱਕ ਬਹਾਲ ਕੀਤੇ ਜਾਣ।

ਇਸ ਤੋਂ ਪਹਿਲਾਂ ਦਾਣਾ ਮੰਡੀ ਵਿਚ ਰੈਲੀ ਵਿੱਚ ਜੁੜੇ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਵਿਦਿਆਰਥੀਆਂ, ਔਰਤਾਂ, ਤਰਕਸ਼ੀਲਾਂ, ਜਮਹੂਰੀ ਹੱਕਾਂ ਦੇ ਝੰਡਾਬਰਦਾਰਾਂ, ਲੋਕਪੱਖੀ ਲੇਖਕਾਂ, ਸਾਹਿਤਕਾਰਾਂ, ਕਲਾਕਾਰ-ਰੰਗਕਰਮੀਆਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਪੀ.ਐੱਸ.ਯੂ. (ਸ਼ਹੀਦ ਰੰਧਾਵਾ) ਦੇ ਆਗੂ ਹੁਸ਼ਿਆਰ ਸਿੰਘ, ਪੀ.ਐੱਸ.ਯੂ. ਦੇ ਸੂਬਾ ਪ੍ਰਧਾਨ ਰਣਬੀਰ ਸਿੰਘ ਰੰਧਾਵਾ, ਕਾਰਖਾਨਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਲਖਵਿੰਦਰ ਸਿੰਘ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ, ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਪ੍ਰਿਤਪਾਲ ਸਿੰਘ, ਭਾਰਤੀ ਕਿਸਾਨ ਯੂਨੀਅਨ (ਡਕੌਂਦਾ) ਦੇ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ, ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼ (ਇਫਟੂ) ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਆਪ੍ਰੇਸ਼ਨ ਗ੍ਰੀਨ ਹੰਟ ਵਿਰੋਧੀ ਫਰੰਟ ਦੇ ਸੂਬਾ ਕਨਵੀਨਰ ਡਾ. ਪਰਮਿੰਦਰ, ਬੀਕੇਯੂ (ਕ੍ਰਾਂਤੀਕਾਰੀ) ਦੇ ਸੂਬਾ ਪ੍ਰਧਾਨ ਬਲਦੇਵ ਸਿੰਘ ਜ਼ੀਰਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਪ੍ਰੈੱਸ ਸਕੱਤਰ ਅਵਤਾਰ ਸਿੰਘ ਮਹਿਮਾ, ਤਰਕਸ਼ੀਲ ਸੋਸਾਇਟੀ ਪੰਜਾਬ ਦੇ ਸੂਬਾ ਪ੍ਰਧਾਨ ਰਾਜਿੰਦਰ ਭਦੌੜ, ਬੀ ਕੇ ਯੂ ਏਕਤਾ ਉਗਰਾਹਾਂ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਸਾਬਕਾ ਸੈਨਿਕ ਕ੍ਰਾਂਤੀਕਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬਲਕਰਨ ਸਿੰਘ ਨੇ ਕਿਹਾ ਕਿ ਭਾਰਤੀ ਹੁਕਮਰਾਨਾਂ ਵੱਲੋਂ ਬਸਤਰ ਤੇ ਹੋਰ ਆਦਿਵਾਸੀ ਖੇਤਰਾਂ ਵਿੱਚ ਲੱਖਾਂ ਦੀ ਗਿਣਤੀ 'ਚ ਅਰਧ-ਸੈਨਿਕ ਤਾਕਤਾਂ ਝੋਕ ਕੇ ਚਲਾਏ ਜਾ ਰਹੇ ਖ਼ੂਨੀ ਆਪ੍ਰੇਸ਼ਨਾਂ ਦਾ ਇੱਕੋ ਇਕ ਮਨੋਰਥ ਦੇਸ਼ ਦੇ ਜਲ-ਜੰਗਲ-ਜ਼ਮੀਨਾਂ ਤੇ ਖਣਿਜ ਭੰਡਾਰ ਵਿਦੇਸ਼ੀ ਤੇ ਦੇਸੀ ਅਜਾਰੇਦਾਰ ਸਰਮਾਏਦਾਰਾਂ ਨੂੰ ਲੁਟਾਉਣਾ ਹੈ।ਸਾਰੇ ਜਮਹੂਰੀ ਤੇ ਮਨੁੱਖੀ ਤਕਾਜ਼ਿਆਂ ਨੂੰ ਤਿਆਗ ਕੇ ਡਰੋਨਾਂ, ਹੈਲੀਕਾਪਟਰਾਂ ਰਾਹੀਂ ਬੰਬਾਰੀ ਤੋਂ ਸਪੱਸ਼ਟ ਹੈ ਕਿ ਆਦਿਵਾਸੀ ਲੋਕਾਂ ਤੇ ਉਨ੍ਹਾਂ ਦੇ ਹਿੱਤਾਂ ਲਈ ਲੜ ਰਹੀਆਂ ਤਾਕਤਾਂ ਦਾ ਬਦਰੇਗ ਕਤਲੇਆਮ ਕਰਕੇ ਮੋਦੀ ਸਰਕਾਰ ਇਹ ਜੰਗਲ ਖਾਲੀ ਕਰਾ ਕੇ ਅਜਾਰੇਦਾਰ ਸਰਮਾਏਦਾਰਾਂ ਦੇ ਧਾੜਵੀ ਖਣਨ ਪ੍ਰੋਜੈਕਟਾਂ ਦੇ ਹਵਾਲੇ ਕਰਨ 'ਤੇ ਤੁਲੀ ਹੋਈ ਹੈ।ਵੱਡੇ ਕਾਰਪੋਰੇਟਾਂ ਦੀ ਲਾਲਚੀ ਅੱਖ ਪੂਰੇ ਦੇਸ਼ ਦੇ ਖੇਤੀ ਤੇ ਖਣਿਜ ਭੰਡਾਰਾਂ ਉੱਪਰ ਹੈ ਅਤੇ ਜੇਕਰ ਭਾਰਤ ਦੇ ਮਿਹਨਤਕਸ਼ ਲੋਕ ਜਾਗਰੂਕ ਹੋ ਕੇ ਇਸ ਹਮਲੇ ਨੂੰ ਠੱਲ੍ਹ ਨਹੀਂ ਪਾਉਂਦੇ ਤਾਂ ਦੇਰ-ਸਵੇਰ ਸਾਰੇ ਸੂਬਿਆਂ ਦੇ ਲੋਕ ਇਸ ਖ਼ੂਨੀ ਹਮਲੇ ਦਾ ਨਿਸ਼ਾਨਾ ਬਣਨਗੇ। ਆਦਿਵਾਸੀ ਖੇਤਰਾਂ ਵਿਚ ਫਾਸ਼ੀ ਕਹਿਰ ਢਾਹੁਣ ਦਾ ਇਹ ਸਿਲਸਿਲਾ ਪੰਜਾਬ ਅੰਦਰ ਵੀ ਇਸੇ ਕਾਰਪੋਰੇਟ ਜਗਤ ਦੀ ਸੇਵਾ ਲਈ ਸੰਘਰਸ਼ਸ਼ੀਲ ਤਾਕਤਾਂ ਨੂੰ ਨਿਸ਼ਾਨਾ ਬਣਾ ਰਿਹਾ ਹੈ ਅਤੇ ਇੱਥੇ ਵੀ ਲੋਕ ਸੰਘਰਸ਼ਾਂ ਦੇ ਅੱਗੇ ਵਧਣ ਨਾਲ ਜਮਹੂਰੀ ਹੱਕਾਂ ਦੇ ਘਾਣ ਤੇ ਹਕੂਮਤੀ ਪਾਬੰਦੀਆਂ ਨੇ ਹੋਰ ਤਿੱਖੇ ਜਬਰ ਦਾ ਰੂਪ ਧਾਰਨ ਕਰਨਾ ਹੈ।ਇਸ ਲਈ ਸੰਸਾਰ ਕਾਰਪੋਰੇਟ ਜਗਤ ਦੇ ਹਿੱਤਾਂ ਲਈ ਬੋਲੇ ਇਸ ਹੱਲੇ ਵਿਰੁੱਧ ਸਾਂਝੀ ਲੜਾਈ ਲੜਨ ਦੀ ਲੋੜ ਹੈ ਤੇ ਇਹ ਸਾਂਝੀ ਰੈਲੀ ਇਸ ਦਿਸ਼ਾ 'ਚ ਇਕ ਇਤਿਹਾਸਕ ਹੰਭਲਾ ਹੈ।ਪੰਜਾਬ ਭਰ ਤੋਂ ਮੋਗਾ ਦਾਣਾ ਮੰਡੀ ਵਿੱਚ ਜੁੜੇ ਵਿਸ਼ਾਲ ਜਨਤਕ ਸੈਲਾਬ ਵਿੱਚ ਵਿਦਵਾਨ ਲੇਖਕ, ਅਨੁਵਾਦਕ ਤੇ ਜਮਹੂਰੀ ਕਾਮੇ ਬੂਟਾ ਸਿੰਘ ਮਹਿਮੂਦਪੁਰ ਨੇ ਮਤੇ ਪੇਸ਼ ਕੀਤੇ, ਜਿਨ੍ਹਾਂ ਨੂੰ ਹੱਥ ਖੜ੍ਹੇ ਕਰ ਕੇ ਪਾਸ ਕੀਤਾ ਗਿਆ ਕਿ ਅਸੀਂ ਸਾਰੇ ਗਾਜ਼ਾ ਅੰਦਰ ਇਸ ਵੇਲੇ ਮਨੁੱਖਤਾ ਦੇ ਘਾਣ ਦੀ ਸਿਖ਼ਰ ਦੇਖ ਰਹੇ ਹਾਂ।ਮੰਚ ਸੰਚਾਲਨ ਦੀ ਭੂਮਿਕਾ ਜਗਤਾਰ ਕਾਲਾਝਾੜ ਨੇ ਨਿਭਾਈ।ਪਲਸ ਮੰਚ ਦੇ ਜਗਸੀਰ ਜੀਦਾ ਸਮੇਤ ਕਿੰਨੇ ਹੀ ਗਾਇਕਾਂ ਵੱਲੋਂ ਗੀਤ ਪੇਸ਼ ਕੀਤੇ ਗਏ।ਰੈਲੀ ਵਿਚ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ), ਪੰਜਾਬ ਖੇਤ ਮਜ਼ਦੂਰ ਯੂਨੀਅਨ, ਪੀ.ਐੱਸ.ਯੂ .(ਸ਼ਹੀਦ ਰੰਧਾਵਾ), ਇਫਟੂ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਪੰਜਾਬ ਸਟੂਡੈਂਟਸ ਯੂਨੀਅਨ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ, ਭਾਰਤੀ ਕਿਸਾਨ ਯੂਨੀਅਨ (ਡਕੌਂਦਾ) ਭਾਰਤੀ ਕਿਸਾਨ ਯੂਨੀਅਨ (ਏਕਤਾ ਡਕੌਂਦਾ), ਕਾਰਖ਼ਾਨਾ ਮਜ਼ਦੂਰ ਯੂਨੀਅਨ, ਇਨਕਲਾਬੀ ਮਜ਼ਦੂਰ ਕੇਂਦਰ, ਮੋਲਡਰ ਐਂਡ ਸਟੀਲ ਵਰਕਰਜ਼ ਯੂਨੀਅਨ, ਜਮਹੂਰੀ ਅਧਿਕਾਰ ਸਭਾ ਪੰਜਾਬ, ਪਲਸ ਮੰਚ, ਤਰਕਸ਼ੀਲ ਸੁਸਾਇਟੀ ਪੰਜਾਬ, ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ, ਟੈਕਨੀਕਲ ਸਰਵਿਸਿਜ਼ ਯੂਨੀਅਨ (ਭੰਗਲ), ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਦਲਿਤ ਅਤੇ ਮਜ਼ਦੂਰ ਮੁਕਤੀ ਮੋਰਚਾ, ਪੰਜਾਬ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ (ਕ੍ਰਾਂਤੀਕਾਰੀ), ਜਮਹੂਰੀ ਕਿਸਾਨ ਸਭਾ, ਦਿਹਾਤੀ ਮਜ਼ਦੂਰ ਸਭਾ, ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ, ਵਰਗ ਚੇਤਨਾ, ਡੈਮੋਕ੍ਰੇਟਿਕ ਡਿਸਕਸ਼ਨ ਫੋਰਮ ਪਟਿਆਲਾ, ਕ੍ਰਾਂਤੀਕਾਰੀ ਸੱਭਿਆਚਾਰ ਕੇਂਦਰ ਆਦਿ ਜਥੇਬੰਦੀਆਂ ਨੇ ਸ਼ਮੂਲੀਅਤ ਕੀਤੀ।

## ਸਰਕਾਰੀ ਬੱਸਾਂ ਦਾ ਚੱਕਾ ਜਾਮ, ਔਰਤਾਂ ਨੂੰ ਰੱਖੜੀ ਮੌਕੇ ਕਰਨਾ ਪੈ ਸਕਦਾ ਪ੍ਰੇਸ਼ਾਨੀ ਦਾ ਸਾਹਮਣਾ

**ਪਟਿਆਲਾ (ਰਜਿੰਦਰ ਥਿੰਦ)**-ਪੰਜਾਬ ਵਿੱਚ ਸਰਕਾਰੀ ਬੱਸਾਂ ਦੇ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨੇ ਜਾਣ ਕਾਰਨ ਬੱਸਾਂ ਦਾ ਅਣਮਿੱਥੇ ਸਮੇਂ ਲਈ ਚੱਕਾ ਜਾਮ ਕਰ ਕਰ ਦਿੱਤਾ ਗਿਆ ਹੈ।ਰੱਖੜੀ ਦੇ ਤਿਉਹਾਰ ਤੋਂ ਪਹਿਲਾਂ ਮੁਲਾਜ਼ਮਾਂ ਵੱਲੋਂ ਚੱਕਾ ਜਾਮ ਕਰਨ ਨਾਲ ਔਰਤਾਂ ਨੂੰ ਆਉਣ-ਜਾਣ ਵਿੱਚ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਪੈ ਸਕਦਾ ਹੈ।ਪੰਜਾਬ ਰੋਡਵੇਜ਼ ਤੇ ਪੀਆਰਟੀਸੀ ਦੇ ਠੇਕਾ ਮੁਲਾਜ਼ਮਾਂ ਵੱਲੋਂ ਸਰਕ ਾਰ ਨੂੰ ਅਲਟੀਮੇਟਮ ਦਿੱਤਾ ਗਿਆ ਸੀ ਕਿ ਸ਼ੁੱਕਰਵਾਰ ਦੁਪਹਿਰ ਤੱਕ ਜੇਕਰ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਉਨ੍ਹਾਂ ਵੱਲੋਂ ਚੱਕਾ ਜਾਮ ਕੀਤਾ ਜਾਵੇਗਾ।ਜਦੋਂ ਹੀ ਅਲਟੀਮੇਟਮ ਦਾ ਸਮਾਂ ਖਤਮ ਹੋਇਆ ਤਾਂ ਸੂਬੇ ਦੇ ਸਾਰੇ 27 ਡਿੱਪੂਆਂ 'ਚ ਠੇਕਾ ਮੁਲਾਜ਼ਮਾਂ ਨੇ ਰੋਸ ਪ੍ਰਦਰਸ਼ਨ ਸ਼ੁਰੂ ਕਰ ਦਿੱਤੇ।ਮੁਲਾਜ਼ਮਾਂ ਵੱਲੋਂ ਮੰਗ ਕੀਤੀ ਗਈ ਸੀ ਕਿ ਕਿਲੋਮੀਟਰ ਸਕੀਮ ਤਹਿਤ ਬੱਸਾਂ ਚਲਾਉਣ ਲਈ ਕੱਢਿਆ ਜਾਣ ਵਾਲੇ ਟੈਂਡਰ ਰੱਦ ਕੀਤਾ ਜਾਵੇ।ਆਗੂਆਂ ਨੇ ਕਿਹਾ ਕਿ ਇਹ ਚੱਕਾ ਜਾਮ ਉਦੋਂ ਹੀ ਖੋਲ੍ਹਿਆ ਜਾਵੇਗਾ, ਜਦੋਂ ਪੰਜਾਬ ਸਰਕਾਰ ਵੱਲੋਂ ਕਿਲੋਮੀਟਰ ਸਕੀਮ ਦਾ ਟੈਂਡਰ ਰੱਦ ਕਰਨ ਤੇ ਉਨ੍ਹਾਂ ਨਾਲ 1 ਸਾਲ 1 ਮਹੀਨੇ ਪਹਿਲਾਂ ਕੀਤੇ ਗਏ ਵਾਅਦੇ ਮੁਤਾਬਕ ਮੁੱਖ 7 ਮੰਗਾਂ ਮੰਨਣ ਲਈ ਪੱਤਰ ਜਾਰੀ ਨਹੀਂ ਕੀਤਾ ਜਾਂਦਾ।ਉਨ੍ਹਾਂ ਕਿਹਾ ਕਿ ਯੂਨੀਅਨ ਨੇ ਗੇਟ ਰੈਲੀਆਂ ਬਾਰੇ ਟਰਾਂਸਪੋਰਟ ਵਿਭਾਗ ਤੇ ਪੰਜਾਬ ਸਰਕਾਰ ਨੂੰ ਨੋਟਿਸ ਦੇ ਦਿੱਤਾ ਹੈ।ਆਗੂਆਂ ਨੇ ਕਿਹਾ ਕਿ ਸਰਕਾਰ ਨੇ ਜਾਣਬੁੱਝ ਕੇ ਟੈਂਡਰ ਲਾਉਣ ਲਈ ਰੱਖੜੀ ਦਾ ਤਿਉਹਾਰ ਚੁਣਿਆ ਹੈ।ਇਸ ਨਾਲ ਚੱਕਾ ਜਾਮ ਹੋਣ 'ਤੇ ਰੱਖੜੀ ਬੰਨ੍ਹਣ ਵਾਲੀਆਂ ਭੈਣਾਂ ਤੇ ਆਮ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਵੇਗਾ, ਜਿਸ ਲਈ ਪੰਜਾਬ ਸਰਕਾਰ ਜ਼ਿੰਮੇਵਾਰ ਹੋਵੇਗੀ।

## ਠੇਕੇਦਾਰ ਨੂੰ ਕਤਲ ਕਰਨ ਦੇ ਦੋਸ਼ 'ਚ ਨੌਕਰ ਗ੍ਰਿਫ਼ਤਾਰ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਬੀਤੇ ਦਿਨੀਂ ਪਿੰਡ ਵਜ਼ੀਰਾਬਾਦ ਨੇੜਿਓਂ ਲਾਪਤਾ ਹੋਏ ਲੇਬਰ ਠੇਕੇਦਾਰ ਗੌਤਮ ਕੁਮਾਰ ਯਾਦਵ (35) ਦੀ ਲਾਸ਼ ਸਰਹਿੰਦ ਪੁਲਸ ਨੇ ਉਕਤ ਉਦਯੋਗਕ ਇਲਾਕੇ ਦੇ ਇੱਕ ਖੂਹ 'ਚੋਂ ਦੋ ਹਿੱਸਿਆਂ 'ਚ ਬਰਾਮਦ ਕਰਕੇ ਇਸ ਕਤਲ ਦੇ ਮਾਮਲੇ 'ਚ ਬਿਹਾਰੀ ਮੂਲ ਦੇ ਇੱਕ ਕਾਮੇ ਨੂੰ ਗ੍ਰਿਫਤਾਰ ਕਰਨ 'ਚ ਸਫਲਤਾ ਹਾਸਲ ਕੀਤੀ ਹੈ। ਉਪਰੋਕਤ ਜਾਣਕਾਰੀ ਥਾਣਾ ਸਰਹਿੰਦ ਵਿਖੇ ਪੱਤਰਕਾਰਾਂ ਨਾਲ ਸਾਂਝੀ ਕਰਦੇ ਹੋਏ ਡੀ.ਐੱਸ.ਪੀ. ਹਰਤੇਸ਼ ਕੌਸ਼ਿਕ ਨੇ ਦੱਸਿਆ ਕਿ ਜੇ.ਐੱਮ.ਕੇ. ਇੰਡਸਟਰੀਜ਼ ਵਜ਼ੀਰਾਬਾਦ ਦੇ ਮਾਲਕ ਗਗਨ ਬਾਂਸਲ ਵੱਲੋਂ ਪੁਲਸ ਨੂੰ ਦਿੱਤੀ ਸ਼ਿਕਾਇਤ 'ਤੇ ਮੁੱਕਦਮਾ ਦਰਜ ਕਰਕੇ ਐੱਸ.ਐੱਸ.ਪੀ. ਸ਼ੁਭਮ ਅਗਰਵਾਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਤੇ ਐੱਸ. ਪੀ. (ਜਾਂਚ) ਰਕੇਸ਼ ਯਾਦਵ ਅਤੇ ਉਨ੍ਹਾਂ ਦੀ ਨਿਗਰਾਨੀ ਹੇਠ ਥਾਣਾ ਸਰਹਿੰਦ ਦੇ ਐੱਸ.ਐੱਚ.ਓ. ਸਰਹਿੰਦ ਇੰਸਪੈਕਟਰ ਪਵਨ ਕੁਮਾਰ ਦੀ ਅਗਵਾਈ ਵਾਲੀ ਟੀਮ ਵੱਲੋਂ ਮਾਮਲੇ ਦੀ ਵਿਗਿਆਨਕ ਢੰਗ ਨਾਲ ਜਾਂਚ ਸ਼ੁਰੂ ਕੀਤੀ ਗਈ, ਜਿਸ ਦੌਰਾਨ ਮਿਲੀ ਇਨਪੁਟ ਦੇ ਅਧਾਰ 'ਤੇ ਰਣਜੀਤ ਕੁਮਾਰ ਨੂੰ ਗ੍ਰਿਫਤਾਰ ਕਰਕੇ ਉਸ ਦੀ ਪੁੱਛਗਿੱਛ ਕੀਤੀ ਗਈ ਤਾਂ ਉਸ ਨੇ ਇੰਕਸ਼ਾਫ ਕੀਤਾ ਕਿ ਠੇਕੇਦਾਰ ਗੌਤਮ ਕੁਮਾਰ ਅਕਸਰ ਉਸ ਨੂੰ ਕੰਮ ਪਿੱਛੇ ਝਿੜਕਦਾ ਰਹਿੰਦਾ ਸੀ ਤੇ 1 ਅਗਸਤ ਨੂੰ ਸਵੇਰੇ ਜਦੋਂ ਉਹ ਮੱਝਾਂ ਦੀਆਂ ਧਾਰਾਂ ਕੱਢ ਰਿਹਾ ਸੀ ਤਾਂ ਉਸ ਤੋਂ ਦੁੱਧ ਡੁੱਲ੍ਹ ਗਿਆ, ਜਿਸ 'ਤੇ ਠੇਕੇਦਾਰ ਗੌਤਮ ਕੁਮਾਰ ਯਾਦਵ ਨੇ ਉਸ ਦੇ ਥੱਪੜ ਮਾਰ ਦਿੱਤਾ, ਜਿਸ 'ਤੇ ਉਸ ਨੇ ਤੈਸ਼ 'ਚ ਆ ਕੇ ਗੌਤਮ ਕੁਮਾਰ ਦੇ ਗਲੇ ਵਿੱਚ ਪਾਏ ਗਮਛੇ ਨਾਲ ਪਹਿਲਾਂ ਉਸ ਦਾ ਗਲਾ ਘੋਟ ਦਿੱਤਾ ਤੇ ਫਿਰ ਕੁਹਾੜੀ ਨਾਲ ਉਸ ਦੇ ਸਰੀਰ ਦੇ ਦੋ ਟੁਕੜੇ ਕਰ ਦਿੱਤੇ। ਇਸ ਤੋਂ ਬਾਅਦ ਉਸ ਨੇ ਲਾਸ਼ ਦੇ ਟੁਕੜਿਆਂ ਨੂੰ ਦੋ ਵੱਖ-ਵੱਖ ਬੋਰੀਆਂ ਵਿੱਚ ਪਾ ਕੇ ਕਰੀਬ 50 ਫੁੱਟ ਡੂੰਘੇ ਇੱਕ ਪੁਰਾਣੇ ਖੂਹ 'ਚ ਸੁੱਟ ਦਿੱਤਾ। ਡੀ.ਐੱਸ.ਪੀ. ਹਰਤੇਸ਼ ਕੌਸ਼ਿਕ ਨੇ ਦੱਸਿਆ ਕਿ ਕਾਤਲ ਏਨਾ ਸ਼ਾਤਿਰ ਵਿਅਕਤੀ ਹੈ ਕਿ ਉਸ ਨੇ ਡੂੰਘੇ ਖੂਹ 'ਚ ਸੁੱਟੀਆਂ ਲਾਸ਼ ਵਾਲੀਆਂ ਬੋਰੀਆਂ ਉੱਤੇ ਪਹਿਲਾਂ ਮਿੱਟੀ ਮਲ ਦਿੱਤੀ ਤੇ ਫਿਰ ਉੱਤੇ ਪੱਤੇ ਤੇ ਝਾੜੀਆਂ ਵਗੈਰਾ ਖਿਲਾਰ ਕੇ ਉਨ੍ਹਾਂ ਨੂੰ ਚੰਗੀ ਤਰ੍ਹਾਂ ਢੱਕ ਦਿੱਤਾ, ਜਿਸ ਕਾਰਨ ਤਫਤੀਸ਼ ਟੀਮ ਵੱਲੋਂ ਗੌਤਮ ਕੁਮਾਰ ਦੀ ਭਾਲ 'ਚ ਖੂਹ ਨੇੜੇ ਲਿਜਾਏ ਗਏ ਡੌਗ ਸਕੁਐਡ ਦੇ ਖੋਜੀ ਕੁੱਤਿਆਂ ਨੂੰ ਵੀ ਲਾਸ਼ ਦੀ ਮੁਸ਼ਕ ਨਹੀਂ ਆਈ। ਉਨ੍ਹਾਂ ਦੱਸਿਆ ਕਿ ਗ੍ਰਿਫਤਾਰ ਕੀਤੇ ਉਕਤ ਵਿਅਕਤੀ ਦੀ ਨਿਸ਼ਾਨਦੇਹੀ 'ਤੇ ਮ੍ਰਿਤਕ ਦਾ ਮੋਟਰਸਾਈਕਲ ਗਮਛਾ, ਸਰੀਰ ਦੇ ਟੁਕੜੇ ਕਰਨ ਲਈ ਵਰਤੀ ਗਈ ਕੁਹਾੜੀ ਆਦਿ ਸਾਮਾਨ ਬਰਾਮਦ ਕਰ ਲਿਆ ਗਿਆ ਹੈ ਤੇ ਮਾਮਲੇ ਦੀ ਤਫਤੀਸ਼ ਜਾਰੀ ਹੈ।

## ਕਾਤਰਾਂ

### ਸੜਕ ਹਾਦਸੇ 'ਚ ਇੱਕ ਦੀ ਮੌਤ, ਇਕ ਜ਼ਖ਼ਮੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮੁੱਖ ਮਾਰਗ ਉਪਰ ਪਿੰਡ ਵਜੀਦਕੇ ਖ਼ੁਰਦ ਨੇੜੇ ਬੀਤੀ ਰਾਤ ਵਾਪਰੇ ਇਕ ਸੜਕ ਹਾਦਸੇ 'ਚ ਮੋਟਰਸਾਈਕਲ ਚਾਲਕ ਨੌਜਵਾਨ ਦੀ ਮੌਤ ਤੇ ਦੂਜੇ ਦੇ ਜ਼ਖ਼ਮੀ ਹੋ ਜਾਣ ਦੀ ਖ਼ਬਰ ਮਿਲੀ ਹੈ।ਜਾਣਕਾਰੀ ਅਨੁਸਾਰ ਰਾਜਗਿਰੀ ਦਾ ਕੰਮ ਕਰਦੇ 24 ਸਾਲਾ ਨੌਜਵਾਨ ਸੁਖਜੀਤ ਸਿੰਘ ਬੱਬੂ ਪੁੱਤਰ ਚਰਨਜੀਤ ਸਿੰਘ ਚਰਨੀ ਮਿਸਤਰੀ ਵਾਸੀ ਮਹਿਲ ਕਲਾਂ ਜੋ ਬੀਤੀ ਰਾਤ 11 ਵਜੇ ਦੇ ਕਰੀਬ ਬਰਨਾਲਾ ਵੱਲੋਂ ਆਪਣੇ ਇਕ ਸਾਥੀ ਨਾਲ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਪਣੇ ਘਰ ਮਹਿਲ ਕਲਾਂ ਵੱਲ ਆ ਰਿਹਾ ਸੀ।ਜਦੋਂ ਉਹ ਪਿੰਡ ਵਜੀਦਕੇ ਖ਼ੁਰਦ ਨੇੜੇ ਔਨ ਜੀ ਪੰਪ ਸਾਹਮਣੇ ਪਹੁੰਚਿਆ, ਤਾਂ ਉਸ ਦਾ ਮੋਟਰਸਾਈਕਲ ਅਚਾਨਕ ਕਿਸੇ ਵਹੀਕਲ ਨਾਲ ਟਕਰਾਅ ਕੇ ਹਾਦਸਾਗ੍ਰਸਤ ਹੋ ਗਿਆ।ਇਸ ਹਾਦਸੇ ਵਿੱਚ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਨੌਜਵਾਨ ਸੁਖਜੀਤ ਸਿੰਘ ਨੂੰ ਆਸ-ਪਾਸ ਦੇ ਲੋਕਾਂ ਨੇ ਇਲਾਜ ਲਈ ਬਠਿੰਡਾ ਦੇ ਇੱਕ ਨਿੱਜੀ ਹਸਪਤਾਲ 'ਚ ਭਰਤੀ ਕਰਵਾਇਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਮੋਟਰਸਾਈਕਲ ਦੇ ਪਿੱਛੇ ਬੈਠੇ ਨੌਜਵਾਨ ਦੇ ਮਾਮੂਲੀ ਸੱਟਾਂ ਹਨ।

### ਭਾਰਤੀਯ ਅੰਬੇਡਕਰ ਮਿਸ਼ਨ ਵੱਲੋਂ ਅੱਖਾਂ ਦਾ ਚੈੱਕਅੱਪ ਕੈਂਪ ਭਲਕੇ

**ਸੰਗਰੂਰ (ਪ੍ਰਵੀਨ ਸਿੰਘ)**-ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਵੱਲੋਂ ਪ੍ਰਸਿੱਧ ਸਮਾਜ ਸੇਵਿਕਾ ਪ੍ਰੀਤੀ ਮਹੰਤ ਦੇ ਸਹਿਯੋਗ ਨਾਲ ਪ੍ਰਾਇਮਰੀ ਸਕੂਲ ਸੁੰਦਰ ਬਸਤੀ ਸੰਗਰੂਰ ਵਿਖੇ 10 ਅਗਸਤ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਅੱਖਾਂ ਦਾ ਚੈੱਕਅਪ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਸਬੰਧੀ ਜਾਣਕਾਰੀ ਦਿੰਦਿਆਂ ਮਿਸ਼ਨ ਦੇ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਨੇ ਦੱਸਿਆ ਕਿ ਕੈਂਪ ਵਿੱਚ ਗਲੋਬਲ ਹਸਪਤਾਲ ਸੰਗਰੂਰ ਦੇ ਮਾਹਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦਾ ਚੈੱਕਅਪ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਦੌਰਾਨ ਅਪ੍ਰੇਸ਼ਨ ਕਰਕੇ ਲੈਂਜ ਵੀ ਮੁਫਤ ਪਾਏ ਜਾਣਗੇ ਇਸ ਦੇ ਨਾਲ ਹੀ ਮਰੀਜ਼ਾਂ ਨੂੰ ਦਵਾਈਆਂ ਵੀ ਮੁਫਤ ਦਿੱਤੀਆਂ ਜਾਣਗੀਆਂ।

### ਚੇਤਨਾ ਸਮਾਗਮ ਤੇ ਸਿਲਾਈ ਮਸ਼ੀਨ ਵੰਡ ਸਮਾਰੋਹ ਭਲਕੇ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸਥਾਨਕ ਬਾਬਾ ਫਰੀਦ ਮੈਮੋਰੀਅਲ ਐਜੂਕੇਸ਼ਨ ਐਂਡ ਵੈੱਲਫੇਅਰ ਸੋਸਾਇਟੀ ਵੱਲੋਂ 52 ਸ਼ਹੀਦਾਂ ਦੀ ਯਾਦ ਵਿੱਚ ਚੇਤਨਾ ਸਮਾਗਮ ਤੇ ਔਰਤਾਂ-ਲੜਕੀਆਂ ਦੇ 6 ਮਹੀਨਿਆਂ ਦਾ ਕੋਰਸ ਪੂਰਾ ਹੋਣ 'ਤੇ ਸਿਲਾਈ ਮਸ਼ੀਨ ਵੰਡ ਸਮਾਰੋਹ 10 ਅਗਸਤ ਨੂੰ 11 ਵਜੇ ਮੂਲੇ ਕਾ ਦਰਵਾਜ਼ਾ ਲੌਂਗੋਵਾਲ ਵਿਖੇ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਅਮਨ ਅਰੋੜਾ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਅਤੇ ਡਾ. ਭੀਮ ਇੰਦਰ ਸਿੰਘ ਡਾਇਰੈਕਟਰ ਯੁਵਕ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਨਗੇ, ਜਦਕਿ ਗ਼ਦਰੀ ਗੁਲਾਬ ਕੌਰ (ਵਿਦਿਆਰਥੀ ਸ਼ਹੀਦ ਭਾਈ ਮਤੀ ਦਾਸ ਐੱਸ.ਓ.ਈ. ਲੌਂਗੋਵਾਲ) ਵੱਲੋਂ ਵਿਸ਼ੇਸ਼ ਨਾਟਕ ਪੇਸ਼ ਕੀਤਾ ਜਾਵੇਗਾ। ਇਸ ਪ੍ਰੋਗਰਾਮ ਦੌਰਾਨ ਬਰਾਸ਼ ਫਾਊਂਡੇਸ਼ਨ, ਸੰਗਰਾਮੀ ਕਲਾ ਕੇਂਦਰ ਸੁਨਾਮ ਊਧਮ ਸਿੰਘ ਵਾਲਾ, ਪਵਨਯੋਗ ਮੇਕ ਬੈਟਰ ਫਾਊਂਡੇਸ਼ਨ, ਉਨਤ ਭਾਰਤ ਅਭਿਆਨ (ਸਲਾਈਟ) ਤੇ ਸੋਸਵਾ (ਐੱਨ) ਚੰਡੀਗੜ੍ਹ ਵੱਲੋਂ ਵਿਸ਼ੇਸ਼ ਸਹਿਯੋਗ ਰਹੇਗਾ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਮੁੱਖ ਮੰਤਰੀ ਤੇ ਵਿੱਤ ਮੰਤਰੀ ਦੇ ਫੂਕੇ ਪੁਤਲੇ



**ਕੋਟਕਪੂਰਾ (ਰਛਪਾਲ ਭੁੱਲਰ)**-ਕੋਟਕਪੂਰਾ ਤਹਿਸੀਲ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਸਥਾਨਕ ਲਾਲਾ ਲਾਜਪਤ ਰਾਏ ਮਿਊਂਸਪਲ ਪਾਰਕ ਵਿਖੇ ਇਕੱਠੇ ਹੋ ਕੇ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਪੂਰੀਆਂ ਕਰਨ ਦੀ ਬਜਾਏ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੀ ਲੀਡਰਸ਼ਿਪ ਨਾਲ ਗੱਲਬਾਤ ਕਰਨ ਤੋਂ ਭੱਜਣ ਤੋਂ ਖ਼ਫ਼ਾ ਹੋ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਦੇ ਵਿੱਤ ਮੰਤਰੀ ਤੇ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਹਰਪਾਲ ਸਿੰਘ ਚੀਮਾ ਵੱਲੋਂ ਵਾਰ ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਐਨ ਮੌਕੇ 'ਤੇ ਆ ਕੇ ਮੀਟਿੰਗਾਂ ਮੁਲਤਵੀ ਕਰਨ ਦੇ ਰੋਸ ਵਜੋਂ ਰੈਲੀ ਕੀਤੀ ਗਈ ਤੇ ਪੰਜਾਬ ਸਰਕਾਰ ਦੇ ਖਿਲਾਫ ਤਿੱਖੀ ਨਾਹਰੇਬਾਜ਼ੀ ਕਰਦੇ ਹੋਏ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਦੇ ਪੁਤਲੇ ਫੂਕੇ ਗਏ।ਇਸ ਮੌਕੇ ਸੰਬੋਧਨ ਕਰਦੇ ਹੋਏ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਆਗੂ ਪ੍ਰੇਮ ਚਾਵਲਾ, ਪੈਨਸ਼ਨਰ ਆਗੂ ਸੁਭਾਸ਼ ਚੰਦਰ ਸ਼ਰਮਾ, ਕੁਲਵਿੰਦਰ ਸਿੰਘ ਮੌੜ, ਵੀਰਇੰਦਰਜੀਤ ਸਿੰਘ ਪੁਰੀ, ਬਲਵਿੰਦਰ ਸਿੰਘ ਗੋਸੁਆਮੀ, ਗੁਰਚਰਨ ਸਿੰਘ ਸਿੱਖਾਂ ਵਾਲਾ ਮੁੱਖ ਅਧਿਆਪਕ, ਬਲਕਾਰ ਸਿੰਘ ਸਹੋਤਾ, ਅਮਰਜੀਤ ਸਿੰਘ ਦੁੱਗਲ, ਪ੍ਰੀਤਮ ਸਿੰਘ ਖਜ਼ਾਨਾ ਦਫਤਰ, ਕੁਲਵੰਤ ਸਿੰਘ ਚਾਨੀ, ਵੀਰ ਸਿੰਘ ਕੰਮੇਆਣਾ, ਦਰਸ਼ਨ ਬਾਵਾ, ਸੋਮ ਨਾਥ ਅਰੋੜਾ, ਪੂਰਨ ਸਿੰਘ ਸਰਾਵਾਂ, ਤਰਸੇਮ ਨਰੂਲਾ, ਸੁਖਮੰਦਰ ਸਿੰਘ ਸੰਧਵਾਂ, ਕੇਵਲ ਸਿੰਘ ਸਬ ਇੰਸਪੈਕਟਰ ਤੇ ਗੁਰਦੀਪ ਭੋਲਾ ਨੇ ਪੰਜਾਬ ਸਰਕਾਰ 'ਤੇ ਦੋਸ਼ ਲਾਇਆ ਕਿ ਪਿਛਲੇ ਲਗਭਗ ਸਾਢੇ ਤਿੰਨ ਸਾਲਾਂ ਤੋਂ ਭਗਵੰਤ ਮਾਨ ਸਰਕਾਰ ਵੱਲੋਂ ਮੁਲਾਜ਼ਮ ਤੇ ਪੈਨਸ਼ਨਰ ਮੰਗਾਂ ਪ੍ਰਤੀ ਅਪਣਾਈ ਗਈ ਨਾ-ਪੱਖੀ ਪਹੁੰਚ ਕਾਰਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਬਹੁਤ ਸਾਰੇ ਮਸਲੇ ਲਮਕ ਅਵਸਥਾ ਵਿੱਚ ਪਏ ਹਨ।ਬੁਲਾਰਿਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਸਾਢੇ ਪੰਜ ਸਾਲਾਂ ਦਾ ਤਨਖਾਹਾਂ ਤੇ ਪੈਨਸ਼ਨਾਂ ਦਾ ਬਣਦਾ ਬਕਾਇਆ ਯਕਮੁਸ਼ਤ ਤੁਰੰਤ ਜਾਰੀ ਕੀਤਾ ਜਾਵੇ, ਮਹਿੰਗਾਈ ਭੱਤੇ ਦੀਆਂ ਬਕਾਇਆ ਪਈਆਂ 13 ਫੀਸਦੀ ਚਾਰ ਕਿਸ਼ਤਾਂ ਤੇ ਪਿਛਲੀਆਂ ਕਿਸ਼ਤਾਂ ਦਾ ਰਹਿੰਦਾ ਸਾਰਾ ਬਕਾਇਆ ਤੁਰੰਤ ਦਿੱਤਾ ਜਾਵੇ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਤੁਰੰਤ ਲਾਗੂ ਕੀਤਾ ਜਾਵੇ, ਸਮੂਹ ਕੱਚੇ, ਠੇਕਾ ਅਧਾਰਤ, ਆਊਟ ਸੋਰਸ ਮੁਲਾਜ਼ਮਾਂ ਤੇ ਵੱਖ-ਵੱਖ ਸਕੀਮਾਂ ਆਸ਼ਾ ਵਰਕਰਜ਼, ਆਂਗਣਵਾੜੀ ਵਰਕਰਜ਼, ਮਿੱਡ ਡੇ ਮੀਲ ਵਰਕਰਜ਼ ਆਦਿ ਸਕੀਮ ਵਰਕਰਾਂ ਨੂੰ ਪੂਰੇ ਤਨਖਾਹ ਸਕੇਲਾਂ ਵਿੱਚ ਰੈਗੂਲਰ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਅਸਲ ਰੂਪ ਵਿੱਚ ਤੁਰੰਤ ਬਹਾਲ ਕੀਤੀ ਜਾਵੇ ਤੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਮੰਗ ਪੱਤਰ ਵਿੱਚ ਦਰਜ ਸਮੂਹ ਮੰਗਾਂ ਦਾ ਪੰਜਾਬ ਸਰਕਾਰ ਵੱਲੋਂ ਤੁਰੰਤ ਨਿਪਟਾਰਾ ਕੀਤਾ ਜਾਵੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਦਰਸ਼ਨ ਸਿੰਘ ਪ੍ਰਿੰਸੀਪਲ ਜੁਗਰਾਜ ਸਿੰਘ, ਖੈਰਤੀ ਲਾਲ ਸ਼ਰਮਾ, ਸੁਰਜੀਤ ਸਿੰਘ ਛੱਤੀ, ਮਦਨ ਲਾਲ ਸ਼ਰਮਾ ਸੰਧਵਾਂ, ਹਾਕਮ ਸਿੰਘ, ਸੁਰਿੰਦਰ ਕੁਮਾਰ ਮੰਜਾਲ, ਬਲਵਿੰਦਰ ਸਿੰਘ ਪਟਵਾਰੀ, ਭੀਮ ਸੈਨ, ਜਸਵੀਰ ਸਿੰਘ, ਗੁਰਚਰਨ ਸਿੰਘ ਮਾਨ, ਨਛੱਤਰ ਸਿੰਘ ਮੱਤਾ, ਹਰਜਿੰਦਰ ਸਿੰਘ, ਗੁਰਦੀਪ ਸਿੰਘ, ਜਸਵਿੰਦਰ ਸਿੰਘ ਬਰਾੜ, ਪ੍ਰਿੰਸੀਪਲ ਦਿੱਗਵਿਜੇ ਸਿੰਘ, ਰਣਬੀਰ ਸਿੰਘ, ਗੇਜ ਰਾਮ ਭੌਰਾ, ਪੂਰਨ ਸਿੰਘ ਸੰਧਵਾਂ, ਜਗਰੂਪ ਸਿੰਘ, ਬਲਵਿੰਦਰ ਸਿੰਘ ਤੇ ਸੁਖਦੇਵ ਰਾਮ ਆਦਿ ਹਾਜ਼ਰ ਸਨ।

# ਉਸਾਰੀ ਕਿਰਤੀਆਂ ਨੂੰ ਹੱਕ ਦਿਵਾਉਣ ਤੇ ਆਰਥਿਕ ਲੁੱਟ ਖ਼ਿਲਾਫ਼ ਰੋਸ ਰੈਲੀ ਕੀਤੀ ਜਾਵੇਗੀ : ਢਾਬਾਂ, ਬੰਨਵਾਲਾ

■ ਰਿਸ਼ਵਤਖੋਰ ਮੁਲਾਜ਼ਮਾਂ ਤੇ ਅਫ਼ਸਰਾਂ ਕਾਰਨ ਕਿਰਤੀ ਹੋ ਰਹੇ ਹਨ ਪ੍ਰੇਸ਼ਾਨ



**ਫ਼ਾਜ਼ਿਲਕਾ (ਰਣਬੀਰ ਕੌਰ ਢਾਬਾਂ)**-ਜ਼ਿਲ੍ਹੇ ਦੇ ਲਾਭਪਾਤਰੀ ਉਸਾਰੀ ਕਿਰਤੀਆਂ ਨੂੰ ਆਪਣੇ ਹੱਕ ਪ੍ਰਾਪਤ ਕਰਨ ਲਈ ਆ ਰਹੀਆਂ ਮੁਸ਼ਕਲਾਂ, ਲੇਬਰ ਦਫ਼ਤਰਾਂ ਵਿੱਚ ਹੋ ਰਹੀ ਖੱਜਲ ਖੁਆਰੀ ਤੇ ਰਿਸ਼ਵਤ ਲੈ ਕੇ ਕੰਮ ਕਰਨ ਵਾਲੇ ਰਿਸ਼ਵਤਖੋਰ ਮੁਲਾਜ਼ਮਾਂ ਤੇ ਅਫ਼ਸਰਾਂ ਖ਼ਿਲਾਫ਼ ਕਾਰਵਾਈ ਕਰਵਾਉਣ ਲਈ ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਵੱਲੋਂ ਸੰਘਰਸ਼ ਵਿੱਢਣ ਦਾ ਐਲਾਨ ਕੀਤਾ ਗਿਆ ਹੈ।ਡੀ ਸੀ ਦਫ਼ਤਰ ਵਿਖੇ ਖੱਜਲ ਖੁਆਰ ਹੋ ਰਹੇ ਉਸਾਰੀ ਕਿਰਤੀਆਂ ਨਾਲ ਗੱਲਬਾਤ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਏਟਕ) ਦੇ ਸੂਬਾ ਮੀਤ ਸਕੱਤਰ ਪਰਮਜੀਤ ਢਾਬਾਂ ਤੇ ਜ਼ਿਲ੍ਹਾ ਪ੍ਰਧਾਨ ਸ਼ੰਭੂ ਰਾਮ ਬੰਨਵਾਲਾ ਨੇ ਇੱਥੇ ਯੂਨੀਅਨ ਵੱਲੋਂ ਐਲਾਨ ਕਰਦਿਆਂ ਕਿਹਾ ਕਿ ਆਉਣ ਵਾਲੀ 28 ਅਗਸਤ ਨੂੰ ਅਸਿਸਟੈਂਟ ਲੇਬਰ ਕਮਿਸ਼ਨਰ ਸਾਹਮਣੇ ਜ਼ਿਲ੍ਹਾ ਭਰ ਦੇ ਉਸਾਰੀ ਕਿਰਤੀਆਂ ਵੱਲੋਂ ਰੋਸ ਰੈਲੀ ਕੀਤਾ ਜਾਵੇਗਾ।ਸਾਥੀ ਢਾਬਾਂ ਤੇ ਸਾਥੀ ਸ਼ੰਭੂ ਰਾਮ ਨੇ ਕਿਹਾ ਕਿ ਅੱਜ ਇੱਥੇ ਪਹੁੰਚ ਕੇ ਉਨ੍ਹਾਂ ਨੂੰ ਬਹੁਤ ਦੁੱਖ ਹੋਇਆ ਹੈ ਕਿ ਕਿਵੇਂ ਰੋ-ਰੋ ਕੇ ਉਸਾਰੀ ਮਜ਼ਦੂਰਾਂ ਨੇ ਆਪਣਾ ਹਾਲ ਦੱਸਿਆ ਕਿ ਉਨ੍ਹਾਂ ਕੋਲ ਫਾਜ਼ਿਲਕਾ ਸ਼ਹਿਰ ਆਉਣ ਲਈ ਕਿਰਾਏ ਲਈ ਪੈਸੇ ਵੀ ਨਹੀਂ ਅਤੇ ਤਨ 'ਤੇ ਪਾਏ ਹੋਏ ਕੱਪੜੇ ਵੀ ਪਾਟੇ ਹੋਏ ਹਨ, ਪ੍ਰੰਤੂ ਇੱਥੇ ਰਿਸ਼ਵਤ ਲੈਣ ਵਾਲੇ ਅਫਸਰਾਂ ਤੇ ਮੁਲਾਜ਼ਮਾਂ ਨੂੰ ਜ਼ਰਾ ਸ਼ਰਮ ਨਹੀਂ ਆ ਰਹੀ।ਆਗੂਆਂ ਨੇ ਦੋਸ਼ ਲਾਇਆ ਕਿ ਕਿਰਤ ਵਿਭਾਗ ਦੇ ਅਫਸਰਾਂ ਦੀ ਆਈਡੀ ਰਾਤ ਨੂੰ ਵਿਕਦੀ ਹੈ ਤੇ ਉਨ੍ਹਾਂ ਦੀ ਆਈਡੀ ਤੋਂ ਅੱਧੀ ਰਾਤ ਨੂੰ ਕੰਮ ਰਿਸ਼ਵਤ ਲੈ ਕੇ ਕੀਤੇ ਜਾ ਰਹੇ ਹਨ, ਜਿਸ ਕਾਰਨ ਉਸਾਰੀ ਕਿਰਤੀਆਂ ਦੀ ਵੱਡੇ ਪੱਧਰ 'ਤੇ ਲੁੱਟ ਹੋ ਰਹੀ ਹੈ।ਉਸਾਰੀ ਕਿਰਤੀਆਂ ਨੂੰ ਸਕੀਮਾਂ ਦੇ ਲਾਭ ਲੈਣ ਲਈ ਕਈ ਤਰ੍ਹਾਂ ਦੇ ਗੈਰ-ਵਾਜਬ ਇਤਰਾਜ਼ਾਂ ਦਾ ਸਾਹਮਣਾ ਇਸ ਕਰਕੇ ਕਰਨਾ ਪੈ ਰਿਹਾ ਹੈ, ਕਿਉਂਕਿ ਅਫ਼ਸਰ ਅਤੇ ਮੁਲਾਜ਼ਮ ਆਪਸੀ ਮਿਲੀਭੁਗਤ ਕਰਕੇ ਜਾਣ ਬੁੱਝ ਕੇ ਓਬਜੈਕਸ਼ਨ ਲਗਾ ਰਹੇ ਹਨ।ਜਦੋਂ ਉਸਾਰੀ ਕਿਰਤੀ ਕਿਰਤ ਦਫਤਰਾਂ ਤੇ ਸੇਵਾ ਕੇਂਦਰਾਂ ਦੇ ਵਾਰ-ਵਾਰ ਚੱਕਰ ਲਗਾ ਕੇ ਆਰਥਿਕ ਲੁੱਟ ਦਾ ਸ਼ਿਕਾਰ ਹੋ ਜਾਂਦਾ ਹੈ, ਤਾਂ ਉਹ ਮਜਬੂਰੀ ਵੱਸ ਰਿਸ਼ਵਤ ਦੇਣ ਲਈ ਮਜਬੂਰ ਹੁੰਦਾ ਹੈ। ਆਗੂਆਂ ਨੇ ਐਲਾਨ ਕਰਦਿਆਂ ਕਿਹਾ ਕਿ ਜ਼ਿਲ੍ਹਾ ਪੱਧਰ 'ਤੇ ਕੀਤੀ ਜਾ ਰਹੀ ਰੋਸ ਰੈਲੀ ਦੀ ਤਿਆਰੀ ਲਈ ਉਹ ਪਿੰਡ ਪਿੰਡ ਜਾ ਕੇ ਉਸਾਰੀ ਕਿਰਤੀਆਂ ਤੇ ਉਨ੍ਹਾਂ ਦੇ ਵਿਦਿਆਰਥੀ ਬੱਚਿਆਂ ਦੀ ਲਾਮਬੰਦੀ ਕਰਨਗੇ।ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ, ਕਿਰਤ ਵਿਭਾਗ ਤੇ ਵਿਜੀਲੈਂਸ ਵਿਭਾਗ ਤੋਂ ਕਿਰਤ ਵਿਭਾਗ ਵਿੱਚ ਰਿਸ਼ਵਤ ਲੈ ਕੇ ਲੋਕਾਂ ਦੀ ਆਰਥਿਕ ਲੁੱਟ ਕਰਨ ਵਾਲੇ ਮੁਲਾਜ਼ਮਾਂ ਤੇ ਅਫਸਰਾਂ ਦੀ ਜਾਂਚ ਦੀ ਮੰਗ ਕਰਦਿਆਂ ਕਿਹਾ ਕਿ ਇਨ੍ਹਾਂ ਦੀ ਪੜਤਾਲ ਉਪਰੰਤ ਦੋਸ਼ੀ ਪਾਏ ਜਾਣ ਵਾਲੇ ਮੁਲਾਜ਼ਮਾਂ ਤੇ ਅਫਸਰਾਂ ਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ, ਤਾਂ ਕਿ ਉਸਾਰੀ ਕਿਰਤੀ ਭਲਾਈ ਬੋਰਡ ਦੀਆਂ ਸਕੀਮਾਂ ਦਾ ਲਾਭ ਲੈ ਸਕਣ।ਇਸ ਮੌਕੇ ਹੋਰਾਂ ਤੋਂ ਇਲਾਵਾ ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਬਲਵਿੰਦਰ ਘੁਬਾਇਆ, ਬਲਾਕ ਜਲਾਲਾਬਾਦ ਦੇ ਮੀਤ ਪ੍ਰਧਾਨ ਕ੍ਰਮਵਾਰ ਐੱਸ. ਐੱਸ. ਧੁਨਕੀਆਂ ਤੇ ਧਰਮਿੰਦਰ ਮੁਰਕ ਵਾਲਾ ਹਾਜ਼ਰ ਸਨ।

## 13 ਲੱਖ ਦੀ ਠੱਗੀ ਮਾਰਨ ਦੇ ਦੋਸ਼ 'ਚ ਮੁਨਸ਼ੀ ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਜ਼ਮੀਨਾਂ ਦਾ ਮੁਆਵਜ਼ਾ ਨਾ ਮਿਲਣ ਕਰਕੇ ਵਕੀਲ ਨੂੰ ਦੱਸੇ ਬਿਨਾਂ ਦੱਸੇ ਇਕ ਵਿਅਕਤੀ ਨਾਲ 13 ਲੱਖ ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਵਿੱਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਵਕੀਲ ਮੁਨਸ਼ੀ ਖਿਲਾਫ 318 (4), 336 (2), 336 (3), 337, 338, 340 (2) ਬੀਐੱਨਐੱਸ, ਧਾਰਾ 7-ਏ ਪੀਸੀ ਐਕਟ ਸੋਧ 2018 ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਇੰਸਪੈਕਟਰ ਜਤਿੰਦਰ ਸਿੰਘ ਨੇ ਦੱਸਿਆ ਕਿ ਯੂਆਈਡੀ 578724 ਮਿਤੀ 21 ਅਪ੍ਰੈਲ 2025 ਵੱਲੋਂ ਹਰਵਿੰਦਰ ਸਿੰਘ ਪੁੱਤਰ ਰੂਪ ਸਿੰਘ, ਹਰਜਿੰਦਰ ਸਿੰਘ ਪੁੱਤਰ ਬਲਵੰਤ ਸਿੰਘ, ਤੇਜਵੀਰ ਸਿੰਘ ਪੁੱਤਰ ਅਵਤਾਰ ਸਿੰਘ ਸਾਰੇ ਵਾਸੀਅਨ ਪਿੰਡ ਸਿੰਘਾਂ ਵਾਲਾ, ਜ਼ਿਲ੍ਹਾ ਮੋਗਾ ਦਰਖਾਸਤੀ ਧਿਰ ਦੀ ਜ਼ਮੀਨ ਐੱਨਐੱਚ-105/ਬੀ ਵਿਚ ਅਕਵਾਇਰ ਕੀਤੀ ਹੋਈ ਸੀ ਤੇ ਇਨ੍ਹਾਂ ਨੂੰ ਸੈਂਟਰ ਸਰਕਾਰ ਵੱਲੋਂ ਜ਼ਮੀਨਾਂ ਦਾ ਪੂਰਾ ਮੁਆਵਜ਼ਾ ਨਾ ਮਿਲਣ ਕਰਕੇ ਇਨ੍ਹਾਂ ਵੱਲੋਂ ਕਮਿਸ਼ਨਰ ਫਿਰੋਜ਼ਪੁਰ ਡਵੀਜ਼ਨ ਫਿਰੋਜ਼ਪੁਰ ਦੀ ਅਦਾਲਤ ਵਿੱਚ ਕੇਸ ਦਾਇਰ ਕੀਤੇ ਸਨ ਤੇ ਜਗਦੀਪ ਸਿੰਘ ਕੰਬੋਜ ਵਕੀਲ ਨੂੰ ਬਤੌਰ ਐਡਵੋਕੇਟ ਮੁਕੱਰਰ ਕੀਤਾ ਸੀ। ਵਕੀਲ ਜਸਦੀਪ ਸਿੰਘ ਵੱਲੋਂ 25 ਅਗਸਤ 2023 ਨੂੰ ਵੱਖ ਵੱਖ ਕੇਸ ਦਾਇਰ ਕੀਤੇ ਗਏ। ਵਕੀਲ ਜਸਦੀਪ ਕੰਬੋਜ ਨਾਲ ਲੱਗੇ ਮੁਨਸ਼ੀ ਰਵੀ ਪੁੱਤਰ ਪੂਰਨ ਚੰਦ ਵਾਸੀ ਬਾਰਡਰ ਰੋਡ ਅਜੀਤ ਨਗਰ ਥਾਣਾ ਸਿਟੀ ਨੇ ਦਰਖਾਸਤੀ ਧਿਰ ਕੋਲੋਂ ਵਕੀਲ ਜਸਦੀਪ ਕੰਬੋਜ ਨੂੰ ਦੱਸੇ ਬਿਨਾਂ ਕੇਸ ਦਰਖਾਸਤੀ ਧਿਰ ਦੇ ਹੱਕ ਵਿੱਚ ਕਰਾਉਣ ਲਈ ਧੋਖੇ ਨਾਲ ਦਰਖਾਸਤੀ ਧਿਰ ਪਾਸੋਂ 13 ਲੱਖ ਰੁਪਏ ਨਗਦ ਗੁਗਲ ਪੇਅ ਤੇ ਪੈਅਟੀਐੱਮ ਜ਼ਰੀਏ ਵੱਖ ਵੱਖ ਤਾਰੀਖਾਂ ਨੂੰ ਹਸਾਲ ਕਰਕੇ ਦਰਖਾਸਤੀ ਧਿਰ ਨਾਲ ਠੱਗੀ ਮਾਰੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਇੰਸਪੈਕਟਰ ਜਤਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਹਸਨਪੁਰ ਵਿਖੇ ਫਾਇਰਿੰਗ ਕਰਨ ਦੀ ਵਾਰਦਾਤ 'ਚ ਸ਼ਾਮਲ 7 ਮੁਲਜ਼ਮ ਕਾਬੂ

■ 3 ਦੇਸੀ ਪਿਸਟਲ, ਬਲੈਰੋ ਤੇ ਮੋਟਰਸਾਈਕਲ ਬ੍ਰਾਮਦ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**-ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਸਰਤਾਜ ਸਿੰਘ ਚਹਿਲ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਹਸਨਪੁਰ ਵਿਖੇ ਰਾਤ ਸਮੇਂ ਰਿਹਾਇਸ਼ੀ ਘਰ 'ਤੇ ਫਾਈਰਿੰਗ ਕਰਨ ਦੀ ਵਾਰਦਾਤ ਵਿੱਚ ਸ਼ਾਮਲ ਗਰੋਹ ਦੇ 7 ਮੈਂਬਰਾਂ ਨੂੰ ਕਾਬੂ ਕੀਤਾ ਗਿਆ, ਜਿਨ੍ਹਾਂ ਪਾਸੋਂ ਵਾਰਦਾਤ ਸਮੇਂ ਵਰਤੇ 3 ਦੇਸੀ ਪਿਸਟਲ ਸਮੇਤ ਮੈਗਜ਼ੀਨ, 01 ਬਲੈਰੋ ਗੱਡੀ ਤੇ 01 ਮੋਟਰ ਸਾਇਕਲ ਬ੍ਰਾਮਦ ਕਰਵਾਇਆ ਗਿਆ।ਸ੍ਰੀ ਚਹਿਲ ਨੇ ਦੱਸਿਆ ਕਿ ਥਾਣਾ ਸਦਰ ਧੂਰੀ ਅਧੀਨ ਆਉਂਦੇ ਪਿੰਡ ਹਸਨਪੁਰ ਦੇ ਕੁਲਵਿੰਦਰ ਸਿੰਘ ਨੇ ਪੁਲਸ ਨੂੰ ਦਿੱਤੀ ਇਤਲਾਹ ਵਿੱਚ ਦੱਸਿਆ ਕਿ ਚਾਰ/ਪੰਜ ਅਗਸਤ ਦੀ ਦਰਮਿਆਨੀ ਰਾਤ ਨੂੰ ਜਦੋਂ ਉਹ ਰਿਸ਼ਤੇਦਾਰੀ ਵਿੱਚ ਗਿਆ ਹੋਇਆ ਸੀ ਅਤੇ ਘਰ ਵਿੱਚ ਉਸ ਦੀ ਪਤਨੀ ਤੇ ਉਸ ਦਾ ਪਿਤਾ ਮੌਜੂਦ ਸੀ ਤੇ ਅੱਧੀ ਰਾਤ ਤੋਂ ਬਾਅਦ ਅਣਪਛਾਤੇ ਵਿਅਕਤੀਆਂ ਵੱਲੋਂ ਉਨ੍ਹਾ ਘਰ 'ਤੇ ਫਾਈਰਿੰਗ ਕੀਤੀ ਗਈ, ਜਿਸ ਸਬੰਧੀ ਕੁਲਵਿੰਦਰ ਸਿੰਘ ਵੱਲੋਂ ਆਪਣੇ ਤੌਰ ਤੇ ਕੀਤੀ ਗਈ ਪੜਤਾਲ ਵਿੱਚ ਪਤਾ ਲੱਗਿਆ ਕਿ ਵਾਰਦਾਤ ਕਰਵਾਉਣ ਵਿੱਚ ਹਰਮਨਪ੍ਰੀਤ ਸਿੰਘ ਵਾਸੀ ਮੂਲੋਵਾਲ ਸ਼ਾਮਲ ਹੈ, ਜਿਸ ਅਧਾਰ 'ਤੇ ਪੁਲਸ ਵੱਲੋਂ ਹਰਮਨਪ੍ਰੀਤ ਸਿੰਘ ਅਤੇ ਤਿੰਨ ਹੋਰ ਅਣਪਛਾਤੇ ਮੁਲਜ਼ਮਾਂ ਖਿਲਾਫ਼ ਵੱਖ ਵੱਖ ਧਾਰਾਵਾਂ ਤਹਿਤ ਮੁੱਕਦਮਾ ਦਰਜ ਕਰਕੇ ਤਫਤੀਸ ਅਮਲ ਵਿੱਚ ਲਿਆਂਦੀ ਗਈ ਅਤੇ ਦਵਿੰਦਰ ਅੱਤਰੀ, ਕਪਤਾਨ ਪੁਲਸ (ਇੰਨਵੈਸਟੀਗੇਸ਼ਨ) ਸੰਗਰੂਰ ਦੀ ਨਿਗਰਾਨੀ ਹੇਠ ਦਮਨਵੀਰ ਸਿੰਘ, ਉਪ ਕਪਤਾਨ ਪੁਲਸ ਸਬ ਡਵੀਜ਼ਨ ਧੂਰੀ ਦੀ ਅਗਵਾਈ ਹੇਠ ਇੰਸਪੈਕਟਰ ਸੰਦੀਪ ਸਿੰਘ ਇੰਚਾਰਜ ਸੀ.ਆਈ.ਏ. ਬਹਾਦਰ ਸਿੰਘ ਵਾਲਾ ਤੇ ਇੰਸਪੈਕਟਰ ਕਰਨਬੀਰ ਸਿੰਘ ਸੰਧੂ ਮੁੱਖ ਅਫਸਰ ਥਾਣਾ ਸਦਰ ਧੂਰੀ ਸਮੇਤ ਪੁਲਸ ਪਾਰਟੀ ਦੀਆਂ ਟੀਮਾਂ ਬਣਾ ਕੇ ਟੈਕਨੀਕਲ ਢੰਗ ਨਾਲ ਤਫਤੀਸ਼ ਅਮਲ ਵਿੱਚ ਲਿਆਂਉਂਦੇ ਹੋਏ ਮੁਲਜ਼ਮ ਹਰਮਨਪ੍ਰੀਤ ਸਿੰਘ ਨੂੰ ਗ੍ਰਿਫਤਾਰ ਕਰਕੇ ਉਸ ਦੀ ਪੁੱਛਗਿੱਛ ਦੇ ਅਧਾਰ 'ਤੇ ਮੁਲਜ਼ਮਾਂ ਤਰਨਵੀਰ ਸਿੰਘ, ਵਾਸੀ ਅਟਾਲਬਨਜਾਰਾ, ਨਤੀਸ਼ ਭੱਟੀ ਵਾਸੀ ਚਨਕੋਹੀ, ਗੁਰਨੂਰ ਸਿੰਘ ਵਾਸੀ ਪਿੰਡ ਕੁੱਕੜਮਾਜ਼ਰਾ ਨੂੰ ਨਾਮਜ਼ਦ ਕਰਕੇ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਦੇ ਕਬਜ਼ੇ ਵਿੱਚੋਂ ਵਾਰਦਾਤ ਸਮੇਂ ਵਰਤੇ 2 ਦੇਸੀ ਪਿਸਟਲ ਸਮੇਤ ਮੈਗਜ਼ੀਨ ਤੇ ਮੋਟਰਸਾਈਕਲ ਮਾਰਕਾ ਸਪਲੈਂਡਰ ਬ੍ਰਾਮਦ ਕਰਵਾਏ ਗਏ।

ਉਨ੍ਹਾਂ ਦੱਸਿਆ ਕਿ ਤਫਤੀਸ਼ ਦੌਰਾਨ ਸਾਹਮਣੇ ਆਇਆ ਕਿ ਮੁਲਜ਼ਮ ਹਰਮਨਪ੍ਰੀਤ ਸਿੰਘ ਵਾਸੀ ਮੂਲੋਵਾਲ ਨੂੰ ਅਵਰੀਤ ਸਿੰਘ ਵਾਸੀ ਪੱਤੀ ਸੇਰੋਂ ਹਾਲ ਅਬਾਦ ਮੈਲਬਰਨ ਆਸਟਰੇਲੀਆ ਨੇ ਫੋਨ ਕਰਕੇ ਕਿਹਾ ਕਿ ਉਸ ਪਾਸ ਤਰਨਵੀਰ ਸਿੰਘ, ਨਤੀਸ਼ ਭੱਟੀ ਤੇ ਗੁਰਨੂਰ ਸਿੰਘ ਨਾਮ ਦੇ ਤਿੰਨ ਲੜਕੇ ਆਉਣਗੇ।ਇਸ ਕੰਮ ਵਿੱਚ ਮਦਦ ਕਰਨ ਬਦਲੇ ਹਰਮਨਪ੍ਰੀਤ ਸਿੰਘ ਨੂੰ ਮੋਟੀ ਰਕਮ ਦੇਣ ਦਾ ਲਾਲਚ ਦਿੱਤਾ ਗਿਆ ਤੇ ਦੌਰਾਨੇ ਤਫਤੀਸ਼ ਇਹ ਗੱਲ ਵੀ ਸਾਹਮਣੇ ਆਈ ਹੈ ਕਿ ਮੁਦੱਈ ਮੁਕੱਦਮਾ ਦਾ ਲੜਕਾ ਅਰਸ਼ਦੀਪ ਸਿੰਘ ਸਿੱਧੂ, ਮੈਲਬੋਰਨ, ਆਸਟ੍ਰੇਲੀਆ ਵਿਖੇ ਰਹਿੰਦਾ ਹੈ, ਜਿਸ ਦਾ ਮੁਲਜ਼ਮ ਅਵਰੀਤ ਸਿੰਘ ਵਾਸੀ ਸੇਰੋਂ ਹਾਲ ਮੈਲਬੋਰਨ ਆਸਟਰੇਲੀਆ ਨਾਲ ਆਸਟ੍ਰੇਲੀਆ ਵਿਖੇ ਲੜਾਈ ਝਗੜਾ ਹੋਇਆ ਸੀ, ਜਿਸ ਵੱਲੋਂ ਉਸ ਨੂੰ ਸਬਕ ਸਿਖਾਉਣ ਦੀ ਧਮਕੀ ਦਿੱਤੀ ਸੀ, ਇਸ ਰੰਜਿਸ਼ ਕਰਕੇ ਅਵਰੀਤ ਸਿੰਘ ਨੇ ਇਹ ਵਾਰਦਾਤ ਕਰਵਾਈ ਹੈ।

# ਆਲ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੇ ਬੈਨਰ ਹੇਠ ਡੀ ਸੀ ਦਫਤਰ ਅੱਗੇ ਰੈਲੀ



**ਸੰਗਰੂਰ (ਪ੍ਰਵੀਨ ਸਿੰਘ)**-ਆਲ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੇ ਬੈਨਰ ਹੇਠ ਵੱਖ-ਵੱਖ ਵਿਭਾਗਾਂ ਦੇ ਸੈਂਕੜੇ ਪੈਨਸ਼ਨਰਾਂ ਵੱਲੋਂ ਡੀ. ਸੀ. ਦਫਤਰ ਸੰਗਰੂਰ ਅੱਗੇ ਭਾਰੀ ਰੈਲੀ ਕੀਤੀ ਗਈ।ਪੰਜਾਬ ਸਰਕਾਰ ਵੱਲੋਂ ਪੈਨਸ਼ਨਰਜ਼ ਮੰਗਾਂ ਪ੍ਰਤੀ ਦਿਖਾਈ ਲਾਪ੍ਰਵਾਹੀ, ਅਣਦੇਖੀ ਤੇ ਸੁਸਤੀ ਦੀ ਸਖਤ ਲਫ਼ਜ਼ਾਂ ਵਿੱਚ ਨਿਖੇਧੀ ਕੀਤੀ ਗਈ ਅਤੇ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਕੇ ਰੋਸ ਦਾ ਪ੍ਰਗਟਾਵਾ ਕੀਤਾ।ਰੈਲੀ ਨੂੰ ਸੰਬੋਧਨ ਕਰਦਿਆਂ ਸੂਪ੍ਰਸਤ ਜਗਦੀਸ਼ ਸ਼ਰਮਾ, ਪ੍ਰਧਾਨ ਸੁਰਿੰਦਰ ਬਾਲੀਆ, ਜਨਰਲ ਸਕੱਤਰ ਬਲਵੰਤ ਸਿੰਘ ਢਿੱਲੋਂ, ਸੀਨੀ. ਮੀਤ ਪ੍ਰਧਾਨ ਬਿੱਕਰ ਸਿਬੀਆ ਤੇ ਵਿੱਤ ਸਕੱਤਰ ਮੋਹਨ ਸਿੰਘ ਬਾਵਾ ਨੇ ਦੱਸਿਆ ਕਿ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ, 2.59 ਗੁਣਾਂਕ, 13% ਡੀ.ਏ ਕਿਸ਼ਤਾਂ, 1-7-21 ਤੋਂ ਹੁਣ ਤੱਕ ਵਧੇ ਹੋਏ ਡੀ ਏ ਦੇ ਕਰੋੜਾਂ ਰੁਪਏ ਦੇ ਬਕਾਏ, ਕੋਰਟਾਂ ਦੇ ਫੈਸਲੇ ਤੇ ਸਫਰੀ ਭੱਤੇ ਦੀ ਪੇਮੈਂਟ ਨਾ ਕਰਕੇ ਪੰਜਾਬ ਦੇ ਲੱਖਾ ਪੈਨਸ਼ਨਰਾਂ ਨਾਲ ਬੇਇਨਸਾਫੀ ਕੀਤੀ ਹੈ, ਜਿਸ ਦੀ ਸਖਤ ਲਫਜ਼ਾਂ ਵਿੱਚ ਨਿਖੇਧੀ ਕੀਤੀ।ਪੰਜਾਬ ਸਰਕਾਰ ਵੱਲੋਂ ਮਿਤੀ 18/02/25 ਦੇ ਪੱਤਰ ਅਨੁਸਾਰ 1-1-2016 ਤੋਂ 30-06-2021 ਤੱਕ ਦੇ ਬਕਾਏ ਦੇਣ ਬਾਰੇ ਬੈਂਕਾਂ ਵੱਲੋਂ ਪੈਨਸ਼ਨਰ/ਫੈਮਲੀ ਪੈਨਸਨਰ/ਵਾਧੇ ਨਾਲ ਪੈਨਸ਼ਨਰ ਜਾਂ ਦੋਵੇਂ ਜੀਆਂ ਦੀ ਮੌਤ ਉਪਰੰਤ ਬਕਾਏ ਦੇਣ ਲਈ ਕੋਈ ਇਕਸਾਰਤਾ ਨੀਤੀ ਨਹੀਂ ਬਣਾਈ, ਜਿਸ ਕਰਕੇ ਬਜ਼ੁਰਗ ਪੈਨਸ਼ਨਰ/ਪ੍ਰੀਵਾਰਕ ਪੈਨਸ਼ਨਰ ਤੇ ਉਨ੍ਹਾਂ ਦੇ ਵਾਰਿਸ ਬੈਂਕਾਂ ਵਿੱਚ ਪੇਮੈਂਟ ਲਈ ਧੱਕੇ ਖਾ ਰਹੇ ਹਨ।ਪੰਜਾਬ ਰਾਜ ਪੈਨਸ਼ਨਰਜ਼ ਮਹਾਂ ਸੰਘ ਚੰਡੀਗੜ੍ਹ ਵੱਲੋਂ ਪੇਮੈਂਟਾਂ ਕਰਨ ਲਈ ਬੈਂਕ ਅਧਿਕਾਰੀਆਂ ਨੂੰ 15 ਦਿਨਾਂ ਦਾ ਨੋਟਿਸ ਦੇ ਕੇ ਸਪੱਸ਼ਟ ਕਰ ਦਿੱਤਾ ਕਿ ਜੇਕਰ ਬੈਂਕਾ ਵੱਲੋਂ ਪੇਮੈਂਟ 15 ਦਿਨਾਂ ਵਿੱਚ ਨਾ ਕੀਤੀਆਂ ਤਾਂ ਪੰਜਾਬ ਦੇ ਸਮੂਹ ਬੈਂਕਾ ਸਾਹਮਣੇ ਧਰਨੇ ਦਿੱਤੇ ਜਾਣਗੇ ਤੇ ਸੰਘਰਸ਼ ਤੇਜ਼ ਕੀਤਾ ਜਾਵੇਗਾ।

ਰੈਲੀ ਨੂੰ ਭਰਤਰੀ ਸ਼ਰਮਾ, ਅਜਮੇਰ ਸਿੰਘ, ਪਵਨ ਸ਼ਰਮਾ, ਬਾਲ ਕਿਸ਼ਨ ਚੌਹਾਨ ਤੇ ਮੇਲਾ ਸਿੰਘ ਨੇ ਸੰਬੋਧਨ ਕੀਤਾ।ਇਸ ਮੌਕੇ ਨਛੱਤਰ ਸਿੰਘ, ਪ੍ਰਹਿਲਾਦ ਕੁਮਾਰ, ਜਸਮੇਲ ਸਿੰਘ ਉੱਪਲੀ, ਰਾਮ ਲਾਲ ਸ਼ਰਮਾ, ਰਾਜਿੰਦਰ ਕੁਮਾਰ, ਰੂਪ ਸਿੰਘ ਚਾਂਗਲੀ, ਭੋਲਾ ਸਿੰਘ, ਕੁਲਵੰਤ ਸਿੰਘ, ਜੈ ਸਿੰਘ, ਹਵਾ ਸਿੰਘ, ਸੁਖਦੇਵ ਸਿੰਘ, ਹਰਚਰਨ ਸਿੰਘ, ਕਰਨੈਲ ਸਿੰਘ ਲੌਂਗੋਵਾਲ, ਦਰਸ਼ਨ ਸਿੰਘ, ਜਗਦੇਵ ਸਿੰਘ ਤੂੰਗਾਂ, ਗੁਰਜੰਟ ਸਿੰਘ ਸਾਰੋਂ, ਬਾਲ ਕ੍ਰਿਸ਼ਨ ਮੋਦਗਿੱਲ ਆਦਿ ਹਾਜ਼ਰ ਸਨ।

# ਕੋਹਲੀ ਨੇ ਅਮਰੀਕਾ ਵਿਖੇ ਵਿਸ਼ਵ ਪੱਧਰੀ ਕਾਨਫਰੰਸ 'ਚ ਅਹਿਮ ਮੁੱਦਿਆਂ 'ਤੇ ਕੀਤੀ ਚਰਚਾ

■ ਵਿਧਾਨਕ ਸੰਮੇਲਨ-2025 'ਚ ਹਿੱਸਾ ਲੈਣਾ ਇੱਕ ਸੁਨਹਿਰੀ ਮੌਕਾ : ਕੋਹਲੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪਟਿਆਲਾ ਦੇ ਨੌਜਵਾਨ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਅਮਰੀਕਾ ਵਿਖੇ ਕੌਮਾਂਤਰੀ ਪੱਧਰ ਦੀ ਐਨ.ਸੀ.ਐਸ.ਐੱਲ. ਸਮਿਟ-2025 ਵਿੱਚ ਹਿੱਸਾ ਲੈਕੇ ਦੁਨੀਆ ਦੇ ਵੱਡੇ ਮੰਚ 'ਤੇ ਲੋਕਤੰਤਰਿਕ ਕਦਰਾਂ ਕੀਮਤਾਂ, ਵਿਧਾਨਿਕ ਕਾਰੁਜ਼ਗਾਰੀ ਤੇ ਅੰਤਰਰਾਸ਼ਟਰੀ ਸਹਿਯੋਗ ਸਮੇਤ ਵੱਖ-ਵੱਖ ਪਹਿਲੂਆਂ 'ਤੇ ਚਰਚਾ ਕਰਨ ਦਾ ਵੱਡਾ ਤਜਰਬਾ ਹਾਸਲ ਹੋਇਆ ਹੈ।ਅਜੀਤਪਾਲ ਸਿੰਘ ਕੋਹਲੀ ਨੂੰ ਇਸ ਦੌਰਾਨ ਨੈਸ਼ਨਲ ਕਾਨਫਰੰਸ ਆਫ਼ ਸਟੇਟ ਲੈਜਿਸਲੈਚਰਜ਼ ਸਮਿਟ ਵਿਖੇ ਨੈਸ਼ਨਲ ਲੈਜਿਸਲੈਚਰਜ਼ ਕਾਨਫਰੰਸ ਭਾਰਤ ਵੱਲੋਂ ਪ੍ਰਸੰਸਾ ਪੱਤਰ ਨਾਲ ਸਨਮਾਨਤ ਵੀ ਕੀਤਾ ਗਿਆ ਹੈ।ਦੱਸਣਯੋਗ ਹੈ ਕਿ ਐਨ.ਸੀ.ਐਸ.ਐਲ-2025 ਵਿਧਾਨਕ ਸੰਮੇਲਨ, ਰਾਜ ਦੇ ਕਾਨੂੰਨਸਾਜ਼ਾਂਅਤੇ ਵਿਧਾਨਕ ਸਟਾਫ਼ ਲਈ ਰਾਸ਼ਟਰੀ ਰਾਜ ਵਿਧਾਨ ਸਭਾਵਾਂ (ਐਨ.ਸੀ.ਐਸ.ਐਲ) ਦੀ ਸਾਲਾਨਾ ਮੀਟਿੰਗ ਹੁਣੇ ਹੀ ਸੰਪੰਨ ਹੋਈ ਹੈ।

ਵਿਧਾਇਕ ਕੋਹਲੀ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਬਦੌਲਤ ਉਨ੍ਹਾਂ ਨੂੰ ਦੁਨੀਆ ਦੇ ਇਸ ਵੱਡੇ ਮੰਚ 'ਤੇ ਜਾਣ ਦਾ ਮੌਕਾ ਮਿਲਿਆ ਹੈ, ਜੋ ਉਨ੍ਹਾਂ ਲਈ ਬਹੁਤ ਮਾਣ ਵਾਲੀ ਗੱਲ ਹੈ।ਕੋਹਲੀ ਨੇ ਕਿਹਾ ਕਿ ਇਸ ਤਿੰਨ ਦਿਨਾ ਐਨ.ਸੀ.ਐਸ.ਐੱਲ ਸਮਿਟ-2025 ਵਿੱਚ ਦੁਨੀਆ ਭਰ ਦੇ 20 ਦੇਸ਼ਾਂ ਦੇ ਵਿਧਾਨਕਾਰਾਂ ਨੇ ਹਿੱਸਾ ਲਿਆ ਤੇ ਪੰਜਾਬ ਦੇ 8 ਵਿਧਾਇਕਾਂ ਵਿੱਚ ਉਨ੍ਹਾਂ ਵੱਲੋਂ ਸ਼ਾਮਲ ਹੋਣਾ ਇੱਕ ਬਹੁਤ ਵੱਡੀ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਜੋ ਤਜਰਬਾ ਇਸ ਕੌਮਾਂਤਰੀ ਸੰਮੇਲਨ ਵਿੱਚ ਜਾ ਕੇ ਪ੍ਰਾਪਤ ਹੋਇਆ ਹੈ, ਉਸ ਜ਼ਰੀਏ ਉਹ ਆਪਣੇ ਲੋਕਾਂ, ਪਟਿਆਲਾ ਸਮੇਤ ਪੰਜਾਬ ਦੀ ਬਿਹਤਰੀ ਲਈ ਹੋਰ ਨਿੱਠ ਕੇ ਕੰਮ ਕਰਨਗੇ। ਵਿਧਾਇਕ ਕੋਹਲੀ ਨੇ ਹੋਰ ਦੱਸਿਆ ਕਿ ਕਾਨਫਰੰਸ ਦੌਰਾਨ ਲੋਕਤੰਤਰਿਕ ਕਦਰਾਂ ਕੀਮਤਾਂ, ਵਿਧਾਨਕ ਕਾਰੁਜ਼ਗਾਰੀ ਤੇ ਅੰਤਰਰਾਸ਼ਟਰੀ ਸਹਿਯੋਗ ਸਮੇਤ ਵੱਖ-ਵੱਖ ਪਹਿਲੂਆਂ 'ਤੇ ਵਿਚਾਰ ਵਟਾਂਦਰਾ ਹੋਇਆ ਹੈ।ਦੁਨੀਆ ਭਰ ਵਿੱਚੋਂ ਆਏ ਵਿਧਾਇਕਾਂ ਨਾਲ ਆਪਸੀ ਵਿਚਾਰਾਂ ਦਾ ਆਦਾਨ ਪ੍ਰਦਾਨ ਤੇ ਚੰਗੇ ਸ਼ਾਸਨ ਸਮੇਤ ਸਿਹਤ, ਵਾਤਾਵਰਣ, ਆਰਥਿਕਤਾ, ਵਿਗਿਆਨ, ਸੜਕਾਂ, ਕੁਦਰਤੀ ਸੰਸਾਧਨ, ਇੰਜੀਨੀਅਰਿੰਗ, ਇਨਸਾਨੀ ਕਦਰਾਂ-ਕੀਮਤਾਂ ਸਮੇਤ ਵੱਖ-ਵੱਖ ਵਿਸ਼ਿਆਂ 'ਤੇ ਸ਼ਾਨਦਾਰ ਉਸਾਰੂ ਚਰਚਾ ਹੋਈ, ਜਿਸ ਨਾਲ ਉਨ੍ਹਾਂ ਨੂੰ ਬਹੁਤ ਕੁਝ ਨਵਾਂ ਸਿੱਖਣ ਲਈ ਮਿਲਿਆ ਹੈ।

ਉਨ੍ਹਾ ਕਿਹਾ ਕਿ ਉਹ ਆਪਣੇ ਆਪ ਨੂੰ ਖ਼ੁਸ਼ਕਿਸਮਤ ਸਮਝਦੇ ਹਨ ਕਿ ਵਿਸ਼ਵ ਭਰ ਦੇ ਵਿਧਾਇਕਾਂ ਦੇ ਹੋਏ ਇਸ ਸਮਿਟ-2025 ਵਿੱਚ ਉਨ੍ਹਾਂ ਦੀ ਚੋਣ ਹੋਈ।ਉਨ੍ਹਾਂ ਕਿਹਾ ਕਿ ਦੁਨੀਆ ਭਰ ਦੇ ਇਸ ਵੱਡੇ ਪਲੇਟਫਾਰਮ 'ਤੇ ਉਨ੍ਹਾਂ ਨੇ ਆਪ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਹਿੱਤ ਵਿੱਚ ਕੀਤੇ ਸ਼ਾਨਦਾਰ ਉਪਰਾਲਿਆਂ ਦੀ ਚਰਚਾ ਕੀਤੀ, ਜੋ ਹਮੇਸ਼ਾ ਉਨ੍ਹਾਂ ਦੇ ਯਾਦਗਾਰੀ ਪਲਾਂ ਵਿੱਚ ਤਾਜ਼ਾ ਰਹੇਗੀ।

# ਕਾਂਗਰਸ ਵੱਲੋਂ ਲੈਂਡ ਪੂਲਿੰਗ ਨੀਤੀ ਵਿਰੁੱਧ ਟਰੈਕਟਰ ਮਾਰਚ, ਐੱਸ ਐੱਚ ਓ ਨੂੰ ਸੌਂਪਿਆ ਮੰਗ ਪੱਤਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਯੂਥ ਕਾਂਗਰਸ ਦੇ ਆਗੂ ਬੰਨੀ ਖਹਿਰਾ ਦੇ ਉੱਦਮ ਸਦਕਾ ਬਲਾਕ ਕਾਂਗਰਸ ਦੇ ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ ਦੀ ਅਗਵਾਈ ਹੇਠ ਲੈਂਡ ਪੂਲਿੰਗ ਨੀਤੀ ਖਿਲਾਫ ਟਰੈਕਟਰ ਮਾਰਚ ਹਲਕਾ ਮਹਿਲ ਕਲਾਂ ਦੇ ਪਿੰਡ ਧਨੇਰ, ਮੂੰਮ, ਛੀਨੀਵਾਲ ਕਲਾਂ, ਕਲਾਲਾ, ਚੁਹਾਣਕੇ ਖੁਰਦ, ਚੁਹਾਣਕੇ ਕਲਾਂ ਤੇ ਵਜੀਦਕੇ ਖੁਰਦ ਹੁੰਦਾ ਹੋਇਆ ਮਹਿਲ ਕਲਾਂ ਵਿਖੇ ਪੁੱਜ ਕੇ ਸਮਾਪਤ ਹੋਇਆ।ਇਸ ਦੌਰਾਨ ਵੱਖ ਵੱਖ ਆਗੂਆਂ ਨੇ ਕਿਸਾਨਾਂ, ਮਜ਼ਦੂਰਾਂ, ਵਪਾਰੀ ਵਰਗ ਤੇ ਆਮ ਲੋਕਾਂ ਨੂੰ ਲੈਂਡ ਪੂਲਿੰਗ ਨੀਤੀ ਦੇ ਮਾਰੂ ਪ੍ਰਭਾਵ ਬਾਰੇ ਜਾਗਰੂਕ ਕੀਤਾ ਗਿਆ।ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਕਿਹਾ ਕਿ 65 ਹਜ਼ਾਰ ਏਕੜ ਜ਼ਮੀਨ ਇਕੱਠੀ ਇਕਵਾਇਰ ਕਰਕੇ ਕਿਸਾਨ, ਮਜ਼ਦੂਰ ਤੇ ਵਪਾਰੀ ਵਰਗ ਨੂੰ ਤਬਾਹ ਕੀਤਾ ਜਾ ਰਿਹਾ ਹੈ।ਉਨ੍ਹਾਂ ਆਖਿਆ ਕਿ ਪੰਜਾਬ ਇੱਕ ਖੇਤੀ ਪ੍ਰਧਾਨ ਸੂਬਾ ਹੈ, ਪਰ ਰਾਜ ਸਰਕਾਰ ਦੀ ਨੀਤੀ ਇਸ ਨੂੰ ਉਜਾੜਨ ਵਾਲੀ ਹੈ।ਆਗੂਆਂ ਨੇ ਸੂਬਾ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਸਰਕਾਰ ਬਣਨ ਤੋਂ ਪਹਿਲਾਂ ਜੋ ਵਾਅਦੇ ਕੀਤੇ ਗਏ, ਉਨ੍ਹਾਂ ਨੂੰ ਪੂਰਾ ਕਰਨ ਦੀ ਥਾਂ ਉਲਟ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਦੇ ਸੰਘਰਸ਼ ਨੂੰ ਡੰਡੇ ਦੇ ਜ਼ੋਰ ਨਾਲ ਦਬਾਉਣਾ ਚਾਹੁੰਦੀ ਹੈ।ਵਿਧਾਇਕ ਕਾਲਾ ਢਿੱਲੋਂ ਨੇ ਸਪੱਸ਼ਟ ਕੀਤਾ ਕਿ ਕਾਂਗਰਸ ਪਾਰਟੀ ਵੱਲੋਂ ਕਿਸੇ ਵੀ ਹਾਲਤ ਵਿੱਚ ਜ਼ਮੀਨ ਐਕਵਾਇਰ ਨਹੀਂ ਹੋਣ ਦਿੱਤੀ ਜਾਵੇਗੀ।ਸਰਕਾਰ ਦੀ ਇਸ ਧੱਕੇਸ਼ਾਹੀ ਖਿਲਾਫ ਲੋਕਾਂ ਨੂੰ ਲਾਮਬੰਦ ਕੀਤਾ ਜਾਵੇਗਾ।

ਇਸ ਮੌਕੇ ਸਰਬਜੀਤ ਸਿੰਘ ਸਰਬੀ ਆੜ੍ਹਤੀਆ, ਡਾ: ਬਲਵੰਤ ਰਾਏ ਸ਼ਰਮਾ, ਦਲਜੀਤ ਸਿੰਘ ਮਾਨ, ਰਾਜਵਿੰਦਰ ਸਿੰਘ ਢੀਡਸਾ, ਸੁਖਜੀਤ ਸਿੰਘ ਕਲਾਲਾ, ਕੋਮਲਜੀਤ ਸਿੰਘ ਚੁਹਾਣਕੇ ਆਦਿ ਵੱਡੀ ਗਿਣਤੀ 'ਚ ਨੌਜਵਾਨ ਹਾਜ਼ਰ ਸਨ।ਟਰੈਕਟਰ ਮਾਰਚ ਦੀ ਸਮਾਪਤੀ ਮੌਕੇ ਆਗੂਆਂ ਵੱਲੋਂ ਉੱਚ-ਅਧਿਕਾਰੀਆਂ ਦੇ ਨਾਂਅ ਇੱਕ ਮੰਗ ਪੱਤਰ ਐੱਸ ਐੱਚ ਓ ਸ਼ੇਰਵਿੰਦਰ ਸਿੰਘ ਔਲਖ ਨੂੰ ਸੌਂਪਿਆ ਗਿਆ।

# ਮਜ਼ਦੂਰਾਂ ਵੱਲੋਂ ਏ ਡੀ ਸੀ ਦਫ਼ਤਰ ਅੱਗੇ ਧਰਨਾ, ਸੌਂਪਿਆ ਮੰਗ ਪੱਤਰ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਇੱਥੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਬਠਿੰਡਾ ਦੇ ਦਫ਼ਤਰ ਵਿਖੇ ਮਜ਼ਦੂਰ ਅਧਿਕਾਰ ਅੰਦੋਲਨ ਪੰਜਾਬ ਤੇ ਸੀਪੀਆਈ (ਐੱਮ ਐੱਲ) ਰੈੱਡ ਸਟਾਰ ਦੀ ਅਗਵਾਈ ਹੇਠ ਮਨਰੇਗਾ ਮਜ਼ਦੂਰਾਂ ਵੱਲੋਂ ਜ਼ਬਰਦਸਤ ਧਰਨਾ ਦਿੱਤਾ ਗਿਆ।ਮਜ਼ਦੂਰ ਆਗੂਆਂ ਵੱਲੋਂ ਏਡੀਸੀ ਵਿਕਾਸ ਦੀ ਗੈਰ-ਹਾਜ਼ਰੀ ਵਿੱਚ ਇਸ ਦਫ਼ਤਰ ਦੇ ਸੁਪਰਡੈਂਟ ਸਾਹਿਬ ਨੂੰ ਮਜ਼ਦੂਰਾਂ ਦੀਆਂ ਮੰਗਾਂ ਸਬੰਧੀ ਪੰਜਾਬ ਸਰਕਾਰ ਦੇ ਨਾਂ ਮੰਗ ਪੱਤਰ ਸੌਂਪਿਆ ਗਿਆ।ਧਰਨੇ ਦੀ ਸ਼ੁਰੂਆਤ ਅਜਮੇਰ ਸਿੰਘ ਅਕਲੀਆ ਦੇ ਇਨਕਲਾਬੀ ਗੀਤਾਂ ਨਾਲ ਕੀਤੀ ਗਈ।ਮਨਰੇਗਾ ਮਜ਼ਦੂਰਾਂ ਵੱਲੋਂ ਮੋਦੀ ਸਰਕਾਰ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਖ਼ਿਲਾਫ਼ ਜੰਮ ਕੇ ਨਾਹਰੇਬਾਜ਼ੀ ਕੀਤੀ ਗਈ।ਇਸ ਧਰਨੇ ਵਿੱਚ ਔਰਤਾਂ ਵੱਡੀ ਗਿਣਤੀ ਵਿੱਚ ਸ਼ਾਮਲ ਹੋਈਆਂ।ਧਰਨੇ ਨੂੰ ਸੀ ਪੀ ਆਈ (ਐਮ ਐਲ) ਰੈੱਡ ਸਟਾਰ ਦੇ ਸੂਬਾ ਸਕੱਤਰ ਕਾਮਰੇਡ ਲਾਭ ਸਿੰਘ ਅਕਲੀਆ ਤੇ ਮਜ਼ਦੂਰ ਅਧਿਕਾਰ ਅੰਦੋਲਨ ਦੇ ਸੂਬਾਈ ਆਗੂ ਕਾਮਰੇਡ ਨਛੱਤਰ ਸਿੰਘ ਰਾਮਨਗਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਲੰਬੇ ਸਮੇਂ ਤੋਂ ਮਨਰੇਗਾ ਦਾ ਕਾਨੂੰਨ ਖ਼ਤਮ ਕਰਨ ਦੇ ਰਾਹ ਪਈ ਹੋਈ ਹੈ, ਜਿਸ ਕਰਕੇ ਲਗਾਤਾਰ ਫੰਡਾਂ ਵਿੱਚ ਕਟੌਤੀ ਕੀਤੀ ਜਾ ਰਹੀ ਹੈ।ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਜਵਾਨੀ ਕਲਾਮੀ ਹੁਕਮ ਕਰਕੇ ਮਨਰੇਗਾ ਤਹਿਤ ਹੋਣ ਵਾਲੇ ਸਾਰੇ ਕੰਮ ਬੰਦ ਕਰ ਦਿੱਤੇ ਹਨ, ਇਥੋਂ ਤੱਕ ਕਿ ਰੇਲਵੇ ਲਾਈਨ ਦਾ ਕੰਮ ਵੀ ਰੋਕ ਦਿੱਤਾ ਗਿਆ ਹੈ।ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵਰਲਡ ਬੈਂਕ ਤੇ ਡਬਲਿਊ ਟੀ ਓ ਦੀਆਂ ਨੀਤੀਆਂ ਤਹਿਤ ਦੇਸ਼ ਦੇ ਵੱਡੇ ਪੂੰਜੀਪਤੀਆਂ ਤੇ ਕਾਰਪੋਰੇਟਾਂ ਨੂੰ ਫਾਇਦਾ ਪਹੁੰਚਾਉਣ ਲਈ ਮਜ਼ਦੂਰ ਵਿਰੋਧੀ ਫ਼ੈਸਲੇ ਕਰਦੀ ਆ ਰਹੀ ਹੈ।

ਆਗੂਆਂ ਨੇ ਕਿਹਾ ਕਿ ਭਾਰਤ ਵਿੱਚ ਸੌ ਸਾਲ ਪਹਿਲਾਂ ਲਾਗੂ ਹੋਇਆ 8 ਘੰਟੇ ਦਿਹਾੜੀ ਦਾ ਨਿਯਮ ਖ਼ਤਮ ਕਰਕੇ 12 ਘੰਟੇ ਕੀਤਾ ਜਾ ਰਿਹਾ ਹੈ, ਜਿਸ ਨੂੰ ਮਜ਼ਦੂਰ ਵਰਗ ਕਦੇ ਵੀ ਬਰਦਾਸ਼ਤ ਨਹੀਂ ਕਰੇਗਾ। ਗ਼ਰੀਬੀ, ਮਹਿੰਗਾਈ ਤੇ ਬੇਰੁਜ਼ਗਾਰੀ ਹਰ ਰੋਜ਼ ਛੜੱਪੇ ਮਾਰਕੇ ਵਧ ਰਹੀ ਹੈ।ਹਰ ਖੇਤਰ ਵਿੱਚ ਮਸ਼ੀਨਾਂ ਦੀ ਆਮਦ ਨਾਲ ਮਜ਼ਦੂਰਾਂ ਦੇ ਹੱਥੋਂ ਸਾਰੇ ਕੰਮ ਖਿਸਕ ਗਏ ਹਨ, ਇਸ ਕਰਕੇ ਕਰੋੜਾਂ ਮਜ਼ਦੂਰਾਂ ਦੀ ਹਾਲਤ ਨਰਕਾਂ ਭਰੀ ਬਣਦੀ ਜਾ ਰਹੀ ਹੈ। ਆਗੂਆਂ ਨੇ ਮੰਗ ਕੀਤੀ ਕਿ ਮਨਰੇਗਾ ਮਜ਼ਦੂਰਾਂ ਨੂੰ ਸਾਰਾ ਸਾਲ ਕੰਮ ਦਿੱਤਾ ਜਾਵੇ, ਦਿਹਾੜੀ ਵਧਾਕੇ 700 ਰੁਪਏ ਕੀਤੀ ਜਾਵੇ।

ਮਜ਼ਦੂਰਾਂ ਨੂੰ ਆਪਣਾ ਕੰਮ ਚਲਾਉਣ ਲਈ ਤਿੰਨ ਲੱਖ ਰੁਪਏ ਘੱਟ ਵਿਆਜ ਤੇ ਸੱਤ ਸਾਲ ਲਈ ਕਰਜ਼ਾ ਦਿੱਤਾ ਜਾਵੇ।ਕੰਮ ਕਰਦੇ ਦੌਰਾਨ ਮਨਰੇਗਾ ਮਜ਼ਦੂਰ ਦੀ ਮੌਤ ਹੋ ਜਾਣ ਦੀ ਹਾਲਤ ਵਿੱਚ ਦਸ ਲੱਖ ਰੁਪਏ ਦਾ ਮੁਆਵਜ਼ਾ ਦਿੱਤਾ ਜਾਵੇ।ਧਰਨੇ ਨੂੰ ਹੋਰਨਾਂ ਤੋਂ ਇਲਾਵਾ ਪ੍ਰਕਾਸ਼ ਸਿੰਘ ਦਿਹਾਤੀ ਮਜ਼ਦੂਰ ਸਭਾ, ਜਗਸੀਰ ਸਿੰਘ ਦੁੱਨੇਵਾਲਾ, ਕਰਮਜੀਤ ਕੌਰ ਕਰਾੜਵਾਲਾ, ਸੀਮਾ ਰਾਣੀ ਲਹਿਰਾਂ ਖ਼ਾਨਾ, ਜਸਵਿੰਦਰ ਕੌਰ ਧੂਰਕੋਟ ਲਹਿਰਾ, ਤੇਜ਼ਾ ਸਿੰਘ ਮਾਨਸਾ ਕਲਾਂ, ਮਿੱਠੂ ਸਿੰਘ ਚਾਉਕੇ, ਮੋਹਿੰਦਰ ਸਿੰਘ ਥੰਮਣਗੜ੍ਹ ਆਦਿ ਆਗੂਆਂ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

## ਸੰਧਵਾਂ ਨੇ ਲੋਕ ਦੀਆਂ ਸੁਣੀਆਂ ਸਮੱਸਿਆਵਾਂ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਵੱਲੋਂ ਲੋਕ ਮਿਲਣੀ ਪ੍ਰੋਗਰਾਮ ਰਾਹੀਂ ਆਮ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ।ਉਨ੍ਹਾਂ ਲੋਕਾਂ ਦੀਆਂ ਦਰਪੇਸ਼ ਮੁਸ਼ਕਲਾਂ ਨੂੰ ਗੰਭੀਰਤਾ ਨਾਲ ਲੈਂਦਿਆਂ, ਹਾਜ਼ਰ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਹੱਲ ਲਈ ਸਖ਼ਤ ਨਿਰਦੇਸ਼ ਜਾਰੀ ਕੀਤੇ।ਉਨ੍ਹਾਂ ਕਿਹਾ ਕਿ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਹਰੇਕ ਨਾਗਰਿਕ ਤੱਕ ਸੁਵਿਧਾਵਾਂ ਪਹੁੰਚਣ ਤੇ ਇਸ ਕੰਮ ਵਿੱਚ ਕਿਸੇ ਵੀ ਅਧਿਕਾਰੀ ਜਾਂ ਵਿਭਾਗ ਵਲੋਂ ਕੋਈ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਸ ਮੌਕੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਤੁਰੰਤ ਕੀਤਾ ਜਾਵੇ।ਉਨ੍ਹਾਂ ਆਮ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਸਰਕਾਰ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹੀ ਹੈ ਤੇ ਲੋਕ ਭਲਾਈ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ।ਸ. ਸੰਧਵਾਂ ਨੇ ਦੱਸਿਆ ਲੋਕ ਮਿਲਣੀ ਪ੍ਰੋਗਰਾਮ ਕਰਨ ਦਾ ਮੁੱਖ ਮੰਤਵ ਹੀ ਲੋਕਾਂ ਨੂੰ ਆਪਣੇ ਕੰਮ ਲਈ ਦਫ਼ਤਰਾਂ ਦੇ ਚੱਕਰ ਨਾ ਲਗਾਉਣ ਦੇਣਾ ਹੈ।ਉਨ੍ਹਾਂ ਕਿਹਾ ਕਿ ਇਸ ਨਾਲ ਜਿੱਥੇ ਸਮੇਂ 'ਤੇ ਲੋਕ ਮਿਲਣੀ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾਂਦਾ ਰਹੇਗਾ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਮੁਸ਼ਕਲਾਂ ਦੇ ਹੱਲ ਲਈ ਉਨ੍ਹਾਂ ਵੱਲੋਂ ਲਗਾਏ ਜਾਂਦੇ ਲੋਕ ਮਿਲਣੀ ਪ੍ਰੋਗਰਾਮ ਵਿਚ ਆ ਕੇ ਆਪਣੀਆਂ ਸਮੱਸਿਆਵਾਂ ਦਾ ਹੱਲ ਕਰਵਾਉਣ।ਇਸ ਮੌਕੇ ਵੱਡੀ ਗਿਣਤੀ ਵਿਚ ਹਲਕਾ ਨਿਵਾਸੀ ਹਾਜ਼ਰ ਸਨ।

## ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਅਰਥੀ ਫੂਕ ਰੋਸ ਮੁਜ਼ਾਹਰਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਮਹਿਲ ਕਲਾਂ ਵੱਲੋਂ ਭਖਦੀਆਂ ਹੱਕੀ ਮੰਗਾਂ ਨੂੰ ਲੈ ਕੇ ਮਹਿਲ ਕਲਾਂ ਬੱਸ ਸਟੈਂਡ 'ਤੇ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਰੋਸ ਮੁਜ਼ਾਹਰਾ ਕੀਤਾ ਗਿਆ।ਇਸ ਮੌਕੇ ਜਥੇਬੰਦੀ ਦੇ ਇਕਾਈ ਪ੍ਰਧਾਨ ਦਰਸ਼ਨ ਸਿੰਘ ਚੀਮਾ, ਦਲਜੀਤ ਸਿੰਘ ਠੁੱਲੀਵਾਲ, ਪਵਨ ਕੁਮਾਰ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਮੰਗਾਂ ਲਾਗੂ ਨਾ ਕਰਕੇ ਬਜ਼ੁਰਗਾਂ ਨਾਲ ਬੇਇਨਸਾਫ਼ੀ ਕਰ ਰਹੀ ਹੈ।

ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਪੰਜਾਬ ਪੱਧਰੀ ਸੰਘਰਸ਼ ਦਾ ਬਿਗੁਲ ਵਜਾਇਆ ਜਾਵੇਗਾ।ਇਸ ਮੌਕੇ ਨਿਰਪਾਲ ਸਿੰਘ ਜਲਾਲਦੀਵਾਲ, ਨੱਥਾ ਸਿੰਘ ਮਹਿਲ ਖੁਰਦ, ਬਖਤੌਰ ਸਿੰਘ ਮੂੰਮ, ਰਾਜ ਕੁਮਾਰ ਨਿਹਾਲੂਵਾਲ, ਕਰਮਜੀਤ ਸਿੰਘ ਠੁੱਲੀਵਾਲ, ਹਾਕਮ ਸਿੰਘ ਖਿਆਲੀ, ਚਮਕੌਰ ਸਿੰਘ ਸਹਿਜੜਾ, ਭੋਲਾ ਸਿੰਘ ਮਹਿਲ ਖੁਰਦ, ਕੌਰ ਸਿੰਘ ਛੀਨੀਵਾਲ, ਜੀਤ ਸਿੰਘ ਕੁਰੜ, ਦਲਵੀਰ ਸਿੰਘ ਵਜੀਦਕੇ, ਜੱਗਾ ਸਿੰਘ ਮਹਿਲ ਖੁਰਦ, ਸੋਹਣ ਸਿੰਘ ਭੈਣੀ ਆਦਿ ਹਾਜ਼ਰ ਸਨ।

# ਕੁਲਰੀਆਂ 'ਚ ਗੁੰਡਾਗਰਦੀ ਦਾ ਨੰਗਾ ਨਾਚ, ਨੌਜਵਾਨ 'ਤੇ ਫਾਇਰਿੰਗ



**ਬਰੇਟਾ (ਰੀਤਵਾਲ)**-ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਵੱਲੋਂ ਭਾਵੇਂ ਹੀ ਕਾਨੂੰਨ ਪ੍ਰਬੰਧ ਸਹੀ ਹੋਣ ਦੇ ਸੋਹਲੇ ਗਾਏ ਜਾਂਦੇ ਹਨ, ਪਰ ਜ਼ਮੀਨੀ ਹਕੀਕਤ ਕੁਝ ਹੋਰ ਹੀ ਹੈ। ਫਿਰ ਭਾਵੇਂ ਉਹ ਨਸ਼ੇ ਨਾਲ ਨੌਜਵਾਨਾਂ ਦੀਆਂ ਹੋ ਰਹੀਆਂ ਮੌਤਾਂ ਦੀ ਗੱਲ ਹੋਵੇ ਜਾਂ ਫਿਰ ਦਿਨ ਪ੍ਰਤੀ ਦਿਨ ਵੱਧ ਰਹੀ ਗੁੰਡਾਗਰਦੀ ਦੀ। ਸਰਕਾਰ ਦੇ ਦਾਅਵੇ ਖੋਖਲੇ ਕਰਦਾ ਇਕ ਅਜਿਹਾ ਹੀ ਮਾਮਲਾ ਜ਼ਿਲ੍ਹਾ ਮਾਨਸਾ ਦੇ ਪਿੰਡ ਕੁਲਰੀਆਂ ਤੋਂ ਸਾਹਮਣੇ ਆਇਆ ਹੈ, ਜਿੱਥੇ ਇੱਕ ਦਰਜਨ ਦੇ ਕਰੀਬ ਹਮਲਾਵਰਾਂ ਵੱਲੋਂ ਬੁੱਧਵਾਰ ਦੀ ਰਾਤ ਪਿੰਡ ਕੁਲਰੀਆਂ ਦੇ ਧਰਮਪੁਰਾ ਰੋਡ ਨਜ਼ਦੀਕ ਬਿਜਲੀ ਗਰਿੱਡ ਦੇ ਇੱਕ ਘਰ 'ਚ ਦਾਖਲ ਹੋ ਕੇ ਰਵੀ ਕੁਮਾਰ ਦੇ ਨੌਜਵਾਨ ਉੱਤੇ ਫਾਇਰਿੰਗ ਕਰਨ ਤੋਂ ਬਾਅਦ ਉਸ ਨੂੰ ਤੇਜ਼ਧਾਰ ਹਥਿਆਰਾਂ ਨਾਲ ਬੁਰੀ ਤਰ੍ਹਾਂ ਜ਼ਖ਼ਮੀ ਕਰ ਦਿੱਤਾ ਗਿਆ। ਸੂਤਰਾਂ ਅਨੁਸਾਰ ਹਮਲਾਵਰਾਂ ਨੇ ਨੌਜਵਾਨ ਦੇ ਪਹਿਲਾਂ ਪੱਟ ਵਿੱਚ ਫਾਇਰਿੰਗ ਕੀਤੀ, ਫਿਰ ਵੀ ਜਦੋਂ ਨਾ ਰੁਕਿਆ ਤਾਂ ਉਸ ਦੀਆਂ ਲੱਤਾਂ ਤੋੜ ਦਿੱਤੀਆਂ। ਜਿਵੇਂ ਹੀ ਲੋਕ ਇਕੱਠੇ ਹੋ ਗਏ ਤਾਂ ਹਮਲਾਵਰ ਉੱਥੋਂ ਭੱਜ ਗਏ, ਜਿਸ ਤੋਂ ਬਾਅਦ ਜ਼ਖ਼ਮੀ ਨੌਜਵਾਨ ਦੇ ਸਾਥੀਆਂ ਨੇ ਉਸ ਨੂੰ ਸਿਵਲ ਹਸਪਤਾਲ ਬੁਢਲਾਡਾ ਦਾਖਲ ਕਰਵਾਇਆ। ਉਸ ਦੀ ਹਾਲਤ ਗੰਭੀਰ ਦੇਖਦਿਆਂ ਡਾਕਟਰਾਂ ਨੇ ਉਸ ਨੂੰ ਪਟਿਆਲਾ ਵਿਖੇ ਰੈਫਰ ਕੀਤਾ ਤੇ ਫਿਰ ਉਸ ਨੂੰ ਇਲਾਜ ਲਈ ਪੀ.ਜੀ.ਆਈ. ਚੰਡੀਗੜ੍ਹ ਵਿਖੇ ਰੈਫਰ ਕਰ ਦਿੱਤਾ ਗਿਆ। ਇੱਥੇ ਇਸ ਗੱਲ ਨੂੰ ਲੈ ਕੇ ਵੀ ਖਾਕੀ ਸਵਾਲਾਂ ਦੇ ਘੇਰੇ ਵਿੱਚ ਹੈ ਕਿ ਇਨ੍ਹਾਂ ਹਮਲਾਵਰਾਂ ਵਿੱਚੋਂ ਇੱਕ ਵਿਅਕਤੀ 'ਤੇ ਪਹਿਲਾਂ ਹੀ ਇਰਾਦਾ ਕਤਲ ਦਾ ਮਾਮਲਾ ਦਰਜ ਹੈ, ਜੋ ਅੱਜ ਵੀ ਪੁਲਸ ਦੀ ਗ੍ਰਿਫ਼ਤ ਤੋਂ ਬਾਹਰ ਹੈ ਤੇ ਸ਼ਰੇਆਮ ਇਸ ਘਟਨਾ ਨੂੰ ਅੰਜਾਮ ਦੇ ਕੇ ਰਫੂ ਚੱਕਰ ਹੋ ਗਿਆ ਹੈ। ਪਿੰਡ 'ਚ ਇਸ ਗੱਲ ਦੀ ਵੀ ਚਰਚਾ ਹੈ ਕਿ ਇਸ ਵਾਰਦਾਤ ਨੂੰ ਅੰਜਾਮ ਦੇਣ ਵਿੱਚ ਪਿੰਡ ਦੇ ਹੀ ਇੱਕ ਸਿਆਸੀ ਆਗੂ ਦਾ ਪੂਰਾ ਹੱਥ ਹੈ। ਜਦ ਇਸ ਮਾਮਲੇ ਨੂੰ ਲੈ ਕੇ ਡੀ.ਐੱਸ.ਪੀ. ਸਿਕੰਦਰ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਪੁਲਸ ਇਸ ਮਾਮਲੇ ਵਿੱਚ ਜੁੱਟ ਗਈ ਹੈ। ਜਲਦ ਹੀ ਹਮਲਾਵਰਾਂ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ। ਹੁਣ ਦੇਖਣ ਵਾਲੀ ਗੱਲ ਇਹ ਹੋਵੇਗੀ ਕਿ ਪੁਲਸ ਇਨ੍ਹਾਂ ਹਮਲਾਵਰਾਂ ਨੂੰ ਕਿੰਨੇ ਟਾਇਮ ਵਿੱਚ ਕਾਬੂ ਕਰਦੀ ਹੈ ਜਾਂ ਫਿਰ ਪਹਿਲਾਂ ਦੀ ਤਰ੍ਹਾਂ ਇਹ ਹਮਲਾਵਾਰ ਪੁਲਸ ਦੀ ਗ੍ਰਿਫਤ ਤੋਂ ਬਾਹਰ ਹੋ ਕੇ ਅਜਿਹੀਆਂ ਘਟਨਾਵਾਂ ਨੂੰ ਅੰਜਾਮ ਦਿੰਦੇ ਰਹਿਣਗੇ ?

## ਬਰਿੰਦਰ ਕੁਮਾਰ ਮਧੇਕੇ ਦੀ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਵਜੋਂ ਨਿਯੁਕਤੀ 'ਤੇ ਖੁਸ਼ੀ ਪ੍ਰਗਟ





**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਜਦੋਂ ਤੋਂ ਪੰਜਾਬ 'ਚ ਆਮ ਆਦਮੀ ਪਾਰਟੀ ਦੀ ਸ਼ੁਰੂਆਤ ਹੋਈ ਤੇ ਹਲਕਾ ਨਿਹਾਲ ਸਿੰਘ ਵਾਲਾ 'ਚ ਪਾਰਟੀ ਨੇ ਪੈਰ ਪਸਾਰਨੇ ਸ਼ੁਰੂ ਕੀਤੇ, ਉਦੋਂ ਤੋਂ ਹੀ ਬਰਿੰਦਰ ਕੁਮਾਰ ਮਧੇਕੇ ਨੇ ਮੈਡੀਕਲ ਸਟੋਰ 'ਤੇ ਨੌਕਰੀ ਕਰਨ ਦੇ ਨਾਲ-ਨਾਲ ਪਾਰਟੀ 'ਚ ਯੋਗਦਾਨ ਪਾਉਣਾ ਸ਼ੁਰੂ ਕੀਤਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਾਰਟੀ ਦੇ ਸੀਨੀਅਰ ਆਗੂ ਤੇ ਜ਼ਿਲ੍ਹਾ ਮੋਗਾ ਦੇ ਮੀਡੀਆ ਸਕੱਤਰ ਅੰਮ੍ਰਿਤਪਾਲ ਸਿੰਘ ਖਾਲਸਾ ਨੇ ਕੀਤਾ। ਉਨ੍ਹਾਂ ਕਿਹਾ ਕਿ 2014 ਦੀਆਂ ਲੋਕ ਸਭਾ ਚੋਣਾਂ ਵਿੱਚ ਬਰਿੰਦਰ ਕੁਮਾਰ ਨੇ ਪ੍ਰੋ. ਸਾਧੂ ਸਿੰਘ ਨੂੰ ਜਿਤਾਉਣ ਵਿੱਚ ਪੂਰੀ ਮਿਹਨਤ ਕੀਤੀ।ਇੱਕ ਨਿੱਜੀ ਹਸਪਤਾਲ 'ਚ ਰਾਤ ਨੂੰ ਡਿਊਟੀ ਕਰਨੀ ਤੇ ਦਿਨ ਵੇਲੇ ਪਾਰਟੀ ਦੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਂਦੇ ਰਹੇ।2014 ਦੀ ਲੋਕ ਸਭਾ ਸੀਟ ਜਿੱਤਣ ਤੋਂ ਬਾਅਦ ਪਾਰਟੀ ਵੱਲੋਂ ਬਰਿੰਦਰ ਕੁਮਾਰ ਸ਼ਰਮਾ ਨੂੰ ਪਹਿਲੀ ਜ਼ਿੰਮੇਵਾਰੀ ਹਲਕਾ ਨਿਹਾਲ ਸਿੰਘ ਵਾਲਾ ਦੇ ਕਨਵੀਨਰ ਲਾ ਕੇ ਦਿੱਤੀ।ਅੰਮ੍ਰਿਤਪਾਲ ਸਿੰਘ ਖਾਲਸਾ ਨੇ ਦੱਸਿਆ ਕਿ 2017 ਦੀਆਂ ਵਿਧਾਨ ਸਭਾ ਚੋਣਾਂ 'ਚ ਹਲਕੇ ਉਮੀਦਵਾਰ ਤੇ ਹੁਣ ਦੇ ਵਾਰ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਦੇ ਕੰਪੇਨ ਇੰਚਾਰਜ ਵਜੋਂ ਪਾਰਟੀ ਨੇ ਜ਼ਿੰਮੇਵਾਰੀ ਦਿੱਤੀ, ਜਿਸ ਨੂੰ ਵੀ ਪੂਰੀ ਜ਼ਿੰਦਤ ਤੇ ਇਮਾਨਦਾਰੀ ਨਾਲ ਨਿਭਾਇਆ ਅਤੇ ਸੀਟ ਰਿਕਾਰਡ 28 ਹਜ਼ਾਰ ਦੀ ਲੀਡ ਨਾਲ ਜਿੱਤੀ।ਇਸਤੋਂ ਬਾਅਦ ਪਾਰਟੀ ਦੇ ਯੂਥ ਵਿੰਗ ਦੇ ਜੁਆਇੰਟ ਸਕੱਤਰ ਵੀ ਰਹੇ, ਪਾਰਟੀ ਦੇ ਈਵੈਂਟ ਇੰਚਾਰਜ ਵਜੋਂ ਵੀ ਸੇਵਾਵਾਂ ਨਿਭਾਈਆਂ।2022 'ਚ ਸਰਕਾਰ ਬਣਨ ਤੋਂ ਬਾਅਦ ਬਰਿੰਦਰ ਸ਼ਰਮਾ ਨੂੰ ਹਲਕਾ ਸੋਸ਼ਲ ਮੀਡੀਆ ਇੰਚਾਰਜ ਨਿਯੁਕਤ ਕੀਤਾ ਗਿਆ। ਉਸ ਉਪਰੰਤ ਵੀ ਪਾਰਟੀ 'ਚ ਬਗੈਰ ਕਿਸੇ ਲੋਭ, ਲਾਲਚ ਦੇ ਆਪਣੀ ਜ਼ਿੰਮੇਵਾਰੀ ਨੂੰ ਨਿਭਾਉਂਦੇ ਰਹੇ।ਉਨ੍ਹਾਂ ਦੱਸਿਆ ਕਿ ਅਖੀਰ 9 ਸਾਲ ਬਾਅਦ ਬਰਿੰਦਰ ਕੁਮਾਰ ਸ਼ਰਮਾ ਦੀ ਮਿਹਨਤ, ਸਬਰ ਤੇ ਸਿਰੜ ਨੂੰ ਬੂਰ ਪਿਆ ਜਦੋਂ ਫਰਵਰੀ 2025 ਵਿੱਚ ਇਨ੍ਹਾਂ ਨੂੰ ਮਾਰਕੀਟ ਕਮੇਟੀ ਨਿਹਾਲ ਸਿੰਘ ਵਾਲਾ ਦੇ ਚੇਅਰਮੈਨ ਵਜੋਂ ਨਿਯੁਕਤ ਕੀਤਾ ਗਿਆ।ਹੁਣ ਬਰਿੰਦਰ ਕੁਮਾਰ ਮਧੇਕੇ ਨੂੰ ਪੰਜਾਬ ਸਰਕਾਰ ਅਤੇ ਪਾਰਟੀ ਹਾਈਕਮਾਂਡ ਵੱਲੋਂ ਜ਼ਿਲ੍ਹਾ ਯੋਜਨਾ ਬੋਰਡ ਮੋਗਾ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ। ਬਰਿੰਦਰ ਸ਼ਰਮਾ ਦੇ ਨਾਲ ਦਵਿੰਦਰ ਸਿੰਘ ਤਖਤੂਪੁਰਾ ਤੇ ਜਗਦੀਸ਼ ਸ਼ਰਮਾ ਮੋਗਾ ਨੂੰ ਪਲੈਨਿੰਗ ਬੋਰਡ ਦੇ ਮੈਂਬਰ ਨਿਯੁਕਤ ਕੀਤੇ ਜਾਣ ਦੀ ਵੀ ਖੁਸ਼ੀ ਮਨਾਈ ਗਈ।

## ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਨੇ ਸਿੱਖਿਆ ਮੰਤਰੀ ਨੂੰ ਭੇਜਿਆ ਮੰਗ ਪੱਤਰ



**ਸੰਗਰੂਰ (ਪ੍ਰਵੀਨ ਸਿੰਘ)**-ਮਿਡ ਡੇ ਮੀਲ ਵਰਕਰਜ਼ ਯੂਨੀਅਨ ਪੰਜਾਬ ਦੇ ਫੈਸਲੇ ਅਨੁਸਾਰ ਕੁੱਕ ਵਰਕਰਾਂ ਦੀਆਂ ਮੰਗਾਂ ਸਬੰਧੀ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਮੇਘ ਰਾਜ ਤੇ ਜ਼ਿਲ੍ਹਾ ਜਨਰਲ ਸਕੱਤਰ ਬਬਨਪਾਲ ਸੰਗਰੂਰ ਦੀ ਅਗਵਾਈ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ ਸੰਗਰੂਰ ਬਲਜਿੰਦਰ ਕੌਰ (ਐਲੀ. ਸਿੱ.) ਰਾਹੀਂ ਸਿੱਖਿਆ ਮੰਤਰੀ ਪੰਜਾਬ ਨੂੰ ਮੰਗ ਪੱਤਰ ਭੇਜਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮੇਘ ਰਾਜ ਨੇ ਬੋਲਦਿਆਂ ਦੱਸਿਆ ਕਿ ਕੇਨਰਾ ਬੈਂਕ ਵਿੱਚ ਖਾਤੇ ਖੋਲ੍ਹਣ ਦੇ ਬਹਾਨੇ ਮਿਡ ਡੇ ਮੀਲ ਵਰਕਰਾਂ ਦਾ ਪਿਛਲੇ ਦੋ ਮਹੀਨੇ ਤੋਂ ਰੋਕਿਆ ਗਿਆ ਮਾਣ ਭੱਤਾ ਤੁਰੰਤ ਜਾਰੀ ਕੀਤਾ ਜਾਵੇ ਤੇ ਮਿਡ ਡੇ ਮੀਲ ਵਰਕਰਾਂ ਦੇ ਕੇਨਰਾ ਬੈਂਕ ਸਮੇਤ ਘੱਟੋ ਘੱਟ 5 ਬੈਂਕਾਂ ਵਿੱਚ ਖ਼ਾਤੇ ਖੋਲ੍ਹਣ ਦੀ ਸਹੂਲਤ ਦਿੱਤੀ ਜਾਵੇ।ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਪੰਜਾਬ ਵੱਲੋਂ ਦਿੱਤੀ ਚੋਣ ਗਾਰੰਟੀ ਮੁਤਾਬਿਕ ਮਿਡ ਡੇ ਮੀਲ ਵਰਕਰਾਂ ਤੇ ਸਫਾਈ ਵਰਕਰਾਂ ਦਾ ਮਾਣ ਭੱਤਾ ਤੁਰੰਤ ਦੁੱਗਣਾ ਕੀਤਾ ਜਾਵੇ।ਹਰੇਕ ਵਰਕਰ ਦਾ 5 ਲੱਖ ਰੁਪਏ ਦਾ ਮੁਫ਼ਤ ਬੀਮਾ ਕੀਤਾ ਜਾਵੇ ਤੇ 100 ਤੋਂ ਘੱਟ ਬੱਚਿਆਂ ਵਾਲੇ ਸਕੂਲਾਂ 'ਚੋਂ ਛਾਂਟੀ ਕਰਕੇ ਰਿਲੀਵ ਕੀਤੇ ਗਏ ਸਫਾਈ ਵਰਕਰਾਂ ਨੂੰ ਬਹਾਲ ਕੀਤਾ ਜਾਵੇ।ਇਸ ਤੋਂ ਇਲਾਵਾ ਸਰਕਾਰ ਵੱਲੋਂ ਮਿਡ ਡੇ ਮੀਲ ਵਰਕਰਾਂ ਨੂੰ ਮਿਲਦੀਆਂ 10 ਛੁੱਟੀਆਂ ਦਾ ਪੱਤਰ ਜ਼ਿਲ੍ਹਾ ਸਿੱਖਿਆ ਦਫਤਰ ਵੱਲੋਂ ਜ਼ਿਲ੍ਹੇ ਦੇ ਸਕੂਲਾਂ ਵਿੱਚ ਲਾਗੂ ਕਰਵਾਇਆ ਜਾਵੇ।ਕਸਤੂਰਬਾ ਗਾਂਧੀ ਬਲਿਕਾ ਵਿਦਿਆਲਿਆ ਦੀ ਸਹਾਇਕ ਕੁੱਕਾਂ ਦੀ ਘਟਾਈ ਤਨਖਾਹ ਬਹਾਲ ਕੀਤੀ ਜਾਵੇ ਤੇ ਹੋਸਟਲਾਂ ਵਿੱਚ ਕੰਮ ਕਰਦੇ ਚੌਕੀਦਾਰਾਂ ਦੀ ਡਿਊਟੀ 24 ਘੰਟੇ ਤੋਂ ਘਟਾ ਕੇ 8 ਘੰਟੇ ਕੀਤੀ ਜਾਵੇ।ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਲੰਮੇ ਸਮੇਂ ਤੋਂ ਲਟਕਦੀ ਈਟੀਟੀ ਤੋਂ ਐਚਟੀ ਪੋਸਟਾਂ ਦੀ ਪ੍ਰਮੋਸ਼ਨ ਜਲਦ ਤੋਂ ਜਲਦ ਕਰਨ ਦੀ ਮੰਗ ਕੀਤੀ ਗਈ।ਇਸ ਮੌਕੇ ਦਲਜੀਤ ਸਫੀਪੁਰ, ਰਮਨ ਲਹਿਰਾ, ਕਰਮਜੀਤ ਨਦਾਮਪੁਰ, ਸੁਖਬੀਰ ਖਨੌਰੀ, ਅੰਮ੍ਰਿਤ ਸਿੰਘ, ਕੁਲਵੰਤ ਖਨੌਰੀ, ਕਮਲਜੀਤ ਬਨਭੌਰਾ ਆਦਿ ਹਾਜ਼ਰ ਸਨ।

## ਸੰਤ ਈਸ਼ਰ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਖ਼ੂਨਦਾਨ ਕੈਂਪ



**ਪਟਿਆਲਾ (ਰਾਜਿੰਦਰ ਥਿੰਦ)**-ਜਾਗਦੇ ਰਹੋ ਕਲੱਬ ਪਟਿਆਲਾ ਨੇ ਗੁ: ਈਸਰ ਸਾਹਿਬ ਆਲੋਵਾਲ ਵਿਖੇ ਸਾਲਾਨਾ ਸਮਾਗਮ ਦੌਰਾਨ ਗੁ: ਕਰਮਸਰ ਰਾੜਾ ਸਾਹਿਬ ਟਰੱਸਟ ਆਲੋਵਾਲ, ਬਾਬਾ ਗੁਰਮੁੱਖ ਸਿੰਘ ਆਲੋਵਾਲ, ਗ੍ਰਾਮ ਪੰਚਾਇਤ ਪਿੰਡ ਆਲੋਵਾਲ ਤੇ ਟਰੱਸਟ ਦੇ ਸਕੱਤਰ ਰਣਧੀਰ ਸਿੰਘ ਢੀਂਡਸਾ ਦੇ ਵਿਸ਼ੇਸ਼ ਸਹਿਯੋਗ ਨਾਲ ਸ੍ਰੀਮਾਨ ਸੰਤ ਬਾਬਾ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੇ 120ਵੇਂ ਜਨਮ ਦਿਹਾੜੇ ਨੂੰ ਸਮਰਪਤ ਭੌਰਾ ਸਾਹਿਬ ਦੇ ਨੇੜੇ ਖ਼ੂਨਦਾਨ ਕੈਂਪ ਲਗਾਇਆ ਗਿਆ।ਖ਼ੂਨਦਾਨ ਕੈਂਪ ਦਾ ਰਸਮੀਂ ਉਦਘਾਟਨ ਗੁਰਵਿੰਦਰ ਸਿੰਘ ਲੋਟ ਨੇ 34ਵੀਂ ਵਾਰ, ਮੋਹਨ ਸਿੰਘ ਨੇ 25ਵੀਂ ਵਾਰ, ਪੱਤਰਕਾਰ ਭਰਪੂਰ ਸਿੰਘ ਮੱਟਰਾਂ ਨੇ 18ਵੀਂ ਵਾਰ ਤੇ ਮਨਕਿਰਤ ਸਿੰਘ ਨੇ ਚੌਥੀ ਵਾਰ ਖ਼ੂਨ ਦਾਨ ਕਰਕੇ ਕੀਤਾ।ਖ਼ੂਨਦਾਨ ਕੈਂਪ ਵਿੱਚ 80 ਖ਼ੂਨਦਾਨੀਆਂ ਨੇ ਖ਼ੂਨ ਦਾਨ ਕੀਤਾ।ਇਹ ਖ਼ੂਨਦਾਨ ਕੈਂਪ ਤੇਜਿੰਦਰ ਸਿੰਘ ਮੰਡੌਰ, ਦੀਦਾਰ ਸਿੰਘ ਭੰਗੂ ਤੇ ਹਰਕ੍ਰਿਸ਼ਨ ਸਿੰਘ ਸੁਰਜੀਤ ਦੀ ਯੋਗ ਅਗਵਾਈ ਹੇਠ ਲਗਾਇਆ ਗਿਆ।ਇਸ ਮੌਕੇ ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਤੇਜਿੰਦਰ ਸਿੰਘ ਮੰਡੌਰ ਨੇ ਕਿਹਾ ਕਿ ਸੰਤ ਬਾਬਾ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੇ ਜਨਮ ਦਿਹਾੜੇ ਮੌਕੇ ਕਲੱਬ ਵੱਲੋਂ ਖ਼ੂਨਦਾਨ ਕੈਂਪ ਲਗਾਉਣਾ ਮਹਾਨ ਤੇ ਵੱਡਾ ਕਾਰਜ ਹਨ।ਕਲੱਬ ਵੱਲੋਂ ਹਰ ਸਾਲ ਦੀ ਤਰ੍ਹਾਂ ਖ਼ੂਨਦਾਨ ਕੈਂਪ ਲਗਾਏ ਜਾਂਦੇ ਹਨ।ਖ਼ੂਨਦਾਨ ਮਹਾਂਦਾਨ ਹੈ, ਤੁਹਾਡਾ ਦਿੱਤਾ ਹੋਇਆ ਖ਼ੂਨ ਕਿਸੇ ਲੋੜਵੰਦ ਮਰੀਜ਼ ਦੀ ਅਨਮੋਲ ਜ਼ਿੰਦਗੀ ਬਚਾਉਣ ਵਿੱਚ ਸਹਾਈ ਹੋ ਸਕਦਾ ਹੈ।ਖ਼ੂਨ ਇੱਕ ਅਜਿਹਾ ਤਰਲ ਪਦਾਰਥ ਹੈ, ਜਿਸ ਨੂੰ ਕਦੇ ਵੀ ਬਨਾਉਟੀ ਢੰਗ ਨਾਲ ਤਿਆਰ ਨਹੀਂ ਕੀਤਾ ਜਾ ਸਕਦਾ ਹੈ, ਇਹ ਸਿਰਫ਼ ਮਨੁੱਖ ਅੰਦਰ ਕੁਦਰਤੀ ਰੂਪ ਵਿੱਚ ਤਿਆਰ ਹੁੰਦਾ ਹੈ।ਕਲੱਬ ਦੇ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ ਨੇ ਕਿਹਾ ਕਿ ਇਸ ਸਮੇਂ ਗਰਮੀ ਕਾਰਨ ਬਲੱਡ ਬੈਂਕਾਂ ਵਿੱਚ ਖ਼ੂਨ ਦੀ ਭਾਰੀ ਕਮੀ ਚੱਲ ਰਹੀ ਹੈ, ਤਾਂ ਜੋ ਹਰ ਇਕ ਤੰਦਰੁਸਤ ਇਨਸਾਨ ਨੂੰ ਖ਼ੂਨ ਦਾਨ ਕਰਨਾ ਚਾਹੀਦਾ ਹੈ।ਰਿਫਰੈਸ਼ਮੈਂਟ ਵਜੋਂ ਸਮੂਹ ਖ਼ੂਨਦਾਨੀਆਂ ਨੂੰ ਕੇਲੇ, ਫਰੂਟੀ, ਬਿਸਲੇਰੀ ਪਾਣੀ, ਬਿਸਕੁਟ, ਜਲਜ਼ੀਰਾ ਤੇ ਨਮਕੀਨ ਦਿੱਤੀ ਗਈ।ਖ਼ੂਨਦਾਨੀਆਂ ਨੂੰ ਵਿਸ਼ੇਸ਼ ਤੌਰ 'ਤੇ ਮੈਡਲ, ਵਾਟਰ ਬੋਤਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਖ਼ੂਨਦਾਨ ਕੈਂਪ ਦਾ ਸਾਰਾ ਖਰਚਾ ਕਲੱਬ ਵੱਲੋਂ ਕੀਤਾ ਗਿਆ।

## ਕਾਂਗਰਸ ਦਾ ਵਫਾਦਾਰ ਸਿਪਾਹੀ ਹੋਣ ਦੇ ਨਾਤੇ ਧੂਰੀ ਤੋਂ ਟਿਕਟ ਦਾ ਪੱਕਾ ਦਾਅਵੇਦਾਰ ਹਾਂ : ਅੰਮ੍ਰਿਤ ਬਰਾੜ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਕਾਂਗਰਸ ਪਾਰਟੀ ਦੇ ਨੈਸ਼ਨਲ ਆਗੂ ਤੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਵਿਜੈਇੰਦਰ ਸਿੰਗਲਾ ਦੀ ਟੀਮ ਵਿੱਚ ਸ਼ੁਮਾਰ ਤੇ ਪੰਜਾਬ ਕਾਂਗਰਸ ਦੇ ਸਕੱਤਰ ਅੰਮ੍ਰਿਤ ਬਰਾੜ ਕਾਂਝਲਾ ਨੇ ਵਿਧਾਨ ਸਭਾ ਹਲਕਾ ਧੂਰੀ ਤੋਂ ਕਾਂਗਰਸ ਪਾਰਟੀ ਦੀ ਟਿਕਟ ਲਈ ਪੱਕੇ ਦਾਅਵੇਦਾਰੀ ਪੇਸ਼ ਕਰਦੇ ਹੋਏ ਆਪਣੇ ਜੱਦੀ ਪਿੰਡ ਕਾਂਝਲਾ ਤੋਂ ਵਿਧਾਨ ਸਭਾ ਚੋਣਾਂ ਲਈ ਮੁਹਿੰਮ ਦੀ ਸ਼ੁਰੂਆਤ ਕੀਤੀ ਹੈ।ਅੱਜ ਅੰਮ੍ਰਿਤ ਬਰਾੜ ਵੱਲੋਂ ਪਿੰਡ ਦੇ ਸਰਪੰਚ ਸਤਿਗੁਰ ਸਿੰਘ ਖਾਲਸਾ ਦੀ ਅਗਵਾਈ ਹੇਠ ਸੈਂਕੜੇ ਹੀ ਪਿੰਡ ਵਾਸੀਆਂ ਦਾ ਭਰਵਾਂ ਇਕੱਠ ਕਰਕੇ ਐਲਾਨ ਕੀਤਾ ਗਿਆ ਕਿ ਉਹ ਕਾਂਗਰਸ ਪਾਰਟੀ ਦੀ ਵਿਧਾਨ ਸਭਾ ਹਲਕਾ ਧੂਰੀ ਤੋਂ ਟਿਕਟ ਪ੍ਰਾਪਤ ਕਰਕੇ ਇਹ ਸੀਟ ਜਿੱਤ ਕੇ ਕਾਂਗਰਸ ਦੀ ਝੋਲੀ ਵਿੱਚ ਪਾਉਣਗੇ।ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਕਾਂਗਰਸ ਪਾਰਟੀ ਲਈ ਉਨ੍ਹਾਂ ਵੱਲੋਂ ਦੇਸ਼ ਦੇ ਵੱਖ ਵੱਖ ਸੂਬਿਆਂ ਵਿੱਚ ਸਮੇਂ ਸਮੇਂ ਸਿਰ ਕਾਂਗਰਸ ਪਾਰਟੀ ਦੀਆਂ ਹਦਾਇਤਾਂ ਤੇ ਇੱਕ ਨਿਮਾਣੇ ਵਰਕਰ ਵਜੋਂ ਕੰਮ ਕੀਤਾ ਜਾ ਚੁੱਕਿਆ ਹੈ ਤੇ ਪਿਛਲੇ ਲੰਮੇ ਸਮੇਂ ਤੋਂ ਉਹ ਕਾਂਗਰਸ ਪਾਰਟੀ ਲਈ ਦਿਨ ਰਾਤ ਇੱਕ ਕਰਕੇ ਕੰਮ ਕਰਦੇ ਆ ਰਹੇ ਹਨ।ਉਨ੍ਹਾਂ ਕਿਹਾ ਕਿ ਉਹ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਰਗਰਮ ਵਰਕਰ ਹੋਣ ਦੇ ਨਾਤੇ ਪਿਛਲੇ ਲੰਮੇ ਸਮੇਂ ਤੋਂ ਵਿਧਾਨ ਸਭਾ ਹਲਕਾ ਧੂਰੀ ਦੇ ਵੱਖ-ਵੱਖ ਪਿੰਡਾਂ ਵਿੱਚ ਲੋਕਾਂ ਨਾਲ ਵਿਚਰਦੇ ਆ ਰਹੇ ਹਨ ਅਤੇ ਪਿੰਡਾਂ ਦੇ ਲੋਕਾਂ ਵੱਲੋਂ ਉਨ੍ਹਾਂ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਇਸ ਇਕੱਠ ਨੇ ਸਾਬਿਤ ਕਰ ਦਿੱਤਾ ਹੈ ਕਿ ਇਲਾਕੇ ਦੇ ਲੋਕ ਉਨ੍ਹਾਂ ਨੂੰ ਉਮੀਦਵਾਰ ਵਜੋਂ ਦੇਖਣਾ ਚਾਹੁੰਦੇ ਹਨ।

## ਮਾਤਾ ਗੁਜਰੀ ਕਾਲਜ ਵਿਖੇ ਕਾਮਰਸ ਐਸੋਸੀਏਸ਼ਨ ਦਾ ਗਠਨ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਪੋਸਟ ਗਰੈਜੂਏਟ ਕਾਮਰਸ ਵਿਭਾਗ ਵੱਲੋਂ ਸੈਸ਼ਨ 2025-2026 ਲਈ ਕਾਮਰਸ ਐਸੋਸੀਏਸ਼ਨ ਦਾ ਗਠਨ ਕੀਤਾ ਗਿਆ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਾਮਰਸ ਐਸੋਸੀਏਸ਼ਨ ਲਈ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਸ਼ੁੱਭ-ਕਾਮਨਾਵਾਂ ਦਿੰਦਿਆਂ ਕਿਹਾ ਕਿ ਕਾਮਰਸ ਵਿਭਾਗ ਦੇ ਵਿਦਿਆਰਥੀਆਂ ਦਾ ਇਹ ਸੰਗਠਨ ਹਰ ਸਾਲ ਵੱਖ ਵੱਖ ਉਸਾਰੂ ਗਤੀਵਿਧੀਆਂ ਤੇ ਸਮਾਜ ਸੇਵਾ ਦੇ ਕਾਰਜਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਪਾਉਂਦਾ ਹੈ ਅਤੇ ਬਾਕੀ ਵਿਦਿਆਰਥੀਆਂ ਲਈ ਪ੍ਰੇਰਣਾ ਸ੍ਰੋਤ ਬਣਦਾ ਹੈ।ਇਸ ਮੌਕੇ ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਵੀ ਕਾਮਰਸ ਐਸੋਸੀਏਸ਼ਨ ਦੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।ਕਾਮਰਸ ਵਿਭਾਗ ਦੇ ਮੁਖੀ ਪ੍ਰੋ. ਮੁਹੰਮਦ ਅਨਵਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਮਰਸ ਐਸੋਸੀਏਸ਼ਨ ਦੇ ਅਹੁਦੇਦਾਰਾਂ ਦੀ ਚੋਣ ਸੁਸਾਇਟੀ ਦੇ ਨਿਰਧਾਰਤ ਮਾਪਦੰਡਾਂ ਅਨੁਸਾਰ ਕੀਤੀ ਗਈ ਅਤੇ ਇਸ ਮੌਕੇ ਵਿਭਾਗ ਦੇ ਡਾ. ਰਸ਼ਪਾਲਜੀਤ ਕੌਰ, ਪ੍ਰੋ. ਨਵਨੀਤ ਕੌਰ ਤੇ ਪ੍ਰੋ. ਗੁਰਪ੍ਰੀਤ ਕੌਰ ਨੂੰ ਕਾਮਰਸ ਐਸੋਸੀਏਸ਼ਨ ਦੇ ਟੀਚਰ ਇੰਚਾਰਜ ਨਿਯੁਕਤ ਕੀਤਾ ਗਿਆ। ਵਰਨਣਯੋਗ ਹੈ ਕਿ ਇਸ ਚੋਣ ਵਿੱਚ ਕਾਮਰਸ ਵਿਭਾਗ ਦੇ ਐਮ. ਕਾਮ. ਭਾਗ ਦੂਸਰਾ ਦੀ ਹੋਣਹਾਰ ਵਿਦਿਆਰਥਣ ਜਸਮੀਨ ਕੌਰ ਨੂੰ ਪ੍ਰਧਾਨ ਚੁਣਿਆ ਗਿਆ ਹੈ।ਇਸ ਤੋਂ ਇਲਾਵਾ ਕਮਲਪ੍ਰੀਤ ਕੌਰ ਨੂੰ ਉੱਪ ਪ੍ਰਧਾਨ, ਸਿਮਰਪ੍ਰੀਤ ਕੌਰ ਨੂੰ ਸਕੱਤਰ, ਹਰਸ਼ਦੀਪ ਕੌਰ ਨੂੰ ਫਾਈਨਾਂਸ ਸਕੱਤਰ, ਗੁਰਲੀਨ ਕੌਰ, ਸੁਖਪ੍ਰੀਤ ਕੌਰ ਤੇ ਇੰਦਰਪ੍ਰੀਤ ਸਿੰਘ ਨੂੰ ਜੁਆਇੰਟ ਸਕੱਤਰ, ਮਨਤਪ੍ਰੀਤ ਕੌਰ ਤੇ ਨਵਨੀਤ ਕੌਰ ਨੂੰ ਕੈਸ਼ੀਅਰ, ਜਸ਼ਨਪ੍ਰੀਤ ਸਿੰਘ ਤੇ ਵਰਿੰਦਰ ਸਿੰਘ ਨੂੰ ਪ੍ਰੈੱਸ ਸਕੱਤਰ ਘੋਸ਼ਿਤ ਕੀਤਾ ਗਿਆ।ਇਸ ਮੌਕੇ ਕਮਰਸ ਵਿਭਾਗ ਦੇ ਡਾ. ਹਰਜੀਤ ਕੌਰ ਤੇ ਹੋਰ ਅਧਿਆਪਕ ਸਾਹਿਬਾਨ ਹਾਜ਼ਰ ਸਨ।

# ਮਾਸਟਰ ਸੁਖਦੇਵ ਸਿੰਘ ਅਤਲਾ ਦੀ ਮ੍ਰਿਤਕ ਦੇਹ ਮੈਡੀਕਲ ਖ਼ੋਜ ਕਾਰਜਾਂ ਲਈ ਦਾਨ



**ਮਾਨਸਾ (ਆਤਮਾ ਸਿੰਘ ਪਮਾਰ)**-ਉਮਰ ਭਰ ਲੋਕ ਹਿੱਤਾਂ ਤੇ ਅਧਿਆਪਕ ਮਸਲਿਆਂ ਪ੍ਰਤੀ ਸਮਰਪਤ ਰਹੇ ਸੁਖਦੇਵ ਸਿੰਘ ਅਤਲਾ ਆਖਰ ਸੰਖੇਪ ਬਿਮਾਰੀ ਉਪਰੰਤ ਆਪਣੇ ਰਿਸ਼ਤੇਦਾਰਾਂ, ਮਿੱਤਰਾਂ, ਦੋਸਤਾਂ ਤੇ ਜਥੇਬੰਦੀਆਂ ਦੇ ਵਰਕਰਾਂ ਤੋਂ ਸਦਾ ਸਦਾ ਲਈ ਰੁਖ਼ਸਤ ਹੋ ਗਏ।ਜ਼ਿਕਰਯੋਗ ਹੈ ਕਿ ਉਨ੍ਹਾਂ ਵੱਲੋਂ ਮੌਤ ਉਪਰੰਤ ਆਪਣੀ ਦੇਹ ਮੈਡੀਕਲ ਖ਼ੋਜ ਕਾਰਜਾਂ ਲਈ ਪਹਿਲਾਂ ਤੋਂ ਹੀ ਦਾਨ ਕੀਤੀ ਗਈ ਸੀ।ਅੱਜ ਉਨ੍ਹਾਂ ਦੇ ਇਸ ਫਾਨੀ ਸੰਸਾਰ ਤੋਂ ਵਿਦਾਇਗੀ ਸਮੇਂ ਵੱਡੀ ਗਿਣਤੀ ਰਿਸ਼ਤੇਦਾਰਾਂ, ਮਿੱਤਰਾਂ, ਦੋਸਤਾਂ ਤੇ ਵੱਖ ਵੱਖ ਜਨਤਕ, ਸਮਾਜਿਕ, ਧਾਰਮਿਕ ਤੇ ਸਿਆਸੀ ਪਾਰਟੀਆਂ ਦੇ ਆਗੂ ਤੇ ਵਰਕਰ ਸ਼ੋਕ ਸਭਾ 'ਚ ਸ਼ਾਮਲ ਹੋਏ।ਇਸ ਸਮੇਂ ਸੁਖਦੇਵ ਸਿੰਘ ਅਤਲਾ ਦੀ ਮ੍ਰਿਤਕ ਦੇਹ ਮੈਡੀਕਲ ਖੋਜ ਕਾਰਜਾਂ ਲਈ ਆਦੇਸ਼ ਹਸਪਤਾਲ ਬਠਿੰਡਾ ਤੋਂ ਪਹੁੰਚੀ ਪ੍ਰਬੰਧਕਾਂ ਦੀ ਟੀਮ ਦੇ ਸੁਪਰਦ ਕੀਤੀ ਗਈ।ਇਸ ਸਮੇਂ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਆਗੂ ਮਾ. ਲੱਖਾ ਸਿੰਘ ਸਹਾਰਨਾ ਤੇ ਨਰਿੰਦਰ ਕੌਰ ਬੁਰਜ ਹਮੀਰਾ ਨੇ ਇਕੱਤਰਤਾ ਨੂੰ ਸੁਸਾਇਟੀ ਦੇ ਵਿਗਿਆਨਕ ਕਾਰਜਾਂ ਤੋਂ ਜਾਣੂੰ ਕਰਵਾਉਂਦਿਆਂ ਕਿਹਾ ਕਿ ਮਰਨ ਉਪਰੰਤ ਸੁਖਦੇਵ ਸਿੰਘ ਅਤਲਾ ਦੀ ਦੇਹ ਖੋਜ ਕਾਰਜਾਂ ਲਈ ਅਨੇਕਾਂ ਮੈਡੀਕਲ ਦੀ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਨੂੰ ਅੰਗਾਂ ਦੀ ਬਣਤਰ ਨੂੰ ਸਮਝਣ, ਇਲਾਜ ਦੀਆਂ ਨਵੀਆਂ ਤਕਨੀਕਾਂ ਖੋਜਣ, ਰੋਗਾਂ ਦੀ ਚਕਿਤਸਾ ਲਈ ਅਪਨਾਏ ਜਾਣ ਵਾਲੇ ਨਵੇਂ ਮਾਪਦੰਡਾਂ ਨੂੰ ਵਿਕਸਿਤ ਕਰਨ ਲਈ ਬੇਸ਼ਕੀਮਤੀ ਮੌਕੇ ਪ੍ਰਦਾਨ ਕਰੇਗੀ। ਉਨ੍ਹਾਂ ਕਿਹਾ ਕਿ ਸਰੀਰ ਦਾਨ ਦੀ ਰੀਤ ਵਿਗਿਆਨ ਨੂੰ ਉਚਾਈਆਂ 'ਤੇ ਲਿਜਾਣ ਦੇ ਨਾਲ ਨਾਲ ਸਿੱਖਿਆ, ਨੈਤਿਕਤਾ ਤੇ ਲੋਕ ਹਿੱਤਾਂ ਪ੍ਰਤੀ ਸਾਂਝੀ ਜ਼ਿੰਮੇਵਾਰੀ ਦੀ ਮਿਸਾਲ ਵੀ ਹੈ, ਜੋ ਜੀਵਨ ਦੇ ਅੰਤ ਨੂੰ ਵੀ ਇੱਕ ਨਵੀਂ ਸ਼ੁਰੂਆਤ 'ਚ ਬਦਲਣ ਦੇ ਸਮਰੱਥ ਹੁੰਦੀ ਹੈ। ਆਗੂਆਂ ਨੇ ਕਿਹਾ ਕਿ ਮਾਸਟਰ ਸੁਖਦੇਵ ਸਿੰਘ ਅਤਲਾ ਜਿੱਥੇ 89 ਸਾਲ ਦੀ ਉਮਰ ਤੱਕ ਸਮਾਜਿਕ ਤੇ ਜਥੇਬੰਦਕ ਕਾਰਜਾਂ ਨੂੰ ਸਮਰਪਤ ਰਹੇ, ਉੱਥੇ ਉਨ੍ਹਾਂ ਆਪਣੇ ਜੀਵਨ ਦੇ ਆਖਰੀ ਸੰਸਕਾਰ ਨੂੰ ਵਿਗਿਆਨਕ ਨਜ਼ਰੀਏ ਨੂੰ ਸੇਵਾ ਵਿੱਚ ਤਬਦੀਲ ਕਰਕੇ ਭਵਿੱਖੀ ਪੀੜ੍ਹੀਆਂ ਲਈ ਇੱਕ ਉੱਚਪਾਏ ਦਾ ਸੰਦੇਸ਼ ਅਤੇ ਉਪਚਾਰ ਕਰਨ ਦੀ ਨਵੀਂ ਵਿਰਾਸਤ ਵੀ ਛੱਡ ਗਏ ਹਨ, ਜਿਸ ਦੀ ਤਰਕਸ਼ੀਲ ਸੁਸਾਇਟੀ ਪੰਜਾਬ ਸ਼ਲਾਘਾ ਤੋਂ ਇਲਾਵਾ ਸਵਾਗਤ ਵੀ ਕਰਦੀ ਹੈ। ਇਸ ਸ਼ੋਕ ਸਭਾ ਤੇ ਸੋਗਮਈ ਮਹੌਲ ਸਮੇਂ ਜਮਹੂਰੀ ਕਿਸਾਨ ਸਭਾ ਦੇ ਆਗੂ ਮਾ. ਛੱਜੂ ਰਾਮ ਰਿਸ਼ੀ, ਅਮਰੀਕ ਸਿੰਘ ਫਫੜੇ, ਮੇਜ਼ਰ ਸਿੰਘ ਦੂਲੋਵਾਲ, ਪੰਜਾਬ ਕਿਸਾਨ ਯੂਨੀਅਨ ਦੇ ਆਗੂ ਗੁਰਨਾਮ ਸਿੰਘ ਭੀਖੀ, ਗੁਰਜੰਟ ਸਿੰਘ ਮਾਨਸਾ, ਰਾਮਫਲ ਚੱਕ ਅਲੀਸ਼ੇਰ ਤੋਂ ਇਲਾਵਾ ਅਨੇਕਾਂ ਜੱਥੇਬੰਦਕ ਆਗੂਆਂ ਵੱਲੋਂ ਉਨ੍ਹਾਂ ਦੀ ਪਤਨੀ ਬਿਲਾਸ ਕੌਰ, ਬੇਟੇ ਡਾ. ਜਗਤਾਰ ਸਿੰਘ, ਰਣਜੀਤ ਸਿੰਘ, ਬੇਟੀ ਜਸਵੀਰ ਕੌਰ, ਨੂੰਹ ਸੁਖਦੀਪ ਕੌਰ ਤੇ ਸਰਬਜੀਤ ਕੌਰ ਨਾਲ ਦੁੱਖ ਸਾਂਝਾ ਕੀਤਾ ਗਿਆ।

ਇਸ ਮੌਕੇ ਖੱਬੀਆਂ ਪਾਰਟੀਆਂ ਆਰ ਐੱਮ ਪੀ ਆਈ ਦੇ ਆਗੂ ਲਾਲ ਚੰਦ ਸਰਦੂਲਗੜ੍ਹ, ਸੀ.ਪੀ.ਆਈ. ਦੇ ਕ੍ਰਿਸ਼ਨ ਚੌਹਾਨ, ਲਿਬਰੇਸ਼ਨ ਆਗੂ ਭੋਲਾ ਸਿੰਘ ਸਮਾਓਂ, ਬਲਦੇਵ ਸਮਾਓਂ, ਤਰਕਸ਼ੀਲ ਸੁਸਾਇਟੀ ਦੇ ਆਗੂ ਗੋਰਾ ਲਾਲ ਅਤਲਾ, ਜਗਸੀਰ ਸਿੰਘ ਢਿੱਲੋਂ, ਡਾ. ਸੁਰਿੰਦਰ ਸਿੰਘ, ਦਲਵਿੰਦਰ ਸਿੰਘ, ਜਸਪਾਲ ਸਿੰਘ ਅਤਲਾ, ਹਰਬੰਸ ਢਿੱਲੋਂ, ਮੈਡੀਕਲ ਪ੍ਰੈਕਟੀਸ਼ਨਰਜ਼ ਦੇ ਸੂਬਾਈ ਆਗੂ ਧੰਨਾ ਮੱਲ ਗੋਇਲ, ਪੈਨਸ਼ਨਰਜ਼ ਐਸੋਸੀਏਸ਼ਨ ਦੇ ਆਗੂ ਬਿੱਕਰ ਮੰਘਾਣੀਆਂ, ਡਾ. ਸਿਕੰਦਰ ਸਿੰਘ ਘਰਾਂਗਣਾ, ਮਾ. ਹਰਗਿਆਨ ਸਿੰਘ, ਡਾ. ਬਲਦੇਵ ਸ਼ਰਮਾ, ਡਾ. ਯਾਦਵਿੰਦਰ ਸਿੰਘ, ਅਜ਼ਮੇਰ ਅਕਲੀਆ ਤੇ ਡਾ. ਮਨਜੀਤ ਚਹਿਲ ਨੇ ਕਿਹਾ ਕਿ ਮਾ. ਸੁਖਦੇਵ ਸਿੰਘ ਪੂਰਾ ਜੀਵਨ ਸਮੁੱਚੀ ਮਾਨਵਤਾ ਲਈ ਰਾਹਦਸੇਰਾ ਬਣੇ ਰਹੇ। ਇਸ ਸਮੇਂ ਆਗੂਆਂ ਵੱਲੋਂ ਆਦੇਸ਼ ਹਸਪਤਾਲ ਬਠਿੰਡਾ ਤੋਂ ਪਹੁੰਚੀ ਡਾਕਟਰੀ ਟੀਮ ਦਾ ਧੰਨਵਾਦ ਕਰਦਿਆਂ ਕਾਮਰੇਡ ਅਤਲਾ ਦੀ ਦੇਹ ਨੂੰ ਮੈਡੀਕਲ ਖੋਜਾਂ ਲਈ ਵਿਦਾਇਗੀ ਦਿੱਤੀ।

# ਪਾਤੜਾਂ ਖ਼ੁਦਕੁਸ਼ੀ ਕਾਂਡ : ਮ੍ਰਿਤਕਾਂ ਨਮਿਤ ਸ਼ਰਧਾਂਜਲੀ ਸਮਾਰੋਹ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੁਲਸ ਮੁਲਾਜ਼ਮ ਟਰੱਕ ਮਾਲਕ ਵੱਲੋਂ ਲਗਾਏ ਗਏ ਚੋਰੀ ਦੇ ਦੋਸ਼ਾਂ ਦਾ ਸਾਹਮਣਾ ਕਰਦਿਆਂ ਨਮੋਸ਼ੀ ਦੇ ਡਰੋਂ ਸਲਫਾਸ ਖਾ ਕੇ ਖ਼ੁਦਕੁਸ਼ੀ ਕਰ ਜਾਣ ਵਾਲੇ ਡਰਾਈਵਰ ਤੇ ਕੰਡਕਟਰ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਰੋਹ ਗੁਰਦੁਆਰਾ ਸਾਹਿਬ ਪਿੰਡ ਨਿਆਲ ਵਿਖੇ ਹੋਇਆ।ਇਸ ਦੌਰਾਨ ਇਨਸਾਫ ਦੀ ਮੰਗ ਨੂੰ ਲੈ ਕੇ ਸੰਘਰਸ਼ ਦੇ ਮੈਦਾਨ ਵਿੱਚ ਨਿੱਤਰੀਆਂ ਕਿਸਾਨ ਜਥੇਬੰਦੀਆਂ ਦੇ ਆਗੂਆਂ ਤੇ ਵਰਕਰਾਂ ਤੋਂ ਇਲਾਵਾ ਵੱਖ-ਵੱਖ ਰਾਜਨੀਤਕ, ਧਾਰਮਿਕ ਤੇ ਸਮਾਜਿਕ ਸ਼ਖਸੀਅਤਾਂ ਨੇ ਪਹੁੰਚ ਕੇ ਸ਼ਰਧਾਂਜਲੀਆਂ ਭੇਟ ਕਰਦਿਆਂ ਪਰਿਵਾਰਾਂ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ। ਸ਼ਰਧਾਂਜਲੀ ਸਮਾਰੋਹ ਦੌਰਾਨ ਲੋਕ ਸਭਾ ਹਲਕਾ ਪਟਿਆਲਾ ਤੋਂ ਸਾਬਕਾ ਮੈਂਬਰ ਪਾਰਲੀਮੈਂਟ ਸ਼੍ਰੀਮਤੀ ਪਰਨੀਤ ਕੌਰ, ਸਾਬਕਾ ਕੈਬਨਟ ਮੰਤਰੀ ਸੁਰਜੀਤ ਸਿੰਘ ਰੱਖੜਾ, ਐੱਸਸੀ ਕਮਿਸ਼ਨ ਪੰਜਾਬ ਦੇ ਚੇਅਰਮੈਨ ਸੁਰਜੀਤ ਸਿੰਘ ਗੜ੍ਹੀ, ਮੈਂਬਰ ਗੁਲਜਾਰ ਸਿੰਘ ਬੌਬੀ, ਜਮਹੂਰੀ ਕਿਸਾਨ ਸਭਾ ਦੇ ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ, ਜ਼ਿਲ੍ਹਾ ਆਗੂ ਹਰੀ ਸਿੰਘ ਦੌਣ ਕਲਾਂ, ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਡਿਪਟੀ ਜਰਨਲ ਸਕੱਤਰ ਕੁਲਵੰਤ ਸਿੰਘ ਮੌਲਵੀਵਾਲਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਹਰਭਜਨ ਸਿੰਘ ਬੁੱਟਰ, ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਸੂਬਾਈ ਆਗੂ ਮਨਜੀਤ ਸਿੰਘ ਨਿਆਲ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਵਿੰਦਰ ਸਿੰਘ ਦੇਧਨਾਂ, ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪਧਾਨ ਜਗਮੀਤ ਸਿੰਘ ਹਰਿਆਊ, ਹਲਕਾ ਸ਼ੁਤਰਾਣਾ ਦੇ ਲੋਕ ਆਗੂ ਡਾਕਟਰ ਜਤਿੰਦਰ ਸਿੰਘ ਮੱਟੂ, ਕਾਂਗਰਸ ਦੇ ਹਲਕਾ ਇੰਚਾਰਜ ਦਰਬਾਰਾ ਸਿੰਘ ਬਣਵਾਲਾ, ਭਾਜਪਾ ਦੇ ਹਲਕਾ ਇੰਚਾਰਜ ਨਰਾਇਣ ਸਿੰਘ ਨਰਸੋਤ, ਭਾਜਪਾ ਆਗੂ ਰਮੇਸ਼ ਕੁਮਾਰ ਕੁੱਕੂ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰੋਫੈਸਰ ਮਹਿੰਦਰਪਾਲ ਸਿੰਘ ਨੇ ਪੁੱਜ ਕੇ ਪਰਿਵਾਰ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ।ਇਸ ਮੌਕੇ ਪ੍ਰਗਟ ਸਿੰਘ ਜਾਮਾਰਾਏ ਨੇ ਗਰੀਬ ਪਰਿਵਾਰਾਂ ਨੂੰ ਇਨਸਾਫ ਦਿਵਾਉਣ ਲਈ ਲੋਕਾਂ ਵੱਲੋਂ ਲੜੇ ਗਏ ਸੰਘਰਸ਼ ਦੀ ਸ਼ਲਾਘਾ ਕਰਦਿਆਂ ਸੰਘਰਸ਼ ਵਿੱਚ ਸਾਥ ਦੇਣ ਵਾਲਿਆਂ ਦਾ ਧੰਨਵਾਦ ਕੀਤਾ। ਐਕਸ਼ਨ ਕਮੇਟੀ ਦੇ ਆਗੂ ਤੇ ਪਿੰਡ ਦੇ ਸਰਪੰਚ ਪ੍ਰਹਿਲਾਦ ਸਿੰਘ ਨੇ ਪਹੁੰਚੀਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ।

## ਭਾਕਿਯੂ ਡਕੌਂਦਾ ਦੀ ਬਲਾਕ ਮੀਟਿੰਗ 'ਚ ਅਹਿਮ ਮਸਲੇ ਵਿਚਾਰੇ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ) ਦੀ ਅਹਿਮ ਮੀਟਿੰਗ ਗੁਰਦੁਆਰਾ ਸਾਹਿਬ ਛੇਂਵੀ ਪਾਤਸ਼ਾਹੀ ਮਹਿਲ ਕਲਾਂ ਵਿਖੇ ਕੀਤੀ ਗਈ।ਬਲਾਕ ਪ੍ਰਧਾਨ ਨਾਨਕ ਸਿੰਘ ਅਮਲਾ ਸਿੰਘ ਵਾਲਾ, ਜਗਰੂਪ ਸਿੰਘ ਗਹਿਲ, ਕਰਮਜੀਤ ਸਿੰਘ ਕਲਾਲ ਮਾਜਰਾ, ਸਤਪਾਲ ਸਿੰਘ ਸੋਹੀ, ਜੱਗਾ ਸਿੰਘ ਮਹਿਲ ਕਲਾਂ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਆਪਣੇ ਹੱਕਾਂ ਲਈ ਸੰਘਰਸ਼ ਕਰਦੇ ਲੋਕਾਂ ਦੀ ਗੱਲ ਸੁਨਣ ਦੀ ਬਜਾਏ ਡੰਡੇ ਦੇ ਜ਼ੋਰ ਨਾਲ ਦਬਾਉਣਾ ਚਾਹੁੰਦੀ ਹੈ।ਆਗੂਆਂ ਨੇ ਦੱਸਿਆ ਕਿ 8 ਅਗਸਤ ਨੂੰ ਮੋਗੇ ਦੀ ਅਨਾਜ ਮੰਡੀ 'ਚ ਹੋ ਰਹੀ ਜਬਰ ਵਿਰੋਧੀ ਰੈਲੀ 'ਚ ਬਲਾਕ ਮਹਿਲ ਕਲਾਂ ਵਿੱਚੋਂ ਵੱਡੀ ਗਿਣਤੀ ਵਿੱਚ ਵਰਕਰ ਸ਼ਮੂਲੀਅਤ ਕਰਨਗੇ।ਆਗੂ ਅਮਨਦੀਪ ਸਿੰਘ ਰਾਏਸਰ, ਸੋਹਣ ਸਿੰਘ ਬੀਹਲਾ, ਗੋਗੀ ਧਨੇਰ, ਅਬੀਮਲਕ ਬੀਹਲਾ ਨੇ ਦੱਸਿਆ ਕਿ ਸ਼ਹੀਦ ਕਿਰਨਜੀਤ ਕੌਰ ਦੀ 28ਵੇਂ ਬਰਸੀ ਸਮਾਗਮ 12 ਅਗਸਤ ਸਬੰਧੀ ਤਿਆਰੀਆਂ ਨੂੰ ਲੈ ਕੇ ਪਿੰਡ-ਪਿੰਡ ਮੀਟਿੰਗਾਂ ਕਰਕੇ ਲਾਮਬੰਦੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਜ਼ੀਰੋ ਟੈਰਿਫ਼ ਨੀਤੀ ਨੂੰ ਰੱਦ ਕਰਾਉਣ ਲਈ 13 ਅਗਸਤ ਨੂੰ ਬਲਾਕ ਪੱਧਰ 'ਤੇ ਹਰ ਪਿੰਡ ਟਰੰਪ, ਮੋਦੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਪੁਤਲੇ ਫੂਕ ਕੇ ਰੋਸ ਜ਼ਾਹਰ ਕੀਤਾ ਜਾਵੇਗਾ।

## ਲੈਂਡ ਪੂਲਿੰਗ ਨੀਤੀ ਖਿਲਾਫ ਮੋਟਰਸਾਈਕਲ ਮਾਰਚ 11 ਨੂੰ

**ਅਜੀਤਵਾਲ (ਨਛੱਤਰ ਸੰਧੂ)**-ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਗਮੋਹਣ ਸਿੰਘ ਕੰਗ ਨੇ ਪ੍ਰੈੱਸ ਨੂੰ ਜਾਣਕਾਰੀ ਦਿੱਤੀ ਕਿ 11 ਅਗਸਤ ਨੂੰ ਲੈਂਡ ਪੂਲਿੰਗ ਨੀਤੀ ਖਿਲਾਫ ਪੰਜਾਬ ਵਿੱਚ ਮੋਟਰਸਾਈਕਲ ਮਾਰਚ ਕੀਤੇ ਜਾ ਰਹੇ ਹਨ। ਇਸ ਸਬੰਧੀ ਬੀਬੀ ਕਾਹਨ ਕੌਰ ਦੇ ਗੁਰਦੁਆਰਾ ਸਾਹਿਬ ਵਿਖੇ ਚਾਰ ਕਿਸਾਨ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਹੋਈ। ਮੀਟਿੰਗ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਆਗੂ ਲਖਵੀਰ ਸਿੰਘ ਜੰਗ ਦੌਧਰ, ਸੁਖਜੀਤ ਸਿੰਘ, ਜੁਗਰਾਜ ਸਿੰਘ ਦੱਦਾਹੂਰ, ਕਿਸਾਨ ਮਜ਼ਦੂਰ ਸੰਘਰਸ ਕਮੇਟੀ ਦੇ ਆਗੂ ਦਰਸ਼ਨ ਸਿੰਘ, ਭਾਰਤੀ ਕਿਸਾਨ ਯੂਨੀਅਨ ਬ੍ਰਹਮਕੇ ਦੇ ਕੁਲਵਿੰਦਰ ਸਿੰਘ, ਜਗੀਰ ਸਿੰਘ, ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਜਗਮੋਹਨ ਸਿੰਘ ਕੰਗ ਹਾਜ਼ਰ ਸਨ। ਆਗੂਆਂ ਨੇ ਕਿਹਾ ਕਿ ਭਾਰਤ ਸਰਕਾਰ ਨੇ ਪਹਿਲਾਂ ਭਾਰਤ ਮਾਲਾ ਪ੍ਰੋਜੈਕਟ ਲਈ ਇਕ ਲੱਖ ਏਕੜ ਦੇ ਕਰੀਬ ਜ਼ਮੀਨ ਅਕਵਾਇਰ ਕੀਤੀ ਤੇ ਹੁਣ ਸਾਮਰਾਜੀ ਲੁਟੇਰਿਆਂ ਦੀਆਂ ਲੋੜਾਂ ਮੁਤਾਬਕ ਲੈਂਡ ਪੂਲਿੰਗ ਨੀਤੀ ਮੁਤਾਬਕ ਲੁਧਿਆਣਾ ਜ਼ਿਲ੍ਹੇ ਦੇ 32 ਪਿੰਡਾਂ ਦੀ 24311 ਏਕੜ ਜ਼ਮੀਨ, ਪੰਜਾਬ ਦੀ 27 ਸ਼ਹਿਰਾਂ ਦੇ ਨਜ਼ਦੀਕ 12304 ਏਕੜ ਦਾ ਨੋਟੀਫਿਕੇਸ਼ਨ ਕਰ ਦਿੱਤਾ ਗਿਆ ਹੈ। ਇਸ ਵਿੱਚ ਮੋਗੇ ਜ਼ਿਲ੍ਹੇ ਦੇ ਪੰਜ ਪਿੰਡਾਂ (ਚੁਗਾਵਾਂ, ਖੇੜਾ ਸਵਾੜ, ਤਲਵੰਡੀ ਭੰਗੇਰੀਆਂ, ਰੌਲੀ ਤੇ ਬੁੱਘੀਪੁਰਾ) ਦੀ 542 ਏਕੜ ਜ਼ਮੀਨ ਆ ਰਹੀ ਹੈ। ਚਾਰ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਨੇ ਮੋਗੇ ਦੇ ਇਨ੍ਹਾਂ ਪ੍ਰਭਾਵਿਤ ਪਿੰਡਾਂ ਵਿੱਚ ਮੋਟਰਸਾਈਕਲ ਮਾਰਚ ਕਰਨ ਦਾ ਫੈਸਲਾ ਲਿਆ ਹੈ। ਇਹ ਮਾਰਚ 11 ਆਗਸਤ ਨੂੰ 11 ਵਜੇ ਬੀਬੀ ਕਾਹਨ ਕੌਰ ਦੇ ਗੁਰਦੁਆਰੇ ਤੋਂ ਸ਼ੁਰੂ ਹੋਵੇਗਾ।

## ਲਾਰੈਂਸ ਸਕੂਲ ਦੇ ਵਿਦਿਆਰਥੀਆਂ ਨੇ ਮਾਣਿਆ ਮੈਜ਼ਿਕ ਸ਼ੋਅ ਦਾ ਆਨੰਦ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਲਈ ਵੀਰਵਾਰ ਦਾ ਦਿਨ ਬਹੁਤ ਖ਼ਾਸ ਰਿਹਾ, ਜਦੋਂ ਉਨ੍ਹਾਂ ਨੂੰ ਸਕੂਲ ਤੋਂ ਬਾਹਰ ਇੱਕ ਸ਼ਾਨਦਾਰ ਮੈਜਿਕ ਸ਼ੋ ਵੇਖਣ ਦਾ ਮੌਕਾ ਮਿਲਿਆ।ਇਹ ਸ਼ੋਅ ਸ਼ਹਿਰ ਦੇ ਮਹਿੰਦਰਾ ਪੈਲੇਸ ਵਿੱਚ ਕੀਤਾ ਗਿਆ, ਜਿੱਥੇ ਪ੍ਰਸਿੱਧ ਜਾਦੂਗਰ ਸਮਰਾਟ ਸ਼ਾਕਾ ਨੇ ਆਪਣੇ ਹੈਰਾਨ-ਪ੍ਰੇਸ਼ਾਨ ਕਰ ਦੇਣ ਵਾਲੇ ਕਰਤੱਬਾਂ ਨਾਲ ਸਾਰਿਆਂ ਨੂੰ ਮੋਹ ਲਿਆ।

ਕਾਰਜਕ੍ਰਮ ਦੀ ਸ਼ੁਰੂਆਤ ਰੰਗ-ਬਿਰੰਗੀ ਰੌਸ਼ਨੀ ਤੇ ਮਿੱਠੇ ਸੰਗੀਤ ਨਾਲ ਹੋਈ, ਜਿਸ ਨਾਲ ਮਾਹੌਲ ਹੋਰ ਵੀ ਰੌਚਕ ਬਣ ਗਿਆ।ਜਾਦੂਗਰ ਨੇ ਨਸ਼ਿਆਂ ਤੋਂ ਦੂਰ ਰਹਿਣ ਲਈ, ਸਿਗਰੇਟ ਨਾ ਕਰਨ ਦੀ ਸਿੱਖਿਆ, ਮੋਬਾਇਲਾਂ ਤੋਂ ਦੂਰ ਰਹਿਣ ਅਤੇ ਅੰਧ-ਵਿਸ਼ਵਾਸ ਨਾ ਮੰਨਣ, ਹਵਾ ਵਿੱਚ ਗੇਂਦ ਨੂੰ ਉਡਾਉਣਾ, ਰੱਸੀ ਨੂੰ ਅਚਾਨਕ ਸਖ਼ਤ ਕਰ ਦੇਣਾ, ਟੋਪੀ ਵਿੱਚੋਂ ਕਬੂਤਰ ਕੱਢਣਾ ਤੇ ਖ਼ਾਲੀ ਬਕਸੇ ਵਿੱਚੋਂ ਫੁੱਲਾਂ ਦੀ ਵਰਖਾ ਵਰਗੇ ਕਈ ਰੋਮਾਂਚਕ ਕਰਤੱਬ ਦਿਖਾਏ।ਬੱਚਿਆਂ ਨੇ ਹਰ ਟ੍ਰਿਕ 'ਤੇ ਤਾਲੀਆਂ ਤੇ ਖ਼ੁਸ਼ੀ ਦੇ ਨਾਅਰਿਆਂ ਨਾਲ ਮੰਚ ਨੂੰ ਗੂੰਜਾ ਦਿੱਤਾ।ਜਾਦੂਗਰ ਨੇ ਵਿਚਕਾਰ ਬੱਚਿਆਂ ਨੂੰ ਮੰਚ 'ਤੇ ਬੁਲਾ ਕੇ ਉਨ੍ਹਾਂ ਨੂੰ ਛੋਟੀਆਂ-ਛੋਟੀਆਂ ਜਾਦੂਈ ਟ੍ਰਿਕਾਂ ਵੀ ਸਿਖਾਈਆਂ, ਜਿਸ ਨਾਲ ਉਨ੍ਹਾਂ ਦਾ ਉਤਸ਼ਾਹ ਹੋਰ ਵੀ ਵਧ ਗਿਆ।ਵਿਦਿਆਰਥੀਆਂ ਨੇ ਨਾ ਸਿਰਫ਼ ਮਨੋਰੰਜਨ ਦਾ ਆਨੰਦ ਲਿਆ, ਸਗੋਂ ਧੀਰਜ, ਏਕਾਗ੍ਰਤਾ ਤੇ ਰਚਨਾਤਮਕ ਸੋਚ ਵਰਗੀਆਂ ਗੁਣਾਂ ਬਾਰੇ ਵੀ ਸਿੱਖਿਆ।ਸਕੂਲ ਪ੍ਰਬੰਧਨ ਨੇ ਦੱਸਿਆ ਕਿ ਇਸ ਤਰ੍ਹਾਂ ਦੇ ਸਿੱਖਿਆਤਮਕ ਦੌਰੇ ਤੇ ਸੱਭਿਆਚਾਰਕ ਕਾਰਜਕ੍ਰਮ ਬੱਚਿਆਂ ਦੇ ਸਰਵਾਂਗੀਣ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਸਕੂਲ ਦੀ ਪ੍ਰਿੰਸੀਪਲ ਜ਼ੀਨਮ ਗਰਗ ਤੇ ਮਨੋਜ ਕੁਮਾਰ ਨੇ ਕਿਹਾ ਕਿ ਉਹ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਅਜਿਹੇ ਮੌਕੇ ਦਿੰਦੇ ਰਹਿਣਗੇ, ਜਿਸ ਨਾਲ ਉਨ੍ਹਾਂ ਦਾ ਤਜਰਬਾ ਤੇ ਗਿਆਨ ਦੋਵੇਂ ਵਧੇ।


**ANMOL INDIA LIMITED**

CIN: L51909PB1998PLC050300
Registered Office: 2nd Floor, 2/43, B- Block, Aggar Nagar, Ludhiana, Punjab- 141001.
Tel.: 0161-4503400, Website: www.anmolindialtd.com, Email: csprabhjot@anmolindialtd.com

**Extract of Audited Standalone Financial Results for the Quarter Ended 30th June, 2025**

(Amount in Crores except EPS)

| Particulars | Quarter Ended 30.06.2025 (Un-audited) | Quarter Ended 31.03.2025 (Un-audited) | Quarter Ended 30.06.2024 (Un-audited) | Year Ended 31.03.2025 (Audited) |
|---|---|---|---|---|
| Total Income from Operations | 579.90 | 315.57 | 524.22 | 1284.05 |
| Net Profit/(Loss) for the period (before Tax, Exceptional and/or Extraordinary items#) | 5.35 | 5.54 | 5.35 | 28.25 |
| Net Profit/ (Loss) for the period before tax (after Exceptional and / or Extraordinary items#) | 7.65 | 2.35 | 5.35 | 9.55 |
| Net Profit/ (Loss) for the period after tax (after Exceptional and / or Extraordinary items#) | 5.72 | 1.60 | 4.00 | 6.99 |
| Total Comprehensive Income for the period [Comprising Profit/ (Loss) for the period (after tax) and Other Comprehensive Income (after tax)] | 5.72 | 1.79 | 4.00 | 7.18 |
| Paid Up Equity Share Capital | 56.91 | 56.91 | 56.91 | 56.91 |
| Reserves (excluding Revaluation Reserve) As shown in the audited balance sheet of previous year | 50.55 | 50.55 | 43.36 | 50.55 |
| Earnings Per Share (of Rs.10/-each) (for continuing and discontinued operations) - | | | | |
| 1. Basic : | 1.01 | 0.28 | 0.70 | 1.23 |
| 2. Diluted : | 1.01 | 0.28 | 0.70 | 1.23 |

**Notes :** The above is an extract of the detailed format of result for Quarter ended 30th June, 2025 filed with the Stock Exchanges under Regulation 33 of the SEBI (Listing and Other Disclosure Requirements) Regulations, 2015. The full format of the said results are available on the websites of the Stock Exchanges websites at www.bseindia.com, www.nseindia.com and also on website of the Company at www.anmolindialtd.com. The Standalone Financial Results have been prepared in accordance with principles of Indian Accounting Standards (Ind AS) as prescribed under Section 133 of the Companies Act, 2013 read with relevant rules issued thereunder.

**For & On behalf of Anmol India Limited**
Sd/-
**Parabhjot Kaur**
Company Secretary & Compliance Officer

Place : Ludhiana
Date : 09.08.2025


## ਆਕਸਫੋਰਡ ਸਕੂਲ 'ਚ ਤੀਆਂ ਦਾ ਤਿਉਹਾਰ ਜੋਸ਼ੋ-ਖਰੋਸ਼ ਨਾਲ ਮਨਾਇਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਇਲਾਕੇ ਦੀ ਨਾਮਵਰ ਸੰਸਥਾ (ਆਈ.ਸੀ.ਐੱਸ.ਈ.) ਬੋਰਡ ਤੋਂ ਮਾਨਤਾ ਪ੍ਰਾਪਤ ਦੀ ਆਕਸਫੋਰਡ ਪਬਲਿਕ ਸਕੂਲ ਵਿਖੇ ਤੀਆਂ ਦਾ ਤਿਉਹਾਰ 'ਰੌਣਕ ਤੀਆਂ ਦੀ' ਬੜੇ ਹੀ ਉਤਸ਼ਾਹਜਨਕ ਢੰਗ ਨਾਲ ਮਨਾਇਆ ਗਿਆ।ਪ੍ਰੋਗਰਾਮ ਦੀ ਮੁੱਖ ਮਹਿਮਾਨ ਮੈਡਮ ਮਨੀਸ਼ਾ ਸ਼ਰਮਾ ਤੇ ਉਨ੍ਹਾਂ ਦੀਆਂ ਸਹੇਲੀਆਂ ਨੇ ਇਸ ਪ੍ਰੋਗਰਾਮ ਵਿੱਚ ਹਾਜ਼ਰੀ ਲਗਾ ਕੇ ਆਪਣੀ ਸ਼ੋਭਾ ਵਧਾਈ।ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਵਿਦਿਆਰਥੀਆਂ ਵੱਲੋਂ ਲੋਕ ਨਾਚ ਦੀ ਪੇਸ਼ਕਸ਼ ਕੀਤੀ ਗਈ।ਉਪਰੰਤ ਨੰਨ੍ਹੇ-ਮੁੰਨੇ ਵਿਦਿਆਰਥੀਆਂ ਦੁਆਰਾ ਪੰਜਾਬੀ ਪਹਿਰਾਵੇ ਵਿੱਚ ਗਿੱਧੇ ਤੇ ਭੰਗੜੇ ਦੀ ਖ਼ੂਬਸੂਰਤ ਪੇਸ਼ਕਾਰੀ ਕੀਤੀ ਗਈ।ਵਿਦਿਆਰਥੀਆਂ ਵੱਲੋਂ ਵੱਖਰੇ ਅੰਦਾਜ਼ ਵਿੱਚ ਮਾਡਲਿੰਗ ਵੀ ਕੀਤੀ ਗਈ।ਵਿਦਿਆਰਥੀਆਂ ਦੇ ਮਾਪਿਆਂ ਵੱਲੋਂ ਸਰਗਰਮ ਭੂਮਿਕਾ ਨਿਭਾਉਂਦੇ ਹੋਏ ਤੀਆਂ ਦੇ ਇਸ ਪ੍ਰੋਗਰਾਮ ਵਿਚ ਰੌਣਕ ਵਧਾਈ।ਇਸ ਤੋਂ ਇਲਾਵਾ ਮਹਿੰਦੀ, ਲੰਬੇ ਵਾਲ ਤੇ ਮਿਸ ਤੀਜ ਵਰਗੇ ਮੁਕਾਬਲਿਆਂ ਨੇ ਪ੍ਰੋਗਰਾਮ ਵਿੱਚ ਹੋਰ ਵੀ ਉਤਸ਼ਾਹ ਭਰ ਗਿਆ।ਪੰਜਾਬੀ ਬੋਲੀਆਂ, ਸਿੱਠਣੀਆਂ ਤੇ ਪੰਜਾਬੀ ਗੀਤਾਂ ਨਾਲ ਸਕੂਲ ਦਾ ਮਾਹੌਲ ਪੰਜਾਬੀ ਕਲਚਰ ਵਿੱਚ ਡੁੱਬਿਆ ਰਿਹਾ।ਪ੍ਰੋਗਰਾਮ ਦੇ ਅੰਤ ਵਿੱਚ ਡੀ. ਜੇ. ਤੇ ਗਰੁੱਪ ਡਾਂਸ ਨੇ ਮਸਤੀ ਭਰਪੂਰ ਕੀਤੀ।ਇਸ ਮੌਕੇ ਸਕੂਲ ਦੀ ਸਜਾਵਟ ਬਕਮਾਲ ਸੀ।ਇਕ ਪਿੰਡ ਦੀ ਝਲਕ ਨੂੰ ਦਰਸਾਉਂਦੀ ਪ੍ਰਦਰਸ਼ਨੀ ਸਭ ਦੀ ਖਿੱਚ ਦਾ ਕੇਂਦਰ ਸੀ।ਮਹਿਮਾਨਾਂ ਵੱਲੋਂ ਇਸ ਪ੍ਰੋਗਰਾਮ ਦੀ ਬਹੁਤ ਤਾਰੀਫ਼ ਕੀਤੀ ਗਈ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਕੁਮਾਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਨਾਲ ਬੱਚਿਆਂ ਨੂੰ ਆਪਣੇ ਕਲਚਰ ਨਾਲ ਜੁੜਨ ਦਾ ਮੌਕਾ ਮਿਲਦਾ ਹੈ ਤੇ ਉਨ੍ਹਾਂ ਵੱਲੋਂ ਸਮੂਹ ਸਟਾਫ਼ ਨੂੰ ਰੌਣਕ ਤੀਆਂ ਦੀ ਸਫਲਤਾ ਪੂਰਵਕ ਕਰਵਾਉਣ ਲਈ ਵਧਾਈ ਦਿੱਤੀ ਗਈ।ਉਨ੍ਹਾਂ ਵੱਲੋਂ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਵਾਉਣ ਦਾ ਵਾਅਦਾ ਕੀਤਾ।ਇਸ ਮੌਕੇ ਸੰਸਥਾ ਦੇ ਚੇਅਰਮੈਨ ਚਮਕੌਰ ਸਿੰਘ, ਵਾਈਸ ਚੇਅਰਮੈਨ ਗਗਨ ਗੋਇਲ, ਪ੍ਰਵੀਨ ਕੁਮਾਰ ਤੇ ਮੈਨੇਜਿੰਗ ਡਾਇਰੈਕਟਰ ਗੁਰਧਿਆਨ ਸਿੰਘ ਨੇ ਹਾਜ਼ਰ ਸਨ।

## 94,514 ਬੱਚਿਆਂ ਨੂੰ ਐਲਬੈਂਡਾਜੋਲ ਦੀਆਂ ਗੋਲੀਆਂ ਖਵਾਈਆਂ : ਡਾ. ਸਜੀਲਾ ਖਾਨ



**ਸ਼ੇਰਪੁਰ (ਰਵੀ ਟਿੱਬਾ)**-ਸਿਹਤ ਵਿਭਾਗ ਤੇ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ 7 ਅਗਸਤ ਨੂੰ ਨੈਸ਼ਨਲ ਡੀ ਵਾਰਮਿੰਗ ਡੇਅ ਮਨਾਇਆ ਗਿਆ, ਜਿਸ ਦੌਰਾਨ ਸਕੂਲ ਸਿੱਖਿਆ ਵਿਭਾਗ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਪੂਰਾ ਸਹਿਯੋਗ ਦਿੱਤਾ ਗਿਆ। ਜ਼ਿਲ੍ਹਾ ਮਲੇਰਕੋਟਲਾ ਦੇ 517 ਆਂਗਨਵਾੜੀ ਸੈਂਟਰਾਂ 301 ਸਰਕਾਰੀ ਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਅਤੇ 97 ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਦੇ 94,514 ਬੱਚਿਆਂ ਨੂੰ ਪੇਟ ਦੇ ਕੀੜਿਆਂ ਤੋਂ ਮੁਕਤੀ ਦਿਵਾਉਣ ਲਈ ਐਲਬੈਂਡਾਜੋਲ ਦੀਆਂ ਗੋਲੀਆਂ ਦਿੱਤੀਆਂ ਗਈਆਂ। ਸਹਾਇਕ ਸਿਵਲ ਸਰਜਨ ਡਾ. ਸਜੀਲਾ ਖਾਨ ਦੁਆਰਾ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਜੋ ਬੱਚੇ ਕਿਸੇ ਕਾਰਨ ਐਲਬੈਂਡਾਜੋਲ ਦੀ ਗੋਲੀ ਖਾਣ ਤੋਂ ਵਾਂਝੇ ਰਹਿ ਗਏ ਹਨ। ਉਨ੍ਹਾਂ ਨੂੰ ਸਰਕਾਰ ਦੀਆਂ ਹਦਾਇਤਾਂ ਅਨੁਸਾਰ 14 ਅਗਸਤ ਨੂੰ ਮੌਪਅਪ ਡੇਅ ਵਾਲੇ ਦਿਨ ਇਹ ਖੁਰਾਕ ਖਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਵੀਰ ਸਿੰਘ ਦੇ ਹੁਕਮਾਂ ਤੇ ਸਿਵਲ ਸਰਜਨ ਡਾ. ਸੰਜੇ ਗੋਇਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਦੇ ਸਮੂਹ ਅਧਿਕਾਰੀ ਤੇ ਕ੍ਰਮਚਾਰੀ ਜ਼ਿਲ੍ਹਾ ਮਲੇਰਕੋਟਲਾ ਦੇ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਵਧੀਆ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹਨ।


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਮੰਡਲ ਇੰਜੀਨੀਅਰ-ਤੀਜਾ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 01.09.2025 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| **ਟੈਂਡਰ ਅਪਲੋਡ ਕਰਨ ਦੀ ਮਿਤੀ** | **ਬੋਲੀ ਸ਼ੁਰੂ ਦੀ ਮਿਤੀ** | **ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ** |
| 07.08.2025 | 18.08.2025 | 01.09.2025, 15:00 ਵਜੇ |

| ਲੜੀ ਨੰਬਰ | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | | |
|---|---|---|---|---|
| 1 | 103-2025-26-ADEN-I-ASR | ਸਹਾਇਕ ਮੰਡਲ ਇੰਜੀਨੀਅਰ - ਫਸਟ ਅੰਮ੍ਰਿਤਸਰ ਦੇ ਤਹਿਤ ਸੀਨੀਅਰ ਅਨੁਭਾਗ ਇੰਜੀਨੀਅਰ/ਕੰਮ/ਐਮਐਲ/ਅੰਮ੍ਰਿਤਸਰ ਅਨੁਭਾਗ ਵਿਚ ਅੰਮ੍ਰਿਤਸਰ ਤੇ ਸੈਨਿਕ ਰੈਂਪ, ਸੜਕ ਦੀ ਸਤਹਾ ਦੀ ਮੁਰੰਮਤ ਅਤੇ ਢਕੇ ਹੋਏ ਸ਼ੇਡ ਦਾ ਪ੍ਰਾਵਧਾਨ ਦਾ ਕੰਮ। | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | 50,49,350.60/- | 1,01,000.00/- | 60 ਦਿਨ | 06 ਮਹੀਨੇ |
| ਸਮਾਨ ਨੇਚਰ ਦਾ ਕੰਮ : -ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | | |
| 2 | 104-2025-26-ADEN-II-ASR | ਸਹਾਇਕ ਮੰਡਲ ਇੰਜੀਨੀਅਰ - ਸੈਕਿੰਡ ਅੰਮ੍ਰਿਤਸਰ ਦੇ ਖੇਤਰਾਧਿਕਾਰ ਵਿਚ ਸੀਨੀਅਰ ਅਨੁਭਾਗ ਇੰਜੀਨੀਅਰ/ ਪੀ.ਵੇ./ ਬਿਆਸ ਅਨੁਭਾਗ ਵਿਚ ਵਿਵਿਧ ਪੀ.ਵੇ. ਕੰਮ। | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | 74,99,968.85/- | 1,50,000.00/- | 60 ਦਿਨ | 12 ਮਹੀਨੇ |
| ਸਮਾਨ ਨੇਚਰ ਦਾ ਕੰਮ : "ਸੀਟੀਆਰ/ਟੀਆਰਆਰ/ਟੀਐਫਆਰ/ਟੀਟੀਆਰ ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ/ਟ੍ਰੈਕ ਦੀ ਸਕ੍ਰੀਨਿੰਗ ਕਰਨਾ/ਟ੍ਰੈਕ ਰਖਰਖਾਅ ਮਸ਼ੀਨ ਜਿਵੇਂ ਟੈਂਪਿੰਗ ਮਸ਼ੀਨ/ਬੈਲਾਸਟ ਸਕ੍ਰੀਨਿੰਗ/ਰੇਗੂਲੇਟਿੰਗ ਮਸ਼ੀਨ ਅਤੇ ਟੀਟੀਆਰ ਦੇ ਲਈ ਪੂਰਵ ਅਤੇ ਬਾਅਦ ਵਿਚ ਕੰਮ ਸ਼ਾਮਲ ਹਨ, ਟੀ-28 ਦੁਆਰਾ।" | | | | |
| 3 | 105-2025-26-ADEN-I-ASR | ਸਹਾਇਕ ਮੰਡਲ ਇੰਜੀਨੀਅਰ - ਫਸਟ ਅੰਮ੍ਰਿਤਸਰ ਸੇਕਸ਼ਨ ਦੇ ਵਿਚ ਅੰਮ੍ਰਿਤਸਰ ਰੇਲਵੇ ਸਟੇਸ਼ਨ ਦੀ ਵਾਸ਼ਿੰਗ ਲਾਈਨ ਨੰਬਰ 4 ਅਤੇ ਸਿਕ ਲਾਈਨ / ਏਸੀ ਪਿਟ ਦਾ ਸੁਧਾਰ ਕੰਮ। | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | 1,81,55,144.98/- | 2,40,800.00/- | 60 ਦਿਨ | 12 ਮਹੀਨੇ |
| ਸਮਾਨ ਨੇਚਰ ਦਾ ਕੰਮ :-"ਕੋਈ ਵੀ ਸਿਵਿਲ ਕੰਮ ਜਿਸ ਵਿਚ ਕੰਕ੍ਰੀਟਿੰਗ ਦਾ ਨਾਮ ਸ਼ਾਮਲ ਹੋਵੇ।" | | | | |
| 4 | 109-2025-26-ADEN-JUC | ਸਹਾਇਕ ਮੰਡਲ ਇੰਜੀਨੀਅਰ - ਜਲੰਧਰ ਸ਼ਹਿਰ ਦੇ ਅਧਿਕਾਰ ਖੇਤਰ ਵਿਚ ਵਖ-ਵਖ ਪੁਲਾਂ ਦੀ ਫਰਸ਼ ਦੀ ਮੁਰੰਮਤ, ਸੁਰੱਖਿਆ ਕੰਮ, ਜਲਮਾਰਗ ਦੀ ਸਫਾਈ, ਨਾਲੀਆਂ ਦਾ ਨਿਰਮਾਣ ਆਦਿ ਸਮੇਤ ਪੁਲਾਂ ਦੀ ਮੁਰੰਮਤ ਅਤੇ ਰਖਰਖਾਅ ਦਾ ਕੰਮ। | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | 1,09,99,794.00/- | 2,05,000.00/- | 60 ਦਿਨ | 12 ਮਹੀਨੇ |
| ਸਮਾਨ ਨੇਚਰ ਦਾ ਕੰਮ : -ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਨਿਵਿਦਾ ਸੂਚਨਾ ਪੱਤਰ ਨੰ.: 103-2025-26-ADEN-I-ASR, 104-2025-26-ADEN-II-ASR, 105-2025-26-I-ASR & 109-ADEN-JUC ਤਾਰੀਕ: 08.08.2025 2436/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## COURT NOTICE

(U/o 5 Rule 20 CPC)
In The Court of
**Amit Malhan**
Principal Judge, Family Court, Amritsar
CNR No. PBAS01-003150-2025
Next Date :- 06-10-2025
Sunny Kumar
Vs.
Shelly

Publication Issued To : Shelly W/o Sunny Kumar D/o Bhupinder Singh R/o H.No. 335, St. No. 1, Hira Nagar, Kakowal Road, Bajra, Basti Jodhewal, Ludhiana.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 06-10-2025 at 10:00 a.m.

For details logon to https://highcourtchd.gov.in/?trs=district_notice&district=Amritsar

Principal Judge, Family Court, Amritsar
Dated, this day of 06-08-2025

## ਪਬਲਿਕ ਨੋਟਿਸ

ਬਾ-ਅਦਾਲਤ ਤਹਿਸੀਲਦਾਰ-ਕਮ-ਸਬ-ਰਜਿਸਟਰਾਰ ਟਾਂਡਾ।

ਵਿਸ਼ਾ : ਮ੍ਰਿਤਕ ਗੁਰਬਚਨਜੀਤ ਸਿੰਘ ਪੁੱਤਰ ਸੰਤੋਖ ਸਿੰਘ ਵਾਸੀ ਚਨੌਤਾ, ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਦੀ ਅਣ-ਰਜਿਸਟਰਡ ਵਸੀਅਤ ਮਿਤੀ 08.12.17 ਨੂੰ ਰਜਿਸਟਰਡ ਕਰਨ ਸੰਬੰਧੀ।

ਇਸ ਆਮ ਪਬਲਿਕ ਨੋਟਿਸ ਰਾਹੀਂ ਆਮ ਪਬਲਿਕ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਪਰੋਕਤ ਵਿਸ਼ੇ ਸੰਬੰਧੀ ਇਸ ਦਫਤਰ ਵਿੱਚ ਸ੍ਰੀ ਨਵਜੋਤ ਸਿੰਘ ਪੁੱਤਰ ਬਚਨ ਸਿੰਘ ਵਾਸੀ ਚਨੌਤਾ, ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਮੁਖਤਾਰ ਖਾਸ ਵੱਲੋਂ ਪ੍ਰਬੰਧ ਕੰਵ ਗਿੱਲ ਵਿਧਵਾ ਗੁਰਬਚਨਜੀਤ ਸਿੰਘ ਵਸੀਕਾ ਨੰ: 11004/ ਵੀ.ਐਮ ਮਿਤੀ 30.06.25 ਵੱਲੋਂ ਤਸਦੀਕ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਵੱਲੋਂ ਜਾਰੀ ਹੋਇਆ ਸੀ। ਇਸ ਸੰਬੰਧੀ ਮ੍ਰਿਤਕ ਗੁਰਬਚਨਜੀਤ ਸਿੰਘ ਪੁੱਤਰ ਸੰਤੋਖ ਸਿੰਘ ਵਾਸੀ ਚਨੌਤਾ, ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਦੀ ਅਣ-ਰਜਿਸਟਰਡ ਵਸੀਅਤ ਮਿਤੀ 08.12.17 ਨੂੰ ਰਜਿਸਟਰਡ ਕਰਨ ਸੰਬੰਧੀ ਇਸ ਦਫਤਰ ਵਿੱਚ ਮਿਤੀ 30.07.25 ਨੂੰ ਦਰਖਾਸਤ ਪ੍ਰਾਪਤ ਹੋਈ ਸੀ। ਮ੍ਰਿਤਕ ਗੁਰਬਚਨਜੀਤ ਸਿੰਘ ਪੁੱਤਰ ਸੰਤੋਖ ਸਿੰਘ ਦੀ ਅਣ-ਰਜਿਸਟਰਡ ਵਸੀਅਤ ਮਿਤੀ 08.12.17 ਨੂੰ ਰਜਿਸਟਰਡ ਕਰਨ ਲਈ ਜੇਕਰ ਕਿਸੇ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਖੁਦ ਜਾਂ ਆਪਣੇ ਵਕੀਲ ਰਾਹੀਂ ਇਸ ਦਫਤਰ ਵਿੱਚ ਮਿਤੀ 15.08.25 ਤੱਕ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਮਿਥੀ ਮਿਆਦ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਸਥਾਨ: ਟਾਂਡਾ

ਅੱਜ ਮਿਤੀ 01.08.25 ਨੂੰ ਮੇਰੇ ਦਸਤਖ਼ਤ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਤਹਿਸੀਲਦਾਰ-ਕਮ-ਸਬ ਰਜਿਸਟਰਾਰ ਟਾਂਡਾ।

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਵਿਕਰਮ ਸ਼ਰਮਾ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ-1, ਮੋਗਾ (ਪੰਜਾਬ)

ਖੇਵਟ ਨੰਬਰ : 439, 422 ਜਮ੍ਹਾਂਬੰਦੀ ਸਾਲ : 2021-2022 ਅਗਲੀ ਤਰੀਕ ਪੇਸ਼ੀ : 03/09/2025

[illegible]

ਸਹਾਇਕ ਕੁਲੈਕਟਰ ਦਰਜਾ-1, ਮੋਗਾ

(ਨੰਬਰ 1081/ ਰੀਡਰ-1 ਮਿਤੀ 08.08.2025)

## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

### ਕਬਜ਼ਾ ਨੋਟਿਸ
(ਅਚੱਲ ਜਾਇਦਾਦ ਲਈ)

ਜਦਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 (54 ਆਫ 2002) ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 29.05.2025 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ (1) ਮੈਸ. ਕ੍ਰਿਸਟਲ ਟ੍ਰੇਡਿੰਗ ਕੰਪਨੀ, ਮੁੱਹਲਾ ਪੱਥਰਾਂਵਾਲਾ, ਭੂਮਸੀ, ਮਾਲੇਰਕੋਟਲਾ, ਸੰਗਰੂਰ, ਰਾਹੀਂ ਇਸ ਦੇ ਮਾਲਕ ਆਰਿਫ ਜਾਵੇਦ (2) ਆਰਿਫ ਜਾਵੇਦ ਪੁੱਤਰ ਮੁਹੰਮਦ ਇਲਮਦੀਨ, ਵਾਸੀ ਮੁਹੱਲਾ ਪੱਥਰਾਂਵਾਲਾ, ਮਾਲੇਰਕੋਟਲਾ (ਆਰ), ਸੰਗਰੂਰ, ਪੰਜਾਬ-148023 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ (3) ਮੁਹੰਮਦ ਸਬੀਰ ਪੁੱਤਰ ਅਬਦੁੱਲ ਸ਼ਕੂਰ ਵਾਸੀ ਮੁਹੱਲਾ ਸ਼ਕੂਰ ਬਸਤੀ, ਮਾਲੇਰਕੋਟਲਾ, ਸੰਗਰੂਰ, ਪੰਜਾਬ-148023 (ਬਾਅਦ ਵਿੱਚ ਗਰੰਟਰ ਵਜੋਂ ਹਵਾਲਾ ਦਿੱਤਾ ਗਿਆ) ਨੂੰ ਡਬਲਯੂ ਸੀ ਟੀ ਐੱਲ/10161200035 ਵਿੱਚ ਬਕਾਇਆ ਨਿਕਲਦੀ ਰਾਸ਼ੀ ਰੁਪਏ 4,90,678.45 ਨੋਟਿਸ ਮਿਲਣ ਦੀ ਮਿਤੀ 60 ਦਿਨਾਂ ਅੰਦਰ ਜਮ੍ਹਾਂ ਕਰਵਾਉਣ ਲਈ ਕਿਹਾ ਗਿਆ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਿਹਾ ਹੈ, ਇਸ ਲਈ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਡਬਲਯੂ ਸੀ ਟੀ ਐੱਲ/10161200035 ਵਿੱਚ ਬਕਾਇਆ ਨਿਕਲਦੀ ਰਾਸ਼ੀ ਰੁਪਏ 4,90,678.45 ਮਿਤੀ 01.05.2025 ਤੋਂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

### ਅਚੱਲ ਜਾਇਦਾਦ ਦਾ ਵੇਰਵਾ

ਪ੍ਰਾਇਮਰੀ ਸਕਿਉਰਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 79 ਮਿਤੀ 09.04.2010 ਅਨੁਸਾਰ ਮੁਹੰਮਦ ਸਬੀਰ ਪੁੱਤਰ ਅਬਦੁੱਲ ਸ਼ਕੂਰ, ਦੀ ਮਲਕੀਅਤ ਜਾਇਦਾਦ ਰਕਬਾ 23.88 ਵਰਗ ਗਜ਼, ਜਾਮਾ ਮਸਜਿਦ ਰੋਡ, ਨੇੜੇ ਧਾਬੀ ਗੇਟ, ਮਾਲੇਰਕੋਟਲਾ, ਹਦਬਸਤ ਨੰ. 58

ਮਿਤੀ : 08.08.2025 (ਅਧਿਕਾਰਤ ਅਫਸਰ)

## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

### ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)
[ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (1) ਤਹਿਤ]

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦਾ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਾਦਰ ਮੈਸ : ਇਲੈਕਟ੍ਰੋ ਹੱਟ, ਸਾਹਮਣੇ ਸਾਈਂ ਸਟੂਡੀਓ, ਸਰਕਲ ਰੋਡ, ਰਾਏਕੋਟ, ਲੁਧਿਆਣਾ 141109, ਰਾਹੀਂ ਇਸ ਦੇ ਮਾਲਕ ਸ੍ਰੀ ਸੁਨੀਲ ਕੁਮਾਰ ਬਾਂਸਲ ਪੁੱਤਰ ਬਸੇਸਰ ਲਾਲ ਉਰਫ ਬਸ਼ੇਸ਼ਰ ਲਾਲ, ਵਾਸੀ ਮਕਾਨ ਨੰ. 2152, ਵਾਰਡ ਨੰ. 13, ਰਾਏਕੋਟ, ਲੁਧਿਆਣਾ, ਪੰਜਾਬ 141109 (ਇਸ ਤੋਂ ਬਾਅਦ ਕਰਜ਼ਦਾਰ ਵਜੋਂ ਹਵਾਲਾ) 2. ਸ੍ਰੀਮਤੀ ਸੰਤੋਸ਼ ਉਰਫ ਸੰਤੋਸ਼ ਰਾਣੀ ਪਤਨੀ ਸ੍ਰੀ ਸੁਨੀਲ ਕੁਮਾਰ ਬਾਂਸਲ, ਵਾਸੀ ਮਕਾਨ ਨੰ. 2152, ਵਾਰਡ ਨੰ. 13, ਰਾਏਕੋਟ, ਲੁਧਿਆਣਾ, ਪੰਜਾਬ 141109 ਅਤੇ 3. ਸ੍ਰੀ ਹਨੀ ਗੋਇਲ ਪੁੱਤਰ ਸੁਰੇਸ਼ ਕੁਮਾਰ ਗੋਇਲ, ਵਾਸੀ ਮਕਾਨ ਨੰ. 2579, ਮੁਹੱਲਾ ਕੌੜਿਆਂ, ਰਾਏਕੋਟ, ਲੁਧਿਆਣਾ 141109 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਨੋਟਿਸ 'ਚ ਦਰਸਾਈ ਰਕਮ ਰੁਪਏ 26,05,007/- (ਛੱਬੀ ਲੱਖ ਪੰਜ ਹਜ਼ਾਰ ਸੱਤ ਰੁਪਏ ਕੇਵਲ) ਸਮੇਤ 01.01.2023 ਤੋਂ ਭਵਿੱਖੀ ਵਿਆਜ ਲਈ ਮਿਤੀ 11.01.2023 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਕਰਜ਼ਾ ਰਕਮ ਵਾਪਸ ਮੋੜਨ 'ਚ ਅਸਫਲ ਰਿਹਾ ਹੈ। ਕਰਜ਼ਦਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲ ਦੇ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 07 ਅਗਸਤ 2025 ਨੂੰ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰਾਂ/ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸਬੰਧੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਕਿਸਮ ਦੀ ਸੌਦੇਬਾਜ਼ੀ ਰੁਪਏ 26,05,007/- (ਛੱਬੀ ਲੱਖ ਪੰਜ ਹਜ਼ਾਰ ਸੱਤ ਰੁਪਏ ਕੇਵਲ) ਸਮੇਤ 01.01.2023 ਤੋਂ ਭਵਿੱਖੀ ਵਿਆਜ (ਮਨਫੀ ਵਸੂਲੀ ਜੇਕਰ ਕੋਈ ਹੈ) ਦੀ ਦੇਣਦਾਰੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

### ਅਚੱਲ ਜਾਇਦਾਦ ਦਾ ਵੇਰਵਾ

ਅਚੱਲ ਜਾਇਦਾਦ ਦਾ ਉੱਚਿਤ ਗਿਰਵੀਨਾਮਾ : ਬੈਨਾਮਾ ਵਸੀਕਾ ਨੰ: 1375 ਮਿਤੀ 14.06.2011 ਅਨੁਸਾਰ ਸੰਤੋਸ਼ ਰਾਣੀ ਪਤਨੀ ਸੁਨੀਲ ਕੁਮਾਰ ਦੀ ਜਾਇਦਾਦ ਰਕਬਾ 150 ਵਰਗ ਗਜ਼ (5 ਮਰਲੇ), ਮੁਹੱਲਾ ਖੇਲਾ ਖੰਗੂੜਾ, ਪੁਰਾਣਾ ਮਕਾਨ ਨੰ. 2152, ਨਵਾਂ ਨੰ. 24/13, ਰਾਏਕੋਟ।

ਮਿਤੀ : 07.08.2025 (ਅਧਿਕਾਰਤ ਅਫਸਰ)

## ਭਾਰਤੀਯ ਰੇਲ

ਭਾਰਤੀਯ ਰੇਲ ਪ੍ਰੋਫੋਰਮਾ 10—01

**"ਸਾਰਵਜਨਿਕ ਸੂਚਨਾ"**

ਉਤਰ ਰੇਲਵੇ ਦੇ ਹੇਠਾਂ ਲਿਖਤ ਸੈਕਸ਼ਨ ਦੇ ਪੂਰੇ ਸੈਕਸ਼ਨ ਤੇ ਸਥਿਤ ਰੇਲਵੇ ਲਾਈਨਾਂ ਅਤੇ ਪਰਿਸਰ ਦੇ ਸਾਰੇ ਉਪਯੋਗਕਰਤਾਵਾਂ ਨੂੰ ਇਸ ਦੁਆਰਾ ਨੋਟਿਸ ਦਿਤਾ ਜਾਂਦਾ ਹੈ ਕਿ 25 ਕੇਵੀ, 50 ਹਟ੍ਰਜ, ਏਸੀ ਓਵਰਹੇਡ ਟ੍ਰੈਕਸ਼ਨ ਵਾਯਰ ਸੈਕਸ਼ਨ ਦੇ ਖਿਲਾਫ ਦਰਸਾਈ ਮਿਤੀ ਨੂੰ ਜਾਂ ਉਸ ਦੇ ਬਾਅਦ ਸਰਗਰਮ ਹੋ ਜਾਣਗੇ। ਉਸੇ ਮਿਤੀ ਨੂੰ ਅਤੇ ਉਸੀ ਤਾਰੀਕ ਤੋਂ ਓਵਰਹੇਡ ਟ੍ਰੈਕਸ਼ਨ ਲਾਈਨ ਨੂੰ ਹਰ ਸਮੇਂ ਲਾਈਵ ਮੰਨਿਆ ਜਾਵੇਗਾ ਅਤੇ ਕੋਈ ਵੀ ਅਣਅਧਿਕ੍ਰਿਤ ਵਿਅਕਤੀ ਉਕਤ ਓਵਰਹੇਡ ਲਾਈਨ ਦੇ ਕੋਲ ਨਹੀਂ ਪਹੁੰਚੇਗਾ ਜਾਂ ਕੰਮ ਨਹੀਂ ਕਰੇਗਾ।

**ਡਵੀਜ਼ਨ:** ਫਿਰੋਜ਼ਪੁਰ

**ਸੈਕਸ਼ਨ:** ਉਤਰ ਰੇਲਵੇ ਦੇ ਫਿਰੋਜ਼ਪੁਰ ਮੰਡਲ ਦੇ ਅੰਮ੍ਰਿਤਸਰ ਯਾਰਡ ਵਿਚ ਵਾਸ਼ਿੰਗ ਲਾਈਨ ਨੰਬਰ 6 ਉਤੇ 25 ਕੇਵੀ ਏਸੀ ਸਿੰਗਲ ਪੜਾਅ 50 ਹਟ੍ਰਜ ਸਪਲਾਈ ਨਾਲ ਓਐਚਈ ਦਾ ਬਿਜਲੀਕਰਨ।

**ਕਿਲੋਮੀਟਰ**

**ਤੋਂ:** ਓ.ਐਚ.ਈ. ਲੋਕੇਸ਼ਨ ASR/1291 ਚੇਨੇਜ ਕਿ.ਮੀ. 511/585.07
**ਤਕ:** ਓ.ਐਚ.ਈ. ਲੋਕੇਸ਼ਨ ASR/1499A, ਚੇਨੇਜ ਕਿ.ਮੀ. 512/411.78

**ਬਿਜਲਈਕਰਨ ਦੀ ਮਿਤੀ:** 10.08.2025

ਭਾਰਤੀਯ ਰੇਲ ਪ੍ਰੋਫੋਰਮਾ 10—01

**25 ਕੇਵੀ ਏਸੀ ਟ੍ਰੈਕਸ਼ਨ ਦਾ ਪਰਿਚੈ**
**"ਸੜਕ ਉਪਯੋਗਕਰਤਾਵਾਂ ਨੂੰ ਚੇਤਾਵਨੀ"**

ਜਨ ਸਾਧਾਰਨ ਦੀ ਸੂਚਨਾ ਦੇ ਲਈ ਸੂਚਿਤ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਤਰ ਰੇਲਵੇ ਦੇ ਫਿਰੋਜ਼ਪੁਰ ਮੰਡਲ ਦੇ ਅੰਮ੍ਰਿਤਸਰ ਯਾਰਡ ਵਿਚ ਲੋਕੇਸ਼ਨ ਏਐਸਆਰ/ 1291 (Ch. 511/585.07) ਤੋਂ ਲੋਕੇਸ਼ਨ ਏਐਸਆਰ / 1499ਏ (Ch. 512/411.78) ਤਕ ਵਾਸ਼ਿੰਗ ਲਾਈਨ ਨੰਬਰ 6 ਤੇ 25 ਕੇਵੀ ਏਸੀ ਬਿਜਲੀ ਕਰਸ਼ਨ ਸ਼ੁਰੂ ਕਰਨ ਦੇ ਲਈ ਸਾਰੇ ਸਮਪਾਰਾਂ ਸੜਕ ਦੀ ਸਤਹਾ ਤੋਂ ਸਪਸ਼ਟ ਉਚਾਈ 4.78 ਮੀ ਦੀ ਸਪਸ਼ਟ ਉਚਾਈ ਤੇ ਉਚਾਈ ਗੇਜਾਂ ਲਗਾਈਆਂ ਗਈਆਂ ਹਨ ਤਾਂ ਕਿ ਬਹੁਤ ਜ਼ਿਆਦਾ ਉਚਾਈ ਵਾਲੇ ਲੋਡ ਨੂੰ ਬਿਜਲੀਮਈ ਕਰਸ਼ਨ ਤਾਰ (ਕਾਂਟੇਕਟ ਵਾਯਰ) ਜੋ ਕਿ ਰੇਲਵੇ ਫਾਟਕ ਉਤੇ ਰੇਲ ਸਤਹਾ ਤੋਂ 5.5 ਮੀਟਰ ਦੀ ਉਚਾਈ ਤੇ ਹੈ ਨੂੰ ਖਤਰਨਾਕ ਨੇੜਤਾ ਜਾਂ ਸੰਪਰਕ ਵਿਚ ਆਉਣ ਤੋਂ ਰਕਿਆ ਜਾ ਸਕੇ।

ਜਨ ਸਾਧਾਰਨ ਨੂੰ ਇਸ ਦੁਆਰਾ ਅਧਿਸੂਚਿਤ ਕੀਤਾ ਜਾਂਦਾ ਹੈ ਕਿ ਵਾਹਨਾਂ ਦੇ ਲਦਾਨ ਦੇ ਪ੍ਰਯੋਜਨ ਦੇ ਲਈ ਉਕਤ ਦਰਸਾਏ ਉਚਾਈ ਪਾਲਨ ਕਰਨ ਅਤੇ ਇਹ ਵੇਖਣ ਕਿ ਸੜਕ ਵਾਹਨ ਵਿਚ ਢੋਏ ਜਾ ਰਹੇ ਲੋਡ ਨਾਲ ਕਿਸੇ ਵੀ ਸਥਿਤੀ ਨਾਲ ਉਚਾਈ ਗੇਜਾਂ ਦਾ ਅਤਿਉਲੰਘਣ ਨਾ ਕਰਨ।

ਜ਼ਿਆਦਾ ਉਚਾਈ ਦੇ ਲੋਡ ਦੇ ਨਿਮਨ ਖਤਰੇ ਹੇਠਾਂ ਅਨੁਸਾਰ ਹਨ:-

i) ਹਾਈਟ ਗੇਜ ਦੇ ਲਈ ਖਤਰਾ ਅਤੇ ਇਸ ਦੇ ਨਤੀਜੇ ਵਜੋਂ ਸੜਕ ਦੇ ਨਾਲ-ਨਾਲ ਰੇਲਵੇ ਰੁਕਾਵਟ।
ii) ਸਮਗਰੀ ਜਾਂ ਉਪਕਰਣ ਜਾਂ ਵਾਹਨ ਨੂੰ ਖਤਰਾ।
iii) ਕੰਡਕਟਰਾਂ ਦੇ ਨਾਲ ਸੰਪਰਕ ਜਾਂ ਖਤਰਨਾਕ ਨੇੜਤਾ ਦੇ ਕਾਰਨ ਅਗ ਲਗਾਉਣ ਦਾ ਖਤਰਾ ਅਤੇ ਜੀਵਨ ਦਾ ਜੋਖਮ।

ਸੀਨੀਅਰ ਮੰਡਲ ਬਿਜਲੀ ਇੰਜੀਨੀਅਰ/ਕਰਸ਼ਨ ਵੰਡ ਉਤਰ ਰੇਲਵੇ,
ਡੀਆਰਐਮ ਦਫਤਰ, ਫਿਰੋਜ਼ਪੁਰ, ਪੰਜਾਬ
2426/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਸੇਵਾਦਾਰ ਕਮ ਚੌਕੀਦਾਰ ਦੀ ਭਰਤੀ

ਦੀ ਲਿੱਧੜਾ ਕੋਆਪਰੇਟਿਵ ਐਗਰੀਕਲਚਰ ਮਲਟੀ ਪਰਪਜ ਸਰਵਿਸ ਸੋਸਾਇਟੀ ਲਿਮ. ਜ਼ਿਲ੍ਹਾ ਜਲੰਧਰ

ਜ਼ਿਲ੍ਹਾ ਜਲੰਧਰ ਵਿੱਚ ਸੇਵਾਦਾਰ ਕਮ ਚੌਕੀਦਾਰ ਦੀ ਭਰਤੀ ਲਈ ਉਮੀਦਵਾਰ ਆਪਣੀਆਂ ਅਰਜ਼ੀਆਂ ਤਸਦੀਕਸ਼ੁਦਾ ਯੋਗਤਾ ਸਰਟੀਫਿਕੇਟ ਦੀਆਂ ਕਾਪੀਆਂ ਨਾਲ ਨੱਥੀ ਕਰਕੇ ਸਭਾ ਦੇ ਦਫ਼ਤਰ ਜਾਂ ਈ ਮੇਲ ਆਈ.ਡੀ ਤੇ ਭੇਜ ਸਕਦੇ ਹਨ। ਉਮੀਦਵਾਰ ਦੀ ਯੋਗਤਾ 10+2 ਹੋਣੀ ਚਾਹੀਦੀ ਹੈ। ਉਮੀਦਵਾਰ 23 ਅਗਸਤ 2025 ਤੱਕ ਆਪਣੀਆਂ ਅਰਜ਼ੀਆਂ ਸਭਾ ਦੇ ਦਫ਼ਤਰ ਭੇਜ ਸਕਦੇ ਹਨ। ਉਮੀਦਵਾਰ ਦੀ ਚੋਣ 25 ਅਗਸਤ ਨੂੰ ਕੀਤੀ ਜਾਵੇਗੀ। ਪੇਂਡੂ ਪਿਛੋਕੜ ਵਾਲੇ ਨੂੰ ਪਹਿਲ ਦਿੱਤੀ ਜਾਵੇਗੀ। ਉਮੀਦਵਾਰ ਲੋਕਲ ਹੋਵੇ।

ਦੀ ਲਿੱਧੜਾ ਕੋਆਪਰੇਟਿਵ ਐਗਰੀਕਲਚਰ ਮਲਟੀ ਪਰਪਜ ਸਰਵਿਸ ਸੋਸਾਇਟੀ ਲਿਮ. ਜ਼ਿਲ੍ਹਾ ਜਲੰਧਰ

## COURT NOTICE

(U/o 5 Rule 20 CPC)
In The Court of
**Ms. Saru Mehta Kaushik**
Additional District and Session Judge Ludhiana
CNR No. PBLD01-006242-2022
Next Date :- 11-09-2025
Guddi Devi
Vs.
Satish Kumar

Publication Issued To :
3. Surinder Singh
Father : Shri Ran Singh
Harjap Nagar, Street No. 2, 33 Foota Road, Mundian Kalan, Ludhiana

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 11-09-2025 at 10:00 a.m.

For details logon to https://highcourtchd.gov.in/?mod=district_notice&district=mogacourt

Additional District and Session Judge Ludhiana
Dated, this day of 04-08-2025

## COURT NOTICE

In The Court of
**Sh. Bikramdeep Singh**
Judicial Magistrate 1st Class-2, Patiala
CNR No. PBPT03-006887-2024
Next Date :- 14-11-2025
Rajwinder Kaur
Vs.
Awaljot Kaur

Date of offence : 138 NI ACT
Notice to : Awaljot Kaur, Father : Vikramjeet Singh , Vill. Rajgarh, Tehsil & Distt. Patiala

In above titled case, the accused could not be served. It is ordered that accused should appear in person or through counsel on 14-11-2025 at 10:00 a.m.

For details logon to https://highcourtchd.gov.in/?mod=district_notice&district=patiala

Judicial Magistrate 1st Class-2, Patiala
Dated, this day of 04-08-2025

## COURT NOTICE

(U/o 5 Rule 20 CPC)
In The Court of
**Ms. Minakshi Mahajan**
Additional Civil Judge (Senior Division), Payal
CNR No. PBLDD0-000340-2025
Next Date :- 18-08-2025
Harteghbir Singh
Vs.
General Public

Publication Issued To :
General Public, Payal

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 18-08-2025 at 10:00 a.m.

For details logon to https://highcourtchd.gov.in/? mod=district_notice&district=Ludhiana

Additional Civil Judge (Senior Division), Payal
Dated, this day of 28-07-2025

## COURT NOTICE

In The Court of
**Ms.Mandeep Kaur**
Civil Judge (Junior Division), Dasuya
CNR No. PBHOA0-000270-2022
Next Date :- 02-09-2025
Jasdev Kaur
Vs.
Lakhvir Singh (died)

Publication Issued To :
JD 1 (B) Amanpreet Kaur D/o Lakhvir Singh
JD 1 (C) Navpreet Singh S/o Lakhvir Singh
Both R/o H.No. 55, Guru Nagar, Model Town, Jalandhar, Distt. Jalandhar

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 02-09-2025 at 10:00 a.m.

For details logon to https://highcourtchd.gov.in/?mod=district_notice&district=Hoshiarpur

Civil Judge (Junior Division), Dasuya
Dated, this day of 05-08-2025

## COURT NOTICE

(U/o 5 Rule 20 CPC)
In The Court of
**Sh. Bagicha Singh**
Additional Principal Judge Family Court, Moonak
CNR No. PBSGFS-000168-2024
Next Date :- 05-09-2025
Gurjant Singh
Vs.
General Public

Publication Issued To :
Gagandeep Verma
Father : Balbir Singh
House No. 6699, Gali No 2, New Janta Nagar Ludhiana

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 05-09-2025 at 10:00 a.m.

For details logon to https://highcourtchd.gov.in

Additional Principal Judge Family Court, Moonak
Dated, this day of 08-08-2025

# ਕਲਾਸੀਫਾਈਡ ਇਸ਼ਤਿਹਾਰ

## ਆਮ ਸੂਚਨਾ

ਟਿਊਬਵੈਲ ਮੋਟਰ ਕੁਨੈਕਸ਼ਨ ਖਾਤਾ ਨੰਬਰ AP05/1144 ਸ੍ਰੀ ਕਰਨੈਲ ਸਿੰਘ ਪੁੱਤਰ ਸ੍ਰੀ ਪ੍ਰੀਤਮ ਸਿੰਘ ਪਿੰਡ ਖਜੂਰਾਲਾ ਤਹਿਸੀਲ ਫਗਵਾੜਾ ਜਿਲ੍ਹਾ ਕਪੂਰਥਲਾ ਦੇ ਨਾਮ ਤੇ ਚੱਲ ਰਿਹਾ ਹੈ । ਇਹ ਮੋਟਰ ਕੁਨੈਕਸ਼ਨ ਤਬਦੀਲ ਹੋਣ ਲਈ ਉਪ ਮੰਡਲ ਦਫਤਰ ਵਿਖੇ ਸ੍ਰੀ ਸਤਨਾਮ ਸਿੰਘ ਪੁੱਤਰ ਸ੍ਰੀ ਬਾਵਾ ਸਿੰਘ ਦੇ ਨਾਮ ਤਬਦੀਲ ਕੀਤਾ ਜਾ ਰਿਹਾ ਹੈ । ਜਿਸ ਕਿਸੇ ਨੂੰ ਇਸ ਸਬੰਧੀ ਇਤਰਾਜ ਹੋਵੇ ਤਾਂ ਲਿਖਤੀ ਰੂਪ ਵਿੱਚ PSPCL ਚਹੇੜੂ ਉੱਪ ਮੰਡਲ ਦਫਤਰ ਵਿਖੇ 30 ਦਿਨਾਂ ਦੇ ਅੰਦਰ-ਅੰਦਰ ਸੂਚਿਤ ਕੀਤਾ ਜਾਵੇ ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ G41-AP381118N, 5BHP ਜੋ ਵੀਨਾ ਸ਼ਰਮਾ ਪਤਨੀ ਰਾਕੇਸ਼ ਸ਼ਰਮਾ ਵਾਸੀ ਪਿੰਡ ਬਹਿਰਾਮਪੁਰ ਤਹਿਸੀਲ ਦੀਨਾਨਗਰ ਜਿਲ੍ਹਾ ਗੁਰਦਾਸਪੁਰ ਦੇ ਨਾਮ ਪਿੰਡ ਨਜਾਬਤਪੁਰ (ਰਾਏਪੁਰ) ਵਿੱਚ ਚੱਲ ਰਿਹਾ ਹੈ , ਨੂੰ ਰਮੇਸ਼ ਕੁਮਾਰ ਪੁੱਤਰ ਨਾਗੋ ਰਾਮ ਵਾਸੀ ਪਿੰਡ ਬਹਿਰਾਮਪੁਰ ਜਿਲ੍ਹਾ ਗੁਰਦਾਸਪੁਰ ਦੇ ਨਾਮ ਤਬਦੀਲ ਕਰਨਾ ਹੈ । ਇਤਰਾਜੀ 15 ਦਿਨਾਂ ਦੇ ਅੰਦਰ ਉਪ ਮੰਡਲ ਅਫਸਰ, ਪੀਐੱਸਪੀਸੀਐੱਲ, ਸਬ ਡਿਵੀਜਨ ਬਹਿਰਾਮਪੁਰ (ਗੁਰਦਾਸਪੁਰ) ਸੂਚਿਤ ਕਰੇ ।

ਨਛੱਤਰ ਸਿੰਘ ਪੁੱਤਰ ਕਪੂਰ ਸਿੰਘ ਵਾਸੀ ਵਾਰਡ ਨੰਬਰ 2-ਬੀ ਜਨਤਾ ਨਗਰ ਧੂਰੀ ਖੇਵਟਦਾਰ ਘਨੌਰੀ ਕਲਾਂ ਦੇ ਨਾਮ ਚਲਦਾ ਮੋਟਰ ਕੁਨੈਕਸ਼ਨ ਖਾਤਾ ਨੰਬਰ ਜੀਕੇ-251/ਏਪੀ, ਪਾਵਰ 20, ਲਖਵਿੰਦਰ ਸਿੰਘ ਪੁੱਤਰ ਦਰਬਾਰਾ ਸਿੰਘ ਵਾਸੀ ਵਾਰਡ ਨੰਬਰ 2-ਬੀ ਜਨਤਾ ਨਗਰ ਧੂਰੀ ਖੇਵਟਦਾਰ ਘਨੌਰੀ ਕਲਾਂ ਦੇ ਨਾਮ ਕਰਨਾ ਹੈ। ਇਤਰਾਜਕਰਤਾ 15 ਦਿਨਾਂ ਅੰਦਰ ਸਹਾਇਕ ਇੰਜਨੀਅਰ ਪੀਐਸਪੀਸੀਐਲ ਉਪ-ਮੰਡਲ ਸ਼ੇਰਪੁਰ-2 ਕੋਲ ਇਤਲਾਹ ਕਰੇ।

ਮੈਂ ਬਲਜੀਤ ਕੌਰ (Baljit kaur) ਪਤਨੀ ਮੁਖਤਾਰ ਸਿੰਘ ਵਾਸੀ ਪਿੰਡ ਅਬਾਦੀ ਅਟੱਲਗੜ੍ਹ ਅਟਾਰੀ, ਅੰਮ੍ਰਿਤਸਰ, ਪੰਜਾਬ, 14 3108. ਡਾਕਖਾਨਾ ਪਿੰਡ ਮੋਦੇ, ਪੁਲਿਸ ਥਾਣਾ ਘਰਿੰਡਾ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਦੀ ਰਹਿਣ ਵਾਲੀ ਹਾਂ ਬਿਆਨ ਕਰਦੀ ਹਾਂ ਕਿ ਮੇਰੇ ਕੁਝ ਕਾਗਜਾਂ ਉੱਪਰ ਗਲਤੀ ਨਾਲ ਬਲਜੀਤ ਕੌਰ ਅੰਗਰੇਜ਼ੀ ਵਿੱਚ (Baljeet Kaur) ਇਸ ਤਰ੍ਹਾਂ ਲਿਖਿਆ ਗਿਆ ਹੈ। ਮੇਰਾ ਸਹੀ ਨਾਮ ਬਲਜੀਤ ਕੌਰ (Baljit Kaur) ਇਸ ਤਰ੍ਹਾਂ ਹੀ ਲਿਖਿਆ ਪੜ੍ਹਿਆ ਜਾਵੇ। ਕਿਰਪਾ ਕਰਕੇ ਸਬੰਧਤ ਨੋਟ ਕਰ ਲੈਣ।

ਮੋਟਰ ਕੁਨੈਕਸ਼ਨ ਖਾਤਾ ਨੰ. ਏ ਪੀ 20/0056 (3004064441) ਸੰਤਾ ਸਿੰਘ ਪੁੱਤਰ ਨਰੈਣ ਸਿੰਘ ਨੂੰ ਆਪਣੇ ਨਾਂਅ ਕਰਨ ਲਈ ਬਲਵੰਤ ਸਿੰਘ ਪੁੱਤਰ ਅਵਤਾਰ ਸਿੰਘ ਰਕਬਾ ਕਮਾਲਾ ਬੋਦਲਾ, ਤਹਿ. ਫਿਰੋਜ਼ਪੁਰ ਨੇ ਇਸ ਦਫਤਰ ਨੂੰ ਬੇਨਤੀ ਕੀਤੀ ਹੈ। ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿੱਚ ਐੱਸ ਡੀ ਓ (ਵੰਡ) ਮੱਲਾਂਵਾਲਾ ਨਾਲ ਸੰਪਰਕ ਕਰੇ।

ਅਸੀਂ, ਹਜੂਰ ਮਸੀਹ ਪੁੱਤਰ ਜਾਰਜ ਮਸੀਹ ਵਾ ਰੇਖਾ ਪਤਨੀ ਹਜੂਰ ਮਸੀਹ ਵਾਸੀ ਪਿੰਡ ਮਲੂਕ ਮੱਟਮ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸੋਨੂੰ, ਜੋ ਸਾਡੇ ਅਤੇ ਸਾਡੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਸਾਡਾ ਲੜਕਾ ਸੋਨੂੰ ਸਾਡੇ ਕਹਿਣੇ ਵਿੱਚ ਹੈ। ਅਸੀਂ ਅਖਬਾਰ ਵਿੱਚ ਦਿੱਤਾ ਬੇਦਖਲੀ ਨੋਟਿਸ ਕੈਂਸਲ ਕਰਦੇ ਹਾਂ ਇਸ ਨੂੰ ਆਪਣੀ ਜਾਇਦਾਦ ਅਤੇ ਪਰਵਾਰ ਵਿੱਚ ਸ਼ਾਮਲ ਕਰਦੇ ਹਾਂ।

ਮੈਂ, ਗਿਆਨ ਕੌਰ ਪਤਨੀ ਗੁਰਮੀਤ ਸਿੰਘ ਵਾਸੀ ਪਿੰਡ ਸੋਹਲ ਖਾਲਸਾ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰੇ ਪਤੀ ਗੁਰਮੀਤ ਸਿੰਘ ਨੂੰ ਗੁਰਮੀਤ ਸਿੰਘ ਅਤੇ ਮਲਕੀਤ ਸਿੰਘ ਦੋ ਨਾਵਾਂ ਨਾਲ ਜਾਣਿਆ ਜਾਂਦਾ ਹੈ। ਗੁਰਮੀਤ ਸਿੰਘ ਅਤੇ ਮਲਕੀਤ ਸਿੰਘ ਇੱਕੋ ਵਿਅਕਤੀ ਦੇ ਦੋ ਨਾਂਅ ਹਨ। ਸੰਬੰਧਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਤਰਸੇਮ ਲਾਲ ਪੁੱਤਰ ਫਕੀਰ ਚੰਦ ਵਾਸੀ ਪਿੰਡ ਜਸਤਰਵਾਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਦੀਪ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਅਸ਼ਵਨੀ ਸ਼ਰਮਾ ਪੁੱਤਰ ਹਰਨਾਮ ਦਾਸ ਵਾਸੀ ਐੱਲ-6/2261, ਗਲੀ ਨੰ. 2, ਸ਼ਹੀਦ ਊਧਮ ਸਿੰਘ ਨਗਰ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰੇ ਭਤੀਜੇ ਵਿਕਰਾਂਤ ਕੁਮਾਰ ਅਤੇ ਸਾਹਿਲ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਤਰਜਿੰਦਰ ਕੌਰ ਪਤਨੀ ਬਲਦੇਵ ਸਿੰਘ ਵਾਸੀ ਮਕਾਨ ਨੰ. 41, ਗਲੀ ਨੰ. 3, ਭਾਈ ਮੰਡ ਐਵੇਨਿਊ, ਕੋਟ ਮਿੱਤ ਸਿੰਘ ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਪ੍ਰਭਜੋਤ ਸਿੰਘ (ਵਿਆਹਿਆ) ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਗੁਰਲਾਲ ਸਿੰਘ ਪੁੱਤਰ ਸੋਹਨ ਸਿੰਘ ਵਾਸੀ ਮਕਾਨ ਨੰ. 1423, ਵਾਰਡ ਨੰ. 13, ਗਲੀ ਨਾਈਆਂ ਵਾਲੀ, ਨੱਥੂਆਣਾ ਗੇਟ, ਜੰਡਿਆਲਾ ਗੁਰੂ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਅਮਰਦੀਪ ਸਿੰਘ ਅਤੇ ਉਸ ਦੀ ਪਤਨੀ ਸੁਖਮਨਪ੍ਰੀਤ ਕੌਰ ਅਤੇ ਉਨ੍ਹਾਂ ਦੇ ਬੱਚੇ ਵੰਸ਼ਜੋਤ ਸਿੰਘ ਤੇ ਕਾਇਨਾਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਕਸ਼ਮੀਰੀ ਲਾਲ ਬਾਵਾ ਪੁੱਤਰ ਬਾਬਾ ਟਿਕੀ ਗਿਰੀ ਵਾਸੀ ਕੋਟ ਈਸੇ ਖਾਂ, ਜ਼ਿਲ੍ਹਾ ਮੋਗਾ ਸੂਚਿਤ ਕਰਦਾ ਹਾਂ ਕਿ ਮੇਰੇ ਤਿੰਨ ਲੜਕੇ ਸ਼ਸ਼ੀ, ਸਾਹਿਲ ਤੇ ਹਨੀ ਅਤੇ ਨੂੰਹ ਸੋਨੂੰ ਪਤਨੀ ਸ਼ਸ਼ੀ ਵਾਸੀਆਨ ਕੋਟ ਈਸੇ ਖਾਂ ਮੇਰੇ ਕਹਿਣੇ ਤੋਂ ਬਾਹਰ ਹਨ, ਇਸ ਲਈ ਮੈਂ ਇਨ੍ਹਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਬਲਜੀਤ ਕੌਰ ਪਤਨੀ ਬਾਲ ਮੁਕੰਦ ਵਾਸੀ ਪਿੰਡ ਰਾਏਪੁਰ ਰਸੂਲਪੁਰ, ਜ਼ਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਦਮਨਦੀਪ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦਾ ਹਾਂ। ਮੈਂ ਆਪਣੇ ਲੜਕੇ ਦਮਨਦੀਪ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਦਿਲਬਾਗ ਸਿੰਘ ਪੁੱਤਰ ਲਛਮਣ ਸਿੰਘ ਵਾਸੀ ਪਿੰਡ ਕਾਲੀਆ, ਡਾਕ. ਭੀਲੋਵਾਲ, ਜ਼ਿਲ੍ਹਾ ਹੁਸ਼ਿਆਰਪੁਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਅਮਰੀਕ ਸਿੰਘ ਅਤੇ ਉਸ ਦੀ ਪਤਨੀ ਸੁਨੀਤਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸਰਵਨ ਕੁਮਾਰ ਪੁੱਤਰ ਕਾਂਸ਼ੀ ਰਾਮ ਵਾਸੀ ਮਕਾਨ ਨੰ. 294/227, ਗਲੀ ਨੰ. 7, ਨਿਊਂ ਗੁਰੂ ਨਾਨਕ ਨਗਰ, ਡਾਕਖਾਨਾ ਨਾਗਰਾ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਿਤ ਕੁਮਾਰ, ਜੋ ਕਿ ਕੁੰਆਰਾ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਧਰਮ ਪਾਲ ਪੁੱਤਰ ਰਾਮ ਲਾਲ ਵਾਸੀ ਮੰਦਿਰ ਮੁਹੱਲਾ, ਰਵੀ ਦਾਸ ਮੰਦਿਰ, ਗੜ੍ਹਾ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹੈਪੀ ਜੋ ਕਿ ਕੁੰਆਰਾ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਮੋਹਣ ਸਿੰਘ ਪੁੱਤਰ ਰਘੁਵੀਰ ਸਿੰਘ ਅਤੇ ਰਣਜੀਤ ਕੌਰ ਪਤਨੀ ਮੋਹਣ ਸਿੰਘ ਵਾਸੀਆਨ ਪਿੰਡ ਹਰਦੋ ਫਰਾਲਾ, ਤਹਿਸੀਲ ਵਾ ਜਿਲ੍ਹਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੁਰਦੀਪ ਸਿੰਘ ਅਤੇ ਉਸਦੀ ਪਤਨੀ ਬਲਵਿੰਦਰ ਕੌਰ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਜਤਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ, ਵਾਸੀ ਸ਼ਿਵਪੁਰੀ ਮੁਹੱਲਾ, ਧੂਰੀ (ਸੰਗਰੂਰ) ਆਪਣੀ ਲੜਕੀ ਹਰਮਨ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜ਼ਿੰਮੇਵਾਰ ਹੋਣਗੇ।

ਅਸੀਂ, ਫੂਲ ਚੰਦ ਪੁੱਤਰ ਰਾਮ ਨਰਾਇਣ, ਕ੍ਰਿਸ਼ਨਾ ਦੇਵੀ ਪਤਨੀ ਫੂਲ ਚੰਦ, ਵਾਸੀਆਨ ਗੁਰੂ ਨਾਨਕ ਨਗਰ ਧੂਰੀ (ਸੰਗਰੂਰ) ਆਪਣੇ ਲੜਕੇ ਸੰਜੇ ਕੁਮਾਰ, ਨੂੰਹ ਪੂਜਾ ਦੇਵੀ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁਦ ਜ਼ਿੰਮੇਵਾਰ ਹੋਣਗੇ।

ਅਸੀਂ ਬਲਵੀਰ ਸਿੰਘ ਪੁੱਤਰ ਗੁਰਮੇਲ ਸਿੰਘ ਅਤੇ ਸਤਵੰਤ ਕੌਰ ਪਤਨੀ ਬਲਵੀਰ ਸਿੰਘ ਵਾਸੀ ਤੋਲਾਵਾਲ ਤਹਿਸੀਲ ਸੁਨਾਮ ਜਿਲਾ ਸੰਗਰੂਰ ਆਪਣੇ ਪੁੱਤਰ ਰਾਜਨਦੀਪ ਸਿੰਘ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੇ ਹਾਂ ਉਹ ਸਾਡੇ ਕਹਿਣੇ ਤੋਂ ਬਾਹਰ ਹੈ ਅੱਜ ਤੋਂ ਬਾਅਦ ਕੋਈ ਵੀ ਲੈਣ ਦੇਣ ਕਰੇਗਾ ਉਹ ਖੁਦ ਜਿੰਮੇਵਾਰ ਹੋਵੇਗਾ ਸਾਡੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਸੁਕਨ ਕੁਮਾਰ ਪੁੱਤਰ ਬਾਬੂ ਲਾਲ, ਡੇਜ਼ੀ ਦੇਵੀ ਪਤਨੀ ਸੁਕਨ ਸ਼ਰਮਾ ਵਾਸੀਆਨ ਸਹੌਰ (ਬਰਨਾਲਾ) ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਜਸਕਰਨ ਕੁਮਾਰ ਬੁਰੀ ਸੰਗਤ ਦਾ ਸ਼ਿਕਾਰ ਹੋ ਕੇ ਸਾਡੇ ਕਹਿਣੇ ਤੋ ਬਾਹਰ ਹੈ। ਅਸੀਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਅੱਜ ਤੋਂ ਬਾਅਦ ਜਸਕਰਨ ਕੁਮਾਰ ਦਾ ਸਾਡੇ ਨਾਲ ਕੋਈ ਸਬੰਧ ਨਹੀਂ ਰਿਹਾ।

ਮੈਂ ਗੁਰਮੇਜ ਸਿੰਘ ਪੁੱਤਰ ਉਜਾਗਰ ਸਿੰਘ, ਵਾਸੀ ਪੱਤੀ ਖਿਰਚਪੁਰ, ਲੱਖਣ ਕਲਾਂ, ਜਿਲਾ ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਜੀਤ ਸਿੰਘ ਅਤੇ ਉਸ ਦੀ ਪਤਨੀ ਰਾਜਵਿੰਦਰ ਕੌਰ ਅਤੇ ਮੇਰੀ ਪੋਤਰੀ ਨੂਰ ਕੌਰ, ਜੋ ਕਿ ਮੇਰੇ ਕਹਿਣੇਕਾਰ ਵਿੱਚ ਨਹੀਂ ਹਨ, ਜਿਸ ਕਰਕੇ ਮੈਂ ਆਪਣੇ ਉਕਤ ਲੜਕੇ, ਆਪਣੀ ਨੂੰਹ ਅਤੇ ਪੋਤਰੀ ਨੂੰ ਆਪਣੀ ਤਮਾਮ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਸਾਰਿਆਂ ਨਾਲ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਨ ਵਾਲਾ ਵਿਅਕਤੀ ਖੁਦ ਜਿੰਮੇਵਾਰ ਹੋਵੇਗਾ। ਮੈਂ ਜਾਂ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ। ਸਾਰੇ ਸੰਬੰਧਤ ਨੋਟ ਕਰਨ।

ਮੈਂ ਕਸ਼ਮੀਰ ਚੰਦ ਪੁੱਤਰ ਸ਼੍ਰੀ ਵਸਾਵਾ ਰਾਮ ਪਿੰਡ ਬਾਜੇਕੇ ਤਹਿਸੀਲ ਗੁਰੂਹਰਸਹਾਏ ਜਿਲਾ ਫਿਰੋਜ਼ਪੁਰ ਦਾ ਰਹਿਣ ਵਾਲਾ ਹਾਂ ਮੇਰਾ ਲੜਕਾ ਸੋਹਣ ਲਾਲ ਅਤੇ ਮੇਰੀ ਨੂੰਹ ਅਨੀਸ਼ਾ ਰਾਣੀ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜ਼ੀ ਕਰਦੇ ਹਨ । ਮੈਂ ਉਹਨਾਂ ਦੋਹਾਂ ਨੂੰ ਆਪਣੀ ਚਲ ਚਲ ਜਾਇਦਾਦ ਤੋਂ ਬੇ ਦਖਲ ਕਰਦਾ ਹਾਂ ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ਅੱਜ ਤੋਂ ਬਾਅਦ ਮੇਰਾ ਇਹਨਾਂ ਦੋਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ । ਸਬੰਧਤ ਨੋਟ ਕਰਨ।

ਮੈਂ, ਸੰਜੀਵ ਸੈਣੀ ਪੁੱਤਰ ਕਰਤਾਰ ਸਿੰਘ ਸੈਣੀ ਵਾਸੀ ਮਕਾਨ ਨੰਬਰ 342, ਆਦਰਸ਼ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਾਹੁਲ ਸੈਣੀ ਅਤੇ ਮੇਰੀ ਨੂੰਹ ਸਿਮਰਨਜੀਤ ਕੌਰ ਸੈਣੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਕੁਲਦੀਪ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਗਲੀ ਨੰ: 1, ਪ੍ਰੀਤ ਨਗਰ, ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਮਨਜੀਤ ਸਿੰਘ (ਸ਼ਾਦੀਸ਼ੁਦਾ) ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸਬੰਧਿਤ ਨੋਟ ਕਰਨ।

ਮੈਂ ਗੁੱਡੀ ਦੇਵੀ (ਅਧਾਰ ਨੰ: 5920 0552 5264 ) ਪਤਨੀ ਹੀਰਾ ਲਾਲ ਵਾਸੀ ਰੱਖੜੀ ਰੋਡ, ਸਾਹਮਣੇ ਦਾਣਾ ਮੰਡੀ, ਵਿਜੇ ਨਗਰ, ਫਿਰੋਜ਼ਪੁਰ ਸ਼ਹਿਰ ਤਹਿ: ਵਾ ਜ਼ਿਲ੍ਹਾ ਫਿਰੋਜ਼ਪੁਰ ਦੀ ਰਹਿਣ ਵਾਲੀ ਹਾਂ ਅਤੇ ਹੇਠ ਲਿਖਿਆ ਅਨੁਸਾਰ ਹਲਫੀਆਂ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਕੰਚਨ ਪਤਨੀ ਸੁਰਿੰਦਰ ਕੁਮਾਰ ਵਾਸੀ ਮਕਾਨ ਨੰ: 108/330 ਬਜ਼ਾਰ ਨੰ: 1, ਫਿਰੋਜ਼ਪੁਰ ਕੈਂਟ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਜਿਸ ਕਾਰਨ ਮੈਂ ਆਪਣੀ ਲੜਕੀ ਨੂੰ ਅੱਜ ਮਿਤੀ 07-08-2025 ਤੋਂ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਮੇਰਾ ਕੋਈ ਤਾਲੁਕ ਵਾਸਤਾ ਨਹੀਂ ਹੈ, ਜੇਕਰ ਕੋਈ ਇਸ ਨਾਲ ਲੈਣ-ਦੇਣ ਕਰੇਗਾ, ਉਹ ਆਪਣੇ ਲੈਣ-ਦੇਣ ਦਾ ਖੁਦ ਜ਼ਿੰਮੇਵਾਰ ਹੋਵੇਗਾ, ਇਸ ਦੀ ਜ਼ਿੰਮੇਵਾਰੀ ਮੇਰੀ ਜਾਂ ਮੇਰੇ ਪਰਿਵਾਰ ਦੀ ਨਹੀਂ ਹੋਵੇਗੀ।

ਅਸੀ ਅਮਨ ਸ਼ਰਮਾ ਪੁੱਤਰ ਕਿਸ਼ੋਰ ਚੰਦ ਅਤੇ ਦਿਵਯਾ ਸ਼ਰਮਾ ਪਤਨੀ ਅਮਨ ਸ਼ਰਮਾ ਵਾਸੀ ਮਕਾਨ ਨੰ.180,ਗਲੀ ਨੰ.4, 100 ਫੀਟ ਰੋਡ,ਰਾਮ ਆਸ਼ਰਮ, ਪ੍ਰੀਤਮ ਨਗਰ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਮਾਇਆ ਸ਼ਰਮਾ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਅਕਸਰ ਲੜਾਈ ਝਗੜਾ ਕਰਦੀ ਰਹਿੰਦੀ ਹੈ ਅਤੇ ਬਹੁਤ ਤੰਗ ਪਰੇਸ਼ਾਨ ਕਰਦੀ ਹੈ। ਅਸੀ ਉਸਨੂੰ ਆਪਣੀ ਹਰ ਕਿਸਮ ਦੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਅਸੀ ਤੇ ਸਾਡਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਵੇਗੀ। ਸਾਡਾ ਅਤੇ ਸਾਡੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ, ਅਮਰੀਕ ਸਿੰਘ ਪੁੱਤਰ ਕਾਬਲ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਝਾਵਾਂ, ਤਹਿ. ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਸੂਚਿਤ ਕਰਦਾ ਹਾਂ ਕਿ ਮੇਰਾ ਪੁੱਤਰ ਮਨਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਸੰਦੀਪ ਕੌਰ ਅਤੇ ਇਨ੍ਹਾਂ ਦਾ ਇੱਕ ਲੜਕਾ ਗੁਰਸ਼ਰਨ ਸਿੰਘ ਇਹ ਸਾਰੇ ਮੇਰੇ ਕਹਿਣੇ ਤੋਂ ਬਾਹਰ ਹਨ, ਜਿਸ ਕਰਕੇ ਮੈਂ ਇਹਨਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਇਨ੍ਹਾਂ ਵੱਲੋਂ ਕੀਤੇ ਚੰਗੇ-ਮਾੜੇ ਕੰਮ ਦੇ ਇਹ ਖੁਦ ਜ਼ਿੰਮੇਵਾਰ ਹੋਣਗੇ। ਸਾਡੀ ਕਿਸੇ ਪ੍ਰਕਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। (ਬਹਿਲ)

ਮੈਂ, ਮਨਜੀਤ ਸਿੰਘ ਪੁੱਤਰ ਸ਼ੇਰ ਸਿੰਘ ਵਾਸੀ 77-ਏ, ਗਲੀ ਨੰ. 9, ਗੁਰੂ ਅਮਰਦਾਸ ਐਵੇਨਿਊ, ਅਜਨਾਲਾ ਰੋਡ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰੀ ਸ਼ਾਦੀਸ਼ੁਦਾ ਲੜਕੀ ਗਗਨਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੈਂ ਅਤੇ ਮੇਰਾ ਪਰਵਾਰ ਇਸ ਦੇ ਕਿਸੇ ਲੈਣ-ਦੇਣ ਦਾ ਜ਼ਿੰਮੇਵਾਰ ਨਹੀਂ ਹੋਵੇਗਾ।

ਮੈਂ, ਹਰਭਜਨ ਸਿੰਘ ਪੁੱਤਰ ਬੂਟਾ ਸਿੰਘ ਵਾਸੀ ਪਿੰਡ ਬੱਲ ਖੁਰਦ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰੀ ਲੜਕੀ ਹਰਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਅਸੀਂ, ਰੋਸ਼ਨ ਲਾਲ ਪੁੱਤਰ ਲੇਟ ਚੈਨ ਸਿੰਘ ਅਤੇ ਸ੍ਰੀਮਤੀ ਸੋਨੀਆ ਪਤਨੀ ਰੋਸ਼ਨ ਲਾਲ ਵਾਸੀਆਨ ਮਕਾਨ ਨੰ. ਡੀ-6/479, ਗਲੀ ਪੁਲਸ ਚੌਕੀ ਵਾਲੀ, ਡਾਕਖਾਨਾ ਖਾਲਸਾ ਕਾਲਜ, ਕੋਟ ਖਾਲਸਾ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਵਿਸ਼ਾਲ ਕੁਮਾਰ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਅਸੀਂ, ਗੁਰਮੇਜ ਸਿੰਘ ਪੁੱਤਰ ਬਚਨ ਸਿੰਘ ਅਤੇ ਸ੍ਰੀਮਤੀ ਅਮਨਦੀਪ ਕੌਰ ਪਤਨੀ ਗੁਰਮੇਜ ਸਿੰਘ ਵਾਸੀ 17-ਬੀ, ਗਲੀ ਨੰ. 4, ਰਾਜਿੰਦਰ ਨਗਰ, ਮਹਿਤਾ ਚੌਕ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਗੁਰਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਲਵਲੀਨ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

## Change of Name

I Hari Krishan Arora alias Hari Krishan Madaan s/o Madan Lal Arora resident of H.No. B-43/199, Moti Bagh, Mansoorwal Dona, Kapurthala have changed my name from Hari Krishan Arora alias Hari Krishan Madaan to Hari Krishan Madaan. All concerned please note.

I, Jyoti W/o Balbir Singh R/o H.No. 1343 Ward Number 1, Maan Nagar, Dera Baba Nanak Road Batala, Tehsil Batala, Distt. Gurdaspur. I have changed my name from Jyoti to Jyoti Bala. Please concerned note.

I, Anupreet Kaur D/o Harvinder Pal Singh R/o House No. 184, Rana Garden, Bhai Lalo Ji Nagar, Tehsil & Distt. Amritsar have changed my name from Anupreet Kaur Bimrah to Anupreet Kaur. Concerned Note.

I Parveen Kumar Mahajan S/o Brij Lal Mahajan, H.No. EO 197 Attari bazar Jalandhar has changed my name to Parveen Mahajan.

I, Rajvinder Kaur Wife of Sarabjit Singh, Resident of Village Chak Shakur, Post Office Patial, District Jalandhar have changed my name from RAJVINDER KAUR to RAJWINDER KAUR. Please note all concerned.

I Pratham Chawla S/o Late Joginder Paul R/o H.no. 9, Manjeet Nagar, Basti Guzan, Jalandhar-144002, certified that my father true and correct name is Joginder Paul instead of Joginder Paul Chawla , expired one. (Both names belongs to one and same person). All please note.

I, Jaspreet S/o Krishan Gopal R/o Vill. Bilaspur, PO Barian Kalan, Tehsil Garhshankar, Distt. Hoshiarpur Punjab have changed my name from Jaspreet to Jaspreet Kumar. Concerned note.

I, Dharamjit Singh Pabbma S/O Harbhajan Singh R/O New Arman Nagar, Dakoha, Jalandhar-144023 Have Changed My Name To Dharamjit Singh. All concerned please note.

I, Lakshmi Aswal S/o Sanjay Singh R/o H.No.78, Tungbala Gali, Shri Ram Avenue, Majitha Road, District Amritsar have changed my name from Lakshmi Aswal to Lakshmi

I, Lakhwinder Singh S/o Gurdip Singh R/o VPO. Tahili Tehsil Dsauya, Distt. Hoshiarpur, Punjab-144202 have changed my name and shall hereafter be known as Lakhwinder Singh Ghotra.

I Shubham Shubham , S/O Surjeet Singh R/O Village Jhokhar Post Office Tauni Devi Tehsil Bamsan, Jhokhar (45/57), Po: Tauni Devi, Dist: Hamirpur, Himachal Pradesh - 177023, Have Changed My Name Shubham To Shubham Shubham, In Which Shubham As Given Name And Shubham As Surname. All Note.

I Diksha D/o Parmjit R/o Village Khurla Kingra Near Guru Ravidass Mandir Jalandhar declare that I have changed my name from Diksha To Diksha Madhar

I,Arvinder Pal Singh S/O Harnam Singh R/O H.No.Old 769,New F22/654,Gali No.2,Batala Road, Main Bazar, Mustafabad, Amritsar, Punjab have changed my name from Arvinder Pal Singh to Arwinderpal Singh. Concerned note.

I, Narinder Singh s/o Bhagwan Singh r/o H.No-11, Madhuban Colony, Jalandhar City, Punjab, India. That I declare that change my daughter name from Sonia to Ruchitaa Bs Lamsar, her Indian Passport No-Z3483967. All Please Note.

I, Sandeep Kaur w/o Parmjit Singh r/o Partapgarh, Po. Chahal Kalan, Teh.Batala, Gurdaspur have changed my minor child name spelling from Tajvir Singh to Tajveer Singh. All Please Note.

I, Rashpal Kaur w/o Harjit Singh r/o Vill. Ralhan, Po. Khudda, Teh.Dasuya, Distt. Hoshiarpur have changed my name to Kaur Rashpal. All Please Note.

I, hitherto known as Karnail Singh S/o Bega Singh R/o 37-A, Near Verka Milk Plant, Guru Ram Dass Nagar, Phase- 1, Jalandhar, Punjab- 144008 have changed my name and shall hereafter be known as Karnail Singh Ghotra.

I, hitherto known as Mohan Kaur W/o Ajaib Singh R/o VPO. Karnana, Nawanshahar, SBS Nagar, Punjab - 144513 have changed my name and shall hereafter be known as Joginder Kaur.

I, hitherto known as Gulshan S/o Malkit Kumar R/o H.No. 140, Gali No. 4, Narpur, PO. Nurpur, Distt. Jalandhar, Punjab-144012 have changed my name and shall hereafter be known as Gulshan Kumar Jassal.

I, Kiran Lal W/o Charanjit Singh R/o Village Hirapur, PO. Hailer, Distt. Jalandhar have changed my name from Kiran Lal to Kiran Bala. All Please Note.

I, Tejas S/o Karam Pal R/o H.No. 231/1, Bootan Pind, Jalandhar have changed my name from Tejas to Tejas Ralh (Surname as Ralh) All Please Note.

I, Manisha W/o Tejas Ralh R/o H.No.231/1, Bootan Pind, Jalandhar have changed my name from Manisha to Manisha Ralh (Surname as Ralh) All Please Note.

I, Pardeep S/o Baldev Raj R/o VPO. Mithapur, Distt. Jalandhar, Punjab have changed my name from Pardeep to Pardeep Mahey. All Please Note.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਦਸਮੇਸ਼ ਪਰਵਾਰ ਗਰੁੱਪ ਆਫ ਸਕੂਲਜ਼ ਨੇ ਮਿਲ ਕੇ ਮਨਾਇਆ ਤ੍ਰਿੰਜਣਾਂ ਦਾ ਮੇਲਾ



ਝਬਾਲ (ਹਰਜਿੰਦਰ ਸਿੰਘ ਸੋਨੀ)- ਦਸਮੇਸ਼ ਪਰਿਵਾਰ ਗਰੁੱਪ ਆਫ ਸਕੂਲਜ਼ ਅਧੀਨ ਚੱਲ ਰਹੇ ਸਕੂਲ ਦਸਮੇਸ਼ ਪਰਿਵਾਰ ਇੰਟਰਨੈਸ਼ਨਲ ਸਕੂਲ ਐਮਾਂ ਕਲਾਂ, ਦਸ਼ਮੇਸ਼ ਪਰਿਵਾਰ ਇੰਟਰਨੈਸ਼ਨਲ ਸਕੂਲ ਦਬੁਰਜੀ ਅਤੇ ਦਸਮੇਸ਼ ਪਰਿਵਾਰ ਖਾਲਸਾ ਪਬਲਿਕ ਸਕੂਲ ਚੂਚਕਵਾਲ ਵੱਲੋਂ ਬਹੁਤ ਹੀ ਵੱਡੇ ਪੱਧਰ ਤੇ ਸਾਂਝੇ ਰੂਪ ਵਿੱਚ ਤ੍ਰਿੰਜਣ ਮੇਲਾ ਮਨਾਇਆ ਗਿਆ।ਚੇਅਰਮੈਨ ਜਸਵੰਤ ਸਿੰਘ ਖਾਲਸਾ ਤੇ ਡਾਇਰੈਕਟਰ ਮੈਡਮ ਰੁਪਿੰਦਰ ਕੌਰ ਨੇ ਦੱਸਿਆ ਕਿ ਦਸਵੀਂ ਕਲਾਸ ਦੀ ਵਿਦਿਆਰਥਣ ਗੁਰਅਸੀਸ ਕੌਰ ਨੇ ਤ੍ਰਿੰਜਨ ਮੇਲੇ ਬਾਰੇ ਸਕੂਲ ਦੇ ਬੱਚਿਆਂ ਨੂੰ ਜਾਣੂ ਕਰਵਾਇਆ।

ਬੱਚਿਆਂ ਵੱਲੋਂ ਵੱਖ-ਵੱਖ ਤਰ੍ਹਾਂ ਦੇ ਸੱਭਿਆਚਾਰਕ ਗੀਤਾਂ ਉਪਰ ਨੱਚ ਕੇ, ਸਮਾਜ ਨੂੰ ਸੇਧ ਦੇਣ ਵਾਲੇ ਨਾਟਕ ਪੇਸ਼ ਕਰਕੇ ਅਤੇ ਲੋਕ ਗੀਤ ਗਾ ਕੇ ਬਹੁਤ ਹੀ ਜੋਸ਼ ਨਾਲ ਮਨਾਇਆ ਜਾਂਦਾ ਹੈ। ਇਸ ਮੌਕੇ ਸਕੂਲਾਂ ਦੇ ਬੱਚਿਆਂ ਵੱਲੋਂ ਸਮਾਜ ਵਿੱਚ ਚੱਲ ਰਹੀਆਂ ਅੱਜ ਦੇ ਯੁੱਗ ਦੀਆਂ ਲਾਹਨਤਾਂ ਪ੍ਰਤੀ ਜਾਗਰੂਕ ਕਰਨ ਲਈ ਬਹੁਤ ਵਧੀਆ ਟੀਮ ਨਾਲ ਨਾਟਕ ਪੇਸ਼ ਕੀਤੇ ਅਤੇ ਆਪਣੇ ਸਾਥੀ ਵਿਦਿਆਰਥੀਆਂ ਨੂੰ ਇਨਾਂ ਸਮਾਜਿਕ ਕੁਰੀਤੀਆਂ ਤੋਂ ਕਿਵੇਂ ਛੁਟਕਾਰਾ ਪਾਉਣਾ ਇਸ ਬਾਰੇ ਵੀ ਦੱਸਿਆ।ਇਸ ਮੌਕੇ ਤੇ ਬੱਚਿਆਂ ਵੱਲੋਂ ਪੰਜਾਬੀ ਸੱਭਿਆਚਾਰ ਨਾਲ ਸੰਬੰਧਿਤ ਗਾਣੇ ਅਤੇ ਟੱਪੇ ਗਾ ਕੇ ਅਤੇ ਗਾਣਿਆਂ ਉੱਪਰ ਤੇ ਪੰਜਾਬੀ ਬੋਲੀਆਂ ਉੱਪਰ ਨੱਚ ਕੇ ਸਭ ਦਾ ਮਨੋਰੰਜਨ ਕੀਤਾ।ਇਸ ਮੌਕੇ ਸਕੂਲ ਦੇ ਡਾਇਰੈਕਟਰ ਮੈਡਮ ਰੁਪਿੰਦਰ ਕੌਰ ਨੇ ਇਸ ਮੇਲੇ ਉੱਪਰ ਸਾਰੇ ਸਕੂਲ ਦੇ ਬੱਚਿਆਂ ਨੂੰ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਸ ਮੇਲੇ ਦੀ ਕਾਮਯਾਬੀ ਸਾਰੇ ਟੀਚਰ ਸਾਹਿਬਾਨ ਕਰਕੇ ਹੈ। ਜਿਨ੍ਹਾਂ ਨੇ ਇਹਨਾਂ ਬੱਚਿਆਂ ਨੂੰ ਤਿਆਰ ਕਰਕੇ ਇਸ ਸਟੇਜ ਦੇ ਕਾਬਲ ਬਣਾਇਆ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਚਰਨਜੀਤ ਕੌਰ, ਮੈਡਮ ਪੁਨੀਤ ਕੌਰ, ਮੈਡਮ ਨਵਦੀਪ ਕੌਰ, ਮੈਡਮ ਰੇਨੂੰ ਬਾਲਾ, ਮੈਡਮ ਮਨਪ੍ਰੀਤ ਕੌਰ ਅਤੇ ਸਮੂਹ ਸਟਾਫ ਹਾਜ਼ਰ ਸੀ।

# ਡਿਪਟੀ ਕਮਿਸ਼ਨਰ ਨੇ ਹਰੀਕੇ ਹੈੱਡ ਵਰਕਸ ਤੋਂ ਡਾਊਨ ਸਟਰੀਮ ਨੂੰ ਛੱਡੇ ਜਾ ਰਹੇ ਪਾਣੀ ਦਾ ਲਿਆ ਜਾਇਜ਼ਾ



ਪੱਟੀ (ਬਲਦੇਵ ਸਿੰਘ ਸੰਧੂ)- ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੁਲ ਵੱਲੋਂ ਅੱਜ ਦਰਿਆ ਬਿਆਸ ਤੇ ਸਤਲੁਜ ਦੇ ਸੰਗਮ ਹਰੀਕੇ ਹੈੱਡ ਵਰਕਸ ਤੋਂ ਡਾਊਨ ਸਟਰੀਮ ਨੂੰ ਛੱਡੇ ਜਾ ਰਹੇ ਪਾਣੀ ਦਾ ਜਾਇਜ਼ਾ ਲੈਣ ਲਈ ਦਰਿਆ ਸਤਲੁਜ ਦਾ ਦੌਰਾ ਕੀਤਾ।ਇਸ ਮੌਕੇ ਉਨ੍ਹਾਂ ਨੇ ਹਰੀਕੇ ਹੈੱਡ ਵਰਕਸ ਵਿੱਚ ਪਾਣੀ ਦੀ ਆਮਦ ਅਤੇ ਡਾਊਨ ਸਟਰੀਮ ਤੇ ਨਹਿਰਾਂ ਨੂੰ ਛੱਡੇ ਜਾ ਰਹੇ ਪਾਣੀ ਬਾਰੇ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਤੋਂ ਜਾਣਕਾਰੀ ਲਈ।ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੜ੍ਹਾਂ ਦੀ ਸਥਿਤੀ ਬਹੁਤ ਨਜ਼ਦੀਕ ਤੋਂ ਨਜ਼ਰ ਰੱਖਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਰੋਨ ਮੁਹੱਈਆ ਕਰਵਾਇਆ ਗਿਆ ਹੈ, ਜੋ ਹਰ ਸਮੇਂ ਸਥਿਤੀ 'ਤੇ ਬਹੁਤ ਨਜ਼ਦੀਕ ਤੋਂ ਨਜ਼ਰ ਰੱਖੇਗਾ।

ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਨੇ ਖੁਦ ਡਰੋਨ ਰਾਹੀਂ ਸਤਲੁਜ ਦਰਿਆ ਦੇ ਪਾਣੀ ਦਾ ਦੂਰ-ਦੂਰ ਤੱਕ ਜਾਇਜ਼ਾ ਲਿਆ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਹਰੀਕੇ ਹਥਾੜ ਖੇਤਰ ਦੇ ਕਿਸਾਨਾਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ।ਉਹਨਾਂ ਕਿਹਾ ਕਿ ਇਸ ਸਮੇਂ ਜਿੰਨਾਂ ਪਾਣੀ ਚੱਲ ਰਿਹਾ ਹੈ, ਉਸ ਨਾਲ ਘਬਰਾਉਣ ਦੀ ਕੋਈ ਲੋੜ ਨਹੀਂ।ਹੜ੍ਹਾਂ ਦੀ ਸਥਿਤੀ ਨੂੰ ਲੈ ਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪ੍ਰਬੰਧ ਪੂਰੀ ਤਰ੍ਹਾਂ ਮੁਕੰਮਲ ਹਨ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਹੜ੍ਹਾਂ ਦੀ ਸਥਿਤੀ ਨੂੰ ਲੈਕੇ ਪਿੰਡਾਂ ਦੇ ਸਰਪੰਚਾਂ, ਪੰਚਾਂ, ਨੰਬਰਦਾਰਾਂ ਤੋਂ ਇਲਾਵਾ ਮਾਲ ਵਿਭਾਗ ਦੇ ਅਧਿਕਾਰੀਆਂ ਤੋਂ ਵੀ ਸਮੇਂ-ਸਮੇਂ ਤੇ ਜਾਣਕਾਰੀ ਲਈ ਜਾ ਰਹੀ ਹੈ।

## ਨਾਂਅ ਦੀ ਬਦਲੀ

ਮੈਂ ਤਾਰਾ ਚੰਦ ਪੁੱਤਰ ਮੰਗਤ ਰਾਮ ਵਾਸੀ ਪਿੰਡ ਰੰਧਾਵਾ ਡਾਕ ਸੰਗ ਢੇਸੀਆ ਤਹਿ ਫਿਲੌਰ ਜਿਲਾ ਜਲੰਧਰ ਦਾ ਰਹਿਣ ਵਾਲਾ ਹਾਂ। ਇਹ ਕਿ ਮੈਨੂੰ ਕਾਲਾ ਅਤੇ ਤਾਰਾ ਚੰਦ ਦੋਨੋ ਨਾਵਾਂ ਨਾਲ ਜਾਣਿਆ ਜਾਂਦਾ ਹੈ। ਸਬੰਧਤ ਨੋਟ ਕਰਨ।

ਮੈਂ, ਲਖਵਿੰਦਰ ਕੌਰ ਪਤਨੀ ਲੇਟ ਸ੍ਰੀ ਰਵੀ ਕੁਮਾਰ ਵਾਸੀ ਪਿੰਡ ਤੇ ਡਾਕਖਾਨਾ ਰਾਜਪੁਰ, ਜ਼ਿਲ੍ਹਾ ਜਲੰਧਰ ਨੇ ਆਪਣਾ ਨਾਂਅ ਲਖਵਿੰਦਰ ਕੌਰ ਤੋਂ ਬਦਲ ਕੇ ਲਖਵਿੰਦਰ ਰੱਖ ਲਿਆ ਹੈ। ਸੰਬੰਧਤ ਨੋਟ ਕਰਨ। (ਬਹਿਲ)

## Change of Name

I Mukhtar Singh s/o Chanan Singh village Daburji post office Udho Nangal Mehta district Amritsar Punjab have changed my name from Mukhtar Singh Gill to Mukhtar Singh. concerned to be noted.

I, Priya W/o Sanjeev Sehgal R/o H.No. 508/19, Sri Ram Colony, Civil Lines, Gurdaspur Tehsil/Distt. Gurdaspur, Punjab-143521 have changed my name from Priya to Priya Sehgal.

I, Sanjiv Sehgal S/o Badri Dass Sehgal R/o H.No. 508/19, Sri Ram Colony, Civil Lines, Gurdaspur Tehsil/Distt. Gurdaspur, Punjab-143521 have changed my name from Sanjiv Sehgal to Sanjeev Sehgal.

## ਉਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਪੱਤਰ ਨੰ.— 97-2025-26-ADEN-JRC, 98-2025-26-ADEN-JRC, 99-2025-26-ADEN-JRC, 100-2025-26-ADEN-JRC, 101-2025-26-ADEN-LDH & 102-2025-26-ADEN-LDH. ਤਾਰੀਕ: 07.08.2025

ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 29.08.2025 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ ਬੈਂਕਰਸ ਚੈਂਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜ਼ਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 06.08.2025 | 15.08.2025 | 29.08.2025 15:00 ਵਜੇ |

| ਲ.ਨੰ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 1. | 97-2025-26-ADEN-JRC | ਜਲੰਧਰ ਸ਼ਹਿਰ ਵਿਚ ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਤਹਿਤ ਕਾਲੋਨੀ ਨੰਬਰ 1, 2 ਅਤੇ 3 ਵਿਚ ਸਟਾਫ ਕਵਾਟਰਾਂ ਅਤੇ ਸੇਵਾ ਭਵਨਾਂ ਦੀਆਂ ਚੌਂਦੀਆਂ ਛੱਤਾਂ ਦੀ ਮੁਰੰਮਤ ਅਤੇ ਓਵਰਹੇਡ ਟੈਂਕਾਂ, ਆਰਸੀਸੀ ਟੈਂਕਾਂ ਦੀ ਸਫਾਈ ਦਾ ਕੰਮ। |

| ਵਿਗਿਆਪਨ ਮੂਲ (ਰੂ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
|---|---|---|---|
| 9996961.84/- | 199900.00/- | 60 ਦਿਨ | 06 ਮਹੀਨੇ |

ਕੰਮ ਦੀ ਸਮਾਨ ਨੇਚਰ : ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।

| ਲ.ਨੰ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 2. | 98-2025-26-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਤਹਿਤ ਜਲੰਧਰ ਸ਼ਹਿਰ ਵਿਚ ਕਾਲੋਨੀ ਨੰਬਰ 1,2 ਅਤੇ 3 ਵਿਚ ਘੱਟ ਉਚਾਈ ਵਾਲੀ ਕੰਪਾਊਂਡ ਦੀਵਾਰਾਂ, ਫੁਟਪਾਥ, ਪਾਰਕ ਦੀਆਂ ਦੀਵਾਰਾਂ ਅਤੇ ਗ੍ਰਿਲ ਦਾ ਪ੍ਰਾਵਧਾਨ, ਬਾਗਵਾਨੀ ਕੰਮਾਂ ਵਿਚ ਸੁਧਾਰ ਦਾ ਕੰਮ। |

| ਵਿਗਿਆਪਨ ਮੂਲ (ਰੂ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
|---|---|---|---|
| 11998507.74/- | 210000.00/- | 60 ਦਿਨ | 06 ਮਹੀਨੇ |

ਕੰਮ ਦੀ ਸਮਾਨ ਨੇਚਰ : ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।

| ਲ.ਨੰ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 3. | 99-2025-26-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਤਹਿਤ ਜਲੰਧਰ ਸ਼ਹਿਰ ਸਟੇਸ਼ਨ ਤੇ ਯਾਰਡ ਡ੍ਰੇਨੇਜ ਅਤੇ ਪਾਣੀ ਸਪਲਾਈ ਕੰਮਾਂ ਵਿਚ ਸੁਧਾਰ ਦਾ ਕੰਮ |

| ਵਿਗਿਆਪਨ ਮੂਲ (ਰੂ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
|---|---|---|---|
| 4999579.80/- | 100000.00/- | 60 ਦਿਨ | 06 ਮਹੀਨੇ |

ਕੰਮ ਦੀ ਸਮਾਨ ਨੇਚਰ : ਕੋਈ ਨਹੀਂ।

| ਲ.ਨੰ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 4. | 100-2025-26-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਤਹਿਤ ਜਲੰਧਰ ਸ਼ਹਿਰ ਵਿਚ ਕਾਲੋਨੀ ਨੰਬਰ 1,2 ਅਤੇ 3 ਵਿਚ ਸਟਾਫ ਕਵਾਟਰਾਂ ਦੇ ਪਖਾਨਿਆਂ, ਸ਼ਨਾਨਘਰਾਂ ਅਤੇ ਰਸੋਈਘਰਾਂ ਵਿਚ ਫਰਸ਼ ਵਿਚ ਸੁਧਾਰ ਅਤੇ ਸਟਾਫ ਕਵਾਟਰਾਂ ਦੀ ਪਾਣੀ ਸਪਲਾਈ ਪ੍ਰਣਾਲੀ ਦੀ ਮੁਰੰਮਤ ਦਾ ਕੰਮ। |

| ਵਿਗਿਆਪਨ ਮੂਲ (ਰੂ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
|---|---|---|---|
| 9999890.65/- | 200000.00/- | 60 ਦਿਨ | 06 ਮਹੀਨੇ |

ਕੰਮ ਦੀ ਸਮਾਨ ਨੇਚਰ : ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।

| ਲ.ਨੰ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 5. | 101-2025-26-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸੀਨੀਅਰ ਅਨੁਭਾਗ ਇੰਜੀਨੀਅਰ/ਕੰਮ / ਲੁਧਿਆਣਾ ਦੇ ਸੈਕਸ਼ਨ ਵਿਚ ਧੋਣ ਯੋਗ ਅਪ੍ਰਨ ਦੇ ਨਾਲ ਲੁਧਿਆਣਾ ਯਾਰਡ ਵਿਚ ਲਾਈਨ ਨੰਬਰ 2 ਅਤੇ 3, 4 ਅਤੇ 5, 6 ਅਤੇ 7, 8 ਅਤੇ 9 ਦੇ ਵਿਚ ਪੁਰਾਣੇ ਟੁਟੇ ਐਮਐਸ ਅਤੇ ਆਰਸੀਸੀ ਨਾਲੀ ਕਵਰ ਦੀ ਮੁਰੰਮਤ ਦਾ ਕੰਮ। |

| ਵਿਗਿਆਪਨ ਮੂਲ (ਰੂ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
|---|---|---|---|
| 10799837.25/- | 204000.00 | 60 ਦਿਨ | 06 ਮਹੀਨੇ |

ਕੰਮ ਦੀ ਸਮਾਨ ਨੇਚਰ : ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।

| ਲ.ਨੰ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 6. | 102-2025-26-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸੀਨੀਅਰ ਅਨੁਭਾਗ ਇੰਜੀਨੀਅਰ/ਕੰਮ / ਲੁਧਿਆਣਾ ਅਨੁਭਾਗ ਵਿਚ ਕਾਲੋਨੀ ਨੰਬਰ 1 ਤੋਂ 13 ਲੁਧਿਆਣਾ ਵਿਚ ਸਟਾਫ ਕਵਾਟਰਾਂ ਵਿਚ ਭੰਡਾਰਨ ਟੈਂਕ ਪਾਣੀ ਸਪਲਾਈ ਦੇ ਨਾਲ ਪਖਾਨਿਆਂ, ਸ਼ਨਾਨਘਰਾਂ ਅਤੇ ਰਸੋਈਘਰ ਵਿਚ ਫਰਸ਼ ਦਾ ਸੁਧਾਰ ਦਾ ਕੰਮ। |

| ਵਿਗਿਆਪਨ ਮੂਲ (ਰੂ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
|---|---|---|---|
| 9999938.88/- | 200000.00/- | 60 ਦਿਨ | 06 ਮਹੀਨੇ |

ਕੰਮ ਦੀ ਸਮਾਨ ਨੇਚਰ : ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

2424/25

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਡਿਪਟੀ ਕਮਿਸ਼ਨਰ ਵੱਲੋਂ ਹੰਸਰਾਜ ਸਟੇਡੀਅਮ 'ਚ 4 ਨਵੇਂ ਮਲਟੀਪਰਪਜ਼ ਕੋਰਟ ਤੇ ਰਨਿੰਗ ਟਰੈਕ ਜਨਤਾ ਨੂੰ ਸਮਰਪਿਤ

**ਜਲੰਧਰ (ਸ਼ੈਲੀ ਐਲਬਰਟ)** - ਸ਼ਹਿਰ ਦੇ ਖੇਡ ਢਾਂਚੇ ਨੂੰ ਹੋਰ ਮਜ਼ਬੂਤੀ ਦੇਣ ਵੱਲ ਇੱਕ ਵੱਡਾ ਕਦਮ ਚੁੱਕਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਰਾਏਜ਼ਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਵਿੱਚ ਨਵੇਂ ਬਣੇ ਚਾਰ ਮਲਟੀਪਰਪਜ਼ ਕੋਰਟ ਅਤੇ ਇੱਕ ਆਧੁਨਿਕ ਰਨਿੰਗ ਟਰੈਕ ਦਾ ਉਦਘਾਟਨ ਕੀਤਾ। ਇਸ ਨਵੇਂ ਵਿਕਾਸ ਨਾਲ ਹੁਣ ਇਹ ਸਟੇਡੀਅਮ ਪੰਜਾਬ ਦਾ ਇਕਲੌਤਾ ਸਟੇਡੀਅਮ ਬਣ ਗਿਆ ਹੈ ਜਿਸ ਵਿੱਚ ਕੁੱਲ 10 ਕੋਰਟ ਹਨ। ਇਸ ਮੌਕੇ ਡਾ. ਅਗਰਵਾਲ ਵੱਲੋਂ ਉਹਨਾਂ ਖਿਡਾਰੀਆਂ ਨੂੰ ਨਕਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ਜਿਨ੍ਹਾਂ ਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਪੰਜਾਬ ਅਤੇ ਜ਼ਿਲ੍ਹੇ ਦਾ ਨਾਮ ਰੋਸ਼ਨ ਕੀਤਾ। ਸਮਾਗਮ ਦੌਰਾਨ ਇੰਡੀਅਨ ਆਇਲ ਜਲੰਧਰ ਡਿਸਟ੍ਰਿਕਟ ਬੈਡਮਿੰਟਨ ਚੈਂਪੀਅਨਸ਼ਿਪ (28 ਤੋਂ 31 ਅਗਸਤ 2025) ਦਾ ਪੋਸਟਰ ਵੀ ਰਿਲੀਜ਼ ਕੀਤਾ ਗਿਆ। ਇਸ ਮੌਕੇ 'ਤੇ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਦੇ ਮਾਣਯੋਗ ਸਚਿਵ ਅਤੇ ਸਾਬਕਾ ਰਾਸ਼ਟਰੀ ਖਿਡਾਰੀ ਰਿਤਿਨ ਖੰਨਾ ਨੇ ਪ੍ਰੋਜੈਕਟ ਸੰਬੰਧੀ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਪੂਰੇ ਵਿਕਾਸ ਕਾਰਜ ਦੀ ਲਾਗਤ 25 ਲੱਖ ਰੁਪਏ ਰਹੀ ਅਤੇ ਇਹ ਸਿਰਫ ਤਿੰਨ ਮਹੀਨਿਆਂ 'ਚ ਪੂਰਾ ਕੀਤਾ ਗਿਆ। ਉਨ੍ਹਾਂ ਇਹ ਵੀ ਦੱਸਿਆ ਕਿ ਹੁਣ ਖਿਡਾਰੀ ਬਹੁਤ ਹੀ ਕਿਫਾਇਤੀ ਦਰਾਂ 'ਤੇ ਪੇ ਐਂਡ ਪਲੇ ਅਧਾਰ 'ਤੇ ਹਡਲ ਐਪ ਰਾਹੀਂ ਜਾਂ ਸਿੱਧਾ ਐਸੋਸੀਏਸ਼ਨ ਰਾਹੀਂ ਆਪਣਾ ਸਲੌਟ ਬੁੱਕ ਕਰ ਸਕਣਗੇ। ਇਨ੍ਹਾਂ ਨਵੀਆਂ ਸਹੂਲਤਾਂ ਰਾਹੀਂ ਹੁਣ ਲੋਕ ਇੱਕ ਥਾਂ 'ਤੇ ਬੈਡਮਿੰਟਨ ਅਤੇ ਪਿਕਲਬਾਲ ਦੋਹਾਂ ਦਾ ਆਨੰਦ ਲੈ ਸਕਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਸਟੇਡੀਅਮ ਨੂੰ ਹੋਰ ਅਧੁਨਿਕ ਬਣਾਉਣ ਲਈ ਕਈ ਹੋਰ ਪ੍ਰੋਜੈਕਟ ਵੀ ਪਾਈਪਲਾਈਨ ਵਿੱਚ ਹਨ। ਹੁਣ ਸਟੇਡੀਅਮ ਵਿੱਚ 10 ਕੋਰਟ, ਜਿਮਨੇਜ਼ੀਅਮ, ਯੋਗਾ ਅਤੇ ਏਰੋਬਿਕਸ ਸੈਂਟਰ, ਰੈਸਟੋਰੈਂਟ, ਫਿਜ਼ੀਓਥੈਰੇਪੀ ਸੈਂਟਰ, ਖੇਡ ਸਾਮਾਨ ਦੀ ਦੁਕਾਨ ਅਤੇ ਰਨਿੰਗ ਟਰੈਕ ਵਰਗੀਆਂ ਆਧੁਨਿਕ ਸੁਵਿਧਾਵਾਂ ਉਪਲਬਧ ਹਨ।





# ਬੈਜ ਵੰਡ ਸਮਾਰੋਹ ਕਰਵਾਇਆ

**ਕਰਤਾਰਪੁਰ (ਹਰਮੇਸ਼ ਦੱਤ)**- ਵਿਦਿਆਰਥੀਆਂ ਵਿੱਚ ਜ਼ਿੰਮੇਵਾਰੀ ਦੀ ਭਾਵਨਾ ਦਾ ਵਿਕਾਸ ਕਰਨ ਅਤੇ ਉਸ ਨੂੰ ਤਨਦੇਹੀ ਨਾਲ ਨਿਭਾਉਣ ਦੀ ਪ੍ਰੇਰਣਾ ਦੀ ਸਿੱਖਿਆ ਦੇਣ ਲਈ ਸੰਤ ਬਾਬਾ ਓਂਕਾਰ ਨਾਥ ਸੀਨੀਅਰ ਸੈਕੰਡਰੀ ਸਕੂਲ , ਕਾਲਾ ਬਾਹੀਆਂ (ਜਲੰਧਰ) ਦੀ ਮੈਨੇਜਮੈਂਟ ਅਤੇ ਸਟਾਫ ਵੱਲੋਂ ਸਕੂਲ ਕੈਂਪਸ 'ਚ ਬੈਜ ਵੰਡ ਸਮਾਰੋਹ ਦਾ ਆਯੋਜਨ ਕੀਤਾ। ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਐਸੋਸੀਏਸ਼ਨ (ਰਜਿ:) ਕਰਤਾਰਪੁਰ ਦੇ ਪ੍ਰਧਾਨ ਸਸਤਨਾਮ ਸਿੰਘ ਵਿਰਦੀ ਬਤੌਰ ਮੁੱਖ ਮਹਿਮਾਨ ਹਾਜ਼ਰ ਹੋਏ। ਇਸ ਮੌਕੇ ਮੁੱਖ ਮਹਿਮਾਨ ਅਤੇ ਉਨ੍ਹਾਂ ਨਾਲ ਆਏ ਮਹਿਮਾਨਾਂ ਵੱਲੋਂ ਸਕੂਲ ਦੀਆਂ ਸਾਰੀਆਂ ਸ਼੍ਰੇਣੀਆਂ ਦੇ ਮੋਨੀਟਰ, ਹਾਊਸ ਕੈਪਟਨ, ਵਾਈਸ ਕੈਪਟਨ, ਹੈੱਡ ਬੁਆਏ, ਹੈੱਡ ਗਰਲ ਨੂੰ ਬੈਜ ਲਗਾ ਕੇ ਸਨਮਾਨਿਤ ਕੀਤਾ। ਮੁੱਖ ਮਹਿਮਾਨ ਸਤਨਾਮ ਸਿੰਘ ਵੱਲੋਂ ਆਪਣੇ ਸੰਬੋਧਨ ਵਿੱਚ ਬੈਜ ਪ੍ਰਾਪਤ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਆਪਣੀ ਡਿਊਟੀ ਜ਼ਿੰਮੇਵਾਰੀ ਨਾਲ ਨਿਭਾਉਣ ਅਤੇ ਬਾਕੀ ਵਿਦਿਆਰਥੀਆਂ ਲਈ ਇੱਕ ਉਦਾਹਰਣ ਬਣਨ ਦੀ ਸਿੱਖਿਆ ਦਿੱਤੀ। ਸਕੂਲ ਡਾਇਰੈਕਟਰ ਅਮਰੀਕ ਸਿੰਘ ਵੱਲੋਂ ਆਏ ਹੋਏ ਮਹਿਮਾਨਾਂ ਦਾ ਸਕੂਲ ਮੈਨੇਜਮੈਂਟ ਅਤੇ ਸਕੂਲ ਸਟਾਫ ਵੱਲੋਂ ਧੰਨਵਾਦ ਕੀਤਾ। ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਤਨਾਮ ਸਿੰਘ ਵਿਰਦੀ, ਲਖਵੀਰ ਸਿੰਘ, ਜਸਵੀਰ ਸਿੰਘ, ਓਂਕਾਰ ਸਿੰਘ ਵਿੱਲਖੂ , ਸਕੂਲ ਡਾਇਰੈਕਟਰ ਅਮਰੀਕ ਸਿੰਘ, ਪ੍ਰਿੰਸੀਪਲ ਕੁਲਵਿੰਦਰ ਕੌਰ, ਗੇਂਦੀ ਰਾਮ, ਸੀਮਾ, ਨਿਤਿਕਾ ਕਮਲ, ਅਵਰਿੰਦਰ ਕੌਰ, ਨੀਲਮ, ਕੰਵਲਜੀਤ ਕੌਰ, ਪਰਮਜੀਤ ਕੌਰ, ਨੀਰੂ ਡੇਵਿਟ, ਸੁਮਨ, ਰਾਜ ਰਾਣੀ, ਵੀਨਾ ਕੁਮਾਰੀ, ਰੀਟਾ, ਸਵੀਟੀ, ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਤੀਆਂ ਦਾ ਤਿਉਹਾਰ ਤੇ ਜਨਮ ਅਸ਼ਟਮੀ ਧੂਮਧਾਮ ਨਾਲ ਮਨਾਈ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਸੇਂਟ ਮੇਰੀ ਕਾਨਵੈਂਟ ਸਕੂਲ ਸੱਧਾ ਚੱਕ, ਭੋਗਪੁਰ ਵਿਖੇ ਮੁੱਖ ਅਧਿਆਪਕਾ ਸਿਸਟਰ ਟਿੰਸੀ ਐੱਸ ਜੇ, ਉਪ-ਮੁੱਖ ਅਧਿਆਪਕਾ ਸਿਸਟਰ ਸੋਫ਼ੀਆ ਅਤੇ ਸਮੂਹ ਅਧਿਆਪਕਾਂ ਦੀ ਅਗਵਾਈ 'ਚ ਤੀਆਂ ਦਾ ਤਿਉਹਾਰ ਤੇ ਜਨਮ ਅਸ਼ਟਮੀ ਧੂਮਧਾਮ ਨਾਲ ਮਨਾਈ ਗਈ। ਇਸ ਸਮੇਂ ਸਟੇਜ ਦੀ ਰਵਾਇਤੀ ਢੰਗ ਨਾਲ ਸਜਾਵਟ ਕੀਤੀ ਗਈ ਸੀ । ਸਭ ਤੋਂ ਪਹਿਲਾਂ ਸਵੇਰ ਦੀ ਪ੍ਰਾਰਥਨਾ ਸਭਾ ਹੋਈ ਜਿਸ ਵਿੱਚ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਜਨਮ ਅਸ਼ਟਮੀ ਨਾਲ ਸੰਬੰਧਤ ਖੂਬਸੂਰਤ ਝਾਕੀ ਪੇਸ਼ ਕੀਤੀ ਜੋ ਸ਼੍ਰੀ ਕ੍ਰਿਸ਼ਨ ਦੇ ਜਨਮ ਤੇ ਬਾਲ ਲੀਲਾਵਾਂ ਨਾਲ ਸੰਬੰਧਤ ਸੀ। ਇਸ ਤੋਂ ਬਾਅਦ ਜਨਮ ਅਸ਼ਟਮੀ ਨਾਲ ਸੰਬੰਧਤ ਪਹਿਲੀ ਤੋਂ ਤੀਸਰੀ ਜਮਾਤ ਤੱਕ ਦੇ ਵਿਦਿਆਰਥੀਆਂ ਵਿਚਕਾਰ ਫੈਂਸੀ ਡਰੈੱਸ ਮੁਕਾਬਲੇ ਕਰਵਾਏ ਜਿਸ ਵਿੱਚ ਨੰਨੇ ਮੁੰਨੇ ਬੱਚੇ ਰਾਧਾ ਕ੍ਰਿਸ਼ਨ ਬਣ ਕੇ ਆਏ। ਤੀਆਂ ਦੇ ਸਮਾਗਮ 'ਚ ਚੌਥੀ ਜਮਾਤ ਤੋਂ ਲੈਕੇ ਦਸਵੀਂ ਜਮਾਤ ਤੱਕ ਦੀਆਂ ਵਿਦਿਆਰਥਣਾਂ ਦੇ ਸੱਭਿਆਚਾਰਕ ਮੁਕਾਬਲੇ ਕਰਵਾਏ ਗਏ ਜਿਹਨਾਂ ਵਿੱਚ ਵਿਦਿਆਰਥਣਾਂ ਨੇ ਰਵਾਇਤੀ ਪੰਜਾਬੀ ਪਹਿਰਾਵੇ ਵਿੱਚ ਗਿੱਧਾ ਤੇ ਬੋਲੀਆਂ ਪਾ ਕੇ ਸੱਭਿਆਚਾਰ ਦੀ ਝਲਕ ਪੇਸ਼ ਕੀਤੀ। ਦਸਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕਰਕੇ ਸਮਾਂ ਬੰਨ੍ਹ ਦਿੱਤਾ। ਅੰਤ ਵਿੱਚ ਸਕੂਲ ਦੀ ਮੁੱਖ ਅਧਿਆਪਕਾ ਨੇ ਸਭ ਨੂੰ ਤੀਆਂ ਅਤੇ ਜਨਮ ਅਸ਼ਟਮੀ ਦੀਆਂ ਵਧਾਈਆਂ ਦਿੱਤੀਆਂ ।

# ਏ ਜੀ ਆਈ ਗਲੋਬਲ ਸਕੂਲ 'ਚ ਹੀਰੋਸ਼ੀਮਾ ਦੀ ਤ੍ਰਾਸਦੀ ਦੀ 80ਵੀਂ ਵਰ੍ਹੇਗੰਢ 'ਤੇ ਸੈਮੀਨਾਰ

**ਜਲੰਧਰ (ਰਾਜੇਸ਼ ਥਾਪਾ)**- ਏ ਜੀ ਆਈ ਗਲੋਬਲ ਸਕੂਲ ਵਿਖੇ ਹੀਰੋਸ਼ੀਮਾ ਦੀ 80ਵੀਂ ਵਰ੍ਹੇਗੰਢ ਵਾਲੇ ਦਿਨ ਇੱਕ ਸੈਮੀਨਾਰ ਆਯੋਜਨ ਕੀਤਾ ਗਿਆ। ਏ ਜੀ ਆਈ ਗਲੋਬਲ ਸਕੂਲ ਦੀ ਚੇਅਰਪਰਸਨ ਸ੍ਰੀਮਤੀ ਸਰਵਿੰਦਰਜੀਤ ਕੌਰ ਨੇ ਕਿਹਾ ਕਿ ਅੱਜ ਦੀ ਦੁਨੀਆ ਵਿੱਚ ਜਦੋਂ ਜੰਗ ਨਾਲ ਬਹੁਤ ਜ਼ਿਆਦਾ ਤਬਾਹੀ ਹੁੰਦੀ ਹੈ ਤਾਂ ਅਸੀਂ ਆਪਣੇ ਬੱਚਿਆਂ ਨੂੰ ਨਾ ਸਿਰਫ ਇਤਿਹਾਸ ਜਾਂ ਜੰਗ ਦੇ ਮੌਜੂਦਾ ਦ੍ਰਿਸ਼ ਨੂੰ ਦਿਖਾਉਣ ਵਿੱਚ ਵਿਸ਼ਵਾਸ ਰੱਖਦੇ ਹਾਂ, ਸਗੋਂ ਉਨ੍ਹਾਂ ਨੂੰ ਇਸ ਦੇ ਡੂੰਘੇ ਮਨੁੱਖੀ ਸਬਕ ਸਮਝਣ ਵਿੱਚ ਵੀ ਮਦਦ ਕਰਦੇ ਹਾਂ। ਇੱਕ ਅਜਿਹਾ ਹੀ ਸ਼ਕਤੀਸ਼ਾਲੀ ਸਬਕ ਹੀਰੋਸ਼ੀਮਾ ਦੀ ਤ੍ਰਾਸਦੀ ਹੈ, ਜੋ ਯੁੱਧ ਦੇ ਸਭ ਤੋਂ ਭੈੜੇ ਪੱਖ ਨੂੰ ਦਰਸਾਉਂਦੀ ਹੈ। ਇਸ ਮੌਕੇ ਸਕੂਲ ਦੀ ਡਾਇਰੈਕਟਰ ਹਰਲੀਨ ਮੋਹੰਤੀ ਨੇ ਕਿਹਾ, 6 ਅਗਸਤ, 1945 ਨੂੰ ਜਾਪਾਨ ਦੇ ਹੀਰੋਸ਼ੀਮਾ ਸ਼ਹਿਰ ਨੂੰ ਯੁੱਧ ਵਿੱਚ ਵਰਤੇ ਗਏ ਪਹਿਲੇ ਪ੍ਰਮਾਣੂ ਬੰਬ ਨਾਲ ਤਬਾਹ ਕਰ ਦਿੱਤਾ ਗਿਆ ਸੀ। ਹਜ਼ਾਰਾਂ ਮਾਸੂਮ ਲੋਕਾਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ ਅਤੇ ਬਹੁਤ ਸਾਰੇ ਹੋਰ ਸਾਲਾਂ ਤੱਕ ਸੜਨ, ਬਿਮਾਰੀ ਅਤੇ ਰੇਡੀਏਸ਼ਨ ਦੇ ਲੰਬੇ ਸਮੇਂ ਤੱਕ ਚੱਲਣ ਵਾਲੇ ਪ੍ਰਭਾਵਾਂ ਕਾਰਨ ਦੁੱਖ ਝੱਲਦੇ ਰਹੇ। ਪਰਵਾਰ ਟੁੱਟ ਗਏ, ਬੱਚਿਆਂ ਨੇ ਆਪਣੇ ਮਾਪਿਆਂ ਨੂੰ ਗੁਆ ਦਿੱਤਾ, ਅਤੇ ਇੱਕ ਪੂਰਾ ਸ਼ਹਿਰ ਸਕਿੰਟਾਂ ਵਿੱਚ ਸੁਆਹ ਹੋ ਗਿਆ। ਸਕੂਲ ਪ੍ਰਿੰਸੀਪਲ ਆਰਤੀ ਸ਼ਰਮਾ ਨੇ ਕਿਹਾ ਕਿ ਅਸੀਂ ਵਿਦਿਆਰਥੀਆਂ ਨੂੰ ਇਹ ਸਮਝਣ ਵਿੱਚ ਮਦਦ ਕਰਦੇ ਹਾਂ ਕਿ ਸ਼ਾਂਤੀ, ਸੰਵਾਦ ਅਤੇ ਦਿਆਲਤਾ ਹਮੇਸ਼ਾ ਹਿੰਸਾ ਨਾਲੋਂ ਬਿਹਤਰ ਹੁੰਦੀ ਹੈ। ਕਹਾਣੀਆਂ, ਤਸਵੀਰਾਂ ਅਤੇ ਵਿਚਾਰ-ਵਟਾਂਦਰੇ ਰਾਹੀਂ, ਬੱਚਿਆਂ ਨੂੰ ਇੱਕ ਅਜਿਹੀ ਦੁਨੀਆ ਦੀ ਕਲਪਨਾ ਕਰਨ ਲਈ ਉਤਸ਼ਾਹਤ ਕੀਤਾ ਜਾਂਦਾ ਹੈ ਜਿੱਥੇ ਦੇਸ਼ ਲੜਾਈ ਕਰਕੇ ਨਹੀਂ, ਸਗੋਂ ਗੱਲਬਾਤ ਕਰਕੇ ਸਮੱਸਿਆਵਾਂ ਦਾ ਹੱਲ ਕਰਦੇ ਹਨ। ਹੀਰੋਸ਼ੀਮਾ ਦੁਖਾਂਤ ਨਾ ਸਿਰਫ ਇਤਿਹਾਸ ਬਾਰੇ, ਸਗੋਂ ਨਫ਼ਰਤ ਅਤੇ ਤਬਾਹੀ ਉੱਤੇ ਪਿਆਰ ਅਤੇ ਮਨੁੱਖਤਾ ਨੂੰ ਚੁਣਨ ਬਾਰੇ ਇੱਕ ਸ਼ਕਤੀਸ਼ਾਲੀ ਸਬਕ ਬਣ ਜਾਂਦਾ ਹੈ। ਏ ਜੀ ਆਈ ਗਲੋਬਲ ਸਕੂਲ ਵਿਖੇ ਸਾਡਾ ਉਦੇਸ਼ ਇੱਕ ਅਜਿਹੀ ਪੀੜ੍ਹੀ ਦਾ ਨਿਰਮਾਣ ਕਰਨਾ ਹੈ ਜੋ ਸ਼ਾਂਤੀ ਦੀ ਕਦਰ ਕਰਦੀ ਹੈ ਅਤੇ ਅਜਿਹੀਆਂ ਭਿਆਨਕ ਘਟਨਾਵਾਂ ਨੂੰ ਦੁਬਾਰਾ ਵਾਪਰਨ ਤੋਂ ਰੋਕਣ ਲਈ ਕੰਮ ਕਰਦੀ ਹੈ।



# ਸੰਗੋਵਾਲ ਸਕੂਲ ਦੇ ਵਿਦਿਆਰਥੀਆਂ ਨੇ ਜ਼ੋਨ ਪੱਧਰ ਦੀਆਂ ਖੇਡਾਂ 'ਚ ਮਾਰੀਆਂ ਮੱਲਾਂ

**ਮਹਿਤਪੁਰ (ਰਾਜਾ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਗੋਵਾਲ ਨਕੋਦਰ-1 ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਕਰਵਾਈਆਂ ਜ਼ੋਨ ਪੱਧਰ ਦੀਆਂ ਖੇਡਾਂ ਵਿੱਚ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਜ਼ਿਕਰਯੋਗ ਹੈ ਸਕੂਲ ਦੀਆਂ ਲੜਕੀਆਂ ਨੇ 17 ਕਬੱਡੀ 1 ਪੁਜੀਸ਼ਨ, 19 ਖੋ ਖੋ 1 ਪੁਜੀਸ਼ਨ, 19 ਬੈਡਮਿੰਟਨ 3 ਪੁਜੀਸ਼ਨ ਨਾਲ ਸ਼ਾਨਦਾਰ ਜਿੱਤ ਹਾਸਲ ਕੀਤੀ। ਏਸੇ ਤਰ੍ਹਾਂ ਲੜਕਿਆਂ ਨੇ 17 ਵਾਲੀਬਾਲ 1 ਪੁਜੀਸ਼ਨ, 17 ਬੈਡਮਿੰਟਨ 2 ਪੁਜੀਸ਼ਨ, 17 ਖੋ-ਖੋ 3 ਪੁਜੀਸ਼ਨ, 17 ਕਬੱਡੀ 3 ਪੁਜੀਸ਼ਨ, 14 ਬੈਡਮਿੰਟਨ 2 ਪੁਜੀਸ਼ਨਾਂ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਸਕੂਲ ਦੀਆਂ ਗਿਆਰਾਂ ਟੀਮਾਂ ਵਿੱਚੋਂ ਅੱਠ ਟੀਮਾਂ ਨੇ ਜਿੱਤ ਹਾਸਿਲ ਕੀਤੀ। ਜ਼ੋਨ ਪੱਧਰ ਤੇ ਸ਼ਾਨਦਾਰ ਪ੍ਰਾਪਤੀਆਂ ਲੈ ਕੇ ਵਿਦਿਆਰਥੀਆਂ ਨੇ ਆਪਣਾ ਨਾਮ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਅੰਕਿਤ ਕਰ ਲਿਆ ਹੈ। ਇਹਨਾਂ ਸ਼ਾਨਦਾਰ ਖੇਡ ਪ੍ਰਾਪਤੀਆਂ ਦਾ ਸਿਹਰਾ ਲੈਕਚਰਾਰ ਗੁਰਮੁੱਖ ਸਿੰਘ, ਡੀ ਪੀ ਈ ਪਰਮਿੰਦਰ ਤੇ ਸਮੂਹ ਸਟਾਫ ਨੂੰ ਜਾਂਦਾ ਹੈ। ਇਸ ਮੌਕੇ 'ਤੇ ਸਕੂਲ ਸਟਾਫ ਲੈਕਚਰਾਰ ਮੁਕੇਸ਼ ਚੋਪੜਾ, ਸਤਿੰਦਰ ਕੌਰ, ਰੇਖਾ ਵਰਮਾ, ਨਵਰੀਤ ਕੌਰ, ਮਨਦੀਪ ਕੌਰ, ਹਰਜੀਤ ਕੌਰ, ਸੋਨੀਆ ਭਾਰਦਵਾਜ, ਮਨਪ੍ਰੀਤ ਕੌਰ, ਛਿੰਦਰ ਕੌਰ ਆਦਿ ਹਾਜ਼ਰ ਸਨ।

# ਮੋਦੀ ਸਰਕਾਰ ਸੂਬਿਆਂ 'ਤੇ ਜ਼ਬਰਦਸਤੀ ਹਿੰਦੀ ਭਾਸ਼ਾ ਥੋਪ ਰਹੀ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਇੱਕ ਵਿਸ਼ੇਸ਼ ਮੀਟਿੰਗ ਫੋਰਸ ਦੇ ਮੁੱਖ ਦਫਤਰ ਭਗਤ ਨਗਰ ਨੇੜੇ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫ਼ਤਿਹਗੜ੍ਹ ਅਤੇ ਅਨਿਲ ਕੁਮਾਰ ਬੱਟੀ ਹਲਕਾ ਹਰਿਆਣਾ ਭੂੰਗਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਸੂਬਿਆਂ 'ਤੇ ਜ਼ਬਰਦਸਤੀ ਹਿੰਦੀ ਭਾਸ਼ਾ ਥੋਪ ਕੇ ਦੇਸ਼ ਦੀ ਸਦਭਾਵਨਾ ਨੂੰ ਵਿਗਾੜਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਆਧਾਰ ਕਾਰਡ 'ਤੇ ਪੰਜਾਬੀ ਭਾਸ਼ਾ ਹਟਾ ਕੇ ਮੋਦੀ ਸਰਕਾਰ ਨੇ ਇੱਕ ਵਾਰ ਫਿਰ ਖੇਤਰੀ ਭਾਸ਼ਾਵਾਂ ਪ੍ਰਤੀ ਆਪਣੇ ਨਫ਼ਰਤੀ ਇਰਾਦੇ ਨੂੰ ਦਰਸਾਇਆ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਆਧਾਰ ਕਾਰਡ 'ਤੇ ਅੰਗਰੇਜ਼ੀ ਦੇ ਨਾਲ-ਨਾਲ ਖੇਤਰੀ ਭਾਸ਼ਾਵਾਂ ਵਿੱਚ ਵੀ ਜਾਣਕਾਰੀ ਦਰਜ ਕੀਤੀ ਜਾਂਦੀ ਸੀ। ਪਰ ਹੁਣ ਨਵੇਂ ਜਾਂ ਸੋਧ ਕਰਕੇ ਜਾਰੀ ਕੀਤੇ ਜਾ ਰਹੇ ਆਧਾਰ ਕਾਰਡਾਂ ਵਿੱਚੋਂ ਪੰਜਾਬੀ ਭਾਸ਼ਾ ਗਾਇਬ ਹੈ ਜੋ ਕਿ ਬਹੁਤ ਹੀ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਯੂਨੀਕ ਆਈਡੈਂਟੀਫਿਕੇਸ਼ਨ ਅਥਾਰਟੀ ਆਫ਼ ਇੰਡੀਆ (ਯੂ ਆਈ ਡੀ ਏ ਆਈ) ਭਾਰਤ ਸਰਕਾਰ ਦੇ ਅਧੀਨ ਹੈ ਅਤੇ ਕੋਈ ਵੀ ਸਰਕਾਰੀ ਅਥਾਰਟੀ ਕੇਂਦਰ ਸਰਕਾਰ ਦੀ ਸਹਿਮਤੀ ਤੋਂ ਬਿਨਾਂ ਅਜਿਹਾ ਫੈਸਲਾ ਨਹੀਂ ਲੈ ਸਕਦੀ। ਪ੍ਰਧਾਨ ਮੰਤਰੀ ਮੋਦੀ ਅਕਸਰ ਇੱਕ ਭਾਰਤ, ਇੱਕ ਚੋਣ, ਇੱਕ ਸਰਕਾਰੀ ਭਾਸ਼ਾ ਦੀ ਗੱਲ ਕਰਦੇ ਹਨ, ਜੋ ਕਿ ਖੇਤਰੀ ਭਾਸ਼ਾਵਾਂ ਅਤੇ ਖੇਤਰੀ ਪਛਾਣ ਨੂੰ ਤਬਾਹ ਕਰਨ ਦੀ ਇੱਕ ਡੂੰਘੀ ਸਾਜ਼ਿਸ਼ ਹੈ, ਜਿਸ ਨੂੰ ਕਦੇ ਵੀ ਸਵੀਕਾਰ ਨਹੀਂ ਕੀਤਾ ਜਾ ਸਕਦਾ।ਆਗੂਆਂ ਕਿਹਾ ਕਿ ਭਾਰਤ ਵਿੱਚ ਬੋਲੀ ਜਾਣ ਵਾਲੀ ਹਰ ਭਾਸ਼ਾ ਅਤੇ ਹਰ ਲਿੱਪੀ ਦਾ ਸਤਿਕਾਰ ਕੀਤਾ ਜਾਣਾ ਚਾਹੀਦਾ ਹੈ। ਪਰ ਜਦੋਂ ਤੋਂ ਕੇਂਦਰ ਵਿੱਚ ਮੋਦੀ ਸਰਕਾਰ ਸੱਤਾ ਵਿੱਚ ਆਈ ਹੈ, ਉਦੋਂ ਤੋਂ ਦੇਸ਼ ਉੱਤੇ ਆਰ ਐਸ ਐਸ ਦੇ ਨਫ਼ਰਤ ਭਰੇ ਏਜੰਡੇ ਨੂੰ ਥੋਪਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਇਹ ਬਦਕਿਸਮਤੀ ਦੀ ਗੱਲ ਹੈ ਕਿ ਪੰਜਾਬੀ ਸੂਬਾ ਬਣਨ ਤੋਂ ਐਨੇ ਸਾਲ ਬੀਤ ਜਾਣ ਦੇ ਬਾਵਜੂਦ ਭਾਜਪਾ-ਆਰ ਐਸ ਐਸ ਦਾ ਪੰਜਾਬੀਆਂ ਨਾਲ ਵਿਤਕਰਾ ਜਾਰੀ ਹੈ। ਉਨ੍ਹਾਂ ਯਾਦ ਦਿਵਾਇਆ ਕਿ ਇਹ ਉਹੀ ਭਾਜਪਾ ਆਰ ਐਸ ਐਸ ਹੈ, ਜਿਸਨੇ ਪੰਜਾਬੀ ਸੂਬਾ ਬਣਨ ਦੌਰਾਨ ਪੰਜਾਬੀਆਂ ਨੂੰ ਆਪਣੀ ਮਾਂ ਬੋਲੀ ਨੂੰ ਹਿੰਦੀ ਵਿੱਚ ਲਿਖਣ ਲਈ ਉਕਸਾਉਂਦੇ ਹੋਏ ਕਈ ਪੰਜਾਬੀ ਬੋਲਦੇ ਇਲਾਕਿਆਂ ਨੂੰ ਹਰਿਆਣਾ ਵਿੱਚ ਸ਼ਾਮਲ ਕਰਵਾਉਣ ਦਾ ਵੱਡਾ ਪਾਪ ਵੀ ਕੀਤਾ ਸੀ। ਉਹਨਾਂ ਕਿਹਾ ਕਿ ਹੁਣ ਆਧਾਰ ਕਾਰਡ ਤੋਂ ਪੰਜਾਬੀ ਹਟਾ ਕੇ ਉਨ੍ਹਾਂ ਨੇ ਇੱਕ ਵਾਰ ਫਿਰ ਪੰਜਾਬੀਆਂ ਦੇ ਪੁਰਾਣੇ ਜ਼ਖ਼ਮ ਹਰੇ ਕਰ ਦਿੱਤੇ ਹਨ। ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਪਹਿਲਾਂ ਵਾਂਗ ਅੰਗਰੇਜ਼ੀ ਦੇ ਨਾਲ-ਨਾਲ ਆਧਾਰ ਕਾਰਡ 'ਤੇ ਪੰਜਾਬੀ ਨੂੰ ਵੀ ਲਾਗੂ ਕੀਤਾ ਜਾਵੇ, ਨਹੀਂ ਤਾਂ ਪੰਜਾਬ ਦੇ ਬਸ਼ਿੰਦੇ ਪੰਜਾਬੀ ਭਾਸ਼ਾ ਦੇ ਸਤਿਕਾਰ ਨੂੰ ਬਹਾਲ ਕਰਨ ਲਈ ਕੇਂਦਰ ਸਰਕਾਰ ਵਿਰੁੱਧ ਵੱਡਾ ਅੰਦੋਲਨ ਸ਼ੁਰੂ ਕਰਨ ਲਈ ਮਜਬੂਰ ਹੋਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਚਰਨਜੀਤ ਡਾਡਾ, ਸਤੀਸ਼ ਕੁਮਾਰ ਬਸੀ ਬਾਹਦ, ਰਾਮ. ਮੂਰਤੀ ਸ਼ੇਰਪੁਰ ਗੁਲਿੰਡ ਬੱਬੂ ਹਰਿਆਣਾ, ਨਵਜੋਤ, ਦੀਪ ਹਰਿਆਣਾ, ਸਾਬੀ ਸੁੰਦਰ ਨਗਰ, ਮਨੀ ਸੁੰਦਰ ਨਗਰ, ਰਵੀ ਸੁੰਦਰ ਨਗਰ, ਵਿਪਨ ਕੁਮਾਰ ਬੱਸੀ ਕਲਾ, ਹੈਪੀ ਬਿਹਾਲਾ ਲਖਵਿੰਦਰ ਬਿਹਾਲਾ, ਵਿਪਨ ਕੁਮਾਰ ਬਿਹਾਲਾ, ਜੱਸੀ ਚੱਬੇਵਾਲ, ਕਮਲਜੀਤ ਡਾਡਾ, ਵਿਸ਼ਾਲ, ਨੋਨੀ, ਢਿੱਲੋਂ ਬੱਧਣ, ਮਨਿੰਦਰ ਬਸੀ ਕਿੱਕਰਾਂ, ਆਦਿ ਹਾਜ਼ਰ ਸਨ।



# ਵਿੱਤੀ ਸਾਲ 2026-27 ਤੱਕ ਲੱਗਣਗੇ ਦੋ ਲੱਖ ਤੋਂ ਵੱਧ ਰੂਫਟਾਪ ਸੌਰ ਊਰਜਾ ਪਲਾਂਟ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਨੇ ਹਰਿਤ ਊਰਜਾ ਅਪਨਾਉਣ ਦੀ ਦਿਸ਼ਾ ਵਿੱਚ ਤੇਜੀ ਨਾਲ ਕਦਮ ਵਧਾਉਂਦੇ ਹੋਏ ਵਿੱਤ ਸਾਲ 2026-27 ਤੱਕ ਪ੍ਰਧਾਨ ਮੰਤਰੀ ਸੂਰਿਆ ਘਰ-ਮੁਫਤ ਬਿਜਲੀ ਯੋਜਨਾ ਤਹਿਤ ਦੋ ਲੱਖ ਤੋਂ ਵੱਧ ਰੂਫਟਾਪ ਸੌਰ ਉਰਜਾ ਪਲਾਂਟਾਂ ਦੀ ਸਥਾਪਨਾ ਦਾ ਮਹਤੱਵਪੂਰਣ ਟੀਚਾ ਰੱਖਿਆ ਹੈ। ਇਸ ਤੋਂ ਇਲਾਵਾ 31 ਦਸੰਬਰ, 2025 ਤੱਕ ਸੂਬੇ ਦੇ ਸਾਰੇ ਸਰਕਾਰੀ ਭਵਨਾਂ ਨੂੰ ਬਿਨ੍ਹਾ ਕਿਸੇ ਕੇਂਦਰੀ ਵਿੱਤੀ ਸਹਾਇਤਾ ਦੇ ਸੌਰ ਊਰਜਾ ਨਾਲ ਜਗਮਗਾਉਣ ਦਾ ਵੀ ਟੀਚਾ ਹੈ। ਕੁੱਲ 122 ਮੇਗਾਵਾਟ ਦੀ ਸੌਰ ਸਮਰੱਥਾ ਵਾਲੇ 4,523 ਸਰਕਾਰੀ ਭਵਨਾਂ ਦਾ ਸਰਵੇਖਣ ਪਹਿਲਾਂ ਹੀ ਪੂਰਾ ਹੋ ਚੁੱਕਾ ਹੈ। ਇਹ ਜਾਣਕਾਰੀ ਇੱਥੇ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਦੀ ਅਗਵਾਈ ਹੇਠ ਹੋਈ ਸੂਬਾ ਪੱਧਰੀ ਤਾਲਮੇਲ ਕਮੇਟੀ ਦੀ ਮੀਟਿੰਗ ਦੌਰਾਨ ਦਿੱਤੀ। ਊਰਜਾ ਵਿਭਾਗ ਦੇ ਵਧੀਕ ਮੁੱਖ ਸਕੱਤਰ ਏ. ਕੇ. ਸਿੰਘ ਨੇ ਦੱਸਿਆ ਕਿ ਸੂਬੇ ਵਿੱਚ ਹੁਣ ਤੱਕ 30,631 ਰੂਫਟਾਪ ਸੋਲਰ (ਆਰ ਟੀ ਐੱਫ) ਸਥਾਪਿਤ ਕੀਤੇ ਜਾ ਚੁੱਕੇ ਹਨ।ਮੀਟਿੰਗ ਵਿੱਚ ਦੱਸਿਆ ਗਿਆ ਕਿ ਕੈਥਲ ਜ਼ਿਲ੍ਹੇ ਦਾ ਬਾਲੂ ਪਿੰਡ ਸੂਬੇ ਦਾ ਪਹਿਲਾ ਆਦਰਸ਼ ਸੌਰ ਪਿੰਡ ਬਣ ਗਿਆ ਹੈ, ਜਦੋਂ ਕਿ ਕਰਨਾਲ ਅਤੇ ਕੁਰੂਕਸ਼ੇਤਰ ਵਿੱਚ ਚੋਣ ਪ੍ਰਕਿਰਿਆ ਚੱਲ ਰਹੀ ਹੈ।

# ਜੀ ਆਰ ਡੀ ਸਕੂਲ ਵਿਖੇ ਬੱਚਿਆਂ ਨੇ ਰੱਖੜੀ ਦਾ ਤਿਉਹਾਰ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਸ਼੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ ਵੱਲੋਂ ਚਲਾਏ ਜਾ ਰਹੇ ਵਿਦਿਅਕ ਅਦਾਰੇ ਜੀ ਆਰ ਡੀ ਇੰਟਰਨੈਸ਼ਨਲ ਸਕੂਲ ਅਤੇ ਜੀ ਆਰ ਡੀ ਇੰਟਰਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਵਿਖੇ ਰੱਖੜੀ ਦਾ ਤਿਉਹਾਰ ਬੱਚਿਆਂ ਵੱਲੋਂ ਉਤਸ਼ਾਹ ਨਾਲ ਮਨਾਇਆ ਗਿਆ। ਜੀ ਆਰ ਡੀ ਇੰਟਰਨੈਸ਼ਨਲ ਨਰਸਿੰਗ ਕਾਲਜ ਦੀ ਪ੍ਰਿੰਸੀਪਲ ਰੇਨੂ ਬਾਲਾ ਅਤੇ ਜੀ ਆਰ ਡੀ ਇੰਟਰਨੈਸ਼ਨਲ ਸਕੂਲ ਦੇ ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ ਨੇ ਰੱਖੜੀ ਦੇ ਤਿਉਹਾਰ ਦੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਉਨਾਂ ਕਿਹਾ ਕਿ ਭੈਣਾਂ ਅਤੇ ਭਰਾਵਾਂ ਦੇ ਪਿਆਰ ਨੂੰ ਦਰਸਾਉਂਦਾ ਰੱਖੜੀ ਦਾ ਤਿਉਹਾਰ ਸਾਨੂੰ ਚਾਵਾਂ ਅਤੇ ਉਤਸ਼ਾਹ ਨਾਲ ਮਨਾਉਣਾ ਚਾਹੀਦਾ ਹੈ ਅਤੇ ਹਮੇਸ਼ਾ ਸਾਰਿਆਂ ਨੂੰ ਆਪਣੇ ਭੈਣਾਂ ਭਰਾਵਾਂ ਨਾਲ ਰਲ ਕੇ ਇਹੋ ਜਿਹੇ ਤਿਉਹਾਰ ਮਨਾਉਣੇ ਚਾਹੀਦੇ ਹਨ । ਜੀ ਆਰ ਡੀ ਇੰਟਰਨੈਸ਼ਨਲ ਇੰਸਟੀਟਿਊਸ਼ਨ ਦੇ ਚੇਅਰਪਰਸਨ ਸ਼੍ਰੀਮਤੀ ਪ੍ਰਦੀਪ ਕੌਰ ,ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ ਜੀ ਆਰ ਡੀ ਸਿੱਖਿਆ ਸੰਸਥਾਵਾਂ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਅਤੇ ਬਾਕੀ ਸਾਰੀ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਵੀ ਰੱਖੜੀ ਦੇ ਤਿਉਹਾਰ ਦੀ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ ,ਲਵਲੀ ਸੈਣੀ ,ਦਲਜਿੰਦਰ ਕੌਰ ,ਮਨਪ੍ਰੀਤ ਕੌਰ, ਗੁਰਪ੍ਰੀਤ ਕੌਰ, ਤਜਿੰਦਰ ਕੌਰ, ਬਲਜੀਤ ਕੌਰ, ਹਰਦੀਪ ਕੌਰ ,ਮਨਜੀਤ ਕੌਰ ,ਰਮਨਦੀਪ ਕੌਰ, ਸੀਮਾ ਬਾਘਾ, ਆਰਤੀ ਟਾਂਡਾ, ਸਕੂਲ ਅਤੇ ਨਰਸਿੰਗ ਕਾਲਜ ਦਾ ਸਟਾਫ ਹਾਜ਼ਰ ਸੀ।



# ਹਾਰਟਾ ਮਾਮਲੇ 'ਤੇ ਬਸਪਾ ਕਰੇਗੀ ਚੱਬੇਵਾਲ 'ਚ ਜਬਰ ਵਿਰੋਧੀ ਰੈਲੀ : ਚੌਧਰੀ, ਠੇਕੇਦਾਰ ਸਿੱਧੂ, ਐਡਵੋਕੇਟ ਮਾਨਾ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)**- ਬਹੁਜਨ ਸਮਾਜ ਪਾਰਟੀ ਪੰਜਾਬ ਦੇ ਕੋਆਰਡੀਨੇਟਰ ਗੁਰਨਾਮ ਚੌਧਰੀ, ਠੇਕੇਦਾਰ ਭਗਵਾਨ ਦਾਸ ਸਿੱਧੂ ਜਨਰਲ ਸਕੱਤਰ ਪੰਜਾਬ, ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਵਿਧਾਨ ਸਭਾ ਹਲਕਾ ਚੱਬੇਵਾਲ ਨੇ ਸਾਂਝੇ ਬਿਆਨ ਵਿਚ ਵਿਧਾਨ ਸਭਾ ਹਲਕਾ ਚੱਬੇਵਾਲ ਦੇ ਪਿੰਡ ਹਾਰਟਾ ਵਿਚ ਪੁਲਸ, ਪ੍ਰਸ਼ਾਸਨ ਵਲੋਂ ਇਕ ਪਰਵਾਰ ਦੀਆਂ ਔਰਤਾਂ, ਬੱਚੀਆਂ ਅਤੇ ਉਨਾਂ ਦਾ ਬਚਾਅ ਕਰ ਰਹੇ ਪਿੰਡ ਵਾਸੀਆਂ 'ਤੇ ਕੀਤੇ ਤਸ਼ੱਦਦ, ਅੱਤਿਆਚਾਰਾਂ ਦੀ ਸਖਤ ਨਿੰਦਿਆ ਕਰਦਿਆਂ ਕਿਹਾ ਕਿ ਪੰਜਾਬ ਅੰਦਰ ਲਾਅ ਐਂਡ ਆਰਡਰ ਦੀ ਸਥਿਤੀ ਬਹੁਤ ਗੰਭੀਰ ਰੂਪ ਧਾਰ ਚੁੱਕੀ ਹੈ। ਪੰਜਾਬ ਅੰਦਰ ਨਾਬਾਲਗ ਧੀਆਂ, ਔਰਤਾਂ, ਗਰੀਬਾਂ, ਮਜ਼ਲੂਮਾਂ 'ਤੇ ਜ਼ੁਲਮ ਹਰ ਰੋਜ਼ ਅਖਬਾਰਾਂ ਅਤੇ ਸੋਸ਼ਲ ਮੀਡੀਏ ਦੀਆਂ ਸੁਰਖੀਆਂ ਬਣ ਰਹੀਆਂ ਹਨ। ਬਸਪਾ ਆਗੂਆਂ ਨੇ ਕਿਹਾ ਕਿ ਪਿਛਲੇ ਦਿਨੀਂ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਨੇ ਜਦੋਂ ਬਸਪਾ ਚੱਬੇਵਾਲ ਦੀ ਟੀਮ ਨਾਲ ਪਿੰਡ ਹਾਰਟਾ ਦਾ ਦੌਰਾ ਕੀਤਾ ਤਾਂ ਜ਼ੁਲਮ ਦੇ ਸ਼ਿਕਾਰ ਲੋਕਾਂ ਨੇ ਰੋ ਰੋ ਕੇ ਪੁਲਸ ਪ੍ਰਸ਼ਾਸਨ ਵਲੋਂ ਕੀਤੀ ਧੱਕੇਸ਼ਾਹੀ ਦਾ ਹਾਲ ਦੱਸਿਆ ਸੀ ਜਿਸ ਨੂੰ ਸੁਣ ਕੇ ਹਰ ਕੋਈ ਦੰਗ ਰਹਿ ਗਿਆ ਕਿ ਇਕ ਪਾਸੇ ਜ਼ਿਲ੍ਹਾ ਪ੍ਰਸ਼ਾਸਨ ਅਜ਼ਾਦੀ ਵਰ੍ਹੇਗੰਢ ਦੀਆਂ ਤਿਆਰੀਆਂ ਕਰ ਰਿਹਾ ਹੈ, ਦੂਜੇ ਪਾਸੇ ਪੁਲਸ ਪ੍ਰਸ਼ਾਸਨ ਜਬਰ ਜ਼ੁਲਮਾਂ ਦੇ ਸਾਰੇ ਹੱਦ ਬੰਨੇ ਟੱਪ ਰਿਹਾ ਹੈ । ਬਸਪਾ ਆਗੂਆਂ ਨੇ ਕਿਹਾ 2027 ਵਿਚ ਪੰਜਾਬ ਦੇ ਵੋਟਰ ਆਮ ਆਦਮੀ ਪਾਰਟੀ ਸਰਕਾਰ ਤੋਂ ਇਨ੍ਹਾਂ ਅੱਤਿਆਚਾਰਾਂ ਦਾ ਹਿਸਾਬ ਕਰਨਗੇ। ਬਸਪਾ ਆਗੂਆਂ ਨੇ ਕਿਹਾ ਕਿ ਹਲਕਾ ਚੱਬੇਵਾਲ ਅੰਦਰ ਬਹੁਜਨ ਸਮਾਜ ਪਾਰਟੀ ਹਾਰਟਾ ਮਾਮਲੇ 'ਤੇ 23 ਅਗਸਤ ਨੂੰ ਪੰਜਾਬ ਸੰਭਾਲੋ ਮੁਹਿੰਮ ਤਹਿਤ ਜਬਰ ਵਿਰੋਧੀ ਰੈਲੀ ਕਰੇਗੀ ਜੋ ਆਮ ਆਦਮੀ ਪਾਰਟੀ, ਅਕਾਲੀ , ਕਾਂਗਰਸ ਅਤੇ ਭਾਜਪਾ ਦੀਆਂ ਕਿਸਾਨ, ਮਜ਼ਦੂਰ, ਦਲਿਤ, ਗਰੀਬ ਵਿਰੋਧੀ ਨੀਤੀਆਂ ਦਾ ਭਾਂਡਾ ਭੰਨੇਗੀ।



# ਸਵਾ ਕਿਲੋ ਹੈਰੋਇਨ ਤੇ ਸਵਿੱਫਟ ਕਾਰ ਸਮੇਤ ਕਾਬੂ



**ਕਪੂਰਥਲਾ (ਪ੍ਰੀਤ ਸੰਗੋਜਲਾ)** ਗੌਰਵ ਤੂਰਾ IPS, ਸੀਨੀਅਰ ਪੁਲਸ ਕਪਤਾਨ, ਕਪੂਰਥਲਾ ਨੇ ਦੱਸਿਆ ਕਿ ਇੰਸਪੈਕਟਰ ਜਰਨੈਲ ਸਿੰਘ ਇੰਚਾਰਜ ਸੀ.ਆਈ.ਏ ਕਪੂਰਥਲਾ ਦੀ ਨਿਗਰਾਨੀ ਹੇਠ ਐਸ.ਆਈ ਨਿਰਮਲ ਸਿੰਘ ਸੀ.ਆਈ.ਏ ਕਪੂਰਥਲਾ ਨੇ ਸਮੇਤ ਪੁਲਸ ਪਾਰਟੀ ਦੇ ਦੌਰਾਨੇ ਗਸ਼ਤ ਪਿੰਡ ਫੂਲੇਵਾਲ ਨੇੜਿਓਂ ਅੰਮ੍ਰਿਤਪਾਲ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਪਿੰਡ ਖੁਖਰੈਣ ਥਾਣਾ ਕੋਤਵਾਲੀ ਕਪੂਰਥਲਾ ਨੂੰ ਸਮੇਤ ਕਾਰ ਸਵਿਫਟ ਨੰਬਰੀ PB 08 DB 0797 ਦੇ ਕਾਬੂ ਕਰਕੇ ਦੀਪਕਰਨ ਸਿੰਘ, ਪੀ.ਪੀ.ਐਸ ਉਪ ਪੁਲਸ ਕਪਤਾਨ ਸਬ-ਡਵੀਜਨ ਕਪੂਰਥਲਾ ਦੀ ਨਿਗਰਾਨੀ ਹੇਠ ਗੱਡੀ ਦੀ ਤਲਾਸ਼ੀ ਕੀਤੀ ਤਾਂ ਉਸ ਵਿੱਚੋਂ 01 ਕਿਲੋ 230 ਗ੍ਰਾਮ ਹੈਰੋਇੰਨ ਬ੍ਰਾਮਦ ਹੋਈ, ਜਿਸ ਸਬੰਧੀ ਮੁਕੱਦਮਾ ਨੰਬਰ 184 ਮਿਤੀ 07.08.2025 ?/? BA(C), BI NDPS ACT ਤਹਿਤ ਗ੍ਰਿਫਤਾਰ ਕੀਤਾ ਗਿਆ ਹੈ।

## ਬੀ ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ ਰੱਖੜੀ ਦਾ ਤਿਉਹਾਰ ਮਨਾਇਆ

ਲੋਹੀਆਂ ਖਾਸ, (ਯੋਗੇਸ਼ਵਰ) : ਬੀ ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ ਵਾੜਾ ਜੋਧ ਸਿੰਘ ਵਿਖੇ ਧੰਨ ਧੰਨ ਸੰਤ ਬਾਬਾ ਨਾਹਰ ਸਿੰਘ ਜੀ ਅਤੇ ਸੰਤ ਬਾਬਾ ਕਪੂਰ ਸਿੰਘ ਜੀ ਦੇ ਆਸ਼ੀਰਵਾਦ ਨਾਲ ਰੱਖੜੀ ਦਾ ਪਵਿੱਤਰ ਤਿਉਹਾਰ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਵਿਜ਼ਡਮ ਹਾਊਸ ਵੱਲੋਂ ਰੱਖੜੀ ਦੇ ਤਿਉਹਾਰ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਵੱਲੋਂ ਮਨਮੋਹਨੀਆਂ ਰੱਖੜੀਆਂ ਬਣਾਈਆਂ ਗਈਆਂ। ਵਿਦਿਆਰਥੀਆਂ ਨੇ ਆਪਣੀਆਂ ਬਣਾਈਆਂ ਰੱਖੜੀਆਂ ਸਕੂਲ ਮੈਨੇਜਮੈਂਟ ਨੂੰ ਭੇਟ ਕਰਦਿਆ ਉਹਨਾਂ ਪ੍ਰਤੀ ਆਪਣੇ ਪ੍ਰੇਮ ਅਤੇ ਆਦਰ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਡਾਇਰੈਕਟਰ ਸੱਦਾਮ ਖਾਨ, ਡਿਪਟੀ ਡਾਇਰੈਕਟਰ ਸ੍ਰੀਮਤੀ ਸਰਗਮ, ਪ੍ਰਿੰਸੀਪਲ ਸ੍ਰੀਮਤੀ ਨੀਤੀਮਾ ਨੇ ਵਿਦਿਆਰਥੀਆਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਸਕੂਲ ਵਿੱਚ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਨੂੰ ਭਾਰਤੀ ਸੰਸਕ੍ਰਿਤੀ ਨਾਲ ਜੋੜਨ ਲਈ ਜ਼ਰੂਰੀ ਹਨ ।



# ਵੋਟ ਚੋਰੀ ਮਾਮਲੇ 'ਤੇ ਮੋਦੀ ਸਰਕਾਰ ਦਾ ਫੂਕਿਆ ਪੁਤਲਾ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਵਿਧਾਨ ਸਭਾ ਹਲਕਾ ਸੁਲਤਾਨਪੁਰ ਲੋਧੀ ਦੇ ਸਾਬਕਾ ਵਿਧਾਇਕ ਅਤੇ ਸੀਨੀਅਰ ਕਾਂਗਰਸੀ ਆਗੂ ਨਵਤੇਜ ਸਿੰਘ ਦੀ ਅਗਵਾਈ ਹੇਠ ਸੁਲਤਾਨਪੁਰ ਲੋਧੀ ਦੇ ਤਲਵੰਡੀ ਪੁਲ ਚੌਕ ਵਿਖੇ ਚੋਣ ਕਮਿਸ਼ਨ ਨਾਲ ਰਲ ਕੇ ਮੋਦੀ ਸਰਕਾਰ ਵੱਲੋਂ ਵੋਟਾਂ ਚੋਰੀ ਕਰਨ ਦੇ ਵਿਰੋਧ ਵਿਚ ਪੁਤਲਾ ਫੂਕਿਆ ਗਿਆ ਤੇ ਬੀਜੇਪੀ ਭਜਾਓ ਦੇਸ਼ ਬਚਾਓ ਦੇ ਨਾਅਰੇ ਵੀ ਲਾਏ ਗਏ । ਪ ਚੀਮਾ ਨੇ ਕਿਹਾ ਕਿ ਰਾਹੁਲ ਗਾਂਧੀ ਨੇ ਕੁਝ ਵਿਧਾਨ ਸਭਾ ਹਲਕੇ ਦਾ ਹਵਾਲਾ ਦਿੰਦੇ ਹੋਏ ਦੋਸ਼ ਲਾਇਆ ਕਿ ਵੋਟਰ ਸੂਚੀਆਂ 'ਚ ਵੱਡੇ ਪੱਧਰ 'ਤੇ ਹੇਰਾਫੇਰੀ ਕਰਕੇ ਭਾਜਪਾ ਨੂੰ ਫਾਇਦਾ ਪਹੁੰਚਾਇਆ ਗਿਆ। ਉਨ੍ਹਾ ਕਿਹਾ ਰਾਹੁਲ ਗਾਂਧੀ ਨੇ ਬੀਤੇ ਦਿਨੀਂ 'ਵੋਟ ਚੋਰੀ' ਵਿੱਚ ਕਰਨਾਟਕ ਦੇ ਮਹਾਦੇਵਪੁਰਾ ਵਿਧਾਨ ਸਭਾ ਹਲਕੇ ਦੀ ਵੋਟਰ ਸੂਚੀ ਦੇ ਅੰਕੜੇ ਰੱਖਦੇ ਹੋਏ ਹੇਰਾਫੇਰੀ ਦਾ ਦਾਅਵਾ ਕੀਤਾ ਸੀ । ਉਹਨਾਂ ਕਿਹਾ ਕਿ 8 ਅਗਸਤ 1942 ਨੂੰ ਕਾਂਗਰਸ ਨੇ ਭਾਰਤ ਛੱਡੋ ਅੰਦੋਲਨ ਦਾ ਨਾਹਰਾ ਦਿੱਤਾ ਸੀ ਅਤੇ ਹੁਣ ਰਾਹੁਲ ਗਾਂਧੀ ਨੇ ਵੀ ਦੇਸ਼ ਨੂੰ ਬਚਾਉਣ ਲਈ ਸੰਘਰਸ਼ ਸ਼ੁਰੂ ਕਰ ਦਿੱਤਾ ਹੈ।ਰਾਹੁਲ ਗਾਂਧੀ ਨੇ 'ਚੋਣ ਹੇਰਾਫੇਰੀ' ਦੇ ਸਬੂਤ ਇਕੱਤਰ ਕੀਤੇ ਹਨ। ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਵੱਡੇ ਪੱਧਰ 'ਤੇ ਭਾਜਪਾ ਸਰਕਾਰ ਵਿਰੁੱਧ ਦੇਸ਼ ਭਰ ਵਿੱਚ ਸੰਘਰਸ਼ ਕਰੇਗੀ।

# ਵਾਰਡ ਨੰਬਰ 6 'ਚ ਯੁੱਧ ਨਸ਼ਿਆਂ ਵਿਰੁੱਧ ਮੀਟਿੰਗ

**ਗੁਰਾਇਆ (ਬਿੰਦਰ ਸੁੰਮਨ)**- ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਗੁਰਾਇਆ ਦੇ ਵਾਰਡ ਨੰਬਰ 6 ਵਿੱਚ ਵਾਰਡ ਕੌਂਸਲਰ ਪ੍ਰੋਫੈਸਰ ਰਿਸ਼ੂ ਦੀ ਅਗਵਾਈ ਵਿੱਚ ਉਨ੍ਹਾਂ ਦੇ ਗ੍ਰਹਿ ਵਿਖੇ ਇਕ ਮੀਟਿੰਗ ਕੀਤੀ ਗਈ ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਉਨ੍ਹਾਂ ਨਾਲ ਨਗਰ ਕੌਂਸਲ ਗੁਰਾਇਆ ਦੇ ਪ੍ਰਧਾਨ ਹਰਮੇਸ਼ ਲਾਲ ਮੇਸ਼ੀ, ਬਲਾਕ ਪ੍ਰਧਾਨ ਸੁਦੇਸ਼ ਕੁਮਾਰ ਬਿੱਲਾ, ਹਲਕਾ ਫਿਲੌਰ ਦੇ ਕੋਆਰਡੀਨੇਟਰ ਪੰਕਜ ਰਾਏ ਭਾਰਦਵਾਜ ਪਹੁੰਚੇ। ਜਿਨ੍ਹਾਂ ਦਾ ਕੌਂਸਲਰ ਪ੍ਰੋਫੈਸਰ ਰਿਸ਼ੂ ਤੇ ਵਾਰਡ ਵਾਸੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਕੌਂਸਲਰ ਪ੍ਰੋਫੈਸਰ ਰਿਸ਼ੂ ਨੇ ਕਿਹਾ ਨਸ਼ੇ ਦੇ ਕੋਹੜ ਨੂੰ ਸੂਬੇ ਵਿੱਚੋਂ ਖਤਮ ਕਰਨ ਲਈ ਸਰਕਾਰ ਦੇ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ। ਜੋ ਕਾਰਵਾਈਆਂ ਪੰਜਾਬ ਸਰਕਾਰ ਅਤੇ ਪੰਜਾਬ ਪੁਲਸ ਵੱਲੋਂ ਕੀਤੀਆਂ ਜਾ ਰਹੀਆਂ ਹਨ ਉਹ ਲਗਾਤਾਰ ਜਾਰੀ ਰਹਿਣੀਆਂ ਚਾਹੀਦੀਆਂ। ਉਨ੍ਹਾਂ ਪੰਜਾਬ ਸਰਕਾਰ, ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ, ਨਗਰ ਕੌਂਸਲ ਗੁਰਾਇਆ ਦੇ ਪ੍ਰਧਾਨ ਹਰਮੇਸ਼ ਲਾਲ ਚੌਹਾਨ ਦਾ ਵਾਰਡ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਲਈ ਵੀ ਧੰਨਵਾਦ ਕੀਤਾ। ਇਸ ਮੌਕੇ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ੇ ਦੇ ਖਿਲਾਫ ਛੇੜੀ ਮੁਹਿੰਮ ਦੇ ਤਹਿਤ ਹਲਕੇ ਦੇ 143 ਪਿੰਡਾਂ ਵਿੱਚ ਮੀਟਿੰਗਾਂ ਤੋਂ ਬਾਅਦ ਹੁਣ ਗੁਰਾਇਆ ਸ਼ਹਿਰ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਵਾਰਡ ਨੰਬਰ ਛੇ ਤੋਂ ਕੌਂਸਲਰ ਪ੍ਰੋਫੈਸਰ ਰਿਸ਼ੂ ਵੱਲੋਂ ਕਰਵਾਈ ਗਈ ਮੀਟਿੰਗ ਦਾ ਵੱਡਾ ਇਕੱਠ ਦਿਖਾ ਰਿਹਾ ਹੈ ਕਿ ਵਾਰਡ ਵਾਸੀ ਤੇ ਇਲਾਕਾ ਵਾਸੀ ਇਨ੍ਹਾਂ ਦੇ ਪਰਵਾਰ ਨਾਲ ਖੜ੍ਹੇ ਹਨ ਅਤੇ ਉਹ ਆਸ ਕਰਦੇ ਹਨ ਕਿ ਪੰਜਾਬ ਸਰਕਾਰ ਵੱਲੋਂ ਜੋ ਨਸ਼ਿਆਂ ਦੇ ਵਿਰੁੱਧ ਮੁਹਿੰਮ ਛੇੜੀ ਹੋਈ ਹੈ ਅਤੇ ਹੋਰ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਕੰਮਾਂ ਵਿੱਚ ਵੀ ਵਾਰਡ ਵਾਸੀ ਇਸੇ ਤਰੀਕੇ ਨਾਲ ਸਹਿਯੋਗ ਕਰਦੇ ਰਹਿਣਗੇ। ਅੰਤ ਵਿੱਚ ਮੁਨੀਸ਼ ਬਾਵਾ ਨੇ ਜਿਥੇ ਆਏ ਹੋਏ ਆਪਣੇ ਵਾਰਡ ਵਾਸੀਆਂ, ਸ਼ਹਿਰ ਵਾਸੀਆਂ, ਦੁਕਾਨਦਾਰਾਂ ਅਤੇ ਇਨਰਵੀਲ ਕਲੱਬ ਗੁਰਾਇਆ ਦਾ ਧੰਨਵਾਦ ਕੀਤਾ ਉਥੇ ਉਨ੍ਹਾਂ ਪੰਜਾਬ ਸਰਕਾਰ ਅਤੇ ਡੀ ਜੀ ਪੀ ਪੰਜਾਬ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਵਰਡ ਵਾਸੀਆਂ ਨੂੰ ਕੋਆਰਡੀਨੇਟਰ ਪੰਕਜ ਭਾਰਦਵਾਜ ਵੱਲੋਂ ਸਹੁੰ ਵੀ ਚੁਕਵਾਈ ਗਈ। ਇਸ ਮੌਕੇ ਕੌਂਸਲਰ ਮਨੋਜ ਗੋਗਨਾ, ਚੇਅਰਮੈਨ ਰੋਸ਼ਨ ਲਾਲ ਰੋਸ਼ੀ, ਸ਼੍ਰੀ ਰਾਧਾ ਕ੍ਰਿਸ਼ਨ ਚੈਰੀਟੇਬਲ ਸੁਸਾਇਟੀ ਗੀਤਾ ਭਵਨ ਦੇ ਪ੍ਰਧਾਨ ਅਜੇ ਮਾਟਾ, ਸਤੀਸ਼ ਸਿਡਾਨਾ, ਕੌਂਸਲਰ ਨਵਜੋਤ ਕੌਰ ਮਨੋਤਾ, ਸੰਜੀਵ ਹੀਰ, ਸੁਨੀਲ ਮਨੋਤਾ, ਪਲਵਿੰਦਰ ਸਿੰਘ, ਗੁਰਵਿੰਦਰ ਸਿੰਘ, ਮਨਦੀਪ ਰਾਏ, ਨਰਿੰਦਰ ਵਰਮਾ, ਸੁਰਜੀਤ ਉੱਭੀ, ਪ੍ਰਦੀਪ ਭਾਰਦਵਾਜ, ਗੋਲਡੀ ਬੱਤਰਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਹਿਲਾਵਾਂ ਅਤੇ ਵਾਰਡ ਨਿਵਾਸੀ ਹਾਜ਼ਰ ਸਨ।

# ਅਕਾਲ ਗਲੈਕਸੀ ਕਾਨਵੈਂਟ ਸਕੂਲ 'ਚ ਰੱਖੜੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਲੋਹੀਆਂ ਖਾਸ (ਯੋਗੇਸ਼ਵਰ)** : ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ ਲੋਹੀਆਂ ਖਾਸ ਵਿਖੇ ਪ੍ਰਿੰਸੀਪਲ ਅਮਨਪ੍ਰੀਤ ਕੌਰ ਦੀ ਰਹਿਨੁਮਾਈ ਹੇਠ ਭਰਾ ਅਤੇ ਭੈਣ ਦੇ ਗੂੜ੍ਹੇ ਪਿਆਰ ਨੂੰ ਦਰਸਾਉਂਦਾ ਤਿਉਹਾਰ ਰੱਖੜੀ ਧੂਮਧਾਮ ਨਾਲ ਮਨਾਇਆ ਗਿਆ। ਜਿਸ ਵਿੱਚ ਬੱਚਿਆਂ ਦਾ ਰਾਖੀ ਮੇਕਿੰਗ ਕੰਪਟੀਸ਼ਨ ਆਯੋਜਿਤ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਨੇ ਬਹੁਤ ਹੀ ਸੋਹਣੀਆਂ-ਸੋਹਣੀਆਂ ਰੱਖੜੀਆਂ ਬਣਾ ਕੇ ਆਪਣੇ ਹੁਨਰ ਦਾ ਪ੍ਰਦਰਸ਼ਨ ਕੀਤਾ। ਬੈਸਟ ਰੱਖੜੀਆਂ ਬਣਾਉਣ ਵਾਲੇ ਵਿਦਿਆਰਥੀਆਂ ਨੂੰ ਸਕੂਲ ਵੱਲੋਂ ਇਨਾਮ ਦੇ ਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ। ਜੂਨੀਅਰ ਅਤੇ ਸੀਨੀਅਰ ਵਿਦਿਆਰਥੀਆਂ ਦੁਆਰਾ ਭੈਣ- ਭਰਾ ਦੇ ਪਿਆਰ ਨੂੰ ਦਰਸਾਉਂਦੇ ਵੱਖ-ਵੱਖ ਗੀਤਾਂ ਤੇ ਡਾਂਸ ਪਰਫਾਰਮੈਂਸ ਦਿੱਤੀ ਗਈ। ਸਕੂਲ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੱਸਿਆ ਕਿ ਸਕੂਲ ਵਿੱਚ ਹਰੇਕ ਤਿਉਹਾਰ ਮਨਾਉਣ ਦਾ ਮੰਤਵ ਬੱਚਿਆਂ ਨੂੰ ਆਪਣੇ ਸੱਭਿਆਚਾਰ ਨਾਲ ਜੋੜ ਕੇ ਰੱਖਣਾ ਹੈ ਤਾਂ ਜੋ ਇਹ ਆਉਣ ਵਾਲੀ ਪੀੜ੍ਹੀ ਤੱਕ ਪਹੁੰਚ ਸਕੇ ਅਤੇ ਆਪਸ ਵਿੱਚ ਸਾਰਿਆਂ ਦੀ ਭਾਈਚਾਰਕ ਸਾਂਝ ਬਣੀ ਰਹੇ।

## ਸਿਹਤ ਵਿਭਾਗ ਦੀ ਟੀਮ ਨੇ ਡੇਂਗੂ ਦੇ ਲਾਰਵੇ ਨੂੰ ਨਸ਼ਟ ਕੀਤਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸਿਹਤ ਵਿਭਾਗ ਪੰਜਾਬ ਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਪਵਨ ਕੁਮਾਰ ਦੇ ਦਿਸ਼ਾ-ਨਿਰਦੇਸਾਂ ਅਧੀਨ ਸਰਕਾਰੀ ਹਸਪਤਾਲ ਟਾਂਡਾ ਦੀ ਟੀਮ ਵੱਲੋਂ ਵੱਖ-ਵੱਖ ਸਥਾਨਾਂ ਤੇ ਡੇਂਗੂ ਦੇ ਲਾਰਵੇ ਦੀ ਚੈਕਿੰਗ ਕੀਤੀ। ਸੀਨੀਅਰ ਮੈਡੀਕਲ ਅਫਸਰ ਟਾਂਡਾ ਡਾ. ਕਰਨ ਕੁਮਾਰ ਸੈਣੀ ਦੀ ਅਗਵਾਈ 'ਚ ਹਰ ਸ਼ੁਕਰਵਾਰ ਡੇਂਗੂ ਤੇ ਵਾਰ ਮੁਹਿੰਮ ਦੌਰਾਨ ਹਸਪਤਾਲ ਦੀ ਟੀਮ ਵੱਲੋਂ ਬਲਾਕ ਟਾਂਡਾ ਦੀਆਂ ਵੱਖ-ਵੱਖ ਨਰਸਰੀਆਂ ਅਤੇ ਨਿਰਮਾਣ ਸਥਾਨਾਂ ਤੇ ਡੇਂਗੂ ਤੇ ਲਾਰਵੇ ਦੀ ਚੈਕਿੰਗ ਕਰਦੇ ਹੋਏ ਉਸ ਨੂੰ ਨਸ਼ਟ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਸੀਨੀਅਰ ਮੈਡੀਕਲ ਅਫਸਰ ਟਾਂਡਾ ਡਾ. ਕਰਨ ਸੈਣੀ ਨੇ ਦੱਸਿਆ ਕਿ ਬਰਸਾਤ ਦੇ ਦਿਨਾਂ ਵਿੱਚ ਡੇਂਗੂ ਦੇ ਮੱਛਰ ਤੋਂ ਬਚਣ ਵਾਸਤੇ ਜ਼ਰੂਰੀ ਹਦਾਇਤਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਹਰ ਸ਼ੁਕਰਵਾਰ ਸਿਹਤ ਵਿਭਾਗ ਦੀ ਟੀਮ ਵੱਲੋਂ ਡਰਾਈ ਡੇਅ ਵਜੋਂ ਮਨਾਇਆ ਜਾਂਦਾ ਹੈ ਅਤੇ ਇਸ ਤਹਿਤ ਲੋਕਾਂ ਨੂੰ ਆਪਣੇ ਘਰਾਂ ਤੇ ਆਸ ਪਾਸ ਸਫਾਈ ਰੱਖਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ ਤਾਂ ਜੋ ਮੱਛਰ ਪੈਦਾ ਨਾ ਹੋਵੇ। ਇਸ ਮੌਕੇ ਏ ਐੱਮ ਉ ਜਗਜੀਤ ਸਿੰਘ, ਬੀ ਈ ਈ ਅਵਤਾਰ ਸਿੰਘ, ਰੰਜੀਵਪਾਲ ਸਿੰਘ, ਗੁਰਜੀਤ ਸਿੰਘ, ਜਤਿੰਦਰ ਸਿੰਘ, ਵਿਨੋਦ ਕੁਮਾਰ, ਲਸ਼ਕਰ ਸਿੰਘ, ਬਿਕਰਮ ਰਾਮ, ਨੀਰਜ ਸਿੰਘ, ਤਰਨਜੀਤ ਸਿੰਘ ਆਦਿ ਹਾਜ਼ਰ ਸਨ।



# ਧੰਨ ਗੁਰੂ ਗ੍ਰੰਥ ਸਾਹਿਬ ਬੈਡਮਿੰਟਨ ਅਕੈਡਮੀ ਵੱਲੋਂ ਜ਼ਿਲ੍ਹਾ ਪੱਧਰੀ ਖੇਡ ਟੂਰਨਾਮੈਂਟ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਧੰਨ ਗੁਰੂ ਗ੍ਰੰਥ ਸਾਹਿਬ ਬੈਡਮਿੰਟਨ ਅਕੈਡਮੀ ਸੁਲਤਾਨਪੁਰ ਲੋਧੀ ਵੱਲੋਂ ਜ਼ਿਲ੍ਹਾ ਪੱਧਰੀ ਖੇਡ ਟੂਰਨਾਮੈਂਟ ਮਨਮੋਹਨ ਸਿੰਘ ਬੈਡਮਿੰਟਨ ਹਾਲ ਵਿਚ ਕਰਵਾਇਆ ਗਿਆ। ਟੂਰਨਾਮੈਂਟ ਦੌਰਾਨ ਵਿਸ਼ੇਸ਼ ਮਹਿਮਾਨ ਵਜੋਂ ਸਾਬਕਾ ਚੇਅਰਮੈਨ ਤੇਜਵੰਤ ਸਿੰਘ ਅਤੇ ਸੁਰਜੀਤ ਸਿੰਘ, ਜਸਪ੍ਰੀਤ ਸਿੰਘ ਨੋਬਲ ਹੈੱਡ ਆਫ ਅਕੈਡਮੀ ਨੇ ਖੇਡ ਮੁਕਾਬਲਿਆਂ ਦਾ ਉਦਘਾਟਨ ਕਰਦਿਆਂ ਕਿਹਾ ਕਿ ਨੌਜਵਾਨਾਂ ਦੇ ਹੁਨਰ ਨੂੰ ਪਛਾਣ ਦੇਣ ਲਈ ਧੰਨ ਗੁਰੂ ਗ੍ਰੰਥ ਸਾਹਿਬ ਅਕੈਡਮੀ ਦਾ ਇਹ ਪ੍ਰੋਗਰਾਮ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਬੱਚਿਆਂ ਦੇ ਮਾਪਿਆਂ ਨੂੰ ਖੁਦ ਅੱਗੇ ਆਉਣਾ ਚਾਹੀਦਾ ਹੈ ਤਾਂ ਕਿ ਬੱਚਿਆਂ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਇਸ ਭੈੜੀ ਬਿਮਾਰੀ ਤੋਂ ਬਚਾਇਆ ਜਾ ਸਕੇ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਕੇ ਖੇਡਾਂ ਨਾਲ ਜੁੜਨ ਦੀ ਅਪੀਲ ਕੀਤੀ।

# ਹਜ਼ਾਰਾਂ ਸਰਕਾਰੀ ਸਹਾਇਤਾ ਪ੍ਰਾਪਤ ਸਕੂਲ ਅਧਿਆਪਕਾਂ ਤੇ ਕਰਮਚਾਰੀਆਂ ਨੂੰ 4 ਮਹੀਨਿਆਂ ਤੋਂ ਤਨਖਾਹ ਨਹੀਂ ਮਿਲੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਦੇ ਸਿੱਖਿਆ ਵਿਭਾਗ ਨਾਲ ਸੰਬੰਧਤ ਸਰਕਾਰੀ ਸਹਾਇਤਾ ਪ੍ਰਾਪਤ (ਏਡਿਡ) ਸਕੂਲਾਂ ਦੇ ਹਜ਼ਾਰਾਂ ਅਧਿਆਪਕਾਂ ਨੂੰ ਪਿਛਲੇ ਚਾਰ ਮਹੀਨਿਆਂ ਤੋਂ ਤਨਖਾਹ ਨਹੀਂ ਮਿਲੀ ਜਦਕਿ ਏਡਿਡ ਸਕੂਲਾਂ ਦੇ ਸੀ ਐਂਡ ਵੀ ਅਧਿਆਪਕ ਤਾਂ ਪਿਛਲੇ 16 ਮਹੀਨਿਆਂ ਤੋਂ ਤਨਖਾਹਾਂ ਲਈ ਤਰਸ ਰਹੇ ਹਨ। ਬੇਸ਼ੱਕ ਪੰਜਾਬ ਸਰਕਾਰ ਸੂਬੇ ਵਿਚ ਸਿੱਖਿਆ ਕ੍ਰਾਂਤੀ ਦੀ ਗੱਲ ਕਰਦੀ ਹੈ ਪਰ ਸੂਬੇ ਦੇ ਇਹਨਾਂ ਸਕੂਲਾਂ ਦੇ ਹਜ਼ਾਰਾਂ ਅਧਿਆਪਕਾਂ ਨੂੰ ਸਮੇਂ ਸਿਰ ਤਨਖਾਹ ਵੀ ਨਹੀਂ ਮਿਲ ਰਹੀ।ਇਹ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਅਧਿਆਪਕ ਤੇ ਹੋਰ ਕਰਮਚਾਰੀ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਲੁਧਿਆਣਾ, ਸੂਬਾ ਸਕੱਤਰ ਸ਼ਰਨਜੀਤ ਸਿੰਘ ਕੁਰਾਲੀ , ਪੈਨਸ਼ਨਰ ਸੈੱਲ ਦੇ ਸੂਬਾ ਪ੍ਰਧਾਨ ਗੁਰਚਰਨ ਸਿੰਘ ਚਾਹਲ ਅਤੇ ਸੂਬਾ ਸਕੱਤਰ ਐਨ.ਐਨ. ਸੈਣੀ ਨੇ ਕਿਹਾ ਕਿ ਸਿੱਖਿਆ ਕ੍ਰਾਂਤੀ ਦੇ ਦਾਅਵੇ ਕਰਨ ਵਾਲੀ ਸਰਕਾਰ ਦੇ ਰਾਜ ਵਿਚ ਏਡਿਡ ਸਕੂਲਾਂ ਦੇ ਅਧਿਆਪਕ ਅਤੇ ਹੋਰ ਕਰਮਚਾਰੀ ਤਨਖਾਹਾਂ ਨੂੰ ਵੀ ਤਰਸ ਰਹੇ ਹਨ।ਉਹਨਾਂ ਇਹ ਵੀ ਕਿਹਾ ਕਿ ਸਿੱਖਿਆ ਵਿਭਾਗ ਬੇਲੋੜੀਆਂ ਚਿੱਠੀਆਂ ਜਾਰੀ ਕਰਕੇ ਤਨਖਾਹ ਗ੍ਰਾਂਟਾਂ ਰੋਕੀ ਬੈਠਾ ਹੈ। ਸੂਬੇ ਦੇ ਹਜ਼ਾਰਾਂ ਅਧਿਆਪਕਾਂ ਨੂੰ ਮਾਰਚ 2025 ਤੋਂ ਬਾਅਦ ਤਨਖਾਹ ਨਹੀਂ ਮਿਲੀ । ਪੰਜਾਬ ਦੇ ਕਈ ਜ਼ਿਲ੍ਹਿਆਂ ਦੇ ਅਧਿਆਪਕਾਂ ਨੂੰ ਤਾਂ ਜਨਵਰੀ 2025 ਤੋਂ ਤਨਖਾਹ ਜਾਰੀ ਨਹੀਂ ਕੀਤੀ ਗਈ, ਬਲਕਿ ਕੁੱਝ ਸਕੂਲਾਂ ਦੀ ਤਾਂ ਸਾਲ 2024 ਦੀ ਵੀ ਗ੍ਰਾਂਟ ਜਾਰੀ ਹੋਣੀ ਰਹਿੰਦੀ ਹੈ । ਏਡਿਡ ਸਕੂਲਾਂ ਤੋਂ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੂੰ ਸੇਵਾ ਮੁਕਤੀ ਦੇ ਲੰਬੇ ਸਮੇਂ ਬਾਅਦ ਵੀ ਪੀ.ਪੀ.ਓ ਆਰਡਰ ਜਾਰੀ ਨਹੀਂ ਕੀਤੇ ਗਏ।ਜਿਸ ਕਰਕੇ ਅਧਿਆਪਕ ਤੇ ਪੈਨਸ਼ਨਰਾਂ ਵਿੱਚ ਸਰਕਾਰ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ। ਯੂਨੀਅਨ ਆਗੂਆਂ ਨੇ ਕਿਹਾ ਕਿ ਵਿਭਾਗ ਹੁਣ ਤੱਕ ਸਾਲਾਨਾ ਐਸਟੀਮੇਟ ਪ੍ਰਾਪਤ ਨਹੀਂ ਕਰ ਸਕਿਆ। ਡੀ.ਪੀ.ਆਈ ਦਫਤਰ ਵਿੱਚ ਸੇਵਾ ਮੁਕਤ ਅਧਿਆਪਕਾਂ ਤੇ ਕਰਮਚਾਰੀਆਂ ਨੂੰ ਪੀ.ਪੀ.ਓ ਆਰਡਰ ਜਾਰੀ ਕੀਤੇ ਜਾ ਰਹੇ ਹਨ। ਜਦਕਿ ਇਹ ਪੀ.ਪੀ.ਓ ਆਰਡਰ ਪੈਨਸ਼ਨ ਫਾਈਲ ਜਮ੍ਹਾਂ ਕਰਵਾਉਣ ਦੀ ਮਿਤੀ ਅਨੁਸਾਰ ਜਾਰੀ ਕੀਤੇ ਜਾਣੇ ਚਾਹੀਦੇ ਹਨ।ਆਗੂਆਂ ਕਿਹਾ ਕਿ ਸਿੱਖਿਆ ਵਿਭਾਗ ਵੱਲੋਂ ਸਕੂਲਾਂ ਦੀਆਂ ਤਨਖਾਹ ਦੀਆਂ ਗ੍ਰਾਂਟਾਂ ਅਤੇ ਪੈਨਸ਼ਨਰਾਂ ਦੇ ਪੀ.ਪੀ.ਓ ਆਰਡਰ ਜਾਰੀ ਨਾ ਕਰਨ ਕਰਕੇ ਏਡਿਡ ਸਕੂਲਾਂ ਦੇ ਸਮੂਹ ਅਧਿਆਪਕਾਂ ਤੇ ਪੈਨਸ਼ਨਰਾਂ ਵੱਲੋਂ 12 ਅਗਸਤ ਨੂੰ ਡੀ.ਪੀ.ਆਈ ਦਫਤਰ ਦਾ ਘਿਰਾਓ ਕੀਤਾ ਜਾਵੇਗਾ ।ਅਗਰ ਫੇਰ ਵੀ ਮਸਲਾ ਹੱਲ ਨਾ ਹੋਇਆ ਤਾਂ ਹੋਰ ਸਖਤ ਐਕਸ਼ਨ ਕੀਤਾ ਜਾਵੇਗਾ।ਯੂਨੀਅਨ ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਅਪੀਲ ਕੀਤੀ ਕਿ ਉਹ ਏਡਿਡ ਸਕੂਲਾਂ ਦੀ ਯੂਨੀਅਨ ਨਾਲ ਪੈਨਲ ਮੀਟਿੰਗ ਕਰਕੇ ਅਧਿਆਪਕਾਂ ਤੇ ਪੈਨਸ਼ਨਰਾਂ ਦੇ ਮਸਲੇ ਤਰੁੰਤ ਹੱਲ ਕਰਵਾਉਣ।ਇਸ ਮੌਕੇ ਐਬਿਟ ਮਸੀਹ, ਅਸ਼ੋਕ ਵਡੇਰਾ, ਹਰਦੀਪ ਸਿੰਘ ਢੀਂਡਸਾ, ਜਗਜੀਤ ਸਿੰਘ ਗੁਜਰਾਲ , ਪ੍ਰਿੰ ਅਸ਼ਵਨੀ ਮਦਾਨ, ਪਰਮਜੀਤ ਸਿੰਘ ਗੁਰਦਾਸਪੁਰ, ਰਵਿੰਦਰਜੀਤ ਪੁਰੀ, ਪ੍ਰਿੰ ਚਰਨਜੀਤ ਸ਼ਰਮਾ ਬਰਨਾਲਾ, ਰਣਜੀਤ ਸਿੰਘ ਅਨੰਦਪੁਰ ਸਾਹਿਬ, ਸੁਖਇੰਦਰ ਸਿੰਘ ਹੁਸ਼ਿਆਰਪੁਰ, ਮੋਨਿਕਾ ਸ਼ਰਮਾ, ਰਾਜੇਸ਼ ਪਠਾਣੀਆ, ਬਲਜਿੰਦਰ ਸਿੰਘ ਪੰਨੂੰ ਸਮੇਤ ਹੋਰ ਆਗੂ ਵੀ ਹਾਜ਼ਰ ਸਨ ।



# ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਨੇਤਰਦਾਨੀ ਦੇਵੀ ਦਿਆਲ ਦਾ ਪਰਵਾਰ ਸਨਮਾਨਤ

## ● ਦੇਵੀ ਦਿਆਲ ਦੋ ਜਣਿਆਂ ਦੀ ਜ਼ਿੰਦਗੀ ਕਰ ਗਏ ਰੌਸ਼ਨ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੇ ਦਾਦਪੁਰਾ ਮੁਹੱਲੇ ਦੇ ਵਸਨੀਕ 70 ਸਾਲਾ ਦੇਵੀ ਦਿਆਲ ਪੁੱਤਰ ਕਪੂਰ ਚੰਦ ਜੋ ਕਿ ਪਿਛਲੇ ਦਿਨੀਂ ਸਵਰਗ ਸਿਧਾਰ ਗਏ ਸਨ, ਦੇ ਭੋਗ ਦੀਆਂ ਅੰਤਿਮ ਰਸਮਾਂ ਸਥਾਨਕ ਖਟੀਕ ਧਰਮਸ਼ਾਲਾ ਵਿਖੇ ਹੋਈਆਂ। ਵੱਡੀ ਗਿਣਤੀ ਲੋਕਾਂ ਸਮੇਤ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕਰਦਿਆਂ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਡੇਰਾਬੱਸੀ ਵੱਲੋਂ ਨੇਤਰਦਾਨੀ ਦੇਵੀ ਦਿਆਲ ਦੇ ਪਰਵਾਰ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਜ਼ਿਕਰਯੋਗ ਹੈ ਕਿ ਦੇਵੀ ਦਿਆਲ ਦੇ ਦਿਹਾਂਤ ਉਪਰੰਤ ਪਰਿਵਾਰ ਵੱਲੋਂ ਉਨ੍ਹਾਂ ਦੀਆਂ ਅੱਖਾਂ ਦਾਨ ਕੀਤੀਆਂ ਗਈਆਂ ਸਨ ਜਿਸ ਨਾਲ ਦੋ ਨੇਤਰਹੀਣਾਂ ਦੀ ਜ਼ਿੰਦਗੀ ਵਿਚ ਰੌਸ਼ਨੀ ਆਈ ਹੈ। ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਡੇਰਾਬੱਸੀ ਤੋਂ ਉਪੇਸ਼ ਬੰਸਲ ਵੱਲੋਂ ਦਿਤੀ ਗਈ ਜਾਣਕਾਰੀ ਅਨੁਸਾਰ ਸਮਾਜ ਸੇਵੀ ਦੇਵੀ ਦਿਆਲ ਦੇ ਦਿਹਾਂਤ ਤੋਂ ਬਾਅਦ ਪਰਿਵਾਰ ਨੇ ਉਨ੍ਹਾਂ ਦੀਆਂ ਅੱਖਾਂ ਦਾਨ ਕਰਨ ਦਾ ਫੈਸਲਾ ਲਿਆ ਸੀ। ਪ੍ਰੀਸ਼ਦ ਦੇ ਪ੍ਰਧਾਨ ਡਾਕਟਰ ਬਰਖਾ ਰਾਮ ਨੇ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਵੱਧ ਤੋਂ ਵੱਧ ਲੋਕਾਂ ਨੂੰ ਅੱਖਾਂ ਅਤੇ ਅੰਗ ਦਾਨ ਕਰਨ ਲਈ ਪ੍ਰੇਰਿਤ ਕਰਨ ਤਾਂ ਜੋ ਲੋੜਵੰਦਾਂ ਨੂੰ ਨਵੀਂ ਜ਼ਿੰਦਗੀ ਮਿਲ ਸਕੇ। ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਅਤੇ ਸਮਾਜ ਸੇਵੀ ਰਵਿੰਦਰ ਵੈਸ਼ਨਵ ਡੇਰਾਬੱਸੀ, ਰਾਜਿੰਦਰ ਸਿੰਘ, ਸਮੇਤ ਵੱਡੀ ਗਿਣਤੀ ਲੋਕਾਂ ਸ਼ਮੂਲੀਅਤ ਕਰਦਿਆਂ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

# ਖੇਤੀਬਾੜੀ ਮੰਤਰੀ ਖੁੱਡੀਆਂ ਵੱਲੋਂ 43.79 ਕਰੋੜ ਰੁਪਏ ਦੇ ਵਿਕਾਸ ਪ੍ਰਾਜੈਕਟ ਪ੍ਰਵਾਨ

## ਕਿਹਾ-ਹਰੇਕ ਹਲਕੇ ਦੇ ਸਰਵਪੱਖੀ ਵਿਕਾਸ ਲਈ ਖਰਚੇ ਜਾਣਗੇ 5 ਕਰੋੜ ਰੁਪਏ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਸੂਬੇ ਦੀ ਪ੍ਰਮੁੱਖ 'ਰੰਗਲਾ ਪੰਜਾਬ ਵਿਕਾਸ ਯੋਜਨਾ' ਤਹਿਤ 43.79 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਨੂੰ ਪ੍ਰਸ਼ਾਸਕੀ ਪ੍ਰਵਾਨਗੀ ਦੇ ਦਿੱਤੀ ਹੈ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇੱਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਖੇਤੀਬਾੜੀ ਮੰਤਰੀ, ਜੋ ਕਿ ਇਸ ਯੋਜਨਾ ਦੇ ਨੋਡਲ ਮੰਤਰੀ ਵੀ ਹਨ, ਨੇ ਕਿਹਾ ਕਿ ਇਸ ਸਕੀਮ ਦਾ ਉਦੇਸ਼ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਮੁਤਾਬਕ ਪੰਜਾਬ ਵਿੱਚ ਵਿਕਾਸ ਪੱਖੋਂ ਕ੍ਰਾਂਤੀਕਾਰੀ ਬਦਲਾਅ ਲਿਆਉਣਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਤਹਿਤ ਹਰੇਕ ਵਿਧਾਨ ਸਭਾ ਹਲਕੇ ਨੂੰ 5 ਕਰੋੜ ਰੁਪਏ ਪ੍ਰਾਪਤ ਹੋਣਗੇ। ਇਸ ਮੌਕੇ ਉਨ੍ਹਾਂ ਨਾਲ ਹਲਕਾ ਵਿਧਾਇਕ ਕਰਤਾਰਪੁਰ ਬਲਕਾਰ ਸਿੰਘ ਅਤੇ ਹਲਕਾ ਵਿਧਾਇਕ ਨਕੋਦਰ ਇੰਦਰਜੀਤ ਕੌਰ ਮਾਨ, ਪੰਜਾਬ ਦੇ ਸੈਰ-ਸਪਾਟਾ ਤੇ ਸਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ, ਚੇਅਰਮੈਨ ਪੰਜਾਬ ਰਾਜ ਸਹਿਕਾਰੀ ਬੈਂਕ ਪਵਨ ਕੁਮਾਰ ਟੀਨੂੰ ਅਤੇ ਨਗਰ ਨਿਗਮ ਕਮਿਸ਼ਨਰ ਗੌਤਮ ਜੈਨ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਜ਼ਿਲ੍ਹੇ ਦੇ 9 ਵਿਧਾਨ ਸਭਾ ਹਲਕਿਆਂ ਵਿੱਚ ਪ੍ਰਵਾਨ ਕੀਤੇ 755 ਪ੍ਰਾਜੈਕਟਾਂ ਨੂੰ ਸਮੇਂ ਸਿਰ ਅਮਲੀ ਰੂਪ ਦੇਣ ਅਤੇ ਉੱਚ-ਗੁਣਵੱਤਾ ਮਿਆਰਾਂ 'ਤੇ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਸਰਕਾਰ ਨੇ 22.50 ਕਰੋੜ ਦੀ ਪਹਿਲੀ ਕਿਸ਼ਤ ਪਹਿਲਾਂ ਹੀ ਜਾਰੀ ਕਰ ਦਿੱਤੀ ਹੈ, ਬਾਕੀ ਫੰਡ ਵੀ ਜਲਦ ਹੀ ਤਕਸੀਮ ਕੀਤੇ ਜਾਣਗੇ। ਮੀਡੀਆ ਨਾਲ ਗੱਲਬਾਤ ਕਰਦਿਆਂ ਸ੍ਰੀ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੜ੍ਹ ਵਰਗੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਢੁੱਕਵੇਂ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਡੈਮਾਂ ਅਤੇ ਦਰਿਆਵਾਂ ਵਿੱਚ ਵੱਧ ਰਹੇ ਪਾਣੀ ਦੇ ਪੱਧਰ 'ਤੇ ਚੌਕਸੀ ਨਾਲ ਨਜ਼ਰ ਰੱਖੀ ਜਾ ਰਹੀ ਹੈ। ਇਸ ਤੋਂ ਪਹਿਲਾਂ ਜਲੰਧਰ ਪ੍ਰਸ਼ਾਸਨ ਵੱਲੋਂ ਖੇਤੀਬਾੜੀ ਮੰਤਰੀ ਦਾ ਇਥੇ ਪਹੁੰਚਣ 'ਤੇ ਗੁਲਦਸਤੇ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ 'ਆਪ' ਆਗੂ ਨਿਤਿਨ ਕੋਹਲੀ, ਦਿਨੇਸ਼ ਢੱਲ ਅਤੇ ਪ੍ਰਿੰਸੀਪਲ ਪ੍ਰੇਮ ਕੁਮਾਰ ਵੀ ਮੌਜੂਦ ਸਨ।

# ਡਿਪਟੀ ਕਮਿਸ਼ਨਰ ਵੱਲੋਂ ਸੁਖਨਾ ਚੋਅ 'ਚ ਪਾਣੀ ਦਾ ਵਹਾਅ ਵਧਣ ਤੋਂ ਬਾਅਦ ਬਲਟਾਣਾ ਤੇ ਮੁਬਾਰਕਪੁਰ ਦਾ ਦੌਰਾ



**ਡੇਰਾਬੱਸੀ, ਜ਼ੀਰਕਪੁਰ (ਵਿਨੈ ਕੁਮਾਰ ਜੈਨ, ਕ੍ਰਿਸ਼ਨ ਗਰਗ)**- ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਸੁਖਨਾ ਹੈੱਡ ਤੋਂ ਵਾਧੂ ਪਾਣੀ ਛੱਡੇ ਜਾਣ ਕਾਰਨ ਹਾਲ ਹੀ ਵਿੱਚ ਸੁਖਨਾ ਚੋਅ ਵਿੱਚ ਹੋਏ ਓਵਰਫਲੋ ਤੋਂ ਬਾਅਦ ਸਥਿਤੀ ਦਾ ਜਾਇਜ਼ਾ ਲੈਣ ਲਈ ਬਲਟਾਣਾ ਤੇ ਮੁਬਾਰਕਪੁਰ ਦਾ ਦੌਰਾ ਕੀਤਾ। ਉਨ੍ਹਾਂ ਵਸਨੀਕਾਂ ਨੂੰ ਭਰੋਸਾ ਦਿੱਤਾ ਕਿ ਜ਼ਿਲ੍ਹਾ ਪ੍ਰਸ਼ਾਸਨ ਜ਼ਿਲ੍ਹੇ ਵਿੱਚ ਸੁਖਨਾ ਚੋਅ ਅਤੇ ਘੱਗਰ ਦਰਿਆ ਦੇ ਨਾਲ ਲੱਗਦੇ ਸਾਰੇ ਸੰਵੇਦਨਸ਼ੀਲ ਸਥਾਨਾਂ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ।ਘੱਗਰ ਦਰਿਆ/ਸੁਖਨਾ ਚੋਅ ਦੇ ਕੰਢਿਆਂ ਦੇ ਨੇੜੇ ਰਹਿਣ ਵਾਲੇ ਵਸਨੀਕਾਂ ਨੂੰ ਅਪੀਲ ਕਰਦੇ ਹੋਏ, ਡਿਪਟੀ ਕਮਿਸ਼ਨਰ ਨੇ ਉਨ੍ਹਾਂ ਨੂੰ ਪਾਣੀ ਵਹਾਅ ਦੇ ਪੱਧਰ ਵਿੱਚ ਉਤਰਾਅ-ਚੜ੍ਹਾਅ ਕਾਰਨ ਹੜ੍ਹ ਦੇ ਖ਼ਤਰੇ ਦੇ ਮੱਦੇਨਜ਼ਰ ਸੁਖਨਾ ਚੋਅ ਅਤੇ ਘੱਗਰ ਦਰਿਆ ਦੋਵਾਂ ਦੇ ਕੰਢਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ।ਉਨ੍ਹਾਂ ਦੱਸਿਆ ਕਿ ਹਾਲ ਹੀ ਵਿੱਚ ਘੱਗਰ ਦੇ ਦਿਵਾਨਾ ਕੰਢੇ 'ਤੇ ਪਾਣੀ ਦੇ ਓਵਰਫਲੋਅ ਕਾਰਨ ਦਰਾੜ ਪੈ ਗਈ ਸੀ, ਅਤੇ ਡਰੇਨੇਜ ਵਿਭਾਗ ਨੂੰ ਤੁਰੰਤ ਮੁਰੰਮਤ ਦੇ ਕੰਮ ਕਰਨ ਲਈ ਤਾਇਨਾਤ ਕੀਤਾ ਗਿਆ ਹੈ। ਲੋਕਾਂ ਦੀ ਮੰਗ ਦਾ ਨੋਟਿਸ ਲੈਂਦੇ ਹੋਏ, ਉਨ੍ਹਾਂ ਕਿਹਾ ਕਿ ਲੋਕ ਨਿਰਮਾਣ ਵਿਭਾਗ ਨੂੰ ਮੁਬਾਰਕਪੁਰ ਕਾਜ਼ਵੇਅ ਦੀ ਜਗ੍ਹਾ 'ਤੇ ਪੁਲ ਬਣਾਉਣ ਦੀ ਸੰਭਾਵਨਾ ਦੀ ਪੜਚੋਲ/ਅਧਿਐਨ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

# ਐੱਸ ਡੀ ਐੱਮ ਨੇ ਪਿੰਡਾਂ ਦਾ ਦੌਰਾ ਕਰਕੇ ਧੁੱਸੀ ਬੰਨ੍ਹਾਂ ਦਾ ਲਿਆ ਜਾਇਜ਼ਾ



**ਬਲਾਚੌਰ (ਜਸਵਿੰਦਰ ਬੈਂਸ)**- ਉਪ ਮੰਡਲ ਮੈਜਿਸਟ੍ਰੇਟ ਕ੍ਰਿਤਿਕਾ ਗੋਇਲ ਨੇ ਪਿੰਡ ਤਾਜੋਵਾਲ, ਕਾਠਗੜ੍ਹ, ਕਿਸ਼ਨਪੁਰ, ਏ.ਡੀ.ਸੀ. ਪਰਾਗਪੁਰ, ਦੁਗਰੀ, ਖੋਜਾ ਬੇਟ, ਔਲੀਆਪੁਰ ਦਾ ਦੌਰਾ ਕਰਕੇ ਧੁੱਸੀ ਬੰਨ੍ਹਾਂ ਦਾ ਜਾਇਜ਼ਾ ਲਿਆ। ਐੱਸ ਡੀ ਐੱਮ ਕ੍ਰਿਤਿਕਾ ਗੋਇਲ ਨੇ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਸਮੇਤ ਧੁੱਸੀ ਬੰਨ੍ਹਾਂ ਦਾ ਦੌਰਾ ਕਰਦਿਆਂ ਸਬ ਡਵੀਜ਼ਨ ਵਿੱਚ ਪੈਂਦੇ ਸਤਲੁਜ ਦਰਿਆ ਨਾਲ ਲੱਗਦੇ ਧੁੱਸੀ ਬੰਨ੍ਹ ਅਤੇ ਸੰਭਾਵੀ ਹੜ੍ਹਾਂ ਤੋਂ ਪ੍ਰਭਾਵਿਤ ਹੋਣ ਵਾਲੇ ਇਲਾਕਿਆਂ ਦਾ ਦੌਰਾ ਕਰਕੇ ਹੰਗਾਮੀ ਹਾਲਾਤ ਨਾਲ ਨਜਿੱਠਣ ਲਈ ਕੀਤੇ ਜਾ ਰਹੇ ਪ੍ਰਬੰਧਾਂ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਕਿਹਾ ਕਿ ਹੜ੍ਹਾਂ ਦੀ ਸਥਿਤੀ ਦੇ ਮੱਦੇਨਜ਼ਰ ਕਿਸੇ ਵੀ ਸੰਭਾਵੀ ਹਾਲਾਤ ਨਾਲ ਨਜਿੱਠਣ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਨੇ ਬਰਸਾਤਾਂ ਦੌਰਾਨ ਗੁਆਂਢੀ ਸੂਬੇ ਹਿਮਾਚਲ ਅਤੇ ਸਥਾਨਕ ਪੱਧਰ 'ਤੇ ਪਾਣੀ ਦਾ ਪੱਧਰ ਵਧਣ ਕਾਰਨ ਸੰਭਾਵੀ ਹੜ੍ਹਾਂ ਦੇ ਖ਼ਤਰੇ ਬਾਰੇ ਪਿੰਡਾਂ ਦੇ ਸਰਪੰਚਾਂ, ਮੁਹਤਬਰਾਂ ਨਾਲ ਗੱਲਬਾਤ ਕੀਤੀ ਅਤੇ ਕਿਹਾ ਕਿ ਜੇਕਰ ਕਿਸੇ ਵੀ ਤਰ੍ਹਾਂ ਦੇ ਖ਼ਤਰੇ ਦੀ ਸੰਭਾਵਨਾ ਪੈਦਾ ਹੁੰਦੀ ਹੈ ਤਾਂ ਤੁਰੰਤ ਪ੍ਰਸ਼ਾਸਨ ਨਾਲ ਰਾਬਤਾ ਕੀਤਾ ਜਾਵੇ।ਇਸ ਮੌਕੇ 'ਤੇ ਉਨ੍ਹਾਂ ਦਰਿਆ ਸਤਲੁਜ ਦੇ ਧੁੱਸੀ ਬੰਨ੍ਹਾਂ ਦਾ ਨਿਰੀਖਣ ਕੀਤਾ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੇ ਪ੍ਰਬੰਧ ਕਰਨ ਦੇ ਨਿਰਦੇਸ਼ ਜਾਰੀ ਕੀਤੇ।

# 814 ਮਾਸਟਰ ਕਾਡਰ ਅਧਿਆਪਕਾਂ ਨੂੰ ਲੈਕਚਰਾਰ ਵਜੋਂ ਤਰੱਕੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸਕੂਲ ਸਿੱਖਿਆ ਵਿਭਾਗ ਨੇ 814 ਮਾਸਟਰ ਕਾਡਰ ਅਧਿਆਪਕਾਂ ਨੂੰ ਲੈਕਚਰਾਰ ਵਜੋਂ ਤਰੱਕੀ ਦਿੱਤੀ ਹੈ। ਇਨ੍ਹਾਂ ਅਧਿਆਪਕਾਂ ਨੂੰ ਤਰੱਕੀ ਪੂਰੇ ਸਮਰਪਣ ਨਾਲ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਿੱਚ ਪਾਏ ਯੋਗਦਾਨ ਅਤੇ ਸਾਲਾਂ ਦੇ ਤਜਰਬੇ ਨੂੰ ਧਿਆਨ ਵਿੱਚ ਰੱਖਦਿਆਂ ਦਿੱਤੀ ਗਈ ਹੈ। ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਤਰੱਕੀਆਂ ਵੱਖ ਵੱਖ ਵਿਸ਼ਿਆਂ ਨਾਲ ਸਬੰਧਤ ਅਧਿਆਪਕਾਂ ਨੂੰ ਦਿੱਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਪੰਜਾਬੀ ਦੇ 360, ਰਾਜਨੀਤੀ ਸ਼ਾਸਤਰ ਦੇ 271, ਅੰਗਰੇਜ਼ੀ ਦੇ 135, ਕਾਮਰਸ ਦੇ 40, ਸੰਸਕ੍ਰਿਤ ਦੇ ਦੋ, ਫਾਈਨ ਆਰਟਸ ਦਾ ਇੱਕ, ਹੋਮ ਸਾਇੰਸ ਦੇ ਤਿੰਨ ਅਤੇ ਸਮਾਜ ਸ਼ਾਸਤਰ ਦੇ ਦੋ ਲੈਕਚਰਾਰ ਸ਼ਾਮਲ ਹਨ।

# ਭੈਣ-ਭਰਾ ਦੇ ਪਵਿੱਤਰ ਰਿਸ਼ਤੇ ਹਮੇਸ਼ਾ ਬਣੇ ਰਹਿਣ : ਸੀਟੂ ਬਾਈ

**ਅਲਾਵਲਪੁਰ (ਮਦਨ ਬੰਗੜ)**- ਭੈਣਾਂ ਅਤੇ ਭਰਾਵਾਂ ਦੇ ਪਿਆਰ ਦਾ ਪ੍ਰਤੀਕ ਰੱਖੜੀ ਦਾ ਤਿਉਹਾਰ ਹਰ ਸਾਲ ਰੀਝਾਂ ਚਾਂਵਾ ਦੇ ਨਾਲ ਦੇਸ਼ ਵਿਦੇਸ਼ ਵਿੱਚ ਮਨਾਇਆ ਜਾਂਦਾ ਹੈ। ਇਸ ਦਿਨ ਭੈਣਾਂ ਆਪਣੇ ਭਰਾਵਾਂ ਦੇ ਗੁੱਟ 'ਤੇ ਰੱਖੜੀ ਬੰਨ੍ਹਦੀਆਂ ਹਨ ਤੇ ਉਨ੍ਹਾਂ ਦੀ ਲੰਬੀ ਉਮਰ ਅਤੇ ਹਮੇਸ਼ਾ ਚੜ੍ਹਦੀ ਕਲਾ ਦੀਆਂ ਦੁਆਵਾਂ ਮੰਗਦੀਆਂ ਹਨ ਤੇ ਭਰਾ ਆਪਣੀ ਭੈਣ ਨੂੰ ਪਿਆਰ ਤੇ ਸਤਿਕਾਰ ਦਿੰਦਿਆਂ ਉਨ੍ਹਾਂ ਦੇ ਨਾਲ ਹਰ ਦੁੱਖ ਸੁੱਖ ਵਿੱਚ ਸਾਥ ਦੇਣ ਲਈ ਵਚਨਬੱਧਤਾ ਦਾ ਪ੍ਰਗਟਾਵਾ ਕਰਦਿਆਂ ਖੁਸ਼ੀ ਨਾਲ ਉਨ੍ਹਾਂ ਪਲਾਂ ਨੂੰ ਮਾਣਦੇ ਹਨ। ਅੱਗੇ ਸੀਟੂ ਬਾਈ ਨੇ ਕਿਹਾ ਕਿ ਕੁੱਝ ਅਜਿਹੇ ਭੈਣ ਭਰਾ ਵੀ ਹੁੰਦੇ ਨੇ ਜਿਨ੍ਹਾਂ ਦਾ ਬਚਪਨ ਵਿੱਚ ਤਾਂ ਆਪਸੀ ਬਹੁਤ ਹੀ ਪਿਆਰ ਹੁੰਦਾ ਹੈ ਤੇ ਹਰ ਸਾਲ ਰੱਖੜੀ ਦਾ ਦਿਨ ਬੜੇ ਚਾਵਾਂ ਦੇ ਨਾਲ ਮਨਾਉਂਦੇ ਹਨ ਤੇ ਉਹੀ ਭੈਣ ਭਰਾ ਜਦੋਂ ਵੱਡੇ ਹੋ ਜਾਂਦੇ ਹਨੇ, ਵਿਆਹੇ ਜਾਂਦੇ ਹਨ ਉਦੋਂ ਪਤਾ ਨਹੀਂ ਕਿਉਂ ਦੂਰੀਆਂ ਪੈ ਜਾਂਦੀਆਂ ਹਨ ਤੇ ਰਿਸ਼ਤਿਆਂ ਵਿੱਚ ਖਟਾਸ ਭਰ ਜਾਂਦੀ ਹੈ।ਇਸ ਕਰਕੇ ਵੀ ਕਈ ਭੈਣਾਂ ਤੇ ਭਰਾਵਾਂ ਲਈ ਰੱਖੜੀ ਦੇ ਦਿਨ ਇਸ ਰਿਸ਼ਤੇ ਨੂੰ ਨਿਭਾਉਣ ਦਾ ਸਬੱਬ ਨਹੀਂ ਬਣਦਾ ਤੇ ਇੱਕ ਦੂਜੇ ਵਿੱਚ ਦੂਰੀ ਹੋਣ ਕਰਕੇ ਭਰਾਵਾਂ ਦੇ ਗੁੱਟਾਂ ਨੂੰ ਰੱਖੜੀ ਨਹੀਂ ਮਿਲਦੀ। ਸੀਟੂ ਬਾਈ ਨੇ ਕਿਹਾ ਕਿ ਭੈਣ ਭਰਾ ਦੇ ਪਵਿੱਤਰ ਰਿਸ਼ਤੇ ਹਮੇਸ਼ਾ ਬਣੇ ਰਹਿਣ ਤੇ ਸਾਨੂੰ ਸਾਰਿਆਂ ਨੂੰ ਪ੍ਰਣ ਕਰਨਾ ਹੋਵੇਗਾ ਕਿ ਧੀ ਅਤੇ ਪੁੱਤਰ ਦੇ ਫਰਕ ਨੂੰ ਪੂਰੀ ਤਰ੍ਹਾਂ ਨਾਲ ਸਮਾਜ ਵਿੱਚ ਖਤਮ ਕਰਨਾ ਹੋਵੇਗਾ ।ਆਪਣੇ ਬੱਚਿਆਂ ਨੂੰ ਚੰਗੀ ਵਿੱਦਿਆ ਗ੍ਰਹਿਣ ਕਰਵਾ ਕੇ ਚੰਗੇ ਸੰਸਕਾਰ ਦੇਣ ਲਈ ਹਰ ਸੰਭਵ ਕੋਸ਼ਿਸ਼ ਕਰਨੀ ਹੋਵੇਗੀ ਅਤੇ ਪੂਰੀ ਇਮਾਨਦਾਰੀ ਦਿਖਾਉਂਦੇ ਹੋਏ ਅਜਿਹਾ ਕਰਨ ਨਾਲ ਸਮਾਜ ਵਿੱਚ ਬਹੁਤ ਵੱਡਾ ਬਦਲਾਅ ਆਵੇਗਾ ਤੇ ਕੁਦਰਤ ਦੇ ਅਸੂਲਾਂ ਮੁਤਾਬਕ ਚੱਲਣ ਨਾਲ ਅਲੱਗ ਹੀ ਖੁਸ਼ੀ ਮਹਿਸੂਸ ਹੋਵੇਗੀ। ਰੱਖੜੀ ਦੇ ਤਿਉਹਾਰ ਮੌਕੇ ਭੈਣਾਂ ਤੇ ਭਰਾਵਾਂ ਦੇ ਪਵਿੱਤਰ ਰਿਸ਼ਤਿਆਂ ਦੀਆਂ ਗੰਢਾਂ ਹੋਰ ਪੱਕੀਆਂ ਹੋਣਗੀਆਂ, ਵੱਧ ਤੋਂ ਵੱਧ ਆਪਣੀਆਂ ਲਾਡਲੀਆਂ ਧੀਆਂ ਨੂੰ ਵਿੱਦਿਆ ਦਾ ਦਾਜ ਦੇਣਾ ਚਾਹੀਦਾ ਹੈ ਤੇ ਸਾਨੂੰ ਮੁੰਡਿਆਂ ਦੇ ਨਾਲ ਆਪਣੀਆ ਧੀਆਂ ਨੂੰ ਵੀ ਪਿਆਰ ਕਰਨਾ ਚਾਹੀਦਾ ਹੈ। ਇਸ ਰੱਖੜੀ ਦੇ ਪਵਿੱਤਰ ਤਿਉਹਾਰ ਦੀਆਂ ਸਾਰੇ ਭੈਣਾਂ ਭਰਾਵਾਂ ਨੂੰ ਮੁਬਾਰਕਾਂ।

# ਸਕੂਲ ਫਲਾਹੀ 'ਚ ਪੇਟ ਦੇ ਕੀੜਿਆਂ ਤੋਂ ਰਾਸ਼ਟਰ ਮੁਕਤੀ ਦਿਵਸ ਮਨਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਬਲਾਕ ਹਾਰਟਾ ਬੱਡਲਾ ਸਿਵਲ ਸਰਜਨ ਹੁਸ਼ਿਆਰਪੁਰ ਡਾ. ਪਵਨ ਕੁਮਾਰ ਅਤੇ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ.ਐਚ.ਸੀ ਹਾਰਟਾ ਬਡਲਾ ਡਾ. ਮਨਪ੍ਰੀਤ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਲਾਹੀ ਵਿਖੇ ਪੇਟ ਦੇ ਕੀੜਿਆਂ ਤੋਂ ਰਾਸ਼ਟਰੀ ਮੁਕਤੀ ਦਿਵਸ ਮਨਾਇਆ ਗਿਆ।ਇਸ ਮੌਕੇ ਹਾਜ਼ਰ ਬੱਚਿਆਂ ਦੇ ਮਾਹਰ ਡਾਕਟਰ ਕੁਲਵੰਤ ਰਾਏ ਨੇ ਦੱਸਿਆ ਕਿ ਪੇਟ ਦੇ ਕੀੜਿਆਂ ਕਾਰਨ ਬੱਚਿਆਂ ਵਿੱਚ ਕੁਪੋਸ਼ਣ ਅਤੇ ਖੂਨ ਦੀ ਕਮੀ ਅਤੇ ਥਕਾਵਟ ਰਹਿੰਦੀ ਹੈ, ਜਿਸ ਕਾਰਨ ਸਿਹਤਮੰਦ ਸਰੀਰਕ ਅਤੇ ਮਾਨਸਿਕ ਵਿਕਾਸ ਪੂਰੀ ਤਰ੍ਹਾ ਨਹੀਂ ਹੁੰਦਾ। ਉਨ੍ਹਾਂ ਕਿਹਾ ਕਿ 1 ਤੋਂ 19 ਸਾਲ ਤੱਕ ਦੇ ਬੱਚੇ ਪੇਟ ਦੇ ਕੀੜਿਆਂ ਦੀ ਬਿਮਾਰੀ ਦੇ ਜ਼ਿਆਦਾ ਸ਼ਿਕਾਰ ਹੁੰਦੇ ਹਨ। ਇਸ ਬਿਮਾਰੀ ਨਾਲ ਬੱਚਿਆਂ 'ਚ ਭੁੱਖ ਨਾ ਲੱਗਣਾ, ਕੁਪੋਸ਼ਣ ਅਤੇ ਖੂਨ ਦੀ ਕਮੀ, ਸੰਪੂਰਨ ਮਾਨਸਿਕ ਤੇ ਸਰੀਰਕ ਵਿਕਾਸ ਵਿੱਚ ਰੁਕਾਵਟ, ਖੂਨ ਦੀ ਕਮੀ ਕਾਰਨ ਥਕਾਵਟ ਰਹਿਣੀ, ਪੜ੍ਹਾਈ 'ਚ ਮਨ ਨਾ ਲੱਗਣਾ ਆਦਿ ਵਰਗੀਆਂ ਕਮੀਆਂ ਆ ਜਾਂਦੀਆਂ ਹਨ। ਇਸ ਲਈ ਇਨਾਂ ਤੋਂ ਬਚਾਓ ਲਈ ਬੱਚਿਆਂ ਨੂੰ ਪੇਟ ਦੇ ਕੀੜੇ ਮਾਰਨ ਵਾਲੀ ਐਲਬੈਂਡਾਜੋਲ ਦੀ ਗੋਲੀ ਖਵਾਈ ਜਾਂਦੀ ਹੈ ਜਿਸ ਨਾਲ ਬੱਚਿਆਂ ਨੂੰ ਪੇਟ ਦੀਆਂ ਬਿਮਾਰੀਆਂ ਤੋਂ ਰਾਹਤ ਮਿਲੇਗੀ।ਉਨ੍ਹਾਂ ਦੱਸਿਆ ਕਿ ਬਲਾਕ ਦੇ ਬਾਕੀ ਸਕੂਲਾਂ ਅਤੇ ਆਂਗਣਵਾੜੀ ਕੇਂਦਰਾਂ ਵਿੱਚ ਵੀ ਇਹ ਗੋਲੀ ਬੱਚਿਆਂ ਨੂੰ ਮਿਡ-ਡੇ ਮੀਲ ਤੋਂ ਬਾਅਦ ਅਧਿਆਪਕਾਂ ਅਤੇ ਆਂਗਣਵਾੜੀ ਕੇਂਦਰਾਂ ਵਿੱਚ ਆਂਗਣਵਾੜੀ ਵਰਕਰਾਂ ਦੀ ਨਿਗਰਾਨੀ ਹੇਠ ਖਵਾਈ ਜਾਣੀ ਹੈ ਅਤੇ ਜਿਹੜੇ ਬੱਚੇ ਅੱਜ ਕਿਸੇ ਵੀ ਕਾਰਨ ਕਰਕੇ ਦਵਾਈ ਲੈਣ ਤੋਂ ਵਾਂਝੇ ਰਹਿ ਜਾਣਗੇ ਉਨ੍ਹਾਂ ਨੂੰ 14 ਅਗਸਤ ਨੂੰ ਮੋਪ-ਅਪ ਦਿਵਸ 'ਤੇ ਦੁਬਾਰਾ ਖਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਐਲਬੈਂਡਾਜੋਲ ਦੀ ਗੋਲੀ ਨਾਲ ਦੋ ਤਰ੍ਹਾਂ ਨਾਲ ਲਾਭ ਹੰਦਾ ਹੈ ਪਹਿਲਾਂ ਸਿੱਧਾ ਜਿਨ੍ਹਾਂ 'ਚ ਅਨੀਮਿਆ ਤੋਂ ਬਚਾਅ, ਪੌਸ਼ਟਿਕ ਭੋਜਨ ਦੀ ਜ਼ਿਆਦਾ ਪਾਚਣ ਸ਼ਕਤੀ, ਸਰੀਰ ਦਾ ਖੁਰਾਕ ਲੈਣ ਤੇ ਪਾਚਣ ਸ਼ਕਤੀ 'ਚ ਸੁਧਾਰ ਆਉਂਦਾ ਹੈ ਅਤੇ ਦੂਜਾ ਅਸਿੱਧਾ ਲਾਭ ਜਿਵੇਂ ਸਰੀਰਕ ਸ਼ਕਤੀ ਵਿੱਚ ਵਾਧਾ, ਸਿੱਖਣ ਅਤੇ ਧਿਆਨ ਦੇਣ ਦੀ ਸਮਰੱਥਾ ਵਿੱਚ ਸੁਧਾਰ ਅਤੇ ਬੱਚਿਆਂ ਵਿੱਚ ਪੇਟ ਦੇ ਕੀੜਿਆਂ ਦੇ ਫੈਲਣ ਦੇ ਘੇਰੇ ਦਾ ਘੱਟ ਹੋਣਾ ਆਦਿ ਵਰਗੇ ਲਾਭ ਹੁੰਦੇ ਹਨ। ਉਨਾਂ ਦੱਸਿਆ ਕਿ ਜਿਨ੍ਹਾਂ ਬੱਚਿਆਂ ਦੇ ਪੇਟ ਵਿੱਚ ਕੀੜੇ ਹੁੰਦੇ ਹਨ ਉਨ੍ਹਾਂ ਨੂੰ ਦਵਾਈ ਖਾਣ ਤੋਂ ਬਾਅਦ ਮਾਮੂਲੀ ਲੱਛਣ ਜਿਵੇਂ ਜੀਅ ਕੱਚਾ ਹੋਣਾ, ਢਿੱਡ ਵਿੱਚ ਹਲਕ ਦਰਦ, ਉਲਟੀ, ਦਸਤ ਅਤੇ ਥਕਾਵਟ ਮਹਿਸੂਸ ਹੋ ਸਕਦੀ ਹੈ, ਪਰ ਘਬਰਾਉਣ ਦੀ ਕੋਈ ਲੋੜ ਨਹੀਂ ਕਿਉਂਕਿ ਇਸ ਗੋਲੀ ਦਾ ਕੋਈ ਮਾੜਾ ਪ੍ਰਭਾਵ ਨਹੀਂ ਹੈ ਅਤੇ ਇਹ ਪੂਰੀ ਤਰ੍ਹਾਂ ਨਾਲ ਬੱਚਿਆਂ ਅਤੇ ਵੱਡਿਆਂ ਲਈ ਸੁਰੱਖਿਅਤ ਹੈ। ਉਨ੍ਹਾਂ ਬੱਚਿਆਂ ਨੂੰ ਪੇਟ ਦੇ ਕੀੜਿਆਂ ਤੋਂ ਬਚਾਅ ਅਤੇ ਰੋਕਥਾਮ ਲਈ ਦਵਾਈ ਖਾਣ ਦੇ ਨਾਲ ਨਾਲ ਹੋਰ ਮਹੱਤਵਪੂਰਨ ਕੰਮਾਂ ਵੱਲ ਵੀ ਧਿਆਨ ਦੇਣ ਲਈ ਵੀ ਕਿਹਾ ਜਿਵੇਂ ਹੱਥਾਂ ਦੇ ਨਹੁੰ ਸਾਫ ਤੇ ਛੋਟੇ ਰੱਖਣੇ, ਖਾਣ-ਪੀਣ ਦੇ ਸਮਾਨ ਨੂੰ ਢਕ ਕੇ ਰੱਖਣਾ, ਆਸ-ਪਾਸ ਦੀ ਸਫਾਈ ਰੱਖਣੀ, ਖਾਣ ਤੋਂ ਪਹਿਲਾਂ ਅਤੇ ਬਾਅਦ ਵਿੱਚ ਹੱਥ ਸਾਬਣ ਨਾਲ ਧੋਣੇ, ਨੰਗੇ ਪੈਰ ਨਾ ਚੱਲਣਾ, ਸਾਫ ਪਾਣੀ ਪੀਣਾ, ਫਲਾਂ ਅਤੇ ਸਬਜ਼ੀਆਂ ਨੂੰ ਸਾਫ ਪਾਣੀ ਵਿੱਚ ਧੋਣਾ, ਹਮੇਸ਼ਾਂ ਪਖਾਨੇ ਦੀ ਵਰਤੋਂ ਕਰਨਾ ਆਦਿ ਸ਼ਾਮਲ ਹਨ। ਇਸ ਦੌਰਾਨ ਬੱਚਿਆਂ ਨੂੰ ਹੱਥਾਂ ਨੂੰ ਧੋਣ (ਹੈਂਡ ਵਾਸ਼ਿੰਗ) ਕਰਨ ਦੀ ਸਹੀ ਵਿਧੀ ਬਾਰੇ ਵੀ ਜਾਣੂ ਕਰਵਾਇਆ ਗਿਆ। ਇਸ ਮੌਕੇ ਬੀ.ਈ.ਈ ਅਮਨਦੀਪ ਸਿੰਘ ਤੋਂ ਇਲਾਵਾ ਮਲਟੀਪਰਪਜ਼ ਹੈਲਥ ਵਰਕਰ ਨਵਦੀਪ ਸਿੰਘ, ਪ੍ਰਵੀਨ ਕੁਮਾਰ ਅਤੇ ਸਕੂਲ ਦੇ ਅਧਿਆਪਕ ਨਰਿੰਦਰ ਕੁਮਾਰ, ਵੀਰਇੰਦਰ ਸੈਣੀ ਅਤੇ ਰੁਪਇੰਦਰ ਕੌਰ ਹਾਜ਼ਰ ਸਨ।



# ਸਕੂਲ 'ਚ ਮਨਾਇਆ ਰੱਖੜੀ ਦਾ ਤਿਉਹਾਰ



**ਕਰਤਾਰਪੁਰ (ਹਰਮੇਸ਼ ਦੱਤ)**- ਰੱਖੜੀ ਦੇ ਤਿਉਹਾਰ ਮੌਕੇ ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਵਿੱਚ ਛੋਟੇ ਬੱਚਿਆਂ ਵੱਲੋਂ ਰੱਖੜੀ ਬੰਨ੍ਹ ਕੇ ਅਤੇ ਤੋਹਫ਼ੇ ਦੇ ਕੇ ਤਿਉਹਾਰ ਮਨਾਇਆ ਗਿਆ। ਭਰਾ-ਭੈਣ ਦੇ ਪਿਆਰ ਨੂੰ ਸਮਰਪਤ ਇਸ ਤਿਉਹਾਰ 'ਤੇ ਪਹਿਲੀ ਤੋਂ ਛੇਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਰੱਖੜੀ ਬਣਾਉਣ ਦਾ ਮੁਕਾਬਲਾ ਅਤੇ ਕਾਰਡ ਬਣਾਉਣ ਦਾ ਮੁਕਾਬਲਾ ਕਰਵਾਇਆ ਗਿਆ। ਜਿਸ ਵਿੱਚ ਜਸਦੀਪ ਸਿੰਘ, ਨਵਰੀਤ ਕੌਰ, ਸੁਖਦੀਪ ਕੌਰ, ਅਭਿਜੋਤ ਸਿੰਘ, ਮਨਪ੍ਰੀਤ ਕੌਰ, ਅਮਨਪ੍ਰੀਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਅੱਠਵੀਂ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੀਆਂ ਭੈਣਾਂ ਨੂੰ ਧੰਨਵਾਦ ਪੱਤਰ ਲਿਖ ਕੇ ਆਪਣੇ ਪਿਆਰ ਦਾ ਇਜ਼ਹਾਰ ਕੀਤਾ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮੈਡਮ ਕੰਵਲਜੀਤ ਕੌਰ ਵੱਲੋਂ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ। ਸਕੂਲ ਦੀ ਚੇਅਰਪਰਸਨ ਮੈਡਮ ਸੁਰਿੰਦਰ ਕੌਰ, ਡਾ. ਚਰਨ ਸਿੰਘ, ਪਿਆਰਾ ਸਿੰਘ, ਮਨਦੀਪ ਕੌਰ, ਸਤਨਾਮ ਸਿੰਘ, ਪਲਵਿੰਦਰ ਕੌਰ ਅਤੇ ਹੋਰ ਸਟਾਫ਼ ਮੈਂਬਰ ਵੀ ਮੌਜੂਦ ਸਨ।

# ਰੱਖੜੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ

**ਸ਼ਾਹਕੋਟ (ਗਿਆਨ ਸੈਦਪੁਰੀ)**- ਮਾਤਾ ਸਾਹਿਬ ਕੌਰ ਖਾਲਸਾ ਕਾਲਜ ਫਾਰ ਵਿਮੈਨ ਅਤੇ ਸੀਨੀਅਰ ਸੈਕੰਡਰੀ ਸਕੂਲ ਢੰਡੋਵਾਲ (ਸ਼ਾਹਕੋਟ) ਵਿਖੇ ਰੱਖੜੀ ਦਾ ਤਿਉਹਾਰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਰੱਖੜੀ ਦੇ ਸੰਬੰਧ ਵਿਚ ਵਿਦਿਆਰਥੀਆਂ ਦੇ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਸੰਸਥਾ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਚੱਠਾ ਅਤੇ ਸਮੂਹ ਮੈਂਬਰਾਂ ਦੀ ਅਗਵਾਈ ਅਤੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਰੇਖਾ ਸ਼ਰਮਾ ਤੇ ਕਾਲਜ ਪ੍ਰਿੰਸੀਪਲ (ਕਾਰਜਕਾਰੀ) ਪ੍ਰਵੀਨ ਕੌਰ ਦੀ ਦੇਖ ਰੇਖ ਹੇਠ ਕਰਵਾਏ ਗਏ ਇਹਨਾਂ ਵੱਖ-ਵੱਖ ਮੁਕਾਬਲਿਆਂ ਵਿਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਕਾਲਜ ਵਿਦਿਆਰਥਣਾਂ ਦੇ ਰੱਖੜੀ ਮੇਕਿੰਗ ਅਤੇ ਚਾਰਟ ਮੇਕਿੰਗ ਮੁਕਾਬਲੇ ਕਰਵਾਏ ਗਏ ਜਦਕਿ ਸਕੂਲ ਵਿਚ ਨਰਸਰੀ ਤੋਂ ਪਹਿਲੀ ਜਮਾਤ ਤੱਕ ਰਾਖੀ ਕਲਰਿੰਗ, ਦੂਜੀ ਤੋਂ ਚੌਥੀ ਜਮਾਤ ਤੱਕ ਰਾਖੀ ਡਰਾਇੰਗ, ਪੰਜਵੀਂ ਤੋਂ ਬਾਹਰਵੀਂ ਜਮਾਤ ਤੱਕ ਰਾਖੀ ਮੇਕਿੰਗ ਮੁਕਾਬਲੇ ਕਰਵਾਏ ਗਏ। ਇਸ ਮੌਕੇ ਸਕੂਲ ਵਿਦਿਆਰਥਣਾਂ ਨੇ ਵਿਦਿਆਰਥੀਆਂ ਦੇ ਰੱਖੜੀ ਬੰਨ੍ਹ ਕੇ ਭੈਣ-ਭਰਾ ਦੇ ਪਵਿੱਤਰ ਰਿਸ਼ਤੇ ਦੀ ਵਿਸ਼ੇਸ਼ਤਾ ਨੂੰ ਦਰਸਾਇਆ। ਪ੍ਰਿੰਸੀਪਲ ਰੇਖਾ ਸ਼ਰਮਾ ਨੇ ਰੱਖੜੀ ਦੇ ਤਿਉਹਾਰ ਦੀ ਮਹੱਤਤਾ ਬਾਰੇ ਵਿਚਾਰ ਪੇਸ਼ ਕੀਤ। ਇਸ ਮੌਕੇ ਸਕੂਲ ਅਤੇ ਕਾਲਜ ਦੇ ਸਮੂਹ ਸਟਾਫ ਮੈਂਬਰ ਵੀ ਹਾਜ਼ਰ ਸਨ।



# ਵਿਦਿਆਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਦਾ ਆਯੋਜਨ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸਰਕਾਰੀ ਕਾਲਜ ਡੇਰਾ ਬੱਸੀ ਵਿਖੇ ਪ੍ਰਿੰਸੀਪਲ ਸ੍ਰੀਮਤੀ ਗਿਤਾਂਜਲੀ ਕਾਲੜਾ ਦੀ ਸਰਪ੍ਰਸਤੀ ਹੇਠ ਅਕਾਦਮਿਕ ਸੈਸ਼ਨ 2025-26 ਦੇ ਪਹਿਲੇ ਸਮੈਸਟਰ ਦੇ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਦਾ ਆਰੰਭ ਪ੍ਰੋ. ਅਵਤਾਰ ਸਿੰਘ ਨੇ ਕਾਲਜ ਦੇ ਵੱਖੋ-ਵੱਖਰੇ ਕੋਰਸਾਂ ਬਾਰੇ ਸੰਖੇਪ ਜਾਣਕਾਰੀ ਦੇ ਕੇ ਕੀਤਾ। ਇਸ ਤੋਂ ਉਪਰੰਤ ਕਾਲਜ ਦੇ ਸਾਰੇ ਵਿਭਾਗਾਂ ਦੇ ਇੰਚਾਰਜ ਸਾਹਿਬਾਨਾਂ ਨੇ ਆਪਣੇ-ਆਪਣੇ ਵਿਭਾਗਾਂ ਅਤੇ ਕਮੇਟੀਆਂ ਬਾਰੇ ਵਿਸਥਾਰਪੂਰਵਕ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ। ਪ੍ਰੋ. ਅਵਤਾਰ ਸਿੰਘ ਨੇ ਨਵੀਂ ਸਿੱਖਿਆ ਪ੍ਰਣਾਲੀ ਬਾਰੇ ਵਿਦਿਆਰਥੀਆਂ ਨੂੰ ਵਿਸਥਾਰਿਤ ਰੂਪ ਵਿੱਚ ਸਮਝਾਇਆ ਅਤੇ ਵਿਸ਼ਿਆਂ ਦੀ ਚੋਣ ਕਿਵੇਂ ਅਤੇ ਕਿਸ ਤਰ੍ਹਾਂ ਕਰਨੀ ਹੈ, ਬਾਰੇ ਦੱਸਿਆ। ਇਸ ਉਪਰੰਤ ਕਾਮਰਸ ਵਿਭਾਗ ਦੇ ਮੁਖੀ ਪ੍ਰੋ. ਮਨਜੋਤ ਸਿੰਘ ਨੇ ਬੀ.ਕਾਮ ਦੇ ਵਿਦਿਆਰਥੀਆਂ ਨੂੰ ਦਿੱਤੇ ਜਾਣ ਵਾਲੇ ਵਿਸ਼ਿਆਂ ਬਾਰੇ ਚਾਨਣਾ ਪਾਇਆ। ਸਕਾਲਰਸ਼ਿਪ ਕਮੇਟੀ ਦੇ ਇੰਚਾਰਜ ਡਾ. ਨਵਦੀਪ ਕਹੌਲ ਨੇ ਸਮੂਹ ਵਿਦਿਆਰਥੀਆਂ ਨੂੰ ਪੰਜਾਬ ਸਰਕਾਰ ਦੁਆਰਾ ਦਿੱਤੀਆਂ ਜਾਣ ਵਾਲੀਆਂ ਵਜ਼ੀਫਾ ਸਕੀਮਾਂ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਐੱਨ ਐੱਸ ਐੱਸ ਕਮੇਟੀ ਮੈਂਬਰ ਪ੍ਰੋ. ਰਵਿੰਦਰ ਸਿੰਘ ਨੇ ਐੱਨ ਐੱਸ ਐੱਸ ਕਮੇਟੀ ਦੇ ਮੈਂਬਰਾਂ ਨਾਲ ਵਿਦਿਆਰਥੀਆਂ ਨੂੰ ਮਿਲਵਾਇਆ ਤੇ ਦੱਸਿਆ ਕਿ ਕਿਸ ਤਰ੍ਹਾਂ ਇਹ ਕਮੇਟੀ ਵੱਖ-ਵੱਖ ਸਮਾਜਿਕ ਕੰਮਾਂ ਤੇ ਸਮਾਜ ਸੁਧਾਰ ਵਿੱਚ ਆਪਣਾ ਯੋਗਦਾਨ ਪਾਉਂਦੀ ਹੈ। ਇਸ ਦੇ ਨਾਲ ਹੀ ਉਹਨਾਂ ਵਿਦਿਆਰਥੀਆਂ ਨੂੰ ਇਸ ਦੇ ਵਲੰਟੀਅਰ ਬਨਣ ਲਈ ਉਤਸ਼ਾਹਿਤ ਵੀ ਕੀਤਾ।



# ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ 'ਚ ਤੀਆਂ ਦਾ ਤਿਉਹਾਰ 14 ਨੂੰ

**ਗੁਰਾਇਆ (ਬਿੰਦਰ ਸੁੰਮਨ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਉਪ-ਕੁਲਪਤੀ ਪ੍ਰੋਫੈਸਰ ਡਾ. ਕਰਮਜੀਤ ਸਿੰਘ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਜਗਸੀਰ ਸਿੰਘ ਬਰਾੜ ਦੀ ਅਗਵਾਈ ਹੇਠ ਕਾਲਜ ਵਿਖੇ ਸਾਵਨ ਮਹੀਨੇ ਦਾ ਹਰਮਨ ਪਿਆਰਾ ਤਿਉਹਾਰ "ਤੀਆਂ ਤੀਜ ਦੀਆਂ" 14 ਅਗਸਤ ਨੂੰ ਮਨਾਇਆ ਜਾਵੇਗਾ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਜਾਵੇਗਾ। ਕਾਲਜ ਦੇ ਪ੍ਰਿੰਸੀਪਲ ਨੇ ਦੱਸਿਆ ਕਿ ਕਾਲਜ ਵਿਖੇ ਇਸ ਸੱਭਿਆਚਾਰਕ ਪ੍ਰੋਗਰਾਮ ਨੂੰ ਕਰਵਾਉਣ ਦਾ ਮੁੱਖ ਮਕਸਦ ਨੌਜਵਾਨ ਪੀੜ੍ਹੀ ਨੂੰ ਪੁਰਾਤਨ ਤੇ ਅਲੋਪ ਹੋ ਰਹੇ ਸੱਭਿਆਚਾਰਕ ਵਿਰਸੇ ਤੋਂ ਰੂਬਰੂ ਕਰਵਾਉਂਦਿਆਂ ਤੀਜ ਦੇ ਤਿਉਹਾਰ ਦੀ ਪੰਜਾਬੀ ਸੱਭਿਆਚਾਰ ਵਿੱਚ ਵਿਸ਼ੇਸ਼ ਮਹੱਤਤਾ ਤੋਂ ਜਾਣੂ ਕਰਵਾਉਣਾ ਹੈ। ਪ੍ਰੋਗਰਾਮ ਦੌਰਾਨ ਕਾਲਜ ਵਿਦਿਆਰਥੀਆਂ ਵੱਲੋਂ ਪੰਜਾਬੀ ਵਿਰਸੇ ਨਾਲ ਸੰਬੰਧਤ ਗਿੱਧਾ, ਭੰਗੜਾ, ਲੋਕਗੀਤ, ਢੋਲਾ, ਮਾਹੀਆ ਅਤੇ ਟੱਪਿਆਂ ਦੀ ਪੇਸ਼ਕਾਰੀ ਹੋਵੇਗੀ। ਇਸ ਮੌਕੇ ਕਾਲਜ ਦੇ ਵਿਹੜੇ ਵਿੱਚ ਵਿਭਿੰਨ ਪ੍ਰਕਾਰ ਦੇ ਸਟਾਲ ਜਿਸ ਵਿੱਚ ਖਾਣ-ਪੀਣ ਦੀਆਂ ਵਸਤੂਆਂ ਤੋਂ ਇਲਾਵਾ ਮਹਿੰਦੀ ਅਤੇ ਚੂੜੀਆਂ ਦੇ ਸਟਾਲ ਵਿਦਿਆਰਥਣਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਰਹਿਣਗੇ। ਇਸ ਤੋਂ ਇਲਾਵਾ ਕਾਲਜ ਦੇ ਪ੍ਰਿੰਸੀਪਲ ਡਾਕਟਰ ਬਰਾੜ ਨੇ ਦੱਸਿਆ ਕਿ ਤੀਆਂ ਦੇ ਤਿਉਹਾਰ ਦੇ ਮੌਕੇ ਜੰਡਿਆਲਾ ਮੰਜਕੀ ਦੇ ਖੇਤਰ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੂੰ ਸੱਦ ਕੇ ਆਪਸ ਵਿੱਚ ਅੰਤਰ ਸਕੂਲ ਮੁਕਾਬਲੇ ਕਰਵਾਏ ਜਾਣਗੇ।

# ਨੈਸ਼ਨਲ ਹੈਲਥ ਮਿਸ਼ਨ ਅਧੀਨ ਕਰਮਚਾਰੀ ਤਨਖਾਹ ਨਾ ਮਿਲਣ 'ਤੇ ਮਾਯੂਸ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਅਗਸਤ ਮਹੀਨੇ ਤੋਂ ਹੀ ਦਿਨ ਤਿਉਹਾਰ ਸ਼ੁਰੂ ਹੋ ਜਾਂਦੇ ਹਨ ।ਇਸ ਮਹੀਨੇ ਤਿਉਹਾਰ ਰੱਖੜੀ ਦਾ ਵੀ ਹੁੰਦਾ ਹੈ।ਹਰ ਭਰਾ ਨੂੰ ਵੀ ਹੁੰਦਾ ਹੈ ਕਿ ਇਸ ਦਿਨ ਉਹ ਆਪਣੀਆਂ ਭੈਣਾਂ ਨੂੰ ਪਿਆਰ ਦੇ ਰੂਪ ਵਿੱਚ ਕੁਝ ਨਾ ਕੁਝ ਤੋਹਫ਼ੇ ਆਦਿ ਵਜੋਂ ਦੇਣ।ਇਸ ਵਾਰ ਸਿਹਤ ਵਿਭਾਗ ਦੇ ਨੈਸ਼ਨਲ ਹੈਲਥ ਮਿਸ਼ਨ ਅਧੀਨ ਕੰਮ ਕਰਦੇ ਕਰਮਚਾਰੀਆਂ ਦੀ ਪੰਜਾਬ ਸਰਕਾਰ ਵੱਲੋਂ ਤਨਖਾਹ ਨਾ ਮਿਲਣ 'ਤੇ ਹਾਲਤ ਬਹੁਤ ਪਤਲੀ ਹੈ।ਬਿਨਾਂ ਤਨਖਾਹ ਤੋਂ ਇਸ ਮਿਸ਼ਨ ਵਿੱਚ ਕੰਮ ਕਰਦੇ ਮੇਲ ਕਰਮਚਾਰੀਆਂ ਦੇ ਅਜਿਹੇ ਹਾਲਾਤ ਬਣੇ ਹੋਏ ਹਨ ਕਿ ਉਹ ਆਪਣੀਆਂ ਭੈਣਾਂ ਨੂੰ ਇਸ ਦਾ ਜ਼ਿਕਰ ਵੀ ਨਹੀ ਕਰ ਸਕਦੇ ਤੇ ਕਰਜ਼ਾ ਚੁੱਕ ਕੇ, ਉਧਾਰ ਲੈ ਕੇ ਰੱਖੜੀ ਦਾ ਤਿਉਹਾਰ ਮਨਾਉਣਗੇ।ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਨੈਸ਼ਨਲ ਹੈਲਥ ਮਿਸ਼ਨ ਦੇ ਆਗੂ ਅਮਨਦੀਪ ਕੌਰ ਨੇ ਦੱਸਿਆ ਕਿ ਤਨਖਾਹਾਂ ਲੇਟ ਮਿਲਣ ਦਾ ਸਿਲਸਿਲਾ ਇਸ ਸਰਕਾਰ ਦੌਰਾਨ ਹੀ ਹੋਇਆ ਹੈ।ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਿਆ ਕਿ ਤਨਖਾਹ ਦੋ ਮਹੀਨੇ ਹੋਰ ਵੀ ਲੇਟ ਹੋ ਸਕਦੀ ਹੈ, ਜਿਸ ਨਾਲ ਨੈਸ਼ਨਲ ਹੈਲਥ ਮਿਸ਼ਨ ਅਧੀਨ ਕੰਮ ਕਰਦੇ ਕਰਮਚਾਰੀਆਂ ਦੇ ਘਰਾਂ ਵਿੱਚ ਬਹੁਤ ਵੱਡਾ ਵਿੱਤੀ ਸੰਕਟ ਵੀ ਖੜ੍ਹਾ ਹੋ ਸਕਦਾ ਹੈ।ਪਹਿਲਾਂ ਹੀ ਘੱਟ ਤਨਖਾਹ 'ਤੇ ਕੰਮ ਕਰਦੇ ਕਰਮਚਾਰੀਆਂ ਦੇ ਘਰ ਦੇ ਹਾਲਾਤ ਬਿਨਾਂ ਤਨਖਾਹ ਤੋਂ ਕਾਫੀ ਬਦਤਰ ਹੋ ਸਕਦੇ ਹਨ।ਪਿਛਲੀਆਂ ਸਰਕਾਰਾਂ ਦੌਰਾਨ ਨਾ ਤਾਂ ਕਦੇ ਤਨਖਾਹਾਂ ਲੇਟ ਹੋਈਆਂ ਸਨ, ਸਗੋਂ ਤਨਖਾਹਾਂ ਵਿੱਚ ਵਾਧਾ ਵੀ ਕੀਤਾ ਸੀ।ਪਰੰਤੂ ਆਮ ਆਦਮੀ ਪਾਰਟੀ ਦੌਰਾਨ ਸਾਢੇ ਤਿੰਨ ਸਾਲ ਬੀਤਣ ਦੇ ਬਾਵਜੂਦ ਇਸ ਸਰਕਾਰ ਨੇ ਕਰਮਚਾਰੀਆਂ ਦੀ ਇੱਕ ਪੰਜੀ ਤਨਖਾਹ ਵੀ ਨਹੀਂ ਵਧਾਈ, ਸਗੋਂ ਜਿਹੜੀ ਤਨਖਾਹ ਮਿਲਦੀ ਹੈ ਉਹ ਵੀ ਸਮੇਂ ਸਿਰ ਨਹੀ ਦੇ ਰਹੇ।ਨੈਸ਼ਨਲ ਹੈਲਥ ਮਿਸ਼ਨ ਦੇ ਕਰਮਚਾਰੀਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਪੀਲ ਕੀਤੀ ਹੈ ਕਿ ਕਰਮਚਾਰੀਆਂ ਦੀਆਂ ਤਨਖਾਹਾਂ ਸਮੇਂ ਸਿਰ ਦੇਣ ਦੇ ਸਿਹਤ ਵਿਭਾਗ ਨੂੰ ਹੁਕਮ ਜਾਰੀ ਕੀਤੇ ਜਾਣ ਅਤੇ ਕਰਮਚਾਰੀਆਂ ਦੀਆਂ ਮੌਜੂਦਾ ਤਨਖਾਹਾਂ ਵਿੱਚ ਵੀ ਵਾਧਾ ਕੀਤਾ ਜਾਵੇ।



# ਬਲਕੀਰਤ ਕੌਰ ਨੇ ਮਿਸ ਸੱਭਿਆਚਾਰਕ ਮੁਟਿਆਰ ਦਾ ਖਿਤਾਬ ਆਪਣੇ ਨਾਂਅ ਕੀਤਾ

**ਗੁਰਾਇਆ (ਬਿੰਦਰ ਸੁਮਨ)**- 'ਵਿਰਾਸਤ-ਏ-ਸੱਭਿਆਚਾਰ' ਸੀਜ਼ਨ 2 ਵਿੱਚ ਐੱਸ ਟੀ ਐੱਸ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਕਲਾ ਅਤੇ ਸੰਸਕਾਰਾਂ ਰਾਹੀਂ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿਤਾ। ਇਸ ਪ੍ਰਤਿਯੋਗਤਾ ਦੇ ਗਰੁੱਪ ਡਾਂਸ ਸ਼੍ਰੇਣੀ ਵਿੱਚ ਸਕੂਲ ਦੀਆਂ ਵਿਦਿਆਰਥਣਾਂ ਰੁਪਿੰਦਰ ਕੌਰ, ਸੁਖਜੋਵਨਪ੍ਰੀਤ ਕੌਰ, ਹਰਮਨ ਕੌਰ, ਬਲਕੀਰਤ ਕੌਰ, ਅਮਾਨਤ ਅਤੇ ਗੁਰਵੀਨ ਕੌਰ — ਨੇ ਭਾਗ ਲੈਂਦੇ ਹੋਏ ਦੂਜਾ ਸਥਾਨ ਪ੍ਰਾਪਤ ਕੀਤਾ ਤੇ ਬਲਕੀਰਤ ਕੌਰ ਨੇ ਮਿਸ ਸਭਿਆਚਾਰਕ ਮੁਟਿਆਰ ਦਾ ਖਿਤਾਬ ਆਪਣੇ ਨਾ ਕਰਕੇ ਸਕੂਲ ਦਾਂ ਨਾਂਅ ਉੱਚਾ ਕੀਤਾ। ਉਨ੍ਹਾਂ ਦੀ ਰੁਹਾਨੀ ਤੇ ਜੋਸ਼ ਭਰੀ ਪ੍ਰਸਤੁਤੀ ਨੇ ਮੰਚ 'ਤੇ ਇੱਕ ਵੱਖਰਾ ਹੀ ਰੰਗ ਭਰ ਦਿੱਤਾ। ਇਹ ਨਾਚ ਪ੍ਰਸਿੱਧ ਕੋਰੀਓਗ੍ਰਾਫਰ ਰਾਜੀਵ ਕੁਮਾਰ ਦੀ ਅਗਵਾਈ ਹੇਠ ਤਿਆਰ ਕੀਤਾ ਗਿਆ ਸੀ।



# ਹਰੀਪੁਰ ਦੇ ਸਰਕਾਰੀ ਸਕੂਲ ਦੇ ਬੱਚਿਆਂ ਵੱਲੋਂ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ



**ਆਦਮਪੁਰ (ਪਰਮਜੀਤ ਰਿੰਘ)**- ਸਰਕਾਰੀ ਹਾਈ ਸਕੂਲ ਹਰੀਪੁਰ ਦੇ ਵਿਦਿਆਰਥੀਆਂ ਨੇ ਜ਼ੋਨ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਸਕੂਲ ਮੁੱਖ ਅਧਿਆਪਕਾ ਮੈਡਮ ਮੀਨਾਕਸ਼ੀ ਨੇ ਦੱਸਿਆ ਕਿ ਵਿਦਿਆਰਥੀਆਂ ਵੱਲੋਂ ਕ੍ਰਿਕਟ ਦੇ ਜ਼ੋਨ ਪੱਧਰੀ ਟੂਰਨਾਮੈਂਟ ਆਦਮਪੁਰ ਉਮਰ ਵਰਗ ਅੰਡਰ 17 (ਮੁੰਡੇ) ਸਰਕਾਰੀ ਹਾਈ ਸਕੂਲ ਹਰੀਪੁਰ ਨੇ ਫਾਈਨਲ ਮੈਚ ਵਿੱਚ ਜਸਕਰਨ ਅਤੇ ਗੁਰਪ੍ਰੀਤ ਦੀ ਸ਼ਾਨਦਾਰ ਬੱਲੇਬਾਜ਼ੀ ਦੀ ਬਦੌਲਤ ਸਰਕਾਰੀ ਹਾਈ ਸਕੂਲ ਜਲਭੇ ਨੂੰ 10 ਵਿਕਟਾਂ ਨਾਲ ਹਰਾਇਆ। ਕ੍ਰਿਕਟ ਜ਼ੋਨ ਪੱਧਰੀ ਟੂਰਨਾਮੈਂਟ ਉਮਰ ਵਰਗ ਅੰਡਰ 14 (ਮੁੰਡੇ) ਸਰਕਾਰੀ ਹਾਈ ਸਕੂਲ ਹਰੀਪੁਰ ਨੇ ਫਾਈਨਲ ਮੈਚ ਵਿੱਚ ਹੈਰੀ, ਨਿਖਿਲ ਅਤੇ ਪ੍ਰਭਜੋਤ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਬਦੌਲਤ ਸਕੂਲ ਆਫ ਐਮੀਨੈਂਸ ਆਦਮਪੁਰ ਨੂੰ 31 ਰਨਾਂ ਨਾਲ ਹਰਾਇਆ। ਕਬੱਡੀ ਪੰਜਾਬ ਸਟਾਇਲ ਉਮਰ ਵਰਗ ਅੰਡਰ 17 (ਮੁੰਡੇ) ਸਰਕਾਰੀ ਹਾਈ ਸਕੂਲ ਹਰੀਪੁਰ ਨੇ ਫਾਈਨਲ ਮੈਚ ਵਿੱਚ ਜਸਕਰਨ ਅਤੇ ਗੁਰਪ੍ਰੀਤ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਬਦੌਲਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਪੂਰ ਪਿੰਡ ਨੂੰ ਹਰਾਇਆ। ਅਖੀਰ ਖੋ-ਖੋ ਉਮਰ ਵਰਗ ਅੰਡਰ 14 (ਕੁੜੀਆਂ) ਸਰਕਾਰੀ ਹਾਈ ਸਕੂਲ ਹਰੀਪੁਰ ਨੇ ਜ਼ੋਨ ਪੱਧਰੀ ਟੂਰਨਾਮੈਂਟ ਵਿੱਚ ਦੂਸਰਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ। ਵੱਖ- ਵੱਖ ਖੇਡਾਂ ਵਿਚ ਵਿਦਿਆਰਥੀਆਂ ਦੇ ਵਧੀਆ ਪ੍ਰਦਰਸ਼ਨ ਤੇ ਸਰਕਾਰੀ ਹਾਈ ਸਕੂਲ ਮੁੱਖ ਅਧਿਆਪਕਾ ਮੈਡਮ ਮੀਨਾਕਸ਼ੀ, ਸਰਪੰਚ ਡਾਕਟਰ ਨਿਰਮਲ ਕੌਲ, ਰਣਵੀਰ ਸਿੰਘ ਸੇਠੀ ਪ੍ਰਧਾਨ ਨੌਜਵਾਨ ਸਭਾ ਹਰੀਪੁਰ ਅਤੇ ਸਮੂਹ ਸਕੂਲ ਸਟਾਫ ਵੱਲੋਂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ।

# ਸਰਕਾਰ ਨੇ ਇੱਕ ਸਾਲ ਦੌਰਾਨ 108 ਕੈਦੀਆਂ ਨੂੰ ਅਗਾਊਂ ਰਿਹਾਈ ਦਿੱਤੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਨੇ ਪਿਛਲੇ ਇੱਕ ਸਾਲ ਦੇ ਸਮੇਂ ਦੌਰਾਨ ਉਮਰ ਕੈਦ ਦੀ ਸਜ਼ਾ ਭੁਗਤ ਰਹੇ ਚੰਗੇ ਆਚਰਨ ਦੇ ਧਾਰਨੀ 108 ਕੈਦੀਆਂ ਪ੍ਰਤੀ ਹਮਦਰਦੀ ਜਤਾਉਂਦਿਆਂ ਉਨ੍ਹਾਂ ਨੂੰ ਅਗਾਊਂ ਰਿਹਾਅ ਕਰਨ ਦੀ ਪਹਿਲਕਦਮੀ ਕੀਤੀ ਹੈ। ਇਹ ਕਦਮ ਚੰਗੇ ਆਚਰਨ ਵਾਲੇ ਕੈਦੀਆਂ ਨੂੰ ਪੁਨਰਵਾਸ ਦਾ ਮੌਕਾ ਪ੍ਰਦਾਨ ਕਰਨ ਦੇ ਉਦੇਸ਼ ਨਾਲ ਚੁੱਕਿਆ ਗਿਆ ਹੈ।ਪੰਜਾਬ ਦੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੂਬਾ ਸਰਕਾਰ ਨੇ ਨਿਆਂ ਅਤੇ ਪੁਨਰਵਾਸ ਪ੍ਰਤੀ ਆਪਣੀ ਵਚਨਬੱਧਤਾ ਨੂੰ ਦਰਸਾਉਂਦੇ ਹੋਏ ਇੱਕ ਮਹੱਤਵਪੂਰਨ ਫ਼ੈਸਲਾ ਕੀਤਾ ਹੈ ਅਤੇ ਪੰਜਾਬ ਦੀਆਂ ਵੱਖ-ਵੱਖ ਜੇਲ੍ਹਾਂ 'ਚ ਆਪਣੀ ਉਮਰ ਕੈਦ ਦੀ ਸਜ਼ਾ ਭੁਗਤ ਰਹੇ ਚੰਗੇ ਆਚਰਨ ਵਾਲੇ 108 ਕੈਦੀਆਂ ਨੂੰ ਪਿਛਲੇ ਇੱਕ ਸਾਲ ਦੇ ਅਰਸੇ ਦੌਰਾਨ ਰਿਹਾਅ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਫੈਸਲਾ ਉਨ੍ਹਾਂ ਵਿਅਕਤੀਆਂ ਨੂੰ ਦੂਜਾ ਮੌਕਾ ਪ੍ਰਦਾਨ ਕਰਨ ਦੇ ਸੂਬਾ ਸਰਕਾਰ ਦੇ ਯਤਨਾਂ ਨੂੰ ਦਰਸਾਉਂਦਾ ਹੈ, ਜਿਨ੍ਹਾਂ ਨੇ ਚੰਗਾ ਵਿਵਹਾਰ ਦਿਖਾਇਆ ਹੈ ਅਤੇ ਜਲਦੀ ਰਿਹਾਈ ਲਈ ਲੋੜੀਂਦੇ ਮਾਪਦੰਡ ਪੂਰੇ ਕੀਤੇ ਹਨ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਕਦਮ ਨਾਲ ਸਬੰਧਤਾਂ ਨੂੰ ਪੁਨਰਵਾਸ ਅਤੇ ਸਮਾਜ ਵਿੱਚ ਮੁੜ ਏਕੀਕਰਨ ਲਈ ਇੱਕ ਮੌਕਾ ਮਿਲੇਗਾ।

# 'ਆਪ' ਸਰਕਾਰ ਨੂੰ ਜ਼ਮੀਨ ਦਾ ਇੱਕ ਇੰਚ ਵੀ ਨਹੀਂ ਦਿਆਂਗੇ : ਮੰਗੂਪੁਰ



**ਬਲਾਚੌਰ (ਜਸਵਿੰਦਰ ਬੈਂਸ)**- ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਵੱਲੋਂ ਲੈਂਡ ਪੂਲਿੰਗ ਦੇ ਵਿਰੋਧ ਵਿੱਚ ਪ੍ਰੈੱਸ ਕਾਨਫਰੰਸ ਕੀਤੀ ਗਈ। ਉਨ੍ਹਾਂ ਕਿਹਾ ਕਿ ਇਹ ਨੀਤੀ ਕਿਸਾਨਾਂ ਨਾਲ ਕੀਤਾ ਜਾਣ ਵਾਲਾ ਸਭ ਤੋਂ ਵੱਡਾ ਧੋਖਾ ਹੈ। ਪ੍ਰੈੱਸ ਕਾਨਫਰੰਸ ਉਪਰੰਤ ਜ਼ਿਲ੍ਹਾ ਪ੍ਰਧਾਨ ਵੱਲੋਂ ਸਾਥੀਆਂ ਸਮੇਤ ਮਾਣਯੋਗ ਰਾਜਪਾਲ ਨੂੰ ਐੱਸ ਡੀ ਐੱਮ ਬਲਾਚੌਰ ਰਾਹੀਂ ਇੱਕ ਮੰਗ ਪੱਤਰ ਵੀ ਦਿੱਤਾ ਗਿਆ ਜਿਸ ਵਿੱਚ ਉਨ੍ਹਾਂ ਪੰਜਾਬ ਵਿੱਚ 50000 ਏਕੜ ਪ੍ਰਮੁੱਖ ਜ਼ਮੀਨ ਪ੍ਰਾਪਤ ਸੰਬੰਧੀ ਸੂਬਾ ਸਰਕਾਰ ਦੇ ਫੈਸਲੇ ਨੂੰ ਤੁਰੰਤ ਰੱਦ ਕਰਨ ਦੀ ਮੰਗ ਰੱਖੀ। ਉਨ੍ਹਾਂ ਕਿਹਾ ਕਿ ਲੈਂਡ ਪੂਲਿੰਗ ਦੀ ਨੀਤੀ ਪਿੰਡਾਂ ਨੂੰ ਖਤਮ ਕਰ ਦੇਵੇਗੀ, ਇਸ ਨੀਤੀ ਨਾਲ ਕਿਸਾਨਾਂ ਨੂੰ ਕੋਈ ਮੁਆਵਜ਼ਾ ਨਹੀਂ ਮਿਲਣਾ। ਇਸ ਨੂੰ ਤੁਰੰਤ ਰੱਦ ਕੀਤਾ ਜਾਣਾ ਚਾਹੀਦਾ। ਇਸ ਮੌਕੇ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਬਲਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਪੰਚਾਇਤੀ ਰਾਜ ਸੰਗਠਨ, ਤਰਸੇਮ ਚੌਧਰੀ ਸਾਬਕਾ ਚੇਅਰਮੈਨ, ਪਰਮਿੰਦਰ ਸਿੰਘ ਢਾਹ ਜਨਰਲ ਸਕੱਤਰ ਡੀ ਸੀ ਸੀ, ਨਰਿੰਦਰ ਸਿੰਘ ਜੱਸੀ ਜਨਰਲ ਸਕੱਤਰ ਬੀ ਸੀ ਸੀ, ਰਛਵਿੰਦਰ ਸਿੰਘ ਬੱਲ ਪ੍ਰਧਾਨ ਪੰਚਾਇਤੀ ਰਾਜ ਸੰਗਠਨ ਸੜੋਆ, ਰਿੱਕੀ ਬਜਾਜ ਖਜਾਨਚੀ ਡੀ ਸੀ ਸੀ, ਲਾਲ ਬਹਾਦੁਰ ਗਾਂਧੀ ਸਾਬਕਾ ਕੌਂਸਲਰ, ਲਖਵਿੰਦਰ ਸਿੰਘ ਪੰਚ, ਅੰਮ੍ਰਿਤ ਮੰਗੂਪੁਰ ਹਾਜ਼ਰ ਸਨ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸੰਬੰਧੀ ਲੈਕਚਰ

**ਸੁਲਤਾਨਪੁਰ ਲੋਧੀ (ਹਨੀ)**- ਪੰਜਾਬ ਸਰਕਾਰ ਵਲੋਂ ਚਲਾਈ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਸਬੰਧੀ ਐਸ.ਡੀ. ਕਾਲਜ ਫਾਰ ਵੂਮੈਨ ਵਿਖੇ ਐਂਟੀ ਡਰੱਗ ਕਲੱਬ ਵੱਲੋਂ ਲੈਕਚਰ ਕਰਵਾਇਆ ।ਇਸ ਦੌਰਾਨ ਪਟਿਆਲਾ ਤੋਂ ਡਾ. ਨਵਲੀਨ ਕੌਰ ਬਤੌਰ ਵਿਸ਼ੇਸ਼ ਮਹਿਮਾਨ ਪਹੁੰਚੇ, ਜਿਨ੍ਹਾਂ ਦਾ ਸਟਾਫ਼ ਮੈਂਬਰਾਂ ਅਤੇ ਵਿਦਿਆਰਥਣਾਂ ਜ਼ੋਰਦਾਰ ਸਵਾਗਤ ਕੀਤਾ।ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਡਾ. ਨਵਲੀਨ ਕੌਰ ਨੇ ਕਿਹਾ ਕਿ ਮਨੁੱਖੀ ਜੀਵਨ ਅਨਮੋਲ ਹੈ ਅਤੇ ਨਸ਼ਿਆਂ ਕਾਰਨ ਇਨਸਾਨ ਸਮੇਂ ਤੋਂ ਪਹਿਲਾਂ ਹੀ ਮੌਤ ਦਾ ਸ਼ਿਕਾਰ ਹੋ ਜਾਂਦਾ ਹੈ ਨਸ਼ਿਆਂ ਨੂੰ ਖਤਮ ਕਰਨ ਲਈ ਸਰਕਾਰ ਵੱਲੋਂ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' 'ਚ ਸਰਕਾਰ ਦੀ ਮਦਦ ਕਰਨੀ ਚਾਹੀਦੀ ਹੈ । ਉਨ੍ਹਾਂ ਵਿਦਿਆਰਥਣਾ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਬਾਰੇ ਜਾਣਕਾਰੀ ਦਿੱਤੀ । ਪੰਜਾਬੀ ਵਿਭਾਗ ਦੇ ਮੈਡਮ ਕਸ਼ਮੀਰ ਕੌਰ ਨੇ ਪਹੁੰਚੇ ਮਹਿਮਾਨਾਂ ਲਈ ਧੰਨਵਾਦੀ ਸ਼ਬਦ ਕਹੇ ।ਇਸ ਮੌਕੇ ਮੈਡਮ ਰਜਨੀ ਬਾਲਾ, ਮੈਡਮ ਰਾਜਬੀਰ ਕੌਰ ਆਦਿ ਸਟਾਫ਼ ਮੈਂਬਰ ਅਤੇ ਵਿਦਿਆਰਥਣਾਂ ਹਾਜ਼ਰ ਸਨ ।



# ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਦੇ ਪ੍ਰਧਾਨ ਬਣੇ ਸੁਖਵਿੰਦਰ ਸਿੰਘ



**ਅੱਡਾ ਸਰਾਂ/ ਟਾਂਡਾ ਉੜਮੁੜ (ਜਸਵੀਰ ਕਾਜਲ, ਓਂਕਾਰ ਸਿੰਘ)**- ਬਿਜਲੀ ਘਰ ਟਾਂਡਾ ਵਿਖੇ ਪੀ ਐੱਸ ਈ.ਬੀ. ਇੰਪਲਾਈਜ਼ ਫੈਡਰੇਸ਼ਨ (ਭਗਵਾਨ ਸਿੰਘ ਅਣਖੀ) ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿਚ ਟਾਂਡਾ ਸਬ ਅਰਬਨ ਜਥੇਬੰਦੀ ਦੀ ਇਕਾਈ ਦਾ ਗਠਨ ਕੀਤਾ ਗਿਆ। ਸਮੂਹ ਮੈਂਬਰਾਂ ਨੇ ਸਰਬ ਸੰਮਤੀ ਦੇ ਨਾਲ ਸੁਖਵਿੰਦਰ ਸਿੰਘ ਨੂੰ ਪ੍ਰਧਾਨ ਚੁਣਿਆ, ਜਦਕਿ ਪ੍ਰਭਜੀਤ ਕੌਰ ਨੂੰ ਮੀਤ ਪ੍ਰਧਾਨ, ਲਖਬੀਰ ਸਿੰਘ ਨੂੰ ਸਕੱਤਰ ਜਰਨਲ, ਨੀਰਜ ਕੁਮਾਰ ਨੂੰ ਸਹਾਇਕ ਸਕੱਤਰ, ਹਰਦੀਪ ਸਿੰਘ ਨੂੰ ਕੈਸ਼ੀਅਰ, ਗੁਰਪ੍ਰੀਤ ਸਿੰਘ ਨੂੰ ਪ੍ਰੈੱਸ ਸਕੱਤਰ, ਪਰਵਿੰਦਰ ਸਿੰਘ ਨੂੰ ਪ੍ਰੋਪੇਗੰਡਾ ਸੈਕਟਰੀ ਅਤੇ ਮਨਿੰਦਰ ਸਿੰਘ ਨੂੰ ਸਲਾਹਕਾਰ ਚੁਣਿਆ ਗਿਆ । ਇਹ ਚੋਣ ਸਰਕਲ ਜਥੇਬੰਦੀ ਸਕੱਤਰ ਸਤਨਾਮ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਇੰਜੀਨੀਅਰ ਦਵਿੰਦਰ ਸਿੰਘ ਜੇ.ਈ., ਕਮਲਜੀਤ ਸਿੰਘ ਜੇ. ਈ., ਪਰਮਜੀਤ ਸਿੰਘ, ਦਲਵੀਰ ਕੌਰ ਤੇ ਹੋਰ ਵੀ ਮੈਂਬਰ ਮੌਜੂਦ ਰਹੇ। ਚੁਣੀ ਗਈ ਟੀਮ ਦੇ ਮੈਂਬਰਾਂ ਅਤੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਆਖਿਆ ਕਿ ਸਰਕਾਰਾਂ ਅਤੇ ਮੈਨੇਜਮੈਂਟ ਦੀ ਧੱਕੇਸ਼ਾਹੀ ਦੇ ਖਿਲਾਫ ਜਥੇਬੰਦੀ ਲਗਾਤਾਰ ਸੰਘਰਸ਼ ਕਰੇਗੀ।

# ਪੰਜਾਬ ਸਰਕਾਰ ਨੇ ਇਰਾਕ 'ਚ ਫਸੇ ਚਾਰ ਪੰਜਾਬੀ ਨੌਜਵਾਨਾਂ ਦੀ ਸੁਰੱਖਿਅਤ ਵਾਪਸੀ ਲਈ ਸਹਾਇਤਾ ਕੀਤੀ : ਸੰਜੀਵ ਅਰੋੜਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਮੇਰੇ ਧਿਆਨ ਵਿੱਚ ਇਹ ਮੁੱਦਾ ਹੁਸ਼ਿਆਰਪੁਰ ਜ਼ਿਲ੍ਹੇ ਦੇ ਚਾਰ ਪੰਜਾਬੀ ਨੌਜਵਾਨਾਂ ਨੇ ਮੇਰੇ ਵਟਸਐਪ ਨੰਬਰ ਰਾਹੀਂ ਲਿਆਂਦਾ, ਜੋ ਪਿਛਲੇ ਲਗਭਗ ਛੇ ਮਹੀਨਿਆਂ ਤੋਂ ਇਰਾਕ ਵਿੱਚ ਫਸੇ ਹੋਏ ਹਨ। ਉਨ੍ਹਾਂ ਨਾਲ ਦੁਰਵਿਵਹਾਰ ਕੀਤਾ ਜਾ ਰਿਹਾ ਸੀ ਅਤੇ ਉਨ੍ਹਾਂ ਨੇ ਆਪਣੀ ਸਿਹਤ ਤੇ ਸੁਰੱਖਿਆ ਸਬੰਧੀ ਚਿੰਤਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਭਾਰਤ ਵਾਪਸ ਆਉਣ ਦੀ ਇੱਛਾ ਪ੍ਰਗਟਾਈ ਸੀ। ਇਸ ਸਬੰਧੀ ਕੈਬਨਿਟ ਮੰਤਰੀ ਸੰਜੀਵ ਅਰੋੜਾ ਪੰਜਾਬੀ ਨੌਜਵਾਨਾਂ ਦੀ ਮਦਦ ਕਰਨ ਲਈ ਅੱਗੇ ਆਏ ਅਤੇ ਕੇਂਦਰੀ ਕੈਬਨਿਟ ਮੰਤਰੀ ਐੱਸ ਜੈਸ਼ੰਕਰ ਅਤੇ ਇਰਾਕ ਵਿੱਚ ਭਾਰਤੀ ਦੂਤਾਵਾਸ ਨੂੰ ਇਰਾਕ ਵਿੱਚ ਫਸੇ ਚਾਰ ਭਾਰਤੀ ਨਾਗਰਿਕਾਂ ਨੂੰ ਵਾਪਸ ਲਿਆਉਣ ਦੇ ਪ੍ਰਬੰਧ ਕਰਨ ਦੀ ਬੇਨਤੀ ਕੀਤੀ। ਉਨ੍ਹਾਂ ਦੱਸਿਆ ਕਿ ਚਾਰ ਭਾਰਤੀ ਨਾਗਰਿਕ ਗੁਰਪ੍ਰੀਤ ਸਿੰਘ, ਅਵਤਾਰ ਸਿੰਘ, ਸੁਰਜੀਤ ਸਿੰਘ ਅਤੇ ਅਮਰਜੀਤ ਸਿੰਘ ਇਰਾਕ ਤੋਂ ਭਾਰਤ ਵਾਪਸ ਆ ਰਹੇ ਹਨ।

# 'ਕਲਾਸਰੂਮ ਵਿੱਚ ਵਿਹਾਰਕ ਅਨੁਭਵ ਲਿਆਉਣਾ' ਵਿਸ਼ੇ 'ਤੇ ਵਰਕਸ਼ਾਪ



**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਇੰਸਟੀਚਿਊਟ ਆਫ ਲਾਅ ਦੀ ਅਗਵਾਈ ਹੇਠ ਅਤੇ ਜ਼ਿਲ੍ਹਾ ਲੀਗਲ ਸਰਵਿਸ ਅਥਾਰਟੀ, ਜਲੰਧਰ ਦੇ ਸਹਿਯੋਗ ਨਾਲ 'ਕਲਾਸਰੂਮ ਵਿੱਚ ਵਿਹਾਰਕ ਅਨੁਭਵ ਲਿਆਉਣਾ' ਵਿਸ਼ੇ 'ਤੇ ਇੱਕ ਰੋਜ਼ਾ ਵਰਕਸਾਪ ਦਾ ਆਯੋਜਨ ਕੀਤਾ ਗਿਆ, ਜੋ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ, ਮਾਣਯੋਗ ਚਾਂਸਲਰ ਸੰਤ ਮਨਮੋਹਨ ਸਿੰਘ ਦੀ ਪ੍ਰੇਰਨਾ ਨਾਲ ਅਤੇ ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ ਤੇ ਸ. ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਵਿਚ ਕਰਵਾਈ ਗਈ। ਵਰਕਸਾਪ ਦੇ ਮੁੱਖ ਵਕਤਾ ਡਾ. ਅਵਿਨਾਸ਼ ਰਾਏ ਖੰਨਾ (ਸਾਬਕਾ ਰਾਜ ਸਭਾ ਮੈਂਬਰ) ਸਨ, ਜਿਨ੍ਹਾਂ ਨੇ ਆਪਣੇ ਵਿਹਾਰਕ ਅਨੁਭਵਾਂ ਰਾਹੀਂ ਵਿਦਿਆਰਥੀਆਂ ਨੂੰ ਸਮਾਜਿਕ ਜ਼ਿੰਮੇਵਾਰੀ, ਨੈਤਿਕਤਾ, ਨਿਆਂ ਅਤੇ ਕਾਨੂੰਨੀ ਪ੍ਰਣਾਲੀ ਸੰਬੰਧੀ ਜਾਗਰੁਕ ਕੀਤਾ। ਇਸ ਮੌਕੇ ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ ਨੇ ਕਿਹਾ ਕਿ ਵਿਦਿਆਰਥੀਆਂ ਵਿਚ ਕਾਨੂੰਨੀ ਵਿਵਹਾਰ, ਨੈਤਿਕਤਾ ਅਤੇ ਨਿਆਂ ਪ੍ਰਣਾਲੀ ਦੀ ਸਮਝ ਵਿਕਸ਼ਿਤ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਵਰਕਸ਼ਾਪ ਦਾ ਸੰਚਾਲਨ ਡਾ. ਪੂਜਾ ਬਾਲੀ, ਡੀਨ, ਯੂਨੀਵਰਸਿਟੀ ਇੰਸਟੀਚਿਊਟ ਆਫ. ਲਾਅ ਨੇ ਕਨਵੀਨਰ ਵਜੋਂ ਕੀਤਾ। ਵਰਕਸ਼ਾਪ ਵਿੱਚ 150 ਵਿਦਿਆਰਥੀਆਂ ਅਤੇ 15 ਫੈਕਲਟੀ ਮੈਂਬਰਾਂ ਨੇ ਭਾਗ ਲਿਆ।

# ਕਾਮਰੇਡ ਬਖਤਾਵਰ ਸਿੰਘ ਰਾਣਾ ਦੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ



ਸ੍ਰੀ ਅਨੰਦਪੁਰ ਸਾਹਿਬ : ਸੀ ਪੀ ਆਈ ਦੇ ਬਜ਼ੁਰਗ ਆਗੂ ਕਾਮਰੇਡ ਬਖਤਾਵਰ ਸਿੰਘ ਰਾਣਾ 80 ਵਾਸੀ ਪਿੰਡ ਬਣੀ ਬੀਤੇ ਦਿਨੀਂ ਸੰਖੇਪ ਬਿਮਾਰੀ ਤੋਂ ਬਾਅਦ ਅਕਾਲ ਚਲਾਣਾ ਕਰ ਗਏ।ਉਹ ਆਪਣੇ ਪਿੱਛੇ ਹੱਸਦਾ ਵੱਸਦਾ ਵੱਡਾ ਪਰਵਾਰ ਛੱਡ ਗਏ।ਉਹਨਾਂ ਦੀ ਮੌਤ ਨਾਲ ਇਲਾਕੇ ਦੇ ਕਿਰਤੀ ਮਜ਼ਦੂਰਾਂ ਨੂੰ ਭਾਰੀ ਘਾਟਾ ਪਿਆ। ਉਹ ਪੰਜਾਬ ਰਾਜ ਬਿਜਲੀ ਬੋਰਡ ਵਿੱਚੋਂ ਸੇਵਾ ਮੁਕਤ ਹੋਏ ਸਨ ਤੇ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਆਗੂਆਂ ਵਿੱਚੋਂ ਇੱਕ ਸਨ। ਉਹਨਾਂ ਨੇ ਆਪਣੀ ਜ਼ਿੰਦਗੀ ਵਿੱਚ ਮੁਲਾਜ਼ਮਾਂ ਲਈ ਅਨੇਕਾਂ ਸੰਘਰਸ਼ ਕੀਤੇ। ਸੇਵਾ ਮੁਕਤ ਹੋਣ ਤੋਂ ਬਾਅਦ ਉਹ ਇਲਾਕੇ ਦੇ ਕਿਸਾਨਾਂ ਦੇ ਹਰਮਨ ਪਿਆਰੇ ਆਗੂ ਸਨ। ਤਿੰਨ ਕਾਲੇ ਕਾਨੂੰਨਾਂ ਖਿਲਾਫ ਚੱਲੇ ਅੰਦੋਲਨ ਵਿੱਚ ਉਹਨਾਂ ਨੇ ਵੱਡੇ ਪੱਧਰ 'ਤੇ ਹਿੱਸਾ ਪਾਇਆ।ਬਜ਼ੁਰਗ ਹੋਣ ਦੇ ਬਾਵਜੂਦ ਉਹ ਪਾਰਟੀ ਵੱਲੋਂ ਦਿੱਤੀ ਹਰ ਕਾਲ, ਸੰਯੁਕਤ ਮੋਰਚੇ ਦੀ ਕਾਲ ਨੂੰ ਪੂਰੀ ਤਨਦੇਹੀ ਨਾਲ ਪੂਰਾ ਕਰਦੇ ਸਨ। ਉਹਨਾਂ ਦੇ ਲੀਵਰ ਵਿੱਚ ਇਨਫੈਕਸ਼ਨ ਹੋਣ ਦੇ ਕਾਰਨ ਉਹਨਾਂ ਨੂੰ ਪੀ ਜੀ ਆਈ ਵਿੱਚ ਦਾਖਲ ਵੀ ਕਰਾਇਆ ਗਿਆ ਸੀ। ਠੀਕ ਹੋਣ ਤੋਂ ਬਾਅਦ ਆਪਣੇ ਪਿੰਡ ਵਾਪਸ ਆ ਗਏ ਪਰ ਲੰਘੀ 31 ਜੁਲਾਈ ਨੂੰ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗਏ।ਇਸ ਮੌਕੇ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਦਵਿੰਦਰ ਨੰਗਲੀ, ਗੁਰਨਾਮ ਸਿੰਘ ਔਲਖ, ਸੀ ਪੀ ਆਈ ਹਿਮਾਚਲ ਪ੍ਰਦੇਸ਼ ਦੇ ਸੂਬਾ ਸਕੱਤਰ ਭਾਗ ਸਿੰਘ ਲਖਨੌ, ਸੀ ਪੀ ਆਈ ਐਮ ਦੇ ਜ਼ਿਲ੍ਹਾ ਸਕੱਤਰ ਬਜਿੰਦਰ ਪੰਡਤ, ਜ਼ਿਲ੍ਹਾ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਆਗੂ ਮਨਜਿੰਦਰ ਸਿੰਘ ਬਰਾੜ, ਜਥੇਦਾਰ ਸੰਦੀਪ ਸਿੰਘ ਕਲੋਤਾ, ਕਾਂਗਰਸ ਪਾਰਟੀ ਦੇ ਆਗੂ ਰਮੇਸ਼ ਚੰਦ, ਕਿਸਾਨ ਆਗੂ ਹਰੀ ਚੰਦ ਗੋਹਲਣੀ, ਅਮਰਜੀਤ ਸਿੰਘ ਹੋਲਗੜ੍ਹ, ਰਾਮਪਾਲ ਤਾਰਾਪੁਰ, ਸੁਖਬੀਰ ਸਿੰਘ ਸੁੱਖਾ, ਨਰਿੰਦਰ ਸਿੰਘ ਮਾਵੀ, ਜਸਵਿੰਦਰ ਸਿੰਘ ਭੰਗਲ, ਡਾਕਟਰ ਰਵਿੰਦਰ ਨਾਥ, ਐਡਵੋਕੇਟ ਰਜਿੰਦਰ ਸਿੰਘ ਡੋਡ, ਗੁਰਬਖਸ਼ ਸਿੰਘ ਦਸਗਰਾਈਂ, ਗੁਲਜ਼ਾਰ ਸਿੰਘ, ਚਰਨ ਸਿੰਘ ਅਟਵਾਲ, ਗੁਰਦਿਆਲ ਸਿੰਘ ਮਾਵੀ ਨੇ ਪਰਵਾਰ ਨਾਲ, ਸਪੁੱਤਰ ਵੀਰ ਸਿੰਘ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਉਹਨਾਂ ਦੀ ਅੰਤਿਮ ਅਰਦਾਸ ਦੇ ਸ਼ਰਧਾਂਜਲੀ ਸਮਾਗਮ 10 ਅਗਸਤ ਨੂੰ ਉਹਨਾਂ ਦੇ ਗ੍ਰਹਿ ਵਿਖੇ ਪਿੰਡ ਬਣੀ ਵਿਖੇ ਹੋਵੇਗਾ। ਇਸ ਮੌਕੇ ਵੱਖ ਵੱਖ ਟਰੇਡ ਯੂਨੀਅਨ, ਰਾਜਨੀਤਿਕ ਪਾਰਟੀਆਂ ਦੇ ਆਗੂ ਸ਼ਰਧਾ ਦੇ ਫੁੱਲ ਭੇਟ ਕਰਨਗੇ।

## ਲੈਂਡ ਪੂਲਿੰਗ ਨੀਤੀ ਕਿਸਾਨਾਂ ਦੀਆਂ ਜ਼ਮੀਨਾਂ ਰੀਅਲ ਅਸਟੇਟ ਮਾਫ਼ੀਆ ਹਵਾਲੇ ਕਰਨ ਦੀ ਸਾਜ਼ਿਸ਼ : ਇਆਲੀ, ਬਰਾੜ



**ਮੋਗਾ (ਇਕਬਾਲ ਸਿੰਘ ਖਹਿਰਾ)**-ਵਿਧਾਇਕ ਮਨਪ੍ਰੀਤ ਸਿੰਘ ਇਆਲੀ ਤੇ ਸਾਬਕਾ ਚੇਅਰਮੈਨ ਬਰਜਿੰਦਰ ਸਿੰਘ ਮੱਖਣ ਬਰਾੜ ਨੇ ਸੂਬਾ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਦਾ ਸਖ਼ਤ ਵਿਰੋਧ ਕੀਤਾ।ਪਿੰਡ ਬੁੱਘੀਪੁਰਾ ਵਿਖੇ ਜ਼ਿਲ੍ਹਾ ਮੋਗਾ ਦੇ ਲੈਂਡ ਪੂਲਿੰਗ ਵਿੱਚ ਆਉਂਦੇ ਪਿੰਡ ਦੇ ਕਿਸਾਨਾਂ ਤੇ ਪਤਵੰਤਿਆਂ ਨਾਲ ਮੀਟਿੰਗ ਕੀਤੀ ਗਈ।ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਕਿਹਾ ਕਿ ਲੈਂਡ ਪੂਲਿੰਗ ਨੀਤੀ ਕਿਸਾਨਾਂ ਦੀ ਜ਼ਮੀਨ ਨੂੰ ਖਤਰੇ ਵਿੱਚ ਪਾਉਂਦੀ ਹੈ ਤੇ ਇਸ ਨੂੰ ਤੁਰੰਤ ਵਾਪਸ ਲਿਆ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਇਹ ਨੀਤੀ ਕਿਸਾਨਾਂ ਦੀ ਮਜਬੂਰੀ ਦਾ ਫਾਇਦਾ ਉਠਾਉਂਦੀ ਹੈ ਅਤੇ ਜ਼ਮੀਨਾਂ ਨੂੰ ਰੀਅਲ ਅਸਟੇਟ ਮਾਫ਼ੀਆ ਦੇ ਹਵਾਲੇ ਕਰਨ ਦੀ ਸਾਜ਼ਿਸ਼ ਹੈ।ਸਾਬਕਾ ਚੇਅਰਮੈਨ ਬਰਜਿੰਦਰ ਸਿੰਘ ਮੱਖਣ ਬਰਾੜ ਨੇ ਸਮਰਥਨ ਦਿੰਦਿਆਂ ਕਿਹਾ ਕਿ ਇਹ ਨੀਤੀ ਪੰਜਾਬ ਦੇ ਖੇਤੀਬਾੜੀ ਢਾਂਚੇ ਨੂੰ ਤਬਾਹ ਕਰਨ ਵਾਲੀ ਹੈ ਤੇ ਕਿਸਾਨਾਂ ਦੇ ਰੋਜ਼ਗਾਰ ਨੂੰ ਖ਼ਤਮ ਕਰ ਸਕਦੀ ਹੈ।ਇਸ ਮੌਕੇ ਸਰਪੰਚ ਮਨਜੀਤ ਸਿੰਘ ਬੁੱਗੀਪੁਰਾ ਤੇ ਬਲਜੀਤ ਸਿੰਘ ਚੁਗਾਵਾਂ ਨੇ ਪਿੰਡ ਪੱਧਰ 'ਤੇ ਇਸ ਨੀਤੀ ਵਿਰੁੱਧ ਜਾਗਰੂਕਤਾ ਮੁਹਿੰਮ ਚਲਾਉਣ ਦਾ ਐਲਾਨ ਕੀਤਾ।ਗੁਰਨਾਮ ਸਿੰਘ ਵਿਰਕ ਤੇ ਨਿਰਮਲ ਸਿੰਘ ਸਾਬਕਾ ਸਰਪੰਚ ਬੁੱਘੀਪੁਰਾ ਨੇ ਕਿਹਾ ਕਿ ਕਿਸਾਨ ਆਪਣੀ ਜ਼ਮੀਨ ਬਚਾਉਣ ਲਈ ਸੰਘਰਸ਼ ਜਾਰੀ ਰੱਖਣਗੇ।ਇਸ ਮੌਕੇ ਵੱਡੀ ਗਿਣਤੀ ਵਿੱਚ ਕਿਸਾਨਾਂ ਤੇ ਸਮਾਜ ਸੇਵੀਆਂ ਨੇ ਇਕ ਸਵਰ ਵਿੱਚ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕੀਤੀ ਤੇ ਲੈਂਡ ਪੂਲਿੰਗ ਨੀਤੀ ਰੱਦ ਕਰਨ ਦੀ ਮੰਗ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਕਿਸਾਨ ਆਗੂ, ਸਰਪੰਚ ਤੇ ਸਮਾਜ ਸੇਵੀਆਂ ਨੇ ਵੀ ਇਸ ਨੀਤੀ ਵਿਰੁੱਧ ਆਵਾਜ਼ ਉਠਾਈ।ਇਸ ਮੌਕੇ ਮੌਜੂਦ ਬਲਦੇਵ ਸਿੰਘ ਮਾਣੂੰਕੇ, ਮਨਜੀਤ ਸਿੰਘ ਸਰਪੰਚ ਬੁੱਗੀਪੁਰਾ, ਬਲਜੀਤ ਸਿੰਘ ਚੁਗਾਵਾਂ ਸਰਪੰਚ, ਨਿਰਮਲ ਸਿੰਘ ਸਾਬਕਾ ਸਰਪੰਚ ਬੁੱਘੀਪੁਰਾ, ਗੁਰਨਾਮ ਸਿੰਘ ਵਿਰਕ ਸਾਬਕਾ ਚੇਅਰਮੈਨ, ਦਵਿੰਦਰ ਸਿੰਘ ਰਣੀਆ, ਬਲਜਿੰਦਰ ਸਿੰਘ ਜਲਾਲਾਬਾਦ, ਮਲਕੀਤ ਸਿੰਘ ਕਪੂਰੇ, ਮੱਸਾ ਸਿੰਘ ਕਪੂਰੇ, ਗੁਰਬਖ਼ਸ਼ ਸਿੰਘ ਜੌਹਲ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਤੇ ਸਮਾਜ ਸੇਵੀ ਹਾਜ਼ਰ ਸਨ।

## ਪਨਬਸ/ਪੀ ਆਰ ਟੀ ਸੀ ਦੇ ਕੱਚੇ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਦਾ ਹੱਲ ਕਰਨ ਦੇ ਬਿਆਨ ਦੀ ਨਿਕਲੀ ਫੂਕ : ਕੁਲਵੰਤ ਸਿੰਘ ਮਨੇਸ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੂਰੇ ਪੰਜਾਬ ਦੇ ਪਨਬਸ ਤੇ ਪੀ ਆਰ ਟੀ ਸੀ ਦੇ ਡਿਪੂਆਂ ਦੇ ਗੇਟਾਂ 'ਤੇ ਭਰਵੀਂਆਂ ਗੇਟ ਰੈਲੀਆਂ ਕੀਤੀਆਂ ਗਈਆਂ। ਬਠਿੰਡਾ ਵਿਖੇ ਸੂਬਾ ਆਗੂ ਕੁਲਵੰਤ ਸਿੰਘ ਮਨੇਸ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲੈ ਕੇ 1 ਜੁਲਾਈ 2024 ਨੂੰ ਕਮੇਟੀ ਗਠਿਤ ਕਰਕੇ 1 ਮਹੀਨੇ ਦੇ ਵਿੱਚ ਮੰਗਾਂ ਹੱਲ ਕਰਨ ਦਾ ਲਿਖਤੀ ਰੂਪ ਵਿੱਚ ਭਰੋਸਾ ਦਿੱਤਾ ਸੀ। 1 ਸਾਲ ਬੀਤਣ ਦੇ ਬਾਵਜੂਦ ਕੋਈ ਹੱਲ ਨਹੀਂ ਕੀਤਾ ਗਿਆ। ਸਰਕਾਰ ਤੇ ਮਨੇਜਮੈਂਟ ਨਾਲ ਜਥੇਬੰਦੀ ਵਾਰ-ਵਾਰ ਮੀਟਿੰਗਾਂ ਕਰ ਰਹੀ ਹੈ।ਯੂਨੀਅਨ ਵੱਲੋਂ ਬਾਹਰਲੇ ਸੂਬਿਆਂ ਵਿੱਚ ਪੱਕੇ ਕੀਤੇ ਮੁਲਾਜ਼ਮਾਂ ਤੇ ਠੇਕੇਦਾਰਾਂ, ਵਿਚੋਲਿਆਂ ਨੂੰ ਬਾਹਰ ਕੱਢਣ ਦਾ ਡਾਟਾ ਯੂਨੀਅਨ ਵੱਲੋਂ ਸਰਕਾਰ ਨੂੰ ਵਾਰ-ਵਾਰ ਪੇਸ਼ ਕੀਤਾ ਗਿਆ ਹੈ। 09 ਜੁਲਾਈ ਨੂੰ ਕੀਤੀ ਗਈ ਹੜਤਾਲ ਦੌਰਾਨ ਟਰਾਂਸਪੋਰਟ ਮੰਤਰੀ ਪੰਜਾਬ, ਵਿੱਤ ਮੰਤਰੀ ਪੰਜਾਬ ਸਮੇਤ ਮਨੇਜਮੈਂਟ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ਸੀ। ਮੀਟਿੰਗ ਵਿੱਚ ਮੰਤਰੀਆਂ ਨੇ ਮੀਡੀਆ ਸਾਹਮਣੇ ਆ ਕੇ ਮੰਗਾਂ ਦਾ ਹੱਲ ਕਰਨ ਦਾ ਭਰੋਸਾ ਦਿਵਾਇਆ ਗਿਆ ਸੀ ਤੇ ਟਰਾਂਸਪੋਰਟ ਵਿਭਾਗ ਦੇ ਕੱਚੇ ਮੁਲਾਜ਼ਮਾਂ ਨੂੰ ਮੁੱਖ ਮੰਤਰੀ ਪੰਜਾਬ ਦੇ ਹੁਕਮਾਂ ਅਨੁਸਾਰ ਵੱਖਰੀ ਪਾਲਿਸੀ ਬਣਾ ਕੇ ਪੱਕਾ ਕਰਨ ਦਾ ਭਰੋਸਾ ਦਿੱਤਾ ਗਿਆ। 16 ਜੁਲਾਈ ਨੂੰ ਟਰਾਂਸਪੋਰਟ ਮੰਤਰੀ ਵਲੋਂ ਮੀਟਿੰਗ ਕਰਕੇ ਵਿਭਾਗ ਪੱਧਰ ਦੀਆਂ ਰਹਿੰਦੀਆਂ ਮੰਗਾਂ ਦਾ ਨਿਪਟਾਰਾ ਕਰਨ ਦੇ ਲਈ ਮੀਡੀਆ ਦੇ ਵਿੱਚ ਆਪਣਾ ਬਿਆਨ ਵੀ ਜਾਰੀ ਕੀਤਾ ਸੀ। ਇਸ ਤੋਂ ਇਲਾਵਾ 28 ਜੁਲਾਈ ਨੂੰ ਵਿੱਤ ਮੰਤਰੀ ਪੰਜਾਬ ਵਲੋਂ ਮੀਟਿੰਗ ਕਰਕੇ ਪਾਲਿਸੀ ਨੂੰ ਫਾਈਨਲ ਕਰਕੇ ਲਾਗੂ ਕਰਨ ਦਾ ਬਿਆਨ ਵੀ ਜਾਰੀ ਕੀਤਾ ਸੀ।

ਜਥੇਬੰਦੀ ਵੱਲੋਂ ਮੁਲਾਜ਼ਮਾਂ ਦੀ ਠੇਕੇਦਾਰ ਸਿਸਟਮ ਤਹਿਤ ਹੋ ਰਹੀ ਲੁੱਟ ਦੇ ਪਰੂਫ਼ ਵੀ ਸਰਕਾਰ ਨੂੰ ਪੇਸ਼ ਕੀਤੇ ਸੀ। ਇਸ ਤੋਂ ਇਲਾਵਾ ਠੇਕੇਦਾਰੀ ਸਿਸਟਮ ਤਹਿਤ ਪੈਸੇ ਲੈ ਕੇ ਨਜਾਇਜ਼ ਤਰੀਕੇ ਨਾਲ ਬਿਨਾਂ ਠੇਕੇਦਾਰ ਦੇ ਐਗਰੀਮੈਂਟ ਤੋਂ ਆਊਟਸੋਰਸ ਤੇ ਮੁਲਾਜ਼ਮਾਂ ਭਰਤੀ ਕਰਨ ਦਾ ਝਾਂਸਾ ਦਿੱਤਾ ਜਾ ਰਿਹਾ ਹੈ ਅਤੇ ਪੰਜਾਬ ਦੇ ਨੌਜਵਾਨ ਦਾ ਸੋਸ਼ਣ ਕੀਤਾ ਜਾ ਰਿਹਾ ਹੈ। ਇਹ ਸਾਰਾ ਕੁੱਝ ਸਰਕਾਰ ਨੂੰ ਲਿਖਤੀ ਸ਼ਿਕਾਇਤ ਦੇ ਤੌਰ 'ਤੇ ਯੂਨੀਅਨ ਵੱਲੋਂ ਪਹਿਲਾ ਵੀ ਭੇਜ ਚੁੱਕੇ ਹਾਂ ਤੇ ਵਿਭਾਗ ਦੀਆਂ ਸਾਰੀਆਂ ਮੰਗਾਂ ਤੇ ਲਗਾਤਾਰ ਜਥੇਬੰਦੀ ਸਰਕਾਰੀ ਡਿਪੂ ਪ੍ਰਧਾਨ ਰਵਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਪਿਛਲੇ ਸਮੇਂ ਤੋਂ ਸਰਕਾਰਾਂ ਵੱਲੋਂ ਪੰਜਾਬ ਦੇ ਵਿੱਚ ਫਰੀ ਸਫ਼ਰ ਦੀ ਸਹੂਲਤ ਨੂੰ ਚਲਾਇਆ ਗਿਆ ਹੈ, ਜਿਸ ਦਾ ਜਥੇਬੰਦੀ ਸ਼ੁਰੂ ਤੋਂ ਸੁਆਗਤ ਕਰਦੀ ਆ ਰਹੀ ਹੈ, ਪਰ ਬੱਸਾਂ ਦਿਨੋ ਦਿਨ ਘੱਟ ਹੋ ਰਹੀਆਂ ਹਨ। ਬੱਸਾਂ ਦੀ ਵੱਡੀ ਘਾਟ ਹੋਣ ਦੇ ਬਾਵਜੂਦ ਕੱਚੇ ਮੁਲਾਜ਼ਮਾਂ ਵੱਲੋਂ 100+ ਸਵਾਰੀ ਨੂੰ ਰੋਜ਼ਾਨਾ ਇੱਕ-ਇੱਕ ਬੱਸ ਵਿੱਚ ਸਫ਼ਰ ਕਰਾਇਆ ਜਾ ਰਿਹਾ ਹੈ। ਰੈਲੀ 'ਚ ਸ਼ਾਮਲ ਚੇਅਰਮੈਨ ਸਰਬਜੀਤ ਸਿੰਘ ਭੁੱਲਰ, ਸੈਕਟਰੀ ਅੰਗਰੇਜ਼ ਸਿੰਘ ਸਿੱਧੂ, ਮੀਤ ਪ੍ਰਧਾਨ ਗੁਰਪ੍ਰੀਤ ਕਮਾਲੂ, ਕੈਸ਼ੀਅਰ ਮਨਦੀਪ ਸਿੰਘ, ਉਪ-ਪ੍ਰਧਾਨ ਬਲਕਾਰ ਸਿੰਘ ਨੇ ਦੱਸਿਆ 7 ਤਰੀਕ ਹੋਣ 'ਤੇ ਰੱਖੜੀ ਦਾ ਤਿਉਹਾਰ ਹੋਣ ਦੇ ਬਾਵਜੂਦ ਪਨਬੱਸ ਮੁਲਾਜ਼ਮਾਂ ਦੀਆ ਤਨਖਾਹਾਂ ਜਾਰੀ ਨਹੀਂ ਕੀਤੀਆਂ ਗਈਆਂ। ਇਸ ਤੋਂ ਇਲਾਵਾ 17 ਕੈਟਾਗਿਰੀ ਹੋਰ ਫ੍ਰੀ ਸਫ਼ਰ ਕਰਦੀਆਂ ਹਨ। ਪੰਜਾਬ ਦੀ ਪਬਲਿਕ ਦੀਆਂ ਸਹੂਲਤਾਂ ਨੂੰ ਸਰਕਾਰੀ ਬੱਸਾਂ ਪਾ ਕੇ ਚਾਲੂ ਰੱਖਣ ਵਿੱਚ ਅਸਫ਼ਲ ਇਸ ਕਰਕੇ ਹੋ ਰਹੇ ਹਨ, ਕਿਉਂਕਿ ਮੁੱਖ ਮੰਤਰੀ ਪੰਜਾਬ ਨੇ ਬੱਸਾਂ ਨੂੰ ਪੰਜਾਬ ਤੋਂ ਬਾਡੀਆਂ ਲਵਾਉਣ ਦੇ ਬਿਆਨ ਵੱਡਾ ਅੜਿੱਕਾ ਬਣ ਰਹੇ ਹਨ। ਜਥੇਬੰਦੀ ਵੱਲੋਂ ਤੁਰੰਤ ਪਨਬਸ/ਪੀ.ਆਰ.ਟੀ.ਸੀ ਦਾ ਚੱਕਾ ਜਾਮ ਕਰਨ ਸਮੇਤ ਰੋਡ ਬਲੌਕ ਕਰਕੇ ਮੁੱਖ ਮੰਤਰੀ ਦੀ ਰਿਹਾਇਸ਼ ਤੇ ਧਰਨੇ ਸਮੇਤ ਤਿੱਖਾ ਸ਼ਘੰਰਸ਼ ਕੀਤਾ ਜਾਵੇਗਾ ਅਤੇ 15 ਅਗਸਤ ਨੂੰ ਸੁਤੰਤਰ ਦਿਵਸ ਮਨਾਉਣ ਦੀ ਬਜਾਏ ਗੁਲਾਮੀ ਦਿਵਸ ਵਜੋਂ ਮਨਾਇਆ ਜਾਵੇਗਾ।

## ਮਾਤਾ ਗੁਜਰੀ ਸਕੂਲ ਨੇ ਜ਼ੋਨ ਪੱਧਰੀ ਖੇਡਾਂ 'ਚ ਬਾਜ਼ੀ ਮਾਰੀ



**ਦੇਵੀਗੜ੍ਹ (ਰਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਰਮੁਖ (ਦੇਵੀਗੜ੍ਹ) ਦੇ ਖਿਡਾਰੀਆਂ ਦਾ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਕਰਵਾਈਆਂ ਜਾ ਰਹੀਆਂ 69ਵੀਆਂ ਗਰਮ ਰੁੱਤ ਜ਼ੋਨਲ ਸਕੂਲ ਪੱਧਰੀ ਖੇਡ ਵਾਲੀਬਾਲ (2025-26) ਵਿੱਚ ਪ੍ਰਦਰਸ਼ਨ ਬਾ-ਕਮਾਲ ਰਿਹਾ।ਵਾਲੀਬਾਲ ਮੈਚ ਗੁਰੂ ਗੋਬਿੰਦ ਸਿੰਘ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੂਧਨਸਾਧਾਂ ਵਿਖੇ 7 ਅਗਸਤ ਨੂੰ ਕਰਵਾਇਆ ਗਿਆ, ਜਿਸ ਵਿੱਚ ਖਿਡਾਰੀਆਂ ਨੇ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਜ਼ਿਕਰਯੋਗ ਹੈ ਕਿ ਅੰਡਰ-17 ਲੜਕੀਆਂ ਦੀ ਵਾਲੀਬਾਲ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ ਅਤੇ ਅੰਡਰ-14 ਤੀਜਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ ਤੇ ਆਪਣੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਮੈਡਮ ਰਵਿੰਦਰ ਕੌਰ, ਡਾਇਰੈਕਟਰ ਸ: ਭੁਪਿੰਦਰ ਸਿੰਘ, ਪ੍ਰਿੰਸੀਪਲ ਮੈਡਮ ਮਮਤਾ ਮੱਕੜ, ਅਕਾਦਮਿਕ ਡਾਇਰੈਕਟਰ ਤੇਜਿੰਦਰ ਕੌਰ ਤੇ ਕੋਚ ਅਕਾਸ਼ਦੀਪ ਸਿੰਘ, ਕੋਚ ਹਿਮਾਂਸ਼ੂ, ਕੋਚ ਸਮੀਰ ਮੁਹੰਮਦ ਤੇ ਕੋਚ ਹਰਦੀਪ ਕੁਮਾਰ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਉਪਲਬਧੀ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਣ ਵਾਲੀਆਂ ਪ੍ਰਤੀਯੋਗਤਾਵਾਂ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਪ੍ਰੋ. ਰਾਜੀਵ ਸੂਦ 'ਵਾਈਸ ਚਾਂਸਲਰ ਆਫ਼ ਦਿ ਈਅਰ' ਐਵਾਰਡ ਨਾਲ ਸਨਮਾਨਤ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ (ਬੀ ਐੱਫ ਯੂ ਐੱਚ ਐੱਸ) ਫਰੀਦਕੋਟ ਦੇ ਉਪ-ਕੁਲਪਤੀ ਪ੍ਰੋ. (ਡਾ.) ਰਾਜੀਵ ਸੂਦ ਨੂੰ 'ਵਾਈਸ ਚਾਂਸਲਰ ਆਫ਼ ਦਿ ਈਅਰ ਫਾਰ ਐਕਸੈਪਸ਼ਨਲ ਲੀਡਰਸ਼ਿਪ ਐਵਾਰਡ' ਨਾਲ ਨੈਸ਼ਨਲ ਐਜੂਕੇਸ਼ਨ ਕੰਨਕਲੇਵ-2025 ਦੌਰਾਨ ਸਨਮਾਨਤ ਕੀਤਾ ਗਿਆ।ਇਹ ਕੰਨਕਲੇਵ 6-7 ਅਗਸਤ 2025 ਨੂੰ ਨਵੀਂ ਦਿੱਲੀ ਵਿੱਚ ਕੀਤਾ ਗਿਆ, ਜੋ ਕਿ ਭਾਰਤ ਦਾ ਪ੍ਰਮੁੱਖ ਸਿੱਖਿਆ ਕੰਨਕਲੇਵ ਹੈ।ਕੰਨਕਲੇਵ ਦਾ ਕੇਂਦਰੀ ਥੀਮ 'ਸਕਿੱਲ ਡਿਵੈਲਪਮੈਂਟ ਇਨ ਐਜੂਕੇਸ਼ਨ' ਰਿਹਾ, ਜਿਸ ਦਾ ਉਦੇਸ਼ ਭਵਿੱਖ ਲਈ ਤਿਆਰ ਵਿਦਿਆਰਥੀਆਂ ਦੀ ਤਿਆਰੀ ਤੇ ਸਿੱਖਣ ਵਿੱਚ ਨਵੀਨਤਾ ਨੂੰ ਉਤਸ਼ਾਹਤ ਕਰਨਾ ਸੀ।ਇਹ ਪੁਰਸਕਾਰ ਪ੍ਰੋਫੈਸਰ (ਡਾ.) ਰਾਜੀਵ ਸੂਦ ਦੀ ਮਿਸਾਲੀ ਅਗਵਾਈ, ਦੂਰਦਰਸ਼ੀ ਸੁਧਾਰਾਂ ਤੇ ਬੀ ਐੱਫ ਯੂ ਐੱਚ ਐੱਸ ਵਿਖੇ ਅਕਾਦਮਿਕ ਉੱਤਮਤਾ, ਨਵੀਨਤਾ ਤੇ ਸੰਸਥਾ-ਨਿਰਮਾਣ ਪ੍ਰਤੀ ਅਟੁੱਟ ਵਚਨਬੱਧਤਾ ਨੂੰ ਮਾਨਤਾ ਦਿੰਦਾ ਹੈ।ਉਨ੍ਹਾਂ ਦੀ ਅਗਵਾਈ ਹੇਠ ਯੂਨੀਵਰਸਿਟੀ ਨੇ ਸਿਹਤ ਸੰਭਾਲ ਸਿੱਖਿਆ, ਖੋਜ ਤੇ ਭਾਈਚਾਰਕ ਸ਼ਮੂਲੀਅਤ ਵਿੱਚ ਮਹੱਤਵਪੂਰਨ ਤਰੱਕੀਆਂ ਵੇਖੀਆਂ ਹਨ, ਜਿਸ ਨਾਲ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਮਾਨਤਾ ਪ੍ਰਾਪਤ ਹੋਈ ਹੈ।ਇਹ ਸਨਮਾਨ ਬੀਐੱਫਯੂਐੱਚਐੱਸ ਦੀ ਵਧ ਰਹੀ ਰਾਸ਼ਟਰੀ ਸਾਖ ਨੂੰ ਮਜ਼ਬੂਤ ਦਿੰਦਾ ਹੈ ਤੇ ਉੱਚ ਸਿੱਖਿਆ ਖੇਤਰ ਵਿੱਚ ਡਾ. ਰਾਜੀਵ ਸੂਦ ਦੀ ਕਾਬਲ ਅਗਵਾਈ ਨੂੰ ਮਾਨਤਾ ਦਿੰਦਾ ਹੈ।

## ਨਸ਼ੇ ਦੇ ਖਾਤਮੇ ਲਈ ਸਭ ਦਾ ਸਹਿਯੋਗ ਜ਼ਰੂਰੀ : ਮਨਵੀਰ ਖੁੱਡੀਆਂ



**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੀ ਰੋਕਥਾਮ ਸਬੰਧੀ ਹਰ ਰੋਜ਼ ਵੀ.ਡੀ.ਸੀ. ਕਮੇਟੀਆਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਨਸ਼ਾ ਮੁਕਤੀ ਮੋਰਚੇ ਦੇ ਜ਼ਿਲ੍ਹਾ ਇੰਚਾਰਜ ਮਨਵੀਰ ਸਿੰਘ ਖੁੱਡੀਆਂ ਦੀ ਅਗਵਾਈ ਵਿੱਚ ਹਲਕਾ ਲੰਬੀ ਦੇ ਪਿੰਡ ਖੁੱਡੀਆਂ ਵਿਖੇ ਵੀ.ਡੀ.ਸੀ. ਕਮੇਟੀ ਬਣਾਉਣ ਉਪਰੰਤ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਮਨਵੀਰ ਸਿੰਘ ਖੁੱਡੀਆਂ ਨੇ ਕਿਹਾ ਕਿ ਨਸ਼ੇ ਦੇ ਖਾਤਮੇ ਸਬੰਧੀ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੂਰੇ ਜ਼ੋਰਾਂ-ਸ਼ੋਰਾਂ ਨਾਲ ਪਿੰਡਾਂ ਤੇ ਸ਼ਹਿਰਾਂ ਵਿੱਚ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ ਅਤੇ ਨਸ਼ਿਆਂ ਨੂੰ ਖਤਮ ਕਰਨ ਲਈ ਹੰਭਲਾ ਮਾਰਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਸ਼ੇ ਦੇ ਖਾਤਮੇ ਲਈ ਸਾਡਾ ਸਾਰਿਆਂ ਦਾ ਰਲ-ਮਿਲ ਕੇ ਕੰਮ ਕਰਨਾ ਜ਼ਰੂਰੀ ਹੈ, ਸਾਨੂੰ ਸਭਨਾਂ ਨੂੰ ਰਲ ਕੇ ਇਸ ਨਸ਼ੇ ਦੀ ਜੰਗ ਦੇ ਜਰਨੈਲ ਬਣ ਕੇ ਪਿੰਡਾਂ ਤੇ ਸ਼ਹਿਰਾਂ ਦੀ ਰਾਖੀ ਕਰਨ ਦੀ ਲੋੜ ਹੈ ਤਾਂ ਜੋ ਇਸ ਭੈੜੀ ਅਲਾਮਤ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕਦਾ ਹੈ। ਇਸ ਮੌਕੇ ਪਰਮਪਾਲ ਸਿੰਘ ਪੰਨੀਵਾਲਾ, ਪ੍ਰਗਟ ਸਿੰਘ ਰਾਜਪਾਲ, ਸਰਪੰਚ ਹਰਮੇਲ ਸਿੰਘ, ਪ੍ਰਸ਼ਪਿੰਦਰ ਸਿੰਘ ਸਰਪੰਚ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

## ਸਰਵਹਿੱਤਕਾਰੀ ਵਿੱਦਿਆ ਮੰਦਰ 'ਚ ਤੀਜ ਦਾ ਤਿਉਹਾਰ ਮਨਾਇਆ



**ਜਗਰਾਓਂ (ਅਮਿਤ ਖੰਨਾ)**-ਸ੍ਰੀਮਤੀ ਸਤੀਸ਼ ਗੁਪਤਾ ਸਰਵਹਿੱਤਕਾਰੀ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਵਿਖੇ ਤੀਜ ਤਿਉਹਾਰ ਬਹੁਤ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਨਾਰੀ ਸ਼ਕਤੀ ਤੋਂ ਸ੍ਰੀਮਤੀ ਨੀਰੂ ਤੇ ਸ੍ਰੀਮਤੀ ਆਸ਼ਾ, ਸ੍ਰੀਮਤੀ ਪੂਜਾ ਜੈਨ, ਸ੍ਰੀਮਤੀ ਵੰਦਨਾ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਪ੍ਰੋਗਰਾਮ ਦੀ ਸ਼ੁਰੂਆਤ ਸ਼ਿਸ਼ੂ ਵਾਟਿਕਾ ਦੇ ਛੋਟੇ ਬੱਚਿਆਂ ਦੀ ਮਨਮੋਹਕ ਪੇਸ਼ਕਾਰੀ ਨਾਲ ਹੋਈ, ਜਿਸ ਨੇ ਪੂਰੇ ਮਾਹੌਲ ਨੂੰ ਉਤਸ਼ਾਹ ਨਾਲ ਭਰ ਦਿੱਤਾ। ਇਸ ਤੋਂ ਬਾਅਦ, ਤੀਜੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੀਆਂ ਸ਼ਾਨਦਾਰ ਪੇਸ਼ਕਾਰੀਆਂ ਦੇ ਕੇ ਸਾਰਿਆਂ ਦਾ ਦਿਲ ਜਿੱਤ ਲਿਆ।ਇਸ ਉਪਰੰਤ ਕੁਇੱਜ਼ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਸਹੀ ਜਵਾਬ ਦੇਣ ਵਾਲੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਇਨਾਮ ਦਿੱਤੇ ਗਏ।ਇਸ ਤੋਂ ਬਾਅਦ, ਛੇਵੀਂ ਤੋਂ ਅੱਠਵੀਂ ਜਮਾਤ ਦੀਆਂ ਲੜਕੀਆਂ ਨੇ ਇੱਕ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ।ਖੇਡਾਂ ਦੇ ਆਯੋਜਨ ਵਿੱਚ ਜੇਤੂ ਵਿਦਿਆਰਥੀਆਂ ਤੇ ਮਾਪਿਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।11ਵੀਂ ਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੀ ਪੇਸ਼ਕਾਰੀ ਨਾਲ ਪ੍ਰੋਗਰਾਮ ਵਿੱਚ ਊਰਜਾ ਭਰ ਦਿੱਤੀ।ਅੰਤ ਵਿੱਚ, ਸਾਰਿਆਂ ਦਾ ਧੰਨਵਾਦ ਕੀਤਾ ਗਿਆ।ਇੱਕ ਮਨਮੋਹਕ ਗਿੱਧਾ ਪੇਸ਼ ਕੀਤਾ ਗਿਆ, ਜਿਸ ਦੀਆਂ ਤਾੜੀਆਂ 'ਤੇ ਸਾਰੇ ਦਰਸ਼ਕ ਨੱਚਣ ਲੱਗ ਪਏ।ਪ੍ਰੋਗਰਾਮ ਦੇ ਅੰਤ ਵਿੱਚ ਮਿਸ ਤੀਜ ਦੀ ਚੋਣ ਕੀਤੀ ਗਈ।ਇਹ ਪੁਰਸਕਾਰ 10ਵੀਂ ਜਮਾਤ ਦੀ ਵਿਦਿਆਰਥਣ ਈਸ਼ਾ ਨੂੰ ਦਿੱਤਾ ਗਿਆ।ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਦੇ ਅਧਿਆਪਕਾਂ ਨੇ ਵੀ ਆਪਣੇ ਮਨਮੋਹਕ ਨਾਚ ਦੀ ਪੇਸ਼ਕਾਰੀ ਕਰਕੇ ਮਾਹੌਲ ਨੂੰ ਹੋਰ ਵੀ ਉਤਸ਼ਾਹੀ ਬਣਾ ਦਿੱਤਾ।ਸਕੂਲ ਦੀ ਪ੍ਰਿੰਸੀਪਲ, ਸ੍ਰੀਮਤੀ ਨੀਲੂ ਨਰੂਲਾ ਨੇ ਵਿਦਿਆਰਥੀਆਂ ਤੇ ਸਟਾਫ ਨੂੰ ਤੀਜ ਦੇ ਸ਼ੁੱਭ ਮੌਕੇ 'ਤੇ ਵਧਾਈ ਦਿੰਦੇ ਹੋਏ ਕਿਹਾ, "ਤੀਜ ਸਿਰਫ ਤਿਉਹਾਰ ਨਹੀਂ ਹੈ ਸਗੋਂ ਸਾਡੀ ਸੱਭਿਆਚਾਰ, ਪ੍ਰੰਪਰਾ ਤੇ ਭਾਈਚਾਰੇ ਦਾ ਪ੍ਰਤੀਕ ਹੈ।ਅਜਿਹੇ ਸਮਾਗਮ ਵਿਦਿਆਰਥੀਆਂ ਵਿੱਚ ਸਮਾਜਿਕ ਬੰਧਨ ਤੇ ਸੱਭਿਆਚਾਰਕ ਚੇਤਨਾ ਵਿਕਸਤ ਕਰਦੇ ਹਨ।'

## 13 ਨੂੰ ਫੂਕਿਆ ਜਾਵੇਗਾ ਮੁੱਖ ਮੰਤਰੀ ਤੇ ਵਿੱਤ ਮੰਤਰੀ ਦਾ ਡੀ ਸੀ ਦਫਤਰ ਅੱਗੇ ਪੁਤਲਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਰਜਿ. ਦੀ ਮੀਟਿੰਗ ਪ੍ਰਧਾਨ ਬਲਵੰਤ ਸਿੰਘ ਸੰਧੂ ਤੇ ਵਿੱਤ ਸਕੱਤਰ ਮਲਕੀਅਤ ਚੰਦ ਪਾਸੀ ਦੀ ਅਗਵਾਈ ਵਿਚ ਕਾਮਰੇਡ ਜਰਨੈਲ ਸਿੰਘ ਭਵਨ ਵਿਚ ਕੀਤੀ ਗਈ। ਮੀਟਿੰਗ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਹੱਕੀ ਅਤੇ ਜਾਇਜ਼ ਲਟਕ ਰਹੀਆਂ ਮੰਗਾਂ ਬਾਰੇ ਚਰਚਾ ਕੀਤੀ ਗਈ। ਮੀਟਿੰਗ ਵਿਚ ਸੂਬਾ ਕਮੇਟੀ ਪੰਜਾਬ ਮੁਲਾਜ਼ਮ, ਪੈਨਸ਼ਨਰ ਸਾਂਝੇ ਫਰੰਟ ਅਨੁਸਾਰ 13 ਅਗਸਤ ਨੂੰ ਡੀਸੀ ਦਫਤਰ ਅੱਗੇ ਮੁੱਖ ਮੰਤਰੀ ਅਤੇ ਵਿੱਤ ਮੰਤਰੀ ਦਾ ਪੁਤਲਾ ਫੂਕਿਆ ਜਾਵੇਗਾ। ਪੈਨਸ਼ਨਰ ਆਗੂਆਂ ਓਮ ਪ੍ਰਕਾਸ਼, ਬਲਬੀਰ ਸਿੰਘ ਸੰਧੂ, ਸੁਰਜੀਤ ਸਿੰਘ, ਕੰਵਰਜੀਤ ਸ਼ਰਮਾ, ਪ੍ਰਵੇਸ਼ ਸ਼ਿਗਾਨਾ, ਮੁਖਤਿਆਰ ਸਿੰਘ ਨੇ ਕਿਹਾ ਕਿ ਕੇਂਦਰ ਦੀ ਸਰਕਾਰ ਅਤੇ ਗੁਆਂਢੀ ਰਾਜ ਆਪਣੇ ਮੁਲਾਜ਼ਮਾਂ ਪੈਨਸ਼ਨਰਾਂ ਨੂੰ 55 ਪ੍ਰਤੀਸ਼ਤ ਡੀਏ ਦੇ ਰਹੇ ਹਨ, ਪਰ ਪੰਜਾਬ ਸਰਕਾਰ 42 ਪ੍ਰਤੀਸ਼ਤ ਡੀਏ ਦੇ ਰਹੀ ਹੈ। ਆਗੂਆਂ ਨੇ ਮੰਗ ਕੀਤੀ ਕਿ 1-7-2023 ਤੋਂ 4 ਪ੍ਰਤੀਸ਼ਤ, 1-1-2024 ਤੋਂ 4 ਪ੍ਰਤੀਸ਼ਤ, 1-7-2024 ਤੋਂ 3 ਪ੍ਰਤੀਸ਼ਤ ਅਤੇ 1-2-2025 ਤੋਂ 2 ਪ੍ਰਤੀਸ਼ਤ, 13 ਪ੍ਰਤੀਸ਼ਤ ਡੀਏ ਦੀਆਂ ਕਿਸ਼ਤਾਂ ਅਤੇ ਡੀਏ ਦਾ ਬਕਾਇਆ ਜਾਰੀ ਕੀਤਾ ਜਾਵੇ। ਮੀਟਿੰਗ ਵਿਚ ਹਰਨਾਮ ਸਿੰਘ ਅਤੇ ਸੰਤ ਰਾਮ ਨੇ ਕਾਨੂੰਨ ਵਿਵਸਥਾ ਤੇ ਗੱਲ ਕੀਤੀ ਕਿ ਫਿਰੋਜ਼ਪੁਰ ਸ਼ਹਿਰ ਵਿਚ ਰੋਜ਼ਾਨਾ ਗੋਲੀ ਚੱਲਣ ਦੀਆਂ ਘਟਨਾਵਾਂ, ਲੁੱਟਾਂ ਖੋਹਾਂ, ਚੋਰੀਆਂ ਤੇ ਠੱਲ ਪਾਈ ਜਾਵੇ। ਉਨ੍ਹਾਂ ਕਿਹਾ ਕਿ ਡਿਵੈਲਪਮੈਂਟ ਦੇ ਨਾਂਅ 'ਤੇ ਸਰਕਾਰ ਕਰੋੜਾਂ ਰੁਪਏ ਇਕੱਠਾ ਕਰ ਰਹੀ ਹੈ, ਪਰ ਸ਼ਹਿਰ ਦੀਆਂ ਸੜਕਾਂ ਦਾ ਬਹੁਤ ਮਾੜਾ ਹਾਲ ਹੈ, ਥਾਂ ਥਾਂ 'ਤੇ ਟੋਏ ਪਏ ਹਨ, ਸੁਧਾਰ ਕੀਤਾ ਜਾਵੇ।

## ਪੰਜਾਬੀ ਸਾਹਿਤ ਸਿਰਜਣ ਤੇ ਕਵਿਤਾ ਗਾਇਨ ਮੁਕਾਬਲਿਆਂ ਸੰਬੰਧੀ ਪ੍ਰੋਗਰਾਮ ਕਰਾਇਆ

**ਮਾਨਸਾ (ਆਤਮਾ ਸਿੰਘ ਪਮਾਰ)**

ਨਵੀਂ ਪੀੜ੍ਹੀ ਦੇ ਮਨਾਂ 'ਚ ਆਪਣੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਪ੍ਰਤੀ ਸੰਵੇਦਨਸ਼ੀਲਤਾ ਪੈਦਾ ਕਰਨ ਦੇ ਮਕਸਦ ਨਾਲ ਭਾਸ਼ਾ ਵਿਭਾਗ ਪੰਜਾਬ ਹਰ ਸਾਲ ਸਕੂਲੀ ਵਿਦਿਆਰਥੀਆਂ ਦੇ ਪੰਜਾਬੀ ਸਾਹਿਤ ਸਿਰਜਣ ਤੇ ਕਵਿਤਾ ਗਾਇਨ ਮੁਕਾਬਲੇ ਕਰਾਉਂਦਾ ਹੈ।


ਇਹ ਮੁਕਾਬਲੇ ਪਹਿਲਾਂ ਜ਼ਿਲ੍ਹਾ ਪੱਧਰੀ ਅਤੇ ਫਿਰ ਰਾਜ ਪੱਧਰ 'ਤੇ ਕਰਾਏ ਜਾਂਦੇ ਹਨ। ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ ਵਿੱਚ ਇਸ ਸਾਲ ਮਾਨਸਾ ਵਿਖੇ ਜ਼ਿਲ੍ਹਾ ਪੱਧਰੀ ਮੁਕਾਬਲੇ ਸਥਾਨਕ ਦਫ਼ਤਰ, ਜ਼ਿਲ੍ਹਾ ਭਾਸ਼ਾ ਦਫ਼ਤਰ (ਸਰਕਾਰੀ ਨਹਿਰੂ ਮੈਮੋਰੀਅਲ ਕਾਲਜ) ਵਿਖੇ ਕਰਵਾਏ ਗਏ। ਸਾਹਿਤ ਸਿਰਜਣ ਮੁਕਾਬਲਿਆਂ 'ਚ ਕਵਿਤਾ, ਲੇਖ ਅਤੇ ਕਹਾਣੀ ਰਚਨਾ, ਅਤੇ ਕਵਿਤਾ ਗਾਇਨ ਦੇ ਮੁਕਾਬਲੇ ਕਰਾਏ ਗਏ। ਸਮਾਗਮ ਦੀ ਸ਼ੁਰੂਆਤ ਜ਼ਿਲ੍ਹਾ ਭਾਸ਼ਾ ਅਫ਼ਸਰ ਤੇਜਿੰਦਰ ਕੌਰ ਤੇ ਖੋਜ ਅਫ਼ਸਰ ਗੁਰਪ੍ਰੀਤ ਸਿੰਘ ਨੇ ਮੁਕਾਬਲਿਆਂ ਦੀ ਰੂਪ-ਰੇਖਾ ਸੰਬੰਧੀ ਵਿਸਥਾਰਤ ਜਾਣਕਾਰੀ ਦਿੰਦਿਆਂ ਕੀਤੀ,ਅਤੇ ਨਾਲ ਹੀ ਆਏ ਮਹਿਮਾਨਾਂ ਦਾ ਸਵਾਗਤ ਵੀ ਕੀਤਾ।ਇਨ੍ਹਾਂ ਮੁਕਾਬਲਿਆਂ ਲਈ ਸਾਹਿਤ ਤੇ ਕਲਾ ਜਗਤ ਦੀਆਂ ਪ੍ਰਸਿੱਧ ਹਸਤੀਆਂ ਦਰਸ਼ਨ ਬਰੇਟਾ (ਕਹਾਣੀਕਾਰ), ਬਲਜਿੰਦਰ ਸੰਗੀਲਾ (ਗੀਤਕਾਰ ਤੇ ਗਾਇਕ) ਤੇ ਜਗਦੀਸ਼ ਰਾਏ ਕੁਲਰੀਆਂ (ਕਹਾਣੀਕਾਰ) ਵੱਲੋਂ ਜੱਜ ਵਜੋਂ ਭੂਮਿਕਾ ਨਿਭਾਈ।ਮੁਕਾਬਲਿਆਂ ਵਿੱਚ ਜ਼ਿਲ੍ਹੇ ਭਰ ਦੇ ਵੱਖ-ਵੱਖ ਸਰਕਾਰੀ/ਪ੍ਰਾਈਵੇਟ/ਅਰਧ ਸਰਕਾਰੀ ਸਕੂਲਾਂ ਦੇ ਛੇਵੀ ਤੋਂ ਦਸਵੀਂ ਜਮਾਤ ਤੱਕ ਦੇ ਲਗਪਗ 90 ਵਿਦਿਆਰਥੀਆਂ ਨੇ ਭਾਗ ਲਿਆ।ਕਵਿਤਾ ਗਾਇਨ ਮੁਕਾਬਲਿਆਂ ਚੋਂ ਮਹਿਫ਼ੂਜ਼ ਚੱਠਾ (ਜੇ.ਆਰ.ਮਿਲੇਨੀਅਮ ਸਕੂਲ ਮਾਨਸਾ), ਜਸ਼ਨਦੀਪ ਸਿੰਘ (ਸ.ਸ.ਸਕੂਲ ਨੰਗਲ ਕਲਾਂ) ਤੇ ਹਰਸੁਖਮਨ ਕੌਰ (ਜੇ.ਆਰ.ਮਿਲੇਨੀਅਮ ਸਕੂਲ ਮਾਨਸਾ) ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ।ਲੇਖ ਰਚਨਾ ਵਿੱਚ ਹਰਜਸ਼ਨ ਸਿੰਘ (ਮਾਲਵਾ ਪਬਲਿਕ ਹਾਈ ਸਕੂਲ, ਖਿਆਲਾ ਕਲਾਂ), ਸੁਹਾਨੀ ਗਰਗ (ਸਰਕਾਰੀ ਕੰਨਿਆ ਸੀਨੀ. ਸੈਕੰ. ਸਮਾਰਟ ਸਕੂਲ ਮਾਨਸਾ) ਤੇ ਜਸਮੀਤ ਸਿੰਘ (ਮਾਲਵਾ ਪਬਲਿਕ ਹਾਈ ਸਕੂਲ, ਖਿਆਲਾ ਕਲਾਂ) ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ।ਕਹਾਣੀ ਰਚਨਾ ਵਿੱਚ ਹਰਿਵਰਧਨ ਕੌਰ (ਦ ਰੈਨਸਾ ਸਕੂਲ, ਮਾਨਸਾ), ਵੰਸ਼ਾਨ ਸੁਖੀਜਾ (ਜੇ.ਆਰ.ਮਿਲੇਨੀਅਮ ਸਕੂਲ ਮਾਨਸਾ) ਤੇ ਅਰਸ਼ਦੀਪ ਕੌਰ (ਮਾਲਵਾ ਪਬਲਿਕ ਹਾਈ ਸਕੂਲ, ਖਿਆਲਾ ਕਲਾਂ) ਨੇ ਕ੍ਰਮਵਾਰ ਪਹਿਲਾ ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ।ਕਵਿਤਾ ਰਚਨਾ ਵਿੱਚ ਰਜਨਦੀਪ ਕੌਰ (ਸਰਕਾਰੀ ਮਾਡਲ ਸੀਨੀ. ਸੈਕੰ. ਸਕੂਲ ਮੀਆਂ), ਇਸ਼ਾਨ ਮੁਹੰਮਦ (ਸਰਕਾਰੀ ਮਿਡਲ ਸਕੂਲ ਬੱਪੀਆਣਾ) ਤੇ ਜਪਨੂਰ ਕੌਰ ਆਹਲੂਵਾਲੀਆ (ਦ ਰੈਨਸਾ ਸਕੂਲ, ਮਾਨਸਾ) ਕ੍ਰਮਵਾਰ ਪਹਿਲਾ ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ।ਜੇਤੂ ਵਿਦਿਆਰਥੀਆਂ ਨੂੰ ਭਾਸ਼ਾ ਵਿਭਾਗ ਵੱਲੋਂ ਸਰਟੀਫਿਕੇਟ ਅਤੇ ਨਗਦ ਇਨਾਮਾਂ ਨਾਲ ਸਨਮਾਨਿਤ ਵੀ ਕੀਤਾ ਗਿਆ। ਮੰਚ ਸੰਚਾਲਨ ਦੀ ਭੂਮਿਕਾ ਵਿਨੋਦ ਮਿੱਤਲ ਨੇ ਬਾਖੂਬੀ ਨਿਭਾਈ।

## ਐੱਸ ਆਰ ਐੱਸ ਵਿੱਦਿਆਪੀਠ ਦੇ ਵਿਦਿਆਰਥੀਆਂ ਨੇ ਜ਼ੋਨਲ ਖੇਡਾਂ 'ਚ ਮਾਰੀਆਂ ਮੱਲਾਂ



**ਸਮਾਣਾ (ਇਕਬਾਲ ਸਿੰਘ ਬੱਲ)**-69ਵੀਆਂ ਜ਼ੋਨਲ ਖੇਡਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਮਾਣਾ (ਮੁੰਡਿਆਂ) ਵਿੱਚ ਅੰਡਰ-17 (ਮੁੰਡਿਆਂ), ਅੰਡਰ-17 ਕੁੜੀਆਂ ਤੇ ਅੰਡਰ-19 ਕੁੜੀਆਂ ਦੇ ਰੱਸਾਕਸ਼ੀ (ਟੱਗ ਆਫ ਵਾਰ) ਖੇਡ ਮੁਕਾਬਲੇ ਕਰਵਾਏ ਗਏ।ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਕਈ ਸਕੂਲਾਂ ਨੇ ਭਾਗ ਲਿਆ।ਐੱਸ ਆਰ ਐੱਸ ਵਿੱਦਿਆਪੀਠ ਸਮਾਣਾ ਦੇ ਅੰਡਰ-17 ਮੁੰਡਿਆਂ ਵਿੱਚ ਗੁਰਜੀਤ ਸਿੰਘ, ਮੁਖਵਿੰਦਰ ਸਿੰਘ, ਕਰਨਰਾਜਵੀਰ ਸਿੰਘ, ਅਰਮਾਨਦੀਪ ਸਿੰਘ, ਗੁਰਸ਼ਰਨ ਸਿੰਘ, ਲਵਪ੍ਰੀਤ ਸਿੰਘ, ਜੋਬਨਪ੍ਰੀਤ ਸਿੰਘ, ਗੈਵਿਨ ਸਿੰਘ, ਗੁਰਬਾਜ ਸਿੰਘ, ਧਨਵੀਰ ਸਿੰਘ, ਲਵਨੀਸ ਸਿੰਘ ਤੇ ਦਿਲਜੋਤ ਸਿੰਘ ਨੇ ਬੜੇ ਉਤਸ਼ਾਹ ਤੇ ਜੋਸ਼ ਨਾਲ ਭਾਗ ਲਿਆ ਅਤੇ ਪਹਿਲਾ ਸਥਾਨ ਪ੍ਰਾਪਤ ਕੀਤਾ। ਅੰਡਰ-17 ਕੁੜੀਆਂ ਵਿੱਚ ਬਬਨਪ੍ਰੀਤ ਕੌਰ, ਹਰਮਨਪ੍ਰੀਤ ਕੌਰ, ਸ਼ਾਈਨਦੀਪ ਕੌਰ, ਏਕਜੋਤ ਕੌਰ, ਗੁਰਸ਼ਰਨ ਕੌਰ, ਸੁਖਮਨ ਕੌਰ, ਜਸਲੀਨ ਕੌਰ, ਜਸਲੀਨ ਕੌਰ, ਹਰਗੁਨ ਕੌਰ, ਨਵਿਆ ਕਾਂਸਲ, ਸਚਰੀਤ ਕੌਰ ਤੇ ਹਰਸਿਮਰਨ ਕੌਰ ਨੇ ਭਾਗ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਪ੍ਰਾਪਤ ਕੀਤਾ। ਅੰਡਰ-19 ਕੁੜੀਆਂ ਵਿੱਚ ਅਭੀਨੂਰ ਕੌਰ, ਹਰਮਨਜੋਤ ਕੌਰ, ਹੁਸਨਪ੍ਰੀਤ ਕੌਰ, ਨਵਜੋਤ ਕੌਰ, ਅਮਾਨਤ ਕੌਰ, ਸਵਰੀਨ ਕੌਰ, ਸ਼ੁਭਨੀਤ ਕੌਰ, ਕੋਮਲਪ੍ਰੀਤ ਕੌਰ, ਪਵਨਜੋਤ ਕੌਰ, ਗੁਰਨੂਰ ਕੌਰ, ਸ਼ੁਭਨੀਤ ਕੌਰ ਤੇ ਸ਼ੁਭਪ੍ਰੀਤ ਕੌਰ ਨੇ ਭਾਗ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਦੂਸਰਾ ਸਥਾਨ ਹਾਸਲ ਕੀਤਾ।ਇਸ ਮੌਕੇ ਸਕੂਲ ਵਾਈਸ ਚੇਅਰਮੈਨ ਮਿਸ ਸਮਿਧਾ ਸਿੰਗਲਾ, ਪ੍ਰਿੰਸੀਪਲ ਮਿਸ ਮਿਲੀ ਬੋਸ ਨੇ ਸਾਰੇ ਖਿਡਾਰੀਆਂ ਦਾ ਹੌਸਲਾ ਵਧਾਇਆ ਤੇ ਭਵਿੱਖ ਵਿੱਚ ਵੀ ਉਨ੍ਹਾਂ ਨੂੰ ਅਜਿਹੇ ਖੇਡ ਮੁਕਾਬਲਿਆਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

## ਰੌਬਿਨ ਸਕੂਲ ਦੀਆਂ ਖੋ-ਖੋ ਟੀਮਾਂ ਨੇ ਜਿੱਤਿਆ ਸੋਨ ਤਮਗਾ



**ਧੂਰੀ (ਮਨੋਹਰ ਸਿੰਘ ਸੱਗੂ)**-ਗੁਰੂ ਤੇਗਬਹਾਦਰ ਪਬਲਿਕ ਸਕੂਲ ਬਰੜਵਾਲ (ਧੂਰੀ) ਵਿਖੇ ਹੋਈਆਂ 69ਵੀਆਂ ਜ਼ੋਨ ਪੱਧਰੀ ਸਕੂਲ ਖੇਡਾਂ 'ਚ ਰੌਬਿਨ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੀਆਂ ਖੋ-ਖੋ ਦੀਆਂ ਟੀਮਾਂ ਨੇ ਸੋਨ ਤਮਗਾ ਜਿੱਤ ਕੇ ਸਕੂਲ ਦਾ ਨਾਂਅ ਚਮਕਾਇਆ।ਸਕੂਲ ਪ੍ਰਬੰਧਕਾਂ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਇਨ੍ਹਾਂ ਖੇਡਾਂ 'ਚ ਖੋ-ਖੋ ਅੰਡਰ-17 ਤੇ ਅੰਡਰ-19 ਦੀਆਂ ਟੀਮਾਂ ਦੇ ਮੁਕਾਬਲਿਆਂ 'ਚ ਸਕੂਲ ਦੇ ਮੁੰਡਿਆਂ ਦੀਆਂ ਟੀਮਾਂ ਨੇ ਜਿੱਤ ਪ੍ਰਾਪਤ ਕਰਕੇ ਗੋਲਡ ਮੈਡਲ ਹਾਸਲ ਕੀਤਾ ਤੇ ਜਿੱਤ ਕੇ ਪਰਤੀਆਂ ਟੀਮਾਂ ਦਾ ਸਕੂਲ ਪੁੱਜਣ 'ਤੇ ਸਕੂਲ ਦੀ ਡਾਇਰੈਕਟਰ ਸ੍ਰੀਮਤੀ ਮਧੂ ਸ਼ਰਮਾ ਤੇ ਸਮੁੱਚੇ ਸਟਾਫ਼ ਨੇ ਵਧਾਈ ਦਿੰਦਿਆਂ ਨਿੱਘਾ ਸਵਾਗਤ ਕੀਤਾ।

## ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਇਨੋਵੇਟ ਐਕਸ ਐੱਲ ਦਾ ਆਯੋਜਨ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਯੂਨੀਵਰਸਿਟੀ ਦੇ ਇੰਜੀਨੀਅਰਿੰਗ ਤਕਨਾਲੋਜੀ ਤੇ ਕੰਪਿਊਟਿੰਗ ਫੈਕਲਟੀ ਵੱਲੋਂ ਸੰਸਥਾ ਦੀ ਇਨੋਵੇਸ਼ਨ ਕੌਂਸਲ (ਆਈਆਈਸੀ) ਦੇ ਸਹਿਯੋਗ ਨਾਲ ਇਨੋਵੇਟ ਐਕਸਐੱਲ 2025, ਜਿੱਥੇ ਸਟਾਰਟਅੱਪ ਰਣਨੀਤੀ ਤੇ ਉੱਤਮਤਾ ਨੂੰ ਪੂਰਾ ਕਰਦੇ ਹਨ, ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ।ਇਸ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨਾ ਤੇ ਉਨ੍ਹਾਂ ਨੂੰ ਨਵੀਨਤਾ, ਉੱਦਮਤਾ ਤੇ ਤਕਨੀਕੀ ਤਰੱਕੀ ਵਿੱਚ ਵਿਹਾਰਕ ਗਿਆਨ ਨਾਲ ਲੈਸ ਕਰਨਾ ਹੈ।ਇਸ ਦੌਰਾਨ ਸਤਿਕਾਰਤ ਉਦਯੋਗ ਦੇ ਆਗੂਆਂ ਦੀ ਮੌਜੂਦਗੀ ਵਿੱਚ ਇਸ ਸਮਾਗਮ ਨੇ ਤਕਨਾਲੋਜੀ ਤੇ ਸਿੱਖਿਆ ਦੇ ਭਵਿੱਖ ਨੂੰ ਆਕਾਰ ਦੇਣ ਵਾਲੇ ਦੂਰਦਰਸ਼ੀ ਲੋਕਾਂ ਨੂੰ ਇਕੱਠਾ ਕੀਤਾ।ਪ੍ਰਸਿੱਧ ਮਹਿਮਾਨਾਂ ਵਿੱਚ ਸ੍ਰੀ ਦਿਨੇਸ਼ ਕੁਮਾਰ, ਡਾਇਰੈਕਟਰ ਭਾਰਤ ਤੇ ਸਾਰਕ, ਸੌਟੀ ਇੰਡੀਆ ਲਿਮਟਿਡ ਸ੍ਰੀ ਸਰਬਰਿੰਦਰ ਸਿੰਘ, ਡਾਇਰੈਕਟਰ, ਵਿਨੋਵੇਸ਼ਨ ਐਜੂਕੇਸ਼ਨ ਸਰਵਿਸਿਜ਼ ਪ੍ਰਾਈਵੇਟ ਲਿਮਟਿਡ, ਸ੍ਰੀ ਨਵਦੀਪ ਸਿੰਘ, ਸੇਲਜ਼ ਹੈੱਡ, ਵਿਨੋਵੇਸ਼ਨ ਐਜੂਕੇਸ਼ਨ ਸਰਵਿਸਿਜ਼ ਅਤੇ ਸ੍ਰੀ ਅਭਿਸ਼ੇਕ, ਲੀਡ ਟਰੇਨਰ ਤੇ ਏ ਆਈ/ਐੱਮ ਐੱਲ ਮਾਹਰ ਸ਼ਾਮਲ ਸਨ।ਇਸ ਮੌਕੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਵਿਦਿਆਰਥੀਆਂ ਨੂੰ ਇੱਕ ਪ੍ਰੇਰਨਾਦਾਇਕ ਭਾਸ਼ਣ ਨਾਲ ਪ੍ਰੇਰਿਤ ਕੀਤਾ ਤੇ ਅਜਿਹੇ ਉਪਰਾਲਿਆਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਜਦੋਂਕਿ ਡਿਪਟੀ ਡਾਇਰੈਕਟਰ ਡਾ. ਖੁਸ਼ਬੂ ਬਾਂਸਲ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ।ਇਸ ਸੈਸ਼ਨਾਂ ਨੇ ਭਵਿੱਖ ਦੇ ਉਦਯੋਗਾਂ ਨੂੰ ਆਕਾਰ ਦੇਣ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਭੂਮਿਕਾ ਨੂੰ ਉਜਾਗਰ ਕੀਤਾ।

ਦਿਨੇਸ਼ ਕੁਮਾਰ ਤੇ ਅਭਿਸ਼ੇਕ ਨੇ ਵਿਦਿਆਰਥੀਆਂ ਨੂੰ ਏਆਈ/ਐੱਮਐੱਲ ਵਿੱਚ ਮੌਜੂਦਾ ਸਾਧਨਾਂ ਤੇ ਭਵਿੱਖ ਦੇ ਮੌਕਿਆਂ ਬਾਰੇ ਮਾਰਗਦਰਸ਼ਨ ਪ੍ਰਦਾਨ ਕੀਤੇ।ਇਹ ਪ੍ਰੋਗਰਾਮ ਇੱਕ ਇੰਟਰੈਕਟਿਵ ਸੈਸ਼ਨ ਨਾਲ ਸਮਾਪਤ ਹੋਇਆ, ਜਿਸ ਨੇ ਇਨੋਵੇਟ ਐਕਸਐੱਲ-2025 ਨੂੰ ਸੱਚਮੁੱਚ ਇੱਕ ਭਰਪੂਰ ਅਨੁਭਵ ਬਣਾਇਆ, ਜਿਸ ਨੇ ਦੇਸ਼ ਭਗਤ ਯੂਨੀਵਰਸਿਟੀ ਦੀ ਨਵੀਨਤਾ ਤੇ ਰਣਨੀਤਕ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ।

## ਨਾਟਕ 'ਸੁੰਨਾ ਵਿਹੜਾ' ਦਾ ਮੰਚਨ ਅੱਜ

**ਪਟਿਆਲਾ (ਅਵਤਾਰ ਜਟਾਣਾ)**


ਉੱਤਰ ਖੇਤਰੀ ਸੱਭਿਆਚਾਰਕ ਕੇਂਦਰ ਪਟਿਆਲਾ (ਸੱਭਿਆਚਾਰਕ ਮੰਤਰਾਲਾ, ਭਾਰਤ ਸਰਕਾਰ) ਵੱਲੋਂ ਰੰਗਮੰਚ ਦੇ ਪ੍ਰਸਾਰ ਤੇ ਪ੍ਰਚਾਰ ਲਈ ਹੁਣ ਹਰ ਮਹੀਨੇ ਦੇ ਦੂਸਰੇ ਸ਼ਨੀਵਾਰ ਤੋਂ ਉੱਚ ਪੱਧਰੀ ਤੇ ਮਿਆਰੀ ਨਾਟਕਾਂ ਦੀ ਲੜੀ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ, ਜਿਸ ਵਿੱਚ 9 ਅਗਸਤ ਸ਼ਾਮ 6.30 ਵਜੇ ਕਾਲੀ ਦਾਸ ਆਡੀਟੋਰੀਅਮ, ਨੇੜੇ ਭਾਸ਼ਾ ਵਿਭਾਗ ਪੰਜਾਬ ਸ਼ੇਰਾਂ ਵਾਲਾ ਪਟਿਆਲਾ ਵਿਖੇ ਸਰਘੀ ਕਲਾ ਕੇਂਦਰ ਮੋਹਾਲੀ ਦੀ ਸੰਸਥਾ ਵੱਲੋਂ 'ਸੁੰਨਾ ਵਿਹੜਾ' ਨਾਟਕ ਦਾ ਮੰਚਨ ਕੀਤਾ ਜਾਵੇਗਾ, ਜੋ ਕਿ ਪੇਂਡੂ ਪੰਜਾਬੀ ਖੁਸ਼ਹਾਲ ਕਿਸਾਨ ਪਰਿਵਾਰ ਦੇ ਬੇਔਲਾਦ ਜੋੜੇ ਦੀ ਮਾਨਸਿਕ ਤੇ ਸਮਾਜਿਕ ਸਥਿਤੀ/ਪ੍ਰਸਥਿਤੀ 'ਤੇ ਅਧਾਰਤ ਹੈ। ਇਸ ਨਾਟਕ ਦੇ ਲੇਖਕ ਤੇ ਨਿਰਦੇਸ਼ਕ ਸੰਜੀਵਨ ਸਿੰਘ ਹਨ। ਸੱਭਿਆਚਾਰਕ ਕੇਂਦਰ ਵੱਲੋਂ ਇਸ ਨਾਟਕ ਨੂੰ ਵੇਖਣ ਲਈ ਪਟਿਆਲੇ ਦੇ ਦਰਸ਼ਕਾਂ ਤੇ ਰੰਗਮੰਚ ਪ੍ਰੇਮੀਆਂ ਨੂੰ ਖੁੱਲ੍ਹਾ ਸੱਦਾ ਦਿੱਤਾ ਗਿਆ ਹੈ।

## ਸ਼ਹਿਰ ਦੀ ਸੁੰਦਰ ਬਸਤੀ 'ਚ ਲੱਗਾ ਮੇਲਾ ਤੀਆਂ ਦਾ



**ਸੰਗਰੂਰ (ਪ੍ਰਵੀਨ ਸਿੰਘ)**-ਸੁੰਦਰ ਬਸਤੀ ਵਿਖੇ ਸ੍ਰੀ ਹਨੂੰਮਾਨ ਮੰਦਰ ਦੇ ਪ੍ਰਧਾਨ ਸ੍ਰੀ ਰਾਣਾ ਬਾਲੂ, ਵਾਇਸ ਪ੍ਰਧਾਨ ਜਗਸੀਰ ਸਿੰਘ ਜੱਗਾ ਤੇ ਜਸਨ ਜੱਸਾ ਦੀ ਦੇਖ-ਰੇਖ ਹੇਠ ਮੇਲਾ ਤੀਆਂ ਤੀਜ ਦੀਆਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੈਡਮ ਪੂਨਮ ਕਾਂਗੜਾ ਮੁੱਖ ਸਰਪ੍ਰਸਤ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਮੇਲੇ ਵਿੱਚ ਜਿੱਥੇ ਔਰਤਾਂ ਵੱਲੋਂ ਪੀਂਘਾਂ ਝੂਟ, ਗਿੱਧਾ ਤੇ ਪੰਜਾਬੀ ਬੋਲੀਆਂ ਪਾ ਕੇ ਤੇ ਪੰਜਾਬੀ ਗੀਤਾਂ ਤੇ ਨੱਚ-ਟੱਪ ਕੇ ਆਪਣੀ ਖ਼ੁਸ਼ੀ ਦਾ ਇਜ਼ਹਾਰ ਕੀਤਾ ਗਿਆ, ਉਥੇ ਹੀ ਮੇਲੇ ਵਿੱਚ ਲੱਗੇ ਵੱਖ-ਵੱਖ ਤਰ੍ਹਾਂ ਦੇ ਝੂਲਿਆਂ 'ਤੇ ਬੱਚਿਆਂ ਨੇ ਵੀ ਖੂਬ ਮਜ਼ਾ ਲਿਆ। ਮੁਹੱਲੇ ਦੀਆਂ ਬਜ਼ੁਰਗ ਔਰਤਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਮੈਡਮ ਪੂਨਮ ਕਾਂਗੜਾ ਨੇ ਕਿਹਾ ਕਿ ਤੀਆਂ ਤੀਜ ਦੀਆਂ ਤਿਉਹਾਰ ਸਾਡੇ ਸੱਭਿਆਚਾਰ ਵਿੱਚ ਅਹਿਮ ਸਥਾਨ ਰੱਖਦਾ ਹੈ। ਤੀਆਂ ਮੌਕੇ ਦੂਰ ਦਰਾਡੇ ਵਿਆਹੀਆਂ ਸਹੇਲੀਆਂ ਇਕੱਠੀਆਂ ਹੋ ਕੇ ਆਪਣੀਆਂ ਪੁਰਾਣੀਆਂ ਯਾਦਾਂ ਤਾਜ਼ਾ ਕਰਕੇ ਖ਼ੁਸ਼ੀਆਂ ਮਨਾਉਂਦੀਆਂ ਹਨ। ਇਸ ਮੌਕੇ ਪ੍ਰਬੰਧਕਾਂ ਵੱਲੋਂ ਮੈਡਮ ਪੂਨਮ ਕਾਂਗੜਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

## ਆਯੁਰਵੈਦ ਦਾ ਮੁਫ਼ਤ ਚੈੱਕਅਪ ਕੈਂਪ ਲਾਇਆ



**ਭੀਖੀ (ਗੁਰਿੰਦਰ ਸਿੰਘ ਔਲਖ)**-ਪਿੰਡ ਵਾਸੀਆਂ ਨੂੰ ਸਿਹਤ ਸਹੂਲਤ ਦੇਣ ਲਈ ਆਯੂਸ਼ ਵਿਭਾਗ ਪੰਜਾਬ ਵੱਲੋਂ ਦਿਲਰਾਜ ਸਿੰਘ ਆਈ.ਏ.ਐਸ ਆਯੂਸ਼ ਕਮਿਸ਼ਨਰ ਡਾਇਰੈਕਟਰ ਆਯੁਰਵੇਦ ਪੰਜਾਬ ਡਾ. ਰਵੀ ਕੁਮਾਰ ਡੂਰਮਾ ਦੇ ਦਿਸ਼ਾ-ਨਿਰਦੇਸ਼ਾਂ ਨਾਲ ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਧਿਕਾਰੀ ਨਮਿਤਾ ਗਰਗ ਤੇ ਡਾ. ਰਾਜੀਵ ਕੁਮਾਰ ਦੀ ਯੋਗ ਅਗਵਾਈ ਹੇਠ ਨੇੜਲੇ ਪਿੰਡ ਖੀਵਾ ਸਹਿਜ਼ਾਦੇ ਵਾਲਾ ਬਾਬੇ ਦੇ ਡੇਰੇ ਵਿਖੇ ਵਿਸ਼ਾਲ ਆਯੂਸ਼ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ 'ਚ ਡਾ. ਗੁਰਪ੍ਰੀਤ ਕੌਰ ਏ.ਐਮ.ਓ ਤੇ ਡਾ. ਪੂਜਾ ਏ.ਐਮ.ਓ ਵੱਲੋਂ 289 ਮਰੀਜ਼ਾਂ ਦਾ ਚੈੱਕਅਪ ਕਰਕੇ ਮੁਫ਼ਤ ਆਯੁਰਵੈਦਿਕ ਦਵਾਈਆਂ ਦਿੱਤੀਆਂ ਗਈਆਂ। ਕੈਂਪ ਵਿੱਚ ਉਪਵੈਦ ਲਖਮਿੰਦਰ ਕੁਮਾਰ ਉਪਵੈਦ ਰਿਚਾ ਵੱਲੋਂ ਮਰੀਜ਼ਾਂ ਨੂੰ ਦਵਾਈਆਂ ਦਿੱਤੀਆਂ ਗਈਆਂ। ਕੈਂਪ ਵਿੱਚ ਡਾ. ਜਗਮੀਤ ਸਿੰਘ ਤੇ ਸੁਖਜਿੰਦਰ ਕੌਰ ਡਿਸਪੈਂਸਰ ਵੱਲੋਂ ਹੋਮਿਓਪੈਥਿਕ ਦੇ 253 ਦੇ ਮਰੀਜ਼ਾਂ ਦੀ ਜਾਂਚ ਕੀਤੀ ਤੇ ਉਨ੍ਹਾਂ ਨੂੰ ਦਵਾਈ ਦਿੱਤੀ।

## ਬਰਸਾਤ ਨਾਲ ਹੋਏ ਨੁਕਸਾਨ ਦੀ ਹੋਵੇਗੀ ਸਪੈਸ਼ਲ ਗਿਰਦਾਵਰੀ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ 'ਚ ਪਿਛਲੇ ਦਿਨੀਂ ਹੋਈ ਭਾਰੀ ਬਰਸਾਤ ਕਾਰਨ ਫ਼ਸਲਾਂ ਤੇ ਮਕਾਨਾਂ ਦੇ ਹੋਏ ਨੁਕਸਾਨ ਸਬੰਧੀ ਵਿਸ਼ੇਸ਼ ਗਿਰਦਾਵਰੀ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਦਿੰਦਿਆਂ ਦੱਸਿਆ ਕਿ ਵਿਸ਼ੇਸ਼ ਗਿਰਦਾਵਰੀ ਦਾ ਕੰਮ ਜਲਦ ਤੋਂ ਜਲਦ ਮੁਕੰਮਲ ਕਰਨ ਦੀਆਂ ਹਦਾਇਤਾਂ ਸਾਰੇ ਉਪਮੰਡਲ ਮਜਿਸਟ੍ਰੇਟਾਂ ਨੂੰ ਜਾਰੀ ਕੀਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਫ਼ਸਲਾਂ ਤੇ ਮਕਾਨਾਂ ਦੇ ਹੋਏ ਨੁਕਸਾਨ ਸਬੰਧੀ ਇਸ ਗਿਰਦਾਵਰੀ ਦੌਰਾਨ ਰਿਪੋਰਟ ਤਿਆਰ ਕੀਤੀ ਜਾਵੇਗੀ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਬੰਧਤ ਵਿਭਾਗ ਨੂੰ ਹਦਾਇਤ ਕੀਤੀ ਗਈ ਹੈ ਕਿ ਸਪੈਸ਼ਲ ਗੁਰਦਾਵਰੀ ਦਾ ਕੰਮ ਪੂਰੇ ਪਾਰਦਰਸ਼ੀ ਤਰੀਕੇ ਨਾਲ ਕੀਤਾ ਜਾਵੇ ਤੇ ਇਹ ਯਕੀਨੀ ਬਣਾਇਆ ਜਾਵੇ ਕਿ ਕੋਈ ਵੀ ਯੋਗ ਪੀੜਤ ਦਾ ਨੁਕਸਾਨ ਸਬੰਧੀ ਵੇਰਵਾ ਦਰਜ ਕਰਨ ਤੋਂ ਨਾ ਰਹੇ।ਉਨ੍ਹਾਂ ਕਿਹਾ ਕਿ ਵਿਸ਼ੇਸ਼ ਗਿਰਦਾਵਰੀ ਨੂੰ ਸਮਾਂਬੱਧ ਤਰੀਕੇ ਨਾਲ ਮੁਕੰਮਲ ਕੀਤਾ ਜਾਵੇਗਾ ਤਾਂ ਜੁ ਜਲਦ ਤੋਂ ਜਲਦ ਰਿਪੋਰਟ ਸਰਕਾਰ ਨੂੰ ਭੇਜੀ ਜਾ ਸਕੇ।ਡੀ.ਸੀ. ਨੇ ਕਿਹਾ ਕਿ ਜਿਨ੍ਹਾਂ ਇਲਾਕਿਆਂ 'ਚ ਪਾਣੀ ਭਰਿਆ ਸੀ, ਉੱਥੇ ਜ਼ਿਆਦਾਤਰ ਇਲਾਕਿਆਂ ਵਿੱਚ ਪਾਣੀ ਦੀ ਨਿਕਾਸੀ ਹੋ ਗਈ ਹੈ ਤੇ ਬਾਕੀ ਥਾਂਵਾਂ 'ਤੇ ਵੀ ਪੰਪਾਂ ਤੇ ਹੋਰ ਤਰੀਕਿਆਂ ਨਾਲ ਪਾਣੀ ਦੀ ਨਿਕਾਸੀ ਕਰਨ ਲਈ ਅਧਿਕਾਰੀਆਂ ਦੀਆਂ ਟੀਮਾਂ ਲਗਾਤਾਰ ਕੰਮ ਕਰ ਰਹੀਆਂ ਹਨ।

## ਰਾਮਬਾਗ ਵਿਖੇ ਸੇਵਾ ਸਦਨ ਦਾ ਨੀਂਹ ਪੱਥਰ ਰੱਖਿਆ



**ਧੂਰੀ (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**-ਰਾਮਬਾਗ ਚੈਰੀਟੇਬਲ ਸੁਸਾਇਟੀ ਧੂਰੀ ਵੱਲੋਂ ਸ਼ਹਿਰ ਨਿਵਾਸੀਆਂ ਤੇ ਸਰਕਾਰ ਦੇ ਸਹਿਯੋਗ ਨਾਲ ਉਸਾਰੇ ਜਾ ਰਹੇ ਰਾਮਬਾਗ ਸੇਵਾ ਸਦਨ (ਕਮਿਊਨਿਟੀ ਹਾਲ) ਦਾ ਨੀਂਹ ਪੱਥਰ ਧਾਰਮਿਕ ਰਸਮਾਂ ਨਾਲ ਸਵਾਮੀ ਅਮ੍ਰਿਤਾ ਨੰਦ ਜਲੂਰ ਵਾਲਿਆਂ ਤੇ ਸਵਾਮੀ ਆਤਮਾ ਨੰਦ ਨੈਣਾਂ ਦੇਵੀ ਵਾਲਿਆਂ ਵੱਲੋਂ ਸਾਂਝੇ ਤੌਰ 'ਤੇ ਰੱਖਿਆ ਗਿਆ।ਨੀਂਹ ਪੱਥਰ ਰੱਖਣ ਤੋਂ ਪਹਿਲਾਂ ਭੂਮੀ ਪੂਜਨ ਕੀਤਾ ਗਿਆ ਤੇ ਸ਼ਹਿਰ ਦੇ ਲੋਕਾਂ ਨੇ ਵੀ ਇੱਕ ਇੱਕ ਇੱਟ ਰੱਖ ਕੇ ਆਪਣਾ ਯੋਗਦਾਨ ਪਾਇਆ।ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ, ਰਾਹੁਲ ਗਾਂਧੀ ਦੇ ਨਿੱਜੀ ਸਲਾਹਕਾਰ ਸਮਿਤ ਸਿੰਘ ਮਾਨ, ਰਾਈਸਿਲਾ ਦੇ ਸੀਐੱਮਡੀ ਡਾ. ਏ. ਆਰ. ਸ਼ਰਮਾ, ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ, ਕਾਂਗਰਸ ਕਿਸਾਨ ਵਿੰਗ ਦੇ ਸੂਬਾ ਜਨਰਲ ਸਕੱਤਰ ਹਰਦੀਪ ਸਿੰਘ ਦੌਲਤਪੁਰ, ਡਾਇਰੈਕਟਰ ਵਿਜੈ ਗੋਇਲ, ਕੈਂਬ੍ਰਿਜ ਗਰੁੱਪ ਦੇ ਚੇਅਰਮੈਨ ਮੱਖਣ ਲਾਲ ਗਰਗ, ਪ੍ਰੀਤ ਗਰੁੱਪ ਦੇ ਡਾਇਰੈਕਟਰ ਹਰੀ ਸਿੰਘ ਪ੍ਰੀਤ ਆਦਿ ਨੇ ਸ਼ਿਰਕਤ ਕੀਤੀ। ਚੇਅਰਮੈਨ ਅਸ਼ੋਕ ਲੱਖਾ ਨੇ ਐਲਾਨ ਕੀਤਾ ਕਿ ਨਵਾਂ ਬਣਾਇਆ ਜਾਣ ਵਾਲਾ ਹਾਲ ਆਪਣੇ ਮਰਹੂਮ ਪੁੱਤਰ ਸੰਦੀਪ ਸਿੰਗਲਾ ਦੇ ਨਾਮ 'ਸੰਦੀਪ ਹਾਲ' ਰੱਖਿਆ ਜਾਵੇਗਾ। ਇਸੇ ਤਰ੍ਹਾਂ, ਡਾ. ਏ.ਆਰ. ਸ਼ਰਮਾ ਨੇ ਮੁੱਖ ਦਰਵਾਜ਼ੇ ਨੂੰ ਆਪਣੇ ਪਿਤਾ ਪੰਡਤ ਕਰਮ ਚੰਦ ਜੀ ਦੇ ਨਾਮ 'ਪੰਡਤ ਕਰਮ ਚੰਦ ਗੇਟ ਰੱਖਣ ਦੀ ਘੋਸ਼ਣਾ ਕਰਦਿਆਂ ਸੇਵਾ ਸਦਨ ਲਈ ਉਚਿਤ ਯੋਗਦਾਨ ਦੇਣ ਦਾ ਐਲਾਨ ਵੀ ਕੀਤਾ।

ਇਸ ਮੌਕੇ ਹਾਜ਼ਰੀਨ ਨੇ ਇਕਸੁਰ ਹੋ ਕੇ ਰਾਮ ਬਾਗ ਸੇਵਾ ਸਦਨ ਨਿਰਮਾਣ ਨੂੰ ਸਮਾਜ ਲਈ ਉਤਸ਼ਾਹਜਨਕ ਕਦਮ ਕਰਾਰ ਦਿੰਦਿਆਂ ਆਪਣਾ ਤਨ, ਮਨ, ਧਨ ਨਾਲ ਸਹਿਯੋਗ ਦੇਣ ਦੀ ਵਚਨਬੱਧਤਾ ਵੀ ਜਤਾਈ।

## ਤੇਜਿੰਦਰ ਮਹਿਤਾ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਨਿਯੁਕਤ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਦੀ ਮਾਨ ਸਰਕਾਰ ਵੱਲੋਂ ਜ਼ਿਲ੍ਹਾ ਯੋਜਨਾ ਬੋਰਡ ਦੀਆਂ ਲਿਸਟਾਂ ਜਾਰੀ ਕੀਤੀਆਂ ਗਈਆਂ, ਜਿਸ ਅਨੁਸਾਰ ਤੇਜਿੰਦਰ ਮਹਿਤਾ ਨੂੰ ਜ਼ਿਲ੍ਹਾ ਬੋਰਡ ਪਟਿਆਲਾ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ।ਇਸ ਮੌਕੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਯੋਜਨਾ ਬੋਰਡ ਦੇ ਨਵ-ਨਿਯੁਕਤ ਚੇਅਰਮੈਨ ਤੇਜਿੰਦਰ ਮਹਿਤਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਜ਼ਿੰਮੇਦਾਰੀ ਨੂੰ ਬੜੀ ਨਿਸ਼ਠਾ ਤੇ ਇਮਾਨਦਾਰੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਉਹ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਵਾਸਤੇ ਹਮੇਸ਼ਾ ਤਤਪਰ ਹਨ ਤੇ ਉਨ੍ਹਾਂ ਵੱਲੋਂ ਜ਼ਿਲ੍ਹੇ ਦੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਕਸਰ ਨਹੀਂ ਛੱਡੀ ਜਾਵੇਗੀ।ਤੇਜਿੰਦਰ ਮਹਿਤਾ ਨੇ ਪਾਰਟੀ ਦਾ ਸੁਪਰੀਮੋ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ, ਪਾਰਟੀ ਪ੍ਰਧਾਨ ਅਮਨ ਅਰੋੜਾ ਤੇ ਸਮੁੱਚੀ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਦਿੱਤੇ ਗਏ ਮਾਨ ਸਨਮਾਨ ਦੀ ਪੂਰੀ ਕਦਰ ਕਰਦੇ ਹਨ ਤੇ ਆਪਣੀ ਡਿਊਟੀ ਭਵਿੱਖ ਵਿੱਚ ਵੀ ਪੂਰੀ ਮਿਹਨਤ ਤੇ ਲਗਨ ਨਾਲ ਨਿਭਾਉਂਦੇ ਰਹਿਣਗੇ।ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਡਾਕਟਰ ਬਲਬੀਰ ਸਿੰਘ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਵਿਧਾਇਕ ਨੀਨਾ ਮਿੱਤਲ ਨੇ ਜਿੱਥੇ ਨਵ-ਨਿਯੁਕਤ ਚੇਅਰਮੈਨ ਨੂੰ ਵਧਾਈ ਦਿੱਤੀ, ਉੱਥੇ ਇਹ ਵੀ ਆਸ ਪ੍ਰਗਟਾਈ ਕਿ ਆਪਣੀ ਜ਼ਿੰਮੇਦਾਰੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ।

## ਡੀ-ਵੌਰਮਿੰਗ ਦਿਵਸ ਮੌਕੇ ਬੱਚਿਆਂ ਨੂੰ ਖੁਆਈਆਂ ਐਲਬੈਂਡਾਜ਼ੋਲ ਦੀਆਂ ਗੋਲੀਆਂ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਿਵਲ ਸਰਜਨ ਡਾ. ਰਾਜਵਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਰਾਸ਼ਟਰੀ ਪੇਟ ਦੇ ਕੀੜਿਆਂ ਤੋਂ ਮੁਕਤੀ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਪ੍ਰੋਗਰਾਮ ਸੀ ਬੀ ਸੇਠੀ ਸੀਨੀਅਰ ਸੈਕੰਡਰੀ ਸਕੂਲ ਫਿਰੋਜ਼ਪੁਰ ਛਾਉਣੀ ਵਿੱਚ ਜ਼ਿਲ੍ਹਾ ਸਕੂਲ ਹੈਲਥ ਮੈਡੀਕਲ ਅਫ਼ਸਰ ਡਾ. ਹਰਪ੍ਰੀਤ ਕੌਰ ਦੀ ਅਗਵਾਈ ਹੇਠ ਹੋਇਆ। ਡਾ. ਹਰਪ੍ਰੀਤ ਕੌਰ ਨੇ ਬੱਚਿਆਂ ਨੂੰ ਐਲਬੈਂਡਾਜ਼ੋਲ ਦੀ ਗੋਲੀ ਖੁਆ ਕੇ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਉਨ੍ਹਾਂ ਨਾਲ ਸਕੂਲ ਹੈਲਥ ਟੀਮ ਤੋਂ ਡਾ ਲਲਿਤ ਨਾਗਪਾਲ, ਡਾ ਮਨਮੀਤ ਕੌਰ, ਸਕੂਲ ਪ੍ਰਿੰਸੀਪਲ ਜਗਦੀਸ਼ ਸਿੰਘ ਮੌਜੂਦ ਸਨ। ਇਸ ਮੌਕੇ ਵਿਦਿਆਰਥੀਆਂ ਨੂੰ ਪੇਟ ਦੇ ਕੀੜੇ ਹੋਣ ਦੇ ਕਾਰਣ, ਹੱਥ ਧੋਣ ਦੀ ਵਿਧੀ ਤੇ ਅਲਬੈਂਡਾਜ਼ੋਲ ਗੋਲੀ ਖਾਣ ਦੇ ਫਾਇਦਿਆਂ ਬਾਰੇ ਜਾਗਰੂਕਤਾ ਸੈਮੀਨਾਰ ਰਾਹੀਂ ਜਾਣਕਾਰੀ ਦਿੱਤੀ ਗਈ। ਡਾ. ਹਰਪ੍ਰੀਤ ਕੌਰ ਨੇ ਦੱਸਿਆ ਕਿ ਇਸ ਦਿਵਸ ਮੌਕੇ ਸਿਹਤ ਵਿਭਾਗ ਵੱਲੋਂ 19 ਸਾਲ ਤੱਕ ਦੇ ਬੱਚਿਆਂ ਨੂੰ ਪੇਟ ਦੇ ਕੀੜਿਆਂ ਤੋਂ ਮੁਕਤੀ ਲਈ ਜਾਗਰੂਕ ਕੀਤਾ ਜਾਂਦਾ ਹੈ ਅਤੇ ਬੱਚਿਆਂ ਨੂੰ ਗੋਲੀਆਂ ਖੁਆਈਆਂ ਜਾਂਦੀਆਂ ਹਨ। ਜ਼ਿਲ੍ਹੇ ਦੇ ਸਮੂਹ ਸਰਕਾਰੀ ਤੇ ਮਾਨਤਾ ਪ੍ਰਾਪਤ ਸਕੂਲਾਂ ਤੋਂ ਇਲਾਵਾ ਆਂਗਨਵਾੜੀ ਸੈਂਟਰਾਂ ਵਿਚ ਜਾਣ ਵਾਲੇ ਬੱਚਿਆਂ ਨੂੰ ਪੇਟ ਦੇ ਕੀੜੇ ਮਾਰਨ ਵਾਲੀ ਗੋਲੀ ਦਿੱਤੀ ਜਾ ਰਹੀ ਹੈ। ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੰਜੀਵ ਸ਼ਰਮਾ ਤੇ ਡਿਪਟੀ ਮਾਸ ਮੀਡੀਆ ਅਫ਼ਸਰ ਅੰਕੁਸ਼ ਭੰਡਾਰੀ ਨੇ ਦੱਸਿਆ ਕਿ ਬੱਚਿਆਂ ਵਿਚ ਖੂਨ ਦੀ ਕਮੀ ਦਾ ਇਕ ਕਾਰਨ ਪੇਟ ਦੇ ਕੀੜੇ ਵੀ ਹਨ। ਇਸ ਨਾਲ ਬੱਚਿਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਵਿਚ ਵੀ ਰੁਕਾਵਟ ਆਉਂਦੀ ਹੈ।

## ਯੁਵਕ ਸੇਵਾਵਾਂ ਵਿਭਾਗ ਵੱਲੋਂ ਨਸ਼ਿਆਂ ਵਿਰੁੱਧ ਅਭਿਆਨ ਤਹਿਤ ਪਿੰਡ ਸਾਂਦੇ ਹਾਸ਼ਮ ਵਿਖੇ ਜਾਗਰੂਕਤਾ ਪ੍ਰੋਗਰਾਮ ਕਰਵਾਏ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਡਾਇਰੈਕਟਰ, ਯੁਵਕ ਸੇਵਾਵਾਂ ਵਿਭਾਗ ਪੰਜਾਬ ਦੇ ਦਿਸ਼ਾ—ਨਿਰਦੇਸ਼ਾਂ ਤਹਿਤ ਦਵਿੰਦਰ ਸਿੰਘ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ ਫ਼ਿਰੋਜ਼ਪੁਰ ਦੀ ਅਗਵਾਈ ਵਿੱਚ ਵਿਭਾਗ ਨਾਲ ਐਫੀਲੀਏਟਡ ਯੂਥ ਕਲੱਬਾਂ ਰਾਹੀਂ ਕਰਾਏ ਜਾ ਰਹੇ ਨਸ਼ਿਆਂ ਵਿਰੁੱਧ ਜਾਗਰੂਕਤਾ ਅਭਿਆਨ ਦੌਰਾਨ ਯੁਵਕ ਸੇਵਾਵਾਂ ਕਲੱਬ ਨਾਲ ਮਿਲ ਕੇ ਪਿੰਡ ਸਾਂਦੇ ਹਾਸ਼ਮ ਵਿਚ ਸੈਮੀਨਾਰ ਤੇ ਨੁੱਕੜ ਨਾਟਕ ਰਾਹੀਂ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਦਵਿੰਦਰ ਸਿੰਘ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵੱਲੋਂ ਨਸ਼ਿਆਂ ਰਾਹੀਂ ਵੱਧ ਰਹੇ ਜ਼ੁਰਮਾਂ ਨੂੰ ਰੋਕਣ ਬਾਰੇ ਵਿਚਾਰ ਸਾਂਝੇ ਕੀਤੇ ਗਏ ਤੇ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਪੰਜਾਬ ਦੀ ਨੌਜਵਾਨੀ ਨੂੰ ਬਚਾਉਣ ਲਈ ਯੁਵਕ ਸੇਵਾਵਾਂ ਵਿਭਾਗ, ਪੰਜਾਬ ਰਾਹੀਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿਚ ਨਸ਼ਿਆਂ ਵਿਰੁੱਧ ਚਲਾਏ ਜਾ ਰਹੇ ਜਾਗਰੂਕਤਾ ਅਭਿਆਨ ਬਾਰੇ ਵੀ ਦੱਸਿਆ। ਉਨ੍ਹਾਂ ਯੁਵਕ ਸੇਵਾਵਾਂ ਵਿਭਾਗ ਨਾਲ ਜੁੜ ਕੇ ਸਰਕਾਰ ਦੀਆਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਰਗੀਆਂ ਲਹਿਰਾਂ ਨੂੰ ਸਫਲ ਬਣਾਉਣ ਲਈ ਨੌਜਵਾਨਾਂ ਨੂੰ ਪ੍ਰੇਰਿਆ। ਉਨ੍ਹਾਂ ਯੁਵਕ ਸੇਵਾਵਾਂ ਵਿਭਾਗ ਨਾਲ ਨੌਜਵਾਨਾਂ ਨੂੰ ਜੁੜ ਕੇ ਨਸ਼ਿਆਂ ਤੋਂ ਦੂਰ ਰਹਿ ਕੇ ਆਪਣੀ ਜ਼ਿੰਦਗੀ ਵਿਚ ਸਫਲਤਾ ਪ੍ਰਾਪਤ ਕਰਨ ਤੰਦਰੁਸਤ ਸਮਾਜ ਦੀ ਸਿਰਜਣਾ ਵਿਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕੁਲਵਿੰਦਰ ਸਿੰਘ ਤੇ ਜਸਵੀਰ ਕੌਰ ਸਿਹਤ ਵਿਭਾਗ ਵੱਲੋਂ ਸਰਕਾਰ ਦੁਆਰਾ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ। ਇਸ ਸਮੇਂ ਡਾ. ਰਮੇਸ਼ਵਰ ਸਿੰਘ ਕਟਾਰਾ ਵੱਲੋਂ ਪੰਜਾਬ ਦੀ ਨੌਜਵਾਨੀ ਦਾ ਨਸ਼ਿਆਂ ਵੱਲ ਵਧ ਰਹੇ ਰੁਝਾਨ ਬਾਰੇ ਚਿੰਤਾ ਪ੍ਰਗਟ ਕੀਤੀ ਤੇ ਨੌਜਵਾਨਾਂ ਨੂੰ ਗੁਰਬਾਣੀ ਦੇ ਰਸਤੇ ਚੱਲ ਕੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਆ। ਉਨ੍ਹਾਂ ਮਾਤਾ-ਪਿਤਾ ਨੂੰ ਵੀ ਕਿਹਾ ਕਿ ਉਹ ਆਪਣੇ ਬੱਚਿਆਂ ਦੀ ਸੰਗਤ ਵੱਲ ਧਿਆਨ ਦੇਣ। ਨੁੱਕੜ ਨਾਟਕ ਦੀ ਟੀਮ ਵੱਲੋਂ ਨਾਟਕ ਰਾਹੀਂ ਨਸ਼ਿਆਂ ਬਾਰੇ ਨੌਜਵਾਨਾਂ ਨੂੰ ਜਾਗਰੂਕ ਕੀਤਾ। ਪਿੰਡ ਸਾਂਦੇ ਹਾਸ਼ਮ ਕਲੱਬ ਪ੍ਰਧਾਨ ਵਰਿੰਦਰ ਸਿੰਘ ਅਤੇ ਸਕੱਤਰ ਆਸ਼ੂ ਨਿਰਾਲਾ ਵੱਲੋਂ ਪੂਰਨ ਸਹਿਯੋਗ ਕਰਕੇ ਇਸ ਜਾਗਰੂਕਤਾ ਪ੍ਰੋਗਰਾਮ ਨੂੰ ਸਫਲ ਬਣਾਇਆ। ਪਤਵੰਤੇ ਸੱਜਣਾਂ ਅਤੇ ਨੌਜਵਾਨਾਂ ਨੂੰ ਮੋਮੈਂਟੋ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

## ਵਿਧਾਇਕ ਬੁੱਧ ਰਾਮ ਨੇ ਖੇਤੀਬਾੜੀ ਮੰਤਰੀ ਕੋਲ ਬੋਹਾ ਤੇ ਬਰੇਟਾ ਦੀਆਂ ਲਿੰਕ ਸੜਕਾਂ ਦਾ ਮਸਲਾ ਚੁੱਕਿਆ

**ਬੋਹਾ (ਨਿਰੰਜਣ ਬੋਹਾ)**-ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨਾਲ ਮੁਲਾਕਾਤ ਕਰਕੇ ਮੰਘਾਣੀਆਂ ਤੋਂ ਬੋਹਾ, ਬੋਹਾ ਤੋਂ ਝੁਨੀਰ ਤੇ ਕਿਸ਼ਨਗੜ੍ਹ ਤੋਂ ਬਰੇਟਾ ਕੁਲਰੀਆਂ ਤੱਕ ਦੀਆਂ ਖਸਤਾ ਹਾਲ ਸੜਕਾਂ ਦੀ ਮੁਰੰਮਤ ਦਾ ਮਸਲਾ ਲਿਖਤੀ ਰੂਪ ਵਿੱਚ ਉਠਾਇਆ ਹੈ।ਉਨ੍ਹਾਂ ਕਿਹਾ ਕਿ ਸੜਕਾਂ ਦੀ ਹਾਲਤ ਮਾੜੀ ਹੋਣ ਕਾਰਨ ਉਨ੍ਹਾਂ ਦੇ ਖੇਤਰ ਦੇ ਲੋਕਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਵਿਧਾਇਕ ਵੱਲੋਂ ਦਿੱਤੇ ਗਏ ਇਸ ਮੰਗ ਪੱਤਰ 'ਤੇ ਤਰੁੰਤ ਕਾਰਵਾਈ ਖੇਤੀਬਾੜੀ ਮੰਤਰੀ ਨੇ ਮੰਡੀਕਰਨ ਬੋਰਡ ਦੇ ਸਕੱਤਰ ਨੂੰ ਅਦੇਸ਼ ਦਿੱਤੇ ਹਨ ਕਿ ਇਨ੍ਹਾਂ ਲਗਭਗ ਤੀਹ ਕਿਲੋਮੀਟਰ ਸੜਕਾਂ ਦੀ ਮੁਰੰਮਤ ਕਰਨ ਸਬੰਧੀ ਲੋੜੀਂਦੇ ਯਤਨ ਕੀਤੇ ਜਾਣ।ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਆਪਣੇ ਖੇਤਰ ਦਾ ਸਰਬਪੱਖੀ ਵਿਕਾਸ ਕਰਨਾ ਹੀ ਉਨ੍ਹਾਂ ਦੇ ਜੀਵਨ ਦਾ ਮੁੱਖ ਏਜੰਡਾ ਹੈ।ਉਨ੍ਹਾਂ ਕਿਹਾ ਕਿ ਇਸ ਵਿਧਾਨ ਸਭਾ ਖੇਤਰ ਦੇ ਲੋਕਾਂ ਨੇ ਦੋ ਵਾਰ ਭਾਰੀ ਬਹੁਮਤ ਨਾਲ ਜਿਤਾ ਕੇ ਵਿਧਾਨ ਸਭਾ 'ਚ ਭੇਜਿਆ ਹੈ, ਇਸ ਲਈ ਉਹ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਇਸ ਖੇਤਰ ਦੇ ਵਿਕਾਸ ਲਈ ਕੋਸ਼ਿਸ਼ ਕਰ ਰਹੇ ਹਨ ਤੇ ਅੱਗੇ ਲਈ ਵੀ ਕਰਦੇ ਰਹਿਣਗੇ।

## ਪੀ ਯੂ ਦੇ ਪੰਜਾਬੀ ਵਿਭਾਗ ਨੇ ਮਨਾਇਆ ਤੀਆਂ ਦਾ ਤਿਉਹਾਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵੱਲੋਂ ਤੀਆਂ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਗਿਆ ਤੇ ਪ੍ਰਤਿਭਾ ਖੋਜ ਮੁਕਾਬਲੇ ਵੀ ਕਰਵਾਏ ਗਏ। ਇਸ ਸਮਾਗਮ ਵਿੱਚ ਯੂਨੀਵਰਸਿਟੀ ਦੀਆਂ ਵਿਦਿਆਰਥਣਾਂ ਤੇ ਕਰਮਚਾਰੀਆਂ ਨੇ ਵੱਡੀ ਤਾਅਦਾਦ ਵਿੱਚ ਸ਼ਮੂਲੀਅਤ ਕੀਤੀ।ਵਿਭਾਗ ਮੁਖੀ ਡਾ. ਰਾਜਵੰਤ ਕੌਰ ਪੰਜਾਬੀ ਨੇ ਸਮਾਗਮ ਦੇ ਆਰੰਭ ਵਿੱਚ ਮਹਿਮਾਨਾਂ, ਅਧਿਆਪਕਾਂ, ਕਰਮਚਾਰੀਆਂ, ਖੋਜਾਰਥੀਆਂ ਤੇ ਵਿਦਿਆਰਥੀਆਂ ਸਮੇਤ ਪੰਜਾਬੀ ਵਿਭਾਗ ਵਿੱਚ ਨਵੇਂ ਦਾਖਲ ਹੋਏ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਜੀ ਆਇਆਂ ਨੂੰ ਕਿਹਾ।ਉਨ੍ਹਾਂ ਕਿਹਾ ਕਿ ਵਾਈਸ-ਚਾਂਸਲਰ ਡਾ. ਜਗਦੀਪ ਸਿੰਘ ਜੀ ਦੀ ਸੁਚੱਜੀ ਅਗਵਾਈ ਹੇਠ ਪੰਜਾਬੀ ਯੂਨੀਵਰਸਿਟੀ ਅਕਾਦਮਿਕ ਖੇਤਰ ਦੇ ਨਾਲ-ਨਾਲ ਆਪਣੀ ਸੱਭਿਆਚਾਰਕ ਵਿਰਾਸਤ ਨੂੰ ਵੀ ਜ਼ਿੰਦਾ ਰੱਖਣ ਵਿੱਚ ਬਹੁਤ ਉਸਾਰੂ ਭੂਮਿਕਾ ਨਿਭਾਅ ਰਹੀ ਹੈ।ਡੀਨ ਰਿਸਰਚ ਡਾ. ਰਿਤੂ ਲਹਿਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਪੰਜਾਬੀ ਵਿਭਾਗ ਦਾ ਇਹ ਉਪਰਾਲਾ ਬਹੁਤ ਮਹੱਤਵਪੂਰਨ ਹੈ, ਜੋ ਸਾਨੂੰ ਆਪਣੀਆਂ ਰਵਾਇਤੀ ਤੰਦਾਂ ਮਜ਼ਬੂਤ ਕਰਨ ਦੀ ਪ੍ਰੇਰਣਾ ਦਿੰਦਾ ਹੈ। ਡੀਨ ਵਿਦਿਆਰਥੀ ਭਲਾਈ ਡਾ. ਮਮਤਾ ਸ਼ਰਮਾ ਨੇ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕੈਂਪਸ ਵਿੱਚ ਅਜਿਹੇ ਸਮਾਗਮਾਂ ਦਾ ਹੋਣਾ ਇਸ ਗੱਲ ਦੀ ਗਵਾਹੀ ਦਿੰਦਾ ਹੈ ਕਿ ਸਾਨੂੰ ਆਪਣੀਆਂ ਮੁੱਲਵਾਨ ਸਭਿਆਚਾਰਕ ਕਦਰਾਂ-ਕੀਮਤਾਂ ਨਹੀਂ ਭੁੱਲਣੀਆਂ ਚਾਹੀਦੀਆਂ।ਇਸ ਦੌਰਾਨ ਵਿਦਿਆਰਥੀਆਂ ਦੇ ਪ੍ਰਤਿਭਾ ਖੋਜ ਮੁਕਾਬਲੇ ਵੀ ਕਰਵਾਏ ਗਏ।ਲੋਕ-ਗੀਤ ਮੁਕਾਬਲਿਆਂ ਵਿੱਚੋਂ ਅਨਾਮਿਕਾ ਨੇ ਪਹਿਲਾ, ਸੋਨੀਆ ਤੇ ਸੋਨੀਆ ਨੇ ਸਾਂਝੇ ਤੌਰ 'ਤੇ ਦੂਜਾ ਅਤੇ ਮਨਪ੍ਰੀਤ ਕੌਰ ਤੇ ਪੂਜਾ ਰਾਣੀ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਹਾਸਲ ਕੀਤਾ, ਜਦੋਂਕਿ ਮਹਿੰਦੀ ਲਗਾਉਣ ਦੇ ਮੁਕਾਬਲਿਆਂ ਵਿੱਚੋਂ ਚਰਨਜੀਤ ਕੌਰ ਨੇ ਪਹਿਲਾ, ਅਭੀਨੀਤ ਕੌਰ ਨੇ ਦੂਜਾ ਤੇ ਕਾਜਲ ਨੇ ਤੀਜਾ ਸਥਾਨ ਹਾਸਲ ਕੀਤਾ।ਗਿੱਧੇ ਦੇ ਪਿੜ ਵਿੱਚ ਬੋਲੀਆਂ ਦੇ ਮੁਕਾਬਲੇ ਵਿੱਚ ਸਿਮਰਨਜੀਤ ਕੌਰ ਨੇ ਪਹਿਲਾ, ਚਰਨਜੀਤ ਕੌਰ ਨੇ ਦੂਜਾ ਤੇ ਬੇਅੰਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਪੁੱਜੀਆਂ ਵਿਸ਼ੇਸ਼ ਸ਼ਖਸੀਅਤਾਂ ਨੂੰ ਪੰਜਾਬੀ ਵਿਭਾਗ ਵੱਲੋਂ ਫੁਲਕਾਰੀਆਂ ਆਦਿ ਨਾਲ ਸਨਮਾਨਤ ਕੀਤਾ ਗਿਆ।ਇਸ ਸਮਾਗਮ ਦੀ ਕਾਮਯਾਬੀ ਵਿੱਚ ਪੰਜਾਬੀ ਵਿਭਾਗ ਦੀ ਸਾਹਿਤ ਸਭਾ ਦੇ ਇੰਚਾਰਜ ਡਾ. ਗੁਰਸੇਵਕ ਲੰਬੀ, ਡਾ. ਰਾਜਵਿੰਦਰ ਸਿੰਘ, ਡਾ. ਰਾਜਮਹਿੰਦਰ ਕੌਰ, ਡਾ. ਮਨਿੰਦਰ ਕੌਰ, ਡਾ. ਸਰਬਜੀਤ ਕੌਰ, ਡਾ. ਰਵਿੰਦਰ ਕੌਰ, ਡਾ. ਗਿੰਦਰ ਸਿੰਘ, ਡਾ. ਗੁਰਪ੍ਰੀਤ ਸਿੰਘ ਆਦਿ ਅਧਿਆਪਕਾਂ ਦੇ ਨਾਲ-ਨਾਲ, ਗੈਰ-ਅਧਿਆਪਨ ਅਮਲੇ, ਖੋਜਾਰਥੀਆਂ ਤੇ ਵਿਦਿਆਰਥੀਆਂ ਦਾ ਵਿਸ਼ੇਸ਼ ਸਹਿਯੋਗ ਰਿਹਾ।

# 16 ਨੂੰ ਬਾਬਾ ਬਕਾਲਾ ਸਾਹਿਬ ਵਿਖੇ ਹੋਵੇਗੀ ਜ਼ਮੀਨ ਬਚਾਓ ਰੈਲੀ: ਭੋਜਰਾਜ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਭਾਰਤ ਵਿੱਚ ਸ਼ਾਮਿਲ ਜਥੇਬੰਦੀਆਂ ਦੇ ਆਗੂਆਂ ਦੀ ਇੱਕ ਵਿਸ਼ੇਸ਼ ਮੀਟਿੰਗ ਮੋਰਚੇ ਦੇ ਆਗੂ ਅਤੇ ਕਿਸਾਨ ਤੇ ਜਵਾਨ ਬਚਾਓ ਯੂਨੀਅਨ ਦੇ ਪ੍ਰਧਾਨ ਸੁਖਦੇਵ ਸਿੰਘ ਭੋਜਰਾਜ ਦੇ ਗ੍ਰਹਿ ਪਿੰਡ ਭੋਜਰਾਜ ਵਿਖੇ ਹੋਈ।ਇਸ ਮੀਟਿੰਗ ਵਿੱਚ ਪੰਜਾਬੀ ਸੱਭਿਆਚਾਰ ਲਹਿਰ ਦੇ ਪ੍ਰਧਾਨ ਸਤਨਾਮ ਸਿੰਘ ਬਾਗੜੀਆਂ, ਭਾਰਤੀ ਕਿਸਾਨ ਯੂਨੀਅਨ ਮਾਝਾ ਦੇ ਕਾਰਜਕਾਰੀ ਪ੍ਰਧਾਨ ਰਜਿੰਦਰ ਸਿੰਘ ਜਫਰਵਾਲ ਅਤੇ ਕਿਸਾਨ ਯੂਥ ਵਿੰਗ ਦੇ ਪ੍ਰਧਾਨ ਸ਼ਮਸ਼ੇਰ ਸਿੰਘ ਅਠਵਾਲ ਆਦਿ ਆਗੂ ਸ਼ਾਮਿਲ ਹੋਏ।ਮੀਟਿੰਗ ਦੀ ਜਾਣਕਾਰੀ ਸਾਂਝੀ ਕਰਦਿਆਂ ਕਿਸਾਨ ਆਗੂ ਸੁਖਦੇਵ ਸਿੰਘ ਭੋਜਰਾਜ ਨੇ ਕਿਹਾ ਕਿ ਸੂਬੇ ਦੀ ਜ਼ਰਖੇਜ਼ ਜ਼ਮੀਨ ਨੂੰ ਮੁਫਤ ਅਤੇ ਧੱਕੇ ਨਾਲ ਕਿਸਾਨਾਂ ਤੋਂ ਖੋਹਣ ਦੀ ਪਾਲਸੀ ਦਾ ਨਾਮ ਹੈ ਲੈਂਡ ਪੂਲਿੰਗ ਪਾਲਸੀ। ਪੰਜਾਬ ਵਿੱਚ ਸਰਕਾਰ ਨਾਮ ਦੀ ਕੋਈ ਚੀਜ਼ ਨਹੀਂ ਹੈ, ਪੰਜਾਬ ਸਰਕਾਰ ਕੇਂਦਰ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਉੱਤੇ ਚਲਦਿਆਂ ਹੋਇਆਂ ਕਿਸਾਨਾਂ ਤੋਂ ਉਪਜਾਊ ਜ਼ਮੀਨਾਂ ਖੋਹ ਕੇ ਕੁਝ ਹਿੱਸਾ ਆਪਣੇ ਨਿੱਜੀ ਮੁਫਾਦਾਂ ਲਈ ਵਰਤਣਾ ਚਾਹੁੰਦੀ ਹੈ ਅਤੇ ਵੱਡਾ ਹਿੱਸਾ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨਾ ਚਾਹੁੰਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਜ਼ਰਖੇਜ਼ ਜ਼ਮੀਨ ਨੂੰ ਪੈਸੇ ਨਾਲ ਨਹੀਂ ਤੋਲਿਆ ਜਾ ਸਕਦਾ ਪੰਜਾਬ ਦੀ ਜ਼ਮੀਨ ਬੇਸ਼ਕੀਮਤੀ ਹੈ।ਸੂਬੇ ਦੇ ਕਿਸਾਨ ਕਿਸੇ ਵੀ ਲਾਲਚ ਵਿੱਚ ਆ ਕੇ ਸਰਕਾਰ ਨੂੰ ਇਸ ਜ਼ਮੀਨ ਉੱਤੇ ਕਾਬਜ਼ ਨਹੀਂ ਹੋਣ ਦੇਣਗੇ।ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਤੁਰੰਤ ਲੈਂਡ ਪੂਲਿੰਗ ਪਾਲਿਸੀ ਨੂੰ ਰੱਦ ਕਰੇ ਨਹੀਂ ਤਾਂ ਗੁੱਸੇ ਵਿੱਚ ਆਏ ਹੋਏ ਸੂਬੇ ਦੇ ਕਿਸਾਨ ਸੜਕਾਂ ਉਤੇ ਉਤਰ ਆਉਣਗੇ।ਕਿਸਾਨ ਆਗੂ ਭੋਜਰਾਜ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਭਾਰਤ ਦੇ ਬੈਨਰ ਹੇਠ 16 ਅਗਸਤ ਨੂੰ ਬਾਬਾ ਬਕਾਲਾ ਵਿਖੇ ਹੋਣ ਵਾਲੀ ਜ਼ਮੀਨ ਬਚਾਓ ਰੈਲੀ ਵਿੱਚ ਮਾਝੇ ਅਤੇ ਦੁਆਬੇ ਦੇ ਕਿਸਾਨਾਂ ਦੀ ਭਾਰੀ ਇਕੱਤਰਤਾ ਹੋਵੇਗੀ, ਜੋ ਸੂਬਾ ਅਤੇ ਕੇਂਦਰ ਸਰਕਾਰ ਦੇ ਸਾਰੇ ਭੁਲੇਖੇ ਦੂਰ ਕਰ ਦੇਵੇਗੀ।

# ਸਰਕਾਰਾਂ ਨਰੇਗਾ ਕਾਨੂੰਨ ਦੇ ਪਰ ਕੁਤਰਨ 'ਚ ਲੱਗੀਆਂ ਹੋਈਆਂ: ਗੁਰਦਿਆਲ ਸਿੰਘ



**ਖਡੂਰ ਸਾਹਿਬ (ਨਜ਼ਸ)**—ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਪਿੰਡ ਕੋਜੀਸ਼ਾਹੀ ਦੀ ਮੀਟਿੰਗ ਹਰਭਿੰਦਰ ਕੌਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਗੁਰਦਿਆਲ ਸਿੰਘ ਖਡੂਰ ਸਾਹਿਬ ਨੇ ਕਿਹਾ ਕਿ ਨਰੇਗਾ ਕਾਨੂੰਨ 2005 ਪਾਸ ਹੋਇਆ ਸੀ ਪਰ ਸਮੇਂ ਦੀਆਂ ਸਰਕਾਰਾਂ ਇਸ ਕਾਨੂੰਨ ਦੇ ਪਰ ਕੁਤਰਨ 'ਚ ਹੀ ਲੱਗੀਆਂ ਹੋਈਆਂ ਹਨ।ਇਹ ਕਾਨੂੰਨ ਮਜ਼ਦੂਰਾਂ ਨੂੰ 100 ਦਿਨ ਕੰਮ ਦੀ ਗਾਰੰਟੀ ਦਿੰਦਾ ਹੈ ਪਰ 10-15 ਦਿਨ ਕੰਮ ਕਰਨ ਤੋਂ ਬਾਅਦ ਮਸਟਰੋਲ ਹੀ ਨਹੀਂ ਕੱਢਿਆ (ਕੀਤੇ ਕੰਮ ਦੇ ਪੈਸੇ ਲੈਣ ਲਈ ਮਜ਼ਦੂਰਾਂ ਨੂੰ ਦਫ਼ਤਰਾਂ ਵਿੱਚ ਖੱਜਲ-ਖੁਆਰ ਹੋਣਾ ਪੈਂਦਾ ਹੈ)।ਉਨ੍ਹਾਂ ਕਿਹਾ ਕਿ ਨਰੇਗਾ ਕਾਮਿਆਂ ਦਾ ਖੱਜਲ ਖੁਆਰ ਕਰਨਾ ਬੰਦ ਕੀਤਾ ਜਾਵੇ ਤੇ ਕੰਮ ਮਜ਼ਦੂਰ ਦੀ ਮੰਗ ਮੁਤਾਬਿਕ ਲਗਾਤਾਰ ਦਿੱਤਾ ਜਾਵੇ, ਕੰਮ ਵਾਲੀ ਜਗ੍ਹਾ ਤੇ ਛਾਂ ਤੇ ਪੀਣ ਵਾਲੇ ਪਾਣੀ ਦਾ ਪ੍ਰਬੰਧ ਕੀਤਾ ਜਾਵੇ, ਮਜ਼ਦੂਰਾਂ ਵੱਲੋਂ ਦਿੱਤੀਆਂ ਜਾਂਦੀਆਂ ਕੰਮ ਅਰਜ਼ੀਆਂ ਦੀਆਂ ਰਸੀਦਾਂ ਦੇਣੀਆਂ ਲਾਜ਼ਮੀ ਕੀਤੀਆਂ ਜਾਣ। ਇਸ ਮੌਕੇ ਉਪਰੋਕਤ ਤੋਂ ਇਲਾਵਾ ਖੇਤ ਮਜ਼ਦੂਰ ਆਗੂ ਮੇਜਰ ਸਿੰਘ ਦਾਰਾਪੁਰ, ਜਸਵੰਤ ਸਿੰਘ ਖਡੂਰ ਸਾਹਿਬ, ਸਵਿੰਦਰ ਸਿੰਘ, ਸਵਿੰਦਰ ਕੌਰ, ਮੁਖਤਾਰ ਸਿੰਘ, ਸਖਦੇਵ ਸਿੰਘ, ਅਮ੍ਰਿਤਪਾਲ ਕੌਰ, ਸੁੱਖਨਿੰਦਰ ਕੌਰ, ਜਗਰੂਪ ਕੌਰ, ਪ੍ਰਿਤਪਾਲ ਕੌਰ ਆਦਿ ਨਰੇਗਾ ਕਾਮੇ ਹਾਜ਼ਰ ਸਨ ।

# ਗਦਰੀ ਗੁਲਾਬ ਕੌਰ ਦੀ ਯਾਦ 'ਚ ਔਰਤਾਂ ਵੱਲੋਂ ਸੈਮੀਨਾਰ ਕਰਵਾਇਆ ਜਾਵੇਗਾ: ਰੁਪਿੰਦਰ ਕੌਰ ਮਾੜੀਮੇਘਾ



**ਭਿੱਖੀਵਿੰਡ (ਨਜ਼ਸ)**—ਪੰਜਾਬ ਇਸਤਰੀ ਸਭਾ ਅਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਵੱਲੋਂ ਭਾਈ ਲੱਧੂ ਵਿਖੇ ਗ਼ਦਰੀ ਗੁਲਾਬ ਕੌਰ ਦੀ ਵਿਛੋੜੇ ਦੀ 100ਵੀਂ ਵਰ੍ਹੇਗੰਢ ਨੂੰ ਸਮਰਪਿਤ ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਇਸਤਰੀ ਸਭਾ ਦੀ ਸੂਬਾਈ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਕੌਰ ਮਾੜੀਮੇਘਾ ਨੇ ਕਿਹਾ ਕਿ ਇਹ ਸਾਲ ਮਹਾਨ ਵਿਰਾਂਗਣ ਗ਼ਦਰੀ ਦੇ ਵਿਛੋੜੇ ਦਾ 100ਵਾਂ ਸਾਲ ਹੈ ਤੇ ਉਨ੍ਹਾਂ ਦੀ ਯਾਦ ਵਿੱਚ ਪੰਜਾਬ ਇਸਤਰੀ ਸਭਾ ਵੱਲੋਂ ਭਿੱਖੀਵਿੰਡ ਵਿਖੇ ਸੈਮੀਨਾਰ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਵਾਸੀਆਂ ਵਾਸਤੇ ਮਾਣ ਵਾਲੀ ਗੱਲ ਹੈ ਕਿ ਸੀਪੀਆਈ ਦੀ ਕੁੱਲ ਹਿੰਦ ਕਾਨਫਰੰਸ 21 ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿਖੇ ਹੋ ਰਹੀ ਹੈ।ਪਹਿਲੇ ਦਿਨ 21 ਸਤੰਬਰ ਨੂੰ ਮੁਹਾਲੀ ਦਾਣਾ ਮੰਡੀ ਵਿਸ਼ਾਲ ਰੈਲੀ ਹੋਵੇਗੀ ਜਿਸ ਵਿੱਚ 1000 ਦੇ ਕਰੀਬ ਬਾਵਰਦੀ ਕੁੜੀਆਂ ਮੁੰਡੇ ਹੋਣਗੇ।ਇਸੇ ਦਿਨ ਦੁਪਹਿਰ ਤੋਂ ਝੰਡਾ ਲਹਿਰਾਉਣ ਦੀ ਰਸਮ ਅਤੇ ਦੇਸ਼ ਭਰ ਵਿੱਚੋਂ ਆਏ ਡੈਲੀਗੇਟ ਅਤੇ ਹਮਦਰਦ ਉਦਘਾਟਨੀ ਸਮਾਗਮ ਦੀ ਸ਼ਾਨ ਬਣਨਗੇ।ਇਸ ਤੋਂ ਬਾਅਦ 4 ਦਿਨ ਲਗਾਤਾਰ ਡੈਲੀਗੇਟ ਕਾਨਫਰੰਸ ਵਿੱਚ ਹਿੰਦੁਸਤਾਨ ਨੂੰ ਖੁਸ਼ਹਾਲ ਕਿਸ ਤਰ੍ਹਾਂ ਬਣਾਇਆ ਜਾਵੇ, ਇਸ 'ਤੇ ਡੂੰਘਾਈ ਵਿੱਚ ਵਿਚਾਰ ਚਰਚਾ ਹੋਵੇਗੀ ਅਤੇ ਭਵਿੱਖ ਦੇ ਅੰਦੋਲਨ ਲਈ ਪ੍ਰੋਗਰਾਮ ਬਣਨਗੇ।ਮਾੜੀਮੇਘਾ ਨੇ ਕਿਹਾ ਕਿ ਕੇਂਦਰ ਦੀ ਬੀਜੇਪੀ ਦੀ ਅਗਵਾਈ ਵਾਲੀ ਸਰਕਾਰ ਨਰੇਗਾ ਕਾਨੂੰਨ ਖ਼ਤਮ ਕਰਨ ਦੇ ਰਾਹ ਤੁਰੀ ਹੈ ਪਰ ਇਸਤਰੀ ਸਭਾ ਤੇ ਨਰੇਗਾ ਵਰਕਰਾਂ ਦੀ ਯੂਨੀਅਨ ਕੇਂਦਰ ਦੀ ਇਸ ਯੋਜਨਾ ਨੂੰ ਕਦੀ ਵੀ ਪਾਰਲੀਮੈਂਟ ਵਿੱਚ ਪਾਸ ਨਹੀਂ ਹੋਣ ਦੇਣਗੇ।ਹਾਲਾਤ ਇਹ ਬਣਾਏ ਜਾ ਰਹੇ ਹਨ ਕਿ ਨਰੇਗਾ ਕਾਰਜ ਦਾ ਬਜਟ ਘਟਾਇਆ ਜਾ ਰਿਹਾ ਹੈ ਤੇ ਕੰਮ ਲੈਣ ਦੀਆਂ ਸ਼ਰਤਾਂ ਸਖ਼ਤ ਕੀਤੀਆਂ ਜਾ ਰਹੀਆਂ ਹਨ। ਜਦੋਂਕਿ ਨਰੇਗਾ ਯੂਨੀਅਨ ਦੀ ਮੰਗ ਹੈ ਕਿ ਸਾਲ ਵਿੱਚ ਘੱਟੋ ਘੱਟ 200 ਦਿਨ ਕੰਮ ਅਤੇ ਦਿਹਾੜੀ 1000 ਰੁਪਏ ਪ੍ਰਤੀ ਦਿਨ ਕੀਤੀ ਜਾਵੇ।

ਪੰਜਾਬ ਸਰਕਾਰ ਨੇ ਔਰਤਾਂ ਨਾਲ ਵੋਟਾਂ ਲੈਣ ਵੇਲੇ ਗੁੰਮਰਾਹਕੁਨ ਵਾਅਦਾ ਕੀਤਾ ਹੈ ਕਿ ਹਰ ਮਹੀਨੇ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦਿੱਤਾ ਜਾਵੇਗਾ ਪਰ ਉਹ ਹੁਣ ਤੱਕ ਲਾਗੂ ਨਹੀਂ ਕੀਤਾ ਗਿਆ, ਇਹ ਵੱਡੀ ਧੋਖਾ ਹੈ ਤੇ ਲਾਗੂ ਕੀਤਾ ਜਾਵੇ।

ਨਰੇਗਾ ਯੂਨੀਅਨ ਦੇ ਆਗੂ ਟਹਿਲ ਸਿੰਘ ਲੱਧੂ ਤੇ ਇਸਤਰੀ ਸਭਾ ਆਗੂ ਜਸਬੀਰ ਕੌਰ ਲੱਧੂ ਨੇ ਕਿਹਾ ਕਿ ਨਰੇਗਾ ਦਾ ਕੰਮ ਹਰੇਕ ਨਰੇਗਾ ਵਰਕਰ ਨੂੰ ਹਰ ਹਾਲਤ ਵਿੱਚ ਮਿਲਦਾ ਰਹੇਗਾ ਭਾਵੇਂ ਸਾਨੂੰ ਜਿੰਨਾ ਮਰਜ਼ੀ ਸੰਘਰਸ਼ ਕਰਨਾ ਪਵੇ।ਅੰਤ ਵਿੱਚ ਇਸਤਰੀ ਸਭਾ ਪਿੰਡ ਲੱਧੂ ਦੀ ਚੋਣ ਕੀਤੀ ਗਈ ਜਿਸ ਵਿੱਚ ਪ੍ਰਧਾਨ ਵੀਰੋ, ਸਕੱਤਰ ਮਨਜੀਤ ਕੌਰ, ਮੀਤ ਪ੍ਰਧਾਨ ਬਲਜਿੰਦਰ ਕੌਰ, ਮੀਤ ਸਕੱਤਰ ਸ਼ਿੰਦਰ ਕੌਰ ਅਤੇ ਖਜਾਨਚੀ ਕੰਵਲਜੀਤ ਕੌਰ ਚੁਣੀਆਂ ਗਈਆਂ।

# ਰੁਪਿੰਦਰ ਕੌਰ ਕੱਤੋਵਾਲ 'ਆਪ' ਮਹਿਲਾ ਵਿੰਗ ਦੇ ਹਲਕਾ ਕੋਆਰਡੀਨੇਟਰ ਨਿਯੁਕਤ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਆਮ ਆਦਮੀ ਪਾਰਟੀ ਵੱਲੋਂ ਪੰਜਾਬ ਦੇ ਵੱਖ-ਵੱਖ ਵਿਧਾਨਸਭਾ ਹਲਕਿਆਂ ਅੰਦਰ ਮਹਿਲਾ ਵਿੰਗ ਦੇ ਕੋਆਡੀਨੇਟਰਾਂ ਦੀਆਂ ਕੀਤੀਆਂ ਗਈਆਂ ਨਿਯੁਕਤੀਆਂ ਦੌਰਾਨ ਵਿਧਾਨਸਭਾ ਹਲਕਾ ਦੀਨਾਨਗਰ ਤੋਂ ਆਪ ਦੀ ਸਰਗਰਮ ਮਹਿਲਾ ਵਰਕਰ ਰੁਪਿੰਦਰ ਕੌਰ ਕੱਤੋਵਾਲ ਨੂੰ ਮਹਿਲਾ ਵਿੰਗ ਦਾ ਹਲਕਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ।ਰੁਪਿੰਦਰ ਕੌਰ ਕੱਤੋਵਾਲ ਦੀ ਮਹਿਲਾ ਵਿੰਗ ਹਲਕਾ ਕੋਆਡੀਨੇਟਰ ਵਜੋਂ ਨਿਯੁਕਤੀ ਉਪਰੰਤ ਪਾਰਟੀ ਦਫਤਰ



ਅੱਬਲਖੈਰ ਵਿਖੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਅਗਵਾਈ ਹੇਠ ਹਲਕੇ ਦੇ ਬਲਾਕ ਪ੍ਰਧਾਨਾਂ ਵੱਲੋਂ ਉਹਨਾਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਅਪਣੀ ਪਾਰਟੀ ਹੈ ਜਿਸ ਵਿੱਚ ਕੋਈ ਵੀ ਆਮ ਵਿਅਕਤੀ ਅਪਣੀ ਮਿਹਨਤ ਸਦਕਾ ਕਿਸੇ ਵੀ ਮੁਕਾਮ ਤੇ ਪਹੁੰਚ ਸਕਦਾ ਹੈ।ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਰਵਾਇਤੀ ਪਾਰਟੀਆਂ ਵਿੱਚ ਸਾਰੇ ਹੀ ਅਹੁਦੇ ਲੀਡਰਾਂ ਦੇ ਪੁੱਤ ਭਤੀਜਿਆਂ ਰਾਖਵੇਂ ਹੁੰਦੇ ਸਨ ਅਤੇ ਆਮ ਵਰਕਰ ਦੀ ਕੋਈ ਪੁੱਛ ਪੜਚੋਲ ਨਹੀਂ ਸੀ ਹੁੰਦੀ ਪਰ ਹੁਣ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵੱਲੋਂ ਪਾਰਟੀ ਲਈ ਮਿਹਨਤ ਕਰਨ ਵਾਲੇ ਆਮ ਲੋਕਾਂ ਨੂੰ ਤਾਕਤਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਚੰਗੇ ਅਹੁਦਿਆਂ ਨਾਲ ਨਿਵਾਜਿਆ ਜਾ ਰਿਹਾ ਹੈ।ਉਨ੍ਹਾਂ ਨੇ ਹਲਕੇ ਦੇ ਆਪ ਵਰਕਰਾਂ ਨੂੰ ਤਗੜੇ ਹੋ ਕੇ ਹੋਰ ਮਿਹਨਤ ਕਰਨ ਲਈ ਪ੍ਰੇਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਅੰਦਰ ਹਰੇਕ ਵਰਕਰ ਦਾ ਪੂਰਾ ਪੂਰਾ ਮਾਣ ਸਨਮਾਨ ਹੁੰਦਾ ਹੈ ਅਤੇ ਸਮਾਂ ਆਉਣ ਤੇ ਹਰੇਕ ਵਰਕਰ ਨੂੰ ਅੱਗੇ ਵਧਣ ਦੇ ਮੌਕੇ ਪ੍ਰਦਾਨ ਕੀਤੇ ਜਾਣਗੇ।ਇਸ ਮੌਕੇ ਬਲਾਕ ਪ੍ਰਧਾਨ ਕਰਨੈਲ ਸਿੰਘ ਬਾਂਠਾਵਾਲਾ, ਬਲਾਕ ਪ੍ਰਧਾਨ ਲਖਵਿੰਦਰ ਸਿੰਘ ਜੰਜੂਆ, ਬਲਾਕ ਪ੍ਰਧਾਨ ਸੁਰਿੰਦਰ ਸਿੰਘ ਜੱਜ, ਬਲਾਕ ਪ੍ਰਧਾਨ ਗੋਰਾ ਕੱਤੋਵਾਲ, ਬਲਾਕ ਪ੍ਰਧਾਨ ਕਿਰਪਾਲ ਸਿੰਘ ਚੱਕ ਅਲੀਆ, ਬਲਾਕ ਪ੍ਰਧਾਨ ਅਨੂਪ ਠਾਕੁਰ ਬਹਿਰਾਮਪੁਰ, ਬਲਾਕ ਪ੍ਰਧਾਨ ਦੀਪਕ ਚੇਚੀਆਂ ਦੇ ਇਲਾਵਾ ਸਰਪੰਚ ਜਗਜੀਵਨ ਸਿੰਘ ਦਬੁਰਜੀ ਅਤੇ ਹੋਰ ਅਹੁਦੇਦਾਰ ਤੇ ਵਰਕਰ ਵੀ ਮੌਜੂਦ ਸਨ।

# ਔਰਤਾਂ 'ਤੇ ਹੋ ਰਹੇ ਜਬਰ ਨੂੰ ਠੱਲ੍ਹਣ ਲਈ ਔਰਤਾਂ ਦਾ ਜਥੇਬੰਦ ਹੋਣਾ ਜ਼ਰੂਰੀ : ਔਰਤ ਮੁਕਤੀ ਮੋਰਚਾ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**— ਰੱਖੜੀ ਤਿਉਹਾਰ ਦੇ ਮੌਕੇ ਔਰਤ ਮੁਕਤੀ ਮੋਰਚਾ ਵੱਲੋਂ ਔਰਤਾਂ ਤੇ ਹੋ ਰਹੇ ਅਥਾਹ ਜਬਰ ਨੂੰ ਰੋਕਣ ਤੇ ਔਰਤ ਨੂੰ ਸਮਾਜ ਵਿੱਚ ਉਸ ਦਾ ਬਣਦਾ ਮਾਣ ਸਨਮਾਨ ਦਿਵਾਉਣ ਦੇ ਸੰਕਲਪ ਵਜੋਂ ਭੈਣਾਂ ਨੇ ਆਪਣੇ ਜਥੇਬੰਦੀਆਂ ਦੇ ਆਗੂਆਂ ਤੇ ਕਾਰਕੁਨਾਂ ਨੂੰ ਰੱਖੜੀਆਂ ਬੰਨ੍ਹੀਆਂ ਅਤੇ ਇੱਕ ਦੂਜੇ ਦੀ ਰਕਸ਼ਾ ਲਈ ਅਹਿਦ ਕੀਤਾ! ਇਸ ਸਮਾਗਮ ਵਿੱਚ ਉਚੇਚੇ ਤੌਰ ਤੇ ਸ਼ਾਮਿਲ ਹੋਏ ਉਘੇ ਸਮਾਜ ਸੇਵਕ ਤੇ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਕਿਹਾ ਕਿ ਇਹ ਤਿਉਹਾਰ ਹਜ਼ਾਰਾਂ ਸਾਲਾਂ ਤੋਂ ਮਨਾਇਆ ਜਾ ਰਿਹਾ ਹੈ। ਔਰਤਾਂ ਨੂੰ ਹਰੇਕ ਪੱਧਰ 'ਤੇ ਜਥੇਬੰਦ ਹੋ ਕੇ ਹੀ ਸੰਘਰਸ਼ ਰਾਹੀਂ ਹੀ ਇਨ੍ਹਾਂ ਜਬਰਾਂ ਨੂੰ ਠੱਲ੍ਹ ਪਾਈ ਜਾ ਸਕਦੀ ਹੈ! ਔਰਤ ਮੁਕਤੀ ਮੋਰਚਾ ਦੀ ਪ੍ਰਧਾਨ ਬੀਬੀ ਅਜੀਤ ਕੌਰ ਕੋਟ ਰਜ਼ਾਦਾ ਨੇ ਵੀ ਭੈਣਾਂ ਭਰਾਵਾਂ ਨੂੰ ਅਪੀਲ ਕੀਤੀ ਕਿ ਔਰਤਾਂ ਦੀ ਰਾਖੀ ਲਈ ਅੱਗੇ ਆਉ! ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸੀਨੀਅਰ ਆਗੂ ਮਨਪ੍ਰੀਤ ਸਿੰਘ ਜੋਸ਼ ਨੇ ਵੀ ਇਸ ਸਮੇਂ ਬੋਲਦਿਆਂ ਕਿਹਾ ਕਿ ਨੌਜਵਾਨਾਂ ਨੂੰ ਭੈਣਾਂ ਕੋਲੋਂ ਰੱਖੜੀ ਬੰਨ੍ਹਵਾ ਕੇ ਰਸਮ ਤੱਕ ਨਹੀਂ ਰਹਿਣਾ ਚਾਹੀਦਾ। ਉਨ੍ਹਾਂ ਨੂੰ ਸਮਾਜ ਵਿੱਚ ਬਣਦੇ ਹੱਕ ਦਿਵਾਉਣ ਲਈ ਮੂਹਰੇ ਆਉਣ ਚਾਹੀਦਾ ਹੈ!



# ਮਨੋਹਰ ਵਾਟਿਕਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ 'ਚ ਰੱਖੜੀ ਬਣਾਉਣ ਦੇ ਮੁਕਾਬਲੇ ਕਰਵਾਏ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਜੰਡਿਆਲਾ ਗੁਰੂ ਦੇ ਮਨੋਹਰ ਵਾਟਿਕਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵੱਲੋਂ ਰੱਖੜੀ ਬਣਾਉਣ ਦੇ ਮੁਕਾਬਲੇ ਕਰਵਾਏ ਗਏ। ਬੱਚਿਆਂ ਨੇ ਕਾਰਡ ਬਣਾਏ ਅਤੇ ਆਪਣੇ ਹੱਥਾਂ ਨਾਲ ਰੱਖੜੀ ਸਜਾਈ। ਇਹ ਜਸ਼ਨ ਵਿਦਿਆਰਥੀਆਂ ਨੂੰ ਭਾਰਤੀ ਪਰੰਪਰਾਵਾਂ ਬਾਰੇ ਸਿੱਖਣ, ਰਿਸ਼ਤੇ ਬਣਾਉਣ ਅਤੇ ਪਰਿਵਾਰਕ ਬੰਧਨ ਦੀ ਮਹੱਤਤਾ ਦੀ ਕਦਰ ਕਰਨ ਦੇ ਮੌਕੇ ਪ੍ਰਦਾਨ ਕਰਦੇ ਹਨ। ਅਧਿਆਪਕਾਂ ਨੇ ਵੀ ਆਪਣੀ ਡਿਊਟੀ ਨੂੰ ਬਹੁਤ ਵਧੀਆ ਢੰਗ ਨਾਲ ਨਿਭਾਇਆ। ਰੱਖੜੀ ਬਣਾਉਣ ਵਿੱਚ ਸ਼ਿਵਾਨੀ ਛੇਵੀਂ ਕਲਾਸ ਦਾ ਪਹਿਲਾ ਸਥਾਨ, ਖੁਸ਼ਪ੍ਰੀਤ ਕੌਰ ਪੰਜਵੀਂ ਕਲਾਸ ਦਾ ਦੂਸਰਾ ਸਥਾਨ ਅਤੇ ਨਿਕੁੰਜ ਪੰਜਵੀਂ ਬੀ ਕਲਾਸ ਨੇ ਤੀਸਰਾ ਸਥਾਨ ਹਾਸਿਲ ਕੀਤਾ। ਦਿਵਾਂਸ਼ੀ ਦਸਵੀਂ ਬੀ ਨੇ ਪਹਿਲਾ ਸਥਾਨ, ਸੁਖਪ੍ਰੀਤ ਕੌਰ ਦਸਵੀਂ ਬੀ ਨੇ ਦੂਸਰਾ ਸਥਾਨ, ਸ਼ਿਵਾਨੀ ਸੱਤਵੀਂ ਏ ਕਲਾਸ ਨੇ ਤੀਸਰਾ ਸਥਾਨ ਹਾਸਿਲ ਕੀਤਾ। ਕਾਰਡ ਮੇਕਿੰਗ ਮੁਕਾਬਲੇ 'ਚ ਪਹਿਲਾ ਸਥਾਨ ਅਨੁਰਾਗ, ਪੰਜਵੀਂ ਬੀ ਨੇ ਪਹਿਲਾ ਸਥਾਨ ਤੇ ਪਾਹੁਲਰੀਤ ਸੱਤਵੀਂ ਬੀ ਨੇ ਦੂਜਾ ਸਥਾਨ, ਨਿਸ਼ੀਤਾ ਸੱਤਵੀਂ ਬੀ ਅਤੇ ਸੁਨੇਹਾ ਸਤਵੀਂ ਏ ਨੇ ਤੀਜਾ ਸਥਾਨ ਹਾਸਿਲ ਕੀਤਾ। ਪੱਤਰ ਲਿਖਣ 'ਚ ਜੋਬਨਪ੍ਰੀਤ ਸਿੰਘ ਸੱਤਵੀਂ ਏ ਨੇ ਪਹਿਲਾ ਸਥਾਨ ਹਾਸਿਲ ਕੀਤਾ। ਇਸ ਮੌਕੇ ਪ੍ਰਿੰ. ਸਵਿਤਾ ਕਪੂਰ, ਡੀਨ ਨਿਸ਼ਾ ਜੈਨ ਅਤੇ ਡਾਇਰੈਕਟਰ ਡਾ. ਸੁਰੇਸ਼ ਕੁਮਾਰ ਨੇ ਬੱਚਿਆਂ ਨੂੰ ਸਨਮਾਨਿਤ ਕੀਤਾ।

# ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੀਆਂ ਵਿਦਿਆਰਥਣਾਂ ਬੈਡਮਿੰਟਨ ਮੈਚ 'ਚ ਰਹੀਆਂ ਮੋਹਰੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਬੀਤੇ ਦਿਨੀਂ ਪੰਜਾਬ ਸਰਕਾਰ ਵੱਲੋਂ 69ਵੀਆਂ ਜ਼ੋਨਲ ਖੇਡਾਂ 2025-2026 ਕਰਵਾਈਆਂ ਗਈਆਂ, ਜਿਨ੍ਹਾਂ ਦਾ ਮਕਸਦ ਵਿਦਿਆਰਥੀਆਂ ਨੂੰ ਸਰੀਰਕ ਅਤੇ ਮਾਨਸਿਕ ਪੱਖੋਂ ਮਜ਼ਬੂਤ ਬਣਾਉਣਾ ਹੈ। ਇਹ ਖੇਡ ਮੁਕਾਬਲੇ ਸਕੂਲ ਆਫ਼ ਐਮੀਨੈਂਸ, ਗੋਇੰਦਵਾਲ ਸਾਹਿਬ ਦੇ ਖੇਡ ਮੈਦਾਨ ਵਿੱਚ ਜ਼ੋਨਲ ਕਨਵੀਨਰ ਗੁਰਿੰਦਰ ਸਿੰਘ ਅਤੇ ਜ਼ਿਲ੍ਹਾ ਖੇਡ ਕੋਆਰਡੀਨੇਟਰ ਯੁਵਰਾਜ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਫ਼ਲਤਾਪੂਰਵਕ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਜ਼ੋਨ ਗੋਇੰਦਵਾਲ ਸਾਹਿਬ ਦੇ ਬਹੁਤ ਸਾਰੇ ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ।ਮੁਕਾਬਲੇ ਬਹੁਤ ਸਖ਼ਤ ਹੋਣ ਦੇ ਬਾਵਜੂਦ ਵੀ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੀਆਂ ਵਿਦਿਆਰਥਣਾਂ ਨੇ ਆਪਣੀ ਦ੍ਰਿੜ ਲਗਨ ਤੇ ਸਖ਼ਤ ਮਿਹਨਤ ਅਤੇ ਕੋਚ ਸਾਹਿਬਾਨ ਰਾਜਬੀਰ ਕੌਰ, ਸੁਖਵਿੰਦਰ ਸਿੰਘ ਅਤੇ ਰੇਸ਼ਮ ਸਿੰਘ ਦੀ ਯੋਗ ਅਗਵਾਈ ਅਤੇ ਸਿਖਲਾਈ ਸਦਕਾ ਬੈਡਮਿੰਟਨ ਉਮਰ ਵਰਗ (ਅੰਡਰ-14) ਲੜਕੀਆਂ ਦੀ ਟੀਮ ਨੇ ਪਹਿਲਾ ਸਥਾਨ ਅਤੇ ਬੈਡਮਿੰਟਨ ਉਮਰ ਵਰਗ (ਅੰਡਰ-17) ਲੜਕੀਆਂ ਦੀ ਟੀਮ



ਨੇ ਵੀ ਪਹਿਲਾ ਸਥਾਨ ਹਾਸਲ ਕੀਤਾ ਹੈ। ਇਸ ਬੇ-ਮਿਸਾਲ ਪ੍ਰਾਪਤੀ ਮੌਕੇ ਆਪਣੀ ਪ੍ਰਸੰਨਤਾ ਜ਼ਾਹਰ ਕਰਦਿਆਂ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਪ੍ਰਿੰ. ਮਨੀਸ਼ਾ ਸੂਦ ਨੇ ਵਿਦਿਆਰਥਣਾਂ ਨੂੰ ਬੇਅੰਤ ਵਧਾਈਆਂ ਦਿੱਤੀਆਂ ਅਤੇ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਉਚ-ਕੋਟੀ ਦਾ ਪ੍ਰਦਰਸ਼ਨ ਕਰਨ ਲਈ ਉਤਸ਼ਾਹਿਤ ਕੀਤਾ।

# ਮੱਕੀ ਦੀ ਫਸਲ ਦਾ ਜਾਇਜ਼ਾ ਲੈਣ ਲਈ ਮੁੱਖ ਖੇਤੀਬਾੜੀ ਅਫ਼ਸਰ ਨੇ ਵੱਖ-ਵੱਖ ਬਲਾਕਾਂ ਦਾ ਕੀਤਾ ਦੌਰਾ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਪੰਜਾਬ ਸਰਕਾਰ ਵਲੋਂ ਕਣਕ-ਝੋਨੇ ਦੇ ਫਸਲੀ ਚੱਕਰ ਵਿਚ ਵਿਭਿੰਨਤਾ ਲਿਆਉਣ ਲਈ ਸ਼ੁਰੂ ਕੀਤੇ ਗਏ ਪਾਇਲਟ ਪ੍ਰੋਜੈਕਟ ਤਹਿਤ ਜ਼ਿਲਾ ਗੁਰਦਾਸਪੁਰ ਵਿਚ ਕਿਸਾਨਾਂ ਵਲੋਂ ਕਾਸ਼ਤ ਕੀਤੀ ਗਈ ਸਾਉਣੀ ਰੁੱਤ ਦੀ ਮੱਕੀ ਦੀ ਪਹਿਲੀ ਵੈਰੀਫਿਕੇਸ਼ਨ ਦਾ ਕੰਮ 10 ਅਗਸਤ ਤੱਕ ਮੁਕੰਮਲ ਕਰਨ ਦਾ ਟੀਚਾ ਮਿੱਥਿਆ ਗਿਆ ਹੈ।ਇਸ ਤੋਂ ਬਾਅਦ 15 ਅਗਸਤ ਤੋਂ ਬਾਅਦ ਦੂਜੀ ਵੈਰੀਫਿਕੇਸ਼ਨ ਦਾ ਕੰਮ ਮੁਕੰਮਲ ਕਰਨ ਉਪਰੰਤ ਮੱਕੀ ਕਾਸ਼ਤਕਾਰਾਂ ਦੇ ਖਾਤਿਆਂ ਵਿਚ ਪੈਸੇ ਪਾ ਦਿੱਤੇ ਜਾਣਗੇ।ਖ਼ੇਤੀਬਾੜੀ ਅਧਿਕਾਰੀਆਂ ਵਲੋਂ ਕੀਤੀ ਜਾ ਰਹੀ ਵੈਰੀਫਿਕੇਸ਼ਨ ਦੇ ਕੰਮ ਦਾ ਜਾਇਜ਼ਾ ਲੈਣ ਲਈ ਮੁੱਖ ਖੇਤੀਬਾੜੀ ਅਫ਼ਸਰ ਡਾਕਟਰ ਅਮਰੀਕ ਸਿੰਘ ਵਲੋਂ ਬਲਾਕ ਕਲਾਨੌਰ ਦੇ ਵੱਖ ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ ।ਇਸ ਮੌਕੇ ਉਨ੍ਹਾਂ ਦੇ ਨਾਲ ਡਾਕਟਰ ਦਿਲਰਾਜ ਸਿੰਘ ਖ਼ੇਤੀਬਾੜੀ ਵਿਕਾਸ ਅਫ਼ਸਰ, ਡਾਕਟਰ ਅਰਪਨਪ੍ਰੀਤ ਸਿੰਘ ਖ਼ੇਤੀਬਾੜੀ ਵਿਕਾਸ ਅਫ਼ਸਰ, ਅੰਮ੍ਰਿਤ ਪਾਲ ਕੌਰ, ਰਵਿੰਦਰ ਕੌਰ ਖ਼ੇਤੀਬਾੜੀ ਵਿਸਥਾਰ ਅਫ਼ਸਰ, ਗੁਰਪ੍ਰਤਾਪ ਸਿੰਘ ਸਹਾਇਕ ਤਕਨਾਲੋਜੀ ਪ੍ਰਬੰਧਕ ਅਤੇ ਕਿਸਾਨ ਹਾਜ਼ਰ ਸਨ।

# ਸਰਮਾਏਦਾਰੀ ਤਾਕਤਾਂ ਕਿਸਾਨ ਤੇ ਮਜ਼ਦੂਰ ਵਿਰੋਧੀ ਨੀਤੀਆਂ ਘੜ ਰਹੀਆਂ : ਅਜਨਾਲਾ



**ਛੇਹਰਟਾ, (ਮਨੋਜ ਕੁਮਾਰ)**-ਕੁੱਲ ਹਿੰਦ ਕਿਸਾਨ ਸਭਾ ਦੀ ਮੀਟਿੰਗ ਪੁਤਲੀਘਰ ਸਥਿਤ ਦਫ਼ਤਰ ਵਿਚ ਰਣਜੀਤ ਸਿੰਘ ਬੱਲ ਦੀ ਪ੍ਰਧਾਨਗੀ ਹੇਠ ਹੋਈ। ਜ਼ਿਲ੍ਹਾ ਜਰਨਲ ਸਕੱਤਰ ਸਵਿੰਦਰ ਸਿੰਘ ਮੀਰਾਂਕੋਟ ਨੇ ਮੀਟਿੰਗ ਦਾ ਏਜੰਡਾ ਪੇਸ਼ ਕੀਤਾ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੁੱਚਾ ਸਿੰਘ ਅਜਨਾਲਾ ਨੇ ਕਿਹਾ ਕਿ ਸੂਬਾ ਸਰਕਾਰ ਨੇ ਕਿਸਾਨਾਂ ਦੀ ਉਪਜਾਊ ਜ਼ਮੀਨਾਂ ਉਤੇ ਡਾਕਾ ਮਾਰਨ ਦੀ ਨੀਅਤ ਨਾਲ ਲੈਂਡ ਪੂਲਿੰਗ ਪਾਲਿਸੀ ਲਿਆਂਦੀ ਹੈ, ਜਿਸ ਦਾ ਪੰਜਾਬ ਦੀਆਂ ਸਮੁੱਚੀਆਂ ਕਿਸਾਨ ਜਥੇਬੰਦੀਆਂ ਤੇ ਰਾਜਨੀਤਿਕ ਪਾਰਟੀਆਂ ਵੱਲੋਂ ਵਿਰੋਧ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਇਸ਼ਾਰੇ 'ਤੇ ਸਰਮਾਏਦਾਰੀ ਤਾਕਤਾਂ ਕਿਸਾਨ ਤੇ ਮਜ਼ਦੂਰ ਵਿਰੋਧੀ ਨੀਤੀਆਂ ਘੜ ਰਹੀਆਂ ਹਨ, ਜਿਸ ਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚੇ ਵੱਲੋਂ 13 ਅਗਸਤ ਨੂੰ ਟਰੰਪ ਦੇ ਪੁਤਲੇ ਫੂਕ ਕੇ ਰੋਸ ਮੁਜ਼ਾਹਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੈਂਡ ਪੂਲਿੰਗ ਪਾਲਿਸੀ ਤੇ ਹੋਰ ਕਿਸਾਨੀ ਮੰਗਾਂ ਦੇ ਹੱਲ ਲਈ 24 ਅਗਸਤ ਨੂੰ ਲੁਧਿਆਣੇ ਦੇ ਸਮਰਾਲੇ ਵਿਚ ਮਹਾਂ ਪੰਚਾਇਤ ਕੀਤੀ ਜਾ ਰਹੀ ਹੈ ਜਿਸ ਵਿੱਚ ਕੁੱਲ ਹਿੰਦ ਕਿਸਾਨ ਸਭਾ ਦੇ ਸਾਥੀ ਵੱਡੀ ਗਿਣਤੀ ਵਿਚ ਸ਼ਾਮਿਲ ਹੋਣਗੇ। ਉਨ੍ਹਾਂ ਨੇ ਦੱਸਿਆ ਕਿ ਕੁੱਲ ਹਿੰਦ ਕਿਸਾਨ ਸਭਾ ਦੀ ਅੰਮ੍ਰਿਤਸਰ ਇਕਾਈ ਦਾ ਜਥੇਬੰਦਕ ਇਜਲਾਸ 16 ਅਗਸਤ ਨੂੰ ਅਦਲੀਵਾਲ ਨੇੜੇ ਰਾਜਾਸਾਂਸੀ ਵਿਖੇ ਹੋਵੇਗਾ ਜਿਸ ਨੂੰ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਜਨਰਲ ਸਕੱਤਰ ਬਲਜੀਤ ਸਿੰਘ ਗਰੇਵਾਲ ਤੇ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਸੇਖੋਂ ਸੰਬੋਧਨ ਕਰਨਗੇ।

ਇਸ ਮੌਕੇ ਲਾਹੌਰਾ ਸਿੰਘ, ਐਡਵੋਕੇਟ ਕਵਲਜੀਤ ਕੌਰ, ਹਰਦੀਪ ਸਿੰਘ ਹਰਸ਼ਾਛੀਨਾ, ਸਵਿੰਦਰ ਸਿੰਘ ਸਿੱਧੂ, ਬਖਤਾਵਰ ਸਿੰਘ, ਬਲਜਿੰਦਰ ਸਿੰਘ, ਜਸਪਾਲ ਸਿੰਘ ਅਤੇ ਭਰਾਤਰੀ ਜਥੇਬੰਦੀਆਂ ਵੱਲੋਂ ਚਰਨਜੀਤ ਮਜੀਠਾ ਤੇ ਗੁਰਦੀਪ ਸਿੰਘ ਬਤਾਲਾ ਨੇ ਆਪਣੇ ਵਿਚਾਰ ਰੱਖੇ।

# ਆਜ਼ਾਦੀ ਦਿਵਸ ਦੀਆਂ ਤਿਆਰੀਆਂ ਸਬੰਧੀ ਪਹਿਲੀ ਰਿਹਰਸਲ ਕਰਵਾਈ

**ਬਟਾਲਾ, ਅਗਸਤ (ਡਾ. ਮਲਵਿੰਦਰ ਸਿੰਘ)**-ਆਜ਼ਾਦੀ ਦਿਵਸ ਮਨਾਉਣ ਦੀਆਂ ਤਿਆਰੀਆਂ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਕੀਤੀਆਂ ਜਾ ਰਹੀਆਂ ਹਨ।ਵਿਕਰਮਜੀਤ ਸਿੰਘ ਪਾਂਥੇ ਐੱਸਡੀਐੱਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਤਹਿਸੀਲਦਾਰ ਅਰਜਨ ਸਿੰਘ ਗਰੇਵਾਲ ਦੀ ਅਗਵਾਈ ਹੇਠ ਸ਼ਿਵ ਕੁਮਾਰ ਬਟਾਲਵੀ ਕਲਾ ਤੇ ਸੱਭਿਆਚਾਰਕ ਕੇਂਦਰ ਬਟਾਲਾ ਵਿਖੇ ਚੱਲ ਰਹੀਆਂ ਰਿਹਰਸਲਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਸ਼ਸ਼ੀ ਭੂਸ਼ਨ ਵਰਮਾ ਐੱਮਡੀਐੱਫਸੀ ਵਰਮਾ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਭੰਡਾਰੀ ਗੇਟ ਬਟਾਲਾ, ਹਰਜਿੰਦਰ ਸਿੰਘ ਕਲਸੀ ਡੀਪੀਆਰਓ, ਡਾ. ਸਤਿੰਦਰਜੀਤ ਕੌਰ, ਮੈਡਮ ਨੀਟਾ ਭਾਟੀਆ, ਕਮਲਜੀਤ ਕੌਰ ਅਤੇ ਸਕੂਲਾਂ ਦੇ ਨੁਮਾਇੰਦੇ ਮੌਜੂਦ ਸਨ।ਰਿਹਰਸਲਾਂ ਵਿਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵਲੋਂ ਦੇਸ਼ ਭਗਤੀ ਤੇ ਅਧਾਰਿਤ ਸ਼ਾਨਦਾਰ ਕੋਰੀਓਗ੍ਰਾਫੀ, ਸੋਲੋ ਡਾਂਸ, ਗਰੁੱਪ ਗੀਤ ਤੇ ਭੰਗੜੇ ਆਦਿ ਦੀਆਂ ਪੇਸ਼ਕਾਰੀਆਂ ਦਿੱਤੀਆਂ ਗਈਆਂ। ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਇੰਚਾਰਜਾਂ ਨੂੰ ਹੋਰ ਸਖ਼ਤ ਮਿਹਨਤ ਨਾਲ ਬੱਚਿਆਂ ਦੀ ਤਿਆਰੀ ਕਰਵਾਉਣ ਲਈ ਕਿਹਾ ਗਿਆ।ਸ਼ਿਵ ਕੁਮਾਰ ਬਟਾਲਵੀ ਕਲਾ ਤੇ ਸੱਭਿਆਚਾਰਕ ਕੇਂਦਰ ਬਟਾਲਾ ਵਿਖੇ 11 ਅਗਸਤ ਨੂੰ ਸਵੇਰੇ 9 ਵਜੇ ਦੁਬਾਰਾ ਰਿਹਰਸਲ ਹੋਵੇਗੀ ਤੇ ਟੀਮਾਂ ਦੀ ਚੋਣ ਕੀਤੀ ਜਾਵੇਗੀ।



# ਮੱਛਰ ਦੇ ਖਾਤਮੇ ਲਈ ਸਪਰੇਅ ਕਰਨ ਵਾਸਤੇ ਟੀਮਾਂ ਰਵਾਨਾ



**ਗੁਰਦਾਸਪੁਰ (ਜਨਕ ਮਹਾਜਨ)**— ਨੈਸ਼ਨਲ ਵੈਕਟਰ ਬੋਰਨ ਡਿਜ਼ੀਜ਼ ਕੰਟਰੋਲ ਪ੍ਰੋਗਰਾਮ ਤਹਿਤ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਮਾਨਯੋਗ ਸਿਵਲ ਸਰਜਨ ਗੁਰਦਾਸਪੁਰ ਡਾਕਟਰ ਜਸਵਿੰਦਰ ਸਿੰਘ ਦੀ ਅਗਵਾਈ ਹੇਠ ਮੱਛਰ ਦੇ ਖਾਤਮੇ ਲਈ ਸਪਰੇ ਕਰਨ ਵਾਸਤੇ ਫੀਲਡ ਵਿਚ ਟੀਮਾਂ ਨੂੰ ਰਵਾਨਾ ਕੀਤਾ ਗਿਆ।ਸਿਵਲ ਸਰਜਨ ਗੁਰਦਾਸਪੁਰ ਨੇ ਹਰੀ ਝੰਡੀ ਦੇ ਕੇ ਟੀਮਾਂ ਨੂੰ ਰਵਾਨਾ ਕੀਤਾ।ਇਸ ਦੇ ਨਾਲ ਹੀ ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਦੀ ਅਗਵਾਈ ਗੁਰਦਾਸਪੁਰ ਜ਼ਿਲੇ ਵਿੱਚ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਗਤੀਵਿਧੀਆਂ ਕੀਤੀਆਂ ਗਈਆਂ।ਇਸ ਮੌਕੇ ਜਿਲਾ ਪਰਿਵਾਰ ਭਲਾਈ ਅਫ਼ਸਰ ਡਾਕਟਰ ਤੇਜਿੰਦਰ ਕੌਰ ਅਤੇ ਜ਼ਿਲਾ ਐਪੀਡਮੋਲੋਜਿਸਟ ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਸਮੂਹ ਸਰਕਾਰੀ ਹਸਪਤਲਾਂ ਵਿੱਚ ਡੇਂਗੂ ਦਾ ਟੈਸਟ ਮੁਫ਼ਤ ਹੁੰਦਾ ਹੈ।ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਇਸ ਮੌਕੇ ਡੀਡੀਐੱਚਓ ਡਾਕਟਰ ਵਿਨੋਦ, ਜ਼ਿਲਾ ਟੀਕਾਕਰਨ ਅਫ਼ਸਰ ਡਾ. ਮਮਤਾ, ਆਈਡੀਐੱਸਪੀ ਵਿਭਾਗ ਦੇ ਅਧਿਕਾਰੀ ਅਤੇ ਕਰਮਚਾਰੀ, ਬ੍ਰੀਡਿੰਗ ਚੈਕਰ ਅਤੇ ਨਰਸਿੰਗ ਸਟੂਡੈਂਟ ਆਦਿ ਹਾਜ਼ਰ ਸਨ।

# ਰੱਸਾਕਸ਼ੀ ਮੁਕਾਬਲਿਆਂ 'ਚ ਸਕੂਲ ਆਫ ਕੈਂਡਿਡ ਸਟੱਡੀਜ਼ ਫਤਿਹਾਬਾਦ ਦੇ ਵਿਦਿਆਰਥੀ ਜੇਤੂ ਰਹੇ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-69ਵੀਆਂ ਜ਼ੋਨ ਪੱਧਰੀ ਖੇਡਾਂ ਵਿੱਚ ਜ਼ੋਨ ਗੋਇੰਦਵਾਲ ਸਾਹਿਬ ਦੇ ਵੱਖ ਵੱਖ ਖੇਡਾਂ ਦੇ ਮੁਕਾਬਲੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਤਿਹਾਬਾਦ ਦੀ ਗਰਾਊਂਡ ਵਿੱਚ ਜ਼ੋਨ ਕਨਵੀਨਰ ਗੁਰਿੰਦਰ ਸਿੰਘ ਦੀ ਅਗਵਾਈ ਵਿੱਚ ਕਰਵਾਏ ਗਏ। ਇਨ੍ਹਾਂ ਮੁਕਾਬਲਿਆ ਵਿੱਚ ਜ਼ੋਨ ਗੋਇੰਦਵਾਲ ਸਾਹਿਬ ਦੇ ਲਗਭਗ 20 ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇਨ੍ਹਾਂ ਮੁਕਾਬਲਿਆ ਵਿੱਚ ਅੰ: -17 ਦੇ ਲੜਕੀਆਂ ਦੇ ਰੱਸਾਕਸ਼ੀ ਦੇ ਮੁਕਾਬਲਿਆ ਵਿੱਚ ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ ਆਫ ਕੈਂਡਿਡ ਸਟੱਡੀਜ਼ ਫਤਿਹਾਬਾਦ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਜ਼ੋਨ ਵਿੱਚੋਂ ਦੂਸਰਾ ਸਥਾਨ ਹਾਸਿਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਤੋਂ ਇਲਾਵਾ ਅੰਡਰ-17 ਉਮਰ ਵਰਗ ਲੜਕਿਆਂ ਦੇ ਮੁਕਾਬਲੇ ਵਿੱਚ ਵੀ ਸਕੂਲ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਜ਼ੋਨ ਵਿੱਚੋਂ ਤੀਸਰਾ ਸਥਾਨ ਹਾਸਲ ਕੀਤਾ।ਸਕੂਲ ਪਹੁੰਚਣ ਤੇ ਇਨ੍ਹਾਂ ਵਿਦਿਆਰਥੀਆਂ ਦਾ ਸਕੂਲ ਦੇ ਚੇਅਰਮੈਨ ਰਵਿੰਦਰ ਕੁਮਾਰ ਅਤੇ ਪ੍ਰਿੰ. ਅਨੀਤਾ ਚਤਰਥ ਦੀ ਅਗਵਾਈ ਹੇਠ ਸਮੂਹ ਸਕੂਲ ਸਟਾਫ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਸਕੂਲ ਪ੍ਰਿੰ. ਅਨੀਤਾ ਚਤਰਥ ਨੇ ਵਿਦਿਆਰਥੀਆਂ ਦੀ ਇਸ ਸਫਲਤਾ ਲਈ ਵਿਦਿਆਰਥੀਆਂ ਦੇ ਨਾਲ-ਨਾਲ ਉਨ੍ਹਾਂ ਦੇ ਕੋਚ ਸਹਿਬਾਨ ਤੇਜਿੰਦਰ ਸਿੰਘ ਅਤੇ ਜਸਬੀਰ ਸਿੰਘ ਨੂੰ ਮੁਬਾਰਕਬਾਦ ਦਿੰਦੇ ਹੋਏ ਅੱਗੇ ਹੋਣ ਵਾਲੇ ਜ਼ਿਲਾ ਪੱਧਰੀ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਸੰਸਥਾ ਦੇ ਸਰਪ੍ਰਸਤ ਮਾਸਟਰ ਮੰਗਤ ਰਾਮ, ਸੰਤੋਸ਼ ਕੁਮਾਰੀ, ਮਮਤਾ ਮੈਡਮ, ਬਲਜੀਤ,ਜਸਬੀਰ ਸਿੰਘ, ਅਰਚਨਾ, ਰਮਨਦੀਪ ਕੌਰ, ਇੰਦੀਪ, ਰਜਨੀਸ਼, ਕਿਰਨਦੀਪ ਕੌਰ, ਨਵਨੀਤ, ਅੰਤਰਪ੍ਰੀਤ ਕੌਰ, ਜਸਪ੍ਰੀਤ ਕੌਰ, ਕੰਵਲਪ੍ਰੀਤ ਕੌਰ, ਨਵਜੋਤ, ਡੌਲੀ, ਕੁਲਵਿੰਦਰ, ਮਨਜਿੰਦਰ ਕੌਰ, ਹਰਪ੍ਰੀਤ, ਕੋਮਲਦੀਪ ਕੌਰ ਹਾਜ਼ਰ ਸਨ।



# ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਵੱਲੋਂ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਸੌਂਪਣ ਦਾ ਐਲਾਨ



**ਪੱਟੀ, (ਬਲਦੇਵ ਸਿੰਘ ਸੰਧੂ)**-ਸੰਯੁਕਤ ਕਿਸਾਨ ਮੋਰਚੇ ਤੇ ਗੈਰ ਰਾਜਨੀਤਕ ਮੋਰਚੇ ਵੱਲੋਂ ਖੇਤੀ ਸੈਕਰ ਨੂੰ ਕਾਰਪੋਟ ਘਰਾਣਿਆਂ ਤੋਂ ਬਚਾਉਣ ਲਈ ਅਤੇ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਡੀਸੀ ਰਾਹੀਂ ਆਤਮਾ ਸਿੰਘ ਪੰਨੂ ਹੀਰਾ ਸਿੰਘ ਭਿੱਖੀਵਿੰਡ ਪ੍ਰਗਟ ਸਿੰਘ, ਹੀਰਾ ਸਿੰਘ ਪ੍ਰਗਟ ਸਿੰਘ ਪਰਿਗੜੀ ਦੀ ਅਗਵਾਈ ਹੇਠ ਸੂਬੇ ਦੇ ਮੁੱਖ ਮੰਤਰੀ ਨੂੰ ਮੰਗ ਪੱਤਰ ਸੌਂਪਣ ਦਾ ਫ਼ੈਸਲਾ ਕੀਤਾ ਗਿਆ।ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੇ ਸੂਬਾ ਪ੍ਰਧਾਨ ਇੰਦਰਜੀਤ ਸਿੰਘ ਕੋਟ ਬੁੱਢਾ, ਸਤਨਾਮ ਸਿੰਘ ਹਰੀ ਆਤਮਾ ਸਿੰਘ ਗੰਡੀਵਿੰਡ, ਕਾਰਜ ਸਿੰਘ ਘਰਿਆਲਾ ਸਿਕੰਦਰ ਸਿੰਘ ਨੱਥੂਪੁਰ, ਜਸਵਿੰਦਰ ਸਿੰਘ, ਪਰਮਜੀਤ ਸਿੰਘ ਗਦਾਈ ਕੇ, ਕੁਲਵੰਤ ਸਿੰਘ ਸਰਹਾਲੀ, ਸਾਹਿਬ ਸਿੰਘ ਸਭਰਾ, ਬਿੰਦਰ ਪਾਲ ਸਿੰਘ ਰਸੂਲਪੁਰ, ਬੁੱਧ ਸਿੰਘ ਰੂੜੀਵਾਲਾ, ਹਰਜੀਤ ਸਿੰਘ ਜੌਹਲ, ਗੁਰਬੀਰ ਸਿੰਘ, ਅਮਰਜੀਤ ਸਿੰਘ ਰੱਤਾ ਗੁੱਦਾ, ਭਜਨ ਸਿੰਘ ਰੂੜੀਵਾਲਾ, ਹਰਵਿੰਦਰ ਸਿੰਘ ਕ੍ਰਿਤਵਾਲ, ਹਰਪਾਲ ਸਿੰਘ ਘਰਿਆਲਾ, ਦਾਰਾ ਸਿੰਘ ਨੱਥੂਪੁਰ, ਨਿੰਦਰ ਸਿੰਘ ਲੱਖਪੁਰ, ਸਿੰਦਰਪਾਲ ਸਿੰਘ, ਸੁਖਦੇਵ ਸਿੰਘ ਸਰਾਲੀ ਮੰਡ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਕਰੜੇ ਹੱਥੀਂ ਲੈਂਦਿਆਂ ਆਖਿਆ ਕਿ ਆਪਣੇ ਆਪ ਨੂੰ ਕਿਸਾਨਾਂ ਮਜ਼ਦੂਰਾਂ ਦੀ ਹਿਤੈਸ਼ੀ ਦੱਸਣ ਵਾਲੀ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਦੇ ਹੱਥਾਂ ਦੀ ਕਠਪੁਤਲੀ ਬਣ ਕੇ ਲੈਂਡ ਪੂਲਿੰਗ ਵਰਗੀਆਂ ਸਕੀਮਾਂ ਲਾਗੂ ਕਰਕੇ ਕਿਸਾਨਾਂ ਦੀਆਂ ਜ਼ਮੀਨਾਂ ਤੇ ਕਬਜ਼ੇ ਕਰਨੇ ਚਾਹੁੰਦੀ ਹੈ ਜਿਹੜੇ ਕਿਸੇ ਵੀ ਕੀਮਤ 'ਤੇ ਕਾਮਯਾਬ ਨਹੀਂ ਹੋਣ ਦਿਆਂਗੇ ।

# ਆਰ. ਡੀ. ਖੋਸਲਾ ਸਕੂਲ ਦੀਆਂ ਕਬੱਡੀ ਟੀਮਾਂ (ਕੁੜੀਆਂ) ਜੇਤੂ ਬਣ ਕੇ ਉੱਭਰੀਆਂ

**ਬਟਾਲਾ (ਡਾ. ਮਲਵਿੰਦਰ ਸਿੰਘ)**— ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀਆਂ ਵਿਦਿਆਰਥਣਾਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਵਾਏ ਜ਼ੋਨਲ ਪੱਧਰੀ ਕਬੱਡੀ ਖੇਡ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਇਤਿਹਾਸ ਰਚਿਆ।ਸਕੂਲ ਦੀਆਂ ਅੰਡਰ-14, ਅੰਡਰ-17 ਅਤੇ ਅੰਡਰ-19 ਕੁੜੀਆਂ ਦੀਆਂ ਕਬੱਡੀ ਟੀਮਾਂ ਨੇ ਤਿੰਨੋਂ ਉਮਰ ਵਰਗਾਂ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਲੜਕਿਆਂ ਦੀਆਂ ਅੰਡਰ-17 ਅਤੇ 19 ਟੀਮਾਂ ਨੇ ਇਸ ਮੁਕਾਬਲੇ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੁਕਾਬਲੇ ਵਿੱਚ ਖੇਤਰ ਦੇ ਵੱਖ-ਵੱਖ ਸਕੂਲਾਂ ਦੀਆਂ ਟੀਮਾਂ ਨੇ ਹਿੱਸਾ ਲਿਆ, ਪਰ ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੇ ਵਿਦਿਆਰਥੀਆਂ ਨੇ ਆਪਣੇ ਸ਼ਾਨਦਾਰ ਖੇਡ ਹੁਨਰ, ਅਨੁਸ਼ਾਸਨ, ਸਖ਼ਤ ਮਿਹਨਤ ਅਤੇ ਟੀਮ ਭਾਵਨਾ ਦਾ ਪ੍ਰਦਰਸ਼ਨ ਕਰਕੇ ਸਾਰਿਆਂ ਨੂੰ ਪ੍ਰਭਾਵਿਤ ਕੀਤਾ। ਟੀਮਾਂ ਨੇ ਤਿੰਨੋਂ ਸ਼੍ਰੇਣੀਆਂ ਵਿੱਚ ਸ਼ਾਨਦਾਰ ਰਣਨੀਤੀ ਅਤੇ ਤਾਲਮੇਲ ਦਾ ਪ੍ਰਦਰਸ਼ਨ ਕੀਤਾ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਰਾਜਬੀਰ ਸਿੰਘ ਅਤੇ ਰਾਜਬੀਰ ਕੌਰ ਨੂੰ ਵਧਾਈ ਦਿੱਤੀ ਅਤੇ ਕਿਹਾ ਇਹ ਜਿੱਤ ਨਾ ਸਿਰਫ਼ ਸਾਡੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ, ਸਗੋਂ ਇਹ ਉਨ੍ਹਾਂ ਦੇ ਆਤਮਵਿਸ਼ਵਾਸ ਅਤੇ ਖੇਡ ਭਾਵਨਾ ਦਾ ਪ੍ਰਤੀਕ ਵੀ ਹੈ।ਸਕੂਲ ਪ੍ਰਸ਼ਾਸਨ ਨੇ ਸਾਰੇ ਜੇਤੂ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਦੀ ਉਮੀਦ ਕੀਤੀ।



# ਕੋਰਟ ਕੰਪਲੈਕਸ 'ਚ ਈ ਸੇਵਾ ਕੇਂਦਰ ਦਾ ਉਦਘਾਟਨ

**ਪਠਾਨਕੋਟ (ਦਵਿੰਦਰ ਸਿੰਘ)**-ਪੰਜਾਬ ਐਂਡ ਹਰਿਆਣਾ ਹਾਈ ਕੋਰਟ ਦੇ ਜੱਜ ਜਸਟਿਸ ਵਿਕਰਮ ਅਗਰਵਾਲ -ਕਮ- ਐਡਮਿਨਿਸਟ੍ਰੇਟਿਵ ਜੱਜ ਪਠਾਨਕੋਟ ਡਿਵੀਜ਼ਨ ਵੱਲੋਂ ਕੋਰਟ ਕੰਪਲੈਕਸ ਪਠਾਨਕੋਟ ਪਹੁੰਚੇ ਜਿੱਥੇ ਉਨ੍ਹਾਂ ਨੇ ਇਹ ਈ ਸੇਵਾ ਕੇਂਦਰ ਦਾ ਉਦਘਾਟਨ ਕੀਤਾ। ਇਸ ਤੋਂ ਬਾਅਦ ਜਸਟਿਸ ਵਿਕਰਮ ਅਗਰਵਾਲ ਵੱਲੋਂ ਵੱਖ ਵੱਖ ਕੋਰਟਾਂ ਦਾ ਦੌਰਾ ਕਰਕੇ ਕੋਰਟਾਂ ਦੇ ਨਿਰੀਖਣ ਕੀਤੇ। ਜਸਟਿਸ ਵਿਕਰਮ ਅਗਰਵਾਲ ਵੱਲੋਂ ਬਾਰ ਐਸੋਸੀਏਸ਼ਨ ਪਠਾਨਕੋਟ ਵੱਲੋਂ ਰੱਖੇ ਪ੍ਰੋਗਰਾਮ ਵਿੱਚ ਵੀ ਸ਼ਿਰਕਤ ਕੀਤੀ ਗਈ ਜਿੱਥੇ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਮਰਿਨਾਲ ਮਹਿਤਾ ਵੱਲੋਂ ਜਸਟਿਸ ਵਿਕਰਮ ਅਗਰਵਾਲ ਨੂੰ ਵਕੀਲਾਂ ਦੇ ਚੈਂਬਰਾਂ ਦੀ ਸਮੱਸਿਆ ਬਾਰੇ ਜਾਣੂ ਕਰਾਇਆ। ਜਸਟਿਸ ਅਗਰਵਾਲ ਵੱਲੋਂ ਕੈਦੀਆਂ ਨਾਲ ਮੁਲਾਕਾਤ ਕੀਤੀ ਅਤੇ ਉਨਾਂ ਦੀਆਂ ਮੁਸ਼ਕਿਲਾਂ ਸੁਣੀਆਂ ਗਈਆਂ। ਇਸ ਮੌਕੇ ਡਿਸਟਰਿਕਟ ਐਂਡ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ, ਫੈਮਿਲੀ ਕੋਰਟ ਜੱਜ ਜਸਵੀਰ ਕੌਰ, ਵਧੀਕ ਸੈਸ਼ਨ ਜੱਜ ਏਕਤਾ ਉਪਲ, ਰਾਜਵੰਤ ਕੌਰ ਜੱਜ ਸੀਨੀਅਰ ਡਿਵੀਜ਼ਨ, ਸਕੱਤਰ ਕਮ ਸੀਜੇਐੱਮ ਰੁਪਿੰਦਰ ਸਿੰਘ, ਪ੍ਰਭਜੋਤ ਕੌਰ ਸੀਜੇਐਮ, ਗੁਰਸ਼ੇਰ ਸਿੰਘ ਜੱਜ ਸੀਨੀਅਰ ਡਿਵੀਜ਼ਨ, ਬਬੀਤਾ ਜੱਜ ਯੂਨੀਅਨ ਡਿਵੀਜ਼ਨ, ਰਵਨੀਤ ਕੌਰ ਬੇਦੀ ਜੱਜ ਜੂਨੀਅਰ ਡਿਵੀਜ਼ਨ, ਅਰਵਿੰਦ ਸਿੰਘ ਜੱਜ ਜੂਨੀਅਰ ਡਿਵੀਜ਼ਨ, ਸਤਨਾਮ ਸਿੰਘ ਜੱਜ ਜੂਨੀਅਰ ਡਿਵੀਜ਼ਨ, ਆਸ਼ਦੀਪ ਸਿੰਘ ਜੱਜ ਜੂਨੀਅਰ ਡਿਵੀਜ਼ਨ, ਐਸਐਸਪੀ ਦਲਜਿੰਦਰ ਸਿੰਘ ਢਿੱਲੋਂ, ਬਾਰ ਐਸੋਸੀਏਸ਼ਨ ਦੇ ਪ੍ਰਧਾਨ ਮਰਿਨਾਲ ਮਹਿਤਾ, ਜੇਲ ਸੁਪਰੀਡੈਂਟ ਹਿਮਾਂਸ਼ੂ ਗੋਇਲ, ਚੀਫ ਡਿਫੈਂਸ ਕੌਂਸਲ ਪ੍ਰਭਦੀਪ ਸਿੰਘ ਸੰਧੂ, ਡਿਪਟੀ ਡਿਫੈਂਸ ਕੌਂਸਲ ਪਲਵਿੰਦਰ ਕੌਰ, ਅਸਿਸਟੈਂਟ ਡਿਫੈਂਸ ਕੌਂਸਲ ਮੋਡਨਾ ਸ਼ਰਮਾ, ਅਨੰਦ ਪੁਰੀ, ਸੀਨੀਅਰ ਸਹਾਇਕ ਸੰਜੇ ਕੁਮਾਰ ਆਦਿ ਸ਼ਾਮਿਲ ਸਨ।




# ਕਟਾਰੂਚੱਕ ਵੱਲੋਂ ਤਾਰਾਗੜ੍ਹ ਤੋਂ ਧੋਬੜਾ ਰੋਡ ਦੇ ਨਿਰਮਾਣ ਕਾਰਜ ਦਾ ਉਦਘਾਟਨ



**ਪਠਾਨਕੋਟ, (ਦਵਿੰਦਰ ਸਿੰਘ)**-ਲਾਲ ਚੰਦ ਕਟਾਰੂਚੱਕ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਅਤੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਪੰਜਾਬ ਨੇ ਤਾਰਾਗੜ੍ਹ ਤੋਂ ਧੋਬੜਾ ਰੋਡ ਦੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਠਾਕੁਰ ਮਨੋਹਰ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਨਰੋਟ ਜੈਮਲ ਸਿੰਘ, ਨਰੇਸ਼ ਸੈਣੀ ਜ਼ਿਲ੍ਹਾ ਪ੍ਰਧਾਨ ਬੀ. ਸੀ. ਵਿੰਗ ਪਠਾਨਕੋਟ, ਪਵਨ ਕੁਮਾਰ ਬਲਾਕ ਪ੍ਰਧਾਨ, ਖੁਸ਼ਬੀਰ ਕਾਟਲ, ਰਾਜਾ ਬਕਨੌਰ, ਭੁਪਿੰਦਰ ਸਿੰਘ, ਬਲਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ, ਤਰਸੇਮ ਸਿੰਘ, ਨਰੇਸ਼ ਕੁਮਾਰ ਨਿੱਕਾ ਸਰਪੰਚ, ਬਿਆਸ ਦੇਵ, ਵਿਸਾਖੀ ਰਾਮ, ਸੁਰੇਸ਼ ਕੁਮਾਰ, ਅਸ਼ਵਨੀ ਕੁਮਾਰ, ਯਸ਼ਪਾਲ ਚੋਪੜਾ, ਸੋਹਣ ਭਟੋਆ ਸਰਪੰਚ, ਸਰਪੰਚ ਪ੍ਰੇਮ ਰਤਨਗੜ੍ਹ, ਮਾਸਟਰ ਕੁਲਦੀਪ, ਕੁਲਦੀਪ ਰਕਵਾਲ ਬਲਾਕ ਪ੍ਰਧਾਨ, ਸੂਬੇਦਾਰ ਕੁਲਵੰਤ ਸਿੰਘ ਬਲਾਕ ਪ੍ਰਧਾਨ, ਦਰਸ਼ਨ ਢੀਂਗਰਾ, ਰਵੀ ਸਰਪੰਚ ਜਗਤਪੁਰ, ਸੁਰਿੰਦਰ ਸ਼ਾਹ ਬਲਾਕ ਪ੍ਰਧਾਨ, ਕਸ਼ਮੀਰ ਸਿੰਘ, ਨਿਸ਼ਾ ਸੈਣੀ ਸਰਪੰਚ ਬੇਗੋਵਾਲ ਅਤੇ ਹੋਰ ਵੀ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ।

# ਲੈਂਡ ਪੂਲਿੰਗ ਨੀਤੀ ਦਾ ਵਿਰੋਧ ਕਰਦਿਆਂ ਡੀ ਸੀ ਨੂੰ ਸੌਂਪਿਆ ਮੰਗ ਪੱਤਰ : ਕਿਸਾਨ ਆਗੂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸੰਯੁਕਤ ਕਿਸਾਨ ਗੈਰ ਰਾਜਨੀਤਿਕ ਦੇ ਸੱਦੇ ਤੇ ਸਾਰੇ ਪੰਜਾਬ ਵਿੱਚ ਵੱਖ-ਵੱਖ ਜਥੇਬੰਦੀਆਂ ਵੱਲੋਂ ਲੈਂਡ ਪੂਲਿੰਗ ਪੋਲਸੀ ਨੂੰ ਰੱਦ ਕਰਵਾਉਣ ਵਾਸਤੇ ਮੰਗ ਪੱਤਰ ਸੌਂਪੇ ਗਏ। ਅੰਮ੍ਰਿਤਸਰ ਵਿਖੇ ਏਡੀਸੀ ਮੈਡਮ ਪ੍ਰਮਜੀਤ ਕੌਰ ਨੂੰ ਮੰਗ ਪੱਤਰ ਦਿੱਤਾ। ਇਸ ਸਮੇਂ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਨੌਜਵਾਨ ਕਿਸਾਨ ਸੰਘਰਸ਼ ਕਮੇਟੀ ਅਤੇ ਬੀਕੇਯੂ ਮਝੈਲ ਦੇ ਆਗੂ ਹਾਜ਼ਰ ਸਨ। ਇਸ ਮੌਕੇ ਕਿਸਾਨ ਆਗੂ ਮੰਗਲ ਸਿੰਘ ਰਾਮਪੁਰਾ, ਅਨੋਖ ਸਿੰਘ ਚਾਟੀ ਵਿੰਡ, ਕੁਲਦੀਪ ਸਿੰਘ ਖਿਆਲਾ ਨੇ ਕਿਹਾ ਕਿ ਲੈਂਡ ਪੂਲਿੰਗ ਪਾਲਿਸੀ ਲਾਗੂ ਹੋਣ ਨਾਲ ਜਿੱਥੇ ਕਿਸਾਨਾਂ ਦਾ ਵੱਡਾ ਨੁਕਸਾਨ ਹੋਵੇਗਾ ਉਥੇ ਖੇਤ ਮਜ਼ਦੂਰ ਦੁਕਾਨਦਾਰ ਅਤੇ ਹੋਰ ਮਿਹਨਤਕਸ਼ ਲੋਕ ਵੀ ਪ੍ਰਭਾਵਿਤ ਹੋਣਗੇ। ਇਸ ਪੋਲਸੀ ਆਉਣ ਨਾਲ ਕਿਸਾਨਾਂ ਦੀ ਵੱਡੀ ਲੁੱਟ ਹੋਵੇਗੀ ਕਾਰਪੋਰੇਟ ਸੈਕਟਰ ਮਾਲਾ ਮਾਲ ਹੋ ਜਾਵੇਗਾ ਅੰਕੜਿਆਂ ਮੁਤਾਬਕ ਹਰੇਕ ਪੰਜਾਬ ਦਾ ਕਿਸਾਨ ਪਹਿਲਾਂ ਹੀ 2 ਲੱਖ ਤੋਂ ਵੱਧ ਕਰਜ਼ਾਈ ਹੋ ਚੁੱਕਾ ਹੈ। ਕਿਸਾਨ ਆਗੂਆਂ ਬੋਲਦਿਆਂ ਕਿਹਾ ਕਿ ਸਰਕਾਰ ਵੱਲੋਂ ਲਿਆਂਦਾ ਨੋਟੀਫਿਕੇਸ਼ਨ ਰੱਦ ਹੋਣ ਤੱਕ ਲੜਾਈ ਲੜਦੇ ਰਵਾਂਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਬਜੀਤ ਸਿੰਘ ਸਰਪੰਚ ਰਾਮਪੁਰਾ, ਕੁਲਦੀਪ ਸਿੰਘ ਚਵਿੰਡਾ, ਅਗਰੇਜ ਸਿੰਘ, ਪ੍ਰਗਟ ਸਿੰਘ, ਸਰਵਣ ਸਿੰਘ, ਪਾਲ ਸਿੰਘ ਚਾਟੀਵਿੰਡ, ਹਰਦੀਪ ਸਿੰਘ ਕੋਹਾਲੀ, ਰੁਪਿੰਦਰਜੀਤ ਸਿੰਘ, ਜਸਬੀਰ ਸਿੰਘ, ਮਿਲਖਾ ਸਿੰਘ ਸੁਲਤਾਨਵਿੰਡ ਆਦਿ ਆਗੂ ਹਾਜ਼ਰ ਸਨ।




# ਸ਼ਹੀਦ ਏ. ਐੱਲ. ਡੀ. ਦਲਜੀਤ ਸਿੰਘ ਨੂੰ ਅੰਤਿਮ ਅਰਦਾਸ ਮੌਕੇ ਨਿੱਘੀ ਸ਼ਰਧਾਂਜਲੀ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਬੀਤੇ ਦਿਨੀਂ ਲਦਾਖ਼ ਵਿਖੇ ਇੱਕ ਹਾਦਸੇ ਦੌਰਾਨ ਦੇਸ਼ ਖ਼ਾਤਰ ਜਾਨ ਨਿਛਾਵਰ ਕਰਨ ਵਾਲੇ ਭਾਰਤੀ ਫ਼ੌਜ ਦੇ ਜਵਾਨ ਏਐੱਲਡੀ ਦਲਜੀਤ ਸਿੰਘ ਨਮਿਤ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਟਾਹਲੀ ਸਾਹਿਬ, ਗਾਲ੍ਹੜੀ ਵਿਖੇ ਹੋਈ, ਜਿਸ ਵਿੱਚ ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ, ਸੁਤੰਤਰਤਾ ਸੰਗਰਾਮੀ ਅਤੇ ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਉਚੇਚੇ ਤੌਰ ਤੇ ਸ਼ਰਧਾਂਜਲੀ ਦੇਣ ਲਈ ਪਹੁੰਚੇ।ਉਨ੍ਹਾਂ ਨਾਲ ਚੇਅਰਮੈਨ ਰਮਨ ਬਹਿਲ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ਼ਮਸ਼ੇਰ ਸਿੰਘ, ਜ਼ਿਲ੍ਹਾ ਪ੍ਰਧਾਨ ਜੋਬਨ ਰੰਧਾਵਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਸ਼ਹੀਦਲ ਨੂੰ ਸ਼ਰਧਾਂਜਲੀ ਦੇਣ ਪਹੁੰਚੇ ਹੋਏ ਸਨ।ਗੁਰਬਾਨੀ ਦਾ ਵੈਰਾਗਮਈ ਕੀਰਤਨ ਕੀਤਾ ਗਿਆ।ਇਸ ਮੌਕੇ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਪੂਰੇ ਦੇਸ਼ ਨੂੰ ਆਪਣੇ ਮਹਾਨ ਸਪੂਤ ਸ਼ਹੀਦ ਦਲਜੀਤ ਸਿੰਘ ਉੱਪਰ ਮਾਣ ਹੈ।ਉਨ੍ਹਾਂ ਪੀੜਤ ਪਰਿਵਾਰ ਨੂੰ ਭਰੋਸਾ ਦਿੱਤਾ ਕਿ ਇਸ ਦੁੱਖ ਦੀ ਘੜੀ ਵਿੱਚ ਪੰਜਾਬ ਸਰਕਾਰ ਹਰ ਤਰ੍ਹਾਂ ਉਨ੍ਹਾਂ ਦੇ ਨਾਲ ਖੜ੍ਹੀ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹੀਦ ਦਲਜੀਤ ਸਿੰਘ ਦੇ ਪਰਿਵਾਰ ਨੂੰ ਐਕਸਗ੍ਰੇਸ਼ੀਆ ਗ੍ਰਾਂਟ ਤਹਿਤ 1 ਕਰੋੜ ਰੁਪਏ ਸਹਾਇਤਾ ਰਾਸ਼ੀ ਵਜੋਂ ਦਿੱਤੇ ਜਾਣਗੇ ਜਿਸ ਵਿੱਚੋਂ 6 ਲੱਖ ਰੁਪਏ ਦਾ ਚੈੱਕ ਪਰਿਵਾਰ ਨੂੰ ਦੇ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸ਼ਹੀਦ ਦਲਜੀਤ ਸਿੰਘ ਦੇ ਭਰਾ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇਗੀ ਅਤੇ ਇਸ ਤੋਂ ਇਲਾਵਾ ਦਲਜੀਤ ਸਿੰਘ ਦੀ ਯਾਦ ਵਿੱਚ ਪਿੰਡ ਦੇ ਸਰਕਾਰੀ ਸਕੂਲ ਦਾ ਨਾਮਕਰਨ ਕੀਤਾ ਜਾਵੇਗਾ ਅਤੇ ਪਿੰਡ ਦੀ ਐਂਟਰੀ ਉੱਪਰ ਇੱਕ ਯਾਦਗਾਰੀ ਗੇਟ ਦੀ ਉਸਾਰੀ ਵੀ ਕੀਤੀ ਜਾਵੇਗੀ।ਇਸ ਮੌਕੇ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਦੀਨਾਨਗਰ ਤੋਂ ਉੱਘੇ ਜਨਤਕ ਆਗੂ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ਼ਮਸ਼ੇਰ ਸਿੰਘ ਸਮੇਤ ਵੱਖ-ਵੱਖ ਧਾਰਮਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਵੱਲੋਂ ਸ਼ਹੀਦ ਏਐੱਲਡੀ ਦਲਜੀਤ ਸਿੰਘ ਨੂੰ ਨਿੱਘੀਆਂ ਸ਼ਰਧਾਂਜਲੀਆਂ ਦਿੱਤੀਆਂ ਗਈਆਂ।ਉਪਰੋਕਤ ਤੋਂ ਇਲਾਵਾ ਸੈਂਕੜੇ ਇਸ ਮੌਕੇ ਹਾਜ਼ਰ ਸਨ।

# ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਕੱਢਿਆ ਪੱਤਰ ਵਾਪਸ ਲੈਣ ਦੀ ਮੰਗ

**ਛੇਹਰਟਾ (ਮਨੋਜ ਕੁਮਾਰ)**- ਸੀ. ਆਈ. ਟੀ. ਯੂ. ਨੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਵੱਲੋਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਕੱਢੇ ਪੱਤਰ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਗਈ ਹੈ। ਸੀ. ਆਈ. ਟੀ. ਯੂ. ਦੇ ਸੂਬਾ ਵਿੱਤ ਸਕੱਤਰ ਤੇ ਜ਼ਿਲ੍ਹਾ ਜਨਰਲ ਸਕੱਤਰ ਸੁੱਚਾ ਸਿੰਘ ਅਜਨਾਲਾ ਨੇ ਕਿਹਾ ਕਿ ਜ਼ਿਲ੍ਹਾ ਕਮੇਟੀ ਦੇ ਧਿਆਨ ਵਿਚ ਆਇਆ ਹੈ ਕਿ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਵੱਲੋਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸਰਕਾਰੀ ਕੰਮਕਾਜ ਨਾ ਕਰਨ ਲਈ ਕਹਿਣ ਵਾਲੀਆਂ ਵੱਖ-ਵੱਖ ਸਰਕਲ, ਬਲਾਕ, ਜ਼ਿਲ੍ਹਾ ਅਤੇ ਰਾਜ ਯੂਨੀਅਨ ਪ੍ਰਧਾਨਾਂ ਦੇ ਵਿਰੁੱਧ ਕਾਰਵਾਈ ਕਰਨ ਸਬੰਧੀ ਇਕ ਪੱਤਰ ਕੱਢਿਆ ਗਿਆ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਵਰਕਰ ਨਾਲ ਧੱਕੇਸ਼ਾਹੀ ਦੇ ਖ਼ਿਲਾਫ਼ ਆਵਾਜ਼ ਬੁਲੰਦ ਕਰਨਾ ਯੂਨੀਅਨਾਂ ਦਾ ਜਮਹੂਰੀ ਅਧਿਕਾਰ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨੂੰ ਅਜਿਹਾ ਡਰਾਉਣ-ਧਮਕਾਉਣ ਵਾਲੇ ਪੱਤਰ ਕੱਢਣ ਦੀ ਜਗ੍ਹਾ ਵਰਕਰਾਂ ਨੂੰ 100 ਫ਼ੀਸਦੀ ਮਾਣ ਭੱਤਾ ਅਤੇ ਪਿਛਲੇ ਸਾਲ ਦਾ ਬਾਕੀ ਰਹਿੰਦਾ ਮੋਬਾਈਲ ਭੱਤਾ ਜ਼ਾਰੀ ਕਰਨ ਵੱਲ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਉਕਤ ਪੱਤਰ ਵਾਪਸ ਨਾ ਲਿਆ ਗਿਆ ਤਾਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਨਾਲ ਲੈ ਕੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਦੇ ਦਫ਼ਤਰ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਚਰਨਜੀਤ ਮਜੀਠਾ, ਜੀਤ ਰਾਜ, ਕਿਰਪਾ ਰਾਮ, ਵਿਜੇ ਕੁਮਾਰ, ਪ੍ਰਤਾਪ ਸਿੰਘ ਖਾਪੜਖੇੜੀ ਆਦਿ ਵੀ ਹਾਜ਼ਰ ਸਨ।



9 Aug Page 12.qxd 8/8/2025 11:02 PM Page 1



## ਇਨੋਸੈਂਟ ਹਾਰਟਸ ਸਕੂਲ 'ਚ ਰੱਖੜੀ ਦਾ ਤਿਉਹਾਰ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਸਕੂਲ ਦੇ ਪੰਜ ਕੈਂਪਸਾਂ, ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ-ਜੰਡਿਆਲਾ ਰੋਡ, ਨੂਰਪੁਰ ਰੋਡ ਅਤੇ ਕਪੂਰਥਲਾ ਰੋਡ ਨੇ ਰੱਖੜੀ ਦਾ ਤਿਉਹਾਰ ਬਹੁਤ ਉਤਸ਼ਾਹ ਅਤੇ ਸੱਭਿਆਚਾਰਕ ਜੋਸ਼ ਨਾਲ ਮਨਾਇਆ। ਇਸ ਸਮਾਗਮ ਦਾ ਉਦੇਸ਼ ਭੈਣ-ਭਰਾਵਾਂ ਦੇ ਪਵਿੱਤਰ ਬੰਧਨ ਦਾ ਪ੍ਰਤੀਕ, ਪਿਆਰ ਅਤੇ ਸਤਿਕਾਰ ਦੀਆਂ ਕਦਰਾਂ-ਕੀਮਤਾਂ ਨੂੰ ਉਤਸ਼ਾਹਤ ਕਰਨਾ ਸੀ। ਪ੍ਰੀ-ਪ੍ਰਾਇਮਰੀ ਵਿੰਗ ਦੇ ਛੋਟੇ ਬੱਚਿਆਂ ਨੇ ਥਰੈਡ ਆਫ ਲਵ ਬਹੁਤ ਖੁਸ਼ੀ ਅਤੇ ਸਿਰਜਣਾਤਮਕਤਾ ਨਾਲ ਮਨਾਇਆ। ਉਨ੍ਹਾਂ ਨੇ ਆਪਣੀਆਂ ਅਧਿਆਪਕਾਂ ਨਾਲ ਕਲਾਸ ਵਿੱਚ ਸੁੰਦਰ ਰੱਖੜੀਆਂ ਬਣਾਈਆਂ। ਇਸ ਪਵਿੱਤਰ ਤਿਉਹਾਰ ਨੂੰ ਵਾਤਾਵਰਣ ਨੂੰ ਸਮਰਪਿਤ ਕਰਨ ਅਤੇ ਸਾਡੀ ਮਾਂ ਕੁਦਰਤ ਨੂੰ ਮਾਨਤਾ ਦੇਣ ਲਈ, ਪਹਿਲੀ ਅਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਨੇ ਏਕ ਧਾਗਾ ਪ੍ਰਕਿਰਤੀ ਕੇ ਨਾਮ ਗਤੀਵਿਧੀ ਵਿੱਚ ਹਿੱਸਾ ਲਿਆ।ਉਨ੍ਹਾਂ ਨੇ ਸੱਭਿਆਚਾਰਕ ਅਤੇ ਵਾਤਾਵਰਣ ਬੰਧਨ ਨੂੰ ਉਤਸ਼ਾਹਤ ਕਰਨ ਲਈ ਹੱਥ ਨਾਲ ਬਣੀਆਂ ਵਾਤਾਵਰਣ ਅਨੁਕੂਲ ਰੱਖੜੀਆਂ ਰੁੱਖਾਂ ਨੂੰ ਬੰਨ੍ਹੀਆਂ। ਇਹ ਸਮਾਗਮ ਪੇੜੋਂ ਸੇ ਕਰੇਂ ਹਮ ਪਿਆਰ, ਰਾਖੀ ਬਾਂਧ ਕਰ ਕਰੇ ਸਵੱਛ ਔਰ ਸੁੰਦਰ ਸੰਸਾਰ ਦੇ ਸੁਨੇਹੇ ਨਾਲ ਸ਼ੁਰੂ ਹੋਇਆ। ਤੀਜੀ ਜਮਾਤ ਦੇ ਵਿਦਿਆਰਥੀਆਂ ਨੇ ਰਚਨਾਤਮਕ ਪ੍ਰਗਟਾਵੇ ਰਾਹੀਂ ਭੈਣ-ਭਰਾ ਦੇ ਰਿਸ਼ਤੇ ਨੂੰ ਮਜ਼ਬੂਤ ਕਰਨ ਲਈ ਸੁੰਦਰ ਹੱਥ ਨਾਲ ਬਣੀਆਂ ਰੱਖੜੀਆਂ ਅਤੇ ਕਾਰਡ ਬਣਾਏ। ਚੌਥੀ, ਪੰਜਵੀਂ, ਛੇਵੀਂ ਜਮਾਤ ਦੇ ਵਿਦਿਆਰਥੀਆਂ ਨੇ ਭਾਰਤੀ ਸੈਨਿਕਾਂ ਪ੍ਰਤੀ ਸਮਰਪਣ, ਸਤਿਕਾਰ, ਪਿਆਰ ਅਤੇ ਹਮਦਰਦੀ ਦਿਖਾਉਣ ਲਈ ਰੱਖੜੀ ਦਾ ਸ਼ਾਨਦਾਰ ਤਿਉਹਾਰ ਮਨਾਇਆ। ਉਨ੍ਹਾਂ 'ਧੰਨਵਾਦ ਸੈਨਿਕੋ' ਦੇ ਸੰਦੇਸ਼ ਨਾਲ ਤਿਰੰਗੇ ਵਾਲੀਆਂ ਵਾਤਾਵਰਣ ਅਨੁਕੂਲ ਰੱਖੜੀਆਂ ਬਣਾਈਆਂ। ਸੁਆਦੀ ਮਿਠਾਈਆਂ ਨਾਲ ਇਸ ਸ਼ਾਨਦਾਰ ਤਿਉਹਾਰ ਨੂੰ ਮਨਾਉਣ ਲਈ, ਸੱਤਵੀਂ -ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਸਵੀਟਸ ਐਂਡ ਟ੍ਰੀਟਸ ਗਤੀਵਿਧੀ ਵਿੱਚ ਕੂਕੀਜ਼, ਕੱਪ ਕੇਕ ਅਤੇ ਮਿੰਨੀ ਸੈਂਡਵਿਚ ਵਰਗੇ ਸਵਾਦੀ ਵਿਅੰਜਨ ਸਜਾਏ। ਰੱਖੜੀ ਦਾ ਤਿਉਹਾਰ ਇੱਕ ਯਾਦਗਾਰੀ ਸਮਾਗਮ ਬਣ ਗਿਆ ਜਿਸ ਨੇ ਪਿਆਰ, ਵਿਸ਼ਵਾਸ ਅਤੇ ਆਪਸੀ ਸਤਿਕਾਰ ਦੇ ਸਦੀਵੀ ਮੁੱਲ ਵੀ ਪੈਦਾ ਕੀਤੇ।



## ਰਾਮਲੀਲ੍ਹਾ ਤੇ ਦੁਸਿਹਰੇ ਦੇ ਸੰਬੰਧ 'ਚ ਝੰਡੇ ਦੀ ਰਸਮ ਅੱਜ

**ਲੋਹੀਆਂ ਖਾਸ (ਯੋਗੇਸ਼ਵਰ)** : ਬ੍ਰਹਮਲੀਨ ਮਹੰਤ ਸ਼ਾਂਤੀ ਗਿਰੀ ਤੇ ਬ੍ਰਹਮਲੀਨ ਮਹੰਤ ਰਵਿੰਦਰਾ ਗਿਰੀ ਦੀ ਅਪਾਰ ਕਿਰਪਾ ਨਾਲ ਅਤੇ ਮਹਾਂ ਮੰਡਲੇਸ਼ਵਰ ਮਹੰਤ ਸ਼ਿਪਰਾ ਗਿਰੀ ਦੇ ਆਸ਼ੀਰਵਾਦ, ਪ੍ਰੇਰਨਾ ਸਦਕਾ ਤੇ ਅਗਵਾਈ ਨਾਲ ਸ਼੍ਰੀ ਕੁੰਦਨ ਲਾਲ ਰਾਮਲੀਲ੍ਹਾ ਕਲੱਬ (ਰਜਿ.) ਲੋਹੀਆਂ ਖਾਸ ਵੱਲੋਂ 58ਵੀਂ ਰਾਮਲੀਲ੍ਹਾ ਅਤੇ 59ਵਾਂ ਦੁਸਹਿਰਾ ਉਤਸਵ ਮਨਾਉਣ ਲਈ ਝੰਡੇ ਦੀ ਰਸਮ ਬਹੁਤ ਧੂਮਧਾਮ ਨਾਲ ਅਤੇ ਸ਼ਰਧਾ ਪੂਰਬ ਨਾਲ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਵਿੱਚ ਸ਼ਾਮ 04:00 ਵਜੇ 9 ਅਗਸਤ ਨੂੰ ਕੀਤੀ ਜਾਵੇਗੀ ਅਤੇ ਉਸ ਤੋਂ ਬਾਅਦ ਦਸ਼ਮੇਸ਼ ਪਾਰਕ ਲੋਹੀਆਂ ਖਾਸ ਵਿੱਚ ਝੰਡੇ ਦੀ ਰਸਮ ਸਪੂਰਨ ਹੋਵੇਗੀ। ਨਿਰਦੇਸ਼ਕ ਪ੍ਰੇਮ ਕੁਮਾਰ ਸੱਦੀ ਨੇ ਦੱਸਿਆ ਕਿ ਇਸ ਵਾਰ ਰਾਮਲੀਲ੍ਹਾ ਦਾ ਮੰਚਨ ਬਹੁਤ ਹੀ ਵਧੀਆ ਸ਼ਰਧਾ ਪੂਰਵਕ ਢੰਗ ਨਾਲ ਕੀਤਾ ਜਾਵੇਗਾ ਅਤੇ ਦੁਸਹਿਰਾ ਕੁਟੀਆ ਗਰਾਊਂਡ ਸਿੱਧੂਪੁਰ ਰੋਡ 'ਤੇ ਬਹੁਤ ਹੀ ਧੂਮ ਧਾਮ ਤੇ ਸ਼ਰਧਾ ਪੂਰਵਕ ਮਨਾਇਆ ਜਾਵੇਗਾ।

## 18 ਕਰੋੜ ਦੀ ਲਾਗਤ ਨਾਲ ਤਿਆਰ ਹੋਵੇਗਾ ਐਲਗਰਾਂ ਪੁਲ

**ਭਲਾਣ (ਹਰਭਜਨ ਢਿੱਲੋਂ)** ਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਪੰਜਾਬ ਨੇ ਆਪਣੇ ਵਿਧਾਨ ਸਭਾ ਹਲਕੇ ਸ੍ਰੀ ਅਨੰਦਪੁਰ ਸਾਹਿਬ ਦੇ ਵਿਕਾਸ ਦੀ ਰਫਤਾਰ ਨੂੰ ਗਤੀ ਦੇਣ ਦੇ ਆਪਣੇ ਵਾਅਦਿਆਂ 'ਤੇ ਬੂਰ ਪਾਉਣਾ ਸ਼ੁਰੂ ਕੀਤਾ ਹੋਇਆ ਹੈ। ਉਨ੍ਹਾਂ ਵੱਲੋਂ ਗੜ੍ਹਸ਼ੰਕਰ, ਨੂਰਪੁਰ ਬੇਦੀ, ਨੰਗਲ ਅਤੇ ਦਰਜਨਾਂ ਪਿੰਡਾਂ ਦੇ ਲੋਕਾਂ ਦੀ ਮੰਗ ਪੂਰੀ ਕਰਦੇ ਹੋਏ 18 ਕਰੋੜ ਦੀ ਲਾਗਤ ਨਾਲ ਤਿਆਰ ਹੋਣ ਵਾਲੇ ਐਲਗਰਾਂ ਪੁਲ ਦੇ ਨਿਰਮਾਣ ਦਾ ਰਾਹ ਪੱਧਰਾ ਕਰ ਦਿੱਤਾ ਹੈ। ਵਿਭਾਗ ਦੇ ਅਧਿਕਾਰੀਆਂ, ਨਿਰਮਾਣ ਕੰਪਨੀ, ਪੰਚ, ਸਰਪੰਚ ਤੇ ਸਥਾਨਕ ਵਾਸੀਆਂ ਦੀ ਮੀਟਿੰਗ ਦੌਰਾਨ ਇਸ ਪੁਲ ਦੇ ਨਿਰਮਾਣ ਦੌਰਾਨ ਇੱਕ ਤਾਲਮੇਲ ਕਮੇਟੀ ਦਾ ਗਠਨ ਕੀਤਾ ਗਿਆ ਹੈ। ਜਿਸ ਵਿੱਚ ਇਲਾਕੇ ਦੇ ਪੰਚ, ਸਰਪੰਚ ਤੇ ਮੋਹਤਵਰ ਲੋਕਾਂ ਨੂੰ ਮੈਂਬਰ ਬਣਾਇਆ ਗਿਆ ਹੈ, ਜੋ ਕੰਮ ਦੇ ਦੌਰਾਨ ਆਉਣ ਵਾਲੀਆ ਵਿਭਾਗ ਦੀਆਂ ਮੁਸ਼ਕਿਲਾਂ ਦਾ ਹੱਲ ਕਰੇਗੀ। ਐਲਗਰਾਂ ਪੁਲ ਨੇੜੇ ਵਿਸੇਸ਼ ਤੌਰ 'ਤੇ ਪਹੁੰਚੇ ਡਾ.ਸੰਜੀਵ ਗੌਤਮ ਚੇਅਰਮੈਨ ਗੁਰੂ ਰਵਿਦਾਸ ਆਯੂਰਵੈਦਿਕ ਯੂਨੀਵਰਸਿਟੀ ਤੇ ਜ਼ਿਲ੍ਹਾ ਕੋਆਰਡੀਨੇਟਰ ਆਮ ਆਦਮੀ ਪਾਰਟੀ, ਤਕਨੀਕੀ ਸਲਾਹਕਾਰ ਇੰ.ਜਸਪ੍ਰੀਤ ਸਿੰਘ ਜੇ.ਪੀ, ਬਲਾਕ ਪ੍ਰਧਾਨ ਬਲਵੰਤ ਮੰਡੇਰ, ਨਿਤਿਨ ਪੁਰੀ ਭਲਾਣ, ਚੌਧਰੀ ਰਾਮ ਗੋਪਾਲ, ਚੰਨਣ ਸਿੰਘ ਪੱਮੂ ਢਿੱਲੋਂ, ਸਰਪੰਚ ਸੈਂਸੋਵਾਲ ਗੁਰਦਿਆਲ ਸਿੰਘ, ਸਰਪੰਚ ਦਿਲਬਾਗ ਨੇ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੇ ਨਿਰਮਾਣ ਕੰਪਨੀ ਨਾਲ ਵਿਸ਼ੇਸ਼ ਮੀਟਿੰਗ ਕੀਤੀ।ਡਾ. ਗੌਤਮ ਨੇ ਕਿਹਾ ਕਿ ਇਸ ਪੁਲ ਨੂੰ ਪਹਿਲਾਂ ਤੋਂ ਵੱਧ ਮਜਬੂਤ ਬਣਾਇਆ ਜਾਵੇਗਾ, ਮਜਬੂਤ ਪਿੱਲਰ ਬਣਾਏ ਜਾਣਗੇ, ਛੇ ਮਹੀਨੇ ਵਿੱਚ ਇਸ ਪੁੱਲ ਦਾ ਨਿਰਮਾਣ ਮੁਕੰਮਲ ਹੋ ਜਾਵੇਗਾ। ਜਦੋ ਤੱਕ ਪੁਲ ਦਾ ਕੰਮ ਚੱਲੇਗਾ, ਤਾਲਮੇਲ ਕਮੇਟੀ ਕੰਪਨੀ ਅਧਿਕਾਰੀਆਂ ਤੇ ਸਥਾਨਕ ਲੋਕਾਂ ਨਾਲ ਲਗਾਤਾਰ ਮੀਟਿੰਗਾਂ ਕਰੇਗੀ, ਆਰਜ਼ੀ ਰਸਤੇ ਤਿਆਰ ਕੀਤੇ ਜਾਣਗੇ, ਦਰਜਨਾ ਪਿੰਡਾਂ ਦੇ ਲੋਕਾਂ ਲਈ ਇਹ ਪੁਲ ਵਰਦਾਨ ਸਾਬਤ ਹੋਵੇਗਾ।ਅਗਲੇ ਇੱਕ ਦੋ ਦਿਨਾਂ ਵਿੱਚ ਪੁਲ ਦਾ ਨਿਰਮਾਣ ਸ਼ੁਰੂ ਹੋ ਜਾਵੇਗਾ, ਜਿਸ ਏਜੰਸੀ ਨੇ ਕੰਮ ਕਰਨ ਹੈ, ਉਸ ਦੀ ਟੀਮ ਪਹੁੰਚ ਗਈ ਹੈ। ਇਸ ਮੌਕੇ ਇੰ.ਜਸਪ੍ਰੀਤ ਸਿੰਘ, ਗੁਰਵਿੰਦਰ ਸਿੰਘ ਐਸਡੀ.ਓ, ਮਲਕੀਤ ਬੇਲਾ, ਗੁਰਜੰਟ ਬੇਲਾ, ਭਿੰਦੂ ਐਲਗਰਾਂ, ਕਰਨ, ਬਿੱਲਾ ਮਹਿਲਵਾ, ਦਲਜੀਤ ਹਾਜੀਪੁਰ, ਕੈਲੀ, ਮੱਖਣ ਸਵਾਰਾ, ਰਾਮ ਕੁਮਾਰ ਸਰਪੰਚ, ਬਲਵਿੰਦਰ ਸਿੰਘ ਜੇ.ਈ, ਮਨਜੋਤ ਰਾਣਾ, ਸੁਭਾਸ਼ ਪਲਾਸੀ, ਰਾਮ ਪੰਚ, ਸੁਮਿਤ, ਬਾਮ ਦੇਵ, ਅਸ਼ੋਕ ਸਹਿਜੋਵਾਲ, ਬਿੱਲਾ ਸਹਿਜੋਵਾਲ, ਮਹਿੰਦਰਪਾਲ, ਛੋਟੂ ਰਾਮ, ਪ੍ਰਦੀਪ ਪਲਾਸੀ ਤੇ ਪਤਵੰਤੇ ਹਾਜ਼ਰ ਸਨ।



### ਜਨਮ ਦਿਨ ਮੁਬਾਰਕ



ਅਗਮ ਸਿੰਘ
ਪਿਤਾ : ਅਮਨਦੀਪ ਸਿੰਘ
ਮਾਤਾ : ਸੁਖਭਿੰਦਰ ਕੌਰ
ਵਾਸੀ : ਬੀਰੋਕੇ ਕਲਾਂ

### ਵਰ੍ਹੇਗੰਢ ਮੁਬਾਰਕ



ਪਰਦੀਪ ਬਾਂਗਾ ਅਤੇ ਹਰਪ੍ਰੀਤ ਕੌਰ ਵਾਸੀ ਨਾਭਾ ਨੂੰ ਵਿਆਹ ਦੀ 6ਵੀਂ ਵਰ੍ਹੇਗੰਢ ਦੀਆਂ ਮੁਬਾਰਕਾਂ।

## ਬੱਚਿਆਂ ਨੂੰ ਪੇਟ ਦੇ ਕੀੜਿਆਂ ਤੋਂ ਮੁਕਤ ਕਰਨ ਲਈ ਗੋਲੀਆਂ ਖਵਾਈਆਂ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਹੈਲਥ ਸੈਂਟਰ ਕਾਲਾ ਬੱਕਰਾ ਵੱਲੋਂ ਬਲਾਕ ਅਧੀਨ ਆਉਂਦੇ ਸਰਕਾਰੀ ਸਕੂਲਾਂ, ਜਿਸ ਵਿੱਚ ਪਿੰਡ ਲੁਹਾਰਾਂ (ਮ) ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਪਹਿਲੀ ਤੋਂ ਪੰਜਵੀਂ ਕਲਾਸ ਦੇ ਸਾਰੇ ਬੱਚਿਆਂ ਨੂੰ ਪੇਟ ਦੇ ਕੀੜਿਆਂ ਤੋਂ ਮੁਕਤ ਕਰਨ ਲਈ ਮੁਫਤ ਗੋਲੀਆਂ ਖਵਾਈਆਂ ਗਈਆਂ। ਇਸ ਮੌਕੇ ਸਕੂਲ ਹੈੱਡ ਟੀਚਰ ਬਲਵਿੰਦਰ ਕੁਮਾਰ ਨੇ ਸਰਕਾਰ ਵੱਲੋਂ ਭੇਜੀ ਬੱਚਿਆਂ ਨੂੰ ਪੇਟ ਦੇ ਕੀੜੇ ਮਾਰਨ ਦੀ ਦਵਾਈ ਖਾਣ ਦੇ ਨਾਲ- ਨਾਲ ਇਨ੍ਹਾਂ ਕੀੜਿਆਂ ਦੀ ਰੋਕਥਾਮ ਲਈ, ਨਹੁੰ ਸਾਫ ਅਤੇ ਛੋਟੇ ਰੱਖਣ ਲਈ ਪ੍ਰੇਰਿਤ ਕੀਤਾ ਅਤੇ ਬੱਚਿਆਂ ਨੂੰ ਕਿਹਾ ਕਿ ਹਮੇਸ਼ਾ ਸਾਫ ਤੇ ਉਬਲਿਆ ਹੋਇਆ ਪਾਣੀ ਪੀਓ, ਖਾਣੇ ਨੂੰ ਹਮੇਸ਼ਾ ਢੱਕ ਕੇ ਰੱਖੋ, ਫਲਾਂ ਅਤੇ ਸ਼ਬਜੀਆਂ ਨੂੰ ਸਾਫ ਪਾਣੀ ਵਿੱਚ ਧੋਵੋ। ਇਸ ਮੌਕੇ ਸਕੂਲ ਹੈੱਡ ਟੀਚਰ ਬਲਵਿੰਦਰ ਕੁਮਾਰ, ਮਨਦੀਪ ਸਿੰਘ, ਮੈਡਮ ਪੁਸ਼ਪਾ ਦੇਵੀ ਹਾਜ਼ਰ ਸਨ।

## 'ਪੰਜਾਬ ਦੀ ਖੱਬੀ ਲਹਿਰ' ਬਾਰੇ ਸਰਬਜੀਤ ਕੰਗਣੀਵਾਲ ਦੇ ਖੋਜ ਕਾਰਜ ਦੀ ਦੂਜੀ ਜਿਲਦ ਪ੍ਰਕਾਸ਼ਤ

**ਚੰਡੀਗੜ੍ਹ (ਨ ਜ਼ ਸ)**- ਡਾ. ਸਰਬਜੀਤ ਕੰਗਣੀਵਾਲ ਵੱਲੋਂ 'ਪੰਜਾਬ ਦੀ ਖੱਬੀ ਲਹਿਰ' ਬਾਰੇ ਕੀਤੇ ਖੋਜ ਕਾਰਜ ਦੀ ਦੂਜੀ ਜਿਲਦ ਪ੍ਰਕਾਸ਼ਤ ਹੋ ਗਈ ਹੈ।'ਪੰਜਾਬ ਦੀ ਖੱਬੀ ਲਹਿਰ-ਹਿੰਦੁਸਤਾਨ ਦੇ ਬਟਵਾਰੇ ਤੋਂ ਲੈ ਕੇ ਸੋਵੀਅਤ ਸੰਘ ਦੇ ਪਤਨ ਤੱਕ' ਨਾਂ ਦੀ ਇਸ ਪੁਸਤਕ ਵਿੱਚ ਪੰਜਾਬ ਦੀ ਖੱਬੀ ਲਹਿਰ ਦੇ ਉਤਰਾਵਾਂ-ਚੜ੍ਹਾਵਾਂ ਦੀ ਡੂੰਘਾਈ ਨਾਲ ਚਰਚਾ ਕੀਤੀ ਹੈ। ਇਸ ਪੁਸਤਕ ਵਿੱਚ ਹਿੰਦੁਸਤਾਨ ਦੇ ਬਟਵਾਰੇ ਤੋਂ ਬਾਅਦ ਪੰਜਾਬ ਦੀ ਖੱਬੀ ਲਹਿਰ ਵਿੱਚ ਫੁੱਟ ਦਰ ਫੁੱਟ ਸਾਹਮਣੇ ਆਉਣ ਤੇ ਵੱਖ ਵੱਖ ਖੱਬੀਆਂ ਧਿਰਾਂ ਵਿੱਚ ਵਿਚਾਰਧਾਰਕ ਅਤੇ ਜਥੇਬੰਦਕ ਵਿਰੋਧਤਾਈਆਂ ਦਾ ਵਿਸ਼ਲੇਸ਼ਣ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ।ਇਸ ਪੁਸਤਕ ਵਿੱਚ ਆਜ਼ਾਦੀ ਤੋਂ ਬਾਅਦ ਸੀ.ਪੀ.ਆਈ. ਨਾਲੋਂ ਵੱਖ ਹੋ ਕੇ ਲਾਲ ਕਮਿਊਨਿਸਟ ਪਾਰਟੀ, ਸੀ.ਪੀ.ਆਈ. (ਐੱਮ) ਤੇ ਵੱਖ ਵੱਖ ਨਕਸਲੀ ਧੜਿਆਂ ਦੇ ਹੋਂਦ ਵਿੱਚ ਆਉਣ ਦੇ ਕਾਰਨਾਂ ਤੋਂ ਇਲਾਵਾ ਇਸ ਸਮੇਂ ਦੌਰਾਨ ਖੱਬੀਆਂ ਧਿਰਾਂ ਵੱਲੋਂ ਅਖ਼ਤਿਆਰ ਕੀਤੀਆਂ ਗਈਆਂ ਨੀਤੀਆਂ ਦਾ ਵੀ ਅਧਿਐਨ ਕੀਤਾ ਗਿਆ ਹੈ।ਨਕਸਲੀ ਧਿਰਾਂ ਵੱਲੋਂ ਬਿਨਾਂ ਹਥਿਆਰਾਂ ਤੋਂ ਹਥਿਆਬੰਦ ਇਨਕਲਾਬ ਦਾ ਸੱਦਾ ਦੇਣ, ਭਵਿੱਖ ਵਿੱਚ ਖੱਬੀ ਲਹਿਰ ਦੀ ਅਗਵਾਈ ਕਰਨ ਵਾਲੇ ਅਨੇਕਾਂ ਆਗੂਆਂ ਦੇ ਇਸ ਸੰਘਰਸ਼ ਵਿੱਚ ਮਾਰੇ ਜਾਣ, ਇਸ ਤੋਂ ਬਾਅਦ ਖ਼ਾਲਿਸਤਾਨੀ ਲਹਿਰ ਦੌਰਾਨ ਅਨੇਕਾਂ ਖੱਬੇ ਪੱਖੀ ਆਗੂਆਂ ਦੇ ਖੁਸ ਜਾਣ ਤੇ ਭਵਿੱਖ ਵਿੱਚ ਖੱਬੀ ਲਹਿਰ ਦੀ ਲੀਡਰਸ਼ਿਪ ਵਿੱਚ ਖਲਾਅ ਪੈਦਾ ਹੋਣ ਦਾ ਵੀ ਜ਼ਿਕਰ ਕੀਤਾ ਗਿਆ ਹੈ।ਨਕਸਲੀ ਤੇ ਖ਼ਾਲਿਸਤਾਨੀ ਲਹਿਰਾਂ ਦੌਰਾਨ ਮਾਰੇ ਗਏ ਖੱਬੇ ਖੱਬੀਆਂ ਦੇ ਵਿਸਤ੍ਰਿਤ ਵੇਰਵੇ ਦੇਣ ਤੋਂ ਇਲਾਵਾ ਖ਼ਾਲਿਸਤਾਨੀ ਲਹਿਰ ਦੌਰਾਨ ਸੱਤਾ ਤੇ ਖ਼ਾਲਿਸਤਾਨੀਆਂ ਵਿਰੁੱਧ ਸੰਘਰਸ਼ ਵਿੱਚ ਸੰਤੁਲਨ ਨਾ ਬਿਠਾ ਸਕਣ ਦੀ ਚਰਚਾ ਵੀ ਇਸ ਪੁਸਤਕ ਵਿੱਚ ਕੀਤੀ ਗਈ ਹੈ। ਇਸ ਪੁਸਤਕ ਵਿੱਚ ਲੇਖਕ ਨੇ ਸੰਸਦੀ ਪ੍ਰਣਾਲੀ ਬਾਰੇ ਖੱਬੇ ਪੱਖੀਆਂ ਦੀ ਪਹੁੰਚ ਦਾ ਵਿਸਤ੍ਰਿਤ ਅਧਿਐਨ ਕਰਦੇ ਹੋਏ ਪਹਿਲੀਆਂ ਲੋਕ ਸਭਾ ਤੇ ਵਿਧਾਨ ਸਭਾ ਚੋਣਾਂ ਤੋਂ ਬਾਅਦ ਹੋਈਆਂ ਸਾਰੀਆਂ ਚੋਣਾਂ ਵਿੱਚ ਖੱਬੇ ਪੱਖੀਆਂ ਦੇ ਪ੍ਰਦਰਸ਼ਨ ਦੇ ਵੇਰਵੇ ਦਿੰਦੇ ਹੋਏ ਸੰਸਦੀ ਪ੍ਰਣਾਲੀ ਦੀ ਲਾਈਨ ਦੇ ਨਤੀਜੇ ਕੱਢੇ ਹਨ। ਇਸ ਕਿਤਾਬ ਦੇ ਆਖ਼ੀਰ ਸੋਵੀਅਤ ਸੰਘ ਦੇ ਢਹਿ-ਢੇਰੀ ਹੋਣ ਤੇ ਇਸ ਦਾ ਖੱਬੀ ਲਹਿਰ 'ਤੇ ਅਸਰ ਪੈਣ ਦਾ ਅਧਿਐਨ ਕੀਤਾ ਗਿਆ ਹੈ।ਸੱਤ ਸੌ ਪੰਨਿਆਂ ਦੀ ਇਸ ਕਿਤਾਬ ਨੂੰ ਯੂਨੀਸਟਾਰ ਪਬਲੀਕੇਸ਼ਨ ਮੋਹਾਲੀ ਨੇ ਛਾਪਿਆ ਹੈ।ਗੌਰਤਲਬ ਹੈ ਕਿ ਇਸ ਪੁਸਤਕ ਦੀ ਪਹਿਲੀ ਜਿਲਦ ਪਹਿਲਾਂ ਹੀ ਪ੍ਰਕਾਸ਼ਤ ਹੋ ਚੁੱਕੀ ਹੈ।




## ਅਗਨੀਵੀਰ ਵਾਯੂ ਲਈ ਭਰਤੀ ਰੈਲੀ 24 ਤੋਂ 6 ਸਤੰਬਰ ਤੱਕ

**ਜਲੰਧਰ (ਸੁਰਿੰਦਰ ਕੁਮਾਰ)**- ਚੋਣ ਕੇਂਦਰ ਅੰਬਾਲਾ ਵੱਲੋਂ ਭਰਤੀ ਰੈਲੀ ਸਥਾਨਕ ਆਰਟਸ ਅਤੇ ਸਪੋਰਟਸ ਕਾਲਜ ਵਿਖੇ 24 ਅਗਸਤ ਤੋਂ 6 ਸਤੰਬਰ 2025 ਕਰਵਾਈ ਜਾ ਰਹੀ ਹੈ।ਇਸ ਸਬੰਧੀ ਉਪ ਮੰਡਲ ਮੈਜਿਸਟ੍ਰੇਟ ਆਦਮਪੁਰ ਵਿਵੇਕ ਕੁਮਾਰ ਮੋਦੀ (ਵਾਧੂ ਚਾਰਜ ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ) ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਭਰਤੀ ਰੈਲੀ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਮੋਦੀ, ਜਿਨ੍ਹਾਂ ਨੂੰ ਭਰਤੀ ਰੈਲੀ ਲਈ ਨੋਡਲ ਅਫ਼ਸਰ ਨਿਯੁਕਤ ਕੀਤਾ ਗਿਆ ਹੈ ਨੇ ਦੱਸਿਆ ਕਿ ਇਸ ਭਰਤੀ ਰੈਲੀ ਵਿੱਚ ਪੰਜਾਬ, ਹਿਮਾਚਲ ਪ੍ਰਦੇਸ਼ ਸੂਬਿਆਂ ਤੋਂ ਇਲਾਵਾ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਚੰਡੀਗੜ੍ਹ, ਲੱਦਾਖ ਅਤੇ ਜੰਮੂ ਕਸ਼ਮੀਰ ਦੇ ਉਮੀਦਵਾਰ ਭਾਗ ਲੈਣਗੇ।ਉਨ੍ਹਾਂ ਦੱਸਿਆ ਕਿ ਇਹ ਰੈਲੀ 27 ਅਗਸਤ ਤੋਂ 1 ਸਤੰਬਰ ਤੱਕ ਪੁਰਸ਼ ਉਮੀਦਵਾਰਾਂ ਅਤੇ 2 ਤੋਂ 4 ਸਤੰਬਰ ਤੱਕ ਮਹਿਲਾ ਉਮੀਦਵਾਰਾਂ ਦੀ ਭਰਤੀ ਰੈਲੀ ਹੋਵੇਗੀ।ਉਨ੍ਹਾਂ ਦੱਸਿਆ ਕਿ 27 ਤੇ 28 ਅਗਸਤ ਨੂੰ ਜੰਮੂ ਕਸ਼ਮੀਰ, ਲੱਦਾਖ ਅਤੇ ਹਿਮਾਚਲ ਪ੍ਰਦੇਸ਼ ਦੇ ਉਮੀਦਵਾਰ, 30 ਤੇ 31 ਅਗਸਤ ਨੂੰ ਪੰਜਾਬ ਤੇ ਚੰਡੀਗੜ੍ਹ ਅਤੇ 2 ਤੇ 3 ਸਤੰਬਰ ਨੂੰ ਹਰੇਕ ਰਾਜ/ਕੇਂਦਰੀ ਸ਼ਾਸਿਤ ਪ੍ਰਦੇਸ਼ ਦੀਆਂ ਮਹਿਲਾ ਉਮੀਦਵਾਰ ਭਾਗ ਲੈਣਗੀਆਂ।ਮੀਟਿੰਗ ਵਿੱਚ ਏਅਰ ਫੋਰਸ ਅਫ਼ਸਰ ਰਾਕੇਸ਼ ਤ੍ਰਿਵੇਦੀ, ਡਿਪਟੀ ਡਾਇਰੈਕਟਰ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਨੀਲਮ ਮਹੇ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੀਵ ਜੋਸ਼ੀ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਸਰਕਾਰੀ ਆਰਟਸ ਅਤੇ ਸਪੋਰਟਸ ਕਾਲਜ ਦੇ ਪ੍ਰਿੰਸੀਪਲ ਰਣਬੀਰ ਸਿੰਘ ਵੀ ਮੌਜੂਦ ਸਨ।



ਡੇਰਾ ਸੱਚਖੰਡ ਬੱਲਾਂ ਵਿਖੇ ਹਲਕਾ ਕਰਤਾਰਪੁਰ ਦੀ 'ਆਪ' ਟੀਮ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਲੋਈ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕਰਦੇ ਹੋਏ ਹਲਕਾ ਵਿਧਾਇਕ ਬਲਕਾਰ ਸਿੰਘ, ਚੇਅਰਮੈਨ ਗੁਰਪਾਲ ਸਿੰਘ ਪਾਲਾ ਮਾਂਗੀਕੀ, ਨੰਬਰਦਾਰ ਬੀਰ ਚੰਦ ਸੁਰੀਲਾ ਹਲਕਾ ਕੋਆਰਡੀਨੇਟਰ ਤੇ ਸਕੱਤਰ ਐਸ ਸੀ ਵਿੰਗ ਜ਼ਿਲ੍ਹਾ ਜਲੰਧਰ, ਬਲਾਕ ਪ੍ਰਧਾਨ ਤੇ ਸਰਪੰਚ ਬਾਬਾ ਹਰਵਿੰਦਰ ਸਿੰਘ ਅੰਬਗੜ੍ਹ, ਆਪ ਆਗੂ ਜਸਵਿੰਦਰ ਬੱਲ, ਨੰਬਰਦਾਰ ਸੰਦੀਪ ਵਿਰਦੀ, ਵਿਜੇ ਨੰਗਲ, ਵਿਵੇਕ ਸ਼ਰਮਾ, ਸੈਕਟਰੀ ਮਦਨ ਲਾਲ, ਇਕਬਾਲ ਸਿੰਘ ਤੇ ਹੋਰ।

## ਤੀਆਂ ਦਾ ਤਿਉਹਾਰ ਮਨਾਇਆ

**ਬਲਾਚੌਰ (ਜਸਵਿੰਦਰ ਬੈਂਸ)**- ਸੂਰੀ ਹਸਪਤਾਲ ਬਲਾਚੌਰ ਤੇ ਖਾਲਸਾ ਫਾਰਮ ਬਲਾਚੌਰ ਦੇ ਵਲੋਂ ਪੁਰਾਤਨ ਸੱਭਿਆਚਾਰ ਨੂੰ ਕਾਇਮ ਰੱਖਦੇ ਹੋਏ ਤੀਆਂ ਦਾ ਪ੍ਰੋਗਰਾਮ ਚੌਧਰੀ ਪੈਲਸ ਵਿੱਚ ਕਰਵਾਇਆ ਗਿਆ। ਇਸ ਮੌਕੇ ਕਈ ਨਾਮੀ ਕਲਾਕਾਰਾਂ ਨੇ ਅਤੇ ਅਦਾਕਾਰਾ ਨੇ ਇਸ ਪ੍ਰੋਗਰਾਮ ਦੀ ਸ਼ਾਨੋ ਸ਼ੌਕਤ ਨੂੰ ਵਧਾਇਆ। ਪ੍ਰੋਗਰਾਮ ਦੌਰਾਨ ਲੜਕੀਆਂ ਅਤੇ ਔਰਤਾਂ ਨੇ ਗਿੱਧਾ ਪਾਇਆ। ਹਲਕਾ ਬਲਾਚੌਰ ਦੇ ਵਿਧਾਇਕ ਸੰਤੋਸ਼ ਕਟਾਰੀਆ ਅਤੇ ਐਸ ਸੀ ਕਮਿਸ਼ਨ ਪੰਜਾਬ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਅਤੇ ਕਈ ਕੌਂਸਲਰਾਂ ਨੇ ਵੀ ਇਸ ਪ੍ਰੋਗਰਾਮ 'ਚ ਸ਼ਮੂਲੀਅਤ ਕੀਤੀ। ਇਸ ਮੌਕੇ ਯੁਵਰਾਜ ਹੰਸ ਨੇ ਆਪਣੀ ਗਾਇਕੀ ਨਾਲ ਸਾਰਿਆਂ ਨੂੰ ਭੰਗੜਾ ਪਾਉਣ ਲਈ ਮਜਬੂਰ ਕਰ ਦਿੱਤਾ। ਡਾ. ਅਮਨਦੀਪ ਕੌਰ, ਅਤੇ ਪੰਜਾਬੀ ਅਦਾਕਾਰਾ ਸਿਮਰਨ ਸਹਿਜਪਾਲ ਨੇ ਦੱਸਿਆ ਕਿ ਇਸ ਤਿਉਹਾਰ ਤੋਂ ਪਹਿਲਾਂ ਕੁੜੀਆਂ ਮਹਿੰਦੀ ਲਾਉਂਦੀਆਂ, ਚੂੜੀਆਂ ਪਾਉਂਦੀਆਂ ਤੇ ਖੂਬ ਹਾਰ ਸ਼ਿੰਗਾਰ ਕਰਦੀਆਂ ਹਨ। ਇਸ ਮੌਕੇ ਡਾ. ਭੁਪਿੰਦਰਜੀਤ ਸੂਰੀ ਵਲੋਂ ਆਏ ਹੋਏ ਮਹਿਮਾਨਾਂ ਨੂੰ ਸਨਮਾਨਿਤ ਕੀਤਾ।



## ਐੱਨ ਆਰ ਆਈ ਤੂਰ ਨੇ ਨੰਬਰਦਾਰ ਯੂਨੀਅਨ ਨੂੰ ਗਿਆਰਾਂ ਹਜ਼ਾਰ ਰੁਪਏ ਦਾਨ ਦਿੱਤੇ



**ਨਕੋਦਰ (ਮਨਜੀਤ ਮਾਨ)**- ਐੱਨ ਆਰ ਆਈ ਵੀਰਾ ਦਾ ਪੰਜਾਬ ਦੀ ਤਰੱਕੀ ਵਿੱਚ ਬਹੁਤ ਯੋਗਦਾਨ ਹੈ। ਇਹ ਵਿਚਾਰ ਨੰਬਰਦਾਰ ਹਰਕੰਵਲ ਸਿੰਘ ਮੁੰਧ ਜ਼ਿਲਾ ਪ੍ਰਧਾਨ ਨੰਬਰਦਾਰ ਯੂਨੀਅਨ ਜਲੰਧਰ ਦਿਹਾਤੀ ਨੇ ਨੰਬਰਦਾਰਾਂ ਦੀ ਮੀਟਿੰਗ ਵਿੱਚ ਸਾਂਝੇ ਕੀਤੇ। ਉਹਨਾਂ ਕਿਹਾ ਕਿ ਉਹਨਾਂ ਦੇ ਪਿੰਡ ਮੁੰਧ ਦੇ ਐੱਨ ਆਰ ਆਈ ਨਰਿੰਦਰ ਸਿੰਘ ਤੂਰ ਪਿੰਡ ਦੇ ਵਿਕਾਸ ਲਈ ਹਮੇਸ਼ਾ ਤਤਪਰ ਰਹਿੰਦੇ ਹਨ। ਉਨ੍ਹਾਂ ਗਿਆਰਾਂ ਹਜ਼ਾਰ ਰੁਪਏ ਨੰਬਰਦਾਰ ਯੂਨੀਅਨ ਨੂੰ ਦਾਨ ਵਜੋਂ ਦਿੱਤੇ। ਇਸ ਮੌਕੇ ਤੇ ਉਨ੍ਹਾਂ ਨੂੰ ਯੂਨੀਅਨ ਆਗੂਆਂ ਵੱਲੋਂ ਸਨਮਾਨ ਚਿੰਨ੍ਹ ਅਤੇ ਲੋਈ ਦੇ ਕੇ ਸਨਮਾਨਿਤ ਕੀਤਾ। ਮੀਟਿੰਗ ਵਿੱਚ ਯੂਨੀਅਨ ਦੇ ਸਰਪ੍ਰਸਤ ਬਾਪੂ ਲਾਭ ਸਿੰਘ ਦਾ 95 ਵਾਂ ਜਨਮ ਦਿਨ ਯੂਨੀਅਨ ਵੱਲੋਂ ਮਨਾਇਆ ਗਿਆ ਅਤੇ ਉਨ੍ਹਾਂ ਦੀ ਲੰਬੀ ਉਮਰ ਦੀ ਕਾਮਨਾ ਕੀਤੀ। ਇਸ ਮੌਕੇ ਤੇ ਬਾਪੂ ਲਾਭ ਸਿੰਘ ਨੂੰ ਸਨਮਾਨ ਚਿੰਨ੍ਹ ਅਤੇ ਲੋਈ ਦੇ ਕੇ ਸਨਮਾਨਿਤ ਕੀਤਾ।ਸੁਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ, ਰਾਜ ਕੁਮਾਰ ਮਹਿੰਮੀ ਜ਼ਿਲ੍ਹਾ ਸਕੱਤਰ, ਬਲਜੀਤ ਸਿੰਘ ਲਿੱਤਰਾਂ, ਰਸ਼ਪਾਲ ਸਿੰਘ ਮੁੰਧ, ਗੁਰਦੇਵ ਮਾਲੜੀ, ਗੁਰਵਿੰਦਰ ਸਿੰਘ ਕੈਂਥ, ਰਤਨ ਰਾਏ, ਗੁਰਸ਼ਰਨਜੀਤ ਸਿੰਘ, ਸ਼ਿਵਰਾਜ ਸਿੰਘ ਸੰਧੂ, ਜਗਜੀਤ ਸਿੰਘ, ਹਰਨੇਕ ਸਿੰਘ ਸਿੱਧੂਪੁਰ ਲੋਹੀਆਂ, ਸੁਖਦੇਵ ਸਿੰਘ, ਕੁਲਰਾਜ ਸਿੰਘ, ਸੁਰਿੰਦਰ ਸਿੰਘ ਤੂਰ ਮੁੰਧ, ਚਰਨਜੀਤ ਚੱਕ ਕਲਾਂ ਆਦਿ ਹਾਜ਼ਰ ਸਨ।

## ਪੇਟ ਦੇ ਕੀੜਿਆਂ ਦੀ ਲਾਗ ਦਾ ਬੱਚਿਆਂ ਦੀ ਸਿਹਤ 'ਤੇ ਮਾੜਾ ਅਸਰ ਪੈਂਦੈ : ਡਾ. ਮਾਨ

**ਬਲਾਚੌਰ (ਜਸਵਿੰਦਰ ਬੈਂਸ)**- ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਦੀ ਰਹਿਨੁਮਾਈ ਹੇਠ ਪੇਟ ਦੇ ਕੀੜਿਆਂ ਤੋਂ ਰਾਸ਼ਟਰੀ ਮੁਕਤੀ ਦਿਵਸ ਮਨਾਇਆ ਗਿਆ। ਡਾ. ਮਾਨ ਨੇ ਬੱਚਿਆਂ ਨੂੰ ਸਾਫ਼-ਸਫਾਈ, ਪੋਸ਼ਣ ਅਤੇ ਸਮੇਂ-ਸਿਰ ਇਲਾਜ ਦੀ ਅਹਿਮੀਅਤ ਬਾਰੇ ਜਾਗਰੂਕ ਕੀਤਾ।ਉਨ੍ਹਾਂ ਕਿਹਾ ਕਿ ਇਸ ਉਪਰਾਲੇ ਨਾਲ ਹਜ਼ਾਰਾਂ ਬੱਚਿਆਂ ਨੂੰ ਪੇਟ ਦੇ ਕੀੜਿਆਂ ਤੋਂ ਰਾਹਤ ਮਿਲੇਗੀ, ਕਿਉਂਕਿ ਜ਼ਿਆਦਾਤਰ ਬੱਚਿਆਂ ਵਿਚ ਪੇਟ ਦੇ ਕੀੜਿਆਂ ਕਾਰਨ ਰੋਜ਼ਾਨਾ ਦੀ ਖੁਰਾਕ ਘਟਣ ਕਾਰਨ ਸਰੀਰਕ ਕਮਜ਼ੋਰੀ, ਖੂਨ ਦੀ ਕਮੀ ਦੇ ਨਾਲ-ਨਾਲ ਬੱਚਿਆਂ ਵਿਚ ਚਿੜਚਿੜਾਪਣ ਦੇਖਣ ਵਿਚ ਆਉਂਦਾ ਹੈ। ਉਨ੍ਹਾਂ ਕਿਹਾ ਕਿ ਸਰੀਰ ਵਿੱਚ ਖੂਨ ਦੀ ਕਮੀ ਨਾਲ ਬੱਚਿਆਂ ਦੇ ਸਰੀਰਕ ਤੇ ਮਾਨਸਿਕ ਵਾਧੇ ਵਿੱਚ ਰੁਕਾਵਟਾਂ ਪੈਦਾ ਹੁੰਦੀਆਂ ਹਨ ਤੇ ਸਰੀਰ ਦੀ ਬਿਮਾਰੀਆਂ ਨਾਲ ਲੜਨ ਦੀ ਸਮਰੱਥਾ ਘਟ ਜਾਂਦੀ ਹੈ, ਇਸ ਲਈ ਬੱਚਿਆਂ ਦੇ ਪੇਟ ਦੇ ਕੀੜਿਆਂ ਨੂੰ ਖਤਮ ਕਰਨ ਲਈ ਐਲਬੈਂਡਾਜ਼ੋਲ ਗੋਲੀਆਂ ਖੁਆਉਣੀਆਂ ਬਹੁਤ ਜ਼ਰੂਰੀ ਹਨ। ਇਸ ਮੌਕੇ ਡਾ. ਚਰਨਦੀਪ ਮੰਜੀ, ਡਾ. ਸੁਦੇਸ਼ ਕੁਮਾਰ ਤੇ ਡਾ. ਰੇਨੂੰ ਸੈਨੀ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਬਲਾਕ ਬਲਾਚੌਰ ਦੇ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਤੋਂ ਇਲਾਵਾ ਆਂਗਣਵਾੜੀ ਦੇ ਕੁੱਲ 41285 ਬੱਚਿਆਂ ਨੂੰ ਐਲਬੈਂਡਾਜ਼ੋਲ ਦੀਆਂ ਗੋਲੀਆਂ ਖੁਆਉਣ ਦਾ ਟੀਚਾ ਰੱਖਿਆ ਗਿਆ ਸੀ, ਪਰ ਅੱਜ 32616 ਬੱਚਿਆਂ ਨੂੰ ਕਵਰ ਕਰ ਲਿਆ ਗਿਆ ਹੈ ਅਤੇ ਬਾਕੀ ਰਹਿੰਦੇ ਬੱਚਿਆਂ ਨੂੰ ਮੌਪਅੱਪ ਦਿਵਸ ਮੌਕੇ 14 ਅਗਸਤ ਨੂੰ ਐਲਬੈਂਡਾਜ਼ੋਲ ਦੀਆਂ ਗੋਲੀਆਂ ਖੁਆਈਆਂ ਜਾਣਗੀਆਂ। ਇਸ ਮੌਕੇ ਬਲਾਕ ਐਕਸਟੈਂਸ਼ਨ ਐਜੂਕੇਟਰ ਨਿਰਮਲ ਸਿੰਘ, ਓਂਕਾਰ ਨਾਥ, ਰੀਨਾ ਭਾਟੀਆ, ਬਲਜੀਤ ਕੌਰ ਤੇ ਮਾਸਟਰ ਰਣਬੀਰ ਸਿੰਘ ਸਮੇਤ ਹੋਰ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।




## ਵੜਿੰਗ ਨੇ ਲੈਂਡ ਪੂਲਿੰਗ ਲਈ ਪੁਲਸ ਦੇ ਇਸਤੇਮਾਲ ਵਿਰੁੱਧ ਦਿੱਤੀ ਚਿਤਾਵਨੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਲੈਂਡ ਪੂਲਿੰਗ ਪਾਲਿਸੀ ਨੂੰ ਸਵੀਕਾਰ ਕਰਨ ਵਾਸਤੇ ਕਿਸਾਨਾਂ ਨੂੰ ਡਰਾਉਣ ਅਤੇ ਧਮਕਾਉਣ ਲਈ ਪੁਲਿਸ ਦੇ ਇਸਤੇਮਾਲ ਵਿਰੁੱਧ ਚਿਤਾਵਨੀ ਦਿੱਤੀ ਹੈ।ਉਨ੍ਹਾਂ ਖੁਲਾਸਾ ਕੀਤਾ ਕਿ 'ਆਪ' ਨੇ ਲੁਧਿਆਣਾ ਪੁਲਸ ਕਮਿਸ਼ਨਰ ਦੇ ਦਫ਼ਤਰ ਨੂੰ ਗਲਾਡਾ ਦੇ ਦਫ਼ਤਰ ਵਿੱਚ ਬਦਲ ਦਿੱਤਾ ਹੈ, ਜਿੱਥੇ ਕਿਸਾਨਾਂ ਨੂੰ ਲੈਂਡ ਪੂਲਿੰਗ ਪਾਲਿਸੀ ਨੂੰ ਸਵੀਕਾਰ ਕਰਨ ਲਈ ਬੁਲਾਇਆ ਅਤੇ ਡਰਾਇਆ ਜਾ ਰਿਹਾ ਹੈ। ਇੱਥੇ ਇੱਕ ਬਿਆਨ ਵਿੱਚ ਵੜਿੰਗ ਨੇ ਖੁਲਾਸਾ ਕੀਤਾ ਕਿ ਉਨ੍ਹਾਂ ਨੂੰ ਸਬੰਧਤ ਕਿਸਾਨਾਂ ਵੱਲੋਂ ਫੋਨ ਕਾਲਾਂ ਆ ਰਹੀਆਂ ਹਨ, ਜਿਨ੍ਹਾਂ ਨੂੰ ਪੁਲਸ ਦੁਆਰਾ ਬੁਲਾਇਆ ਜਾ ਰਿਹਾ ਹੈ ਅਤੇ ਲੈਂਡ ਪੂਲਿੰਗ ਪਾਲਿਸੀ ਨੂੰ ਸਵੀਕਾਰ ਕਰਨ ਵਾਲੇ ਸਮਝੌਤਿਆਂ ਉੱਪਰ ਦਸਤਖਤ ਕਰਨ ਲਈ ਧਮਕਾਇਆ ਜਾ ਰਿਹਾ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਕਾਂਗਰਸ ਉਨ੍ਹਾਂ ਦੇ ਨਾਲ ਖੜ੍ਹੀ ਹੈ। ਅਸੀਂ ਤੁਹਾਡੀ ਜ਼ਮੀਨ ਦਾ ਇੱਕ ਇੰਚ ਵੀ ਜ਼ਬਰਦਸਤੀ ਨਹੀਂ ਖੋਹਣ ਦੇਵਾਂਗੇ।

## ਨੱਤ ਦੀ ਸਮੂਹ ਪੰਚਾਇਤ 'ਆਪ' 'ਚ ਸ਼ਾਮਿਲ



**ਨੂਰਮਹਿਲ (ਬਾਲ ਕ੍ਰਿਸਨ ਬਾਲੀ)**- ਹਲਕਾ ਨਕੋਦਰ ਅਧੀਨ ਪਿੰਡਾਂ ਦੀਆਂ ਪੰਚਾਇਤਾਂ ਲਗਾਤਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੀਆਂ ਹਨ ਜਿਸ ਦੀ ਮਿਸਾਲ ਨੂਰਮਹਿਲ ਨੇੜੇ ਪਿੰਡ ਨੱਤਾਂ ਤੋਂ ਮਿਲਦੀ ਹੈ। ਇਹ ਵਿਚਾਰ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਦਿੰਦਿਆਂ ਕਿਹਾ ਕਿ ਲੋਕ ਕਾਂਗਰਸ ਅਤੇ ਅਕਾਲੀ ਦਲ ਨੂੰ ਛੱਡ ਕੇ "ਆਪ" ਵਿਚ ਸ਼ਾਮਲ ਹੋ ਰਹੇ ਹਨ। ਬੀਬੀ ਮਾਨ ਨੇ ਕਿਹਾ ਕਿ ਚੇਅਰਮੈਨ ਲਖਵੀਰ ਸਿੰਘ ਸ਼ੀਰ ਅਤੇ ਸੰਦੀਪ ਨੱਤ ਦੇ ਯਤਨਾ ਸਦਕਾ ਪਿੰਡ ਨੱਤ ਦੀ ਸਮੂਹ ਪੰਚਾਇਤ ਅਤੇ ਉਹਨਾਂ ਨਾਲ ਹੋਰ ਪ੍ਰਮੁੱਖ ਮੋਹਤਬਰ ਵਿਅਕਤੀ ਸ਼ਾਮਲ ਹੋਏ ਹਨ, ਜਿਹਨਾਂ ਵਿੱਚ ਸਰਪੰਚ ਮਨਜੀਤ ਕੌਰ, ਪੰਚ ਕੁਲਬੀਰ ਚੰਦ, ਪੰਚ ਸੁਰਜੀਤ ਰਾਮ, ਪੰਚ ਸਤਵੰਤ ਕੌਰ, ਪੰਚ ਕਸਮੀਰ ਕੌਰ, ਪੰਚ ਲਵਪ੍ਰੀਤ ਸਿੰਘ, ਸਾਬਕਾ ਸਰਪੰਚ ਬਿੱਟੂ ਨੱਤ, ਪ੍ਰਗਣ ਸਿੰਘ, ਸਰਬਜੀਤ ਸਿੰਘ ਨੱਤ, ਗੁਰਦਿਆਲ ਸਿੰਘ ਦਾਲ, ਸੁਰਜੀਤ ਸਿੰਘ ਜੀਤਾ, ਕਾਲਾ ਠੇਕੇਦਾਰ, ਮਹਿੰਦਰ ਸਿੰਘ, ਸਨੀ ਨੱਤ, ਬਲਵੀਰ ਲੰਬੜਦਾਰ, ਸਰਬਜੀਤ ਸਾਬੀ, ਗੁਰਮੇਲ ਮੈਹਿਮੀ, ਸੋਨੀ ਮੈਹਿਮੀ, ਰਾਜਵਿੰਦਰ ਕੌਰ, ਭੁੱਲਾ ਸਿੰਘ,ਦੇਬੂ ਸਿੰਘ, ਤੇਜਾ ਸਿੰਘ, ਸੁਖਦੇਵ ਸ਼ਰਮਾ,ਬੂਟਾ ਨੱਤ, ਭਿੰਦਾ, ਸਾਬੀ ਨੱਤਾਂ ਸ਼ਾਮਲ ਹੈ।

## ਪ੍ਰੀਖਿਆ ਕੇਂਦਰਾਂ ਦੇ 100 ਮੀਟਰ ਦੇ ਘੇਰੇ 'ਚ ਇਕੱਠੇ ਹੋਣ 'ਤੇ ਪਾਬੰਦੀ

**ਸਾਹਿਬਜਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਕੋਮਲ ਮਿੱਤਲ ਵੱਲੋਂ ਸਾਹਿਬਜਾਦਾ ਅਜੀਤ ਸਿੰਘ ਨਗਰ ਵਿੱਚ ਸਥਾਪਿਤ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਪ੍ਰੀਖਿਆ ਕੇਂਦਰਾਂ ਦੇ 100 ਮੀਟਰ ਦੇ ਘੇਰੇ ਦੇ ਅੰਦਰ 5 ਜਾਂ ਵੱਧ ਵਿਅਕਤੀਆਂ ਦੇ ਇਕਠੇ ਹੋਣ ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਜ਼ਿਲ੍ਹਾ ਮੈਜਿਸਟ੍ਰੇਟ ਅਨੁਸਾਰ ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ ਪਾਸੋਂ ਪ੍ਰਾਪਤ ਜਾਣਕਾਰੀ ਅਨੁਸਾਰ 08.08.2025 ਤੋਂ 29.08.2025 ਤੱਕ ਸਵੇਰ ਦੇ ਸੈਸ਼ਨ ਵਿਚ 11.00 ਵਜੇ ਤੋਂ ਦੁਪਹਿਰ 2.15 ਵਜੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਅਤੇ ਬਾਰਵੀਂ ਸ੍ਰੇਣੀ ਅਗਸਤ 2025 ਅਨੂਪੂਰਕ ਪ੍ਰੀਖਿਆਵਾਂ (ਕੰਪਾਰਟਮੈਂਟ/ਰੀ-ਅਪੀਅਰ, ਸਮੇਤ ਓਪਨ ਸਕੂਲ) ਲਈ ਸਥਾਪਿਤ ਕੀਤੇ ਪ੍ਰੀਖਿਆ ਕੇਂਦਰਾਂ (ਦਸਮੇਸ਼ ਖਾਲਸਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਫੇਜ਼ 3ਬੀ1, ਐਸ.ਏ.ਐਸ.ਨਗਰ ਅਤੇ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਫੇਜ 3ਬੀ1 ਐਸ.ਏ.ਐਸ ) ਵਿੱਚ ਪ੍ਰੀਖਿਆਵਾਂ ਕਰਵਾਈਆਂ ਜਾ ਰਹੀਆਂ ਹਨ। ਪ੍ਰੀਖਿਆ ਦੇ ਸੁਚੱਜੇ ਸੰਚਾਲਨ ਲਈ ਪ੍ਰੀਖਿਆ ਕੇਂਦਰ ਦੇ ਆਲੇ ਦੁਆਲੇ ਬੀ ਐੱਨ ਐੱਸ ਐੱਸ ਦੀ ਧਾਰਾ 163 ਲਗਾਉਣ ਅਤੇ ਇਸ ਦੇ ਨਾਲ ਹੀ ਵਿਘਨ ਪਾਉਣ ਵਾਲੇ ਅਨਸਰਾਂ ਦੇ ਵਿਰੁੱਧ ਕਾਨੂੰਨੀ ਕਾਰਵਾਈ ਕਰਨ, ਟ੍ਰੈਫਿਕ ਦੀ ਵਿਵਸਥਾ ਸੁਚਾਰੂ ਬਣਾਈ ਰੱਖਣ ਲਈ ਇਹ ਹੁਕਮ ਜਾਰੀ ਕੀਤੇ ਗਏ ਹਨ।

## ਸਨਾਤਨ ਧਰਮ ਸਭਾ ਵੱਲੋਂ ਜਨਮ ਅਸ਼ਟਮੀ ਮੌਕੇ ਵਿਸ਼ਾਲ ਸ਼ੋਭਾ ਯਾਤਰਾ 15 ਨੂੰ

**ਬਲਾਚੌਰ (ਜਸਵਿੰਦਰ ਬੈਂਸ)**- ਸਨਾਤਨ ਧਰਮ ਸਭਾ ਬਲਾਚੌਰ ਦੀ ਜ਼ਰੂਰੀ ਮੀਟਿੰਗ ਸ਼੍ਰੀ ਭਵਾਨੀ ਦੁਰਗਾ ਮੰਦਰ ਬਲਾਚੌਰ ਵਿਖੇ ਹੋਈ। ਰਾਣਾ ਰਣਦੀਪ ਕੌਸ਼ਲ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਸਨਾਤਨ ਧਰਮ ਸਭਾ ਦੇ ਮੈਂਬਰਾਂ ਅਤੇ ਅਹੁਦੇਦਾਰਾਂ ਤੋਂ ਇਲਾਵਾ ਇਲਾਕੇ ਦੀਆਂ ਵੱਖ-ਵੱਖ ਮੰਦਰ ਕਮੇਟੀਆਂ ਦੇ ਨੁਮਾਇੰਦਿਆਂ ਨੇ ਭਾਗ ਲਿਆ। ਮੀਟਿੰਗ ਦੌਰਾਨ ਸਨਾਤਨ ਧਰਮ ਸਭਾ ਬਲਾਚੌਰ ਵੱਲੋਂ 15 ਅਗਸਤ ਬਾਅਦ ਦੁਪਹਿਰ 3 ਵਜੇ ਕੱਢੀ ਜਾਣ ਵਾਲੀ ਵਿਸ਼ਾਲ ਸ਼ੋਭਾ ਯਾਤਰਾ ਸਬੰਧੀ ਚਰਚਾ ਕੀਤੀ ਗਈ। ਸਨਾਤਨ ਧਰਮ ਸਭਾ ਬਲਾਚੌਰ ਦੇ ਜਨਰਲ ਸਕੱਤਰ ਪਰਮਜੀਤ ਰੱਤੇਵਾਲੀਆ ਨੇ ਦੱਸਿਆ ਕਿ ਸ਼ੋਭਾ ਯਾਤਰਾ ਨੂੰ ਲੈ ਕੇ ਸ਼ਹਿਰ ਨਿਵਾਸੀਆਂ ਵਿੱਚ ਭਾਰੀ ਉਤਸ਼ਾਹ ਹੈ ਅਤੇ ਸਾਰੇ ਹੀ ਮੰਦਿਰਾਂ ਦੀਆਂ ਕਮੇਟੀਆਂ ਅਤੇ ਕੀਰਤਨ ਮੰਡਲੀਆਂ ਇਸ ਦੀ ਤਿਆਰੀ ਵਿੱਚ ਜੋਰ ਸ਼ੋਰ ਨਾਲ ਲੱਗੀਆਂ ਹੋਈਆਂ ਹਨ। ਇਹ ਸ਼ੋਭਾ ਯਾਤਰਾ ਸ੍ਰੀ ਮਹਾਦੇਵ ਬ੍ਰਹਮਚਾਰੀ ਮੰਦਿਰ ਗੂਣ ਰੋਡ ਤੋਂ ਸ਼ੁਰੂ ਹੋ ਕੇ ਭੱਦੀ ਰੋਡ ਟੀਚਰ ਕਲੋਨੀ ਮਹਿੰਦੀਪੁਰ ਰੋਡ ਮੇਨ ਚੌਂਕ ਤੋਂ ਹੁੰਦੇ ਹੋਏ ਸ੍ਰੀ ਬਾਬਾ ਵਿਸ਼ਵਕਰਮਾ ਮੰਦਰ ਗੜ੍ਹਸ਼ੰਕਰ ਰੋਡ ਤੱਕ ਸਜਾਈ ਜਾਵੇਗੀ।ਸ਼ੋਭਾ ਯਾਤਰਾ ਵਿੱਚ ਸਮੂਹ ਇਲਾਕਾ ਨਿਵਾਸੀਆਂ ਅਤੇ ਸ਼ਰਧਾਲੂਆਂ ਦੀ ਖੁਸ਼ਹਾਲੀ ਅਤੇ ਵਾਤਾਵਰਣ ਵਿੱਚ ਸਕਾਰਾਤਮਕ ਊਰਜਾ ਦੇ ਸੰਚਾਰ ਲਈ 108 ਪਵਿੱਤਰ ਕਲਸ਼ ਸਜਾਏ ਜਾਣਗੇ ਅਤੇ ਇਲਾਕੇ ਦੇ ਪ੍ਰਮੁੱਖ ਸੰਤ ਅਤੇ ਮਹਾਂਪੁਰਖ ਵੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਣਗੇ।ਇਸ ਮੌਕੇ ਬਲਵੰਤ ਕਿਸ਼ੋਰ, ਪ੍ਰਦੀਪ ਨਾਗਪਾਲ, ਸੋਮਨਾਥ ਤਕੜਾ, ਵਿਕਾਸ ਸ਼ਰਮਾ ,ਨਵੀਨ ਸੰਦੇਸ਼ ,ਪੰਡਿਤ ਲਖਸ਼ਮਣ ਪੰਡਿਤ ਅਦਿਤਿਆ, ਪੰਡਿਤ ਰਕੇਸ਼ ,ਪੰਡਿਤ ਸੰਜੀਵ ਕੁਮਾਰ, ਬਰਜੇਸ਼ ਅਗਨੀਹੋਤਰੀ ,ਸੈਣੀ ਅਤੇ ਨਰੇਸ਼ ਚੇਤਲ ਆਦਿ ਪਤਵੰਤੇ ਹਾਜਰ ਸਨ।



## ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਫਿਲੌਰ ਵਿਖੇ ਤੀਆਂ ਦਾ ਤਿਉਹਾਰ ਮਨਾਇਆ

**ਫਿਲੌਰ, ਨੂਰਮਹਿਲ (ਨਿਰਮਲ, ਬਾਲ ਕ੍ਰਿਸਨ ਬਾਲੀ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਵਿਖੇ ਤੀਆਂ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਪਰਮਜੀਤ ਕੌਰ ਜੱਸਲ ਨੇ ਮੁੱਖ-ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਤੀਆਂ ਦੀ ਮੁਬਾਰਕਬਾਦ ਦਿੰਦੇ ਹੋਏ ਵਿਦਿਆਰਥਣਾਂ ਨੂੰ ਆਤਮ ਨਿਰਭਰ ਬਣਨ ਲਈ ਪ੍ਰੇਰਿਤ ਕੀਤਾ। ਮੰਚ ਸੰਚਾਲਨ ਦੀ ਭੂਮਿਕਾ ਪ੍ਰੋਫੈਸਰ ਬਲਰਾਜ ਸਿੰਘ (ਪੰਜਾਬੀ ਵਿਭਾਗ) ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਕਾਲਜ ਦੀਆਂ ਵਿਦਿਆਰਥਣਾਂ ਅਨੀਤਾ ਦੇਵੀ, ਰੂਪਮ, ਹਰਲੀਨ, ਲਵਪ੍ਰੀਤ, ਜਸਪ੍ਰੀਤ ਕੌਰ, ਮਨਪ੍ਰੀਤ ਕੌਰ, ਇਸ਼ਾ, ਜੂਲੀ, ਸੋਨੀਆ, ਸਿਮਰਨ ਆਦਿ ਨੇ ਲੋਕ ਨਾਚ ਗਿੱਧੇ ਦੀ ਪੇਸ਼ਕਾਰੀ ਕੀਤੀ। ਇਸ ਤੋਂ ਇਲਾਵਾ ਰਾਗਿਨੀ ਅਤੇ ਸਿਮਰਨ ਨੇ ਲੋਕ ਗੀਤ ਪੇਸ਼ ਕਰਕੇ ਸਰੋਤਿਆਂ ਦਾ ਮਨੋਰੰਜਨ ਕੀਤਾ। ਕਾਲਜ ਦੀਆਂ ਵਿਦਿਆਰਥਣਾਂ ਨੇ ਗਰੁੱਪ ਅਤੇ ਸੋਲੋ ਡਾਂਸ ਪੇਸ਼ ਕਰਨ ਦੇ ਨਾਲ-ਨਾਲ ਮਾਡਲਿੰਗ 'ਚ ਹਿੱਸਾ ਲਿਆ। ਮਿਸ ਤੀਜ ਦਾ ਖਿਤਾਬ ਈਸ਼ਾ ਬੀ ਸੀ ਏ ਭਾਗ ਤੀਜਾ, ਖੂਬਸੂਰਤ ਪਹਿਰਾਵਾ ਸੋਨੀਆ ਬੀ ਸੀ ਏ ਭਾਗ ਪਹਿਲਾ, ਖੂਬਸੂਰਤ ਮੁਟਿਆਰ ਸਿਮਰਨਜੀਤ ਬੀ ਏ ਭਾਗ ਦੂਜਾ ਨੇ ਪ੍ਰਾਪਤ ਕੀਤਾ। ਮਹਿੰਦੀ ਅਤੇ ਨੇਲ ਆਰਟ ਦੀ ਪ੍ਰਤੀਯੋਗਿਤਾ ਵੀ ਕਰਵਾਈ ਗਈ ਜਿਸ ਵਿੱਚ ਮਹਿੰਦੀ ਦੀ ਵਿਜੇਤਾ ਰੀਆ, ਬੀ ਬੀ ਏ ਭਾਗ ਦੂਜਾ ਅਤੇ ਨੇਲ ਆਰਟ ਦੀ ਵਿਜੇਤਾ ਗੁਰਲੀਨ, ਬੀ ਸੀ ਏ ਭਾਗ ਦੂਜਾ ਦੀ ਵਿਦਿਆਰਥਣ ਰਹੀ। ਪ੍ਰੋਗਰਾਮ ਦੀ ਪ੍ਰਬੰਧਕ ਡਾ: ਪਰਮਜੀਤ ਕੌਰ (ਪੰਜਾਬੀ ਵਿਭਾਗ) ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।



## ਸੰਤ ਮਾਹਨ ਦਾਸ ਦੇ ਜਨਮ ਦਿਨ ਸਮਾਗਮ ਸ਼ਰਧਾਪੂਰਵਕ ਮਨਾਏ ਜਾਣਗੇ : ਸੰਤ ਬਲਵੀਰ ਦਾਸ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਬ੍ਰਹਮਲੀਨ, ਨਾਮ ਦੇ ਰਸੀਏ ਸੰਤ ਮਾਹਨ ਦਾਸ ਜੀ ਦੇ ਜਨਮ ਦਿਨ ਸਮਾਗਮ 31 ਅਗਸਤ ਨੂੰ ਡੇਰਾ ਮਹਾਨਪੁਰੀ ਸਾਹਰੀ ਵਿਖੇ ਇਲਾਕਾ ਨਿਵਾਸੀ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਮਨਾਏ ਜਾਣਗੇ। ਡੇਰੇ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਬਲਵੀਰ ਦਾਸ ਨੇ ਸਮਾਗਮਾਂ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ 29 ਅਗਸਤ ਨੂੰ ਡੇਰਾ ਮਹਾਨ ਪੁਰੀ ਸਾਹਰੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਦੇ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 31 ਅਗਸਤ ਨੂੰ ਸਵੇਰੇ 9 ਵਜੇ ਭੋਗ ਪਾਏ ਜਾਣਗੇ। ਉਪਰੰਤ ਕੀਰਤਨ ਦੇ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਰਾਗੀ, ਢਾਡੀ, ਕਵੀਸ਼ਰੀ ਜਥੇ, ਕਥਾ ਵਾਚਕਾਂ ਤੋਂ ਇਲਾਵਾ ਭਾਈ ਗੁਰਦੇਵ ਸਿੰਘ ਮੁਬਾਰਕਪੁਰ ਨਵਾਂ ਸ਼ਹਿਰ, ਭਾਈ ਹੀਰਾ ਸਿੰਘ ਮਾਣਕ ਢੇਰੀ, ਸੁਖਵੀਰ ਸਿੰਘ ਚੌਹਾਨ ਢਾਡੀ ਅਤੇ ਰਾਗੀ ਜਥੇ ਸੰਗਤਾਂ ਨੂੰ ਗੁਰਬਾਣੀ ਰਾਹੀਂ ਨਿਹਾਲ ਕਰਨਗੇ। ਸੰਤ ਬਲਵੀਰ ਦਾਸ ਨੇ ਦੱਸਿਆ ਕਿ ਡੇਰਾ ਮਹਾਨ ਪੁਰੀ ਸਾਹਰੀ ਵਿਖੇ ਅੱਖਾਂ ਦਾ ਵਿਸ਼ਾਲ ਮੁਫਤ ਚੈੱਕਅਪ ਕੈਂਪ ਵੀ ਲਗਾਇਆ ਜਾ ਰਿਹਾ ਹੈ ਜਿਸ ਵਿੱਚ ਅੱਖਾਂ ਦੀਆਂ ਬੀਮਾਰੀਆਂ ਦੇ ਮਾਹਿਰ ਡਾਕਟਰ ਮੁਆਇਨਾ ਕਰਕੇ ਦਵਾਈਆਂ ਦੇਣਗੇ।



## ਕੇਂਦਰੀ ਉਦਯੋਗਿਕ ਸੁਰੱਖਿਆ ਬਲ ਦੀ ਗਿਣਤੀ ਹੋਈ 2.2 ਲੱਖ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਗ੍ਰਹਿ ਮੰਤਰਾਲੇ ਨੇ ਕੇਂਦਰੀ ਉਦਯੋਗਿਕ ਸੁਰੱਖਿਆ ਬਲ (ਸੀ ਆਈ ਐੱਸ ਐੱਫ) ਦੀ ਅਧਿਕਾਰਤ ਗਿਣਤੀ ਨੂੰ 1,62,000 ਤੋਂ ਵਧਾ ਕੇ 2,20,000 ਕਰਨ ਦੀ ਮਨਜ਼ੂਰੀ ਦਿੱਤੀ ਹੈ। ਇਹ ਇਤਿਹਾਸਕ ਫੈਸਲਾ ਭਾਰਤ ਦੀ ਸੁਰੱਖਿਆ ਨੀਤੀਆਂ ਵਿੱਚ ਇੱਕ ਮਹੱਤਵਪੂਰਨ ਮੀਲ ਦਾ ਪੱਥਰ ਸਾਬਿਤ ਹੋਵੇਗਾ, ਜੋ ਉਦਯੋਗਿਕ ਸੁਰੱਖਿਆ ਨੂੰ ਹੋਰ ਮਜਬੂਤ ਕਰਨ ਅਤੇ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਵਿੱਚ ਮਦਦ ਕਰੇਗਾ। ਪੰਜਾਬ ਹਰਿਆਣਾ ਸਿਵਿਲ ਸਕੱਤਰੇਤ ਦੇ ਯੂਨਿਟ ਕਮਾਂਡਰ ਲਲਿਤ ਪੰਵਾਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਵਿਸਥਾਰ ਨਾਲ ਸੀ ਆਈ ਐੱਸ ਐੱਫ ਦੀ ਤੈਨਾਤੀ ਕਈ ਮਹੱਤਵਪੂਰਨ ਖੇਤਰਾਂ ਵਿੱਚ ਹੋਵੇਗੀ ਜਿਨ੍ਹਾਂ ਵਿੱਚੋਂ ਵਿਮਾਨਨ ਖੇਤਰ, ਬੰਦਰਗਾਹ, ਥਰਮਲ ਪਾਵਰ ਪਲਾਂਟ ਸ਼ਾਮਲ ਹਨ।

## ਰੱਖੜੀ ਮੌਕੇ ਕਵਿਤਾ ਪਾਠ ਪ੍ਰਤੀਯੋਗਿਤਾ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜਪੁਰ ਵਿਖੇ ਰੱਖੜੀ ਦੇ ਤਿਉਹਾਰ ਦੇ ਮੌਕੇ ਤੇ ਬੱਚਿਆਂ ਦੇ ਵਿੱਚ ਕਵਿਤਾ ਪਾਠ ਪ੍ਰਤੀਯੋਗਿਤਾ ਦਾ ਆਯੋਜਨ ਕੀਤਾ ਗਿਆ। ਸੰਸਥਾ ਤੇ ਚੇਅਰਮੈਨ ਤਰਲੋਚਨ ਸਿੰਘ ਤੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਰੱਖੜੀ ਨਾਲ ਸੰਬੰਧਿਤ ਕਵਿਤਾ ਪਾਠ ਅਤੇ ਰੱਖੜੀਆਂ ਬਣਾਉਣ ਦੀ ਗਤੀਵਿਧੀ ਕਰਵਾਈ ਗਈ।ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਚੌਥੀ ਅਤੇ ਪੰਜਵੀਂ ਕਲਾਸ ਦੇ ਬੱਚਿਆਂ ਦੇ ਰੱਖੜੀਆਂ ਬਣਾਉਣ ਦੀ ਗਤੀਵਿਧੀ ਆਯੋਜਿਤ ਕੀਤੀ ਗਈ। ਸੱਤਵੀਂ ਅਤੇ ਅੱਠਵੀਂ ਕਲਾਸ ਦੇ ਬੱਚਿਆਂ ਦੇ ਵਿੱਚ ਹਾਊਸ ਵਾਈਜ ਕਵਿਤਾ ਪਾਠ ਪ੍ਰਤਿਯੋਗਿਤਾ ਕਰਵਾਈ ਗਈ। ਇਸ ਪ੍ਰਤਿਯੋਗਿਤਾ ਦੌਰਾਨ ਮਾਰਸ ਹਾਊਸ ਦੀ ਸਮ੍ਰਿਤੀ ਜੈਨ ਪਹਿਲੇ ਸਥਾਨ ਤੇ ਰਹੀ, ਦੂਸਰਾ ਸਥਾਨ ਵੀ ਮਾਰਸ ਹਾਊਸ ਦੀ ਅਨਮੋਲਦੀਪ ਕੌਰ ਨੂੰ ਪ੍ਰਾਪਤ ਹੋਇਆ ਅਤੇ ਤੀਸਰੇ ਸਥਾਨ ਤੇ ਅਰਥ ਹਾਊਸ ਦੀ ਜਪਨੀਤ ਕੌਰ ਨੇ ਕਬਜ਼ਾ ਕੀਤਾ। ਇਸ ਮੌਕੇ ਤੇ ਪ੍ਰਿੰਸੀਪਲ ਸੰਗਰ ਨੇ ਇਸ ਮੁਕਾਬਲੇ ਦੇ ਜੇਤੂ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ।ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਬਲਜੀਤ ਕੌਰ, ਸੁਮਿਤ ਕੌਰ, ਕੰਚਨ, ਜਗਬੰਧਨ ਸਿੰਘ, ਰਾਜਵੀਰ, ਰਾਜਵਿੰਦਰ ਅਮਰਜੀਤ ਕੌਰ ਸੈਣੀ, ਚੇਤਨਾ, ਵਿਸ਼ਾਲੀ, ਸੰਜੀਵ, ਸੁਰੇਸ਼, ਪਰਮਜੀਤ ਅਤੇ ਹੋਰ ਸਟਾਫ ਮੌਜੂਦ ਸੀ।

## ਜ਼ੋਨਲ ਸਕੂਲ ਖੇਡਾਂ ਦੇ ਤੀਜੇ ਦਿਨ ਖਾਲਸਾ ਸਕੂਲ ਵਿਖੇ ਮੁੰਡਿਆਂ ਦੇ ਮੁਕਾਬਲੇ ਸ਼ੁਰੂ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਜ਼ੋਨਲ ਸ੍ਰੀ ਅਨੰਦਪੁਰ ਸਾਹਿਬ ਦੇ ਸਥਾਨਕ ਐਸ.ਜੀ.ਐਸ. ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਚੱਲ ਰਹੇ ਚਾਰ ਰੋਜ਼ਾ ਖੇਡ ਮੁਕਾਬਲਿਆਂ ਦੇ ਤੀਜੇ ਦਿਨ ਦੀ ਸ਼ੁਰੂਆਤ ਉਪ ਮੰਡਲ ਮੈਜਿਸਟ੍ਰੇਟ ਜਸਪ੍ਰੀਤ ਸਿੰਘ ਵਲੋਂ ਕੀਤੀ ਗਈ। ਉਨ੍ਹਾਂ ਖਿਡਾਰੀਆਂ ਤੇ ਅਧਿਆਪਕਾਂ ਨੂੰ ਕਿਹਾ ਕਿ ਖੇਡਾਂ ਦਾ ਮਨੁੱਖੀ ਜੀਵਨ ਵਿੱਚ ਵੱਡਾ ਰੋਲ ਹੈ।ਇਸ ਲਈ ਹਰੇਕ ਵਿਦਿਆਰਥੀ ਨੂੰ ਖੇਡਾਂ ਵਿੱਚ ਭਾਗ ਲੈਣਾ ਚਾਹੀਦਾ ਹੈ ਤਾਂ ਜੋ ਤੰਦਰੁਸਤ ਪੰਜਾਬ ਦੀ ਸਿਰਜਣਾ ਕੀਤੀ ਜਾ ਸਕੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਖਿਡਾਰੀਆਂ ਲਈ ਵਿਸ਼ੇਸ਼ ਸਹੂਲਤਾਂ ਦਿੱਤੀਆਂ ਗਈਆਂ ਹਨ। ਜਿਸ ਦਾ ਹਰੇਕ ਵਿਦਿਆਰਥੀ ਨੂੰ ਲਾਭ ਲੈਣਾ ਚਾਹੀਦਾ ਹੈ। ਇਸ ਤੋਂ ਪਹਿਲਾਂ ਜ਼ੋਨਲ ਪ੍ਰਧਾਨ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਨੇ ਉਨ੍ਹਾਂ ਨੂੰ ਜੀ ਆਇਆਂ ਕਿਹਾ ਅਤੇ ਜ਼ੋਨਲ ਖੇਡਾਂ ਦੀ ਸਮੁੱਚੀ ਰਿਪੋਰਟ ਦੀ ਜਾਣਕਾਰੀ ਦਿੱਤੀ। ਸਕੂਲ ਪ੍ਰਬੰਧਕ ਕਮੇਟੀ ਵਲੋਂ ਨਗਰ ਕੌਂਸ਼ਲ ਦੇ ਸਾਬਕਾ ਪ੍ਰਧਾਨ ਮਹਿੰਦਰ ਸਿੰਘ ਵਾਲੀਆ ਵਲੋਂ ਐਸ.ਡੀ.ਐਮ. ਜ਼ਸਪ੍ਰੀਤ ਸਿੰਘ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ।ਜ਼ੋਨਲ ਸਕੱਤਰ ਅਸ਼ੋਕ ਰਾਣਾ ਨੇ ਦੱਸਿਆ ਕਿ ਜ਼ੋਨਲ ਖੇਡਾਂ ਦੇ ਤੀਜੇ ਦਿਨ ਮੁੰਡਿਆਂ ਦੇ ਮੁਕਾਬਲੇ ਸ਼ੁਰੂ ਹੋ ਗਏ। ਜਿਸ ਵਿੱਚ ਮੁੰਡਿਆਂ ਦੇ ਕਬੱਡੀ, ਬਾਲੀਵਾਲ, ਖੋ-ਖੋ, ਬੈਡਮਿੰਟਨ, ਕ੍ਰਿਕਟ ਆਦਿ ਦੇ ਮੁਕਾਬਲੇ ਚੱਲ ਰਹੇ ਹਨ।ਇਸ ਮੌਕੇ ਸ਼ਮਸ਼ੇਰ ਸਿੰਘ, ਭੁਪਿੰਦਰ ਸਿੰਘ, ਸੁਰਜੀਤ ਰਾਣਾ, ਇਕਬਾਲ ਸਿੰਘ ਬਲੋਲੀ, ਗੁਰਿੰਦਰ ਸਿੰਘ ਕੰਦੋਲਾ, ਹਰਜੋਤ ਸਿੰਘ, ਸੁਮਨ ਚਾਂਦਲਾ, ਇਕਬਾਲ ਸਿੰਘ, ਗੁਰਮੇਲ ਸਿੰਘ, ਅਮਰਜੀਤ ਪਾਲ ਸਿੰਘ, ਕੁਲਦੀਪ ਸਿੰਘ ਰਣਜੀਤ ਸਿੰਘ ਭੱਠਲ, ਜਸਪਾਲ ਸਿੰਘ ਆਦਿ ਖੇਡ ਅਧਿਆਪਕ ਅਤੇ ਟੀਮ ਇੰਚਾਰਜ ਹਾਜਰ ਸਨ।



## ਲਾਲਜੀਤ ਭੁੱਲਰ ਨੇ ਨਵੇਂ ਕਰਮਚਾਰੀਆਂ ਨੂੰ ਨਿਯੁਕਤੀ ਪੱਤਰ ਸੌਂਪੇ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਜੇਲ੍ਹਾਂ ਦੇ ਕੰਮਕਾਜ ਨੂੰ ਹੋਰ ਮਜਬੂਤ ਕਰਨ ਅਤੇ ਕੈਦੀਆਂ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਜੇਲ੍ਹਾਂ ਅਤੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਜੇਲ੍ਹ ਵਿਭਾਗ 'ਚ ਭਰਤੀ ਕੀਤੇ ਤਿੰਨ ਨਵੇਂ ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਸੌਂਪੇ। ਨਵ-ਨਿਯੁਕਤ ਮੁਲਾਜ਼ਮਾਂ ਵਿੱਚ 02 ਵਾਰਡਰ ਰੈਂਕ ਅਤੇ 01 ਗਰੁੱਪ ਡੀ ਕਰਮਚਾਰੀ ਸਾਮਲ ਹਨ, ਜੋ ਤਰਸ ਦੇ ਆਧਾਰ 'ਤੇ ਭਰਤੀ ਕੀਤੇ ਗਏ ਹਨ। ਇਹ ਭਰਤੀ ਵਿਭਾਗ ਦੇ ਕੰਮਕਾਜ ਨੂੰ ਹੋਰ ਬਿਹਤਰ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਵੇਗੀ। ਇਹ ਭਰਤੀਆਂ ਜੇਲ੍ਹ ਵਿਭਾਗ ਵੱਲੋਂ ਸੂਬੇ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਸਟਾਫ਼ ਦੀਆਂ ਜਰੂਰਤਾਂ ਨੂੰ ਪੂਰਾ ਕਰਨ ਅਤੇ ਪ੍ਰਸਾਸਕੀ ਕੁਸਲਤਾ ਵਿੱਚ ਸੁਧਾਰ ਕਰਨ ਲਈ ਚੱਲ ਰਹੀ ਪਹਿਲਕਦਮੀ ਦੇ ਹਿੱਸੇ ਵਜੋਂ ਕੀਤੀਆਂ ਗਈਆਂ ਹਨ। ਜੇਲ੍ਹ ਮੰਤਰੀ ਨੇ ਨਵ-ਨਿਯੁਕਤ ਕਰਮਚਾਰੀਆਂ ਨਾਲ ਗੱਲਬਾਤ ਕਰਦਿਆਂ ਜੇਲ੍ਹ ਦੇ ਬੁਨਿਆਦੀ ਢਾਂਚੇ ਨੂੰ ਆਧੁਨਿਕ ਬਣਾਉਣ ਅਤੇ ਕੈਦੀਆਂ ਲਈ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ 'ਤੇ ਚਾਨਣਾ ਪਾਇਆ, ਜਿਸ ਵਿੱਚ ਵਿਦਿਅਕ, ਕਿੱਤਾਮੁਖੀ ਅਤੇ ਭਲਾਈ ਪ੍ਰੋਗਰਾਮ ਸ਼ਾਮਲ ਹਨ। ਇਸ ਮੌਕੇ ਆਈ.ਜੀ. ਜੇਲ੍ਹਾਂ ਰੂਪ ਕੁਮਾਰ ਅਰੋੜਾ ਨੇ ਨਵ-ਨਿਯੁਕਤ ਮੁਲਾਜ਼ਮਾਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਜੇਲ੍ਹਾਂ 'ਚ ਅਨੁਸਾਸਨ ਬਣਾਈ ਰੱਖਣ, ਕੈਦੀਆਂ ਨੂੰ ਸੁਧਾਰਨ ਅਤੇ ਵਿਭਾਗ ਦੇ ਸਮੁੱਚੇ ਕੰਮਕਾਜ ਦਾ ਸਮਰਥਨ ਕਰਨ ਵਿੱਚ ਹਰੇਕ ਮੁਲਾਜ਼ਮ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕੀਤਾ।

## ਲੈਂਡ ਪੂਲਿੰਗ ਨੀਤੀ ਖ਼ਿਲਾਫ਼ ਕੀਤਾ ਰੋਸ ਪ੍ਰਦਰਸ਼ਨ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ )**— ਯੂਥ ਕਾਂਗਰਸ ਦੁਆਬਾ ਜੋਨ ਦੇ ਪ੍ਰਧਾਨ ਨਵ ਸੇਖੋਂ ਦੀ ਅਗਵਾਈ ਹੇਠ ਸੁਲਤਾਨਪੁਰ ਲੋਧੀ ਦੇ ਤਲਵੰਡੀ ਪੁੱਲ ਚੌਂਕ ਵਿਖੇ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਸੀ ਐਮ ਭਗਵੰਤ ਮਾਨ ਦਾ ਪੁਤਲਾ ਫੂਕ ਕੇ ਜ਼ਬਰਦਸਤ ਨਾਅਰੇਬਾਜ਼ੀ ਕੀਤੀ ਗਈ। ਸੇਖੋਂ, ਮੋਨੂੰ ਭੰਡਾਰੀ ਅਤੇ ਹੋਰ ਆਗੂਆਂ ਤੇ ਕਾਰਕੂਨਾਂ ਵੱਲੋਂ ਸੰਘਰਸ਼ ਤੇਜ ਕਰਨ ਦੀ ਚਿਤਾਵਨੀ ਦਿੱਤੀ ਗਈ। ਲੈਂਡ ਪੂਲਿੰਗ ਨੀਤੀ ਨੂੰ ਕੇਂਦਰ ਸਰਕਾਰ ਦੇ ਤਿੰਨ ਖੇਤੀ ਕਾਨੂੰਨਾਂ ਤੋਂ ਵੀ ਵਧੇਰੇ ਖ਼ਤਰਨਾਕ ਕਰਾਰ ਦਿੱਤਾ। ਆਗੂਆਂ ਨੇ ਕਿਹਾ ਕਿ ਸਾਡੀ ਪਾਰਟੀ 'ਆਪ' ਦੀਆਂ ਨੀਤੀਆਂ ਨੂੰ ਕਾਮਯਾਬ ਨਹੀਂ ਹੋਣ ਦੇਵੇਗੀ ਅਤੇ ਇਸ ਨੀਤੀ ਨੂੰ ਵਾਪਸ ਕਰਵਾਉਣ ਲਈ ਹਰ ਹੀਲਾ ਵਰਤੇਗੀ।